ਸੋਮਵਾਰ, 7 ਸਤੰਬਰ, 2026
22 ਭਾਦੋਂ { ਨਾਨਕਸ਼ਾਹੀ 558 / ਬਿਕਰਮੀ 2083 }
ਜਿਲਦ/VOL. : 75
ਅੰਕ/NO. : 97

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • MONDAY, 7 SEPTEMBER, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਹਾਈ ਕੋਰਟ ਦੇ ਚੀਫ ਜਸਟਿਸ ਦੀ ਨਿਯੁਕਤੀ ਖਿਲਾਫ ਪੰਜਾਬ ਕੈਬਨਿਟ ਵੱਲੋਂ ਮਤਾ ਪਾਸ

## ਕੇਂਦਰ 'ਤੇ ਇਕਪਾਸੜ ਫੈਸਲੇ ਲੈ ਕੇ ਸੂਬੇ ਨਾਲ ਬੇਇਨਸਾਫੀ ਕਰਨ ਦਾ ਦੋਸ਼



**ਚੰਡੀਗੜ੍ਹ (ਨਵਾਂ ਜ਼ਮਾਨਾ ਸਰਵਿਸ)**- ਪੰਜਾਬ ਕੈਬਨਿਟ ਨੇ ਐਤਵਾਰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਨਵੇਂ ਚੀਫ਼ ਜਸਟਿਸ ਦੀ ਨਿਯੁਕਤੀ 'ਤੇ ਇਤਰਾਜ਼ ਜਤਾਉਂਦੇ ਹੋਏ ਇੱਕ ਮਤਾ ਪਾਸ ਕੀਤਾ। ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਕੈਬਨਿਟ ਨੇ ਰਾਸ਼ਟਰਪਤੀ, ਪ੍ਰਧਾਨ ਮੰਤਰੀ ਅਤੇ ਪੰਜਾਬ ਦੇ ਰਾਜਪਾਲ ਨੂੰ ਅਪੀਲ ਕੀਤੀ ਕਿ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਨਵੇਂ ਚੀਫ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ ਨੂੰ ਉਦੋਂ ਤੱਕ ਅਹੁਦੇ ਦੀ ਸਹੁੰ ਨਾ ਚੁਕਾਈ ਜਾਵੇ, ਜਦੋਂ ਤੱਕ ਪੰਜਾਬ ਸਰਕਾਰ ਆਪਣੀ ਸਹਿਮਤੀ ਨਹੀਂ ਦਿੰਦੀ।

ਨਵੇਂ ਚੀਫ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ ਨੂੰ ਸੋਮਵਾਰ ਨੂੰ ਰਾਜਪਾਲ ਵੱਲੋਂ ਸਹੁੰ ਚੁਕਾਏ ਜਾਣ ਦਾ ਪ੍ਰੋਗਰਾਮ ਨਿਸ਼ਚਿਤ ਹੈ। ਕੈਬਨਿਟ ਵੱਲੋਂ ਪਾਸ ਕੀਤੇ ਮਤੇ ਵਿੱਚ ਇਹ ਪੱਖ ਰੱਖਿਆ ਗਿਆ ਹੈ ਕਿ ਸੂਬੇ ਦੇ ਸੰਵਿਧਾਨਕ ਅਤੇ ਪ੍ਰਸ਼ਾਸਨਿਕ ਹਿੱਤਾਂ 'ਤੇ ਅਸਰ ਪਾਉਣ ਵਾਲੇ ਮਾਮਲਿਆਂ 'ਤੇ ਸੂਬਾ ਸਰਕਾਰ ਨਾਲ ਸਲਾਹ-ਮਸ਼ਵਰਾ ਕੀਤਾ ਜਾਣਾ ਚਾਹੀਦਾ ਹੈ।

ਪੰਜਾਬ ਸਰਕਾਰ ਨੇ ਦੋਸ਼ ਲਾਇਆ ਹੈ ਕਿ ਕੇਂਦਰ ਸਰਕਾਰ ਸੂਬੇ ਨਾਲ ਸੰਬੰਧਤ ਮਾਮਲਿਆਂ 'ਤੇ ਇਕਪਾਸੜ ਫ਼ੈਸਲੇ ਲੈ ਕੇ ਪੰਜਾਬ ਨਾਲ ਬੇਇਨਸਾਫ਼ੀ ਕਰ ਰਹੀ ਹੈ। ਪੰਜਾਬ ਕੈਬਨਿਟ ਵੱਲੋਂ ਪਾਸ ਕੀਤੇ ਮਤੇ ਨਾਲ ਹੁਣ ਪੰਜਾਬ ਸਰਕਾਰ ਅਤੇ ਕੇਂਦਰ ਦਰਮਿਆਨ ਮੁੜ ਇੱਕ ਨਵਾਂ ਟਕਰਾਅ ਪੈਦਾ ਹੋਣ ਦਾ ਮੁੱਢ ਬੱਝ ਗਿਆ ਹੈ।

ਇਸ ਤੋਂ ਪਹਿਲਾਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਐਤਵਾਰ ਦੁਪਹਿਰੇ ਜਲੰਧਰ 'ਚ ਪ੍ਰੈੱਸ ਕਾਨਫਰੰਸ ਕਰਕੇ ਪੰਜਾਬ ਸਰਕਾਰ ਨਾਲ ਬਿਨਾਂ ਕੋਈ ਮਸ਼ਵਰਾ ਕੀਤੇ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ ਨੂੰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦਾ ਚੀਫ਼ ਜਸਟਿਸ ਨਿਯੁਕਤ ਕਰਨ 'ਤੇ ਸਖ਼ਤ ਇਤਰਾਜ਼ ਜਤਾਇਆ ਸੀ। ਉਨ੍ਹਾ ਕਿਹਾ ਕਿ ਜਿਸ ਤਰੀਕੇ ਨਾਲ ਇਹ ਨਿਯੁਕਤੀ ਕੀਤੀ ਗਈ ਹੈ, ਉਸ ਨੇ ਪੰਜਾਬ ਦੇ ਸੰਵਿਧਾਨਕ ਅਧਿਕਾਰਾਂ ਅਤੇ ਦੇਸ਼ ਦੇ ਸੰਘੀ ਢਾਂਚੇ ਪ੍ਰਤੀ ਕੇਂਦਰ ਦੇ ਸਤਿਕਾਰ 'ਤੇ ਗੰਭੀਰ ਸਵਾਲ ਖੜ੍ਹੇ ਕਰ ਦਿੱਤੇ ਹਨ। ਇਸ ਦੌਰਾਨ ਉਨ੍ਹਾ ਨਾਲ 'ਆਪ' ਆਗੂ ਤਰਨਪ੍ਰੀਤ ਸਿੰਘ ਸੰਨੀ ਵੀ ਮੌਜੂਦ ਸਨ।

ਚੀਮਾ ਨੇ ਕਿਹਾ ਕਿ ਨਿਯੁਕਤੀ ਨੂੰ ਅੰਤਮ ਰੂਪ ਦੇਣ ਤੋਂ ਪਹਿਲਾਂ ਪੰਜਾਬ ਸਰਕਾਰ ਨੂੰ ਆਪਣਾ ਪੱਖ ਰੱਖਣ ਦਾ ਮੌਕਾ ਨਹੀਂ ਦਿੱਤਾ ਗਿਆ। ਉਨ੍ਹਾ ਕਿਹਾ, 'ਜਿਸ ਢੰਗ ਨਾਲ ਇਹ ਨਿਯੁਕਤੀ ਕੀਤੀ ਗਈ ਹੈ, ਉਹ ਪੰਜਾਬ ਦੇ ਸੰਵਿਧਾਨਕ ਹੱਕਾਂ ਅਤੇ ਦੇਸ਼ ਦੇ ਸੰਘੀ ਢਾਂਚੇ ਪ੍ਰਤੀ ਕੇਂਦਰ ਦੇ ਸਤਿਕਾਰ 'ਤੇ ਵੱਡੇ ਸਵਾਲ ਖੜ੍ਹੇ ਕਰਦੀ ਹੈ। ਨਿਯੁਕਤੀ ਤੈਅ ਕਰਨ ਤੋਂ ਪਹਿਲਾਂ ਪੰਜਾਬ ਸਰਕਾਰ ਨੂੰ ਆਪਣੇ ਵਿਚਾਰ ਪੇਸ਼ ਕਰਨ ਦਾ ਅਵਸਰ ਹੀ ਨਹੀਂ ਦਿੱਤਾ ਗਿਆ।'

ਮੰਤਰੀ ਨੇ ਕਿਹਾ ਕਿ ਇਹ ਮਾਮਲਾ ਇਸ ਲਈ ਵੀ ਬਹੁਤ ਗੰਭੀਰ ਹੈ, ਕਿਉਂਕਿ ਅਜਿਹੀਆਂ ਨਿਯੁਕਤੀਆਂ ਨੂੰ ਨਿਯੰਤਰਿਤ ਕਰਨ ਵਾਲੀ ਪ੍ਰਕਿਰਿਆ ਦੇ ਯਾਦ ਪੱਤਰ (ਮੈਮੋਰੰਡਮ ਆਫ਼ ਪ੍ਰੋਸੀਜਰ) ਵਿੱਚ ਸੰਬੰਧਤ ਰਾਜ ਸਰਕਾਰ ਦੇ ਵਿਚਾਰਾਂ ਨੂੰ ਧਿਆਨ ਵਿੱਚ ਰੱਖਣ ਦਾ ਸਪੱਸ਼ਟ ਪ੍ਰਬੰਧ ਹੈ। ਉਨ੍ਹਾ ਕਿਹਾ, 'ਪੰਜਾਬ ਦੇ ਰਾਜਪਾਲ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ 12 ਅਗਸਤ ਨੂੰ ਭੇਜੀ ਗਈ ਚਿੱਠੀ ਅਤੇ ਕੇਂਦਰੀ ਕਾਨੂੰਨ ਮੰਤਰੀ ਅਰਜੁਨ ਰਾਮ ਮੇਘਵਾਲ ਦੀ ਚਿੱਠੀ, ਦੋਵਾਂ ਵਿੱਚ ਹੀ ਇਸ ਸੰਬੰਧਤ ਪ੍ਰਕਿਰਿਆ ਦਾ ਜ਼ਿਕਰ ਕੀਤਾ ਗਿਆ ਸੀ।'

ਚੀਮਾ ਨੇ ਕਿਹਾ, 'ਨਿਯਮਾਂ ਅਨੁਸਾਰ ਰਾਜ ਸਰਕਾਰ ਦੀ ਰਾਇ ਲਿਆ ਜਾਣਾ ਲਾਜ਼ਮੀ ਹੋਣ ਦੇ ਬਾਵਜੂਦ, ਮੁੱਖ ਜੱਜ ਦੀ ਨਿਯੁਕਤੀ ਤੋਂ ਪਹਿਲਾਂ ਪੰਜਾਬ ਸਰਕਾਰ ਨਾਲ ਕੋਈ ਮਸ਼ਵਰਾ ਨਹੀਂ ਕੀਤਾ ਗਿਆ। ਇਹ ਸਿਰਫ਼ ਇੱਕ ਨਿਯੁਕਤੀ ਦਾ ਮੁੱਦਾ ਨਹੀਂ, ਬਲਕਿ ਇਹ ਪੰਜਾਬ ਦੇ ਅਧਿਕਾਰਾਂ ਅਤੇ ਸੰਵਿਧਾਨਕ ਸੰਘੀ ਢਾਂਚੇ ਦਾ ਮੁੱਦਾ ਹੈ।'

ਉਨ੍ਹਾ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਤਤਕਾਲੀ ਸਭ ਤੋਂ ਸੀਨੀਅਰ ਜੱਜ ਜਸਟਿਸ ਜੀ ਐੱਸ ਸੰਧਾਵਾਲੀਆ ਬਾਰੇ ਕੇਂਦਰ ਸਰਕਾਰ ਦੇ ਪਿਛਲੇ ਰਵੱਈਏ 'ਤੇ ਵੀ ਸਵਾਲ ਚੁੱਕੇ। ਉਨ੍ਹਾ ਯਾਦ ਕਰਵਾਇਆ, 'ਸੁਪਰੀਮ ਕੋਰਟ ਕੋਲੇਜੀਅਮ ਨੇ ਜੁਲਾਈ 2024 ਵਿੱਚ ਜਸਟਿਸ ਸੰਧਾਵਾਲੀਆ ਨੂੰ ਮੱਧ ਪ੍ਰਦੇਸ਼ ਹਾਈ ਕੋਰਟ ਦੇ ਚੀਫ਼ ਜਸਟਿਸ ਵਜੋਂ ਨਿਯੁਕਤ ਕਰਨ ਦੀ ਸਿਫ਼ਾਰਸ਼ ਕੀਤੀ ਸੀ, ਪਰ ਉਨ੍ਹਾ ਨੂੰ ਹਿਮਾਚਲ ਪ੍ਰਦੇਸ਼ ਹਾਈ ਕੋਰਟ ਦਾ ਚੀਫ਼ ਜਸਟਿਸ ਨਿਯੁਕਤ ਕੀਤੇ ਜਾਣ ਤੋਂ ਪਹਿਲਾਂ ਇਸ ਨਿਯੁਕਤੀ ਨੂੰ ਦੋ ਮਹੀਨਿਆਂ ਤੋਂ ਵੱਧ ਸਮੇਂ ਤੱਕ ਲਮਕਾ ਕੇ ਰੱਖਿਆ ਗਿਆ।' ਚੀਮਾ ਨੇ ਕਿਹਾ, 'ਮੈਂ ਪੁੱਛਣਾ ਚਾਹੁੰਦਾ ਹਾਂ ਕਿ ਕੋਲੇਜੀਅਮ ਦੀ ਸਿਫ਼ਾਰਸ਼ ਦੇ ਬਾਵਜੂਦ ਜਸਟਿਸ ਜੀ ਐੱਸ ਸੰਧਾਵਾਲੀਆ ਦੀ ਮੱਧ ਪ੍ਰਦੇਸ਼ ਦੇ ਚੀਫ਼ ਜਸਟਿਸ ਵਜੋਂ ਨਿਯੁਕਤੀ ਵਿੱਚ ਦੇਰੀ ਕਿਉਂ ਕੀਤੀ ਗਈ, ਜਦੋਂ ਕਿ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ ਨੂੰ ਪੰਜਾਬ ਸਰਕਾਰ ਨਾਲ ਸਲਾਹ ਕੀਤੇ ਬਿਨਾਂ ਹੀ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦਾ ਚੀਫ਼ ਜਸਟਿਸ ਨਿਯੁਕਤ ਕਰ ਦਿੱਤਾ ਗਿਆ?' ਉਨ੍ਹਾ ਕਿਹਾ, 'ਇਹ ਇੱਕ ਬੁਨਿਆਦੀ ਸਵਾਲ ਖੜ੍ਹਾ ਕਰਦਾ ਹੈ, ਜੇਕਰ ਰਾਜ ਸਰਕਾਰ ਦੀ ਸਲਾਹ ਨਿਰਧਾਰਤ ਪ੍ਰਕਿਰਿਆ ਦਾ ਹਿੱਸਾ ਹੈ, ਤਾਂ ਪੰਜਾਬ ਦੀ ਚੁਣੀ ਹੋਈ ਸਰਕਾਰ ਨਾਲ ਮਸ਼ਵਰਾ ਕਿਉਂ ਨਹੀਂ ਕੀਤਾ ਗਿਆ? ਮੁੱਖ ਮੰਤਰੀ ਤਿੰਨ ਕਰੋੜ ਪੰਜਾਬੀਆਂ ਦੇ ਜਨਾਦੇਸ਼ ਦੀ ਨੁਮਾਇੰਦਗੀ ਕਰਦੇ ਹਨ। ਚੁਣੀ ਹੋਈ ਰਾਜ ਸਰਕਾਰ ਨੂੰ ਅਣਗੌਲਿਆ ਕਰਨਾ ਨਾ ਸਿਰਫ਼ ਮੁੱਖ ਮੰਤਰੀ ਦਾ, ਸਗੋਂ ਪੰਜਾਬ ਦੇ ਲੋਕਾਂ ਦਾ ਵੀ ਅਪਮਾਨ ਹੈ।'

ਇਸ ਨਿਯੁਕਤੀ ਨੂੰ ਰਾਜ ਦੇ ਅਧਿਕਾਰਾਂ ਨਾਲ ਜੁੜਿਆ ਇੱਕ ਗੰਭੀਰ ਮੁੱਦਾ ਕਰਾਰ ਦਿੰਦਿਆਂ ਹਰਪਾਲ ਸਿੰਘ ਚੀਮਾ ਨੇ ਕਿਹਾ, 'ਸੰਵਿਧਾਨ ਇੱਕ ਅਜਿਹਾ ਸੰਘੀ ਢਾਂਚਾ ਕਾਇਮ ਕਰਦਾ ਹੈ, ਜਿਸ ਵਿੱਚ ਕੇਂਦਰ ਅਤੇ ਰਾਜਾਂ ਦੋਵਾਂ ਦੇ ਅਧਿਕਾਰ ਸਪੱਸ਼ਟ ਤੌਰ 'ਤੇ ਨਿਰਧਾਰਤ ਹਨ। ਕੇਂਦਰ ਸਰਕਾਰ ਰਾਜਾਂ ਦੇ ਅਧਿਕਾਰਾਂ ਵਿੱਚ ਵਾਰ-ਵਾਰ ਦਖ਼ਲ ਨਹੀਂ ਦੇ ਸਕਦੀ। ਪੰਜਾਬ ਸਰਕਾਰ ਆਪਣੇ ਸੰਵਿਧਾਨਕ ਹੱਕਾਂ ਤੇ ਸੰਘੀ ਢਾਂਚੇ ਨੂੰ ਢਾਹ ਲਾਉਣ ਦੀ ਕਿਸੇ ਵੀ ਕੋਸ਼ਿਸ਼ ਵਿਰੁੱਧ ਪੁਰਜ਼ੋਰ ਆਵਾਜ਼ ਬੁਲੰਦ ਕਰੇਗੀ।'

# ਦਿੱਲੀ 'ਚ ਇਮਾਰਤ ਡਿੱਗਣ ਨਾਲ 3 ਵਿਦਿਆਰਥੀਆਂ ਦੀ ਮੌਤ, 5 ਗੰਭੀਰ



**ਨਵੀਂ ਦਿੱਲੀ (ਨ ਜ਼ ਸ):** ਐਤਵਾਰ ਦਿੱਲੀ ਦੇ ਸੱਤਿਆ ਨਿਕੇਤਨ ਵਿੱਚ ਇੱਕ ਇਮਾਰਤ, ਜੋ ਕਿ ਮੁੰਡਿਆਂ ਦਾ ਪੀਜੀ ਸੀ, ਢਹਿ ਜਾਣ ਕਾਰਨ 3 ਜਣਿਆਂ ਦੀ ਮੌਤ ਹੋ ਗਈ, 5 ਦੀ ਹਾਲਤ ਗੰਭੀਰ ਤੇ ਲਗਪਗ 40-50 ਵਿਦਿਆਰਥੀ ਮਲਬੇ ਹੇਠ ਫਸੇ ਹੋਏ ਸਨ। ਇਸ ਦੌਰਾਨ ਮਲਬੇ ਹੇਠੋਂ ਕੱਢ ਕੇ ਨੇੜਲੇ ਹਸਪਤਾਲਾਂ ਵਿੱਚ ਦਾਖਲ ਕਰਵਾਏ ਗਏ ਵਿਦਿਆਰਥੀਆਂ ਵਿਚੋਂ 6 ਦੀ ਹਾਲਤ ਨਾਜ਼ੁਕ ਸੀ। ਪੁਲਸ ਨੇ ਦੱਸਿਆ ਕਿ ਘਟਨਾ ਸੰਬੰਧੀ ਇੱਕ ਪੀ ਸੀ ਆਰ ਕਾਲ ਸਾਊਥ ਕੈਂਪਸ ਪੁਲਸ ਸਟੇਸ਼ਨ ਨੂੰ ਦੁਪਹਿਰ 1:34 ਵਜੇ ਪ੍ਰਾਪਤ ਹੋਈ।

ਮੌਕੇ 'ਤੇ ਮੌਜੂਦ ਇੱਕ ਪੁਲਸ ਅਧਿਕਾਰੀ ਨੇ ਮੁੱਢਲੀ ਜਾਂਚ ਦਾ ਹਵਾਲਾ ਦਿੰਦੇ ਹੋਏ ਕਿਹਾ ਕਿ ਢਹਿਣ ਦੇ ਸਮੇਂ ਲਗਭਗ 40-50 ਵਿਦਿਆਰਥੀ ਇਮਾਰਤ ਦੇ ਅੰਦਰ ਹੋਣ ਦਾ ਸ਼ੱਕ ਹੈ। ਜਿਸ ਗਲੀ ਵਿੱਚ ਹਾਦਸਾ ਹੋਇਆ ਉਹ ਬਹੁਤ ਤੰਗ ਹੈ, ਨੇੜੇ-ਤੇੜੇ ਬਹੁਤ ਸਾਰੀਆਂ ਉੱਚੀਆਂ ਇਮਾਰਤਾਂ ਹਨ। ਸੱਤਿਆ ਨਿਕੇਤਨ ਦਿੱਲੀ ਯੂਨੀਵਰਸਿਟੀ ਦੇ ਦੱਖਣੀ ਕੈਂਪਸ ਦੇ ਨੇੜੇ ਇੱਕ ਪ੍ਰਮੁੱਖ ਵਿਦਿਆਰਥੀ ਖੇਤਰ ਹੈ। ਵੈਂਕਟੇਸ਼ਵਰ ਕਾਲਜ, ਆਰੀਆ ਭੱਟ ਕਾਲਜ, ਮੋਤੀਲਾਲ ਨਹਿਰੂ ਕਾਲਜ ਅਤੇ ਮੈਤ੍ਰੇਈ ਕਾਲਜ ਵੀ ਨੇੜੇ ਹਨ। ਇਸ ਕਰਕੇ ਇੱਥੇ ਕਾਫੀ ਵਿਦਿਆਰਥੀ ਰਹਿੰਦੇ ਹਨ। ਇੱਕ ਚਸ਼ਮਦੀਦ ਗਵਾਹ ਨੇ ਦੱਸਿਆ ਕਿ ਪੰਜ ਮੰਜ਼ਲਾ ਇਮਾਰਤ ਨੂੰ 'ਹੋਸਟਲ ਡੇਜ਼' ਕਿਹਾ ਜਾਂਦਾ ਸੀ। ਆਸਪਾਸ ਦੇ ਵਿਦਿਆਰਥੀਆਂ ਦਾ ਦਾਅਵਾ ਹੈ ਕਿ ਐਤਵਾਰ ਕਰਕੇ ਜ਼ਿਆਦਾਤਰ ਵਿਦਿਆਰਥੀ ਇਮਾਰਤ ਦੇ ਅੰਦਰ ਹੀ ਸਨ। ਇੱਕ ਹੋਰ ਚਸ਼ਮਦੀਦ ਨੇ ਦੱਸਿਆ ਕਿਹਾ, "ਅਸੀਂ ਅੰਦਰ ਬੈਠੇ ਸੀ, ਜਦੋਂ ਸਾਨੂੰ ਅਚਾਨਕ ਇੱਕ ਆਵਾਜ਼ ਸੁਣਾਈ ਦਿੱਤੀ—ਜਿਵੇਂ ਭੁਚਾਲ ਦੀ ਗਰਜ ਹੋਵੇ। ਅਸੀਂ ਤੁਰੰਤ ਬਾਹਰ ਭੱਜੇ, ਇੱਥੇ ਬਹੁਤ ਸਾਰਾ ਧੂੰਆਂ ਅਤੇ ਧੂੜ ਸੀ। ਪੂਰੀ ਇਮਾਰਤ ਢਹਿ ਗਈ ਸੀ। ਅੰਦਰ ਫਸੇ ਲੋਕ 'ਸਾਨੂੰ ਬਚਾਓ' ਚੀਕ ਰਹੇ ਸਨ। 19 ਸਾਲਾ ਵਿਦਿਆਰਥੀ ਨਿਤਿਨ ਜਾਮਵਾਲ, ਜੋ ਲਗਭਗ ਇੱਕ ਸਾਲ ਪਹਿਲਾਂ ਤੱਕ ਇਸ ਹੋਸਟਲ ਵਿੱਚ ਰਹਿੰਦਾ ਸੀ, ਨੇ ਕਿਹਾ ਕਿ ਇਮਾਰਤ ਥੋੜ੍ਹੀ ਖਸਤਾ ਹਾਲਤ ਵਿੱਚ ਸੀ। ਇੱਥੇ ਸਭ ਕੁਝ ਖਰਾਬ ਸੀ।

ਕੰਧਾਂ ਵਿੱਚ ਤਰੇੜਾਂ ਆ ਰਹੀਆਂ ਸਨ। ਬੇਸਮੈਂਟ ਪਾਣੀ ਨਾਲ ਭਰਿਆ ਹੁੰਦਾ ਸੀ। ਖਾਣਾ ਖਰਾਬ ਸੀ। ਹਰ ਮੰਜ਼ਲ 'ਤੇ ਦੋ ਕਮਰੇ ਸਨ। ਉਸ ਦੇ ਦੋਸਤ ਨਿਤੀਸ਼ ਦੇ ਵੀ ਫਸੇ ਹੋਣ ਦਾ ਖਦਸ਼ਾ ਹੈ। ਮੁੱਖ ਮੰਤਰੀ ਰੇਖਾ ਗੁਪਤਾ ਨੇ ਕਿਹਾ ਕਿ ਬਚਾਅ ਕਾਰਜ ਜਾਰੀ ਹਨ ਅਤੇ ਸਾਵਧਾਨੀ ਦੇ ਤੌਰ 'ਤੇ ਨਾਲ ਲੱਗਦੀ ਇਮਾਰਤ ਨੂੰ ਖਾਲੀ ਕਰਵਾ ਲਿਆ ਗਿਆ ਹੈ। 'ਆਪ' ਆਗੂ ਸੌਰਭ ਭਾਰਦਵਾਜ ਨੇ ਹਾਦਸੇ ਨੂੰ ਐੱਮ ਸੀ ਡੀ ਵਿੱਚ ਭ੍ਰਿਸ਼ਟਾਚਾਰ ਦਾ ਦਾ ਨਤੀਜਾ ਦੱਸਿਆ ਹੈ। ਹਾਦਸੇ 'ਤੇ ਰਾਹੁਲ ਗਾਂਧੀ ਨੇ ਕਿਹਾ, 'ਵਿਦਿਆਰਥੀਆਂ ਦੀਆਂ ਜ਼ਿੰਦਗੀਆਂ ਪਹਿਲਾਂ ਹੀ ਸੰਘਰਸ਼ਾਂ ਨਾਲ ਭਰੀਆਂ ਹੋਈਆਂ ਸਨ—ਹੁਣ ਸਥਿਤੀ ਜਾਨਲੇਵਾ ਹੋ ਗਈ ਹੈ।

ਕਾਲਜਾਂ ਜਾਂ ਯੂਨੀਵਰਸਿਟੀਆਂ ਵਿੱਚ ਚੰਗੇ ਹੋਸਟਲਾਂ ਦੀ ਘਾਟ ਕਾਰਨ ਵਿਦਿਆਰਥੀ ਪੀ ਜੀ ਰਿਹਾਇਸ਼ਾਂ ਵਿੱਚ ਰਹਿਣ ਲਈ ਮਜਬੂਰ ਹਨ, ਇੱਕ ਛੱਤ ਹੇਠ 40-40 ਅਣਮਨੁੱਖੀ ਹਾਲਤਾਂ ਵਿੱਚ।' ਕਾਕਰੋਚ ਜਨਤਾ ਪਾਰਟੀ ਦੇ ਬਾਨੀ ਅਭਿਜੀਤ ਦੀਪਕੇ ਨੇ ਕਿਹਾ ਕਿ ਵਿਦਿਆਰਥੀ ਸੁਰੱਖਿਅਤ ਕਲਾਸਰੂਮ, ਸੁਰੱਖਿਅਤ ਹੋਸਟਲ ਅਤੇ ਮੁੱਢਲੇ ਸਨਮਾਨ ਦੇ ਹੱਕਦਾਰ ਹਨ।

## ਪਰਮੀਸ਼ ਵੱਲੋਂ ਤਲਾਕ ਦੀ ਪੁਸ਼ਟੀ



**ਜਲੰਧਰ** : ਗਾਇਕ ਤੇ ਅਦਾਕਾਰ ਪਰਮੀਸ਼ ਵਰਮਾ ਨੇ ਇੰਸਟਾਗਰਾਮ ਅਕਾਊਂਟ 'ਤੇ ਪੋਸਟ ਸਾਂਝੀ ਕਰਕੇ ਗੀਤ ਗਰੇਵਾਲ ਨਾਲ ਤਲਾਕ ਦੀ ਅਧਿਕਾਰਤ ਪੁਸ਼ਟੀ ਕਰ ਦਿੱਤੀ ਹੈ। ਦੋਹਾਂ ਦਾ ਵਿਆਹ 21 ਅਕਤੂਬਰ 2021 ਨੂੰ ਕੈਨੇਡਾ ਵਿੱਚ ਹੋਇਆ ਸੀ। ਗੀਤ ਗਰੇਵਾਲ ਰਾਜਸੀ ਸ਼ਖਸੀਅਤ ਤੇ ਵਕੀਲ ਹੈ। ਜੋੜੇ ਦੇ ਘਰ 2022 ਵਿੱਚ ਧੀ ਨੇ ਜਨਮ ਲਿਆ ਸੀ। ਪਰਮੀਸ਼ ਨੇ ਮਾਡਲ ਤੇ ਅਦਾਕਾਰਾ ਹਰਮਨ ਬਰਾੜ ਨਾਲ ਨਵੀਂ ਜ਼ਿੰਦਗੀ ਦੀ ਸ਼ੁਰੂਆਤ ਦੇ ਸੰਕੇਤ ਵੀ ਦਿੱਤੇ ਹਨ।

## ਤਬੀਅਤ ਵਿਗੜਨ 'ਤੇ ਮੋਹਨਜੀਤ ਰਜਿੰਦਰਾ ਹਸਪਤਾਲ ਰੈਫਰ

**ਸੰਗਰੂਰ** : ਜ਼ਿਲ੍ਹਾ ਸੰਗਰੂਰ ਦੇ ਪਿੰਡ ਸ਼ੇਰੋਂ ਦੇ ਮੋਹਨਜੀਤ ਸਿੰਘ ਦੀ ਸਿਹਤ ਵਿਗੜਨ ਤੋਂ ਬਾਅਦ ਉਸ ਨੂੰ ਇੱਥੋਂ ਸਰਕਾਰੀ ਰਾਜਿੰਦਰਾ ਹਸਪਤਾਲ ਪਟਿਆਲਾ ਵਿਖੇ ਰੈਫਰ ਕਰ ਦਿੱਤਾ ਗਿਆ। ਉਸ ਨੇ ਸੁਨਾਮ ਦੇ ਪਿੰਡ ਸ਼ੇਰੋਂ ਵਿਖੇ ਮੁੱਖ ਮੰਤਰੀ ਭਗਵੰਤ ਮਾਨ ਦੇ 'ਲੋਕ ਮਿਲਣੀ' ਪ੍ਰੋਗਰਾਮ ਦੌਰਾਨ ਪੰਜਾਬ ਵਿੱਚ ਨਸ਼ੇ ਦੀ ਸਮੱਸਿਆ ਵਿਰੁੱਧ ਰੋਸ ਵਜੋਂ ਕਾਲਾ ਝੰਡਾ ਦਿਖਾ ਕੇ ਪ੍ਰਦਰਸ਼ਨ ਕੀਤਾ ਸੀ। ਇਸ ਤੋਂ ਬਾਅਦ ਉਸ ਨੂੰ ਕਥਿਤ ਤੌਰ 'ਤੇ ਪੁਲਸ ਹਿਰਾਸਤ ਵਿੱਚ ਲੈ ਲਿਆ ਗਿਆ ਸੀ। ਉਸ ਨੇ ਦੋਸ਼ ਲਾਇਆ ਸੀ ਕਿ ਪੁਲਸ ਨੇ ਉਸ ਨੂੰ ਬੁਰੀ ਤਰ੍ਹਾਂ ਕੁੱਟਿਆ।

## ਹਰੀਕੇ ਵਿਖੇ ਬਣੇਗੀ ਖਾਲੜਾ ਦੀ ਯਾਦਗਾਰ : ਧਾਮੀ

**ਅੰਮ੍ਰਿਤਸਰ** : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮਨੁੱਖੀ ਅਧਿਕਾਰਾਂ ਦੇ ਰਾਖੇ ਜਸਵੰਤ ਸਿੰਘ ਖਾਲੜਾ ਦੀ ਹਰੀਕੇ ਵਿਖੇ ਯਾਦਗਾਰ ਜਲਦੀ ਬਣਾਈ ਜਾਵੇਗੀ। ਇਹ ਖੁਲਾਸਾ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਕੀਤਾ ਗਿਆ ਹੈ। ਸ੍ਰੀ ਹਰਿਮੰਦਰ ਸਾਹਿਬ ਸਮੂਹ ਸਥਿਤ ਗੁਰਦੁਆਰਾ ਸ਼ਹੀਦ ਬਾਬਾ ਗੁਰਬਖ਼ਸ਼ ਸਿੰਘ ਵਿਖੇ ਜਸਵੰਤ ਸਿੰਘ ਖਾਲੜਾ ਨਮਿਤ ਸ੍ਰੀ ਅਖੰਡ ਪਾਠ ਦੇ ਭੋਗ ਪਾਏ ਗਏ ਅਤੇ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ ਧਾਮੀ ਨੇ ਆਖਿਆ ਕਿ ਖਾਲੜਾ ਤੇ ਹੋਰ ਸਿੱਖਾਂ ਦੀ ਹਰੀਕੇ ਵਿਖੇ ਯਾਦਗਾਰ ਬਣਾਉਣ ਲਈ ਇੱਕ ਸਬ-ਕਮੇਟੀ ਬਣਾਈ ਗਈ ਹੈ, ਜਿਸ ਵੱਲੋਂ ਜਲਦੀ ਹੀ ਲੋੜੀਂਦੀ ਜ਼ਮੀਨ ਦਾ ਪ੍ਰਬੰਧ ਕੀਤਾ ਜਾਵੇਗਾ ।

## ਜੇ ਐੱਨ ਯੂ ਦੇ ਪ੍ਰੋਫੈਸਰ 'ਤੇ ਜਿਨਸੀ ਸ਼ੋਸ਼ਣ ਦੇ ਦੋਸ਼

**ਨਵੀਂ ਦਿੱਲੀ** : ਜਵਾਹਰ ਲਾਲ ਨਹਿਰੂ ਯੂਨੀਵਰਸਿਟੀ (ਜੇ ਐੱਨ ਯੂ) ਵੱਲੋਂ ਇੱਕ ਪ੍ਰੋਫੈਸਰ ਖਿਲਾਫ ਜਿਨਸੀ ਸ਼ੋਸ਼ਣ ਦੇ ਦੋਸ਼ਾਂ ਦੀ ਜਾਂਚ ਕੀਤੀ ਜਾ ਰਹੀ ਹੈ। 11 ਵਿਦਿਆਰਥਣਾਂ ਨੇ ਯੂਨੀਵਰਸਿਟੀ ਦੀ ਅੰਦਰੂਨੀ ਸ਼ਿਕਾਇਤ ਕਮੇਟੀ (ਆਈ ਸੀ ਸੀ) ਕੋਲ ਮਈ ਵਿੱਚ ਸ਼ਿਕਾਇਤਾਂ ਦਰਜ ਕਰਵਾਈਆਂ ਗਈਆਂ ਸਨ। ਪ੍ਰੋਫੈਸਰ ਦੀ ਪਛਾਣ ਜਨਤਕ ਨਹੀਂ ਕੀਤੀ ਗਈ ਹੈ ਅਤੇ ਸ਼ਿਕਾਇਤਾਂ ਦੇ ਵੇਰਵੇ ਵੀ ਜਨਤਕ ਨਹੀਂ ਕੀਤੇ ਗਏ ਹਨ। ਯੂਨੀਵਰਸਿਟੀ ਪ੍ਰਸ਼ਾਸਨ ਨੇ ਸ਼ਿਕਾਇਤਾਂ ਬਾਰੇ ਸਵਾਲਾਂ ਦਾ ਕੋਈ ਜਵਾਬ ਨਹੀਂ ਦਿੱਤਾ ਹੈ। ਮੌਜੂਦਾ ਮਾਮਲਾ ਸਕੂਲ ਆਫ ਇੰਟਰਨੈਸ਼ਨਲ ਸਟੱਡੀਜ਼ ਦੇ ਸਾਬਕਾ ਪ੍ਰੋਫੈਸਰ ਸਵਰਨ ਸਿੰਘ ਨਾਲ ਜੁੜੇ ਮਾਮਲੇ ਤੋਂ ਵੱਖਰਾ ਹੈ। ਸਵਰਨ ਸਿੰਘ ਉਨ੍ਹਾਂ ਚਾਰ ਸਟਾਫ ਮੈਂਬਰਾਂ ਵਿੱਚ ਸ਼ਾਮਲ ਸਨ, ਜਿਨ੍ਹਾਂ ਨੂੰ ਅਪਰੈਲ 2025 ਵਿੱਚ ਯੂਨੀਵਰਸਿਟੀ ਦੀ ਕਾਰਜਕਾਰੀ ਕੌਂਸਲ ਵੱਲੋਂ ਬਰਖਾਸਤ ਕਰ ਦਿੱਤਾ ਗਿਆ ਸੀ। ਜਾਪਾਨੀ ਦੂਤਾਵਾਸ ਨਾਲ ਜੁੜੀ ਇੱਕ ਜਾਪਾਨੀ ਮਹਿਲਾ ਅਧਿਕਾਰੀ ਵੱਲੋਂ ਲਾਏ ਗਏ ਜਿਨਸੀ ਸ਼ੋਸ਼ਣ ਦੇ ਦੋਸ਼ਾਂ ਤੋਂ ਬਾਅਦ ਸਵਰਨ ਸਿੰਘ ਨੂੰ ਬਰਖਾਸਤ ਕਰ ਦਿੱਤਾ ਗਿਆ ਸੀ।

# ਮੱਧ ਪ੍ਰਦੇਸ਼ 'ਚ ਜ਼ਹਿਰੀਲੀ ਸ਼ਰਾਬ ਪੀਣ ਨਾਲ 11 ਮਰੇ

**ਸਾਗਰ (ਨ ਜ਼ ਸ)** : ਮੱਧ ਪ੍ਰਦੇਸ਼ ਦੇ ਸਾਗਰ ਜ਼ਿਲ੍ਹੇ ਵਿੱਚ ਜ਼ਹਿਰੀਲੀ ਸ਼ਰਾਬ ਪੀਣ ਨਾਲ 11 ਲੋਕਾਂ ਦੀ ਮੌਤ ਹੋ ਗਈ ਅਤੇ 35 ਹੋਰਨਾਂ ਦੀ ਹਾਲਤ ਗੰਭੀਰ ਸੀ। ਸ਼ਨੀਵਾਰ ਰਾਤ ਸ਼ਰਾਬ ਪੀਣ ਤੋਂ ਬਾਅਦ ਬਾਂਦਾ ਬਲਾਕ ਦੇ ਕਈ ਪਿੰਡਾਂ ਦੇ ਲੋਕਾਂ ਦੀ ਤਬੀਅਤ ਵਿਗੜ ਗਈ। ਜ਼ਿਕਰਯੋਗ ਹੈ ਕਿ ਇਹ ਤ੍ਰਾਸਦੀ ਗੁਆਂਢੀ ਰਾਜ ਗੁਜਰਾਤ ਦੇ ਭਾਵਨਗਰ ਜ਼ਿਲ੍ਹੇ ਵਿੱਚ ਜ਼ਹਿਰੀਲੀ ਸ਼ਰਾਬ ਨਾਲ 13 ਲੋਕਾਂ ਦੀ ਹੋਈ ਮੌਤ ਤੋਂ ਕੁਝ ਦਿਨਾਂ ਬਾਅਦ ਹੀ ਵਾਪਰੀ ਹੈ। ਮੱਧ ਪ੍ਰਦੇਸ਼ ਦੇ ਮੁੱਖ ਮੰਤਰੀ ਮੋਹਨ ਯਾਦਵ ਨੇ ਇਸ ਘਟਨਾ 'ਤੇ ਦੁੱਖ ਪ੍ਰਗਟ ਕਰਦਿਆਂ ਤੁਰੰਤ ਜਾਂਚ ਦੇ ਹੁਕਮ ਦਿੱਤੇ ਹਨ ਅਤੇ ਕਿਹਾ ਹੈ ਕਿ ਦੋਸ਼ੀਆਂ ਨੂੰ ਬਖਸ਼ਿਆ ਨਹੀਂ ਜਾਵੇਗਾ। ਕਾਂਗਰਸ ਨੇ ਇਸ ਦੁਖਾਂਤ ਦੀ ਨਿਆਂਇਕ ਜਾਂਚ ਦੀ ਮੰਗ ਕੀਤੀ ਹੈ। ਸਾਗਰ ਦੀ ਕੁਲੈਕਟਰ ਪ੍ਰਤਿਭਾ ਪਾਲ ਨੇ ਦੱਸਿਆ ਕਿ ਪ੍ਰਭਾਵਤ ਇਲਾਕੇ ਵਿੱਚ ਸਕ੍ਰੀਨਿੰਗ ਚੱਲ ਰਹੀ ਹੈ ਅਤੇ ਬੁਖਾਰ ਜਾਂ ਸਿਰਦਰਦ ਦੀ ਸ਼ਿਕਾਇਤ ਵਾਲੇ ਮਰੀਜ਼ਾਂ ਨੂੰ ਬੁੰਦੇਲਖੰਡ ਮੈਡੀਕਲ ਕਾਲਜ ਅਤੇ ਹਸਪਤਾਲ ਵਿੱਚ ਭੇਜਿਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਯੂ ਪੀ ਦੇ ਲਲਿਤਪੁਰ ਨਾਲ ਲੱਗਦੀ ਸਰਹੱਦ ਹੋਣ ਕਾਰਨ ਉੱਥੋਂ ਦੇ ਇੱਕ ਗਰੋਹ ਵੱਲੋਂ ਇਹ ਜ਼ਹਿਰੀਲੀ ਸ਼ਰਾਬ ਸਪਲਾਈ ਕੀਤੇ ਜਾਣ ਦੀ ਜਾਂਚ ਕੀਤੀ ਜਾ ਰਹੀ ਹੈ। ਪ੍ਰਸ਼ਾਸਨ ਨੇ ਇਹਤਿਆਤ ਵਜੋਂ ਖੇਤਰ ਦੇ 7 ਸ਼ਰਾਬ ਠੇਕੇ ਸੀਲ ਕਰ ਦਿੱਤੇ ਹਨ ਅਤੇ ਨਮੂਨੇ ਲੈ ਕੇ ਜਾਂਚ ਲਈ ਭੇਜ ਦਿੱਤੇ ਹਨ। ਗ੍ਰਿਫਤਾਰ ਕੀਤੇ ਗਏ ਸ਼ੱਕੀਆਂ ਤੋਂ ਪੁੱਛਗਿੱਛ ਦੌਰਾਨ ਪੁਲਸ ਨੂੰ ਪਤਾ ਲੱਗਾ ਹੈ ਕਿ ਨਕਲੀ ਸ਼ਰਾਬ ਸਾਗਰ ਜ਼ਿਲ੍ਹੇ ਦੇ ਬਾਂਦਾ ਖੇਤਰ ਅਤੇ ਮੱਧ ਪ੍ਰਦੇਸ਼ ਦੇ ਹੋਰ ਸਥਾਨਾਂ 'ਤੇ ਸਪਲਾਈ ਕੀਤੀ ਜਾ ਰਹੀ ਸੀ। ਸ਼ਰਾਬ ਨੂੰ ਕਾਰਾਂ ਅਤੇ ਮੋਟਰਸਾਈਕਲਾਂ ਰਾਹੀਂ ਮੱਧ ਪ੍ਰਦੇਸ਼ ਲਿਜਾਉਣ ਤੋਂ ਪਹਿਲਾਂ ਅਸਲੀ ਉਤਪਾਦਾਂ ਵਾਂਗ ਦਿਖਣ ਲਈ ਨਕਲੀ ਲੇਬਲ, ਢੱਕਣ ਅਤੇ ਕਿਊ ਆਰ ਕੋਡਾਂ ਨਾਲ ਪੈਕ ਕੀਤਾ ਗਿਆ ਸੀ। ਇਹ ਜ਼ਹਿਰੀਲੀ ਸ਼ਰਾਬ, ਜਿਸ ਵਿੱਚ 38.59 ਪ੍ਰਤੀਸ਼ਤ ਮੀਥੇਨੌਲ ਅਤੇ 0.94 ਪ੍ਰਤੀਸ਼ਤ ਈਥੇਨੌਲ ਸੀ, ਉੱਤੇ ਇੱਕ ਪ੍ਰਸਿੱਧ ਭਾਰਤ-ਨਿਰਮਤ ਵਿਦੇਸ਼ੀ ਸ਼ਰਾਬ ਦੇ ਬ੍ਰਾਂਡ ਦਾ ਲੇਬਲ ਸੀ

### ਜ਼ਹਿਰੀਲੀ ਸ਼ਰਾਬ ਭਾਜਪਾ ਸ਼ਾਸਤ ਯੂ ਪੀ 'ਚੋਂ ਆਉਣ ਦਾ ਸ਼ੱਕ



## ਰਾਕੇਸ਼ ਟਿਕੈਤ ਧਰਨਾਕਾਰੀ ਕਿਸਾਨਾਂ ਦਾ ਹੌਸਲਾ ਵਧਾਉਣ ਪੁੱਜੇ

**ਮੁਹਾਲੀ** : ਪੰਜਾਬ ਦੇ ਕਿਸਾਨਾਂ ਵੱਲੋਂ ਆਪਣੀਆਂ ਹੱਕੀ ਮੰਗਾਂ ਦੀ ਪੂਰਤੀ ਲਈ ਸੰਯੁਕਤ ਕਿਸਾਨ ਮੋਰਚਾ ਦੇ ਬੈਨਰ ਥੱਲੇ ਮੁਹਾਲੀ-ਚੰਡੀਗੜ੍ਹ ਦੀ ਸਾਂਝੀ ਸਰਹੱਦ 'ਤੇ ਲਾਏ ਪੱਕੇ ਮੋਰਚੇ ਦੇ ਐਤਵਾਰ ਛੇਵੇਂ ਦਿਨ ਰਾਕੇਸ਼ ਟਿਕੈਤ ਨੇ ਪਹੁੰਚ ਕੇ ਧਰਨਾਕਾਰੀ ਕਿਸਾਨਾਂ ਦਾ ਹੌਸਲਾ ਵਧਾਇਆ।

ਟਿਕੈਤ ਨੇ ਕਿਹਾ ਕਿ ਕਿਸਾਨਾਂ ਨੂੰ ਸਮੇਂ ਦੀਆਂ ਸਰਕਾਰਾਂ ਤੋਂ ਇਨਸਾਫ ਦੀ ਉਮੀਦ ਨਹੀਂ ਰੱਖਣੀ ਚਾਹੀਦੀ, ਸਗੋਂ ਸਮੂਹ ਕਿਸਾਨ ਜਥੇਬੰਦੀਆਂ ਨੂੰ ਇੱਕਜੁੱਟ ਹੋ ਕੇ ਸਾਂਝੀ ਲੜਾਈ ਲੜਨੀ ਚਾਹੀਦੀ ਹੈ। ਉਨ੍ਹਾ ਤਿੰਨ ਕਾਲੇ ਖੇਤੀ ਕਾਨੂੰਨਾਂ ਦਾ ਹਵਾਲਾ ਦਿੰਦੇ ਹੋਏ ਕਿਹਾ ਕਿ ਕਿਸਾਨਾਂ ਨੂੰ ਆਪਣੀ ਲਾਈਨ ਵੱਡੀ ਖਿੱਚਣੀ ਪਏਗੀ। ਇਸ ਮਗਰੋਂ ਅੰਨਦਾਤਾ ਨੂੰ ਸਰਕਾਰਾਂ ਦੇ ਮੂੰਹ ਵੱਲ ਨਹੀਂ ਦੇਖਣਾ ਪਵੇਗਾ, ਸਗੋਂ ਉਹ ਖੁਦ ਗੋਡੇ ਟੇਕ ਕੇ ਤੁਹਾਡੇ ਨਾਲ ਟੇਬਲ ਟਾਕ ਲਈ ਤਰਲੇ ਕੱਢਣਗੀਆਂ।

# ਮੋਦੀ ਜੀ, ਫੁੱਫੜ-ਫੁੱਫੜ ਕਹਿ ਕੇ ਗੱਲ ਨਹੀਂ ਬਣਨੀ, ਨੌਜਵਾਨਾਂ ਦੀ ਗੂੰਜ ਸੁਣੋ: ਖੜਗੇ

**ਨਵੀਂ ਦਿੱਲੀ (ਨ ਜ਼ ਸ)** : ਕਾਂਗਰਸ ਨੇ ਐਤਵਾਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ 'ਨਾਰਾਜ਼ ਫੁੱਫੜ' ਵਰਗੇ ਲੇਬਲਾਂ ਦੀ ਵਰਤੋਂ ਦੀ ਨਿੰਦਾ ਕੀਤੀ ਅਤੇ ਇਸ ਨੂੰ ਆਪਣੀਆਂ ਨਾਕਾਮੀਆਂ ਨੂੰ ਲੁਕਾਉਣ ਲਈ ਵਿਰੋਧੀ ਧਿਰ ਨੂੰ ਹਰ ਸਾਲ ਇੱਕ ਨਵਾਂ ਵਿਸ਼ੇਸ਼ਣ ਦੇਣ ਦੇ ਉਨ੍ਹਾ ਦੇ ਢੰਗ-ਤਰੀਕੇ ਦਾ ਹਿੱਸਾ ਦੱਸਿਆ। ਕਾਂਗਰਸ ਨੇ ਮੋਦੀ 'ਤੇ ਦਿੱਲੀ ਯੂਨੀਵਰਸਿਟੀ ਦੇ ਸ੍ਰੀਰਾਮ ਕਾਲਜ ਆਫ ਕਾਮਰਸ ਦੇ ਮੰਚ ਦੀ ਦੁਰਵਰਤੋਂ ਕਰਨ ਦਾ ਵੀ ਦੋਸ਼ ਲਗਾਇਆ, ਜਿੱਥੇ ਉਨ੍ਹਾ ਸ਼ਨੀਵਾਰ ਸ਼ਤਾਬਦੀ ਸਮਾਰੋਹ ਨੂੰ ਸੰਬੋਧਨ ਕੀਤਾ ਸੀ। ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਕਿਹਾ, 'ਨਰਿੰਦਰ ਮੋਦੀ ਜੀ, ਕੱਲ੍ਹ ਤੁਸੀਂ ਸ੍ਰੀਰਾਮ ਕਾਲਜ ਦੇ ਕੈਂਪਸ ਦਾ ਦੌਰਾ ਕੀਤਾ ਸੀ। ਇਹ ਦੇਸ਼ ਦੇ ਨੌਜਵਾਨਾਂ, ਸਿੱਖਿਆ ਅਤੇ ਉਨ੍ਹਾਂ ਦੇ ਭਵਿੱਖ 'ਤੇ ਗੱਲਬਾਤ ਦਾ ਮੌਕਾ ਸੀ, ਪਰ ਅਫਸੋਸ ਨੌਜਵਾਨਾਂ ਦੇ ਸਵਾਲਾਂ ਦਾ ਸਾਹਮਣਾ ਕਰਨ ਦੀ ਬਜਾਏ, ਭਾਸ਼ਣ ਇੱਕ ਹੋਰ ਸਿਆਸੀ ਮੁਹਿੰਮ ਵਿੱਚ ਬਦਲ ਗਿਆ। ਮੋਦੀ ਜੀ ਦਾ ਢੰਗ-ਤਰੀਕਾ ਲੋਕਤੰਤਰ ਵਿੱਚ ਸਵਾਲਾਂ ਨੂੰ ਦਬਾਉਣਾ ਅਤੇ ਵਿਰੋਧੀ ਧਿਰ ਨੂੰ ਹਰ ਸਾਲ ਇੱਕ ਨਵਾਂ ਵਿਸ਼ੇਸ਼ਣ ਦੇਣਾ ਹੈ ਤਾਂ ਜੋ ਉਨ੍ਹਾਂ ਦੀਆਂ ਆਪਣੀਆਂ ਨਾਕਾਮੀਆਂ ਛੁਪੀਆਂ ਰਹਿਣ! ਨਾਰਾਜ਼ ਫੁੱਫੜ, ਦਿਮਾਗੀ ਨਕਸਲ, ਅਰਬਨ ਨਕਸਲ, ਖਾਨ ਮਾਰਕੀਟ ਗੈਂਗ, ਅੰਦੋਲਨਜੀਵੀ, ਪਰਜੀਵੀ... ਵਿਸ਼ੇਸ਼ਣ ਬਦਲਦੇ ਰਹਿੰਦੇ ਹਨ, ਪਰ ਮੋਦੀ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਨਹੀਂ ਬਦਲਦੀਆਂ। ਪ੍ਰਧਾਨ ਮੰਤਰੀ ਨੇ ਆਪਣਾ 'ਰਿਪੋਰਟ ਕਾਰਡ' ਦਿਖਾਇਆ। ਦੇਸ਼ ਦਾ ਨੌਜਵਾਨ ਵੀ ਆਪਣੇ ਰਿਪੋਰਟ ਕਾਰਡ ਨਾਲ ਖੜ੍ਹਾ ਹੈ ਅਤੇ ਇਸ ਵਿੱਚ ਬੇਰੁਜ਼ਗਾਰੀ, ਸਾਲਾਂ ਤੋਂ ਲਟਕੀਆਂ ਸਰਕਾਰੀ ਭਰਤੀਆਂ, ਪੇਪਰ ਲੀਕ ਤੋਂ ਪਰੇਸ਼ਾਨ ਵਿਦਿਆਰਥੀ, ਮਹਿੰਗੀ ਹੁੰਦੀ ਸਿੱਖਿਆ, ਘਟਦੇ ਵਜ਼ੀਫੇ ਅਤੇ ਯੂਨੀਵਰਸਿਟੀਆਂ ਦੀ ਖੁਦਮੁਖਤਿਆਰੀ 'ਤੇ ਵਧਦਾ ਦਬਾਅ ਸ਼ਾਮਲ ਹੈ।' ਖੜਗੇ ਨੇ ਕਿਹਾ ਕਿ 'ਛਾਤਰੋਂ ਕੀ ਗੂੰਜ' ਸੁਣੋ ਕਿਉਂਕਿ ਹੱਲ ਗਤਕੇਬਾਜ਼ੀ ਨਾਲ ਨਹੀਂ ਨਿਕਲੇਗਾ। ਪ੍ਰਧਾਨ ਮੰਤਰੀ ਨੇ ਕਿਹਾ ਸੀ ਕਿ ਕੈਂਪਸ ਦੇ ਬਾਹਰ ਵਿਦਿਆਰਥੀਆਂ ਨੂੰ ਦੋ ਤਰ੍ਹਾਂ ਦੇ ਲੋਕ ਮਿਲਣਗੇ—ਉਹ ਜੋ ਸਮਾਜ ਦੀ ਸ਼ਕਤੀ ਨੂੰ ਸਕਾਰਾਤਮਕ ਤੌਰ 'ਤੇ ਰਾਸ਼ਟਰ ਦੀ ਸ਼ਕਤੀ ਵਿੱਚ ਬਦਲ ਦਿੰਦੇ ਹਨ ਅਤੇ ਦੂਸਰੇ ਜੋ ਕੋਈ ਵੀ ਕੰਮ ਸ਼ੁਰੂ ਹੁੰਦੇ ਹੀ ਗੁੱਸੇ ਵਿੱਚ ਆਏ ਫੁੱਫੜ ਵਿੱਚ ਬਦਲ ਜਾਂਦੇ ਹਨ।

ਪ੍ਰਧਾਨ ਮੰਤਰੀ ਮੋਦੀ ਨੇ ਸਟੈਚੂ ਆਫ ਯੂਨਿਟੀ, ਹਾਈ-ਸਪੀਡ ਟਰੇਨਾਂ, ਯੂ ਪੀ ਆਈ, ਸੈਮੀਕੰਡਕਟਰ ਨਿਰਮਾਣ ਅਤੇ ਨਵੀਂ ਸੰਸਦ ਇਮਾਰਤ ਸਮੇਤ ਪ੍ਰੋਜੈਕਟਾਂ ਦੀਆਂ ਉਦਾਹਰਣਾਂ ਦਿੱਤੀਆਂ ਤੇ ਕਿਹਾ ਕਿ ਵਿਰੋਧੀ ਧਿਰ ਨੇ ਹਰੇਕ ਪਹਿਲਕਦਮੀ ਦੀ ਜ਼ਰੂਰਤ 'ਤੇ ਸਵਾਲ ਉਠਾਏ। ਉਨ੍ਹਾ ਕਿਹਾ, 'ਜਦੋਂ ਅਸੀਂ ਦੁਨੀਆ ਦੀ ਸਭ ਤੋਂ ਉੱਚੀ ਮੂਰਤੀ ਬਣਾ ਰਹੇ ਸੀ, ਤਾਂ ਫੁੱਫੜ ਨੇ ਆਪਣੇ ਆਪ ਨੂੰ ਤਿਆਰ ਕੀਤਾ ਅਤੇ ਕਿਹਾ : ਇਸ ਦੀ ਕੀ ਲੋੜ ਹੈ? ਅਸੀਂ ਹਾਈ-ਸਪੀਡ ਟਰੇਨਾਂ 'ਤੇ ਕੰਮ ਸ਼ੁਰੂ ਕੀਤਾ, 'ਫੁੱਫੜ' ਨੇ ਫਿਰ ਕਿਹਾ : ਇਸ ਦੀ ਕੀ ਲੋੜ ਹੈ? ਪਰ ਭਾਰਤ ਨੇ ਅਜਿਹੇ ਸਾਰੇ 'ਫੁੱਫੜਾਂ' ਦਾ ਜਵਾਬ ਦਿੱਤਾ ਹੈ। ਭਾਰਤ ਨੂੰ ਦੇਸ਼ ਲਈ ਜ਼ਰੂਰੀ ਕੰਮ ਕਰਨ ਤੋਂ ਕੋਈ ਨਹੀਂ ਰੋਕ ਸਕਦਾ।'

# ਹਾਈ ਕੋਰਟਾਂ 'ਚ ਜੱਜਾਂ ਦੇ 27 ਫੀਸਦੀ ਅਹੁਦੇ ਖਾਲੀ

**ਨਵੀਂ ਦਿੱਲੀ (ਨ ਜ਼ ਸ)** : ਹਾਈ ਕੋਰਟਾਂ ਵਿੱਚ ਜੱਜਾਂ ਵਜੋਂ ਨਿਯੁਕਤੀ ਲਈ ਸੁਪਰੀਮ ਕੋਰਟ ਕੋਲੇਜੀਅਮ ਵੱਲੋਂ ਸਿਫਾਰਸ਼ ਕੀਤੇ ਗਏ 25 ਨਾਂਅ, ਜੋ ਮੁੱਖ ਤੌਰ 'ਤੇ ਪੰਜ ਹਾਈ ਕੋਰਟਾਂ ਨਾਲ ਸੰਬੰਧਤ ਹਨ, ਕੇਂਦਰ ਸਰਕਾਰ ਕੋਲ ਪੈਂਡਿੰਗ ਪਏ ਹਨ। ਇਨ੍ਹਾਂ ਵਿੱਚੋਂ ਸਭ ਤੋਂ ਪੁਰਾਣਾ ਮਾਮਲਾ ਵਕੀਲ ਸੌਰਭ ਕਿਰਪਾਲ ਦਾ ਹੈ, ਜਿਸ 'ਤੇ ਅਕਤੂਬਰ 2017 ਤੋਂ ਕੋਈ ਅੰਤਮ ਫੈਸਲਾ ਨਹੀਂ ਲਿਆ ਗਿਆ। ਦੇਸ਼ ਦੀਆਂ ਸਾਰੀਆਂ 25 ਹਾਈ ਕੋਰਟਾਂ ਦੀ ਮੌਜੂਦਾ ਸਾਂਝੀ ਮਨਜ਼ੂਰਸ਼ੁਦਾ ਤਾਇਨਾਤੀ 1,122 ਜੱਜਾਂ ਦੀ ਹੈ। 304 ਅਸਾਮੀਆਂ ਖਾਲੀ ਹੋਣ ਕਾਰਨ ਕੰਮਕਾਜੀ ਨਿਯੁਕਤੀ 818 ਜੱਜਾਂ ਦੀ ਹੈ। ਫੀਸਦੀ ਦੇ ਹਿਸਾਬ ਨਾਲ ਇਸ ਸਮੇਂ ਹਾਈ ਕੋਰਟਾਂ 'ਚ ਜੱਜਾਂ ਦੇ 27 ਫੀਸਦੀ ਅਹੁਦੇ ਖਾਲੀ ਹਨ। ਸਾਬਕਾ ਚੀਫ ਜਸਟਿਸ ਬੀ ਐੱਨ ਕਿਰਪਾਲ ਦੇ ਪੁੱਤਰ ਸੌਰਭ ਕਿਰਪਾਲ ਦਾ ਨਾਂਅ ਦਿੱਲੀ ਹਾਈ ਕੋਰਟ ਦੇ ਕੋਲੇਜੀਅਮ ਵੱਲੋਂ ਅਕਤੂਬਰ 2017 ਵਿੱਚ ਹਾਈ ਕੋਰਟ ਦੇ ਜੱਜ ਵਜੋਂ ਤਰੱਕੀ ਲਈ ਸੁਪਰੀਮ ਕੋਰਟ ਕੋਲੇਜੀਅਮ ਨੂੰ ਭੇਜਿਆ ਗਿਆ ਸੀ, ਪਰ ਸੁਪਰੀਮ ਕੋਰਟ ਦੇ ਕੋਲੇਜੀਅਮ ਨੇ ਉਨ੍ਹਾ ਦੇ ਨਾਂਅ 'ਤੇ ਵਿਚਾਰ ਤਿੰਨ ਵਾਰ ਅੱਗੇ ਪਾ ਦਿੱਤਾ ਸੀ। ਅਖੀਰ ਵਿੱਚ ਤੱਤਕਾਲੀ ਚੀਫ ਜਸਟਿਸ ਐੱਨ ਵੀ ਰਮਨਾ ਦੀ ਅਗਵਾਈ ਹੇਠਲੇ ਕੋਲੇਜੀਅਮ ਨੇ ਨਵੰਬਰ 2021 ਵਿੱਚ ਕਿਰਪਾਲ ਦੇ ਪੱਖ ਵਿੱਚ ਫੈਸਲਾ ਲਿਆ। ਅਗਲੇ ਸਾਲ ਨਵੰਬਰ ਵਿੱਚ ਸਰਕਾਰ ਨੇ

• ਬਾਕੀ ਸਫਾ 2 'ਤੇ

## ਅੱਜ-ਨਾਮਾ

ਜਦੋਂ ਵੇਖ ਲਈ ਆਉਂਦੀ ਆ ਚੋਣ ਲਾਗੇ,
ਛੜੱਪੇ ਤੇਜ਼ੀ ਨਾਲ ਰਹੇ ਹਨ ਵੱਜ ਮੀਆਂ।
ਪਾਰਟੀ ਬਦਲ ਕੇ ਜਿੱਧਰ ਵੀ ਚਲੇ ਜਾਂਦੇ,
ਸਿਰੋਪੇ ਗਲੇ ਵਿੱਚ ਜਾਂਦੇ ਈ ਸੱਜ ਮੀਆਂ।
ਕੁਝ ਨੂੰ ਫੋਟੋ ਦਾ ਸ਼ੌਕ ਵੀ ਧੂਹੀ ਫਿਰਦਾ,
ਹਰ ਇੱਕ ਪਾਸੇ ਆ ਜਾਂਵਦੇ ਭੱਜ ਮੀਆਂ।
ਕੁਝ ਨੂੰ ਨੀਤ ਦੀ ਭੁੱਖ ਵੀ ਲਈ ਫਿਰਦੀ,
ਮੁਫਤ ਦੇ ਮਾਲ ਤੋਂ ਰਹੇ ਈ ਰੱਜ ਮੀਆਂ।
ਮੀਡੀਆ ਲਾਏ ਫੋਟੋ ਇਨ੍ਹਾਂ ਸਾਰਿਆਂ ਦੀ,
ਕਰਦਾ ਪੇਸ਼ ਉਹ ਨਾਲ ਤਰਤੀਬ ਮੀਆਂ।
ਕਿੰਨੀ ਵਾਰੀ ਕਿਸ ਕੀਤੀ ਹੈ ਦਲਬਦਲੀ,
ਕਿਹੜਾ ਹੋਰ ਆ ਇਹਦੇ ਕਰੀਬ ਮੀਆਂ।

-ਤੀਸ ਮਾਰ ਖਾਂ

# ਥਾਣੇਦਾਰ ਸੀ ਸੀ ਟੀ ਵੀ ਦਾ ਪਾਸਵਰਡ ਨਾ ਹੋਣ ਦਾ ਬਹਾਨਾ ਨਹੀਂ ਲਾ ਸਕਣਗੇ

## ਹਾਈ ਕੋਰਟ ਵੱਲੋਂ ਪੰਜਾਬ ਦੇ ਡੀ ਜੀ ਪੀ ਨੂੰ ਸਿਸਟਮ ਇੱਕ ਮਹੀਨੇ 'ਚ ਸੁਧਾਰਨ ਦੇ ਹੁਕਮ

**ਚੰਡੀਗੜ੍ਹ (ਨ ਜ਼ ਸ)** : ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਪੰਜਾਬ ਦੇ ਡੀ ਜੀ ਪੀ ਨੂੰ ਹੁਕਮ ਦਿੱਤੇ ਹਨ ਕਿ ਉਹ ਇੱਕ ਮਹੀਨੇ ਦੇ ਅੰਦਰ-ਅੰਦਰ ਅਜਿਹਾ ਢੰਗ-ਤਰੀਕਾ ਲਾਗੂ ਕਰਨ, ਜਿਸ ਨਾਲ ਜਦੋਂ ਵੀ ਹਾਈ ਕੋਰਟ ਵੱਲੋਂ ਨਿਯੁਕਤ ਵਾਰੰਟ ਅਫਸਰ ਹੈਬੀਅਸ ਕਾਰਪਸ (ਬੰਦੀ ਪ੍ਰਤੱਖੀਕਰਨ) ਦੇ ਮਾਮਲੇ ਵਿੱਚ ਕਿਸੇ ਥਾਣੇ ਵਿੱਚ ਅਚਨਚੇਤ ਛਾਪਾ ਮਾਰੇ, ਤਾਂ ਸੀ ਸੀ ਟੀ ਵੀ ਫੁਟੇਜ਼ ਤੱਕ ਤੁਰੰਤ ਪਹੁੰਚ ਯਕੀਨੀ ਬਣਾਈ ਜਾ ਸਕੇ। ਜਸਟਿਸ ਵਰਿੰਦਰ ਅਗਰਵਾਲ ਨੇ ਇਹ ਹੁਕਮ ਵਕੀਲ ਤਕਦੀਰ ਸਿੱਧੂ ਰਾਹੀਂ ਫਾਜ਼ਿਲਕਾ ਦੇ ਇੱਕ ਥਾਣੇ ਦੇ ਮੁਲਾਜ਼ਮਾਂ ਵੱਲੋਂ ਇੱਕ ਵਿਅਕਤੀ ਦੀ ਪਤਨੀ ਅਤੇ ਧੀ ਨੂੰ ਗੈਰ-ਕਾਨੂੰਨੀ ਢੰਗ ਨਾਲ ਹਿਰਾਸਤ ਵਿੱਚ ਰੱਖਣ ਦੇ ਦੋਸ਼ ਹੇਠ ਦਾਇਰ ਹੈਬੀਅਸ ਕਾਰਪਸ ਪਟੀਸ਼ਨ ਦਾ ਨਿਪਟਾਰਾ ਕਰਦਿਆਂ ਦਿੱਤੇ। ਉਨ੍ਹਾ ਔਰਤ ਅਤੇ ਉਸ ਦੀ ਧੀ ਦੀ ਕਥਿਤ ਹਿਰਾਸਤ ਦੇ ਨਾਲ-ਨਾਲ ਦੋ ਹੋਰ ਵਿਅਕਤੀਆਂ ਦੀ ਕਥਿਤ ਹਿਰਾਸਤ ਬਾਰੇ ਫਾਜ਼ਿਲਕਾ ਦੇ ਚੀਫ ਜੁਡੀਸ਼ੀਅਲ ਮੈਜਿਸਟਰੇਟ (ਸੀ ਜੇ ਐੱਮ) ਤੋਂ ਤੱਥ-ਖੋਜ (ਫੈਕਟ-ਫਾਈਂਡਿੰਗ) ਜਾਂਚ ਕਰਵਾਉਣ ਦੇ ਵੀ ਹੁਕਮ ਦਿੱਤੇ ਹਨ।

ਸੀ ਸੀ ਟੀ ਵੀ ਤੱਕ ਫੌਰੀ ਪਹੁੰਚ ਬਾਰੇ ਇਹ ਵਿਆਪਕ ਹੁਕਮ ਉਦੋਂ ਜਾਰੀ ਕੀਤੇ ਗਏ, ਜਦੋਂ ਵਾਰੰਟ ਅਫਸਰ ਨੇ ਥਾਣੇ ਦੀ ਜਾਂਚ ਦੌਰਾਨ ਫੁਟੇਜ਼ ਪ੍ਰਾਪਤ ਕਰਨ ਵਿੱਚ ਮੁਸ਼ਕਲ ਆਉਣ ਦੀ ਰਿਪੋਰਟ ਦਿੱਤੀ। ਰਿਪੋਰਟ ਮੁਤਾਬਕ ਸੰਬੰਧਤ ਥਾਣੇਦਾਰ ਨੇ ਕਿਹਾ ਕਿ ਉਸ ਕੋਲ ਪਾਸਵਰਡ ਨਹੀਂ ਅਤੇ ਫੁਟੇਜ਼ ਸਿਰਫ ਸੀਨੀਅਰ ਅਫਸਰਾਂ ਦੀ ਇਜਾਜ਼ਤ ਨਾਲ ਹੀ ਦਿਖਾਈ ਜਾ ਸਕਦੀ ਹੈ। ਜਸਟਿਸ ਅਗਰਵਾਲ ਨੇ ਸਪੱਸ਼ਟ ਕੀਤਾ, 'ਸੀਨੀਅਰ ਅਫਸਰਾਂ ਤੋਂ ਇਜਾਜ਼ਤ ਲੈਣ ਜਾਂ ਲੋੜੀਂਦਾ ਪਾਸਵਰਡ ਜਾਂ ਪ੍ਰਮਾਣ ਪੱਤਰ ਰੱਖਣ ਵਾਲੇ ਅਫਸਰ ਰਾਹੀਂ ਸਿਸਟਮ ਤੱਕ ਪਹੁੰਚ ਕਰਨ ਦੀ ਆਮ ਲੋੜ, ਆਮ ਕੋਰਸ ਵਿੱਚ ਲਾਗੂ ਹੁੰਦੀ ਹੈ, ਪਰ ਇਸ ਨੂੰ ਕਿਸੇ ਨਿਆਂਇਕ ਵਾਰੰਟ ਦੇ ਤੁਰੰਤ ਅਮਲ ਵਿੱਚ ਰੁਕਾਵਟ ਵਜੋਂ ਕੰਮ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ। ਅਜਿਹੀ ਜਾਂਚ ਤੋਂ ਪਹਿਲਾਂ ਜਾਂ ਦੌਰਾਨ ਕਥਿਤ ਨਜ਼ਰਬੰਦ ਨੂੰ ਕਿਸੇ ਹੋਰ ਥਾਂ ਤਬਦੀਲ ਕੀਤੇ ਜਾਣ ਦੀ ਸੰਭਾਵਨਾ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ। ਸੀ ਸੀ ਟੀ ਵੀ ਫੁਟੇਜ਼ ਤੱਕ ਸਮੇਂ ਸਿਰ ਪਹੁੰਚ ਕਥਿਤ ਨਜ਼ਰਬੰਦ ਦੀ ਮੌਜੂਦਗੀ, ਆਵਾਜਾਈ ਜਾਂ ਹਿਰਾਸਤ ਦਾ ਨਿਰਪੱਖਤਾ ਨਾਲ ਪਤਾ ਲਗਾਉਣ ਲਈ ਮਹੱਤਵਪੂਰਨ ਹੋ ਸਕਦੀ ਹੈ। ਅਜਿਹੀ ਸਮੱਗਰੀ ਨੂੰ ਸੁਰੱਖਿਅਤ ਕਰਨ ਵਿੱਚ ਕੋਈ ਵੀ ਟਾਲਣਯੋਗ ਦੇਰੀ ਨਿਆਂਇਕ ਪ੍ਰਕਿਰਿਆ ਦੀ ਕਾਰਜਕੁਸ਼ਲਤਾ ਅਤੇ ਉਸ ਅਸਲ ਉਦੇਸ਼ ਨੂੰ ਕਾਫੀ ਹੱਦ ਤੱਕ ਕਮਜ਼ੋਰ ਕਰ ਸਕਦੀ ਹੈ, ਜਿਸ ਲਈ ਵਾਰੰਟ ਅਫਸਰ ਨਿਯੁਕਤ ਕੀਤਾ ਜਾਂਦਾ ਹੈ।' ਜਸਟਿਸ ਅਗਰਵਾਲ ਨੇ ਹੁਕਮ ਦਿੱਤਾ ਕਿ ਹਰੇਕ ਜ਼ਿਲ੍ਹੇ ਜਾਂ ਢੁਕਵੇਂ ਖੇਤਰੀ ਯੂਨਿਟ ਵਿੱਚ ਹਰ ਸਮੇਂ ਇੱਕ ਤਾਇਨਾਤ ਨੋਡਲ ਅਫਸਰ ਹੋਣਾ ਚਾਹੀਦਾ ਹੈ, ਤਾਂ ਜੋ ਸੀ ਸੀ ਟੀ ਵੀ ਪ੍ਰਣਾਲੀਆਂ ਅਤੇ ਰਿਕਾਰਡਿੰਗਾਂ ਤੱਕ ਪਹੁੰਚ ਨੂੰ ਸੌਖਾ ਬਣਾਇਆ ਜਾ ਸਕੇ।



ਉਨ੍ਹਾ ਇੱਕ ਸਮਰਪਿਤ ਸੰਚਾਰ ਵਿਧੀ, ਜਿਸ ਵਿੱਚ ਇੱਕ ਅਧਿਕਾਰਤ ਸੰਪਰਕ ਨੰਬਰ ਅਤੇ ਜਿੱਥੇ ਵੀ ਉਚਿਤ ਸਮਝਿਆ ਜਾਵੇ, ਇੱਕ ਅਧਿਕਾਰਤ ਵਟਸਐਪ ਨੰਬਰ ਜਾਂ ਈਮੇਲ ਆਈ ਡੀ ਸ਼ਾਮਲ ਹੋਵੇ ਤੈਅ ਕੀਤੀ, ਜਿਸ ਰਾਹੀਂ ਸੰਬੰਧਤ ਐੱਸ ਐੱਚ ਓ ਜਾਂ ਪੁਲਸ ਅਧਿਕਾਰੀ ਅਤੇ ਜਿੱਥੇ ਜ਼ਰੂਰੀ ਹੋਵੇ ਵਾਰੰਟ ਅਫਸਰ ਸੀ ਸੀ ਟੀ ਵੀ ਸਿਸਟਮ ਅਤੇ ਸੰਬੰਧਤ ਰਿਕਾਰਡਿੰਗਾਂ ਤੱਕ ਪਹੁੰਚ ਪ੍ਰਾਪਤ ਕਰਨ ਲਈ ਤੁਰੰਤ ਤਾਇਨਾਤ ਨੋਡਲ ਅਫਸਰ ਨਾਲ ਸੰਪਰਕ ਕਰ ਸਕਦੇ ਹਨ। ਜਸਟਿਸ ਅਗਰਵਾਲ ਨੇ ਕਿਹਾ : 'ਜਦੋਂ ਵੀ ਕੋਈ ਵਾਰੰਟ ਅਫਸਰ ਹੈਬੀਅਸ ਕਾਰਪਸ ਵਾਰੰਟ ਦੇ ਅਮਲ ਵਿੱਚ ਕਿਸੇ ਥਾਣੇ ਵਿੱਚ ਪਹੁੰਚਦਾ ਹੈ ਅਤੇ ਵਾਰੰਟ ਨਾਲ ਸੰਬੰਧਤ ਸੀ ਸੀ ਟੀ ਵੀ ਫੁਟੇਜ਼ ਦੀ ਮੰਗ ਕਰਦਾ ਹੈ, ਤਾਂ ਸੰਬੰਧਤ ਐੱਸ ਐੱਚ ਓ ਜਾਂ ਉਸ ਦੀ ਗੈਰ-ਹਾਜ਼ਰੀ ਵਿੱਚ ਐੱਸ ਐੱਚ ਓ ਵੱਲੋਂ ਅਧਿਕਾਰਤ ਜਾਂ ਵਿਭਾਗੀ ਪ੍ਰੋਟੋਕੋਲ ਤਹਿਤ ਨਾਮਜ਼ਦ ਪੁਲਸ ਅਧਿਕਾਰੀ ਤੁਰੰਤ ਨਿਰਧਾਰਤ ਢੰਗ ਨੂੰ ਚਾਲੂ ਕਰੇਗਾ ਅਤੇ ਸੀ ਸੀ ਟੀ ਵੀ ਸਿਸਟਮ ਤੇ ਸੰਬੰਧਤ ਰਿਕਾਰਡਿੰਗਾਂ ਤੱਕ ਤੁਰੰਤ ਅਤੇ ਬਿਨਾਂ ਕਿਸੇ ਰੁਕਾਵਟ ਦੇ ਪਹੁੰਚ ਯਕੀਨੀ ਬਣਾਏਗਾ।' ਜਸਟਿਸ ਅਗਰਵਾਲ ਨੇ ਚਿਤਾਵਨੀ ਦਿੱਤੀ : 'ਹੈਬੀਅਸ ਕਾਰਪਸ ਵਾਰੰਟ ਦੀ ਤਾਮੀਲ ਦੌਰਾਨ ਕਿਸੇ ਵੀ ਪੁਲਸ ਅਧਿਕਾਰੀ ਵੱਲੋਂ ਐੱਸ ਐੱਚ ਓ ਜਾਂ ਨੋਡਲ ਅਫਸਰ ਦੇ ਉਪਲੱਬਧ ਨਾ ਹੋਣ 'ਤੇ ਪਾਸਵਰਡ ਜਾਂ ਪ੍ਰਮਾਣ ਪੱਤਰਾਂ ਦੀ ਅਣਹੋਂਦ ਜਾਂ ਸੀ ਸੀ ਟੀ ਵੀ ਸਿਸਟਮ ਦੇ ਕੰਮ ਨਾ ਕਰਨ ਦੇ ਆਧਾਰ 'ਤੇ ਜਾਣਬੁੱਝ ਕੇ ਕੀਤੇ ਗਏ ਇਨਕਾਰ, ਰੁਕਾਵਟ, ਬੇਲੋੜੀ ਦੇਰੀ, ਸੰਬੰਧਤ ਸੀ ਸੀ ਟੀ ਵੀ ਫੁਟੇਜ਼ ਨੂੰ ਪੇਸ਼ ਨਾ ਕਰਨ ਜਾਂ ਅਹਿਮ ਜਾਣਕਾਰੀ ਨੂੰ ਲੁਕਾਉਣ ਨੂੰ ਗੰਭੀਰਤਾ ਨਾਲ ਲਿਆ ਜਾਵੇਗਾ।' ਕਥਿਤ ਨਜ਼ਰਬੰਦਾਂ ਦੇ ਘਰ ਪਰਤਣ ਅਤੇ ਹੈਬੀਅਸ ਕਾਰਪਸ ਕਾਰਵਾਈਆਂ ਦੇ ਤੁਰੰਤ ਉਦੇਸ਼—ਉਨ੍ਹਾਂ ਦਾ ਪਤਾ ਲਗਾਉਣ ਅਤੇ ਉਨ੍ਹਾਂ ਦੀ ਰਿਹਾਈ ਨੂੰ ਯਕੀਨੀ ਬਣਾਉਣ ਦੇ ਖਤਮ ਹੋਣ ਤੋਂ ਬਾਅਦ ਪਟੀਸ਼ਨ ਦਾ ਨਿਪਟਾਰਾ ਕਰ ਦਿੱਤਾ ਗਿਆ। ਹਾਲਾਂਕਿ, ਤੱਥ-ਖੋਜ ਜਾਂਚ ਨੂੰ ਸੁਤੰਤਰ ਤੌਰ 'ਤੇ ਅਤੇ ਕਾਨੂੰਨ ਅਨੁਸਾਰ ਜਾਰੀ ਰੱਖਣ ਦੇ ਹੁਕਮ ਦਿੱਤੇ ਗਏ ਹਨ।

## ਅਖਾੜਾ 'ਚ ਬਾਬਾ ਜੀਵਨ ਸਿੰਘ ਜੀ ਦਾ ਜਨਮ ਦਿਹਾੜਾ ਮਨਾਇਆ



**ਜਗਰਾਉਂ, (ਸੰਜੀਵ ਅਰੋੜਾ)**-ਪਿੰਡ ਅਖਾੜਾ ਵਿਖੇ ਸ਼੍ਰੋਮਣੀ ਸ਼ਹੀਦ ਬਾਬਾ ਜੀਵਨ ਸਿੰਘ ਜੀ ਦਾ ਜਨਮ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਰਾਗੀ ਭਾਈ ਅਮਨਦੀਪ ਸਿੰਘ ਦੇ ਕੀਰਤਨੀਏ ਜਥੇ ਵੱਲੋਂ ਸੰਗਤਾਂ ਨੂੰ ਬਾਬਾ ਜੀਵਨ ਸਿੰਘ ਜੀ ਦੇ ਜੀਵਨ ਬਾਰੇ ਚਾਨਣਾ ਪਾਇਆ। ਇਸ ਮੌਕੇ ਭਾਜਪਾ ਆਗੂ ਅਜੀਤ ਸਿੰਘ ਅਖਾੜਾ ਨੇ ਕਿਹਾ ਸਾਨੂੰ ਆਪਣੇ ਗੁਰੂਆਂ ਦੇ ਦਿਹਾੜੇ ਉਤਸ਼ਾਹ ਨਾਲ ਮਨਾਉਣੇ ਚਾਹੀਦੇ ਹਨ ਤੇ ਨਾਲ ਹੀ ਉਨ੍ਹਾਂ ਦੇ ਦਰਸਾਏ ਮਾਰਗ 'ਤੇ ਚੱਲ ਕੇ ਆਪਣਾ ਜੀਵਨ ਬਤੀਤ ਕਰਨਾ ਚਾਹੀਦਾ ਹੈ। ਇਸ ਮੌਕੇ ਗੁਰਦੁਆਰਾ ਦੇ ਨਿਸ਼ਾਨ ਸਾਹਿਬ ਤੇ ਚੋਲਾ ਸਾਹਿਬ ਦੀ ਸੇਵਾ ਵੀ ਕੀਤੀ, ਉਪਰੰਤ ਚਾਹ ਦੇ ਲੰਗਰ ਵਰਤਾਏ ਗਏ। ਇਸ ਸਮੇਂ ਪ੍ਰਧਾਨ ਨਛੱਤਰ ਸਿੰਘ, ਡਾ. ਭੋਲਾ ਸਿੰਘ, ਭਾਜਪਾ ਆਗੂ ਅਜੀਤ ਸਿੰਘ ਅਖਾੜਾ, ਠੇਕੇਦਾਰ ਬਲਵਿੰਦਰ ਸਿੰਘ, ਸੰਤੋਖ ਸਿੰਘ, ਬੇਅੰਤ ਸਿੰਘ, ਸ਼ੇਰਾ ਸਿੰਘ, ਜੱਗਾ ਸਿੰਘ, ਜਸ਼ਨ ਸਿੰਘ, ਰਵੀ ਸਿੰਘ, ਲਵਪ੍ਰੀਤ ਸਿੰਘ, ਗਿੱਲ ਅਖਾੜੇ ਵਾਲਾ, ਹਰਕੇਸ਼ ਸਿੰਘ, ਮਨਜੀਤ ਕੌਰ, ਜਿੰਦਰ ਸਿੰਘ ਠੇਕੇਦਾਰ ਤੇ ਬਲਦੇਵ ਸਿੰਘ ਆਦਿ ਸਮੇਤ ਸੰਗਤਾਂ ਹਾਜ਼ਰ ਸਨ।

## 2027 ਦੀਆਂ ਚੋਣਾਂ 'ਚ ਲੋਕ ਅਕਾਲੀ ਦਲ ਦੇ ਹੱਕ 'ਚ ਦੇਣਗੇ ਫਤਵਾ : ਸੀਰੂ



**ਬਾਘਾ ਪੁਰਾਣਾ, 5 ਸਤੰਬਰ (ਮਨੀ ਸਿੰਗਲਾ) :** ਸ਼੍ਰੋਮਣੀ ਅਕਾਲੀ ਦਲ ਦੇ ਯੂਥ ਆਗੂ ਜਗਸੀਰ ਸਿੰਘ ਸਿੱਧੂ ਸੀਰੂ ਨੇ ਕਿਹਾ ਕਿ ਸੂਬੇ ਅੰਦਰ ਸ਼੍ਰੋਮਣੀ ਅਕਾਲੀ ਦਲ ਦਿਨੋਂ-ਦਿਨ ਮਜ਼ਬੂਤ ਹੋ ਰਿਹਾ ਹੈ ਤੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਵਰਕਰਾਂ ਵਿੱਚ ਨਵਾਂ ਜੋਸ਼ ਪੈਦਾ ਹੋਇਆ ਹੈ।ਉਨ੍ਹਾਂ ਕਿਹਾ ਕਿ ਪਾਰਟੀ ਪ੍ਰਧਾਨ ਵੱਲੋਂ ਸੂਬੇ ਦੇ ਵੱਖ-ਵੱਖ ਹਿੱਸਿਆਂ ਵਿੱਚ ਕੀਤੀਆਂ ਜਾ ਰਹੀਆਂ ਰੈਲੀਆਂ ਤੇ ਇਨ੍ਹਾਂ ਵਿੱਚ ਹੋ ਰਹੇ ਵੱਡੇ ਇਕੱਠ ਇਸ ਗੱਲ ਦਾ ਸਬੂਤ ਹਨ ਕਿ ਲੋਕ ਅਕਾਲੀ ਦਲ ਨਾਲ ਮੁੜ ਜੁੜ ਰਹੇ ਹਨ।ਜਗਸੀਰ ਸਿੰਘ ਸੀਰੂ ਨੇ ਕਿਹਾ ਕਿ ਪੰਜਾਬ ਦੇ ਲੋਕ ਇਸ ਵਾਰ ਸੁਖਬੀਰ ਸਿੰਘ ਬਾਦਲ ਨੂੰ ਸੂਬੇ ਦਾ ਮੁੱਖ ਮੰਤਰੀ ਦੇਖਣਾ ਚਾਹੁੰਦੇ ਹਨ।ਉਨ੍ਹਾਂ ਕਿਹਾ ਕਿ ਅਕਾਲੀ ਦਲ ਦੀ ਮਜ਼ਬੂਤੀ ਲਈ ਪਾਰਟੀ ਦੇ ਯੂਥ ਵਰਕਰਾਂ ਵੱਲੋਂ ਵੀ ਪਿੰਡਾਂ ਤੇ ਸ਼ਹਿਰਾਂ ਵਿੱਚ ਲਗਾਤਾਰ ਲੋਕਾਂ ਨਾਲ ਸੰਪਰਕ ਕੀਤਾ ਜਾ ਰਿਹਾ ਹੈ।ਹਲਕਾ ਬਾਘਾ ਪੁਰਾਣਾ ਦੀ ਗੱਲ ਕਰਦਿਆਂ ਸੀਰੂ ਨੇ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਹਲਕੇ ਦੇ ਲੋਕ ਬੇਦਾਗ਼, ਇਮਾਨਦਾਰ ਤੇ ਲੋਕਾਂ ਦੇ ਹੱਕਾਂ ਲਈ ਆਵਾਜ਼ ਬੁਲੰਦ ਕਰਨ ਵਾਲੇ ਹਲਕਾ ਇੰਚਾਰਜ ਜਥੇਦਾਰ ਤੀਰਥ ਸਿੰਘ ਮਾਹਲਾ ਦੇ ਹੱਕ ਵਿੱਚ ਫ਼ਤਵਾ ਦੇਣਗੇ।ਉਨ੍ਹਾਂ ਕਿਹਾ ਕਿ ਜਥੇਦਾਰ ਮਾਹਲਾ ਵੱਲੋਂ ਲੰਮੇ ਸਮੇਂ ਤੋਂ ਹਲਕੇ ਦੇ ਲੋਕਾਂ ਨਾਲ ਸੰਪਰਕ ਬਣਾਈ ਰੱਖਦਿਆਂ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਉਠਾਇਆ ਜਾ ਰਿਹਾ ਹੈ।ਉਨ੍ਹਾਂ ਅਕਾਲੀ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਤੇ 2027 ਦੀਆਂ ਚੋਣਾਂ ਲਈ ਹੁਣ ਤੋਂ ਹੀ ਪੂਰੀ ਤਨਦੇਹੀ ਨਾਲ ਤਿਆਰੀਆਂ ਵਿੱਚ ਜੁੱਟ ਜਾਣ।

## ਪੀ ਜੀ ਆਈ ਵੱਲੋਂ ਵੱਲੋਂ ਅੱਖਾਂ ਦਾਨ ਸੰਬੰਧੀ ਜਾਗਰੂਕਤਾ ਵਾਕ

**ਸਮਰਾਲਾ (ਸੁਰਜੀਤ ਸਿੰਘ)**-ਪੀਜੀਆਈ ਚੰਡੀਗੜ੍ਹ ਵੱਲੋਂ 41ਵੇਂ ਰਾਸ਼ਟਰੀ ਅੱਖਾਂ ਦਾਨ ਪੰਦਰਵਾੜਾ ਦੇ ਹਿੱਸੇ ਵਜੋਂ ਚੰਡੀਗੜ੍ਹ ਦੇ ਰਾਕ ਗਾਰਡਨ ਤੋਂ ਸੁਖਨਾ ਝੀਲ ਤੱਕ ਅੱਖਾਂ ਦਾਨ ਜਾਗਰੂਕਤਾ ਵਾਕ ਦਾ ਆਯੋਜਨ ਕੀਤਾ ਗਿਆ।ਇਸ ਦਾ ਉਦੇਸ਼ ਅੱਖਾਂ ਦਾਨ ਤੇ ਕੋਰਨੀਆ ਟ੍ਰਾਂਸਪਲਾਂਟੇਸ਼ਨ ਦੀ ਮਹੱਤਤਾ ਬਾਰੇ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨਾ ਸੀ।ਇਸ ਮੌਕੇ ਡਾ. ਜਗਤ ਰਾਮ ਸਾਬਕਾ ਡਾਇਰੈਕਟਰ ਪੀ.ਜੀ.ਆਈ.ਐੱਮ.ਈ.ਆਰ. ਤੇ ਪਦਮਸ਼੍ਰੀ ਐਵਾਰਡੀ ਪ੍ਰੋ. ਅਰੁਣ ਗਰੋਵਰ ਸਾਬਕਾ ਵਾਈਸ ਚਾਂਸਲਰ ਪੰਜਾਬ ਯੂਨੀਵਰਸਿਟੀ ਅਤੇ ਡਾ. ਐੱਮ. ਆਰ. ਡੋਗਰਾ ਸਾਬਕਾ ਪ੍ਰੋਫੈਸਰ ਐਡਵਾਂਸਡ ਆਈ ਸੈਂਟਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਪ੍ਰੋ. ਊਸ਼ਾ ਸਿੰਘ ਮੁਖੀ ਨੇਤਰ ਵਿਗਿਆਨ ਵਿਭਾਗ, ਡਾ. ਵੈਸ਼ਾਲੀ ਗੁਪਤਾ ਤੇ ਡਾ. ਅਮਿਤ ਗੁਪਤਾ ਸਮੇਤ ਕੋਰਨੀਆ ਫੈਕਲਟੀ ਆਈ ਬੈਂਕ ਸਟਾਫ, ਓਪਟੋਮੈਟਰੀ ਸਟਾਫ ਤੇ ਨਰਸਿੰਗ ਵਿਦਿਆਰਥੀਆਂ ਨੇ ਜਾਗਰੂਕਤਾ ਵਾਕ ਵਿੱਚ ਸਰਗਰਮੀ ਨਾਲ ਹਿੱਸਾ ਲਿਆ।ਭਾਗੀਦਾਰਾਂ ਨੇ ਸੰਦੇਸ਼ ਦਿੱਤਾ ਕਿ ਮੌਤ ਤੋਂ ਬਾਅਦ ਅੱਖਾਂ ਦਾਨ ਕਰਨ ਦਾ ਸਧਾਰਨ ਸੰਕਲਪ ਕੋਰਨੀਆ ਕਾਰਨ ਅੰਨ੍ਹੇਪਣ ਤੋਂ ਪੀੜਤ ਲੋਕਾਂ ਦੀ ਨਜ਼ਰ ਬਹਾਲ ਕਰਨ ਤੇ ਉਨ੍ਹਾਂ ਦੀ ਜ਼ਿੰਦਗੀ ਬਦਲਣ ਵਿੱਚ ਮਦਦ ਕਰ ਸਕਦਾ ਹੈ।ਜਾਗਰੂਕਤਾ ਪ੍ਰੋਗਰਾਮ ਦੇ ਹਿੱਸੇ ਵਜੋਂ ਓਪਟੋਮੈਟਰੀ ਦੇ ਵਿਦਿਆਰਥੀਆਂ ਵੱਲੋਂ ਨੁੱਕੜ ਨਾਟਕ ਵੀ ਪੇਸ਼ ਕੀਤਾ ਗਿਆ। ਪ੍ਰਬੰਧਕਾਂ ਨੇ ਜ਼ੋਰ ਦਿੱਤਾ ਕਿ ਵਧੇਰੇ ਜਾਗਰੂਕਤਾ ਤੇ ਸਵੈ-ਇੱਛਤ ਅੱਖਾਂ ਦਾਨ ਮਰੀਜ਼ਾਂ ਨੂੰ ਮੁੜ ਨਜ਼ਰ ਦੀ ਦਾਤ ਦੇਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਅ ਸਕਦਾ ਹੈ।



## ਗੁੱਗਾ ਨੌਮੀ ਦਾ ਦਿਹਾੜਾ ਧੂਮਧਾਮ ਨਾਲ ਮਨਾਇਆ



**ਹਠੂਰ (ਨਛੱਤਰ ਸੰਧੂ)** ਗੁੱਗਾ ਮਾੜੀ ਸੇਵਾ ਸੰਮਤੀ ਦੀ ਪ੍ਰਬੰਧਕ ਕਮੇਟੀ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਗੁੱਗਾ ਨੌਮੀ ਦਾ ਦਿਹਾੜਾ ਧੂਮਧਾਮ ਨਾਲ ਮਨਾਇਆ ਗਿਆ।ਇਸ ਮੌਕੇ ਪ੍ਰਬੰਧਕਾਂ ਵੱਲੋਂ ਗੁੱਗਾ ਮਾੜੀ ਦੇ ਪਵਿੱਤਰ ਅਸਥਾਨ ਨੂੰ ਫੁੱਲਾਂ ਤੇ ਹੋਰ ਵਸਤੂਆਂ ਨਾਲ ਸਜਾਇਆ ਗਿਆ ਅਤੇ ਸ਼ਰਧਾਲੂਆਂ ਵੱਲੋਂ ਸ਼ਰਧਾ ਨਾਲ ਮਿੱਟੀ ਕੱਢ ਕੇ ਚੌਂਕੀ ਭਰੀ ਗਈ। ਪ੍ਰਧਾਨ ਨਰਿੰਦਰ ਕੁਮਾਰ ਡਾਬਰ ਨੇ ਦੱਸਿਆ ਕਿ ਇਸ ਦਿਹਾੜੇ ਤੇ ਸ਼ਰਧਾਲੂ ਦੂਰੋਂ ਦੂਰੋਂ-ਦੂਰੋਂ ਪਹੁੰਚ ਕੇ ਹਾਜ਼ਰੀ ਭਰਦੇ ਹਨ, ਜਿਸ ਨਾਲ ਉਨ੍ਹਾਂ ਦੀਆਂ ਮਨੋਕਾਮਨਾਵਾਂ ਪੂਰੀਆਂ ਹੁੰਦੀਆਂ ਹਨ।

## ਪਰਮਜੀਤ ਭਿੰਦੀ ਭਾਜਪਾ ਦੇ ਜ਼ਿਲ੍ਹਾ ਜਨਰਲ ਸਕੱਤਰ ਨਿਯੁਕਤ

**ਧੂਰੀ (ਮਹਿੰਦਰ ਸਿੰਘ ਸੱਗੂ)** ਭਾਰਤੀ ਜਨਤਾ ਪਾਰਟੀ ਵੱਲੋਂ ਨੌਜਵਾਨ ਆਗੂ ਪਰਮਜੀਤ ਸਿੰਘ ਭਿੰਦੀ ਨੂੰ ਜ਼ਿਲ੍ਹਾ ਸੰਗਰੂਰ-1 ਦਾ ਜਨਰਲ ਸਕੱਤਰ ਨਿਯੁਕਤ ਕੀਤੇ ਜਾਣ 'ਤੇ ਹਲਕੇ ਦੇ ਭਾਜਪਾ ਆਗੂਆਂ ਤੇ ਵਰਕਰਾਂ ਵੱਲੋਂ ਖ਼ੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ ਹੈ। ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਸਰਜੀਵਨ ਜਿੰਦਲ ਵੱਲੋਂ ਪਾਰਟੀ ਹਾਈਕਮਾਨ ਨਾਲ ਸਲਾਹ-ਮਸ਼ਵਰੇ ਉਪਰੰਤ ਜਾਰੀ ਕੀਤੀ ਗਈ 21 ਮੈਂਬਰੀ ਜ਼ਿਲ੍ਹਾ ਕਾਰਜਕਾਰਨੀ ਦੀ ਸੂਚੀ ਵਿੱਚ ਪਰਮਜੀਤ ਸਿੰਘ ਭਿੰਦੀ ਨੂੰ ਜ਼ਿਲ੍ਹਾ ਜਨਰਲ ਸਕੱਤਰ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ। ਨਵ-ਨਿਯੁਕਤ ਜ਼ਿਲ੍ਹਾ ਜਨਰਲ ਸਕੱਤਰ ਪਰਮਜੀਤ ਸਿੰਘ ਭਿੰਦੀ ਨੇ ਆਪਣੀ ਨਿਯੁਕਤੀ ਲਈ ਜ਼ਿਲ੍ਹਾ ਪ੍ਰਧਾਨ ਸਰਜੀਵਨ ਜਿੰਦਲ ਸਮੇਤ ਪਾਰਟੀ ਦੀ ਸਮੁੱਚੀ ਹਾਈਕਮਾਨ ਦਾ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਪਾਰਟੀ ਵੱਲੋਂ ਸੌਂਪੀ ਗਈ ਜ਼ਿੰਮੇਵਾਰੀ ਨੂੰ ਉਹ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ।ਉਨ੍ਹਾਂ ਕਿਹਾ ਕਿ ਆਗਾਮੀ ਚੋਣਾਂ ਦੇ ਮੱਦੇਨਜ਼ਰ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ ਅਤੇ ਪਾਰਟੀ ਦੀ ਸਫ਼ਲਤਾ ਲਈ ਸਰਗਰਮ ਭੂਮਿਕਾ ਨਿਭਾਉਣ ਨੂੰ ਉਹ ਪਹਿਲ ਦੇਣਗੇ।



## ਬਲਜਿੰਦਰ ਢਿੱਲੋਂ ਨੇ 'ਲੋਕ ਮਿਲਣੀ' ਪ੍ਰੋਗਰਾਮ ਦੀ ਕੀਤੀ ਸ਼ੁਰੂਆਤ

**ਸਨੌਰ (ਰਾਜਿੰਦਰ ਸਿੰਘ ਥਿੰਦ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਤੇ ਲੋਕ ਸਭਾ ਪਟਿਆਲਾ ਦੇ ਇੰਚਾਰਜ ਤੇ ਪੰਜਾਬ ਐਗਰੋ ਦੇ ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ ਦੀ ਅਗਵਾਈ ਹੇਠ ਸਨੌਰ ਹਲਕੇ 'ਚ ਲੋਕ ਮਿਲਣੀ ਪ੍ਰੋਗਰਾਮ ਸ਼ੁਰੂ ਕੀਤਾ ਗਿਆ ਹੈ। ਪ੍ਰੋਗਰਾਮ ਤਹਿਤ ਵੱਖ-ਵੱਖ ਪਿੰਡਾਂ 'ਚ ਕੀਤੀਆਂ ਜਾ ਰਹੀਆਂ ਮੀਟਿੰਗਾਂ ਦੌਰਾਨ ਸਰਕਾਰ ਦੀਆਂ ਪ੍ਰਾਪਤੀਆਂ ਤੇ ਪਾਰਟੀ ਦੀਆਂ ਨੀਤੀਆਂ ਤੋਂ ਜਾਣੂ ਕਰਵਾਇਆ ਜਾ ਰਿਹਾ ਹੈ। ਹਲਕਾ ਸਨੌਰ ਦੇ ਪਿੰਡ ਸਫੇੜਾ, ਮਰਦਾਂਹੇੜੀ, ਦੇਵੀਗੜ੍ਹ ਤੇ ਸਨੌਰ ਲੋਕ ਮਿਲਣੀ ਪ੍ਰੋਗਰਾਮ ਤਹਿਤ ਬਲਜਿੰਦਰ ਸਿੰਘ ਢਿੱਲੋਂ ਨੇ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕਰਦਿਆਂ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਤੇ ਪਹਿਲ ਦੇ ਅਧਾਰ 'ਤੇ ਹੱਲ ਕਰਾਉਣ ਦਾ ਭਰੋਸਾ ਦਿਵਾਇਆ।



## ਡੀ ਏ ਵੀ ਕਕਰਾਲਾ 'ਚ ਸ਼ਰਧਾ ਤੇ ਸਨਮਾਨ ਨਾਲ ਮਨਾਇਆ ਅਧਿਆਪਕ ਦਿਵਸ

**ਸਮਾਣਾ (ਇਕਬਾਲ ਸਿੰਘ ਬੱਲ) :** ਡੀ.ਏ.ਵੀ. ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਕਕਰਾਲਾ ਵਿੱਚ ਅਧਿਆਪਕ ਦਿਵਸ ਦਾ ਆਯੋਜਨ ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਸ਼ਿਖਾ ਸ਼ਰਮਾ ਦੇ ਮਾਰਗਦਰਸ਼ਨ ਹੇਠ ਸ਼ਰਧਾ, ਸਨਮਾਨ ਤੇ ਉਤਸ਼ਾਹ ਨਾਲ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਹਵਨ ਯੱਗ ਨਾਲ ਹੋਈ, ਜਿਸ ਵਿੱਚ ਸਕੂਲ ਪਰਿਵਾਰ ਨੇ ਆਹੂਤੀਆਂ ਪਾ ਕੇ ਸਾਰਿਆਂ ਦੀ ਖ਼ੁਸ਼ਹਾਲੀ, ਸਮਿੱਧੀ ਤੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ ਇਸ ਤੋਂ ਬਾਅਦ ਦੀਪ ਪ੍ਰਜਵਲਨ ਕਰਕੇ ਪ੍ਰੋਗਰਾਮ ਦਾ ਵਿਧੀਵਤ ਸ਼ੁਭ ਆਰੰਭ ਕੀਤਾ ਗਿਆ ਅਤੇ ਮਹਾਨ ਸਿੱਖਿਆ ਸ਼ਾਸਤਰੀ, ਦਾਰਸ਼ਨਿਕ ਅਤੇ ਭਾਰਤ ਦੇ ਸਾਬਕਾ ਰਾਸ਼ਟਰਪਤੀ ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਨੂੰ ਸ਼ਰਧਾਪੂਰਵਕ ਨਮਨ ਤੇ ਸ਼ਰਧਾਂਜਲੀ ਅਰਪਿਤ ਕੀਤੀ ਗਈ।ਉਨ੍ਹਾਂ ਦੀ ਸਿੱਖਿਆ ਪ੍ਰਤੀ ਸਮਰਪਣ ਭਾਵਨਾ ਅਤੇ ਆਦਰਸ਼ਾਂ ਨੂੰ ਯਾਦ ਕਰਦਿਆਂ ਅਧਿਆਪਕ ਦਿਵਸ ਦੀ ਮਹੱਤਤਾ 'ਤੇ ਚਾਨਣਾ ਪਾਇਆ ਗਿਆ। ਸਕੂਲ ਦੀ ਪ੍ਰਿੰਸੀਪਲ ਸ਼ਿਖਾ ਸ਼ਰਮਾ ਵੱਲੋਂ ਸਕੂਲ ਦੇ ਅਧਿਆਪਕਾਂ ਤੇ ਗੈਰ-ਅਧਿਆਪਨ ਕਰਮਚਾਰੀਆਂ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ ਗਿਆ।ਉਨ੍ਹਾਂ ਸਾਰੇ ਕਰਮਚਾਰੀਆਂ ਦੀ ਮਿਹਨਤ, ਨਿਸ਼ਠਾ ਤੇ ਸਮਰਪਣ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਧਿਆਪਕ ਸਿਰਫ਼ ਵਿਦਿਆਰਥੀਆਂ ਨੂੰ ਸਿੱਖਿਆ ਹੀ ਨਹੀਂ ਦਿੰਦੇ, ਸਗੋਂ ਉਨ੍ਹਾਂ ਦੀ ਸ਼ਖ਼ਸੀਅਤ ਅਤੇ ਚਰਿੱਤਰ ਦਾ ਨਿਰਮਾਣ ਕਰਕੇ ਉਨ੍ਹਾਂ ਨੂੰ ਦੇਸ਼ ਦੇ ਜ਼ਿੰਮੇਵਾਰ ਨਾਗਰਿਕ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।

## ਪੰਜਾਬ ਪੁਲਸ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਦੀ ਮੀਟਿੰਗ

**ਮਲੋਟ, (ਰਜਿੰਦਰ ਜੁਨੇਜਾ)** ਪੰਜਾਬ ਪੁਲਸ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਦੀ ਮੀਟਿੰਗ ਐਸੋਸੀਏਸ਼ਨ ਦੇ ਪ੍ਰਧਾਨ ਦਰਸ਼ਨ ਸਿੰਘ ਸੰਧੂ (ਸੇਵਾਮੁਕਤ ਇੰਸਪੈਕਟਰ) ਦੀ ਪ੍ਰਧਾਨਗੀ ਹੇਠ ਮਲੋਟ ਦਫ਼ਤਰ ਵਿਖੇ ਹੋਈ।ਮੀਟਿੰਗ ਵਿੱਚ ਸੇਵਾਮੁਕਤ ਡੀ.ਐੱਸ.ਪੀ. ਤਰਲੋਕ ਸਿੰਘ, ਵੀਰ ਚੰਦ, ਸੇਵਾ ਮੁਕਤ ਇੰਸਪੈਕਟਰ ਜਸਬੀਰ ਸਿੰਘ ਸੰਧੂ, ਬਲਦੇਵ ਸਿੰਘ, ਜੰਟਾ ਸਿੰਘ, ਜੀਤ ਸਿੰਘ, ਸੁਖਦੇਵ ਸਿੰਘ ਭੁੱਲਰ, ਗੁਰਮੀਤ ਸਿੰਘ, ਗੁਰਨਾਮ ਸਿੰਘ, ਤਰਸੇਮ ਸਿੰਘ ਸਰਾਂ, ਕਾਕਾ ਸਿੰਘ ਅਤੇ ਦਰਸ਼ਨ ਸਿੰਘ ਚੰਨੂੰ ਸਮੇਤ ਹੋਰ ਪੈਨਸ਼ਨਰ ਆਗੂ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਮੀਟਿੰਗ ਦੌਰਾਨ ਹਾਈਕੋਰਟ ਦੇ ਫ਼ੈਸਲੇ ਵਿਰੁੱਧ ਪੰਜਾਬ ਸਰਕਾਰ ਵੱਲੋਂ ਸੁਪਰੀਮ ਕੋਰਟ ਵਿੱਚ ਪਾਈ ਗਈ ਪਟੀਸ਼ਨ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ।ਪ੍ਰਧਾਨ ਨੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਸਰਕਾਰ ਦੇ ਇਸ ਅੜੀਅਲ ਵਤੀਰੇ ਦਾ ਮੂੰਹ-ਤੋੜਵਾਂ ਜਵਾਬ ਦੇਣ ਦੀ ਅਪੀਲ ਕੀਤੀ।ਉਨ੍ਹਾਂ ਭਰੋਸਾ ਦਿਵਾਇਆ ਕਿ ਐਸੋਸੀਏਸ਼ਨ ਸਰਕਾਰੀ ਮੁਲਾਜ਼ਮਾਂ ਦੇ ਹੱਕਾਂ ਲਈ ਸੰਘਰਸ਼ ਕਰ ਰਹੇ ਆਗੂਆਂ ਦਾ ਤਨ, ਮਨ ਤੇ ਧਨ ਨਾਲ ਪੂਰਾ ਸਮਰਥਨ ਕਰੇਗੀ। ਐਸੋਸੀਏਸ਼ਨ ਦੀਆਂ ਮੁੱਖ ਮੰਗਾਂ 'ਚ ਛੇਵੇਂ ਪੇਅ ਕਮਿਸ਼ਨ ਦੀਆਂ ਸਿਫਾਰਸ਼ਾਂ ਨੂੰ ਇੰਨ-ਬਿੰਨ ਲਾਗੂ ਕੀਤਾ ਜਾਵੇ, ਪੰਜਾਬ ਤੇ ਹਰਿਆਣਾ ਹਾਈਕੋਰਟ ਵੱਲੋਂ ਡੀ.ਏ. ਦੀਆਂ ਬਕਾਇਆ ਕਿਸ਼ਤਾਂ ਜਾਰੀ ਕਰਨ ਬਾਰੇ ਦਿੱਤੇ ਹੁਕਮਾਂ 'ਤੇ ਤੁਰੰਤ ਅਮਲ ਹੋਵੇ, ਸੇਵਾਮੁਕਤ ਪੁਲਸ ਕਰਮਚਾਰੀਆਂ ਨੂੰ ਵੀ ਸਰਕਾਰੀ ਬੱਸਾਂ ਵਿੱਚ ਮੁਫ਼ਤ ਸਫ਼ਰ ਦੀ ਸਹੂਲਤ ਦਿੱਤੀ ਜਾਵੇ ਤੇ ਹੋਰ ਨਾ ਦੇਣ ਵਿੱਚ ਸਾਬਕਾ ਪੁਲਸ ਕਰਮਚਾਰੀਆਂ ਦੇ ਲਾਇਸੰਸੀ ਅਸਲੇ ਮਾਮਲੇ ਦਾ ਕਰਾਉਣ ਦੀ ਵਿਸ਼ੇਸ਼ ਛੋਟ ਦਿੱਤੀ ਜਾਵੇ, ਸ਼ਾਮਲ ਹਨ।

## ਰੇਲਿੰਗ ਹਰ ਹਾਲਤ 'ਚ ਲੱਗੇਗੀ-ਈ ਟੀ ਓ

### ਲਾਪ੍ਰਵਾਹੀ ਕਰਨ ਵਾਲੇ ਅਧਿਕਾਰੀਆਂ ਖ਼ਿਲਾਫ਼ ਵੀ ਹੋਵੇਗੀ ਕਾਰਵਾਈ



**ਜਗਰਾਉਂ (ਅਮਿਤ ਖੰਨਾ) :** ਝਾਂਸੀ ਰਾਣੀ ਚੌਕ ਨੇੜੇ ਸਥਿਤ ਰੇਲਵੇ ਪੁਲ ਦੀ ਸੁਰੱਖਿਆ ਰੇਲਿੰਗ ਦਾ ਮਾਮਲਾ ਹੁਣ ਗਰਮਾਉਂਦਾ ਜਾ ਰਿਹਾ ਹੈ।ਕਰੀਬ ਚਾਰ ਮਹੀਨੇ ਪਹਿਲਾਂ ਟੁੱਟ ਗਈ ਰੇਲਿੰਗ ਨੂੰ ਮੁੜ ਨਾ ਲਗਾਏ ਜਾਣ ਕਾਰਨ ਲੋਕਾਂ ਦੀ ਜਾਨ ਨੂੰ ਖ਼ਤਰਾ ਬਣਿਆ ਹੋਇਆ ਹੈ ਤੇ ਜਨਤਾ ਵਿੱਚ ਪ੍ਰਸ਼ਾਸਨ ਪ੍ਰਤੀ ਰੋਸ ਲਗਾਤਾਰ ਵਧਦਾ ਜਾ ਰਿਹਾ ਹੈ।ਹੈਰਾਨੀ ਦੀ ਗੱਲ ਇਹ ਹੈ ਕਿ ਰੇਲਿੰਗ ਲਗਾਉਣ ਲਈ ਲੋੜੀਂਦਾ ਸਾਮਾਨ ਵੀ ਮੌਜੂਦ ਹੈ ਪਰ ਇਸ ਦੇ ਬਾਵਜੂਦ ਕੰਮ ਲੰਬੇ ਸਮੇਂ ਤੋਂ ਲਟਕਿਆ ਰਿਹਾ।ਹੁਣ ਸਭ ਤੋਂ ਵੱਡਾ ਸਵਾਲ ਇਹ ਉੱਠ ਰਿਹਾ ਹੈ ਕਿ ਜਦੋਂ ਸਾਮਾਨ ਮੌਜੂਦ ਹੈ ਤੇ ਲੋਕਾਂ ਦੀ ਸੁਰੱਖਿਆ ਦਾ ਮਾਮਲਾ ਇੰਨਾ ਗੰਭੀਰ ਹੈ ਤਾਂ ਫਿਰ ਰੇਲਿੰਗ ਲਗਾਉਣ ਦੇ ਕੰਮ ਨੂੰ ਰੋਕਣ ਜਾਂ ਲਟਕਾਉਣ ਲਈ ਜ਼ਿੰਮੇਵਾਰ ਕੌਣ ਹੈ ? ਪ੍ਰਸ਼ਾਸਨ ਨੂੰ ਇਸ ਸਬੰਧੀ ਜਨਤਾ ਸਾਹਮਣੇ ਸਪੱਸ਼ਟ ਜਵਾਬ ਦੇਣਾ ਚਾਹੀਦਾ ਹੈ।ਅੱਜ ਪੀ.ਡਬਲਯੂ.ਡੀ. ਦੇ ਅਧਿਕਾਰੀ ਰੇਲਿੰਗ ਲਗਾਉਣ ਲਈ ਮੌਕੇ 'ਤੇ ਪਹੁੰਚੇ ਤਾਂ ਮਾਮਲੇ ਨੇ ਨਵਾਂ ਮੋੜ ਲੈ ਲਿਆ।ਦੋ ਦੁਕਾਨਦਾਰਾਂ ਵੱਲੋਂ ਆਪਣੇ ਨਿੱਜੀ ਹਿੱਤਾਂ ਕਾਰਨ ਬਾਹਰੋਂ ਕੁਝ ਲੋਕਾਂ ਨੂੰ ਬੁਲਾ ਕੇ ਧਰਨਾ ਲਗਵਾਉਣ ਦਾ ਦੋਸ਼ ਲੱਗਿਆ, ਜਿਸ ਕਾਰਨ ਰੇਲਿੰਗ ਲਗਾਉਣ ਦਾ ਕੰਮ ਰੁਕ ਗਿਆ।ਇੱਕ ਪਾਸੇ ਲੋਕ ਪੁਲ 'ਤੇ ਸੁਰੱਖਿਆ ਰੇਲਿੰਗ ਦੀ ਮੰਗ ਕਰ ਰਹੇ ਹਨ, ਦੂਜੇ ਪਾਸੇ ਕੰਮ ਸ਼ੁਰੂ ਹੁੰਦੇ ਹੀ, ਉਸ ਨੂੰ ਰੋਕ ਦਿੱਤਾ ਗਿਆ, ਜਿਸ ਕਾਰਨ ਮਾਮਲਾ ਹੋਰ ਵਿਵਾਦਾਂ ਵਿੱਚ ਘਿਰ ਗਿਆ।ਹੁਣ ਇਸ ਗੰਭੀਰ ਮਾਮਲੇ ਸਬੰਧੀ ਜਦੋਂ ਪੰਜਾਬ ਦੇ ਪੀ.ਡਬਲਯੂ.ਡੀ. ਮੰਤਰੀ ਹਰਭਜਨ ਸਿੰਘ ਈ.ਟੀ.ਓ. ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਸਖ਼ਤ ਰੁਖ਼ ਅਖ਼ਤਿਆਰ ਕਰਦਿਆਂ ਕਿਹਾ ਕਿ ਇਹ ਮਾਮਲਾ ਉਨ੍ਹਾਂ ਦੇ ਧਿਆਨ ਵਿੱਚ ਆ ਚੁੱਕਾ ਹੈ ਤੇ ਝਾਂਸੀ ਰਾਣੀ ਚੌਕ ਨੇੜੇ ਰੇਲਵੇ ਪੁਲ ਦੀ ਸੁਰੱਖਿਆ ਰੇਲਿੰਗ ਹਰ ਹਾਲਤ ਵਿੱਚ ਲਗਾਈ ਜਾਵੇਗੀ।ਮੰਤਰੀ ਨੇ ਕਿਹਾ ਕਿ ਉਹ ਜਲਦ ਹੀ ਪੀ.ਡਬਲਯੂ.ਡੀ. ਦੇ ਸਬੰਧਤ ਅਧਿਕਾਰੀਆਂ ਨਾਲ ਗੱਲ ਕਰਕੇ ਇਸ ਕੰਮ ਨੂੰ ਮੁਕੰਮਲ ਕਰਵਾਉਣਗੇ।ਉਨ੍ਹਾਂ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਜੇਕਰ ਕੋਈ ਅਧਿਕਾਰੀ ਇਸ ਕੰਮ ਵਿੱਚ ਅਣਗਹਿਲੀ ਕਰਦਾ ਹੈ ਜਾਂ ਜਾਣਬੁੱਝ ਕੇ ਦੇਰੀ ਕਰਦਾ ਹੈ ਤਾਂ ਉਸ ਖ਼ਿਲਾਫ਼ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।ਹੁਣ ਮੰਤਰੀ ਦੇ ਇਸ ਸਖ਼ਤ ਬਿਆਨ ਤੋਂ ਬਾਅਦ ਸਭ ਦੀਆਂ ਨਜ਼ਰਾਂ ਪ੍ਰਸ਼ਾਸਨ ਤੇ ਪੀ.ਡਬਲਯੂ.ਡੀ. ਵਿਭਾਗ 'ਤੇ ਟਿਕ ਗਈਆਂ ਹਨ ਕਿ ਆਖ਼ਰ ਚਾਰ ਮਹੀਨਿਆਂ ਤੋਂ ਲਟਕ ਰਿਹਾ ਇਹ ਸੁਰੱਖਿਆ ਦਾ ਮਾਮਲਾ ਕਦੋਂ ਹੱਲ ਹੋਵੇਗਾ।

## ਬੀ ਕੇ ਯੂ ਆਜ਼ਾਦ ਨੇ ਮੰਗਾਂ ਨੂੰ ਲੈ ਕੇ ਬਿਲਾਸਪੁਰੀ ਨੂੰ ਮੰਗ ਪੱਤਰ ਦਿੱਤਾ

**ਅਜੀਤਵਾਲ (ਨਛੱਤਰ ਸੰਧੂ)-** ਭਾਰਤੀ ਕਿਸਾਨ ਯੂਨੀਅਨ ਏਕਤਾ ਅਜ਼ਾਦ ਵੱਲੋਂ ਸੂਬਾ ਆਗੂ ਲਖਵੀਰ ਸਿੰਘ ਜੰਗ, ਦੌਧਰ ਤੇ ਖੇਤ ਮਜ਼ਦੂਰ ਯੂਨੀਅਨ, ਨਿਰਮਲ ਸਿੰਘ ਸਰਪੰਚ ਜਗਜੀਤ ਸਿੰਘ ਦੀ ਅਗਵਾਈ ਵਿੱਚ ਸਾਂਝੇ ਤੌਰ 'ਤੇ ਮਨਜੀਤ ਸਿੰਘ ਜੀ ਬਿਲਾਸਪੁਰ ਐਮ ਐਲ ਏ ਨੂੰ ਇੱਕ ਮੰਗ ਪੱਤਰ ਦਿੱਤਾ ਗਿਆ, ਜਿਸ ਵਿੱਚ ਸੰਤ ਬਾਬਾ ਉਜਾਗਰ ਸਿੰਘ ਸੀਨੀਅਰ ਸੈਕੰਡਰੀ ਸਕੂਲ ਲੜਕੀਆਂ ਦਾ ਦੌਧਰ ਨੂੰ ਨੂੰ ਮਾਨਤਾ ਦੇਣ ਲਈ ਇਹ ਸਕੂਲ ਸੰਤ ਬਾਬਾ ਉਜਾਗਰ ਸਿੰਘ ਜੀ ਨੇ ਚਾਰ ਕਿੱਲੇ ਜ਼ਮੀਨ ਦੇ ਕੇ ਪਿੰਡ ਤੇ ਐਨ ਆਰ ਆਈ ਦੇ ਸਹਿਯੋਗ ਛੇਵੀਂ ਤੋਂ ਲੈ ਕੇ ਪਲੱਸ ਟੂ ਤੱਕ ਲੜਕੀਆਂ ਦਾ ਸਕੂਲ ਅੱਡ ਕੀਤਾ ਸੀ ਤਾਂ ਜੁ ਲੜਕੀਆਂ ਨੂੰ ਆਉਣ-ਜਾਣ ਵਿੱਚ ਕੋਈ ਦਿੱਕਤ ਤੇ ਪ੍ਰੇਸ਼ਾਨੀ ਨਾ ਆਵੇ। ਇਹ ਸਕੂਲ ਪਿੰਡ ਦੀ ਨਿਆਂਈ ਵਿੱਚ ਹੈ, ਜਿਹੜਾ ਸੀਨੀਅਰ ਸੈਕੰਡਰੀ ਸਕੂਲ ਪਿੰਡ ਤੋਂ ਤਕਰੀਬਨ ਦੋ-ਢਾਈ ਕਿਲੋਮੀਟਰ ਦੀ 'ਤੇ ਹੈ, ਜਿਸ ਕਾਰਨ ਲੜਕੀਆਂ ਨੂੰ ਆਉਣ-ਜਾਣ ਵਿੱਚ ਬਹੁਤ ਵੱਡੀ ਦਿੱਕਤ ਦਾ ਸਾਹਮਣਾ ਕਰਨਾ ਪੈਂਦਾ ਸੀ। 1999 ਦੇ ਵਿੱਚ ਸਕੂਲ ਚਾਲੂ ਕੀਤਾ ਸੀ ਤਕਰੀਬਨ ਅੱਜ ਤੋਂ 27 ਸਾਲ ਪਹਿਲਾਂ ਪਰ ਸਮੇਂ ਸਮੇਂ ਦੀਆਂ ਸਰਕਾਰਾਂ ਨੇ ਇਸ ਨੂੰ ਮਾਨਤਾ ਨਹੀਂ ਦਿੱਤੀ ਸੀ ਜਿਸ ਕਰਕੇ ਸੀਨੀਅਰ ਸੈਕੰਡਰੀ ਸਕੂਲ ਜਿਹੜਾ ਕਿ ਪਿੰਡ ਤੋਂ ਦੋ ਢਾਈ ਕਿਲੋਮੀਟਰ ਤੇ ਹੈ ਉਹੀ ਸਟਾਫ ਇਸ ਲੜਕੀਆਂ ਦੇ ਸਕੂਲ ਨੂੰ ਚਲਾਉਂਦਾ ਸੀ ਉਹੀ ਤੇ ਉਹੀ ਸਟਾਫ਼ ਲੜਕਿਆਂ ਦੇ ਸਕੂਲ ਨੂੰ ਚਲਾਉਂਦਾ ਸੀ, ਪਰ ਸਮੇਂ ਦੀ ਸਰਕਾਰ ਜਿੱਥੇ ਵੱਡੇ-ਵੱਡੇ ਦਾਅਵੇ ਕਰਦੀ ਹੈ ਕਿ ਵਿੱਦਿਆ ਦੇ ਵਿੱਚ ਕ੍ਰਾਂਤੀ ਲਿਆਂਦੀ ਗਈ, ਉਥੇ ਹੀ ਸਕੂਲ ਦੀਆਂ 29 ਅਸਾਮੀਆਂ ਘੱਟ ਨੇ, ਜਿਸ ਕਰਕੇ ਪੜ੍ਹਾਉਣ ਵਿੱਚ ਬਹੁਤ ਦੋਨੋਂ ਸਕੂਲਾਂ ਵਿੱਚ ਬਹੁਤ ਦਿੱਕਤ ਆਉਂਦੀ ਹੈ, ਜਿਸ ਕਰਕੇ ਐਮ ਐਲ ਏ ਨੇ ਵਿਸ਼ਵਾਸ ਦਿਵਾਇਆ ਕਿ ਜਲਦੀ ਹੀ ਜਿਹੜੀਆਂ 29 ਅਸਾਮੀਆਂ ਘੱਟ ਨੇ, ਸਕੂਲ ਦੀਆਂ ਉਹ ਪੂਰੀਆਂ ਕਰ ਦਿੱਤੀਆਂ ਜਾਣਗੀਆਂ।



## ਤਾਇਕਵਾਂਡੋ ਮੈਦਾਨ 'ਚ ਮਾਤਾ ਗੁਜਰੀ ਸਕੂਲ ਦੇ ਖਿਡਾਰੀਆਂ ਨੇ ਲਹਿਰਾਇਆ ਝੰਡਾ, 5 ਤਮਗੇ ਜਿੱਤੇ



**ਦੇਵੀਗੜ੍ਹ (ਰਾਜਿੰਦਰ ਸਿੰਘ ਥਿੰਦ)** 70ਵੀਂ ਜ਼ਿਲ੍ਹਾ ਪੱਧਰੀ ਤਾਇਕਵਾਂਡੋ ਟੂਰਨਾਮੈਂਟ, ਮਲਟੀ ਸਕੂਲ ਪਟਿਆਲਾ ਵਿਖੇ ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 1 ਸੋਨੇ, 2 ਚਾਂਦੀ ਅਤੇ 2 ਕਾਂਸੀ ਸਮੇਤ ਕੁੱਲ 5 ਤਮਗੇ ਜਿੱਤ ਕੇ ਸਕੂਲ ਤੇ ਆਪਣੇ ਮਾਪਿਆਂ ਦਾ ਨਾਂਅ ਰੌਸ਼ਨ ਕੀਤਾ। ਟੂਰਨਾਮੈਂਟ ਵਿੱਚ ਕਰਨ ਗਿਰ (ਬਾਰ੍ਹਵੀਂ) ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੋਨੇ ਦਾ ਤਮਗਾ ਹਾਸਲ ਕੀਤਾ। ਇਸ ਤੋਂ ਇਲਾਵਾ ਹਰਵਿੰਦਰ ਸਿੰਘ ਅਤੇ ਅਵਨੀਤ ਕੌਰ (ਸੱਤਵੀਂ) ਨੇ ਚਾਂਦੀ ਦੇ ਤਮਗੇ, ਜਦਕਿ ਸ਼ਮਸ਼ੇਰ ਸਿੰਘ ਅਤੇ ਇਸ਼ਮੀਤ ਕੌਰ (ਸੱਤਵੀਂ) ਨੇ ਕਾਂਸੀ ਦੇ ਤਮਗੇ ਜਿੱਤੇ। ਸਕੂਲ ਦੇ ਡਾਇਰੈਕਟਰ ਭੁਪਿੰਦਰ ਸਿੰਘ, ਪ੍ਰਧਾਨ ਸ੍ਰੀਮਤੀ ਰਵਿੰਦਰ ਕੌਰ ਤੇ ਪ੍ਰਿੰਸੀਪਲ ਸ੍ਰੀਮਤੀ ਪੂਨਮ ਧੀਮਾਨ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਵਿੱਚ ਅਨੁਸ਼ਾਸਨ, ਆਤਮ-ਵਿਸ਼ਵਾਸ ਤੇ ਟੀਮ ਭਾਵਨਾ ਪੈਦਾ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਮਿਹਨਤ ਕਰਦੇ ਰਹਿਣ ਲਈ ਪ੍ਰੇਰਿਤ ਕੀਤਾ। ਸਕੂਲ ਦੇ ਤਾਇਕਵਾਂਡੋ ਕੋਚ ਸ੍ਰੀ ਹਰਦੀਪ ਕੁਮਾਰ ਨੇ ਖਿਡਾਰੀਆਂ ਦੀ ਮਿਹਨਤ ਤੇ ਲਗਨ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਪ੍ਰਾਪਤੀ ਵਿਦਿਆਰਥੀਆਂ ਦੀ ਲਗਾਤਾਰ ਮਿਹਨਤ ਅਤੇ ਅਭਿਆਸ ਦਾ ਨਤੀਜਾ ਹੈ।

## ਪਾਇਲਟ ਦੀ ਅਗਵਾਈ ਹੇਠ ਪੰਜਾਬ ਕਾਂਗਰਸ ਹੋਵੇਗੀ ਹੋਰ ਮਜ਼ਬੂਤ : ਨਿਰਮਲ ਭੱਟੀਆਂ

**ਸਨੌਰ, (ਰਾਜਿੰਦਰ ਸਿੰਘ ਥਿੰਦ)** ਰਾਹੁਲ ਗਾਂਧੀ ਦੇ ਪੰਜਾਬ ਦੌਰੇ ਤੋਂ ਪਹਿਲਾਂ ਕਾਂਗਰਸ ਹਾਈਕਮਾਂਡ ਵੱਲੋਂ ਵੱਡਾ ਸੰਗਠਨਾਤਮਕ ਫੈਸਲਾ ਲੈਂਦਿਆਂ ਸਚਿਨ ਪਾਇਲਟ ਨੂੰ ਪੰਜਾਬ ਕਾਂਗਰਸ ਦਾ ਇੰਚਾਰਜ ਨਿਯੁਕਤ ਕੀਤਾ ਗਿਆ ਹੈ।ਸਚਿਨ ਪਾਇਲਟ ਨੂੰ ਪੰਜਾਬ ਕਾਂਗਰਸ ਦੀ ਜ਼ਿੰਮੇਵਾਰੀ ਮਿਲਣ 'ਤੇ ਹਲਕਾ ਸਨੌਰ ਤੋਂ ਸੀਨੀਅਰ ਕਾਂਗਰਸੀ ਆਗੂ ਤੇ ਸਾਚਿਨ ਪਾਇਲਟ ਦੇ ਕਰੀਬੀ ਨਿਰਮਲ ਸਿੰਘ ਭੱਟੀਆ ਨੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਉਨ੍ਹਾਂ ਦਾ ਸਵਾਗਤ ਕੀਤਾ।ਭੱਟੀਆ ਨੇ ਕਿਹਾ ਕਿ ਸਚਿਨ ਪਾਇਲਟ ਇੱਕ ਨੌਜਵਾਨ, ਤਜਰਬੇਕਾਰ ਤੇ ਲੋਕਾਂ ਨਾਲ ਜੁੜੇ ਹੋਏ ਆਗੂ ਹਨ।ਉਨ੍ਹਾਂ ਦੀ ਨਿਯੁਕਤੀ ਨਾਲ ਪੰਜਾਬ ਵਿੱਚ ਕਾਂਗਰਸ ਨੂੰ ਨਵੀਂ ਊਰਜਾ ਤੇ ਮਜ਼ਬੂਤੀ ਮਿਲੇਗੀ।ਉਨ੍ਹਾਂ ਕਿਹਾ ਕਿ ਸਚਿਨ ਪਾਇਲਟ ਦੇ ਪੰਜਾਬ ਇੰਚਾਰਜ ਬਣਨ ਨਾਲ ਕਾਂਗਰਸੀ ਵਰਕਰਾਂ ਵਿੱਚ ਨਵਾਂ ਜੋਸ਼ ਪੈਦਾ ਹੋਵੇਗਾ ਤੇ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ ਵਿੱਚ ਮਦਦ ਮਿਲੇਗੀ। ਉਨ੍ਹਾਂ ਕਾਂਗਰਸ ਹਾਈਕਮਾਂਡ ਵੱਲੋਂ ਲਏ ਇਸ ਫੈਸਲੇ ਦਾ ਸਵਾਗਤ ਕਰਦਿਆਂ ਕਿਹਾ ਕਿ ਪੰਜਾਬ ਦੇ ਕਾਂਗਰਸੀ ਆਗੂ ਅਤੇ ਵਰਕਰ ਸਚਿਨ ਪਾਇਲਟ ਦਾ ਪੂਰੇ ਉਤਸ਼ਾਹ ਨਾਲ ਸਵਾਗਤ ਕਰਨਗੇ। ਨਿਰਮਲ ਸਿੰਘ ਭੱਟੀਆ ਨੇ ਸਚਿਨ ਪਾਇਲਟ ਨੂੰ ਪੰਜਾਬ ਕਾਂਗਰਸ ਦੀ ਨਵੀਂ ਜ਼ਿੰਮੇਵਾਰੀ ਲਈ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਉਨ੍ਹਾਂ ਦੀ ਅਗਵਾਈ ਹੇਠ ਪੰਜਾਬ ਕਾਂਗਰਸ ਨਵੀਂ ਦਿਸ਼ਾ ਵਿੱਚ ਅੱਗੇ ਵਧੇਗੀ ਅਤੇ ਪਾਰਟੀ ਦਾ ਸੰਗਠਨਾਤਮਕ ਢਾਂਚਾ ਹੋਰ ਮਜ਼ਬੂਤ ਹੋਵੇਗਾ।



## ਸਿਹਤਮੰਦ ਸਮਾਜ, ਸਿਹਤਮੰਦ ਭਵਿੱਖ ਤਹਿਤ 23ਵਾਂ ਮੁਫ਼ਤ ਮੈਡੀਕਲ ਚੈੱਕਅੱਪ ਕੈਂਪ

**ਮਾਨਸਾ, (ਆਤਮਾ ਸਿੰਘ ਪਮਾਰ)** ਸਿਹਤਮੰਦ ਸਮਾਜ ਤੇ ਸਿਹਤਮੰਦ ਭਵਿੱਖ ਦੇ ਸੁਪਨੇ ਨੂੰ ਸਾਕਾਰ ਕਰਨ ਦੇ ਉਦੇਸ਼ ਨਾਲ ਡਾ. ਜਨਕ ਰਾਜ ਸਿੰਗਲਾ ਐਮ.ਡੀ. ਮੈਡੀਸਿਨ ਦੀ ਅਗਵਾਈ ਹੇਠ ਉਨ੍ਹਾਂ ਦੀ ਮੈਡੀਕਲ ਟੀਮ ਵੱਲੋਂ ਪਿੰਡ ਕੋਟ



ਲੱਲੂ (ਲੱਲੂਆਣਾ) ਵਿਖੇ ਲੜੀਵਾਰ 23ਵਾਂ ਫਰੀ ਮੈਡੀਕਲ ਚੈੱਕਅਪ ਕੈਂਪ ਲਾਇਆ ਗਿਆ।ਕੈਂਪ 'ਚ ਵੱਡੀ ਗਿਣਤੀ ਪਿੰਡ ਵਾਸੀਆਂ ਨੇ ਚੈੱਕਅਪ ਕਰਾਇਆ ਅਤੇ ਸਿਹਤ ਸਬੰਧੀ ਜ਼ਰੂਰੀ ਜਾਣਕਾਰੀ ਵੀ ਹਾਸਲ ਕੀਤੀ। ਵਿਸ਼ੇਸ਼ ਤੌਰ 'ਤੇ ਅੱਖਾਂ ਦੇ ਮਾਹਿਰ ਡਾ. ਅਨਿਲ ਗਰਗ ਵੀ ਪਹੁੰਚੇ।ਕੈਂਪ ਦੀ ਸ਼ੁਰੂਆਤ ਪਿੰਡ ਦੀ ਪੰਚਾਇਤ ਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅਰਦਾਸ ਕਰਕੇ ਕੀਤੀ ਗਈ।ਇਸ ਉਪਰੰਤ ਟੀਮ ਵੱਲੋਂ ਪਿੰਡ ਵਾਸੀਆਂ ਦਾ ਮੁਫ਼ਤ ਚੈੱਕਅਪ ਕੀਤਾ ਗਿਆ, ਲੋੜ ਅਨੁਸਾਰ ਟੈੱਸਟ ਕੀਤੇ ਗਏ ਤੇ ਜ਼ਰੂਰਤਮੰਦ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਵੀ ਦਿੱਤੀਆਂ ਗਈਆਂ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਡਾ. ਜਨਕ ਰਾਜ ਸਿੰਗਲਾ ਨੇ ਕਿਹਾ ਕਿ ਅੱਜ ਦੇ ਸਮੇਂ 'ਚ ਸਾਡਾ ਮੁੱਖ ਮਕਸਦ ਸਿਰਫ਼ ਬਿਮਾਰ ਹੋਣ ਤੋਂ ਬਾਅਦ ਦਵਾਈਆਂ ਲੈਣਾ ਹੀ ਨਹੀਂ ਹੋਣਾ ਚਾਹੀਦਾ, ਸਗੋਂ ਇਹ ਸਮਝਣਾ ਵੀ ਜ਼ਰੂਰੀ ਹੈ ਕਿ ਅਸੀਂ ਬਿਮਾਰ ਕਿਉਂ ਹੁੰਦੇ ਹਾਂ ਤੇ ਭਿਆਨਕ ਬਿਮਾਰੀਆਂ ਤੋਂ ਬਚਾਅ ਲਈ ਆਪਣੀ ਜੀਵਨ ਸ਼ੈਲੀ 'ਚ ਕਿਹੜੀਆਂ ਤਬਦੀਲੀਆਂ ਕਰਨੀਆਂ ਚਾਹੀਦੀਆਂ ਹਨ।ਇਸ ਲਈ ਪਰਿਵਾਰਾਂ 'ਚ ਪਿਆਰ, ਆਪਸੀ ਸਤਿਕਾਰ, ਸਹਿਯੋਗ ਅਤੇ ਸ਼ਾਂਤੀ ਦਾ ਮਾਹੌਲ ਬਣਾਈ ਰੱਖਣਾ ਵੀ ਚੰਗੀ ਸਿਹਤ ਲਈ ਬਹੁਤ ਜ਼ਰੂਰੀ ਹੈ। ਅੱਖਾਂ ਦੇ ਸਪੈਸ਼ਲਿਸਟ ਡਾ. ਅਨਿਲ ਗਰਗ ਨੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅੱਖਾਂ ਸਾਡੇ ਸਰੀਰ ਦਾ ਬਹੁਤ ਹੀ ਅਹਿਮ ਹਿੱਸਾ ਹਨ, ਪਰ ਅਕਸਰ ਅਸੀਂ ਉਨ੍ਹਾਂ ਦੀ ਸਹੀ ਤਰੀਕੇ ਨਾਲ ਦੇਖਭਾਲ ਨਹੀਂ ਕਰਦੇ।ਅੱਖਾਂ ਸਾਨੂੰ ਇਸ ਸੁੰਦਰ ਦੁਨੀਆ ਨੂੰ ਦੇਖਣ ਦਾ ਮੌਕਾ ਦਿੰਦੀਆਂ ਹਨ, ਇਸ ਲਈ ਅੱਖਾਂ ਦੀ ਸਿਹਤ ਪ੍ਰਤੀ ਜਾਗਰੂਕ ਰਹਿਣਾ ਸਾਡੀ ਜ਼ਿੰਮੇਵਾਰੀ ਹੈ। ਸਰਪੰਚ ਗੁਰਦੀਪ ਸਿੰਘ ਨੇ ਕਿਹਾ ਕਿ ਡਾ. ਜਨਕ ਰਾਜ ਸਿੰਗਲਾ ਕਿਸੇ ਜਾਣ-ਪਛਾਣ ਦੇ ਮੁਥਾਜ ਨਹੀਂ ਹਨ ਤੇ ਉਹ ਹਮੇਸ਼ਾ ਹੀ ਸਮਾਜ ਸੇਵੀ ਕੰਮਾਂ ਵਿੱਚ ਅੱਗੇ ਰਹਿ ਕੇ ਆਪਣੀ ਸੇਵਾ ਨਿਭਾਅ ਰਹੇ ਹਨ।ਉਨ੍ਹਾਂ ਵੱਲੋਂ ਪਿੰਡਾਂ ਵਿੱਚ ਲਗਾਤਾਰ ਮੁਫ਼ਤ ਮੈਡੀਕਲ ਕੈਂਪ ਲਾ ਕੇ ਲੋਕਾਂ ਨੂੰ ਸਿਹਤ ਸਬੰਧੀ ਜਾਗਰੂਕ ਕਰਨਾ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਹੈ।

## ਗੌਰਵ ਸੰਧੂ ਹੋਏ ਵੱਖ-ਵੱਖ ਧਾਰਮਿਕ ਸਥਾਨਾਂ 'ਤੇ ਨਤਮਸਤਕ



**ਸਨੌਰ, (ਰਾਜਿੰਦਰ ਸਿੰਘ ਥਿੰਦ)**-ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਤੇ ਗੁੱਗਾ ਨੌਮੀ ਦੇ ਪਵਿੱਤਰ ਤਿਉਹਾਰਾਂ ਮੌਕੇ ਰਾਜੀਵ ਗਾਂਧੀ ਪੰਚਾਇਤੀ ਰਾਜ ਸੰਗਠਨ ਪੰਜਾਬ ਦੇ ਸੂਬਾ ਉੱਪ ਪ੍ਰਧਾਨ ਤੇ ਹਲਕਾ ਸਨੌਰ ਤੋਂ ਸੀਨੀਅਰ ਕਾਂਗਰਸੀ ਆਗੂ ਗੁਰਵਿੰਦਰ ਸਿੰਘ ਗੌਰਵ ਸੰਧੂ ਵੱਲੋਂ ਸਨੌਰ ਦੇ ਵੱਖ-ਵੱਖ ਧਾਰਮਿਕ ਸਥਾਨਾਂ 'ਤੇ ਨਤਮਸਤਕ ਹੋ ਕੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ।ਇਸ ਮੌਕੇ ਗੌਰਵ ਸੰਧੂ ਨੇ ਧਾਰਮਿਕ ਸਥਾਨਾਂ 'ਤੇ ਮੱਥਾ ਟੇਕਿਆ ਤੇ ਇਲਾਕੇ ਦੀ ਖ਼ੁਸ਼ਹਾਲੀ, ਅਮਨ-ਸ਼ਾਂਤੀ ਤੇ ਭਾਈਚਾਰਕ ਸਾਂਝ ਲਈ ਅਰਦਾਸ ਕੀਤੀ।ਉਨ੍ਹਾਂ ਕਿਹਾ ਕਿ ਸਾਡੇ ਧਾਰਮਿਕ ਤਿਉਹਾਰ ਸਾਨੂੰ ਆਪਸੀ ਪਿਆਰ, ਸਦਭਾਵਨਾ ਤੇ ਭਾਈਚਾਰਕ ਏਕਤਾ ਦਾ ਸੰਦੇਸ਼ ਦਿੰਦੇ ਹਨ।ਇਸ ਦੌਰਾਨ ਵੱਖ-ਵੱਖ ਧਾਰਮਿਕ ਸਥਾਨਾਂ ਦੀਆਂ ਪ੍ਰਬੰਧਕ ਕਮੇਟੀਆਂ ਵੱਲੋਂ ਗੁਰਵਿੰਦਰ ਸਿੰਘ ਗੌਰਵ ਸੰਧੂ ਨੂੰ ਸਨਮਾਨਤ ਵੀ ਕੀਤਾ ਗਿਆ।ਇਸ ਮੌਕੇ ਸਥਾਨਕ ਲੋਕ ਅਤੇ ਕਾਂਗਰਸੀ ਵਰਕਰ ਵੀ ਹਾਜ਼ਰ ਸਨ।

## ਅਧਿਆਪਕ ਦਿਵਸ 'ਤੇ ਜਨਹਿਤ ਸਮਿਤੀ ਨੇ ਲਾਏ 300 ਪੌਦੇ

**ਪਟਿਆਲਾ (ਰਾਜਿੰਦਰ ਥਿੰਦ)** ਅਧਿਆਪਕ ਦਿਵਸ ਦੇ ਮੌਕੇ 'ਤੇ ਸਮਾਜ ਸੇਵਾ ਅਤੇ ਵਾਤਾਵਰਣ ਸੰਭਾਲ ਪ੍ਰਤੀ ਆਪਣੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ ਜਨਹਿਤ ਸਮਿਤੀ (ਰਜਿਸਟਰਡ ਵੱਲੋਂ ਬਾਰਾਦਰੀ ਗਾਰਡਨ ਸਥਿਤ ਚਿਲਡਰਨ ਪਾਰਕ ਵਿੱਚ ਵਿਸ਼ੇਸ਼ ਰੁੱਖ ਲਾਉਣ ਦੀ ਮੁਹਿੰਮ ਚਲਾਈ ਗਈ।ਸਮਿਤੀ ਦੇ ਪ੍ਰਧਾਨ ਸ਼੍ਰੀ ਐਸ. ਕੇ. ਗੌਤਮ ਤੇ ਜਨਰਲ ਸਕੱਤਰ ਸ਼੍ਰੀ ਵਿਨੋਦ ਕੁਮਾਰ ਸ਼ਰਮਾ ਦੀ ਅਗਵਾਈ ਹੇਠ ਕਰਾਈ ਗਈ। ਮੁਹਿੰਮ ਦੌਰਾਨ ਲਗਭਗ 300 ਫ਼ਲਦਾਰ ਅਤੇ ਛਾਂਦਾਰ ਪੌਦੇ ਲਾਏ ਗਏ। ਵ੍ਰਿਕਸ਼ਾਰੋਪਣ ਮੁਹਿੰਮ ਵਿੱਚ ਸਮਿਤੀ ਦੇ ਮੈਂਬਰਾਂ, ਦਾਨਦਾਤਾਵਾਂ ਤੇ ਸਮਾਜ ਸੇਵੀਆਂ ਨੇ ਪੂਰੇ ਉਤਸ਼ਾਹ ਨਾਲ ਭਾਗ ਲਿਆ।ਪੌਦੇ ਲਾਉਣ ਦੇ ਨਾਲ-ਨਾਲ ਪੌਦਿਆਂ ਦੀ ਸੰਭਾਲ ਅਤੇ ਦੇਖਭਾਲ ਦਾ ਸੰਕਲਪ ਵੀ ਲਿਆ ਗਿਆਹਾਜ਼ਰ ਸਮਾਜ ਸੇਵੀਆਂ ਨੇ ਕਿਹਾ ਕਿ ਅੱਜ ਲਾਇਆ ਗਿਆ ਇੱਕ ਪੌਦਾ ਆਉਣ ਵਾਲੀਆਂ ਪੀੜ੍ਹੀਆਂ ਲਈ ਸਾਫ਼ ਹਵਾ, ਹਰਿਆਲੀ ਅਤੇ ਸਿਹਤਮੰਦ ਵਾਤਾਵਰਣ ਦੀ ਅਮੁੱਲ ਵਿਰਾਸਤ ਬਣ ਸਕਦਾ ਹੈ। ਜਨਹਿਤ ਸਮਿਤੀ ਦੇ ਪ੍ਰਧਾਨ ਐਸ. ਕੇ. ਗੌਤਮ ਤੇ ਜਨਰਲ ਸਕੱਤਰ ਵਿਨੋਦ ਸ਼ਰਮਾ ਨੇ ਸਮਾਜ ਦੇ ਸਾਰੇ ਵਰਗਾਂ ਨੂੰ ਭਾਵਪੂਰਵਕ ਅਪੀਲ ਕਰਦੇ ਹੋਏ ਕਿਹਾ ਕਿ ਵਾਤਾਵਰਣ ਦੀ ਸੰਭਾਲ ਸਿਰਫ਼ ਕਿਸੇ ਇੱਕ ਸੰਸਥਾ ਜਾਂ ਸਰਕਾਰ ਦੀ ਜ਼ਿੰਮੇਵਾਰੀ ਨਹੀਂ ਹੈ, ਸਗੋਂ ਹਰੇਕ ਨਾਗਰਿਕ ਦਾ ਨੈਤਿਕ ਫ਼ਰਜ਼ ਹੈ।ਜੇਕਰ ਅਸੀਂ ਆਪਣੇ ਜਨਮਦਿਨ, ਵਿਆਹ ਦੀ ਵਰ੍ਹੇਗੰਢ ਜਾਂ ਪਰਿਵਾਰ ਦੇ ਕਿਸੇ ਵੀ ਸ਼ੁਭ ਮੌਕੇ 'ਤੇ ਇੱਕ ਪੌਦਾ ਲਾ ਕੇ ਉਸ ਦੀ ਰੁੱਖ ਬਣਨ ਤੱਕ ਦੇਖਭਾਲ ਕਰੀਏ, ਤਾਂ ਇਹ ਛੋਟੀ ਜਿਹੀ ਪਹਿਲ ਭਵਿੱਖ ਵਿੱਚ ਵਾਤਾਵਰਣਕ ਤਬਦੀਲੀ ਦਾ ਵੱਡਾ ਆਧਾਰ ਬਣ ਸਕਦੀ ਹੈ। ਸਮਿਤੀ ਦੇ ਸੰਸਥਾਪਕ ਮੈਂਬਰ ਅਨਿਲ ਕੁਮਾਰ ਭਾਰਤੀ ਨੇ ਸਾਰੀਆਂ ਸਮਾਜਿਕ, ਧਾਰਮਿਕ ਅਤੇ ਸੇਵਾ ਸੰਸਥਾਵਾਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੇ ਸੇਵਾ ਕਾਰਜਾਂ ਵਿੱਚ ਰੁੱਖ ਲਗਾਉਣ ਨੂੰ ਤਰਜੀਹ ਦੇਣ ਅਤੇ ਵੱਧ ਤੋਂ ਵੱਧ ਲੋਕਾਂ ਨੂੰ ਇਸ ਜਨ-ਮੁਹਿੰਮ ਨਾਲ ਜੋੜਨ। ਇਸ ਮੌਕੇ 'ਤੇ ਸਰਦਾਰ ਜਸਬੀਰ ਸਿੰਘ ਢੀਂਡਸਾ, ਸਰਦਾਰ ਜੀ. ਐਸ. ਚੀਮਾ, ਜਗਤਾਰ ਸਿੰਘ ਜੱਗੀ, ਏ. ਐਸ. ਢਿੱਲੋਂ, ਮਨਜੀਤ ਸਿੰਘ, ਸ਼੍ਰੀ ਅਜੈ ਸ਼ਰਮਾ, ਰਵਿੰਦਰ ਗਰਗ, ਨਿਰਮਲ ਸਿੰਘ, ਐਡਵੋਕੇਟ ਜਸਪ੍ਰੀਤ ਸਿੰਘ, ਐਡਵੋਕੇਟ ਵਿਕਰਮ ਸਿੰਘ ਬੇਦੀ, ਗੁਰਪ੍ਰੀਤ ਸਿੰਘ ਗਰੇਵਾਲ ਤੇ ਅੰਤਰਰਾਸ਼ਟਰੀ ਲੇਖਕ ਤੇ ਸਿੱਖਿਆ ਸ਼ਾਸਤਰੀ ਸ਼੍ਰੀ ਅਨਿਲ ਕੁਮਾਰ ਭਾਰਤੀ ਸਮੇਤ ਅਨੇਕਾਂ ਸਮਾਜ ਸੇਵੀ ਤੇ ਪਤਵੰਤੇ ਵਿਅਕਤੀ ਹਾਜ਼ਰ ਰਹੇ।



## ਵਿਵੇਕਾਨੰਦ ਜੂਨੀਅਰ ਸਕੂਲ ਵਿਖੇ ਰੋਬੋ ਮਾਈਂਡਸ ਲੈਬ ਦਾ ਉਦਘਾਟਨ

**ਫਿਰੋਜ਼ਪੁਰ (ਅਸ਼ੋਕ ਸ਼ਰਮਾ) :** ਫਿਰੋਜ਼ਪੁਰ ਵਿੱਚ ਬਸਤੀ ਟੈਂਕਾਂ ਵਾਲੀ ਵਿਖੇ ਸਥਿਤ ਵਿਵੇਕਾਨੰਦ ਜੂਨੀਅਰ-ਏ ਪ੍ਰੀ-ਪ੍ਰਾਇਮਰੀ ਸਕੂਲ ਵਿਚ ਰੋਬੋ ਮਾਈਂਡਸ ਲੈਬ ਦਾ ਉਦਘਾਟਨ ਵਿਵੇਕਾਨੰਦ ਵਰਲਡ ਸਕੂਲ ਦੇ ਪੈਟਰਨ-ਇਨ-ਚੀਫ਼ ਪ੍ਰਭਾ ਭਾਸਕਰ, ਵੀ. ਪੀ. ਐਡਮਿਨ ਮਹਿਮਾ ਕਪੂਰ ਤੇ ਚੀਫ਼ ਐਡਮਿਨਿਸਟਰੇਟਰ ਪਰਮਵੀਰ ਸ਼ਰਮਾ ਵੱਲੋਂ ਕੀਤਾ ਗਿਆ। ਉਨ੍ਹਾਂ ਦੀ ਮੌਜੂਦਗੀ ਤੇ ਹੌਸਲਾ-ਅਫ਼ਜ਼ਾਈ ਨੇ ਇਸ ਸਮਾਗਮ ਨੂੰ ਹੋਰ ਵੀ ਖਾਸ ਬਣਾ ਦਿੱਤਾ। ਸਮਾਗਮ ਦੌਰਾਨ ਸਕੂਲ ਦੇ ਕੁਝ ਨੰਨ੍ਹੇ ਵਿਦਿਆਰਥੀਆਂ ਨੇ ਆਪਣੇ ਵੱਲੋਂ ਤਿਆਰ ਕੀਤੇ ਪ੍ਰੋਜੈਕਟ ਵੀ ਵਿਸ਼ੇਸ਼ ਮਹਿਮਾਨਾਂ ਸਾਹਮਣੇ ਪੇਸ਼ ਕੀਤੇ। ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਆਪਣੇ ਵਿਚਾਰ ਸਾਂਝੇ ਕੀਤੇ ਤੇ ਆਪਣੇ ਪ੍ਰੋਜੈਕਟਾਂ ਦੀ ਕਾਰਗੁਜ਼ਾਰੀ ਬਾਰੇ ਜਾਣਕਾਰੀ ਦਿੰਦਿਆਂ ਆਪਣੀ ਰਚਨਾਤਮਕਤਾ, ਨਵੀਨ ਸੋਚ ਤੇ ਰੋਬੋਟਿਕਸ ਪ੍ਰਤੀ ਰੁਚੀ ਦਾ ਪ੍ਰਦਰਸ਼ਨ ਕੀਤਾ। ਵਿਵੇਕਾਨੰਦ ਜੂਨੀਅਰ ਵਿਚ ਸਥਿਤ ਰੋਬੋ ਮਾਈਂਡਸ ਲੈਬ ਰਾਹੀਂ ਵਿਦਿਆਰਥੀਆਂ ਨੂੰ ਏ.ਆਈ. ਅਧਾਰਤ ਰੋਬੋਟਿਕਸ ਤੇ ਸਟੈਮ ਦੀ ਦੁਨੀਆਂ ਵਿਚ ਖੋਜ ਕਰਨ, ਪ੍ਰਯੋਗ ਕਰਨ, ਨਵੀਆਂ ਚੀਜ਼ਾਂ ਬਣਾਉਣ ਤੇ ਨਵੀਨ ਵਿਚਾਰਾਂ ਨੂੰ ਅਮਲ ਵਿੱਚ ਲਿਆਉਣ ਦੇ ਮੌਕੇ ਮਿਲਣਗੇ। ਇਹ ਲੈਬ ਛੋਟੀ ਉਮਰ ਤੋਂ ਹੀ ਬੱਚਿਆਂ ਵਿਚ ਜਿਗਿਆਸਾ, ਰਚਨਾਤਮਕਤਾ, ਰੋਬੋਟਿਕਸ ਨਾਲ ਜੁੜੇ ਹੁਨਰ ਤੇ ਸਮੱਸਿਆਵਾਂ ਨੂੰ ਹੱਲ ਕਰਨ ਦੀ ਸਮਰੱਥਾ ਵਿਕਸਿਤ ਕਰਨ ਵਿੱਚ ਸਹਾਇਕ ਸਾਬਿਤ ਹੋਵੇਗੀ।



## ਜੈਨੇਸਿਸ ਡੈਂਟਲ ਕਾਲਜ ਵੱਲੋਂ ਮੁਫ਼ਤ ਚੈੱਕਅੱਪ ਕੈਂਪ

**ਫਿਰੋਜ਼ਪੁਰ (ਅਸ਼ੋਕ ਸ਼ਰਮਾ) :** ਜੈਨੇਸਿਸ ਡੈਂਟਲ ਕਾਲਜ ਐਂਡ ਹਸਪਤਾਲ ਵੱਲੋਂ ਐਤਵਾਰ ਨੂੰ ਬਾਜੀਦਪੁਰ ਸਥਿਤ ਸ੍ਰੀ ਗੁਰਦੁਆਰਾ ਜਾਮਣੀ ਸਾਹਿਬ ਵਿਖੇ ਮੁਫ਼ਤ ਦੰਦਾਂ ਦੀ ਜਾਂਚ ਦਾ ਕੈਂਪ ਲਗਾਇਆ ਗਿਆ। ਕੈਂਪ ਦੌਰਾਨ 200 ਤੋਂ ਵੱਧ ਮਰੀਜ਼ਾਂ ਦੇ ਦੰਦਾਂ ਦੀ ਜਾਂਚ ਕੀਤੀ ਗਈ। ਇਸ ਮੌਕੇ ਡਾ. ਗਗਨਦੀਪ ਹਾਂਡਾ ਤੇ ਡਾ. ਜਤਿਨ ਗਿੱਲ ਨੇ ਮਰੀਜ਼ਾਂ ਦੀ ਜਾਂਚ ਕਰਕੇ ਉਨ੍ਹਾਂ ਨੂੰ ਲੋੜੀਂਦੇ ਇਲਾਜ ਦੇ ਨਾਲ-ਨਾਲ ਦੰਦਾਂ ਦੀ ਸੰਭਾਲ ਸਬੰਧੀ ਮਹੱਤਵਪੂਰਨ ਸਲਾਹ ਵੀ ਦਿੱਤੀ। ਡਾਕਟਰਾਂ ਨੇ ਕਿਹਾ ਕਿ ਦੰਦਾਂ ਨੂੰ ਤੰਦਰੁਸਤ ਰੱਖਣ ਲਈ ਰੋਜ਼ਾਨਾ ਸਹੀ ਤਰੀਕੇ ਨਾਲ ਸਫ਼ਾਈ ਕਰਨੀ, ਦਿਨ ਵਿੱਚ ਦੋ ਵਾਰ ਬਰਸ਼ ਕਰਨਾ, ਸੰਤੁਲਿਤ ਖ਼ੁਰਾਕ ਲੈਣੀ ਤੇ ਸਮੇਂ-ਸਮੇਂ 'ਤੇ ਦੰਦਾਂ ਦੇ ਮਾਹਰ ਡਾਕਟਰ ਤੋਂ ਜਾਂਚ ਕਰਵਾਉਣੀ ਬਹੁਤ ਜ਼ਰੂਰੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਦੰਦਾਂ ਨਾਲ ਸਬੰਧਤ ਕਿਸੇ ਵੀ ਸਮੱਸਿਆ ਨੂੰ ਨਜ਼ਰਅੰਦਾਜ਼ ਨਾ ਕਰਨ ਅਤੇ ਸਮੇਂ ਸਿਰ ਮਾਹਰ ਡਾਕਟਰ ਦੀ ਸਲਾਹ ਲੈਣ। ਇਸ ਮੌਕੇ ਕਾਲਜ ਦੇ ਪੀਆਰਓ ਰਣਜੀਤ ਸਿੰਘ ਤੇ ਮਨਜੀਤ ਸਿੰਘ ਨੇ ਸੇਵਾ ਭਾਵਨਾ ਤਹਿਤ ਸ਼ਰਧਾਲੂਆਂ ਨੂੰ ਮੁਫ਼ਤ ਟੂਥਬ੍ਰਸ਼ ਤੇ ਟੂਥਪੇਸਟ ਵੰਡੇ। ਉਨ੍ਹਾਂ ਦੱਸਿਆ ਕਿ ਜੈਨੇਸਿਸ ਡੈਂਟਲ ਕਾਲਜ ਐਂਡ ਹਸਪਤਾਲ ਸਮਾਜ ਸੇਵਾ ਦੇ ਉਦੇਸ਼ ਨਾਲ ਸਮੇਂ-ਸਮੇਂ 'ਤੇ ਅਜਿਹੇ ਮੁਫ਼ਤ ਸਿਹਤ ਕੈਂਪ ਆਯੋਜਿਤ ਕਰਦਾ ਰਹਿੰਦਾ ਹੈ।



## ਸਫਾ 1 ਦੇ ਬਾਕੀ...

### ਹਾਈ ਕੋਰਟਾਂ 'ਚ ਜੱਜਾਂ ਦੇ 27 ਫੀਸਦੀ ਅਹੁਦੇ ਖਾਲੀ

ਉਨ੍ਹਾ ਦੀ ਫਾਈਲ ਮੁੜ ਵਿਚਾਰ ਲਈ ਸੁਪਰੀਮ ਕੋਰਟ ਕੋਲੇਜੀਅਮ ਕੋਲ ਵਾਪਸ ਭੇਜ ਦਿੱਤੀ ਸੀ। ਕੋਲੇਜੀਅਮ ਵੱਲੋਂ ਆਪਣਾ ਸਟੈਂਡ ਦੁਹਰਾਉਣ ਤੋਂ ਬਾਅਦ ਇਹ ਫਾਈਲ ਪੈਂਡਿੰਗ ਹੀ ਪਈ ਹੈ। ਹਾਈ ਕੋਰਟਾਂ ਦੇ ਕੋਲੇਜੀਅਮ ਨਿਆਂਇਕ ਅਧਿਕਾਰੀਆਂ ਅਤੇ ਵਕੀਲਾਂ ਨੂੰ ਜੱਜ ਵਜੋਂ ਨਿਯੁਕਤ ਕਰਨ ਲਈ ਆਪਣੀਆਂ ਸਿਫਾਰਸ਼ਾਂ ਕੇਂਦਰੀ ਕਾਨੂੰਨ ਮੰਤਰਾਲੇ ਦੇ ਨਿਆਂ ਵਿਭਾਗ ਨੂੰ ਭੇਜਦੇ ਹਨ। ਵਿਭਾਗ ਇਸ ਨੂੰ ਸੁਪਰੀਮ ਕੋਰਟ ਕੋਲੇਜੀਅਮ ਕੋਲ ਅੱਗੇ ਭੇਜਣ ਤੋਂ ਪਹਿਲਾਂ ਸਿਫਾਰਸ਼ ਕੀਤੇ ਉਮੀਦਵਾਰ ਬਾਰੇ ਆਈ ਬੀ (ਖੁਫੀਆ ਵਿਭਾਗ) ਦੀਆਂ ਰਿਪੋਰਟਾਂ ਸਮੇਤ ਹੋਰ ਵੇਰਵੇ ਜੋੜਦਾ ਹੈ। ਕੋਲੇਜੀਅਮ ਆਪਣੀ ਸਮਝ ਮੁਤਾਬਕ ਜਾਂ ਤਾਂ ਹਾਈ ਕੋਰਟ ਦੇ ਜੱਜ ਵਜੋਂ ਨਿਯੁਕਤੀ ਲਈ ਨਾਂਅ ਦੀ ਸਿਫਾਰਸ਼ ਕਰਦਾ ਹੈ ਜਾਂ ਫਾਈਲ ਨੂੰ ਹਾਈ ਕੋਰਟ ਦੇ ਕੋਲੇਜੀਅਮ ਨੂੰ ਵਾਪਸ ਮੋੜ ਦਿੰਦਾ ਹੈ।

## ਕਿਸਾਨਾਂ-ਮਜ਼ਦੂਰਾਂ ਨੇ ਪੁਤਲਾ ਫੂਕ ਕੇ ਕੀਤਾ ਰੋਸ ਪ੍ਰਦਰਸ਼ਨ

**ਮੱਖੂ, (ਰਛਪਾਲ ਸਿੰਘ ਸੰਧੂ)** ਕਿਸਾਨ-ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਜ਼ੋਨ ਦੀਆਂ ਵੱਖ ਵੱਖ ਇਕਾਈਆਂ ਦੇ ਕਿਸਾਨਾਂ ਮਜ਼ਦੂਰਾਂ ਵੱਲੋਂ ਜ਼ੋਨ ਪ੍ਰਧਾਨ ਵੀਰ ਸਿੰਘ ਨਿਜਾਮਦੀਨ ਵਾਲਾ ਦੀ ਅਗਵਾਈ ਹੇਠ ਨੈਸ਼ਨਲ ਹਾਈਵੇ-54 ਬਠਿੰਡਾ-ਅੰਮ੍ਰਿਤਸਰ 'ਤੇ ਮੱਖੂ ਸ਼ਹਿਰ ਵਿਖੇ ਮੱਲਾਂਵਾਲਾ ਰੋਡ ਤਿਕੋਣੀ 'ਤੇ ਇਕੱਠ ਕਰਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਪੁਤਲਾ ਫੂਕ ਰੋਸ ਮੁਜ਼ਾਹਰਾ ਕੀਤਾ ਗਿਆ। ਜ਼ਿਲ੍ਹਾ ਪ੍ਰਧਾਨ ਇੰਦਰਜੀਤ ਸਿੰਘ ਬਾਠ, ਜ਼ੋਨ ਸਕੱਤਰ ਬਲਜਿੰਦਰ ਸਿੰਘ ਤਲਵੰਡੀ ਨਿਪਾਲਾਂ ਨੇ ਦੱਸਿਆ ਕਿ ਭਗਵੰਤ ਮਾਨ ਦੀ ਸਰਕਾਰ ਹਰ ਫਰੰਟ 'ਤੇ ਬਿਲਕੁਲ ਹੀ ਫੇਲ੍ਹ ਹੋ ਚੁੱਕੀ ਹੈ ਤੇ ਆਪਣੀਆਂ ਹੱਕਾਂ ਲਈ ਕੀਤੇ ਜਾ ਰਹੇ ਪ੍ਰਦਰਸ਼ਨਾਂ ਨੂੰ ਦਬਾਉਣ ਲਈ ਹਰ ਤਰ੍ਹਾਂ ਦੇ ਹਰਬੇ ਵਰਤ ਰਹੀ ਹੈ, ਸੱਤਾ ਦੇ ਲਾਲਚ ਵਿੱਚ ਪੰਜਾਬ ਦਾ ਮੁੱਖ ਮੰਤਰੀ ਪੰਜਾਬ ਦੇ ਲੋਕਾਂ ਨਾਲ ਕੀਤੇ ਵਾਅਦੇ ਭੁੱਲ ਚੁੱਕਾ ਹੈ।ਕਿਸਾਨ ਆਗੂਆਂ ਨੇ ਅੱਗੇ ਕਿਹਾ ਕਿ ਜਿਹੜੀ ਆਪ ਦੀ ਸਰਕਾਰ ਦੇ ਢੰਡੋਰੇ ਪਿੱਟੇ ਜਾ ਰਹੇ ਸਨ ਉਹ ਹੁਣ ਆਮ ਆਦਮੀ ਦੀ ਸਰਕਾਰ ਨਾਂਹ ਹੋ ਕੇ ਖਾਸ ਆਦਮੀ ਦੀ ਸਰਕਾਰ ਬਣ ਚੁੱਕੀ ਹੈ।ਭਗਵੰਤ ਮਾਨ ਨੂੰ ਸ਼ੰਭੂ, ਖਨੌਰੀ ਮੋਰਚਿਆਂ ਦੇ ਕੀਤੇ ਨੁਕਸਾਨ ਦੀ ਭਰਪਾਈ, ਫ਼ਸਲਾਂ ਦੀ ਐਮ ਐਸ ਪੀ ਦੇਣ, ਦਫ਼ਤਰਾਂ ਵਿੱਚ ਫੈਲੇ ਭ੍ਰਿਸ਼ਟਾਚਾਰ, ਨਸ਼ਿਆਂ ਨੂੰ ਰੋਕਣ ਪਿੰਡਾਂ ਵਿੱਚ ਆਉਣ 'ਤੇ ਸਵਾਲ ਜਵਾਬ ਕੀਤੇ ਜਾਣਗੇ।



## ਦਾਦੇ ਤੋਂ ਮਿਲੀ ਦੇਸ਼ ਸੇਵਾ ਦੀ ਪ੍ਰੇਰਨਾ, ਹੁਣ ਪੋਤਾ ਬਣਿਆ ਸੀ ਆਰ ਪੀ ਐਫ ਦਾ ਜਵਾਨ



**ਜਲਾਲਾਬਾਦ (ਬਲਵਿੰਦਰ ਸਿੰਘ)** ਪਿੰਡ ਸੋਹਣਾ ਸਾਂਦੜ ਦੇ ਨੌਜਵਾਨ ਸੁਨੀਲ ਸਿੰਘ ਵੱਲੋਂ ਸੈਂਟਰਲ ਰਿਜ਼ਰਵ ਪੁਲਿਸ ਫੋਰਸ (ਸੀਆਰਪੀਐਫ) ਵਿੱਚ ਭਰਤੀ ਹੋ ਕੇ ਦੇਸ਼ ਸੇਵਾ ਦਾ ਮਾਣ ਹਾਸਲ ਕਰਨ 'ਤੇ ਪਿੰਡ ਵਿੱਚ ਖ਼ੁਸ਼ੀ ਦਾ ਮਾਹੌਲ ਬਣਿਆ ਹੋਇਆ ਹੈ।ਸੀਆਰਪੀਐਫ ਵਿੱਚ ਭਰਤੀ ਹੋਣ ਉਪਰੰਤ ਪਹਿਲੀ ਵਾਰ ਆਪਣੇ ਪਿੰਡ ਪਹੁੰਚੇ ਸੁਨੀਲ ਸਿੰਘ ਦਾ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਦੋਸਤਾਂ ਤੇ ਪਿੰਡ ਵਾਸੀਆਂ ਵੱਲੋਂ ਢੋਲ ਦੀ ਥਾਪ ਤੇ ਭੰਗੜਿਆਂ ਨਾਲ ਸ਼ਾਨਦਾਰ ਸਵਾਗਤ ਕੀਤਾ ਗਿਆ। ਸੁਨੀਲ ਸਿੰਘ ਨੂੰ ਫੁੱਲਾਂ ਦੇ ਹਾਰ ਪਾ ਕੇ ਸਨਮਾਨਤ ਕੀਤਾ ਗਿਆ।ਪਰਵਾਰ ਤੇ ਰਿਸ਼ਤੇਦਾਰਾਂ ਵੱਲੋਂ ਉਸ ਨੂੰ ਸਜਾਵਟੀ ਟਰੈਕਟਰ 'ਤੇ ਬਿਠਾ ਕੇ ਜਲਾਲਾਬਾਦ ਤੋਂ ਪਿੰਡ ਸੋਹਣਾ ਸਾਂਦੜ ਤੱਕ ਲਿਆਂਦਾ ਗਿਆ। ਸੁਨੀਲ ਸਿੰਘ ਨੇ ਦੱਸਿਆ ਕਿ ਉਸ ਦੇ ਪਰਿਵਾਰ ਦੀ ਦੇਸ਼ ਸੇਵਾ ਨਾਲ ਪੁਰਾਣੀ ਸਾਂਝ ਰਹੀ ਹੈ।ਉਸ ਦੇ ਦਾਦਾ ਜੀ ਭਾਰਤੀ ਫ਼ੌਜ ਵਿੱਚ ਦੇਸ਼ ਦੀ ਸੇਵਾ ਕਰਨ ਤੋਂ ਬਾਅਦ ਰਿਟਾਇਰ ਹੋਏ ਹਨ, ਜਦਕਿ ਉਸ ਦੇ ਚਾਚੇ ਦਾ ਪੁੱਤਰ ਵੀ ਇਸ ਸਮੇਂ ਭਾਰਤੀ ਫ਼ੌਜ ਵਿੱਚ ਤਾਇਨਾਤ ਹੋ ਕੇ ਦੇਸ਼ ਦੀ ਸੇਵਾ ਨਿਭਾਅ ਰਿਹਾ ਹੈ।ਪਰਵਾਰ ਵਿੱਚ ਦੇਸ਼ ਸੇਵਾ ਦੀ ਇਸ ਪਰੰਪਰਾ ਤੋਂ ਪ੍ਰੇਰਨਾ ਲੈਂਦਿਆਂ ਸੁਨੀਲ ਸਿੰਘ ਨੇ ਵੀ ਸੁਰੱਖਿਆ ਬਲ ਵਿੱਚ ਭਰਤੀ ਹੋ ਕੇ ਦੇਸ਼ ਦੀ ਸੇਵਾ ਕਰਨ ਦਾ ਸੁਪਨਾ ਸਾਕਾਰ ਕੀਤਾ ਹੈ। ਉਸ ਨੇ ਦੱਸਿਆ ਕਿ ਉਸ ਦਾ ਪਿਤਾ ਗੁਰਮੀਤ ਸਿੰਘ ਲੱਕੜ ਦਾ ਕੰਮ ਕਰਦਾ ਹੈ ਤੇ ਉਹ ਖ਼ੁਦ ਵੀ ਪੜ੍ਹਾਈ ਦੇ ਨਾਲ-ਨਾਲ ਲੱਕੜ ਦਾ ਕੰਮ ਕਰਦਾ ਰਿਹਾ ਹੈ।ਕੰਮ ਦੇ ਨਾਲ ਪੜ੍ਹਾਈ ਕਰਨਾ ਅਤੇ ਸੀ.ਆਰ.ਪੀ.ਐੱਫ਼ ਵਿੱਚ ਭਰਤੀ ਹੋਣ ਦੀ ਤਿਆਰੀ ਕਰਨਾ ਉਸ ਲਈ ਚੁਣੌਤੀਪੂਰਨ ਰਿਹਾ, ਪਰ ਦੇਸ਼ ਦੀ ਸੇਵਾ ਕਰਨ ਦੇ ਜਜ਼ਬੇ ਨੇ ਉਸ ਨੂੰ ਹਮੇਸ਼ਾ ਅੱਗੇ ਵਧਣ ਲਈ ਪ੍ਰੇਰਿਤ ਕੀਤਾ।ਸੁਨੀਲ ਸਿੰਘ ਨੇ ਆਪਣੀ ਸਫਲਤਾ ਦਾ ਸਾਰਾ ਸਿਹਰਾ ਆਪਣੇ ਮਾਤਾ-ਪਿਤਾ ਨੂੰ ਦਿੰਦਿਆਂ ਕਿਹਾ ਕਿ ਉਨ੍ਹਾਂ ਦੇ ਸਹਿਯੋਗ, ਹੌਸਲੇ ਤੇ ਪ੍ਰੇਰਣਾ ਸਦਕਾ ਹੀ ਉਹ ਅੱਜ ਇਸ ਮੁਕਾਮ ਤੱਕ ਪਹੁੰਚ ਸਕਿਆ ਹੈ।

## ਤਰਕਸ਼ੀਲਾਂ ਨੇ ਵਿਗਿਆਨਕ ਵਿਚਾਰਾਂ ਦਾ ਪ੍ਰਚਾਰ ਕਰਨ ਲਈ ਪ੍ਰੋਗਰਾਮ ਬਣਾਇਆ

**ਲੁਧਿਆਣਾ (ਸਤੀਸ਼ ਸਚਦੇਵਾ)** ਤਰਕਸ਼ੀਲ ਸੁਸਾਇਟੀ ਪੰਜਾਬ (ਰਜਿ) ਇਕਾਈ ਕੁਹਾੜਾ ਦੀ ਮੀਟਿੰਗ ਜਥੇਬੰਦਕ ਮੁਖੀ ਰੁਪਿੰਦਰਪਾਲ ਸਿੰਘ ਦੀ ਪ੍ਰਧਾਨਗੀ ਵਿੱਚ ਹੋਈ, ਜਿਸ ਵਿੱਚ ਰਜਿੰਦਰ ਜੰਡਿਆਲੀ, ਦੀਪ ਦਿਲਬਰ, ਮਨਜੀਤ ਘਣਗਸ ਤੇ ਗਮਦੂਰ ਸਿੰਘ ਸ਼ਾਮਲ ਸਨ। ਤਰਕਸ਼ੀਲ ਮੈਗਜ਼ੀਨ ਦਾ ਸਤੰਬਰ-ਅਕਤੂਬਰ ਅੰਕ ਰਿਲੀਜ਼ ਕੀਤਾ ਗਿਆ।ਇਸ ਵਿੱਚ ਇਕਾਈ ਕੁਹਾੜਾ ਵੱਲੋਂ ਕਰਾਏ ਗਏ ਪੁਸਤਕ ਮੇਲੇ ਦੇ ਸਬੰਧ ਵਿੱਚ ਵਿਚਾਰ ਚਰਚਾ ਕੀਤੀ ਗਈ ਤੇ ਦੋਨੋਂ ਪ੍ਰੋਗਰਾਮਾਂ ਦੇ ਪ੍ਰਬੰਧਾਂ ਸਬੰਧੀ ਤਸੱਲੀ ਪ੍ਰਗਟ ਕੀਤੀ ਗਈ।ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ ਲੁਧਿਆਣਾ ਕਿਸਾਨ ਮੇਲੇ ਵਿੱਚ 18 ਤੇ 19 ਸਤੰਬਰ ਨੂੰ ਲਾਈ ਜਾ ਰਹੀ ਕਿਤਾਬਾਂ ਦੀ ਸਟਾਲ, ਜ਼ੋਨ ਲੁਧਿਆਣਾ ਵੱਲੋਂ ਸ਼ਹੀਦ ਭਗਤ ਸਿੰਘ ਦੇ ਜਨਮ ਦਿਵਸ ਨੂੰ ਸਮਰਪਤ ਕਰਾਏ ਜਾ ਰਹੇ ਨਾਟਕ ਮੇਲੇ ਵਿੱਚ ਇਕਾਈ ਵਲੋਂ ਭਰਵੀਂ ਸ਼ਮੂਲੀਅਤ ਕਰਨ ਦਾ ਫੈਸਲਾ ਕੀਤਾ ਗਿਆ ਹੈ। ਤਰਕਸ਼ੀਲ ਸੁਸਾਇਟੀ ਪੰਜਾਬ ਦੀ ਸਾਹਿਤ ਵੈਨ ਅਕਤੂਬਰ ਵਿੱਚ ਜ਼ੋਨ ਲੁਧਿਆਣਾ ਵਿੱਚ ਆ ਰਹੀ ਹੈ।ਇਕਾਈ ਕੁਹਾੜਾ ਵੱਲੋਂ ਤਰਕਸ਼ੀਲ ਸਾਹਿਤ ਨਾਲ ਵੱਖ-ਵੱਖ-ਵੱਖ ਸਕੂਲਾਂ, ਪਿੰਡਾਂ, ਸ਼ਹਿਰਾਂ ਤੇ ਕਸਬਿਆਂ ਵਿੱਚ ਲੋਕਾਂ ਦੀ ਸੋਚ ਵਿਗਿਆਨਕ ਬਣਾਉਣ ਲਈ ਪ੍ਰੋਗਰਾਮ ਕੀਤੇ ਜਾਣਗੇ।



## ਵਾਰਡ ਨੰਬਰ 14 'ਚ ਚੱਲਿਆ ਵਿਸ਼ੇਸ਼ ਸਫ਼ਾਈ ਅਭਿਆਨ

### ਹਡਾਣਾ ਦੀ ਅਗਵਾਈ 'ਚ ਲੋਕਾਂ ਨੇ ਲਿਆ ਵਧ-ਚੜ੍ਹ ਕੇ ਹਿੱਸਾ



**ਸਨੌਰ, (ਰਾਜਿੰਦਰ ਸਿੰਘ ਥਿੰਦ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਸਾਫ਼-ਸੁਥਰਾ ਤੇ ਪ੍ਰਦੂਸ਼ਣ-ਮੁਕਤ ਬਣਾਉਣ ਦੇ ਉਦੇਸ਼ ਨਾਲ ਸ਼ੁਰੂ ਕੀਤੇ ਗਏ 'ਮਿਸ਼ਨ ਕਲੀਨ ਪੰਜਾਬ' ਤਹਿਤ ਨਗਰ ਕੌਂਸਲ ਦੇ ਵੱਖ-ਵੱਖ ਵਾਰਡਾਂ ਵਿੱਚ ਵਿਸ਼ੇਸ਼ ਸਫ਼ਾਈ ਮੁਹਿੰਮ ਪੂਰੇ ਜ਼ੋਰਾਂ 'ਤੇ ਚੱਲ ਰਹੀ ਹੈ।ਇਸੇ ਲੜੀ ਤਹਿਤ ਨਗਰ ਕੌਂਸਲ ਦੇ ਵਾਰਡ ਨੰਬਰ 14 ਵਿੱਚ ਆਮ ਆਦਮੀ ਪਾਰਟੀ ਦੇ ਹਲਕਾ ਸਨੌਰ ਇੰਚਾਰਜ ਰਣਜੋਧ ਸਿੰਘ ਹਡਾਣਾ ਦੀ ਅਗਵਾਈ ਹੇਠ ਵਿਸ਼ੇਸ਼ ਸਫ਼ਾਈ ਅਭਿਆਨ ਚਲਾਇਆ ਗਿਆ।ਮੁਹਿੰਮ ਵਿੱਚ ਨਗਰ ਕੌਂਸਲ ਦੇ ਪ੍ਰਧਾਨ ਪ੍ਰਦੀਪ ਜੋਸਨ, ਸਥਾਨਕ ਕੌਂਸਲਰ ਸਾਹਿਬਾਨ, ਅਧਿਕਾਰੀਆਂ ਤੇ ਵੱਡੀ ਗਿਣਤੀ ਵਿੱਚ ਇਲਾਕਾ ਵਾਸੀਆਂ ਨੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ। ਸਫ਼ਾਈ ਅਭਿਆਨ ਦੌਰਾਨ ਵਾਰਡ ਨੰਬਰ 14 ਦੇ ਮੁੱਖ ਰਸਤਿਆਂ, ਗਲੀਆਂ ਤੇ ਖ਼ਾਲੀ ਥਾਵਾਂ ਤੋਂ ਕੂੜਾ-ਕਰਕਟ ਤੇ ਗੰਦਗੀ ਦੇ ਢੇਰਾਂ ਨੂੰ ਪੂਰੀ ਤਰ੍ਹਾਂ ਹਟਾਇਆ ਗਿਆ।ਇਸ ਦੇ ਨਾਲ ਹੀ ਟੀਮ ਵੱਲੋਂ ਘਰ-ਘਰ ਜਾ ਕੇ ਲੋਕਾਂ ਨੂੰ ਆਪਣੇ ਆਲੇ-ਦੁਆਲੇ ਨੂੰ ਸਾਫ਼ ਰੱਖਣ ਤੇ ਗਿੱਲੇ-ਸੁੱਕੇ ਕੂੜੇ ਨੂੰ ਵੱਖਰਾ ਰੱਖਣ ਪ੍ਰਤੀ ਜਾਗਰੂਕ ਕੀਤਾ ਗਿਆ। ਇਕੱਠ ਨੂੰ ਸੰਬੋਧਨ ਕਰਦਿਆਂ ਹਡਾਣਾ ਨੇ ਆਖਿਆ ਕਿ ਸਾਫ਼-ਸੁਥਰਾ ਅਤੇ ਤੰਦਰੁਸਤ ਵਾਤਾਵਰਨ ਸਿਰਜਣਾ ਹਰ ਨਾਗਰਿਕ ਦੀ ਨੈਤਿਕ ਤੇ ਸਾਂਝੀ ਜ਼ਿੰਮੇਵਾਰੀ ਹੈ।

## ਚੇਅਰਮੈਨ ਬਲਜਿੰਦਰ ਢਿੱਲੋਂ ਨੇ ਕੀਤੀ ਵਾਤਾਵਰਣ ਸੰਭਾਲ ਦੀ ਅਪੀਲ

**ਪਟਿਆਲਾ, (ਰਾਜਿੰਦਰ ਸਿੰਘ ਥਿੰਦ)** ਵਾਤਾਵਰਨ ਨੂੰ ਸਾਫ਼-ਸੁਥਰਾ, ਸ਼ੁੱਧ ਤੇ ਹਰਾ-ਭਰਾ ਬਣਾਉਣ ਦੇ ਉਦੇਸ਼ ਨਾਲ ਭਾਦਸੋਂ ਚੁੰਗੀ, ਪਟਿਆਲਾ ਦਿਹਾਤੀ ਵਿਖੇ ਵਿਸ਼ੇਸ਼ ਵਾਤਾਵਰਨ ਸੰਭਾਲ ਮੁਹਿੰਮ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਲੋਕਾਂ ਨੂੰ ਵੱਖ-ਵੱਖ ਕਿਸਮਾਂ ਦੇ ਬੂਟੇ ਵੰਡਣ ਦੇ ਨਾਲ-ਨਾਲ ਪੰਛੀਆਂ ਦੇ ਬਸੇਰੇ ਲਈ ਬਰਡ ਹਾਊਸ ਵੀ ਵੰਡੇ ਗਏ। ਚੇਅਰਮੈਨ ਢਿੱਲੋਂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਉਨ੍ਹਾਂ ਇਸ ਸਾਰਥਕ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਵਾਤਾਵਰਣ ਦੀ ਸੰਭਾਲ ਲਈ ਹਰੇਕ ਵਿਅਕਤੀ ਨੂੰ ਵੱਧ ਤੋਂ ਵੱਧ ਬੂਟੇ ਲਾਉਣ ਦੇ ਨਾਲ-ਨਾਲ ਉਨ੍ਹਾਂ ਦੀ ਸੰਭਾਲ ਵੀ ਯਕੀਨੀ ਬਣਾਉਣੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਸਾਫ਼-ਸੁਥਰਾ ਤੇ ਹਰਾ-ਭਰਾ ਵਾਤਾਵਰਣ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਲਈ ਸਭ ਤੋਂ ਵੱਡੀ ਦੇਣ ਹੈ। ਇਸ ਦੌਰਾਨ ਲਾਲ ਸਿੰਘ, ਪ੍ਰਦੀਪ ਸ਼ਰਮਾ ਤੇ ਸਮੂਹ ਮੈਂਬਰਾਂ ਵੱਲੋਂ ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ ਨੂੰ ਸਿਰੋਪਾਉ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਵੀ ਕੀਤਾ ਗਿਆ।





## ਪੰਜਾਬ ਸਰਕਾਰ ਵੱਲੋਂ ਅਦਾਇਗੀ ਨਾ ਕਰਨ ਲਈ ਸਖ਼ਤ ਸ਼ਬਦਾਂ 'ਚ ਨਿਖੇਧੀ

**ਲੁਧਿਆਣਾ (ਰੈਕਟਰ ਕਥੂਰੀਆ)** ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਪਾਵਰਕਾਮ-ਟਰਾਂਸਕੋ ਪੰਜਾਬ (ਸਬੰਧਿਤ ਪੰਜਾਬ ਰਾਜ ਪੈਨਸ਼ਨਰਜ਼ ਮਹਾਂ ਸੰਘ), ਸੂਬਾ ਕਮੇਟੀ ਦੇ ਅਹੁਦੇਦਾਰਾਂ ਤੇ ਸਰਗਰਮ ਸੀਨੀਅਰ ਮੈਂਬਰਾਂ ਦੀ ਵਧਾਈ ਹੋਈ ਮੀਟਿੰਗ ਸਾਥੀ ਬਲਕਾਰ ਸਿੰਘ ਭੁੱਲਰ ਦੀ ਪ੍ਰਧਾਨਗੀ ਹੇਠ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਲੁਧਿਆਣਾ ਵਿਖੇ ਹੋਈ। ਸਾਥੀ ਬੀ.ਐਸ.ਸੈਣੀ ਡਿਪਟੀ ਜਨਰਲ ਸਕੱਤਰ ਨੇ ਦੱਸਿਆ ਕਿ ਬਲਕਾਰ ਸਿੰਘ ਭੁੱਲਰ, ਬਲਜੀਤ ਸਿੰਘ ਮੋਦਲਾ ਤੇ ਸਿਕੰਦਰ ਨਾਥ ਚਿੰਤਪੁਰਨੀ ਨੇ ਆਪਣੇ ਸੰਬੋਧਨ ਵਿੱਚ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ 18% ਡੀ.ਏ. ਦੀਆਂ 6 ਕਿਸ਼ਤਾਂ ਦੇ 201 ਮਹੀਨਿਆਂ ਦੇ ਪੈਂਡਿੰਗ ਬਕਾਏ ਦੀ ਪੰਜਾਬ ਸਰਕਾਰ ਵੱਲੋਂ ਅਦਾਇਗੀ ਨਾ ਕਰਨ ਲਈ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ।ਸਰਕਾਰ ਨੂੰ ਤਾੜਨਾ ਕਰਦੇ ਹੋਏ ਮੰਗ ਕੀਤੀ ਗਈ ਕਿ ਸਰਕਾਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਡੀ.ਏ. ਸਬੰਧੀ ਝੂਠੇ ਅੰਕੜੇ ਪੇਸ਼ ਕਰਕੇ ਪੰਜਾਬ ਦੇ ਲੋਕਾਂ ਨੂੰ ਗੁੰਮਰਾਹ ਕਰਨਾ ਬੰਦ ਕਰੇ ਤੇ ਮਾਨਯੋਗ ਹਾਈਕੋਰਟ ਦੇ ਫ਼ੈਸਲੇ ਅਨੁਸਾਰ ਬਕਾਇਆ ਡੀ.ਏ. ਤੁਰੰਤ ਜਾਰੀ ਕਰੇ। ਮੀਟਿੰਗ ਵਿੱਚ ਜਥੇਬੰਦੀ ਦੀ ਰਜਿਸਟ੍ਰੇਸ਼ਨ ਸਬੰਧੀ ਸਾਥੀ ਬੀ.ਐਸ.ਸੈਣੀ ਦੀ ਡਿਊਟੀ ਲਾਈ ਗਈ।ਜਥੇਬੰਦੀ ਨੂੰ ਹੋਰ ਮਜ਼ਬੂਤ ਕਰਨ ਲਈ ਤੇ ਪੰਜਾਬ ਸਰਕਾਰ ਵਿਰੁੱਧ ਸੰਘਰਸ਼ ਤੇਜ਼ ਕਰਨ ਬਾਰੇ ਵੀ ਸੰਜੀਦਗੀ ਨਾਲ ਵਿਚਾਰ ਚਰਚਾ ਕੀਤੀ ਗਈ।

## ਧਰਮਕੋਟ ਹੋਣ ਵਾਲੀ ਪੰਜਾਬ ਬਚਾਓ ਰੈਲੀ ਨੂੰ ਲੈ ਕੇ ਯੂਥ ਅੰਦਰ ਭਾਰੀ ਉਤਸ਼ਾਹ : ਅਮਨ ਗਾਬਾ



**ਕੋਟ ਈਸੇ ਖਾਂ (ਅਰੋੜਾ)** ਸ਼੍ਰੋਮਣੀ ਅਕਾਲੀ ਦਲ (ਬ) ਦੇ ਸੇਵਾਦਾਰ ਬਰਜਿੰਦਰ ਸਿੰਘ ਮੱਖਣ ਬਰਾੜ ਦੀ ਅਗਵਾਈ ਹੇਠ ਪੰਜਾਬ ਦੇ ਹੱਕਾਂ, ਹਿੱਤਾਂ ਤੇ ਲੋਕਾਂ ਦੀ ਆਵਾਜ਼ ਨੂੰ ਬੁਲੰਦ ਕਰਨ ਲਈ 9 ਸਤੰਬਰ ਨੂੰ ਧਰਮਕੋਟ ਦੀ ਦਾਣਾ ਮੰਡੀ ਵਿਖੇ ਕੀਤੀ ਜਾ ਰਹੀ ਵਿਸ਼ਾਲ 'ਪੰਜਾਬ ਬਚਾਓ ਰੈਲੀ' ਨੂੰ ਲੈ ਕੇ ਯੂਥ ਵਰਕਰਾਂ ਵਿੱਚ ਭਾਰੀ ਜੋਸ਼ ਤੇ ਉਤਸ਼ਾਹ ਪਾਇਆ ਜਾ ਰਿਹਾ ਹੈ। ਰੈਲੀ ਵਿੱਚ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਸਮੇਤ ਸ਼੍ਰੋਮਣੀ ਅਕਾਲੀ ਦਲ ਦੀ ਹਾਈਕਮਾਂਡ ਤੇ ਸੀਨੀਅਰ ਆਗੂ ਵਿਸ਼ੇਸ਼ ਤੌਰ 'ਤੇ ਪਹੁੰਚ ਰਹੇ ਹਨ।ਰੈਲੀ ਵਿੱਚ ਯੂਥ ਵਿੰਗ ਅਹਿਮ ਭੂਮਿਕਾ ਨਿਭਾਵੇਗਾ ਤੇ ਵੱਡੀ ਗਿਣਤੀ ਵਿੱਚ ਯੂਥ ਹਾਜ਼ਰ ਹੋਣਗੇ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਯੂਥ ਵਿੰਗ ਦੇ ਸ਼ਹਿਰੀ ਪ੍ਰਧਾਨ ਅਮਨਪ੍ਰੀਤ ਸਿੰਘ ਅਮਨ ਗਾਬਾ ਨੇ ਪ੍ਰੈਸ ਨਾਲ ਸਾਂਝਾ ਕੀਤਾ।ਅਮਨ ਗਾਬਾ ਨੇ ਕਿਹਾ ਕਿ ਇਸ ਰੈਲੀ ਨੂੰ ਲੈ ਕੇ ਅਕਾਲੀ ਆਗੂਆ ਤੇ ਵਰਕਰਾਂ ਵਿੱਚ ਬਹੁਤ ਉਤਸ਼ਾਹ ਹੈ ਤੇ ਇਹ ਰੈਲੀ ਸ਼੍ਰੋਮਣੀ ਅਕਾਲੀ ਦਲ ਦੀ ਜਿੱਤ ਦਾ ਮੁੱਢ ਬੰਨੇਗੀ ਤੇ ਯੂਥ ਅੰਦਰ ਨਵਾਂ ਉਤਸ਼ਾਹ ਪੈਦਾ ਕਰੇਗੀ।ਪਿੰਡਾਂ ਤੋਂ ਲੈ ਕੇ ਸ਼ਹਿਰਾਂ ਤੱਕ ਵਰਕਰ ਰੈਲੀ ਨੂੰ ਸਫ਼ਲ ਬਣਾਉਣ ਲਈ ਪੂਰੇ ਉਤਸ਼ਾਹ ਨਾਲ ਤਿਆਰੀਆਂ ਵਿੱਚ ਜੁਟੇ ਹੋਏ ਹਨ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।

**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

# ਨਸ਼ਾ ਤਸਕਰੀ ਤੇ ਅਸਲਾ ਐਕਟ ਤਹਿਤ ਮਾਮਲੇ ਦਰਜ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਛੇੜੀ ਗਈ ਮੁਹਿੰਮ ਤਹਿਤ ਪੁਲਿਸ ਜ਼ਿਲ੍ਹਾ ਬਟਾਲਾ ਦੇ ਐੱਸ.ਐੱਸ.ਪੀ. ਡਾ. ਮਹਿਤਾਬ ਸਿੰਘ ਆਈ.ਪੀ.ਐੱਸ. ਦੇ ਦਿਸ਼ਾ-ਨਿਰਦੇਸ਼ਾਂ ਅਤੇ ਉਪ ਕਪਤਾਨ ਪੁਲਿਸ ਸ੍ਰੀ ਹਰਗੋਬਿੰਦਪੁਰ ਦੀ ਯੋਗ ਨਿਗਰਾਨੀ ਹੇਠ ਥਾਣਾ ਕਾਦੀਆਂ ਦੇ ਮੁੱਖ ਅਫਸਰ ਇੰਸਪੈਕਟਰ ਪ੍ਰਭਜੋਤ ਸਿੰਘ ਦੀ ਅਗਵਾਈ 'ਚ ਪੁਲਿਸ ਨੇ ਵੱਖ-ਵੱਖ ਮਾਮਲਿਆਂ ਵਿੱਚ ਨਸ਼ੀਲੇ ਪਦਾਰਥਾਂ ਅਤੇ ਨਾਜਾਇਜ਼ ਅਸਲੇ ਸਮੇਤ ਕਈ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਨ ਵਿੱਚ ਸਫ਼ਲਤਾ ਹਾਸਿਲ ਕੀਤੀ ਹੈ। ਥਾਣਾ ਮੁਖੀ ਨੇ ਦੱਸਿਆ ਕਿ ਦੱਸਿਆ ਕਿ ਪੁਲਿਸ ਟੀਮਾਂ ਨੇ ਗਸ਼ਤ ਦੌਰਾਨ ਰੁਬੀ ਖਾਤੂਨ ਪਤਨੀ ਸਵਾਰ ਸ਼ਾਹ, ਵਾਸੀ ਪਿੰਡ ਵੈਣ ਪੋਏ, ਜ਼ਿਲ੍ਹਾ ਤਰਨਤਾਰਨ (ਹਾਲ ਵਾਸੀ ਨੰਗਲ ਬਾਗਾਬਾਨਾ, ਥਾਣਾ ਕਾਦੀਆਂ) , ਦੇਵਾ ਪੁੱਤਰ ਬਲਵਿੰਦਰ ਕੁਮਾਰ (ਵਾਸੀ ਬਾਲਮੀਕਿ ਮੁਹੱਲਾ ਕਾਦੀਆਂ, ਗੁਰਦਾਸਪੁਰ), ਗੁਰਪ੍ਰੀਤ ਸਿੰਘ ਪੁੱਤਰ ਦਿਲਬਾਗ ਸਿੰਘ (ਵਾਸੀ ਭੁੱਟਣ ਪੁਰਾ ਮਜੀਠਾ ਰੋਡ ਅੰਮ੍ਰਿਤਸਰ, ਹਾਲ ਵਾਸੀ ਪਿੰਡ ਲੀਲ ਕਲਾਂ, ਥਾਣਾ ਕਾਦੀਆਂ) ਅਤੇ ਅੰਸ਼ਦੀਪ ਸਿੰਘ ਪੁੱਤਰ ਲਖਵਿੰਦਰ ਸਿੰਘ (ਵਾਸੀ ਪਿੰਡ ਧੱਪਈ, ਥਾਣਾ ਸ੍ਰੀ ਹਰਗੋਬਿੰਦਪੁਰ) , ਅਮਰਬੀਰ ਸਿੰਘ ਉਰਫ਼ ਅਮਰ ਪੁੱਤਰ ਧਨਵੰਤ ਸਿੰਘ (ਵਾਸੀ ਵਰੀਆਹ, ਥਾਣਾ ਸ੍ਰੀ ਹਰਗੋਬਿੰਦਪੁਰ) , ਦਿਲਪ੍ਰੀਤ ਸਿੰਘ ਉਰਫ਼ ਸ਼ੈਲੀ ਪੁੱਤਰ ਦਲਜੀਤ ਸਿੰਘ (ਵਾਸੀ ਧਰਮਪੁਰਾ ਮੁਹੱਲਾ ਕਾਦੀਆਂ) ,ਸਈਅਦ ਕਾਮਰਾਨ ਪੁੱਤਰ ਸਾਇਦ ਵਾਸੀਮ (ਵਾਸੀ ਅਹਿਮਦੀਆਂ ਮੁਹੱਲਾ ਕਾਦੀਆਂ) ਨੂੰ ਗ੍ਰਿਫਤਾਰ ਕੀਤਾ ਹੈ ।

ਇਨ੍ਹਾਂ ਸਾਰਿਆਂ ਖ਼ਿਲਾਫ਼ ਥਾਣਾ ਕਾਦੀਆਂ ਵਿਖੇ ਐੱਨ.ਡੀ.ਪੀ.ਐੱਸ. ਐਕਟ ਅਤੇ ਆਰਮਜ਼ ਐਕਟ ਤਹਿਤ ਮਾਮਲੇ ਦਰਜ ਕੀਤੇ ਗਏ ਹਨ।



# ਚੇਅਰਮੈਨ ਡਾ. ਜਵੰਧਾ ਵੱਲੋਂ ਫਤਿਹਗੜ੍ਹ, ਭਾਦਸੋਂ ਦਾ ਦੌਰਾ

*** ਪਿੰਡ ਦੇ ਵਿਕਾਸ ਮਸਲਿਆਂ 'ਤੇ ਕੀਤੀ ਸਾਰਥਕ ਚਰਚਾ**

**ਭਵਾਨੀਗੜ੍ਹ (ਰਾਜ ਖੁਰਮੀ)** ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਵੱਲੋਂ ਪਿੰਡਾਂ ਦੇ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕਰਦਿਆਂ ਪਿੰਡ ਫਤਿਹਗੜ੍ਹ ਭਾਦਸੋਂ ਦਾ ਦੌਰਾ ਕੀਤਾ ਗਿਆ।ਇਸ ਦੌਰਾਨ ਉਹ ਸਰਪੰਚ ਬਿੱਕਰ ਸਿੰਘ ਦੇ ਗ੍ਰਹਿ ਵਿਖੇ ਪਹੁੰਚੇ, ਜਿੱਥੇ ਗ੍ਰਾਮ ਪੰਚਾਇਤ, ਸਥਾਨਕ ਆਗੂਆਂ ਤੇ ਪਿੰਡ ਦੇ ਮੋਹਤਬਰਾਂ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਸਰਪੰਚ ਬਿੱਕਰ ਸਿੰਘ ਦੇ ਨਿਵਾਸ 'ਤੇ ਚਾਹ ਦੇ ਕੱਪ ਨਾਲ ਹੋਈ ਵਿਸ਼ੇਸ਼ ਬੈਠਕ ਦੌਰਾਨ ਪਿੰਡ ਦੇ ਵਿਕਾਸ ਨਾਲ ਸਬੰਧਤ ਵੱਖ-ਵੱਖ ਮੁੱਦਿਆਂ 'ਤੇ ਖੁੱਲ੍ਹ ਕੇ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਪਿੰਡ ਦੇ ਬੁਨਿਆਦੀ ਢਾਂਚੇ, ਚੱਲ ਰਹੇ ਵਿਕਾਸ ਕਾਰਜਾਂ ਤੇ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਬਾਰੇ ਵਿਸਥਾਰ ਨਾਲ ਚਰਚਾ ਹੋਈ।ਡਾ. ਜਵੰਧਾ ਨੇ ਪਿੰਡ ਦੀ ਪੰਚਾਇਤ ਤੇ ਮੋਹਤਬਰਾਂ ਵੱਲੋਂ ਰੱਖੇ ਗਏ ਮਸਲਿਆਂ ਨੂੰ ਗੰਭੀਰਤਾ ਨਾਲ ਸੁਣਦਿਆਂ ਉਨ੍ਹਾਂ ਦੇ ਹੱਲ ਲਈ ਹਰ ਸੰਭਵ ਸਹਿਯੋਗ ਦਾ ਭਰੋਸਾ ਦਿੱਤਾ।ਇਸ ਮੌਕੇ ਡਾ. ਜਵੰਧਾ ਨੇ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੇ ਸਰਵਪੱਖੀ ਵਿਕਾਸ ਨੂੰ ਵਿਸ਼ੇਸ਼ ਤਰਜੀਹ ਦੇ ਰਹੀ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਵੱਲੋਂ ਪੇਂਡੂ ਖੇਤਰਾਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਸਿੱਖਿਆ ਤੇ ਖੇਡਾਂ ਦੇ ਖੇਤਰ ਵਿੱਚ ਵੀ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ।

ਡਾ. ਜਵੰਧਾ ਨੇ ਕਿਹਾ ਕਿ ਪਿੰਡਾਂ ਵਿੱਚ ਬਿਜਲੀ, ਪਾਣੀ, ਸੜਕਾਂ ਤੇ ਹੋਰ ਬੁਨਿਆਦੀ ਸਹੂਲਤਾਂ ਨੂੰ ਬਿਹਤਰ ਬਣਾਉਣ ਦੇ ਨਾਲ ਨੌਜਵਾਨਾਂ ਲਈ ਰੋਜ਼ਗਾਰ ਦੇ ਮੌਕੇ ਪੈਦਾ ਕਰਨ ਵੱਲ ਵੀ ਸਰਕਾਰ ਵੱਲੋਂ ਧਿਆਨ ਦਿੱਤਾ ਜਾ ਰਿਹਾ ਹੈ।ਇਸ ਮੌਕੇ ਡਾ. ਜਵੰਧਾ ਨੇ ਸਰਪੰਚ ਬਿੱਕਰ ਸਿੰਘ, ਸਮੂਹ ਗ੍ਰਾਮ ਪੰਚਾਇਤ ਤੇ ਪਿੰਡ ਵਾਸੀਆਂ ਵੱਲੋਂ ਦਿੱਤੇ ਪਿਆਰ, ਸਤਿਕਾਰ ਤੇ ਸਨੇਹ ਲਈ ਧੰਨਵਾਦ ਕਰਦਿਆਂ ਕਿਹਾ ਕਿ ਫਤਿਹਗੜ੍ਹ ਭਾਦਸੋਂ ਦੇ ਵਿਕਾਸ ਕਾਰਜਾਂ ਤੇ ਲੋਕਾਂ ਨਾਲ ਜੁੜੇ ਮਸਲਿਆਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਵਾਉਣ ਲਈ ਹਰ ਸੰਭਵ ਯਤਨ ਕੀਤਾ ਜਾਵੇਗਾ।ਇਸ ਮੌਕੇ ਪਿੰਡ ਦੇ ਪੰਚਾਇਤੀ ਨੁਮਾਇੰਦੇ, ਸਥਾਨਕ ਆਗੂ ਤੇ ਵੱਡੀ ਗਿਣਤੀ ਵਿੱਚ ਪਿੰਡ ਦੇ ਮੋਹਤਬਰ ਹਾਜ਼ਰ ਸਨ।



## 8 ਘੰਟੇ ਨਿਰਵਿਘਨ ਬਿਜਲੀ ਦਿੱਤੀ ਜਾਵੇ : ਧੂੰਦਾ

**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**- ਕੁੱਲ ਹਿੰਦ ਕਿਸਾਨ ਸਭਾ ਦੇ ਬਲਾਕ ਪ੍ਰਧਾਨ ਕਾਮਰੇਡ ਬਲਦੇਵ ਸਿੰਘ ਧੂੰਦਾ ਨੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਖੇਤੀ ਫੀਡਰਾਂ ਨੂੰ ਬਿਜਲੀ ਦੀ ਸਪਲਾਈ ਕੇਵਲ 6 ਘੰਟੇ ਕੀਤੇ ਜਾਣ ਕਰਕੇ ਝੋਨੇ ਦੀ ਫ਼ਸਲ ਦਾ ਨੁਕਸਾਨ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਝੋਨੇ ਦੇ ਦਾਣੇ ਹੁਣ ਦਿੱਤੇ ਪਾਣੀ ਕਰਕੇ ਪੂਰੇ ਬਣਨੇ ਹਨ ਪ੍ਰੰਤੂ ਇਸ ਮੌਕੇ ਬਿਜਲੀ ਸਪਲਾਈ ਘੱਟ ਕਰਨਾ ਸਰਕਾਰ ਦੇ ਦਾਅਵਿਆਂ ਦੀ ਫੂਕ ਕੱਢ ਰਿਹਾ ਹੈ। ਕਾਮਰੇਡ ਧੂੰਦਾ ਨੇ ਕਿਹਾ ਕਿ ਮਾਝੇ ਦੇ ਜ਼ਿਲ੍ਹਾ ਤਰਨ ਤਰਨ ਵਿਚ ਇਸ ਵਾਰ ਦੇ ਝੋਨੇ ਦੇ ਸੀਜ਼ਨ ਵਿਚ ਬਿਜਲੀ ਦੀ ਮਾੜੀ ਸਪਲਾਈ ਕਰਕੇ ਕਿਸਾਨਾਂ ਨੂੰ ਬਿਜਲੀ ਦਫ਼ਤਰਾਂ ਅੱਗੇ ਧਰਨੇ ਤੱਕ ਵੀ ਦੇਣੇ ਪਏ ਸਨ ਜਦ ਕਿ ਮਾਨ ਸਰਕਾਰ ਵਲੋਂ ਸਿਰਫ ਬਿਆਨਬਾਜ਼ੀ ਕਰਕੇ ਹੀ ਡੰਗ ਟਪਾਇਆ ਗਿਆ ਹੈ। ਕਾਮਰੇਡ ਧੂੰਦਾ ਨੇ ਨਿਰਵਿਘਨ 8 ਘੰਟੇ ਬਿਜਲੀ ਦੇਣ ਦੀ ਮੰਗ ਕੀਤੀ ਹੈ।



## ਰਾਜਵਿੰਦਰ ਕੌਰ ਵੱਲੋਂ ਸ਼ੀਤਲ ਅੰਗੂਰਾਲ ਨੂੰ ਵਧਾਈ

**ਛੇਹਰਟਾ/ਖਾਸਾ (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)** : ਭਾਰਤੀ ਜਨਤਾ ਪਾਰਟੀ (ਭਾਜਪਾ) ਪੰਜਾਬ ਵੱਲੋਂ ਸ਼ੀਤਲ ਅੰਗੁਰਾਲ ਨੂੰ ਐੱਸ.ਸੀ. ਮੋਰਚਾ, ਭਾਜਪਾ ਪੰਜਾਬ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਉਨ੍ਹਾਂ ਨੂੰ ਇਹ ਜ਼ਿੰਮੇਵਾਰੀ ਚੰਡੀਗੜ੍ਹ ਵਿਚ ਹੋਏ ਵਿਸ਼ੇਸ਼ ਸਮਾਗਮ ਦੌਰਾਨ ਸੌਂਪੀ ਗਈ। ਸਮਾਗਮ ਵਿਚ ਐੱਸ.ਸੀ. ਮੋਰਚਾ ਦੀ ਸਕੱਤਰ ਰਾਜਵਿੰਦਰ ਕੌਰ ਸਮੇਤ ਵੱਡੀ ਗਿਣਤੀ ਵਿਚ ਭਾਜਪਾ ਵਰਕਰਾਂ ਤੇ ਸਮਰਥਕਾਂ ਨੇ ਸ਼ਿਰਕਤ ਕੀਤੀ। ਇਸ ਮੌਕੇ ਰਾਜਵਿੰਦਰ ਕੌਰ ਨੇ ਅੰਗੁਰਾਲ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਦੀ ਅਗਵਾਈ ਹੇਠ ਐੱਸ.ਸੀ. ਮੋਰਚਾ ਸਮਾਜ ਦੇ ਦੱਬੇ-ਕੁਚਲੇ ਵਰਗਾਂ ਤਕ ਭਾਜਪਾ ਦੀ ਕੇਂਦਰ ਸਰਕਾਰਾਂ ਵੱਲੋਂ ਚਲਾਈਆਂ ਜਾ ਰਹੀਆਂ ਭਲਾਈ ਸਕੀਮਾਂ ਦਾ ਸੁਨੇਹਾ ਹੋਰ ਮਜ਼ਬੂਤੀ ਨਾਲ ਪਹੁੰਚਾਏਗਾ। ਆਪਣੀ ਨਿਯੁਕਤੀ ਮਗਰੋਂ ਸ਼ੀਤਲ ਅੰਗੁਰਾਲ ਨੇ ਪਾਰਟੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪੂਰੀ ਲਗਨ ਤੇ ਮਿਹਨਤ ਨਾਲ ਪੰਜਾਬ ਦੇ ਅਨੁਸੂਚਿਤ ਜਾਤੀ ਵਰਗ ਦੇ ਹਿੱਤਾਂ ਲਈ ਕੰਮ ਕਰਨਗੇ।



## ਮਜੀਠੀਆ ਆਪਣਾ ਚਾਅ ਧੂਰੀ 'ਚ ਪੂਰਾ ਕਰ ਲਵੇ : ਆਗੂ

**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)** : ਹਲਕਾ ਮਜੀਠਾ 'ਚ ਪੈਂਦੇ ਪਿੰਡ ਚਵਿੰਡਾ ਦੇਵੀ ਤੋਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ-ਸਾਬਕਾ ਸਰਪੰਚ ਸਵਰਨਜੀਤ ਸਿੰਘ ਚਵਿੰਡਾ ਦੇਵੀ ਨੇ ਬਿਕਰਮ ਸਿੰਘ ਮਜੀਠੀਆ 'ਤੇ ਤਿੱਖਾ ਸਿਆਸੀ ਨਿਸ਼ਾਨਾ ਸਾਧਦਿਆਂ ਕਿਹਾ ਕਿ ਜੇਕਰ ਮਜੀਠੀਆ ਨੂੰ ਮੁੱਖ ਮੰਤਰੀ ਭਗਵੰਤ ਮਾਨ ਨਾਲ ਮੁਕਾਬਲੇ ਦਾ ਇੰਨਾ ਹੀ ਚਾਅ ਹੈ ਤਾਂ ਉਹ ਧੂਰੀ ਤੋਂ ਚੋਣ ਮੈਦਾਨ ਵਿੱਚ ਉਤਰ ਕੇ ਆਪਣੀ ਸਿਆਸੀ ਤਾਕਤ ਪਰਖ ਲੈਣ। ਉਨ੍ਹਾਂ ਕਿਹਾ ਕਿ ਮਜੀਠਾ ਦੇ ਲੋਕ ਹੁਣ ਮਜੀਠੀਆ ਦੀ ਰਾਜਨੀਤੀ ਅਤੇ ਸਿਆਸੀ ਪੈਂਤਰਿਆਂ ਨੂੰ ਚੰਗੀ ਤਰ੍ਹਾਂ ਸਮਝ ਚੁੱਕੇ ਹਨ। ਉਨ੍ਹਾਂ ਕਿਹਾ ਕਿ ਮਜੀਠਾ ਵਿੱਚ ਹੁਣ ਖੋਖਲੇ ਬਿਆਨਾਂ ਦੀ ਨਹੀਂ, ਜ਼ਮੀਨ 'ਤੇ ਦਿਖਾਈ ਦੇ ਰਹੇ ਕੰਮਾਂ ਦੀ ਗੱਲ ਹੁੰਦੀ ਹੈ। ਲੋਕ ਆਪਣੇ ਇਲਾਕੇ ਵਿੱਚ ਹੋ ਰਹੇ ਵਿਕਾਸ ਕਾਰਜਾਂ ਨੂੰ ਆਪਣੀਆਂ ਅੱਖਾਂ ਨਾਲ ਦੇਖ ਰਹੇ ਹਨ ਅਤੇ ਇਸੇ ਕਰਕੇ ਉਨ੍ਹਾਂ ਦਾ ਝੁਕਾਅ ਕੰਮ ਦੀ ਰਾਜਨੀਤੀ ਵੱਲ ਵਧ ਰਿਹਾ ਹੈ।



# ਵਿਕਾਸ ਦੀ ਰਫ਼ਤਾਰ ਪਹਿਲਾਂ ਨਾਲੋਂ ਵੀ ਤੇਜ਼ ਹੋਵੇਗੀ : ਬਹਿਲ



**ਗੁਰਦਾਸਪੁਰ (ਜਨਕ ਮਹਾਜਨ)** ਵਿਧਾਨ ਸਭਾ ਹਲਕਾ ਗੁਰਦਾਸਪੁਰ ਦੇ ਹਲਕਾ ਇੰਚਾਰਜ ਰਮਨ ਬਹਿਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਵਿਧਾਨ ਸਭਾ ਹਲਕਾ ਗੁਰਦਾਸਪੁਰ ਵਿੱਚ ਵਿਕਾਸ ਦੀ ਰਫ਼ਤਾਰ ਨਾ ਪਹਿਲਾਂ ਰੁਕੀ ਹੈ ਅਤੇ ਨਾ ਹੀ ਉਹ ਇਸ ਨੂੰ ਰੁਕਣ ਦੇਣਗੇ।ਉਨ੍ਹਾਂ ਕਿਹਾ ਕਿ ਪਿਛਲੇ ਕਈ ਸਾਲਾਂ ਤੋਂ ਵਿਕਾਸ ਦੇ ਪੱਖੋਂ ਪਿੱਛੇ ਰਹਿ ਗਏ ਗੁਰਦਾਸਪੁਰ ਹਲਕੇ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਬਾਅਦ ਸਰਬਪੱਖੀ ਵਿਕਾਸ ਦੇ ਕੰਮ ਤੇਜ਼ੀ ਨਾਲ ਹੋ ਰਹੇ ਹਨ।ਰਮਨ ਬਹਿਲ ਨੇ ਦੱਸਿਆ ਕਿ ਉਨ੍ਹਾਂ ਦੇ ਲਾਇਬ੍ਰੇਰੀ ਰੋਡ, ਗੁਰਦਾਸਪੁਰ ਸਥਿਤ ਦਫ਼ਤਰ ਵਿਖੇ ਪ੍ਰਭਾਵਿਤ ਪਰਵਾਰਾਂ ਨੂੰ 35-35 ਹਜ਼ਾਰ ਰੁਪਏ ਦੇ ਚੈੱਕ ਵੰਡੇ ਗਏ। ਉਨ੍ਹਾਂ ਕਿਹਾ ਕਿ ਇਹ ਰਾਸ਼ੀ ਭਾਵੇਂ ਬਹੁਤ ਵੱਡੀ ਨਹੀਂ ਹੈ, ਪਰ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ ਲਈ ਆਪਣੇ ਘਰਾਂ ਦੀ ਮੁਰੰਮਤ ਕਰਵਾਉਣ ਵਿੱਚ ਇਹ ਸਹਾਇਤਾ ਜ਼ਰੂਰ ਸਹਾਈ ਹੋਵੇਗੀ।ਰਮਨ ਬਹਿਲ ਨੇ ਕਿਹਾ ਕਿ ਇਹ ਪਹਿਲੀ ਸਰਕਾਰ ਹੈ ਜਿਸ ਦੀ ਕਥਨੀ ਅਤੇ ਕਰਨੀ ਵਿੱਚ ਕੋਈ ਫ਼ਰਕ ਨਹੀਂ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਆਮ ਲੋਕਾਂ ਦੀ ਸਰਕਾਰ ਹੈ ਅਤੇ ਲੋਕਾਂ ਦੇ ਹਿੱਤਾਂ ਨੂੰ ਸਭ ਤੋਂ ਉੱਪਰ ਰੱਖ ਕੇ ਕੰਮ ਕਰ ਰਹੀ ਹੈ।

# ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਮੌਕੇ ਵਿਸ਼ਾਲ ਸ਼ੋਭਾ ਯਾਤਰਾ ਸਜਾਈ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਬੱਡਲਾ ਸ੍ਰੀ ਰਾਧਾ ਕ੍ਰਿਸ਼ਨ ਮੰਦਰ ਕੁਟੀਆ ਵਿਖੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਮਹਾਂਉਤਸਵ ਮੌਕੇ ਵਿਸ਼ਾਲ ਸ਼ੋਭਾ ਯਾਤਰਾ ਅਤੇ ਧਾਰਮਿਕ ਸਮਾਗਮ ਮੰਦਰ ਦੇ ਮੁੱਖ ਸੇਵਾਦਾਰ ਮਹੰਤ ਜਗਦੀਸ਼ ਦਾਸ ਬੱਡਲਾ ਦੀ ਅਗਵਾਈ ਹੇਠ ਵਿਸ਼ਾਲ ਸ਼ੋਭਾ ਯਾਤਰਾ ਸਜਾਈ ਗਈ। ਇਸ ਮੌਕੇ ਮੰਦਰ ਦੇ ਮੁੱਖ ਸੇਵਾਦਾਰ ਮਹੰਤ ਜਗਦੀਸ਼ ਦਾਸ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਝੰਡੇ ਦੀ ਰਸਮ ਸੰਗਤਾਂ ਵੱਲੋਂ ਅਦਾ ਕੀਤੀ ਗਈ। ਉਨ੍ਹਾਂ ਦੱਸਿਆ ਕਿ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਵਿਸ਼ਾਲ ਸ਼ੋਭਾ ਯਾਤਰਾ ਸਜਾਈ ਗਈ। ਇਹ ਵਿਸ਼ਾਲ ਸ਼ੋਭਾ ਸ੍ਰੀ ਰਾਧਾ ਕ੍ਰਿਸ਼ਨ ਮੰਦਰ ਕੁਟੀਆ ਤੋਂ ਆਰੰਭ ਹੋ ਕੇ ਪਿੰਡ ਬੱਡਲਾ ਅਤੇ ਬੱਡਲਾ ਖੁਰਦ ਤੋਂ ਹੁੰਦੀ ਹੋਈ ਸ਼ਾਮ ਨੂੰ ਸਮਾਪਤੀ ਹੋਈ। ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਮਹਾਂਉਤਸਵ ਮੌਕੇ ਵਿਸ਼ਾਲ ਸ਼ੋਭਾ ਯਾਤਰਾ ਦੌਰਾਨ ਵੱਖ ਵੱਖ ਮੁਹੱਲਿਆਂ ਵਿੱਚ ਸੰਗਤਾਂ ਵੱਲੋਂ ਸ਼ਾਨਦਾਰ ਸਵਾਗਤ ਕੀਤਾ ਗਿਆ ਅਤੇ ਵੱਖ ਵੱਖ ਪ੍ਰਕਾਰ ਦੇ ਲੰਗਰ ਲਗਾਏ ਗਏ। ਇਸ ਮੌਕੇ ਵਿਸ਼ਾਲ ਸ਼ੋਭਾ ਯਾਤਰਾ ਮੌਕੇ ਮਹੰਤ ਜਗਦੀਸ਼ ਦਾਸ ਬੱਡਲਾ ਨੇ ਪ੍ਰਮੁੱਖ ਸਕੱਤਰ ਅਤੇ ਸਹਿਯੋਗੀਆਂ ਨੂੰ ਸਿਰਪਾਓ ਦੇ ਕੇ ਸਨਮਾਨਤ ਕੀਤਾ ਗਿਆ। ਸ਼ੋਭਾ ਯਾਤਰਾ ਦੌਰਾਨ ਮੰਦਰ ਦੇ ਮੁੱਖ ਸੇਵਾਦਾਰ ਮਹੰਤ ਜਗਦੀਸ਼ ਦਾਸ ਬੱਡਲਾ, ਸਰਪੰਚ ਕਮਲੇਸ਼ ਰਾਣੀ ਬੱਡਲਾ, ਡਾਕਟਰ ਰੋਸ਼ਨ ਬੱਡਲਾ, ਡਾਕਟਰ ਗੌਰਵ ਕੁਮਾਰ ਬੱਡਲਾ, ਪਵਨ ਕੁਮਾਰ ਖੀਬਾ ਨਕੋਦਰ, ਨਗਿੰਦਰ ਪ੍ਰਸਾਦਿ, ਮੋਹਿਤ ਗੜਸ਼ੰਕਰ, ਕਮਲ ਗੋਰਵ ਅਜੋਲਾ, ਦੀਪਕ ਕੁਮਾਰ, ਸੁਲੀਨ ਭਾਰਗਵ, ਬਲਦੇਵ ਰਾਜ, ਸੁਸ਼ਮਾ ਰਾਣੀ, ਪੰਡਤ ਬਲਦੇਵ ਰਾਜ ਭੱਜਲ ਗੜਸ਼ੰਕਰ, ਸੁਕਾਨ, ਚਮਨ ਲਾਲ, ਸਾਧਵੀ, ਕਿਰਨ, ਪੂਨਮ ਰਾਣੀ, ਜਸਕੀਰਤ ਸਿੰਘ, ਸੁਮਨ ਲਾਤਾ, ਸਰਬਜੋਤ ਸਿੰਘ, ਰਤਨਾ ਰਾਣੀ, ਗੀਤਾਂ ਰਾਣੀ, ਰੇਖਾ ਰਾਣੀ, ਕੋਲੂ, ਰੱਬ ਜੀ, ਸੋਢੀ, ਬਿੱਟੂ ਰਾਮ, ਚਰਨਜੀਤ ਸਿੰਘ, ਕਰਨਦੀਪ ਸਿੰਘ ਆਦਿ ਹਾਜ਼ਰ ਸਨ।



# ਕ੍ਰਿਸ਼ਨ ਜਨਮ ਅਸ਼ਟਮੀ ਉਤਸ਼ਾਹ ਨਾਲ ਮਨਾਈ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)** ਸਥਾਨਕ ਕਸਬੇ ਦੇ ਵੱਖ-ਵੱਖ ਮੰਦਰਾਂ ਵਿੱਚ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਪਵਿੱਤਰ ਦਿਹਾੜਾ ਉਤਸ਼ਾਹ ਨਾਲ ਮਨਾਇਆ ਗਿਆ। ਇਸ ਤਹਿਤ ਬੀਤੀ ਰਾਤ ਬਜ਼ਾਰ ਜੋੜੀਆਂ ਵਾਲਾ ਸਥਿਤ ਪੁਰਾਤਨ ਦੁਰਗਾ ਮਾਤਾ ਤੇ ਮੰਦਰ ਸ੍ਰੀ ਬਾਵਾ ਲਾਲ ਦਿਆਲ, ਸ੍ਰੀ ਰਾਧੇ ਕ੍ਰਿਸ਼ਨਾ ਮੰਦਿਰ ਭੰਡੋਆਂ, ਸ੍ਰੀ ਰਾਮ ਮੰਦਰ ਬਜ਼ਾਰ ਉਦੋਂ ਚੰਦ ਵਿਖੇ ਮੰਦਰਾਂ ਦੀਆ ਪ੍ਰਬੰਧਕ ਕਮੇਟੀਆਂ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਹਰ ਸਾਲ ਦੀ ਤਰਾ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਈ ਗਈ। ਪ੍ਰਬੰਧਕਾਂ ਵੱਲੋਂ ਸ੍ਰੀ ਕ੍ਰਿਸ਼ਨ ਜੀ ਦੀ ਸੁੰਦਰ ਮੂਰਤੀ ਨੂੰ ਫੁੱਲਾਂ ਨਾਲ ਸੱਜੀ ਪਾਲਕੀ ਵਿੱਚ ਬਿਰਾਜਮਾਨ ਕਰਕੇ ਸੰਗਤਾਂ ਨੂੰ ਦਰਸ਼ਨ ਦੀਦਾਰੇ ਕਰਵਾਏ ਗਏ।ਇਸ ਮੌਕੇ ਪੰਡਤ ਸੁਰੇਸ਼ ਪਿਚੋਰੀ, ਮਹਿੰਗਾ ਰਾਮ ਗਰੀਬ, ਹੀਰਾ ਲਾਲ ਜੰਡਿਆਲ, ਈਸ਼ਵਰ ਪ੍ਰਸ਼ਾਦ ਗੁਪਤਾ, ਵਿਜੇ ਕੁਮਾਰ ਵਿੱਗ, ਐਸ ਐਸ ਖੰਨਾ, ਰਾਮ ਲੁਭਾਇਆ ਸ਼ਰਮਾ, ਜਨਕ ਰਾਜ ਮਹਾਜਨ, ਰਾਜ ਕੁਮਾਰ, ਡਾਕਟਰ ਦਵਿੰਦਰ ਕੁਮਾਰ ਸੁਵਾਮੀ, ਰੋਹਿਤ ਕੁਮਾਰ, ਨਰਿੰਦਰ ਕੁਮਾਰ, ਬਾਊ ਰਾਮ, ਜੋਗਿੰਦਰਪਾਲ, ਬਾਲ ਕ੍ਰਿਸ਼ਨ ਗੋਗਾ, ਅੰਗਰੇਜ਼ ਸਿੰਘ, ਹੈਪੀ ਬੇਦੀ, ਪਵਨ ਕੁਮਾਰ ਪੰਮਾ, ਪੰਡਤ ਸੱਤਪਾਲ, ਦਵਿੰਦਰ ਸਵਾਮੀ, ਜੇ ਈ ਚੰਦਰ ਮੋਹਨ ਮਹਾਜਨ, ਪ੍ਰਵੀਨ ਮਹਾਜਨ, ਵਿਜੇ ਕੁਮਾਰ ਸ਼ਰਮਾਂ, ਅਸ਼ਵਨੀ ਕੁਮਾਰ ਬਿੱਟੂ, ਸਮੀਰ ਸ਼ਰਮਾ, ਰਾਮ ਜੀ ਸ਼ਰਮਾ, ਰਾਜਨ ਡੋਗਰਾ, ਸਤੀਸ਼ ਕੁਮਾਰ ਸ਼ਰਮਾ, ਬਾਬਾ ਹਰਜੀਤ ਸਿੰਘ ਪਾਂਡੀ, ਮਾਤਾ ਕੇਸਰ ਦੇਵੀ, ਮਾਤਾ ਮਾਇਆ ਦੇਵੀ, ਵਿਜੇ ਵਿੱਗ ਤੋਂ ਇਲਾਵਾ ਸੰਗਤਾਂ ਵੱਡੀ ਗਿਣਤੀ 'ਚ ਹਾਜ਼ਰ ਸਨ।



## ਦਿਨੇਸ਼ ਬੱਸੀ ਨੇ ਸ਼ਰਧਾਲੂਆਂ ਨਾਲ ਮਨਾਈ ਜਨਮ ਅਸ਼ਟਮੀ

**ਛੇਹਰਟਾ, (ਮਨੋਜ ਕੁਮਾਰ)** : ਇੰਪਰੂਵਮੈਂਟ ਟਰੱਸਟ ਦੇ ਸਾਬਕਾ ਚੇਅਰਮੈਨ ਤੇ ਸੀਨੀਅਰ ਕਾਂਗਰਸੀ ਆਗੂ ਦਿਨੇਸ਼ ਬੱਸੀ ਨੇ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਪਾਵਨ ਤਿਉਹਾਰ ਹਲਕਾ ਪੂਰਬੀ ਦੇ ਸ਼ਰਧਾਲੂਆਂ ਨਾਲ ਮਿਲ ਕੇ ਵੱਖ-ਵੱਖ ਮੰਦਰਾਂ ਵਿਚ ਮਨਾਇਆ। ਇਸ ਦੌਰਾਨ ਉਨ੍ਹਾਂ ਨੇ ਮੰਦਰਾਂ ਵਿਚ ਭਗਵਾਨ ਸ੍ਰੀ ਕ੍ਰਿਸ਼ਨ ਜੀ ਦੇ ਚਰਨਾਂ ਵਿਚ ਮੱਥਾ ਟੇਕਿਆ ਅਤੇ ਇਲਾਕੇ ਦੀ ਸੁੱਖ-ਸ਼ਾਂਤੀ ਤੇ ਖੁਸ਼ਹਾਲੀ ਲਈ ਅਰਦਾਸ ਕੀਤੀ। ਦਿਨੇਸ਼ ਬੱਸੀ ਵੱਖ-ਵੱਖ ਧਾਰਮਿਕ ਸਮਾਗਮਾਂ ਵਿਚ ਸ਼ਾਮਲ ਹੋਏ ਤੇ ਸ਼ਰਧਾਲੂਆਂ ਨੂੰ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੀਆਂ ਵਧਾਈਆਂ ਦਿੱਤੀਆਂ। ਉਨ੍ਹਾਂ ਕਿਹਾ ਕਿ ਭਗਵਾਨ ਸ੍ਰੀ ਕ੍ਰਿਸ਼ਨ ਜੀ ਦਾ ਜੀਵਨ ਸਾਨੂੰ ਸੱਚ, ਧਰਮ ਤੇ ਨਿਆਂ ਦੇ ਰਾਹ 'ਤੇ ਚੱਲਣ ਦੀ ਪ੍ਰੇਰਨਾ ਦਿੰਦਾ ਹੈ। ਉਨ੍ਹਾਂ ਦੇ ਸੰਦੇਸ਼ ਅੱਜ ਵੀ ਸਮਾਜ ਨੂੰ ਸਹੀ ਦਿਸ਼ਾ ਦੇਣ ਦਾ ਕੰਮ ਕਰ ਰਹੇ ਹਨ ਇਸ ਮੌਕੇ ਉਨ੍ਹਾਂ ਨਾਲ ਵੰਸ਼ ਬੱਸੀ, ਹਲਕਾ ਪੂਰਬੀ ਦੇ ਯੂਥ ਕਾਂਗਰਸ ਪ੍ਰਧਾਨ ਯੁਵਰਾਜ ਮਜੀਠੀਆ, ਕਿਸਾਨ ਸੈੱਲ ਦੇ ਪ੍ਰਧਾਨ ਜਤਿੰਦਰ ਰਾਣਾ ਸਮੇਤ ਹੋਰ ਆਗੂ ਤੇ ਵਰਕਰ ਵੀ ਹਾਜ਼ਰ ਸਨ।



## ਅਧਿਆਪਕ ਦਿਵਸ ਮਨਾਇਆ

**ਪੱਟੀ (ਬਲਦੇਵ ਸਿੰਘ ਸੰਧੂ ਕਿਰਤੋਵਾਲ)**- ਐੱਸ ਬੀ ਐੱਸ ਕਾਲਜ ਆਫ ਫਾਰਮੇਸੀ, ਪੱਟੀ ਵਿਖੇ ਅਧਿਆਪਕ ਦਿਵਸ ਮਨਾਇਆ ਗਿਆ।ਇਸ ਮੌਕੇ ਕਾਲਜ ਦੇ ਵਿਦਿਆਰਥੀਆਂ ਵੱਲੋਂ ਆਪਣੇ ਅਧਿਆਪਕਾਂ ਦੇ ਸਨਮਾਨ ਵਿੱਚ ਵਿਸ਼ੇਸ਼ ਸਮਾਗਮ ਕਰਵਾਇਆ ਗਿਆ।ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਨੇ ਅਧਿਆਪਕਾਂ ਪ੍ਰਤੀ ਆਪਣੇ ਸਤਿਕਾਰ ਅਤੇ ਧੰਨਵਾਦ ਦਾ ਪ੍ਰਗਟਾਵਾ ਕਰਦਿਆਂ ਭਾਸ਼ਣ ਪੇਸ਼ ਕੀਤੇ ਅਤੇ ਵੱਖ-ਵੱਖ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤੇ। ਵਿਦਿਆਰਥੀਆਂ ਨੇ ਆਪਣੇ ਗੁਰੂਜਨਾਂ ਦਾ ਸਨਮਾਨ ਕਰਦਿਆਂ ਉਨ੍ਹਾਂ ਦੇ ਮਾਰਗਦਰਸ਼ਨ ਅਤੇ ਸਹਿਯੋਗ ਲਈ ਧੰਨਵਾਦ ਕੀਤਾ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਨੇ ਸਮੂਹ ਅਧਿਆਪਕਾਂ ਨੂੰ ਅਧਿਆਪਕ ਦਿਵਸ ਦੀਆਂ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਅਧਿਆਪਕ ਸਮਾਜ ਅਤੇ ਦੇਸ਼ ਦੇ ਅਸਲ ਨਿਰਮਾਤਾ ਹਨ। ਪ੍ਰੋਗਰਾਮ ਦੇ ਅੰਤ ਵਿੱਚ ਵਿਦਿਆਰਥੀਆਂ ਅਤੇ ਸਟਾਫ ਮੈਂਬਰਾਂ ਨੇ ਇੱਕ-ਦੂਜੇ ਨੂੰ ਅਧਿਆਪਕ ਦਿਵਸ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ।ਇਸ ਮੌਕੇ ਕਾਲਜ ਦਾ ਸਮੂਹ ਸਟਾਫ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਸਨ।



# ਅਧਿਆਪਕ ਦਿਵਸ ਮਨਾਇਆ

**ਬਟਾਲਾ (ਡਾਕਟਰ ਮਲਵਿੰਦਰ ਸਿੰਘ)** ਆਰ ਡੀ ਖੋਸਲਾ ਡੀ.ਏ.ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ, ਬਟਾਲਾ ਵਿਖੇ ਅਧਿਆਪਕ ਦਿਵਸ ਬਹੁਤ ਉਤਸ਼ਾਹ ਅਤੇ ਮਾਣਮੱਤੇ ਮਾਹੌਲ ਵਿੱਚ ਮਨਾਇਆ ਗਿਆ। ਪ੍ਰੋਗਰਾਮ ਦਾ ਉਦਘਾਟਨ ਸਕੂਲ ਚੇਅਰਮੈਨ ਅਰਵਿੰਦ ਖੋਸਲਾ, ਪ੍ਰਿੰਸੀਪਲ, ਡਾ. ਬਿੰਦੂ ਭੱਲਾ ਅਤੇ ਪ੍ਰਬੰਧਕੀ ਕਮੇਟੀ ਦੇ ਮੈਂਬਰ ਸਰਦਾਰ ਭੂਪਿੰਦਰ ਸਿੰਘ, ਵਰਿੰਦਰ ਕਾਂਸਰਾ ਅਤੇ ਸ਼੍ਰੀਮਤੀ ਮਨੀਸ਼ਾ ਖੋਸਲਾ ਦੁਆਰਾ ਦੀਵਾ ਜਗ੍ਹਾ ਕੇ ਕੀਤਾ ਗਿਆ।ਪ੍ਰੋਗਰਾਮ ਦਾ ਉਦੇਸ਼ ਵਿਦਿਆਰਥੀਆਂ ਨੂੰ ਮਹਾਨ ਦਾਰਸ਼ਨਿਕ ਅਤੇ ਸਿੱਖਿਅਕ ਸਰਵਪੱਲੀ ਡਾ. ਰਾਧਾਕ੍ਰਿਸ਼ਨਨ ਨੂੰ ਯਾਦ ਕਰਨ। ਪ੍ਰੋਗਰਾਮ ਦੌਰਾਨ, ਵਿਦਿਆਰਥੀਆਂ ਨੇ ਸਵਰਗੀ ਸਕੂਲ ਚੇਅਰਮੈਨ, ਚਰਨਜੀਤ ਖੋਸਲਾ ਦੇ ਕੰਮ ਨੂੰ ਯਾਦ ਕੀਤਾ ਅਤੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ। [illegible] ਅਧਿਆਪਕ ਦੇ ਲਈ ਸਭ ਤੋਂ ਵੱਡਾ ਸਨਮਾਨ ਹੈ। ਸਕੂਲ ਚੇਅਰਮੈਨ ਅਰਵਿੰਦ ਖੋਸਲਾ ਨੇ ਸਾਰਿਆਂ ਨੂੰ ਅਧਿਆਪਕ ਦਿਵਸ ਦੀ ਹਾਰਦਿਕ ਵਧਾਈ ਦਿੰਦੇ ਹੋਏ ਕਿਹਾ ਕਿ ਅੱਜ ਅਸੀਂ ਸਕੂਲ ਦੇ ਸਾਬਕਾ ਚੇਅਰਮੈਨ ਚਰਨਜੀਤ ਖੋਸਲਾ ਦੇ ਬਹੁਤ ਧੰਨਵਾਦੀ ਹਾਂ। ਪ੍ਰੋਗਰਾਮ ਦੇ ਅੰਤ ਵਿੱਚ ਸਾਰੇ ਅਧਿਆਪਕਾਂ ਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ ਗਿਆ।



## ਕ੍ਰਿਸ਼ਨ ਜਨਮ ਅਸ਼ਟਮੀ ਦਾ ਤਿਉਹਾਰ ਮਨਾਇਆ



**ਅੰਮ੍ਰਿਤਸਰ (ਅਰੋੜਾ)**:- ਸ੍ਰੀ ਆਰਤੀ ਸ਼ਿਵ ਦੁਰਗਾ ਮੰਦਰ ਟਰੱਸਟ ਕਟੜਾ [illegible] ਐੱਮ.ਐੱਲ.ਏ ਡਾ. ਰਾਜ ਕੁਮਾਰ ਵੇਰਕਾ, ਕੌਂਸਲਰ ਸਤੀਸ਼ ਬੱਲੂ, ਕੌਂਸਲਰ ਰਮਨ ਰੰਮੀ, ਕੌਂਸਲਰ ਅਰਵੀਨ ਭਕਨਾ, ਮੇਅਰ ਮੋਤੀ ਲਾਲ ਭਾਟੀਆ।ਸਮਾਜ ਸੇਵਕ ਕਮਲ ਕੁਮਾਰ, ਆਮ ਆਦਮੀ ਪਾਰਟੀ ਦੇ ਸਾਰੇ ਮੈਂਬਰ ਕੌਂਸਲਰ ਅਰਵਿੰਦ ਕੁਮਾਰ, ਰਵਿੰਦਰ ਹੰਸ, ਕੁਮਾਰ ਅਮਿਤ, ਡਾ. ਸੁਸ਼ੀਲ ਦੇਵਗਨ, ਅਵਿਨਾਸ਼ ਸ਼ੈਲਾ, ਰਾਕੇਸ਼ ਕੁਮਾਰ ਰਿੰਕੂ ਵਾਲਮੀਕਿ, ਮਾਨਵ ਸੋਢੀ, ਮਾਂ ਚਿੰਤਪੂਰਣੀ ਸੇਵਕ ਸਭਾ, ਰਾਜਨ ਮਹਿਤਾ ਦੀ ਟੀਮ, ਬਾਬਾ ਭੋੜੇ ਵਾਲਾ ਰਾਮਲੀਲਾ ਕਮੇਟੀ ਦੇ ਸਾਰੇ ਮੈਂਬਰ ਪ੍ਰਧਾਨ ਸਮੀਰ ਸ਼ਰਮਾ, ਵਿਸ਼ਾਲ ਸ਼ਰਮਾ ਆਦਿ ਸਾਰੇ ਭਗਤ ਜਨ ਮੌਜੂਦ ਸਨ।

# ਹਰਬੰਸ ਲਾਲ ਨਮਿਤ ਸ਼ਰਧਾਂਜਲੀ ਸਮਾਗਮ

**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)** - ਕਸਬਾ ਫ਼ਤਿਹਾਬਾਦ ਦੇ ਸਰਗਰਮ ਆਗੂ ਹਰੀਸ਼ ਕੁਮਾਰ ਗੁੱਜਰ ਦੇ ਸਤਿਕਾਰਯੋਗ ਪਿਤਾ ਸ੍ਰੀ ਹਰਬੰਸ ਲਾਲ ਜੋ ਬੀਤੇ ਦਿਨੀ ਅਲਵਿਦਾ ਕਹਿ ਗਏ ਸਨ , [illegible] ਕਮੇਟੀ ਦੇ ਮੈਂਬਰ ਪ੍ਰਦੀਪ ਕੁਮਾਰ ਚੋਪੜਾ, ਸ਼੍ਰੋਮਣੀ ਅਕਾਲੀ ਦਲ ਦੇ ਮੀਤ ਪ੍ਰਧਾਨ ਸ੍ਰ ਕੁਲਦੀਪ ਸਿੰਘ ਔਲਖ,ਸੀਨੀਅਰ ਅਕਾਲੀ ਆਗੂ ਸ੍ਰ ਗੁਰਿੰਦਰ ਸਿੰਘ ਟੋਨੀ,ਆਪ ਆਗੂ ਭੁਪਿੰਦਰ ਸਿੰਘ ਬਿੱਟੂ ਸ਼ਾਮਿਲ ਸਨ । ਸਮਾਗਮ ਵਿਚ ਹੋਰਨਾਂ ਤੋਂ ਇਲਾਵਾ ਪੰਜਾਬ ਮੰਡੀ ਬੋਰਡ ਦੇ ਡਾਇਰੈਕਟਰ ਹਰਪ੍ਰੀਤ ਸਿੰਘ ਧੂੰਨਾ, ਸਾਬਕਾ ਸਰਪੰਚ ਭੁਪਿੰਦਰ ਸਿੰਘ ਭਿੰਡਾ,ਭਾਪਾ ਮੋਹਨ ਸਿੰਘ,ਕੁਲਦੀਪ ਸਿੰਘ ਕੰਬੋਜ ਕਿਸਾਨ ਆਗੂ,ਭਾਪਾ ਅਮਰ ਸਿੰਘ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਖਡੂਰ ਸਾਹਿਬ ਦੇ ਐਸ ਸੀ ਵਿੰਗ ਦੇ ਪ੍ਰਧਾਨ ਕਸ਼ਮੀਰ ਸਿੰਘ ਸਹੋਤਾ,ਸੀ ਪੀ ਆਈ ਦੇ [illegible] ਆਗੂ,ਜਸਬੀਰ ਸਿੰਘ ਸਾਬੀ ਪੰਚ, ਕੁਲਦੀਪ ਸਿੰਘ ਸਹੋਤਾ ਪੰਚ, ਪਰਮਜੀਤ ਸਿੰਘ ਦਿਓਲ ਪ੍ਰਧਾਨ, ਸੁਖਪਾਲ ਸਿੰਘ ਰਿਟਾਇਰਡ ਕਾਨੂੰਗੋ, ਸੁਖਵਿੰਦਰ ਸਿੰਘ ਸਹੋਤਾ,ਅਮਨ ਸੰਧੂ,ਸੰਦੀਪ ਸਿੰਘ ਸਾਬਕਾ ਸਰਪੰਚ ਫਤਿਹਾਬਾਦ, ਚਰਨਜੀਤ ਸਿੰਘ ਬਿੱਟੂ,ਹਰਜੀਤ ਸਿੰਘ ਪੈਲਸ ਵਾਲੇ,ਹਨੀ ਚੋਪੜਾ ਹਾਜ਼ਰ ਸਨ।



## ਕ੍ਰਿਸ਼ਨ ਜਨਮ ਅਸ਼ਟਮੀ ਮਨਾਈ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)** ਸ੍ਰੀ ਗੁਰੂ ਹਰਗੋਬਿੰਦ ਸੀਨੀਅਰ ਸੈਕੰਡਰੀ ਸਕੂਲ [illegible]

## ਸੇਵਾ ਕੇਂਦਰ ਯੂਨੀਅਨ ਪੰਜਾਬ ਵੱਲੋਂ ਸੂਬਾ ਪੱਧਰੀ ਧਰਨਾ 15 ਨੂੰ

**ਝਬਾਲ (ਹਰਜਿੰਦਰ ਸਿੰਘ ਸੋਨੀ)** [illegible] ਸਿੰਘ ਹਾਜ਼ਰ ਹੋਏ ਉਹਨਾਂ ਦੱਸਿਆ ਕੇ 15 ਸਤੰਬਰ ਨੂੰ ਪੰਜਾਬ ਭਰ ਦੇ ਸਮੂਹ ਸੇਵਾ ਕੇਂਦਰ ਰਹਿਣਗੇ ਮੁਕੰਮਲ ਤੌਰ 'ਤੇ ਬੰਦ ਅਤੇ ਕਿਰਤ ਵਿਭਾਗ ਮੋਹਾਲੀ ਸਾਹਮਣੇ ਸੂਬਾ ਪੱਧਰੀ ਧਰਨਾ ਦਿੱਤਾ ਜਾਵੇਗਾ।ਪੰਜਾਬ ਸੇਵਾ ਕੇਂਦਰ ਮੁਲਾਜ਼ਮ ਯੂਨੀਅਨ ਵੱਲੋਂ ਸਰਕਾਰ ਦੀ ਬੇਰੁਖ਼ੀ ਅਤੇ ਮੰਗਾਂ ਦਾ ਹੱਲ ਨਾ ਹੋਣ ਦੇ ਰੋਸ ਵਜੋਂ 15 ਸਤੰਬਰ 2026 ਨੂੰ ਪੂਰੇ ਪੰਜਾਬ ਦੇ ਸੇਵਾ ਕੇਂਦਰ ਮੁਕੰਮਲ ਤੌਰ 'ਤੇ ਬੰਦ ਰੱਖ ਕੇ ਫੇਸ-10, ਕਿਰਤ ਵਿਭਾਗ ਮੋਹਾਲੀ ਦੇ ਸਾਹਮਣੇ ਸੂਬਾ ਪੱਧਰੀ ਧਰਨਾ ਦੇਣ ਦਾ ਐਲਾਨ ਕੀਤਾ ਗਿਆ ਹੈ।ਯੂਨੀਅਨ ਦੇ ਨੁਮਾਇੰਦਿਆ ਨੇ ਦੱਸਦਿਆ ਕਿਹਾ ਕੇ ਅਸੀਂ ਸਰਕਾਰ ਨੂੰ ਤਿੱਖੇ ਐਕਸ਼ਨ ਦੀ ਚੇਤਾਵਨੀ ਦੇਂਦੇ ਹਾਂ, ਜੇਕਰ ਸਰਕਾਰ ਨੇ ਜਲਦ ਮੰਗਾਂ ਦਾ ਨਿਪਟਾਰਾ ਨਾ ਕੀਤਾ ਤਾਂ ਇਸ ਤੋਂ ਵੀ ਤਿੱਖੇ ਸੰਘਰਸ਼ੀ ਕਦਮ ਚੁੱਕੇ ਜਾਣਗੇ।



# ਕ੍ਰਿਸ਼ਨ ਜਨਮ ਅਸ਼ਟਮੀ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)** ਮੰਦਰ ਸ਼੍ਰੀ ਕਾਲੀ ਦੁਆਰਾ ਮੇਨ ਬਾਜ਼ਾਰ ਵਿਖੇ ਮੰਦਰ ਸ਼੍ਰੀ ਕਾਲੀ ਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ਼੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਪਵਿੱਤਰ ਤਿਉਹਾਰ ਕਮੇਟੀ ਦੇ ਪ੍ਰਧਾਨ ਪਵਨ ਕੁਮਾਰ ਭਾਟੀਆ ਦੀ ਅਗਵਾਈ ਹੇਠ ਬੜੀ ਧੂਮਧਾਮ ਅਤੇ ਸ਼ਰਧਾ ਨਾਲ ਮਨਾਇਆ ਗਿਆ।ਸਮਾਰੋਹ ਦੇ ਮੁਖ ਮਹਿਮਾਨ ਆਮ ਆਦਮੀ ਪਾਰਟੀ ਹਲਕਾ ਕਾਦੀਆਂ ਦੇ ਇੰਚਾਰਜ ਸਰਦਾਰ ਗੁਰਇਕਬਾਲ ਸਿੰਘ ਮਾਹਲ, ਨਗਰ ਕੌਂਸਲ ਕਾਦੀਆਂ ਦੇ ਪ੍ਰਧਾਨ ਸਰਬਜੀਤ ਸਿੰਘ ਮਾਹਲ ਵਿਸ਼ੇਸ਼ ਤੌਰ 'ਤੇ ਹਲਕਾ ਫਤਿਹਗੜ੍ਹ ਚੂੜੀਆਂ ਦੇ ਵਿਧਾਇਕ ਤ੍ਰਿਪਤ ਰਜਿੰਦਰ ਸਿੰਘ ਬਾਜਵਾ ਹਾਜ਼ਰ ਹੋਏ। ਸਮਾਗਮ ਦੌਰਾਨ ਪੂਰਾ ਮਾਹੌਲ ਭਗਤੀਮਈ ਹੋ ਗਿਆ ਅਤੇ ਸ਼ਰਧਾਲੂਆਂ ਵੱਲੋਂ ਸ਼੍ਰੀ ਕ੍ਰਿਸ਼ਨ ਜੀ ਦੇ ਜੈਕਾਰਿਆਂ ਨਾਲ ਪੰਡਾਲ ਗੂੰਜ ਉੱਠਿਆ।ਪ੍ਰਬੰਧਕ ਕਮੇਟੀ ਵੱਲੋਂ ਆਏ ਹੋਏ ਮੁਖ ਮਹਿਮਾਨਾਂ, ਸਮਾਜ ਸੇਵੀ ਸੰਸਥਾਵਾਂ ਦੇ ਅਹੁਦੇਦਾਰਾਂ, ਪੱਤਰਕਾਰਾਂ ਨੂੰ ਯਾਦਗਾਰੀ ਚਿੰਨ੍ਹ ਅਤੇ ਮੋਮੈਂਟੋ ਦੇ ਕੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਨਗਰ ਕੌਂਸਲ ਕਾਦੀਆਂ ਦੇ ਵਾਈਸ ਪ੍ਰਧਾਨ ਰਾਜ ਕੁਮਾਰ ਜੀਟਰ, ਭਾਰਤੀ ਜਨਤਾ ਪਾਰਟੀ ਮੰਡਲ ਕਾਦੀਆਂ ਦੇ ਪ੍ਰਧਾਨ ਸ਼੍ਰੀ ਗੁਲਸ਼ਨ ਵਰਮਾ, ਸਵਰਨਕਾਰ ਸੰਘ ਅਤੇ ਬਾਬਾ ਲੱਖ ਦਾਤਾ ਦਰਬਾਰ ਦੇ ਪ੍ਰਧਾਨ ਜੋਗਿੰਦਰਪਾਲ ਬਿੱਟੂ, ਪੀਰ ਨਿਗਾਹੇ ਕਮੇਟੀ ਦੇ ਪ੍ਰਧਾਨ ਬੋਬੀ, ਸੋਮ ਨਾਥ ਸ਼ਰਮਾਂ, ਨੀਰਜ ਸਰਾਫ, ਸੇਠ ਭੀਮ ਸੇਨ, ਸਰਕਾਰ ਪ੍ਰੇਮ ਸਿੰਘ ਘੁਮਣ, ਕਾਮਰੇਡ ਦਵਿੰਦਰ ਸ਼ਰਮਾਂ, ਕੌਂਸਲਰ ਲੱਕੀ, ਨਗਰ ਕੌਂਸਲ ਕਾਦੀਆਂ ਤੋਂ ਰਾਜਾ, ਤਿਲਕ ਰਾਜ ਮੁਨੀਮ, ਜਗੀਰ ਸਿੰਘ ਰੱਖਰਾ ਸਮੇਤ ਕਾਲੀ ਦੁਆਰਾ ਪ੍ਰਬੰਧਕ ਕਮੇਟੀ ਦੇ ਸਮੂਹ ਮੈਂਬਰਾਂ ਸਮੇਤ ਹਜਾਰਾਂ ਦੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।



# ਨਾਨਕ ਚੱਕ ਵਿਖੇ ਬਾਬਾ ਸ੍ਰੀ ਚੰਦ ਦਾ ਪ੍ਰਕਾਸ਼ ਦਿਹਾੜਾ ਮਨਾਇਆ ਜਾਵੇਗਾ : ਮਹੰਤ

**ਨਾਨਕਚੱਕ/ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**- ਸ੍ਰੀ ਗੁਰੂ ਨਾਨਕ ਦੇਵ ਦੇ ਵੱਡੇ ਸਪੁੱਤਰ ਸ੍ਰੀ ਚੰਦ ਮਹਾਰਾਜ ਦਾ 532ਵਾਂ ਪ੍ਰਕਾਸ਼ ਉਤਸਵ ਇਤਿਹਾਸਕ ਅਸਥਾਨ ਮੰਦਿਰ ਭਗਵਾਨ ਬਾਬਾ ਸ੍ਰੀ ਚੰਦ੍ ਜੀ ਨਾਨਕ ਚੱਕ ਨਜ਼ਦੀਕ ਅਲੀਵਾਲ ਜਿਲ੍ਹਾ ਗੁਰਦਾਸਪੁਰ ਵਿਖੇ ਬਹੁਤ ਹੀ ਸ਼ਰਧਾ ਭਾਵਨਾ ਨਾਲ ਮੌਜੂਦਾ ਗੱਦੀ ਨਸ਼ੀਨ ਮਹੰਤ ਹਰੀਕੁਭ ਦਾਸ ਉਦਾਸੀਨ ਅਤੇ ਸਮੂਹ ਸਾਧ ਸੰਗਤ ਤੇ ਸੇਵਾਦਾਰਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।ਇਸ ਸੰਬੰਧੀ ਮਹੰਤ ਨੇ ਦੱਸਿਆ ਕਿ 18 ਸਤੰਬਰ ਦਿਨ ਸ਼ੁਕਰਵਾਰ ਨੂੰ ਸਵੇਰੇ ਦਸ ਵਜੇ ਸ੍ਰੀ ਆਖੰਡ ਪਾਠ ਸਾਹਿਬ ਆਰੰਭ ਹੋਣਗੇ।19 ਸਤੰਬਰ ਦਿਨ ਸ਼ਨੀਵਾਰ ਨੂੰ ਅੱਠ ਵਜੇ ਸਵੇਰੇ ਬਾਬਾ ਜੀ ਦੀ ਪਵਿੱਤਰ ਮਾਤ੍ਰਾ ਬਾਣੀ ਸਾਹਿਬ ਦਾ ਹਵਨਾਤਮਕ ਪਾਠ ਆਰੰਭ ਹੋਵੇਗਾ ਤੇ ਆਖੰਡ ਪਾਠ ਸਾਹਿਬ ਸਵੇਰੇ ਦਸ ਵਜੇ ਆਰੰਭ ਹੋਣਗੇ।20 ਸਤੰਬਰ ਦਿਨ ਐਤਵਾਰ ਨੂੰ ਸਵੇਰੇ ਅੱਠ ਵਜੇ ਮਾਤ੍ਰਾ ਬਾਣੀ ਦੇ ਭੋਗ ਪੇਣਗੇ ਤੇ ਹਵਣ ਯਗਯ ਹੋਵੇਗਾ । 11 ਵਜੇ ਨਿਸ਼ਾਨ ਸਾਹਿਬ ਦੀ ਸੇਵਾ ਕੀਤੀ ਜਾਵੇਗੀ ਤੇ ਰੋਟ ਪ੍ਰਸਾਦ ਵੰਡਿਆ ਜਾਵੇਗਾ ਤੇ ਰਾਤ ਨੂੰ ਦੀਪਮਾਲਾ ਤੇ ਅਤਿਸ਼ਬਾਜੀ ਚਲਾਈ ਜਾਵੇਗੀ। 21 ਸਤੰਬਰ ਦਿਨ ਸੋਮਵਾਰ ਨੂੰ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪੈਣ ਉਪਰੰਤ ਕੀਰਤਨ ਦਰਬਾਰ ਹੋਵੇਗਾ, ਜਿਸ ਵਿੱਚ ਰਾਗੀ ਤੇ ਢਾਡੀ ਜਥੇ ਸ੍ਰੀ ਚੰਦ੍ ਦੇ ਜੀਵਨ ਤੇ ਇਤਿਹਾਸ ਬਾਰੇ ਦੱਸ ਕੇ ਸੰਗਤ ਨੂੰ ਨਿਹਾਲ ਕਰਨਗੇ। ਇਸ ਦਿਨ ਸ਼ਾਮ ਨੂੰ ਦੀਪਮਾਲਾ ਵੀ ਕੀਤੀ ਜਾਵੇਗੀ।



# ਪ੍ਰਕਾਸ਼ ਪੁਰਬ ਨੂੰ ਸਮਰਪਤ ਵਾਲਾ ਡਰੋਨ ਸ਼ੋਅ ਭਲਕੇ

**ਜਲੰਧਰ (ਸੁਰਿੰਦਰ ਕੁਮਾਰ)**- ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼ਾਨਦਾਰ ਡ੍ਰੋਨ ਸ਼ੋਅ 8 ਸਤੰਬਰ ਨੂੰ ਸ਼ਾਮ 6 ਵਜੇ ਸਥਾਨਕ ਲਾਇਲਪੁਰ ਖਾਲਸਾ ਕਾਲਜ ਵਿਖੇ ਕਰਵਾਇਆ ਜਾ ਰਿਹਾ ਹੈ।ਇਸ ਸਬੰਧੀ ਉਪ ਮੰਡਲ ਮੈਜਿਸਟ੍ਰੇਟ ਸ਼ੁਭੀ ਆਂਗਰਾ ਵੱਲੋਂ ਸਮਾਗਮ ਵਾਲੀ ਥਾਂ 'ਤੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਅਤੇ ਵੱਖ-ਵੱਖ ਵਿਭਾਗਾਂ ਨੂੰ ਡਿਊਟੀਆਂ ਸੌਂਪਣ ਲਈ ਮੀਟਿੰਗ ਕੀਤੀ ਗਈ। ਐਸ ਡੀ ਐਮ ਨੇ ਦੱਸਿਆ ਕਿ ਡ੍ਰੋਨ ਲਾਈਟ ਸ਼ੋਅ ਰਾਹੀਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਮਹਾਨ ਜੀਵਨ, ਫ਼ਲਸਫੇ ਅਤੇ ਸਦੀਵੀ ਸਿੱਖਿਆਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਦਰਸਾਇਆ ਜਾਵੇਗਾ।ਮੀਟਿੰਗ ਦੌਰਾਨ ਸ਼ਰਧਾਲੂਆਂ ਲਈ ਵਧੀਆ ਅਨੁਭਵ ਯਕੀਨੀ ਬਣਾਉਣ ਵਾਸਤੇ ਆਵਾਜਾਈ ਪ੍ਰਬੰਧਨ, ਢੁੱਕਵੀਂ ਪਾਰਕਿੰਗ, ਸਮਾਗਮ ਵਾਲੇ ਸਥਾਨ ਦੀ ਸਾਫ-ਸਫ਼ਾਈ, ਬੈਠਣ ਦੀ ਵਿਵਸਥਾ ਅਤੇ ਐਮਰਜੈਂਸੀ ਡਾਕਟਰੀ ਸਹਾਇਤਾ ਸਮੇਤ ਵਿਆਪਕ ਪ੍ਰਬੰਧਾਂ ਨੂੰ ਅੰਤਿਮ ਰੂਪ ਦਿੱਤਾ ਗਿਆ।ਡ੍ਰੋਨ ਸ਼ੋਅ ਤੋਂ ਇਲਾਵਾ ਉੱਘੇ ਰਾਗੀ ਜਥੇ ਸ਼ਾਮਲ ਹੋਣਗੇ, ਜਿਨ੍ਹਾਂ ਵੱਲੋਂ ਸੰਗਤ ਨੂੰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਪਵਿੱਤਰ ਬਾਣੀ ਨਾਲ ਜੋੜਨ ਲਈ ਕੀਰਤਨ ਕੀਤਾ ਜਾਵੇਗਾ।

ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤ ਦੇ ਪਹੁੰਚਣ ਦੀ ਉਮੀਦ ਹੈ ਅਤੇ ਕਈ ਉੱਘੀਆਂ ਸ਼ਖਸੀਅਤਾਂ ਵੀ ਸ਼ਰਧਾ ਭੇਟ ਕਰਨ ਲਈ ਨਿਮਾਣੇ ਸ਼ਰਧਾਲੂਆਂ ਵਜੋਂ ਸ਼ਾਮਲ ਹੋਣਗੀਆਂ।

# ਜੀ ਟੀ ਬੀ ਆਈ ਸਕੂਲ ਵਿਖੇ ਜਨਮ ਅਸ਼ਟਮੀ ਮਨਾਈ



**ਧਾਰੀਵਾਲ (ਮਨਦੀਪ ਵਿੱਕੀ)**- ਗੁਰੂ ਤੇਗ ਬਹਾਦਰ ਇੰਟਰਨੈਸ਼ਨਲ (ਜੀ.ਟੀ.ਬੀ.ਆਈ.) ਸਕੂਲ ਕਲਿਆਣਪੁਰ ਵਿਖੇ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਤਿਉਹਾਰ ਬੜੀ ਧੂਮਧਾਮ ਨਾਲ ਮਨਾਇਆ। ਇਸ ਸਬੰਧੀ ਸਕੂਲ ਚੇਅਰਮੈਨ ਸੁਰਜੀਤ ਸਿੰਘ, ਮੈਨੇਜਿੰਗ ਡਾਇਰੈਕਟਰ ਪ੍ਰਿਤਪਾਲ ਸਿੰਘ ਐਡਵੋਕੇਟ ਅਤੇ ਪ੍ਰਿੰਸੀਪਲ ਸੈਮੂਅਲ ਦਾਸ ਦੀ ਰਹਿਨੁਮਾਈ ਹੇਠ ਕਰਵਾਏ ਸਮਾਗਮ ਦੌਰਾਨ ਨਰਸਰੀ ਤੋਂ ਯੂ.ਕੇ.ਜੀ. ਜਮਾਤ ਤੱਕ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲੈ ਕੇ ਸ੍ਰੀ ਕ੍ਰਿਸ਼ਨ ਦੇ ਜੀਵਨ ਨਾਲ ਸਬੰਧਤ ਵੱਖ-ਵੱਖ ਝਲਕੀਆਂ ਅਤੇ ਨਾਟਕ ਪੇਸ਼ ਕੀਤੇ, ਜਿਨ੍ਹਾਂ ਵਿੱਚ ਕ੍ਰਿਸ਼ਨ ਜਨਮ, ਬਾਲ ਲੀਲਾ, ਕ੍ਰਿਸ਼ਨ-ਸੁਦਾਮਾ ਮੇਲ ਅਤੇ ਗੀਤਾ ਸਾਰ ਮੁੱਖ ਤੌਰ 'ਤੇ ਸ਼ਾਮਲ ਸਨ। ਇਸ ਤੋਂ ਇਲਾਵਾ ਪੰਜਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ 'ਨੰਦ ਕੇ ਅਨੰਦ ਭਯੋ, ਜੈ ਕਨ੍ਹਈਆ ਲਾਲ ਕੀ !' ਭਗਤੀ ਭਜਨ ਗਾ ਕੇ ਸਮਾਂ ਬੰਨ੍ਹ ਦਿੱਤਾ ਗਿਆ। ਚੇਅਰਮੈਨ ਸੁਰਜੀਤ ਸਿੰਘ ਅਤੇ ਮੈਨੇਜਿੰਗ ਡਾਇਰੈਕਟਰ ਪ੍ਰਿਤਪਾਲ ਸਿੰਘ ਐਡਵੋਕੇਟ ਨੇ ਸਭ ਨੂੰ ਵਧਾਈ ਦਿੰਦਿਆਂ ਕਿਹਾ ਭਗਵਾਨ ਸ੍ਰੀ ਕ੍ਰਿਸ਼ਨ ਦਾ ਜਨਮ ਉਤਸ਼ਵ ਸਾਡੇ ਵਿੱਚ ਆਪਸੀ ਪ੍ਰੇਮ ਅਤੇ ਧਾਰਮਿਕ ਆਸਥਾ ਦਾ ਸੰਦੇਸ਼ ਲੈ ਕੇ ਆਉਂਦਾ ਹੈ।

## 20 ਦੀ ਰੈਲੀ 'ਚ ਹਜ਼ਾਰਾਂ ਕਿਸਾਨ ਤੇ ਮਜ਼ਦੂਰ ਪੁੱਜਣਗੇ : ਕਿਸਾਨ ਆਗੂ

**ਤਰਨਤਾਰਨ (ਪ੍ਰਿਤਪਾਲ ਸਿੰਘ)**- ਜਮਹੂਰੀ ਕਿਸਾਨ ਸਭਾ ਪੰਜਾਬ ਜ਼ਿਲਾ ਕਮੇਟੀ ਦੀ ਮੀਟਿੰਗ ਮਨਜੀਤ ਸਿੰਘ ਬੱਗੂ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਨੂੰ ਸਭਾ ਦੇ ਸੂਬਾਈ ਮੀਤ ਪ੍ਰਧਾਨ ਪਰਗਟ ਸਿੰਘ ਜਾਮਾਰਾਏ, ਸੂਬਾਈ ਆਗੂ ਮੁਖਤਾਰ ਸਿੰਘ ਮੱਲਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਅਮਰੀਕਾ ਨਾਲ ਕਰ ਮੁਕਤ ਵਪਾਰਕ ਸਮਝੌਤਾ ਕਿਸਾਨਾਂ ਮਜ਼ਦੂਰਾਂ ਦੀ ਮੌਤ ਦੇ ਵਰੰਟ ਜਾਰੀ ਕਰਨ ਦੇ ਬਰਾਬਰ ਹਨ। ਇਸ ਨਾਲ ਛੋਟੇ ਵਪਾਰੀਆਂ, ਕਿਸਾਨਾਂ ਅਤੇ ਆਮ ਲੋਕਾਂ ਦਾ ਵੱਡਾ ਨੁਕਸਾਨ ਹੋਵੇਗਾ ਅਤੇ ਦੇਸ਼ ਦੀ ਆਰਥਿਕਤਾ ਨਿਘਾਰ ਵੱਲ ਜਾਵੇਗੀ। ਆਗੂਆਂ ਨੇ ਕਿਸਾਨ ਵਿਰੋਧੀ ਨੀਤੀਆਂ ਦਾ ਵਿਰੋਧ ਕਰਦਿਆਂ ਕਿਹਾ ਕਿ ਕੇਂਦਰ ਅਤੇ ਸੂਬਾ ਸਰਕਾਰਾਂ ਜਿਨਸਾਂ ਦਾ ਸਮਰਥਨ ਮੁੱਲ ਦੇਣ ਤੋਂ ਭੱਜ ਰਹੀਆਂ ਹਨ ਅਤੇ ਲਾਗਤ ਖਰਚੇ ਦਿਨੋ ਦਿਨ ਵੱਧਦੇ ਜਾ ਰਹੇ ਹਨ। ਸਭਾ ਦੇ ਜਿਲ੍ਹਾ ਸਕੱਤਰ ਦਲਜੀਤ ਸਿੰਘ ਦਿਆਲਪੁਰਾ ਨੇ ਦੱਸਿਆ ਕਿ 20 ਸਤੰਬਰ ਨੂੰ ਜਲੰਧਰ ਵਿਖੇ ਹੋਣ ਵਾਲੀ ਇਤਿਹਾਸਿਕ ਰੈਲੀ 'ਚ ਹਜ਼ਾਰਾਂ ਕਿਸਾਨ , ਮਜ਼ਦੂਰ ਤੇ ਔਰਤਾਂ ਸ਼ਾਮਿਲ ਹੋਣਗੀਆਂ । ਇਸ ਮੌਕੇ ਰੇਸ਼ਮ ਸਿੰਘ ਫੈਲੋਕੇ, ਹਰਭਜਨ ਸਿੰਘ ਪੱਟੀ,ਕੇਵਲ ਸਿੰਘ ਮਾੜੀ ਕੰਬੋਕੇ , ਦਾਰਾ ਸਿੰਘ ਮੁੰਡਾ ਪਿੰਡ ਤੇ ਹੋਰ ਆਗੂ ਹਾਜ਼ਰ ਸਨ।



## ਅਜੇ ਕੁਮਾਰ ਵੱਲੋਂ ਮੁੱਖ ਮੰਤਰੀ ਤੇ ਹੋਰਨਾਂ ਦਾ ਧੰਨਵਾਦ

**ਅਜਨਾਲਾ: (ਸੁਖਜਿੰਦਰ ਸਿੰਘ ਰਾਜੂ)**- ਨੌਜਵਾਨ ਆਗੂ ਅਜੇ ਕੁਮਾਰ ਨੂੰ ਬ੍ਰਾਹਮਣ ਵੈੱਲਫੇਅਰ ਬੋਰਡ ਹਲਕਾ ਅਜਨਾਲੇ ਦਾ ਚੇਅਰਮੈਨ ਨਿਯੁਕਤ ਕੀਤੇ ਜਾਣ 'ਤੇ ਉਨ੍ਹਾਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ , ਵਿਧਾਇਕ ਕੁਲਦੀਪ ਸਿੰਘ ਧਾਲੀਵਾਲ , ਐਡਵੋਕੇਟ ਮੈਡਮ ਅਮਨਦੀਪ ਕੌਰ ਧਾਲੀਵਾਲ , ਡਿਪਟੀ ਐਡਵੋਕੇਟ ਜਨਰਲ ਪੰਜਾਬ ਰਾਜੀਵ ਮਦਾਨ ਸਮੇਤ ਸਮੁੱਚੀ ਪਾਰਟੀ ਹਾਈਕਮਾਨ ਦਾ ਧੰਨਵਾਦ ਕੀਤਾ ਹੈ। ਅਜੇ ਕੁਮਾਰ ਦੀ ਨਿਯੁਕਤੀ ਤੋਂ ਬਾਅਦ ਪਾਰਟੀ ਦੇ ਵਰਕਰਾਂ ਅਤੇ ਸਮਰਥਕਾਂ ਨੇ ਉਨ੍ਹਾਂ ਨੂੰ ਵਧਾਈ ਦਿੱਤੀ । ਇਸ ਮੌਕੇ ਸ਼ਹਿਰ ਰਮਦਾਸ ਦੇ ਰਾਜੀਵ ਮਦਾਨ , ਕਰਨਜੀਤ ਸਿੰਘ ਬਿੱਟੂ ਵਾਈਸ ਪ੍ਰਧਾਨ, ਚੈਅਰਮੈਨ ਪ੍ਰਿਥਵੀ ਮਾਛੀਵਾਲ ਤੇ ਐਡਵੋਕੇਟ ਕਰਮਜੀਤ ਸਿੰਘ ਆਦਿ ਹਾਜ਼ਰ ਸਨ।



# ਪ੍ਰਤਾਪ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਨੇ ਮਨਾਇਆ ਅਧਿਆਪਕ ਦਿਵਸ



**ਪਠਾਨਕੋਟ (ਦਵਿੰਦਰ ਸਿੰਘ)** ਪ੍ਰਤਾਪ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਵੱਲੋਂ ਅਧਿਆਪਕ ਦਿਵਸ ਮੌਕੇ ਜਾਲਸਾ ਬਾਇ ਯੂਨਾਈਟ, ਪਠਾਨਕੋਟ ਵਿਖੇ ਉਤਸ਼ਾਹ ਗਰਮਜੋਸ਼ੀ ਅਤੇ ਖੁਸ਼ੀ ਭਰੇ ਮਾਹੌਲ ਵਿੱਚ ਸ਼ਾਨਦਾਰ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਪ੍ਰਤਾਪ ਵਰਲਡ ਸਕੂਲ, ਪਠਾਨਕੋਟ ਅਰਲੀ ਈਅਰਜ਼, ਜੋਧਾਮਲ ਕਾਲੋਨੀ, ਪਠਾਨਕੋਟ ਅਤੇ ਮੋਸ਼ਨ ਪਠਾਨਕੋਟ ਦੇ 200 ਤੋਂ ਵੱਧ ਅਧਿਆਪਕ ਅਤੇ ਫੈਕਲਟੀ ਮੈਂਬਰ ਇਕੱਠੇ ਹੋਏ।ਫੈਕਲਟੀ ਮੈਂਬਰਾਂ ਨੇ ਸਮੂਹ ਗਾਇਨ, ਸਮੂਹ ਨਾਚ, ਇਕਲ ਗਾਇਨ, ਰੈਂਪ ਵਾਕ ਸਮੇਤ ਵੱਖ-ਵੱਖ ਮਨੋਰੰਜਕ ਗਤੀਵਿਧੀਆਂ ਵਿੱਚ ਪੂਰੇ ਉਤਸ਼ਾਹ ਨਾਲ ਭਾਗ ਲਿਆ ਅਤੇ ਆਪਣੀ ਰਚਨਾਤਮਕਤਾ, ਆਤਮ-ਵਿਸ਼ਵਾਸ ਅਤੇ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਪ੍ਰਤਾਪ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਦੇ ਅੰਦਰ ਮੌਜੂਦ ਏਕਤਾ, ਆਪਸੀ ਜੁੜਾਅ ਅਤੇ ਆਪਣੇਪਣ ਦੀ ਮਜ਼ਬੂਤ ਭਾਵਨਾ ਨੂੰ ਵੀ ਉਜਾਗਰ ਕੀਤਾ। ਪ੍ਰਤਾਪ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਦੇ ਡਾਇਰੈਕਟਰ ਸਨੀ ਮਹਾਜਨ ਨੇ ਸਾਰੇ ਅਧਿਆਪਕਾਂ ਨੂੰ ਅਧਿਆਪਕ ਦਿਵਸ ਦੀਆਂ ਦਿਲੋਂ ਸ਼ੁਭਕਾਮਨਾਵਾਂ ਦਿੱਤੀਆਂ। ਅਧਿਆਪਕ ਦਿਵਸ ਸਮਾਰੋਹ ਹਾਸੇ-ਖੁਸ਼ੀ, ਪ੍ਰਤਿਭਾ, ਏਕਤਾ ਅਤੇ ਸਨਮਾਨ ਦੇ ਯਾਦਗਾਰ ਪਲਾਂ ਨਾਲ ਭਰਪੂਰ ਖੁਸ਼ਨੁਮਾ ਮਾਹੌਲ ਵਿੱਚ ਸੰਪੰਨ ਹੋਇਆ।

## ਪੰਜਾਬ ਬਚਾਓ ਰੈਲੀ 'ਚ ਪੁੱਜਣ ਦਾ ਸੱਦਾ

**ਗੋਇੰਦਵਾਲ ਸਾਹਿਬ (ਕਾਬਲ ਸਿੰਘ ਮੱਲੀ)**- ਵਿਧਾਨ ਸਭਾ ਹਲਕਾ ਸ੍ਰੀ ਖਡੂਰ ਸਾਹਿਬ ਦੇ ਪਿੰਡ ਝੰਡੇਰ ਮਹਾਂਪੁਰਖ ਵਿਖੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਵਰਕਰ ਮਿਲਣੀ ਕੀਤੀ ਗਈ ਜਿਸ ਮੌਕੇ ਹਲਕਾ ਇੰਚਾਰਜ ਬੀਬਾ ਰਮਨਦੀਪ ਕੌਰ ਸ਼ੇਰੋ ਨੇ 13 ਸਤੰਬਰ ਨੂੰ ਹੋਣ ਵਾਲੀ 'ਪੰਜਾਬ ਬਚਾਓ ਰੈਲੀ' ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਮੂਲੀਅਤ ਕਰਨ ਲਈ ਸਮੂਹ ਅਕਾਲੀ ਵਰਕਰਾਂ ਨੂੰ ਸੱਦਾ ਦਿੱਤਾ।ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਸੂਬਾ ਮੀਤ ਪ੍ਰਧਾਨ ਕੁਲਦੀਪ ਸਿੰਘ ਔਲਖ ਅਤੇ ਇਸਤਰੀ ਵਿੰਗ ਦੀ ਸੀਨੀਅਰ ਅਕਾਲੀ ਆਗੂ ਤੇ ਸਾਬਕਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਬੀਬੀ ਰੁਪਿੰਦਰ ਕੌਰ ਬ੍ਰਹਮਪੁਰਾ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਵਰਕਰ ਮਿਲਣੀ ਦੌਰਾਨ ਸੀਨੀਅਰ ਅਕਾਲੀ ਆਗੂ ਤੇਜਿੰਦਰ ਸਿੰਘ ਪ੍ਰਿੰਸ,ਸਰਕਲ ਪ੍ਰਧਾਨ ਕੁਲਦੀਪ ਸਿੰਘ ਲਾਹੌਰੀਆ,ਸਵ. ਸਰਦਾਰ ਸ਼ਿੰਗਾਰਾ ਸਰਪੰਚ ਦੇ ਪੋਤਰੇ ਸੁਰਮੁਖ ਸਿੰਘ ਨੰਬਰਦਾਰ, ਯੂਥ ਆਗੂ ਸੰਦੀਪ ਸਿੰਘ, ਅਮਰਜੀਤ ਸਿੰਘ, ਰਾਜਪਾਲ ਸਿੰਘ, ਰੂੜ ਸਿੰਘ, ਸੀਤਲ ਸਿੰਘ, ਬਲਵਿੰਦਰਜੀਤ ਸਿੰਘ ਟਿੱਕਾ, ਬਾਬਾ ਬਲਦੇਵ ਸਿੰਘ, ਬਾਬਾ ਬਿੱਟੂ, ਭੁਪਿੰਦਰ ਸਿੰਘ ਮੈਂਬਰ, ਮਨਜੀਤ ਸਿੰਘ, ਜਗਦੀਸ਼ ਸਿੰਘ ਆਦਿ ਅਕਾਲੀ ਆਗੂ ਅਤੇ ਵਰਕਰ ਹਾਜ਼ਰ ਸਨ।



## ਬਚਪਨ ਤੇ ਅਕੈਡਮਿਕ ਹਾਈਟਸ ਸਕੂਲ ਵਿਖੇ ਅਧਿਆਪਕ ਦਿਵਸ ਮਨਾਇਆ

**ਅਜਨਾਲਾ (ਸੁਖਜਿੰਦਰ ਸਿੰਘ ਰਾਜੂ)**- ਬਚਪਨ ਅਤੇ ਅਕੈਡਮਿਕ ਹਾਈਟਸ ਪਬਲਿਕ ਸਕੂਲ ਅਜਨਾਲਾ ਵਿਖੇ ਅਧਿਆਪਕ ਦਿਵਸ ਬੜੀ ਹੀ ਧੂਮਧਾਮ, ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਪ੍ਰਬੰਧਕਾਂ ਵੱਲੋਂ ਅਧਿਆਪਕਾਂ ਦੀ ਮਿਹਨਤ ਅਤੇ ਸਿੱਖਿਆ ਦੇ ਖੇਤਰ ਵਿੱਚ ਉਨ੍ਹਾਂ ਦੇ ਯੋਗਦਾਨ ਦੀ ਸ਼ਲਾਘਾ ਕਰਦਿਆਂ ਸੁੰਦਰ ਤੋਹਫ਼ੇ ਭੇਟ ਕੀਤੇ ਗਏ।ਸਮਾਗਮ ਦੌਰਾਨ ਵਿਦਿਆਰਥੀਆਂ ਨੇ ਆਪਣੇ ਅਧਿਆਪਕਾਂ ਪ੍ਰਤੀ ਪਿਆਰ ਅਤੇ ਸਤਿਕਾਰ ਦਾ ਪ੍ਰਗਟਾਵਾ ਕਰਦਿਆਂ ਵੱਖ-ਵੱਖ ਤਰੀਕਿਆਂ ਨਾਲ ਉਨ੍ਹਾਂ ਦਾ ਸਵਾਗਤ ਕੀਤਾ। ਬੱਚਿਆਂ ਵੱਲੋਂ ਆਪਣੇ ਹੱਥਾਂ ਨਾਲ ਤਿਆਰ ਕੀਤੇ ਗਏ ਸੁੰਦਰ ਅਤੇ ਰਚਨਾਤਮਕ ਤੋਹਫ਼ੇ ਵੀ ਅਧਿਆਪਕਾਂ ਨੂੰ ਭੇਟ ਕੀਤੇ ਗਏ। ਇਸ ਮੌਕੇ ਸਕੂਲ ਦਾ ਮਾਹੌਲ ਪਿਆਰ, ਸਤਿਕਾਰ ਅਤੇ ਖੁਸ਼ੀ ਨਾਲ ਭਰਿਆ ਹੋਇਆ ਸੀ। ਇਸ ਮੌਕੇ ਸ੍ਰੀ ਸੰਤੋਸ਼ ਬਜਾਜ ਅਤੇ ਸ੍ਰੀ ਅੰਸ਼ੂ ਬਜਾਜ ਵੱਲੋਂ ਸਮੂਹ ਅਧਿਆਪਕਾਂ ਨੂੰ ਤੋਹਫ਼ੇ ਦੇ ਕੇ ਉਨ੍ਹਾਂ ਦਾ ਦਿਲੋਂ ਧੰਨਵਾਦ ਕੀਤਾ ਗਿਆ। ਉਨ੍ਹਾਂ ਕਿਹਾ ਕਿ ਅਧਿਆਪਕ ਇੱਕ ਮਾਲੀ ਦੀ ਤਰ੍ਹਾਂ ਹੁੰਦਾ ਹੈ, ਜੋ ਬੱਚਿਆਂ ਰੂਪੀ ਪੌਦਿਆਂ ਨੂੰ ਗਿਆਨ, ਸੰਸਕਾਰ ਅਤੇ ਸਹੀ ਦਿਸ਼ਾ ਦੇ ਕੇ ਸਿੰਜਦਾ ਹੈ। ਅੰਤ ਵਿੱਚ ਅਧਿਆਪਕਾਂ ਨੇ ਸਕੂਲ ਪ੍ਰਬੰਧਕਾਂ ਅਤੇ ਵਿਦਿਆਰਥੀਆਂ ਵੱਲੋਂ ਦਿੱਤੇ ਪਿਆਰ, ਸਤਿਕਾਰ ਅਤੇ ਸੁੰਦਰ ਤੋਹਫ਼ਿਆਂ ਲਈ ਦਿਲੋਂ ਧੰਨਵਾਦ ਕੀਤਾ।



## ਝਬਾਲ ਵਿਖੇ ਸਕੂਲ 'ਚ ਅਧਿਆਪਕ ਦਿਵਸ ਮਨਾਇਆ

**ਝਬਾਲ (ਹਰਜਿੰਦਰ ਸਿੰਘ ਸੋਨੀ)** – ਜੇ ਆਰ ਐਸ ਡੀ ਏ ਵੀ ਪਬਲਿਕ ਸਕੂਲ ਝਬਾਲ ਵਿਖੇ ਅਧਿਆਪਕ ਦਿਵਸ ਬੜੀ ਧੂਮ-ਧਾਮ ਨਾਲ ਮਨਾਇਆ ਗਿਆ।ਸਮਾਰੋਹ ਦੀ ਸ਼ੁਰੂਆਤ ਪ੍ਰਾਰਥਨਾ ਅਤੇ ਡਾ. ਰਾਧਾਕ੍ਰਿਸ਼ਨਨ ਨੂੰ ਸ਼ਰਧਾਂਜਲੀ ਭੇਟ ਕਰਕੇ ਕੀਤੀ ਗਈ। ਮੈਡਮ ਅੰਜਨਾ,ਮੈਡਮ ਰਾਜਬੀਰ,ਮੈਡਮ ਦੀਪਿਕਾ ਅਤੇ ਮੈਡਮ ਆਸਥਾ ਦੀ ਅਗਵਾਈ ਵਿੱਚ ਵਿਦਿਆਰਥੀਆਂ ਨੇ ਆਪਣੇ ਅਧਿਆਪਕਾਂ ਪ੍ਰਤੀ ਸਤਿਕਾਰ ਅਤੇ ਪਿਆਰ ਪ੍ਰਗਟ ਕਰਨ ਲਈ ਸੁੰਦਰ ਕਵਿਤਾਵਾਂ, ਭਾਸ਼ਣ, ਗੀਤ ਅਤੇ ਨ੍ਰਿਤ ਪੇਸ਼ ਕੀਤੇ। ਵਿਦਿਆਰਥੀਆਂ ਵੱਲੋਂ ਅਧਿਆਪਕਾਂ ਨੂੰ ਸ਼ੁਭ ਕਾਮਨਾ ਕਾਰਡ ਅਤੇ ਤੋਹਫ਼ੇ ਵੀ ਭੇਟ ਕੀਤੇ ਗਏ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ੍ਰੀ ਅਸ਼ਵਨੀ ਕੁਮਾਰ ਨੇ ਸਮੂਹ ਅਧਿਆਪਕਾਂ ਨੂੰ ਅਧਿਆਪਕ ਦਿਵਸ ਦੀਆਂ ਵਧਾਈਆਂ ਦਿੰਦਿਆਂ ਕਿਹਾ ਕਿ ਅਧਿਆਪਕ ਸਮਾਜ ਦੇ ਨਿਰਮਾਤਾ ਹੁੰਦੇ ਹਨ।



## ਅਕਸ਼ੈ ਸ਼ਰਮਾ ਨੇ ਮੰਦਰਾਂ 'ਚ ਟੇਕਿਆ ਮੱਥਾ



**ਛੇਹਰਟਾ (ਮਨੋਜ ਕੁਮਾਰ)** : ਸ਼੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੇ ਮੌਕੇ ਹਲਕਾ ਉੱਤਰੀ ਤੋਂ ਭਾਜਪਾ ਆਗੂ ਅਕਸ਼ੈ ਸ਼ਰਮਾ ਨੇ ਸ਼ਹਿਰ ਦੇ ਵੱਖ-ਵੱਖ ਮੰਦਰਾਂ ਵਿਚ ਮੱਥਾ ਟੇਕਿਆ ਤੇ ਪੂਜਾ ਕੀਤੀ। ਅਕਸ਼ੈ ਸ਼ਰਮਾ ਨੇ ਸ਼੍ਰੀ ਦੁਰਗਿਆਣਾ ਮੰਦਰ, ਇਸਕਾਨ ਮੰਦਰ ਤੇ ਸ਼ਿਵਾਲਾ ਭਾਈਆਂ ਸਮੇਤ ਕਈ ਮੰਦਰਾਂ ਵਿਚ ਜਾ ਕੇ ਹਾਜ਼ਰੀ ਭਰੀ । ਇਸ ਮੌਕੇ ਅਕਸ਼ੈ ਸ਼ਰਮਾ ਨੇ ਸ਼ਹਿਰ ਵਾਸੀਆਂ ਨੂੰ ਸ਼੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੀ ਵਧਾਈ ਦਿੰਦਿਆਂ ਕਿਹਾ ਕਿ ਭਗਵਾਨ ਸ਼੍ਰੀ ਕ੍ਰਿਸ਼ਨ ਦਾ ਜੀਵਨ ਸਾਨੂੰ ਸੱਚ, ਧਰਮ ਤੇ ਮਨੁੱਖਤਾ ਦੇ ਮਾਰਗ 'ਤੇ ਚੱਲਣ ਦੀ ਪ੍ਰੇਰਣਾ ਦਿੰਦਾ ਹੈ। ਭਗਵਾਨ ਸ਼੍ਰੀ ਕ੍ਰਿਸ਼ਨ ਵੱਲੋਂ ਦਿੱਤਾ ਗਿਆ 'ਕਰਮ ਕਰਦੇ ਰਹੋ ਅਤੇ ਫਲ ਦੀ ਚਿੰਤਾ ਨਾ ਕਰੋ' ਦਾ ਸੰਦੇਸ਼ ਅੱਜ ਵੀ ਹਰ ਵਿਅਕਤੀ ਲਈ ਪ੍ਰੇਰਨਾਦਾਇਕ ਹੈ।



ਕ੍ਰਿਸ਼ਨ ਜਨਮ ਅਸ਼ਟਮੀ ਦੇ ਸ਼ੁੱਭ ਮੌਕੇ ਬੱਚਿਆਂ ਨੇ ਸ਼ਿਵਾਲਾ ਸ਼੍ਰੀ ਸ਼ਿਆਮ ਧਾਮ ਮੰਦਰ, ਵ੍ਰਿੰਦਾਵਨ ਗਾਰਡਨ ਵਿਖੇ ਰੌਸ਼ਨੀ ਤੇ ਆਵਾਜ਼ ਨਾਲ ਸ੍ਰੀ ਕ੍ਰਿਸ਼ਨ ਲੀਲ੍ਹਾ ਪੇਸ਼ ਕੀਤੀ। ਤਿਉਹਾਰ ਕਮੇਟੀ ਦੇ ਮੁਖੀ ਵਿਜੇ ਸਿੰਘਾਨੀਆ ਨੇ ਦੱਸਿਆ ਕਿ ਸਮਾਗਮ ਤੋਂ ਬਾਅਦ ਸਾਰੇ ਬੱਚਿਆਂ ਨੂੰ ਇਨਾਮ ਵੀ ਵੰਡੇ ਗਏ। **(ਤਸਵੀਰ ਤੇ ਵੇਰਵਾ : ਮਨੋਜ ਕੁਮਾਰ, ਛੇਹਰਟਾ।)**

ਨਵਾਂ ਜ਼ਮਾਨਾ
ਸੋਮਵਾਰ, 7 ਸਤੰਬਰ 2026

# ਭਾਗਵਤ ਦਾ ਵਿਦੇਸ਼ ਦੌਰਾ

*ਆਰ ਐੱਸ ਐੱਸ ਮੁਖੀ (ਸਰਸੰਘਚਾਲਕ) ਮੋਹਨ ਭਾਗਵਤ ਨੇ ਪਿਛਲੇ ਦਿਨੀਂ ਕੈਨੇਡਾ, ਅਮਰੀਕਾ ਤੇ ਬਰਤਾਨੀਆ ਦਾ ਦੌਰਾ ਕੀਤਾ, ਜਿਸ ਦਾ ਉਦੇਸ਼ ਆਰ ਐੱਸ ਐੱਸ ਬਾਰੇ ਗਲਤ ਧਾਰਨਾਵਾਂ ਨੂੰ ਦੂਰ ਕਰਨਾ, ਲੋਕਾਂ ਨਾਲ ਸੰਚਾਰ ਕਰਨਾ ਅਤੇ ਇਹ ਸੰਦੇਸ਼ ਦੇਣਾ ਕਿ ਪੂਰੀ ਦੁਨੀਆ ਇੱਕ ਹੈ, ਦੱਸਿਆ ਗਿਆ। ਨਿਊ ਯਾਰਕ ਕੋਲ ਮੈਡੀਸਨ ਸਕੁਏਅਰ ਗਾਰਡਨ ਵਿੱਚ ਜਲਸੇ ਨੂੰ ਸੰਬੋਧਨ ਕਰਦਿਆਂ ਭਾਗਵਤ ਨੇ ਇਹ ਕਹਿੰਦਿਆਂ ਖੁਦ ਨੂੰ ਇੱਕ ਉਦਾਰਵਾਦੀ ਵਜੋਂ ਦਰਸਾਉਣ ਦੀ ਕੋਸ਼ਿਸ਼ ਕੀਤੀ ਕਿ ਵਿਭਿੰਨਤਾ ਸਾਡੀ ਜਨਮਜਾਤ ਏਕਤਾ ਦਾ ਗਹਿਣਾ ਹੈ ਅਤੇ ਇੱਕ ਹਿੰਦੂ, ਜੋ ਮੁਸਲਿਮ-ਮੁਕਤ ਭਾਰਤ ਚਾਹੁੰਦਾ ਹੈ, ਹਿੰਦੂ ਨਹੀਂ ਹੋ ਸਕਦਾ!*

*ਆਜ਼ਾਦੀ ਸੰਗਰਾਮ ਦੌਰਾਨ ਲੋਕਾਂ ਨੇ ਭਗਤ ਸਿੰਘ ਦੇ ਆਦਰਸ਼ਾਂ, ਅੰਬੇਡਕਰ ਦੀਆਂ ਕਦਰਾਂ-ਕੀਮਤਾਂ ਅਤੇ ਗਾਂਧੀ ਦੇ ਭਾਈਚਾਰੇ ਨਾਲ ਬ੍ਰਿਟਿਸ਼ ਗੁਲਾਮੀ ਤੋਂ ਆਜ਼ਾਦੀ ਲਈ ਲੜਾਈ ਲੜੀ। ਆਰ ਐੱਸ ਐੱਸ-ਹਿੰਦੂ ਮਹਾਂ ਸਭਾ ਅਤੇ ਮੁਸਲਿਮ ਲੀਗ ਲੋਕਾਂ ਨੂੰ ਇਕਜੁੱਟ ਕਰਨ ਦੀ ਇਸ ਪ੍ਰਕਿਰਿਆ ਤੋਂ ਦੂਰ ਰਹੇ। ਆਰ ਐੱਸ ਐੱਸ ਦੁਆਰਾ ਆਪਣੀਆਂ ਸ਼ਾਖਾਵਾਂ, ਸਕੂਲਾਂ, ਮੀਡੀਆ ਅਤੇ ਬਾਅਦ ਵਿੱਚ ਸੋਸ਼ਲ ਮੀਡੀਆ ਰਾਹੀਂ ਫੈਲਾਈ ਗਈ ਨਫਰਤ ਨੇ ਵਿਆਪਕ ਫਿਰਕੂ ਹਿੰਸਾ ਨੂੰ ਜਨਮ ਦਿੱਤਾ, ਜਿਸ ਦੇ ਮੁੱਖ ਸ਼ਿਕਾਰ ਮੁਸਲਮਾਨ ਬਣੇ। ਬ੍ਰਿਟਿਸ਼ ਰਾਜ ਦੌਰਾਨ ਹਿੰਦੂ ਅਤੇ ਮੁਸਲਿਮ ਫਿਰਕੂ ਤੱਤਾਂ ਵਿਚਕਾਰ ਲਗਭਗ ਬਰਾਬਰ ਮੁਕਾਬਲਾ ਹੋਇਆ, ਪਰ ਆਜ਼ਾਦੀ ਤੋਂ ਬਾਅਦ ਆਰ ਐੱਸ ਐੱਸ ਦੀ ਫਿਰਕਾਪ੍ਰਸਤੀ ਭਾਰੂ ਹੋ ਗਈ, ਜਿਸ ਨੇ ਇਨ੍ਹਾਂ ਦੋ ਪ੍ਰਮੁੱਖ ਭਾਈਚਾਰਿਆਂ ਵਿਚਕਾਰ ਡੂੰਘਾ ਪਾੜਾ ਪਾ ਦਿੱਤਾ। ਇਸ ਨਫਰਤ ਕਾਰਨ 1993 ਵਿੱਚ ਮੁੰਬਈ, 2002 ਵਿੱਚ ਗੁਜਰਾਤ, 2013 ਵਿੱਚ ਮੁਜ਼ੱਫਰਨਗਰ ਅਤੇ 2019 ਵਿੱਚ ਦਿੱਲੀ ਵਿੱਚ ਮੁਸਲਮਾਨਾਂ ਦੇ ਵੱਡੇ ਪੱਧਰ 'ਤੇ ਕਤਲੇਆਮ ਹੋਏ। ਉਸ ਨੇ ਪਵਿੱਤਰ ਗਾਂ ਦਾ ਮੁੱਦਾ ਵੀ ਜ਼ੋਰਦਾਰ ਢੰਗ ਨਾਲ ਉਠਾਇਆ, ਜਿਸ ਦੇ ਨਤੀਜੇ ਵਜੋਂ ਬਹੁਤ ਸਾਰੇ ਮੁਸਲਮਾਨਾਂ ਨੂੰ ਲਿੰਚਿੰਗ ਦਾ ਸ਼ਿਕਾਰ ਹੋਣਾ ਪਿਆ। ਗੁਜਰਾਤ ਦੇ ਊਨਾ ਵਿੱਚ ਦਲਿਤਾਂ ਨੂੰ ਡੰਡਿਆਂ ਅਤੇ ਰਾਡਾਂ ਨਾਲ ਕੁੱਟਣ ਨੇ ਦਲਿਤਾਂ ਪ੍ਰਤੀ ਆਰ ਐੱਸ ਐੱਸ ਦੇ ਰਵੱਈਏ ਨੂੰ ਉਜਾਗਰ ਕਰ ਦਿੱਤਾ। 1980 ਦੇ ਦਹਾਕੇ ਤੋਂ ਈਸਾਈ ਵੀ ਆਰ ਐੱਸ ਐੱਸ ਦੇ ਨਿਸ਼ਾਨੇ 'ਤੇ ਆਏ ਹਨ। ਜਦੋਂ ਕਿ ਪਾਦਰੀ ਸਟੇਨਜ਼ ਅਤੇ ਉਨ੍ਹਾ ਦੇ ਦੋ ਮਾਸੂਮ ਪੁੱਤਰਾਂ ਨੂੰ ਜ਼ਿੰਦਾ ਸਾੜਨ ਨੂੰ ਉਸ ਸਮੇਂ ਦੇ ਰਾਸ਼ਟਰਪਤੀ ਡਾ. ਕੇ ਆਰ ਨਾਰਾਇਣਨ ਨੇ ਮਨੁੱਖਤਾ ਦੇ ਸਭ ਤੋਂ ਘਿਣਾਉਣੇ ਕਾਰਿਆਂ ਵਿੱਚੋਂ ਇੱਕ ਦੱਸਿਆ ਸੀ। ਕੰਧਮਾਲ ਘਟਨਾ ਨੇ ਇੱਕ ਵਾਰ ਫਿਰ ਦਿਖਾਇਆ ਕਿ 'ਈਸਾਈਅਤ ਵਿਦੇਸ਼ੀ ਹੈ' ਦਾ ਨਾਅਰਾ ਆਰ ਐੱਸ ਐੱਸ ਦਾ ਹੈ। ਪਿਛਲੇ ਦਹਾਕੇ ਦੌਰਾਨ ਈਸਾਈਆਂ ਅਤੇ ਮੁਸਲਮਾਨਾਂ ਵਿਰੁੱਧ ਇਸ ਦਾ ਰੁਖ ਬਹੁਤ ਹੀ ਸਖਤ ਹੋ ਗਿਆ ਹੈ। ਆਰ ਐੱਸ ਐੱਸ ਦਾ ਸਿਆਸੀ ਵਿੰਗ (ਭਾਜਪਾ) ਲਗਭਗ 12 ਸਾਲਾਂ ਤੋਂ ਕੇਂਦਰ ਵਿੱਚ ਸੱਤਾ ਵਿੱਚ ਹੈ। ਆਰ ਐੱਸ ਐੱਸ ਦੀ ਸਿਆਸੀ ਔਲਾਦ ਭਾਜਪਾ ਕੋਲ 1,000 ਤੋਂ ਵੱਧ ਸੰਸਦ ਮੈਂਬਰ ਅਤੇ ਵਿਧਾਇਕ ਹਨ, ਪਰ ਉਨ੍ਹਾਂ ਵਿੱਚੋਂ ਇੱਕ ਵੀ ਮੁਸਲਮਾਨ ਨਹੀਂ। ਇਹ ਭਾਗਵਤ ਦੇ ਮੁਸਲਮਾਨਾਂ ਪ੍ਰਤੀ ਸਮਾਨਤਾ ਦੇ ਦਾਅਵੇ ਦੀ ਅਸਲੀਅਤ ਹੈ।*

*ਆਰ ਐੱਸ ਐੱਸ ਦਾ ਆਚਰਣ ਹਮੇਸ਼ਾ ਵਿਭਿੰਨਤਾ ਦਾ ਸਤਿਕਾਰ ਕਰਨ ਦੇ ਇਸ ਦੇ ਦਾਅਵੇ ਦੇ ਬਿਲਕੁਲ ਉਲਟ ਰਿਹਾ ਹੈ। ਫਿਰ ਵੀ ਭਾਗਵਤ ਨੇ ਦੌਰੇ ਦੌਰਾਨ ਚਲਾਕੀ ਨਾਲ ਆਪਣੇ ਸੰਗਠਨ ਦੇ ਅਸਲ ਸੁਭਾਅ ਨੂੰ ਛੁਪਾਇਆ। ਵਿਭਿੰਨਤਾ ਦਾ ਸਤਿਕਾਰ ਕਰਨ ਦਾ ਦਿਖਾਵਾ ਸਿਰਫ ਇੱਕ ਦਿਖਾਵਾ ਹੈ, ਦੁਨੀਆ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਹੈ, ਪਰ ਕੀ ਇੰਟਰਨੈੱਟ ਦੇ ਇਸ ਯੁੱਗ ਵਿੱਚ ਅਤੇ ਇੱਕ ਅਜਿਹੇ ਸਮੇਂ ਵਿੱਚ ਜਦੋਂ ਮਨੁੱਖੀ ਅਧਿਕਾਰਾਂ ਨੂੰ ਗੰਭੀਰਤਾ ਨਾਲ ਲਿਆ ਜਾਂਦਾ ਹੈ, ਦੁਨੀਆ ਤੋਂ ਸੱਚਾਈ ਨੂੰ ਛੁਪਾਉਣਾ ਸੰਭਵ ਹੈ?*

*ਇੰਝ ਜਾਪਦਾ ਹੈ ਕਿ ਭਾਗਵਤ ਦਾ ਮੁੱਖ ਟੀਚਾ ਵਿਸ਼ਵਵਿਆਪੀ ਏਕਤਾ ਨੂੰ ਉਤਸ਼ਾਹਤ ਕਰਨਾ ਨਹੀਂ, ਸਗੋਂ ਭਾਰਤ ਵਿੱਚ ਬਰਪਾਏ ਭਿਆਨਕ ਕਾਰਿਆਂ ਨੂੰ ਛੁਪਾਉਣਾ ਹੈ। ਧਾਰਮਕ ਆਜ਼ਾਦੀ, ਪ੍ਰਗਟਾਵੇ ਦੀ ਆਜ਼ਾਦੀ, ਪ੍ਰੈੱਸ ਦੀ ਆਜ਼ਾਦੀ, ਭੁੱਖ ਅਤੇ ਖੁਸ਼ੀ ਦੇ ਵਿਸ਼ਵਵਿਆਪੀ ਸੂਚਕ ਅੰਕ 'ਤੇ ਭਾਰਤ ਦਾ ਪਤਨ ਅਤੇ ਆਰ ਐੱਸ ਐੱਸ-ਭਾਜਪਾ ਦਾ ਉਭਾਰ ਸਮਾਂਤਰ ਹੋਇਆ ਹੈ। ਸੰਯੁਕਤ ਰਾਸ਼ਟਰ ਮਨੁੱਖੀ ਅਧਿਕਾਰਾਂ ਦਾ ਐਲਾਨਨਾਮਾ ਵਿਸ਼ਵ ਏਕਤਾ ਸਥਾਪਤ ਕਰਨ ਦਾ ਸਭ ਤੋਂ ਵਧੀਆ ਸਾਧਨ ਹੈ। ਇਸ ਯੁੱਗ ਵਿੱਚ, ਜਦੋਂ ਸਾਰਾ ਸੰਸਾਰ ਇੱਕ ਪਿੰਡ ਬਣ ਗਿਆ ਹੈ, ਹਿੰਦੂ ਧਰਮ ਗ੍ਰੰਥਾਂ ਦਾ ਹਵਾਲਾ ਦੇਣਾ ਪੂਰੀ ਤਰ੍ਹਾਂ ਗਲਤ ਹੈ। ਇਹ ਹਿੰਦੂ ਸਰਬਉੱਚਤਾਵਾਦੀਆਂ ਦੇ ਅਸਲ ਇਰਾਦਿਆਂ ਨੂੰ ਬੇਨਕਾਬ ਕਰਦਾ ਹੈ।*

# ਨੇਪਾਲ ਤਬਾਹੀ ਤੋਂ ਬਾਅਦ ਨਵਾਂ ਖਤਰਾ

**ਸੰਜੀਵ ਝਾਂਜੀ**

ਨੇਪਾਲ ਵਿੱਚ ਆਈ ਤਬਾਹੀ ਨੇ ਮਨੁੱਖਤਾ ਦੇ ਸਾਹਮਣੇ ਕਈ ਵੱਡੇ ਸਵਾਲ ਖੜੇ ਕਰ ਦਿੱਤੇ ਹਨ। ਜੇ ਇਹਨਾਂ ਨੂੰ ਗਹਿਰਾਈ ਨਾਲ ਸੋਚਿਆ ਜਾਵੇ ਤਾਂ, ਇਹ ਮੰਨਿਆ ਜਾ ਰਿਹਾ ਹੈ ਕਿ ਅਜਿਹਾ ਵਾਤਾਵਰਨ, ਜਿਸ ਕਾਰਨ ਨੇਪਾਲ ਵਿੱਚ ਵੱਡੇ ਪੱਧਰ 'ਤੇ ਤਬਾਹੀ ਮਚੀ ਹੈ, ਮਨੁੱਖਤਾ ਨੂੰ ਭਵਿੱਖ ਵਿੱਚ ਤਬਾਹ ਕਰ ਸਕਦਾ ਹੈ।ਨੇਪਾਲ ਵਿੱਚ ਆਈ ਤਬਾਹੀ ਦੀ ਮੁੱਖ ਵਜਾਹ ਗਲੇਸ਼ੀਅਰਾਂ ਦਾ ਟੁੱਟ ਕੇ ਡਿੱਗਣਾ ਮੰਨਿਆ ਜਾ ਰਿਹਾ ਹੈ । ਜੇ ਇਹ ਸਹੀ ਹੈ ਤਾਂ ਇਹ ਮਨੁੱਖਤਾ ਲਈ ਖਤਰੇ ਦੀ ਘੰਟੀ ਹੈ। ਗਲੇਸ਼ੀਆਰਾਂ ਦੇ ਪਿਘਲਣ ਦਾ ਮੁੱਖ ਕਾਰਨ ਵਾਤਾਵਰਨ ਦੀ ਗਰਮੀ ਹੀ ਹੈ । ਇਸ ਗਰਮੀ ਨੂੰ ਵਿਗਿਆਨ ਦੀ ਭਾਸ਼ਾ ਵਿੱਚ 'ਗਲੋਬਲ ਵਾਰਮਿੰਗ' ਆਖਿਆ ਜਾਂਦਾ ਹੈ । ਪਰਿਭਾਸ਼ਾ ਅਨੁਸਾਰ ਗਲੋਬਲ ਵਾਰਮਿੰਗ ਦਾ ਮਤਲਬ ਵਿਸ਼ਵ ਦੇ ਔਸਤ ਤਾਪਮਾਨ ਦਾ ਹੌਲੀ-ਹੌਲੀ ਵਧਣਾ ਹੈ। ਨੇਪਾਲ ਵਿੱਚ ਵੀ ਇਹੀ ਹੋਇਆ ਜਾਪਦਾ ਹੈ। ਇਸੇ ਗਲੋਬਲ ਵਾਰਮਿੰਗ ਦੇ ਕਾਰਨ ਗਲੇਸ਼ੀਅਰਾਂ ਵਿੱਚ ਜੰਮੀ ਲੱਖਾਂ, ਕਰੋੜਾਂ ਟਨ ਬਰਫ਼ ਤਾਪਮਾਨ ਦੇ ਵਾਧੇ ਦੇ ਕਾਰਨ ਪਿਘਲਣ ਲੱਗ ਗਈ ਅਤੇ ਉਸ ਦੇ ਪਿਘਲਣ ਕਾਰਨ ਬਰਫ਼ ਦੀ ਉੱਪਰਲੀ ਸਤ੍ਹਾ ਦੀ ਪਕੜ ਕਮਜ਼ੋਰ ਹੋ ਜਾਣ ਕਾਰਨ ਗਲੇਸ਼ੀਅਰ ਦਾ ਵੱਡਾ ਹਿੱਸਾ ਟੁੱਟ ਕੇ ਹੇਠਾਂ ਆ ਡਿੱਗਿਆ ਤੇ ਉਸ ਨੇ ਸਾਰਾ ਕੁਝ ਤਹਿਸ-ਨਹਿਸ ਕਰ ਦਿੱਤਾ। ਇਹ ਵਰਤਾਰਾ ਸਿਰਫ਼ ਨੇਪਾਲ ਵਿੱਚ ਹੀ ਨਹੀਂ, ਦੁਨੀਆਂ ਭਰ ਵਿੱਚ ਹੋ ਰਿਹਾ ਹੈ। ਅਸਲ ਵਿੱਚ ਦੁਨੀਆ ਦੇ ਦੋ ਧਰੁਵ ਮੰਨੇ ਜਾਂਦੇ ਹਨ ਉੱਤਰੀ ਤੇ ਦੱਖਣੀ ਧਰੁਵ, ਪਰ ਦੱਖਣੀ ਏਸ਼ੀਆ ਵਿੱਚ ਦੁਨੀਆ ਦੇ ਵੱਡੇ ਗਲੇਸ਼ੀਅਰ ਹੋਣ ਕਾਰਨ ਇਸ ਨੂੰ ਤੀਜਾ ਧਰੁਵ ਵੀ ਕਿਹਾ ਜਾਂਦਾ ਹੈ। ਪਿਛਲੇ ਕੁਝ ਸਾਲਾਂ ਤੋਂ ਗਲੋਬਲ ਵਾਰਮਿੰਗ ਵਧਣ ਦੇ ਕਾਰਨ ਗਲੇਸ਼ੀਅਰਾਂ ਦੇ ਪਿਘਲਣ ਦੀ ਦਰ ਤੇਜ਼ ਹੋ ਗਈ ਹੈ, ਜਿਸ ਕਾਰਨ ਵੱਡੀ ਗਿਣਤੀ ਵਿੱਚ ਪਾਣੀ ਦਰਿਆਵਾਂ ਵਿੱਚ ਆ ਰਿਹਾ ਹੈ। ਦਰਿਆਵਾਂ ਵਿੱਚ ਪਾਣੀ ਦਾ ਲੈਵਲ ਵਧਣ ਦੇ ਕਾਰਨ ਅਸੀਂ ਪਿਛਲੇ ਕੁਝ ਸਮੇਂ ਤੋਂ ਵੱਖ-ਵੱਖ ਥਾਵਾਂ 'ਤੇ ਹੜ੍ਹ ਆਉਣ ਬਾਰੇ ਵੀ ਖਬਰਾਂ ਸੁਣਦੇ ਰਹਿੰਦੇ ਹਾਂ। ਅਸਲ ਵਿੱਚ ਪਾਣੀ ਦੇ ਇਸ ਵਧੇ ਲੈਵਲ ਨੇ ਅਖੀਰ ਵਿੱਚ ਆਪਣੇ ਟੀਚੇ ਸਮੁੰਦਰ ਵਿੱਚ ਪਹੁੰਚ ਜਾਣਾ ਹੁੰਦਾ ਹੈ, ਪਰ ਇਹ ਉੱਥੇ ਪਹੁੰਚਣ ਤੋਂ ਪਹਿਲਾਂ ਬਹੁਤ ਸਾਰੀ ਤਬਾਹੀ ਮਚਾਉਂਦਾ ਜਾਂਦਾ ਹੈ, ਜਿਹੜੀ ਕਿ ਪਿਛਲੇ ਸਾਲਾਂ ਵਿੱਚ ਅਸੀਂ ਦੇਖਦੇ ਵੀ ਆਏ ਹਾਂ।ਪੈਸੀਫਿਕ ਆਈਲੈਂਡ ਫੋਰਮ ਲੀਡਰਸ ਦੀ 55ਵੀਂ ਬੈਠਕ ਵਿੱਚ ਸੈਕਟਰੀ ਜਨਰਲ ਅਮੀਨਾ ਮੁਹੰਮਦ ਨੇ ਜੋ ਰਿਪੋਰਟ ਪੇਸ਼ ਕੀਤੀ ਹੈ, ਉਸ ਦੇ ਮੁਤਾਬਕ 2024 ਵਿੱਚ ਸਮੁੰਦਰ ਦੇ ਪਾਣੀ ਦੇ ਲੈਵਲ ਵਿੱਚ ਸਲਾਨਾ ਵਾਧਾ ਹੁਣ ਤੱਕ ਦਾ ਸਭ ਤੋਂ ਵੱਧ ਹੈ । ਇਹ ਛੇ ਮਿਲੀਮੀਟਰ ਦਰਜ ਕੀਤਾ ਗਿਆ ਹੈ । ਵੈਸੇ ਹਰ ਸਾਲ ਦਾ ਔਸਤ ਵਾਧਾ 4.7 ਮਿਲੀਮੀਟਰ ਪਿਛਲੇ ਦਹਾਕੇ ਵਿੱਚ ਦਰਜ ਕੀਤਾ ਗਿਆ ਸੀ । ਇਹ ਸਥਿਤੀ ਸਾਨੂੰ ਡਰਾਉਂਦੀ ਵੀ ਹੈ ਤੇ ਸਤਰਕ ਵੀ ਕਰਦੀ ਹੈ। ਜੇ ਇਸੇ ਦਰ ਦੇ ਨਾਲ ਗਲੇਸ਼ੀਅਰ ਪਿਘਲਦੇ ਰਹੇ, ਗਲੋਬਲ ਵਾਰਮਿੰਗ ਹੁੰਦੀ ਰਹੀ, ਪਾਣੀ ਦਾ ਲੈਵਲ ਵਧਦਾ ਰਿਹਾ ਤੇ ਸਮੁੰਦਰ ਉਚਾ ਹੁੰਦਾ ਰਿਹਾ ਤਾਂ ਨੇੜ ਭਵਿੱਖ ਵਿੱਚ ਸਮੁੰਦਰੀ ਕੰਢੇ ਵਾਲੇ ਬਹੁਤ ਸਾਰੇ ਸ਼ਹਿਰ ਜਲ ਮਗਨ ਹੋ ਜਾਣਗੇ। ਬਹੁਤ ਸਾਰੀਆਂ ਸ਼ਹਿਰੀ ਸਭਿਅਤਾਵਾਂ ਜਿਹੜੀਆਂ ਸਮੁੰਦਰੀ ਕੰਢੇ ਦੇ ਉਤੇ ਵਸੀਆਂ ਹੋਈਆਂ ਹਨ, ਉਹ ਜਲ ਸਮਾਧੀ ਲੈ ਸਕਦੀਆਂ ਹਨ। ਇਸ ਲਈ ਅਜਿਹੀ ਡਰਾਉਣੀ ਸਥਿਤੀ ਤੋਂ ਬਚਣ ਲਈ ਸਾਨੂੰ ਵਾਤਾਵਰਨ ਦੀ ਸ਼ੁੱਧਤਾ ਵੱਲ ਧਿਆਨ ਦੇਣਾ ਚਾਹੀਦਾ ਹੈ। ਵੱਧ ਤੋਂ ਵੱਧ ਰੁੱਖ ਲਗਾਣੇ ਚਾਹੀਦੇ ਹਨ, ਤਾਂ ਕਿ ਰੁੱਖ ਵੱਧ ਤੋਂ ਵੱਧ ਗਰਮੀ ਚੂਸ ਕੇ ਗਲੋਬਲ ਵਾਰਮਿੰਗ ਵਿੱਚ ਜਿਹੜਾ ਵਾਧਾ ਹੋ ਰਿਹਾ ਹੈ, ਉਸ ਨੂੰ ਕੰਟਰੋਲ ਕਰਨ, ਜਿਸ ਨਾਲ ਗਲੇਸ਼ੀਅਰ ਨਾ ਪਿਘਲਣ ਅਤੇ ਅਸੀਂ ਭਵਿੱਖੀ ਸੱਭਿਅਤਾਵਾਂ ਨੂੰ ਬਚਾ ਸਕੀਏ। ਵਾਤਾਵਰਨ ਨੂੰ ਸ਼ੁੱਧ ਬਣਾਉਣ ਦੇ ਨਾਲ ਸਾਡੀਆਂ ਕਈ ਸਮੱਸਿਆਵਾਂ ਦਾ ਨਿਪਟਾਰਾ ਹੋ ਸਕਦਾ ਹੈ । ਹੜ੍ਹਾਂ ਤੋਂ ਬਚਾ ਹੋ ਸਕਦਾ ਹੈ। ਗਲੋਬਲ ਵਾਰਮਿੰਗ ਤੋਂ ਬਚਾਅ ਹੋ ਸਕਦਾ ਹੈ । ਹਰ ਸਾਲ ਜਿਹੜੀ ਗਰਮੀ ਦੀ ਔਸਤ ਵਾਧਾ ਦਰਜ ਕੀਤਾ ਜਾ ਰਿਹਾ ਹੈ, ਉਸ ਨੂੰ ਕੰਟਰੋਲ ਕੀਤਾ ਜਾ ਸਕਦਾ ਹੈ ਤੇ ਸਭ ਤੋਂ ਵੱਡੀ ਗੱਲ ਸਮੁੰਦਰੀ ਪਾਣੀ ਦੇ ਲੈਵਲ ਨੂੰ ਉਚਾ ਹੋਣ ਤੋਂ ਬਚਾਅ ਕੇ ਸਮੁੰਦਰ ਕੰਢੇ ਵਸੇ ਸ਼ਹਿਰਾਂ ਅਤੇ ਸ਼ਹਿਰੀ ਲੋਕਾਂ ਨੂੰ ਬਚਾਇਆ ਜਾ ਸਕਦਾ ਹੈ।

ਸੰਪਰਕ: 80049-10000

# ਭਾਰਤ 'ਚ ਵਿਦੇਸ਼ੀ ਕਾਰੋਬਾਰ ਬਿਮਾਰੀਆਂ ਦਾ ਘਰ

**ਜਗਮੇਲ ਸਿੰਘ**

ਸਫ਼ਾਈ ਸੇਵਕਾਂ ਦੀ ਹੜਤਾਲ, ਸ਼ਹਿਰ ਵਿੱਚ ਥਾਂ-ਥਾਂ ਕੂੜੇ ਦੇ ਢੇਰ । ਕੋਲੋਂ ਲੰਘਣ ਵੇਲੇ, ਹਰ ਕਿਸੇ ਦਾ ਫ਼ਿਕਰ ਜਾਗੇ।ਉਬਾਲੇ ਮਾਰੇ, 'ਬਿਮਾਰੀਆਂ ਫੈਲਣਗੀਆਂ।' ਇਹ ਕੁਝ ਦਿਨਾਂ ਦੀ ਗੱਲ ਸੀ।ਹੋਈ ਬੀਤੀ ਹੋ ਗਈ ।ਵੱਡੇ ਫਿਕਰ ਤਾਂ ਆਹ ਨੇ, ਮੁਲਕ 'ਚ ਵਿਦੇਸ਼ੀ ਕੰਪਨੀਆਂ ਦੇ ਆਉਣ ਤੇ ਨਾਲ ਕੂੜਾ ਤੇ ਬੀਮਾਰੀਆਂ ਲਿਆਉਣ ਦੇ।ਇਹਦੇ ਲਈ ਜਾਗੋ ਤੇ ਬੋਲੋ।ਇਹ ਫ਼ਿਕਰ ਖੁਦ ਸਰਕਾਰਾਂ ਦੀ ਸਹੇੜ ਐ।ਖ਼ੁਦ ਦਿੱਤੇ ਸੱਦਿਆਂ ਦਾ, ਸੁਰੱਖਿਆ ਤੇ ਸਹੂਲਤਾਂ ਦੀਆਂ ਪੇਸ਼ਕਸ਼ਾਂ ਦਾ ਸਿੱਟਾ।ਉਹ ਭੱਜੀਆਂ ਆਈਆਂ, ਜਿਹਨਾਂ ਨੂੰ ਉਥੇ ਘਾਟਾ ਪੈਂਦੈ, ਜਿਹਨਾਂ ਦਾ ਉਥੇ ਪ੍ਰਦੂਸ਼ਣ ਫੈਲਾਉਣ ਕਾਰਨ ਵਿਰੋਧ ਹੁੰਦੈ।ਜਿਹਨਾਂ ਨੂੰ ਭਾਰਤ ਸੋਨੇ ਦੀ ਚਿੜੀ ਲੱਗਦੈ।ਕੁਝ ਦਾ ਪਤਾ, ਜਿਥੇ ਇਹ ਕੰਪਨੀਆਂ ਆਈਆਂ, ਚਲੋ ਉਥੋਂ ਦਾ ਗੇੜਾ ਕੱਢ ਆਈਏ:

ਭਾਜਪਾ ਸਰਕਾਰ ਦਾ ਗੁਜਰਾਤ ਮਾਡਲ, ਵਿਦੇਸ਼ਾਂ ਤੋਂ ਖ਼ਰੀਦੇ ਨਕਾਰਾ ਸਮੁੰਦਰੀ ਜਹਾਜ਼ਾਂ ਦਾ ਕਬਾੜਖਾਨਾ।ਅਲੰਗ ਤੋਂ ਸੋਸੀਆ ਤੱਕ ਪਸਰਿਆ, ਦੁਨੀਆ ਵਿੱਚ ਸਭ ਤੋਂ ਵੱਡਾ।ਖੰਭਾਤ ਦੀ ਖਾੜੀ ਦੇ ਬਿਲਕੁਲ ਨਾਲ। ਇਥੇ ਕਰੀਬਨ ਡੇਢ ਸੌ ਇਕਾਈਆਂ ।ਦਿਨ-ਰਾਤ ਠੱਕ-ਠੱਕ ਕੰਨਾਂ ਦਾ ਖੌਅ। ਸੜਿਆ ਤੇਲ ਤੇ ਗਰਦੋਗੁਬਾਰ ਖਾੜੀ ਵਿੱਚ ਰਲੇ, ਪਾਣੀ ਦੇ ਜੀਵ ਮਰਨ ।ਭੰਨਤੋੜ ਸਮੇਂ ਉੱਡਦਾ ਜ਼ਹਿਰੀ ਰਸਾਇਣ, ਕਾਰੀਗਰਾਂ ਲਈ ਫੇਫੜਿਆਂ ਦਾ ਰੋਗ ਤੇ ਮੌਤ ਦਾ ਸਾਮਾਨ।

ਏਹਦੇ ਨਾਲ ਈ ਖਤਰਨਾਕ ਰਸਾਇਣਕ ਕਚਰੇ ਦੀਆਂ ਰੂੜੀਆਂ।ਗੁਜਰਾਤ ਵਿੱਚ ਪੰਜ ਤੇ ਮਹਾਰਾਸ਼ਟਰ ਵਿੱਚ ਤਿੰਨ। ਹੋਰ ਕਈ ਸੂਬਿਆਂ ਵਿੱਚ ਇੱਕ-ਇੱਕ । ਪੰਜਾਬ ਵਿੱਚ ਡੇਰਾ ਬਸੀ ਹਲਕੇ ਵਿੱਚ ਨਿਬੂਆ ਵਿਖੇ ਤਿੰਨ। ਇਥੇ ਕਚਰਾ ਆਉਂਦਾ, ਅਮਰੀਕਾ, ਇੰਗਲੈਂਡ, ਜਰਮਨੀ, ਜਾਪਾਨ, ਯੂਰਪੀਅਨ ਦੇਸ, ਨੀਦਰਲੈਂਡ, ਸਾਊਥ ਕੋਰੀਆ ਤੇ ਯੂ ਏ ਈ ਤੋਂ ।ਆਉਂਦਾ ਸ਼ੀਸ਼ਾ, ਮਰਕਰੀ, ਕੈਡਮੀਅਮ, ਕਰੋਮੀਅਮ ਤੇ ਆਰਸੈਨਿਕ ।ਇਹ ਉੱਡਦਾ,ਮਿੱਟੀ ਵਿੱਚ ਰਲਦਾ, ਪਾਣੀ ਵਿੱਚ ਘੁਲਦਾ, ਫਸਲਾਂ ਵਿੱਚ ਫਲਦਾ, ਮੱਛੀਆਂ ਨੂੰ ਮਾਰਦਾ, ਮਨੁੱਖ ਨੂੰ ਬਣਾਉਂਦਾ ਪੱਕਾ ਰੋਗੀ, ਕੈਂਸਰ, ਸਾਹ, ਗੁਰਦੇ, ਫੇਫੜੇ, ਸਰੀਰ 'ਤੇ ਦਾਗ਼ ਤੇ ਜਲਣ ਦਾ ।

ਏਹਤੋਂ ਅੱਗੇ ਇਟਲੀ ਦੀ ਕੰਪਨੀ ਮੈਟਿਨੀ, ਜ਼ਹਿਰਾਂ ਬਣਾਵੇ, ਮੌਤਾਂ ਵੰਡੇ। ਉਥੇ ਇਹਨੇ ਰੋਗੀ ਬਣਾਏ, ਪੈਂਤੀ ਹਜ਼ਾਰ।ਲੋਕ ਸਾੜੇ, ਉਠੇ ਤੇ ਸੰਘਰਸ਼ ਭਖਾਇਆ, ਇਹਦਾ ਧੰਦਾ ਬੰਦ, ਅਫ਼ਸਰ ਜੇਲ੍ਹੀਂ । ਲੰਡੇ ਨੂੰ ਮੀਣਾ ਸੌ ਕੋਹ ਦਾ ਵਲ ਪਾ ਕੇ ਮਿਲ ਹੀ ਜਾਂਦੈ।ਮੋਹਰ ਭਾਰਤ ਸਰਕਾਰ ਦੀ ਤੇ ਗਲਵੱਕੜੀ ਲਕਸ਼ਮੀ ਆਰਗੈਨਿਕ ਇੰਡਸਟਰੀਜ਼ ਵਾਲੇ ਦੀ । ਲੈ ਆਏ ਮਹਾਰਾਸ਼ਟਰ ਦੇ ਰਤਨਾਗਿਰੀ ਵਿਚ।ਧੰਦਾ ਉਹੀ ਸ਼ੁਰੂ, ਪੌਲੀਫਲੋਰੋਅਲਕਾਈਲ (PFAS) (For Ever Chemical) । ਮਨੁੱਖੀ ਸਰੀਰ ਵਿੱਚ ਦਾਖਲ ਹੋਇਆ, ਸਰੀਰ ਨਾਲ ਈ ਜਾਂਦੈ।ਮਾਰ ਕੇ ਹੀ ਦਮ ਲੈਂਦਾ।

ਜਰਮਨੀ ਤੇ ਇੰਗਲੈਂਡ ਦੀ ਸਾਂਝੀ ਕੰਪਨੀ ਡੋਅ (DOW)।ਇਹਦੀ ਹਿੱਸੇਦਾਰ ਐ, ਅਮਰੀਕਾ ਦੀ ਯੂਨੀਅਨ ਕਾਰਬਾਈਡ ।ਉਹੀ ਭੂਪਾਲ ਗੈਸ ਲੀਕ ਕਾਂਡ ਵਾਲੀ।ਜੀਹਦੀ ਲੀਕੇਜ਼ ਨੇ ਹਜ਼ਾਰਾਂ ਲੋਕਾਂ ਨੂੰ ਸਦਾ ਦੀ ਨੀਂਦ ਸੁਲਾ ਦਿੱਤਾ ਸੀ।ਤੀਹ ਕਿਲੋਮੀਟਰ ਦੇ ਘੇਰੇ ਤੱਕ ਅਪੰਗਤਾ ਦਾ ਅਸਰ ਅੱਜ ਵੀ ਦਿਖਦੈ।ਕੰਪਨੀ ਮੁਆਵਜ਼ਾ ਦੇਣ ਤੋਂ ਮੁੱਕਰੀ। ਸਰਕਾਰ ਨੇ ਨਾ ਮੁਆਵਜ਼ਾ ਮੰਗਿਆ ਨਾ ਕੰਪਨੀ ਚੀਫ਼ ਐਂਡਰਸਨ ਦੀ ਗ੍ਰਿਫਤਾਰੀ। ਬੱਸ ਅਮਰੀਕਾ ਨਾਲ 'ਦੋਸਤੀ' ਨਿਭਾਈ।) ਕੰਪਨੀ ਦੇ ਪ੍ਰਦੂਸ਼ਣ ਖਿਲਾਫ਼ ਲੋਕਾਂ ਦੇ ਰੋਸ ਪ੍ਰਦਰਸ਼ਨ।ਬਹਾਨਾ ਬਣਾਇਆ ਚੀਨ ਨਾਲ ਵਪਾਰ 'ਚ ਘਾਟੇ ਦਾ ਤੇ ਉਥੋਂ ਭੱਜ ਤੁਰੀ।ਤਿੰਨ ਯੂਨਿਟ ਬੰਦ ਤੇ 1500 ਵਰਕਰਾਂ ਦਾ ਰੁਜ਼ਗਾਰ ਖਤਮ। ਭਾਰਤ ਸਰਕਾਰ ਦੇ ਸੱਦੇ 'ਤੇ ਟਿੰਡ ਫਹੁੜੀ ਚੱਕੀ, ਗੁਜਰਾਤ ਆ ਪਹੁੰਚੀ । ਗੁਜਰਾਤ, ਦੇਸੀ ਵਿਦੇਸ਼ੀ ਕਾਰਪੋਰੇਟਾਂ ਲਈ ਮੁਨਾਫ਼ੇ ਦਾ ਪੂਰਾ ਖੁੱਲਾ ਮੈਦਾਨ।ਇਹਦੇ ਉਤਪਾਦ, ਈਥੀਲੀਨ, ਪ੍ਰੋਪੀਲੀਨ, ਬੂਟਾਡੀਨ, ਕਲੋਰੀਨ, ਕਾਸਟਿਕ ਸੋਡਾ, ਸਿਲੀਕੋਨ ਤੇ ਸੀਲੈਂਟ, ਐਡਹੈਸਿਵ ਤੇ ਲੁਬਰੀਕੈਂਟ ? ਰੋਗਾਂ ਦੀ ਰੂੜੀ।ਅੱਗ ਦਾ ਗੋਲਾ, ਚਮੜੀ ਮਚਾਵੇ ਤੇ ਅੱਖਾਂ ਨੂੰ ਖੁਰਕੇ।ਸਾਹ ਘੁੱਟੇ ਤੇ ਹਾਜ਼ਮਾ (ਅਨੇਕਾਂ ਰੋਗਾਂ ਦੀ ਜੜ੍ਹ) ਵਿਗਾੜੇ।

ਵਗਦੀ ਗੰਗਾ ਵਿੱਚ ਹੱਥ ਧੋਣ ਯੂਰਪ ਦੀਆਂ ਕੰਪਨੀਆਂ ਵੀ ਆ ਪਹੁੰਚੀਆਂ। ਆਪੋ ਆਪਣੀਆਂ ਪ੍ਰਦੂਸ਼ਣ ਫੈਲਾਉਂਦੀਆਂ ਇੰਡਸਟਰੀਆਂ ਲੈ ਕੇ। ਉਥੇ ਪ੍ਰਦੂਸ਼ਣ ਰੋਕੂ ਕਾਨੂੰਨਾਂ ਦੀ ਸਖਤੀ ਤੇ ਪ੍ਰਦੂਸ਼ਣ ਖਿਲਾਫ਼ ਲੋਕ ਸੰਘਰਸ਼ਾਂ ਦੀ ਘੇਰੀ ਮੂਹਰੇ ਬੇਵੱਸ । ਬੰਦ ਹੋਣ ਦੀ ਕਗਾਰ 'ਤੇ ਸੀ।ਭਾਰਤ ਸਰਕਾਰ ਜਾ ਖੜੀ ਉਹਨਾਂ ਦੀ ਸੇਵਾ ਵਿੱਚ। ਪ੍ਰਦੂਸ਼ਣ ਰੋਕੂ ਕਾਨੂੰਨ ਨੂੰ ਸੋਧ ਕੇ, ਸਜ਼ਾ ਦੀ ਮੱਦ ਖਾਰਜ ਕਰ ਕੇ ਕਾਨੂੰਨ ਬਣਾਤਾ ਨਰਮ ਗੋਸ਼ਾ। ਕੰਪਨੀਆਂ ਉਥੋਂ ਉਡੀਆਂ ਗੁਜਰਾਤ, ਕਰਨਾਟਕਾ ਰਾਹੀਂ ਕਈ ਸੂਬਿਆਂ ਵਿੱਚ ਆ ਉੱਤਰੀਆਂ ।

ਜ਼ਹਿਰੀ ਰਸਾਇਣਾਂ ਦੀ ਲੜੀ ਬੜੀ ਲੰਮੀ ਐ।ਕਈ ਦੇਸ਼ਾਂ ਵਿੱਚ ਪਾਬੰਦੀ, ਭਾਰਤ ਵਿੱਚ ਸ਼ਰੇਆਮ ਵਿਕੇ।ਆਮ ਚਰਚਾ ਵਿੱਚ ਵਰਤਿਆ ਜਾਣ ਵਾਲਾ ਵਾਕ "Rejected by the world, welcome in the India." ਇੱਕ ਜ਼ਹਿਰੀ ਰਸਾਇਣ ਪੈਰਾਕੁਆਟ ਡਾਈਕਲੋਰਾਈਡ (paraquat dichloride)। 74 ਮੁਲਕਾਂ ਵਿੱਚ ਪਾਬੰਦੀ, ਇਥੇ ਕੇਂਦਰੀ ਕੀਟਨਾਸ਼ਕ ਬੋਰਡ ਅਤੇ ਰਜਿਸਟ੍ਰੇਸ਼ਨ ਕਮੇਟੀ ਭਾਰਤ ਵੱਲੋਂ ਹਰੀ ਝੰਡੀ। ਇਥੇ ਹੁੰਦਾ ਆਲੂ, ਅੰਗੂਰ, ਕਣਕ, ਮੱਕੀ, ਚੌਲ, ਮੂੰਗੀ, ਕਮਾਦ, ਚਾਹ ਉਪਰ ਛਿੜਕਾਅ । ਕੋਈ ਰੋਕ, ਰੁਕਾਵਟ ਨਹੀਂ।ਇਹ ਮੂੰਹ ਵਿੱਚ ਛਾਲੇ ਤੇ ਜਲਣ ਕਰੇ ? ਫੇਫੜਿਆਂ ਨੂੰ ਸੋਜ਼ ਤੇ ਸਾਹ 'ਚ ਦਿੱਕਤ ਕਰੇ । ਗੁਰਦੇ, ਜਿਗਰ ਨੂੰ ਨੁਕਸਾਨ ਤੇ ਮੌਤ ਵੱਲ ਨੂੰ ਧੱਕੇ।

ਗੂਗਲ, ਮਾਈਕ੍ਰੋਸਾਫਟ ਤੇ ਐਮਾਜ਼ਾਨ ਧੜਵੈਲ ਕੰਪਨੀਆਂ, ਪਰ ਲੋਕ ਵਿਰੋਧ ਤੋਂ ਕੰਨ ਭੰਨਣ । ਅਮਰੀਕਾ, ਆਇਰਲੈਂਡ, ਨੀਦਰਲੈਂਡ ਤੇ ਜਰਮਨੀ ਵਰਗੇ ਮੁਲਕਾਂ ਅੰਦਰ ਵਿਰੋਧ ਪ੍ਰਦਰਸ਼ਨ।ਭਾਰਤ ਸਰਕਾਰ ਦੀ ਸੇਵਾ ਨੂੰ ਮੇਵਾ, ਉਹ ਡੇਟਾ ਸੈਂਟਰ ਇਥੇ ਲੈ ਆਏ। 268 ਪਹਿਲਾਂ ਹੈਗੇ, 250 ਹੋਰ ਨਵੇਂ ਬਣਨੇ ਐ। ਮਨਜ਼ੂਰੀ ਸਰਕਾਰ ਦੀ, ਹਿੱਸੇਦਾਰੀ ਅਡਾਨੀ ਦੀ।ਸਰਕਾਰਾਂ ਦੀ ਫੁੱਲ ਕ੍ਰਿਪਾ, ਕੇਂਦਰ ਤੇ ਸੂਬੇ ਇੱਕ-ਦੂਜੇ ਦੇ ਉੱਪਰ ਦੀ ਹੋ ਹੋ ਸਹੂਲਤਾਂ ਦੇ ਵਾਰਨੇ ਵਾਰਨ ? ਇਹਨਾਂ ਕੰਪਨੀਆਂ ਨੇ 2024 ਵਿੱਚ ਬਾਰਾਂ ਖਰਬ (1200000000000) ਡਾਲਰ ਦੀ ਕਮਾਈ ਕੀਤੀ।

ਇੱਕ ਡੇਟਾ ਸੈਂਟਰ ਦੀ ਪਾਣੀ ਦੀ ਖਪਤ, ਇੱਕ ਦਿਨ ਵਿੱਚ 1ਤੋਂ 2 ਕਰੋੜ ਲੀਟਰ । ਵਿਸ਼ਾਖਾਪਟਨਮ ਡੇਟਾ ਸੈਂਟਰ ਦੀ ਬਿਜਲੀ ਖਪਤ 1000 ਮੈਗਾਵਾਟ, ਵਿਸ਼ਾਖਾਪਟਨਮ ਵਰਗੇ 10 ਸ਼ਹਿਰਾਂ ਬਰਾਬਰ । ਇਹਦੇ ਲਈ 20 ਕਰੋੜ 80 ਲੱਖ ਟਨ ਕੋਇਲਾ ਸੜੇਗਾ, ਅਰਜਨਟੀਨਾ ਤੋਂ ਵੱਧ। ਆਂਧਰਾ ਸਰਕਾਰ ਵੱਧ ਨਿਹਾਲ, 22 ਹਜ਼ਾਰ ਕਰੋੜ ਰੁਪਏ ਦਾ ਪ੍ਰੋਤਸਾਹਨ ਵੀ ਦੇ ਰਹੀ ਐ।

ਇਹਨਾਂ ਸੈਂਟਰਾਂ ਵਿੱਚ ਡੇਟਾ ਇਕੱਤਰ ਕਰਨਾ, ਸਟੋਰ ਕਰਨਾ,ਵਰਤਣ ਲਈ ਮੈਨੇਜ ਕਰਨਾ । 74 ਫੀਸਦੀ ਡੇਟਾ ਸੈਂਟਰਾਂ 'ਤੇ ਕਬਜ਼ਾ ਅਮਰੀਕਾ ਦਾ।ਵੱਡੇ ਡੇਟਾ ਸੈਂਟਰ ਵਿੱਚ 150 ਤੇ ਛੋਟੇ ਵਿੱਚ 20-30 ਕਰਮਚਾਰੀ ਹੀ ਹੋਣਗੇ। ਇਹ ਡੇਟਾ ਸੈਂਟਰ ਪਾਣੀ ਸੜਾਕਣ ਤੇ ਬਿਜਲੀ ਨਿਗਲਣ । ਹਲਕਿਆਂ ਵਾਂਗੂ, ਜਿਵੇਂ ਸਦੀਆਂ ਤੋਂ ਭੁੱਖੇ ਤਿਹਾਏ ਹੋਣ । ਲੋਕਾਂ ਲਈ, ਬਚੇ ਨਾ ਬਚੇ। ਕੋਈ ਪ੍ਰਵਾਹ ਨਹੀਂ, ਕੰਪਨੀਆਂ ਨੂੰ ਤਾਂ ਕੀ, ਸਰਕਾਰਾਂ ਨੂੰ ਵੀ ਨਹੀਂ ।ਛੋਟੇ-ਵੱਡੇ ਕਰਮਚਾਰੀਆਂ ਨੂੰ ਇਨਸੋਮਨੀਆ, ਰਾਤਾਂ ਦੀ ਨੀਂਦ ਖ਼ਰਾਬ। ਬੇਚੈਨੀ, ਸਿਰ ਦਾ ਦਰਦ । ਹੱਡਾਂ-ਪੈਰਾਂ ਦੀ ਥਕਾਨ।ਹੂੰ-ਹੂੰ ਤੇ ਭੂੰ-ਭੂੰ ਦੀਆਂ ਆਵਾਜ਼ਾਂ, ਲੋਕਾਂ ਦੇ ਕੰਨ ਬੋਲੇ ਕਰਨਗੀਆਂ।

ਇਹ ਸਭ ਹਕੂਮਤਾਂ ਵੱਲੋਂ ਦੇਸੀ-ਵਿਦੇਸ਼ੀ ਕਾਰਪੋਰੇਟਾਂ ਦੀ ਕੀਤੀ ਜਾ ਰਹੀ ਸੇਵਾ ਦਾ ਮੇਵਾ।ਮੌਜੂਦਾ ਭਾਜਪਾ ਹਕੂਮਤ ਵੱਡੀ ਸੇਵਾਦਾਰ। ਮਰ ਰਹੀਆਂ ਕੰਪਨੀਆਂ ਨੂੰ ਬਚਾਵੇ, ਸਹੂਲਤਾਂ ਰਿਆਇਤਾਂ ਦੇ ਖ਼ੁਰਾਕੀ ਗੱਫ਼ੇ ਦੇ ਕੇ। ਕੇਂਦਰੀ ਸਰਕਾਰ ਆਖੇ, ਵੀਹ ਸਾਲ ਤੱਕ ਟੈਕਸ ਤੋਂ ਪੂਰੀ ਛੋਟ । ਸਸਤੀ ਜ਼ਮੀਨ, ਸਸਤੀ ਲੇਬਰ, ਜਲਦੀ ਮਨਜ਼ੂਰੀ ਤੇ ਪੂਰੀ ਸੁਰੱਖਿਆ ।ਬਿਜਲੀ, ਪਾਣੀ ਫਰੀ, ਪ੍ਰੋਤਸਾਹਨ ਪੂੰਜੀ ਵੀ। ਹਕੂਮਤ ਨੂੰ ਵਿਦੇਸ਼ੀ ਨਿਵੇਸ਼ ਦਾ ਝੱਲ ਚੜ੍ਹਿਐ । ਨਿਵੇਸ਼ ਦੀਆਂ ਬੇਗਾਨੀਆਂ ਫਹੁੜੀਆਂ ਸਹਾਰੇ, ਦੁਨੀਆਂ ਦੀ ਵੱਡੀ ਆਰਥਿਕ ਸ਼ਕਤੀ ਬਣਨ ਦੇ ਸੁਪਨੇ ਦੇਖੇ। ਸੁਪਨੇਬਾਜ਼ ਮੁੰਗੇਰੀ ਲਾਲ ਤੋਂ ਮੂਹਰੇ ਨਿਕਲਣ ਨੂੰ ਫਿਰੇ।ਨਾ ਮੁਲਕ ਦੀ ਪ੍ਰਵਾਹ, ਨਾ ਲੋਕਾਂ ਦਾ ਫ਼ਿਕਰ। ਮੁਲਕ ਨੂੰ ਲੁੱਟ ਦੀ ਮੰਡੀ ਤੇ ਬੀਮਾਰੀਆਂ ਦਾ ਘਰ ਬਣਾ ਧਰਿਆ।ਵਿਦੇਸ਼ੀ ਲੁਟੇਰਿਆਂ ਨੂੰ ਮੁਲਕ ਲੁੱਟਣ ਦੀਆਂ ਛੋਟਾਂ ਹੀ ਛੋਟਾਂ। ਮੁਲਕ 'ਚ ਸਾਮਰਾਜ ਦਾ ਦਖ਼ਲ ਵਧਾਈ ਜਾਂਦੇ ਐ। ਹਰ ਕਾਰੋਬਾਰ ਉਹਨਾਂ ਮੂਹਰੇ ਪਰੋਸੀ ਜਾਦੇ ਐ। ਵਿਦੇਸ਼ਾਂ ਤੋਂ ਹਰ ਤਰ੍ਹਾਂ ਦੀ ਬੀਮਾਰੀ ਚੱਕੀ ਤੁਰੇ ਆਉਂਦੇ ਐ। ਕਹਿੰਦੇ ਐ ਮੁਲਕ ਦਾ ਵਿਕਾਸ ਕਰਨਾ, ਕਰੀ ਵਿਨਾਸ਼ ਜਾਂਦੇ ਐ।

ਇਹ ਤਾਂ ਹੀ ਰੁਕ ਸਕਦਾ, ਸਮੂਹ ਲੋਕ ਵਿਸ਼ੇਸ਼ ਕਰਕੇ ਵਾਤਾਵਰਣ ਪ੍ਰੇਮੀ ਅੱਗੇ ਆ ਕੇ ਆਵਾਜ਼ ਉਠਾਉਣ। ਸਰਕਾਰ ਪ੍ਰਦੂਸ਼ਣ ਰੋਕੂ ਕਾਨੂੰਨ ਸਖ਼ਤ ਸਜ਼ਾਵਾਂ ਤੇ ਭਾਰੀ ਜੁਰਮਾਨੇ ਕਰਨ ਵਾਲਾ ਬਣਾਵੇ ਤੇ ਲਾਗੂ ਕਰੇ। ਸਰਕਾਰਾਂ ਵਿਦੇਸ਼ਾਂ ਤੋਂ ਕੂੜਾ-ਕਬਾੜ ਤੇ ਜ਼ਹਿਰਾਂ ਲਿਆਉਣੀਆਂ ਬੰਦ ਕਰਨ ।ਸਾਮਰਾਜੀ ਦਖ਼ਲਅੰਦਾਜ਼ੀ ਰੋਕੇ।ਲੋੜੀਂਦੀ ਤਕਨੀਕ ਤੇ ਲੋੜੀਂਦੇ ਉਤਪਾਦਨ ਲਈ ਸਵੈ-ਨਿਰਭਰਤਾ ਦੀ ਨੀਤੀ ਅਪਨਾਵੇ।

# ਸੰਪਰਕ: 94172-24822

# ਸਿਆਣਾ ਮੱਤ ਦਾ, ਮੀਂਹ ਵੱਤ ਦਾ

**ਸੁਖਪਾਲ ਸਿੰਘ ਗਿੱਲ**

ਸਾਡੇ ਸਮਾਜ ਦੇ ਜੀਊਣ ਦੇ ਤਜਰਬੇ ਵਿੱਚੋਂ ਬਹੁਤ ਸਾਰੀਆਂ ਕਹਾਵਤਾਂ ਨੇ ਜਨਮ ਲਿਆ, ਜਿਹਨਾਂ ਵਿੱਚੋਂ ਸਿਰਲੇਖ ਵੀ ਇੱਕ ਹੈ। ਹਰ ਚੀਜ਼ ਢੁਕਵੇਂ ਤਰੀਕੇ ਨਾਲ ਹੀ ਸ਼ੋਭਦੀ ਹੈ । ਸਿਆਣੇ ਭਾਵ ਬਜ਼ੁਰਗ ਘਰ ਦਾ ਜਿੰਦਰਾ ਹੁੰਦੇ ਹਨ । ਬਜ਼ੁਰਗਾਂ ਦੀ ਜੇ ਕੋਈ ਮੰਨ ਲਵੇ ਤਾਂ ਉਹ ਵਿਅਕਤੀ ਇੱਕ ਪੁਸ਼ਤ ਅੱਗੇ ਹੋ ਜਾਂਦਾ ਹੈ। ਇਸੇ ਲਈ ਸਿਆਣਾ ਸੂਝਵਾਨ ਮੱਤ ਵਾਲਾ ਹੋਵੇ ਤਾਂ ਕੁਲ ਤਰ ਜਾਂਦੀ ਹੈ। ਇਸੇ ਤਰਾਂ ਮੀਂਹ ਸਹੀ ਸਮੇਂ 'ਤੇ ਪਵੇ ਤਾਂ ਵਾਰੇ ਨਿਆਰੇ ਜੇ ਢੁਕਵੇਂ ਸਮੇਂ 'ਤੇ ਨਾ ਪਵੇ ਤਾਂ ਕੁਦਰਤੀ ਕਰੋਪੀ ਹੁੰਦੀ ਹੈ।ਸਮੇਂ ਅਨੁਸਾਰ ਸਮਾਜ ਵਿੱਚ ਜੀਊਣ ਲਈ ਸਮਾਜਿਕ ਅਤੇ ਸਰਕਾਰੀ ਮਾਪਦੰਡਾਂ ਦੀ ਲੋੜ ਹੁੰਦੀ ਹੈ । ਇਸੇ ਕਰਕੇ ਹੀ ਸਨਮਾਨਯੋਗ ਜ਼ਿੰਦਗੀ ਬਸਰ ਕੀਤੀ ਜਾ ਸਕਦੀ ਹੈ । ਸਮਾਜ ਵਿੱਚ ਜੀਊਣ ਦੇ ਨਾਲ -ਨਾਲ ਨੀਅਤ ਸਾਫ ਹੋਵੇ, ਇਸ ਦੇ ਨਾਲ ਹੀ ਸਰਕਾਰੀ ਪੱਧਰ 'ਤੇ ਕਾਨੂੰਨ ਕਾਇਦੇ ਵੀ ਹੋਣੇ ਚਾਹੀਦੇ ਹਨ, ਜਿਨਾਂ ਨੂੰ ਪਾਰਦਰਸ਼ੀ ਅਤੇ ਸਖਤੀ ਦੀ ਲੋੜ ਹੁੰਦੀ ਹੈ। ਇਸੇ ਤਰਜ਼ 'ਤੇ ਅਸੀਂ ਆਪਣੇ ਬਜ਼ੁਰਗਾਂ ਦਾ ਵਿਸ਼ਲੇਸ਼ਣ ਕਰਦੇ ਹਾਂ ਕਿ ਸਾਡੇ ਬਜ਼ੁਰਗ ਕਿੰਨੀ ਮਾਨਸਿਕ, ਸਰਰਿਕ ਅਤੇ ਸਮਾਜਿਕ ਪੀੜਾ ਹੰਡਾਅ ਰਹੇ ਹਨ। ਇਹ ਸਭ ਕੁਝ ਉਮਰ ਦੇ ਤਕਾਜੇ ਨਾਲ ਆਉਂਦਾ ਹੈ। ਸੁਭਾਅ ਦਾ ਕਾਰਨ ਉਮਰ ਵੀ ਹੁੰਦਾ ਹੈ । ਇਹੀ ਪਾੜਾ ਨਿਆਣੇ-ਸਿਆਣੇ ਵਿੱਚ ਪਾੜਾ ਪਾ ਕੇ ਰੱਖਦਾ ਹੈ। ਇਹਨਾਂ ਨਾਲ ਸਾਡੇ ਬਜ਼ੁਰਗਾਂ ਦੀ ਲਚਾਰੀ ਦਿਨ ਪਰ ਦਿਨ ਵਧਦੀ ਜਾਂਦੀ ਹੈ। ਮੋਬਾਇਲ ਫੋਨ ਵੀ ਇਸ ਲਚਾਰੀ ਦਾ ਹਿੱਸਾ ਹੈ। ਬਹੁਤ ਕੋਲ ਬੈਠੇ ਵੀ ਬਹੁਤ ਦੂਰ ਰਹਿੰਦੇ ਹਨ, ਜਦੋਂ ਕਿ ਬਜ਼ੁਰਗ ਸਾਹਮਣੇ ਵਾਲੀ ਔਲਾਦ ਤੋਂ ਕੁਝ ਗੱਲਬਾਤ ਮੰਗਦਾ ਹੈ। ਇੱਕ ਸਮਾਂ ਸੀ ਬਜ਼ੁਰਗ ਲਾਣੇਦਾਰ ਖੂੰਡੇ ਵਾਲੇ ਹੁੰਦੇ ਸਨ। ਉਹਨਾਂ ਤੋਂ ਬਿਨਾਂ ਔਲਾਦ ਦੀ ਜੁਰਅਤ ਨਹੀਂ ਹੁੰਦੀ ਸੀ ਕਿ ਆਪ ਕੁਝ ਕਰ ਸਕਣ । ਇਕ ਕਹਾਵਤ ਹੈ, 'ਨੂੰਹ-ਸੱਸ ਬੈਠੀਆਂ ਸਨ, ਇੱਕ ਮੰਗਣ ਵਾਲਾ ਸਾਧੂ ਆਇਆ। ਨੂੰਹ ਨੇ ਕਿਹਾ ਜਾ ਬਾਬਾ ਮਾਫ ਕਰ, ਬਾਬਾ ਚਲਾ ਗਿਆ । ਜਦੋਂ ਥੋੜੀ ਦੂਰ ਗਿਆ ਤਾਂ ਸੱਸ ਨੇ ਆਵਾਜ਼ ਮਾਰੀ ਤਾਂ ਬਾਬਾ ਖੈਰ ਲਈ ਮੁੜਿਆ, ਜਦੋਂ ਕੋਲ ਆ ਕੇ ਬਾਬੇ ਨੇ ਬਜ਼ੁਰਗ ਸੱਸ ਤੋਂ ਖੈਰ ਮੰਗੀ ਤਾਂ ਸੱਸ ਕਹਿੰਦੀ ਜਾ ਬਾਬਾ ਮਾਫ ਕਰ, ਅੱਗੋਂ ਬਾਬਾ ਕਹਿੰਦਾ ਇਹ ਤਾਂ ਸ਼ਬਦ ਤੇਰੀ ਨੂੰਹ ਨੇ ਵੀ ਕਹਿ ਦਿੱਤਾ ਸੀ, ਸੱਸ ਨੇ ਝੱਟ ਬੋਲ ਦਿੱਤਾ, ਇਸੇ ਕਰਕੇ ਤਾਂ ਤੈਨੂੰ ਬੁਲਾਇਆ ਹੈ ਕਿ ਮੈਂ ਘਰ ਦੀ ਮੁਖੀਆਂ ਹਾਂ, ਇਹ ਸਬਕ ਤੈਨੂੰ ਮੈਂ ਦੇਣਾ ਸੀ, ਉਹ ਵਿਚਾਰਾ ਅੱਗੇ ਚਲਾ ਗਿਆ ।

ਭਾਰਤ ਵਿੱਚ 60 ਸਾਲ ਤੋਂ ਉਪਰ ਦੇ 15 ਕਰੋੜ ਬਜ਼ੁਰਗ ਹਨ। ਇਹ ਗਿਣਤੀ ਵਧਦੀ ਹੀ ਜਾਂਦੀ ਹੈ। 2036 ਤੱਕ 23 ਕਰੋੜ ਤੱਕ ਬਜ਼ੁਰਗਾਂ ਦੀ ਗਿਣਤੀ ਜਾਣ ਦੀ ਆਸ ਹੈ । ਸਾਲ 2050 ਤੱਕ ਦੀ ਕੁੱਲ ਆਬਾਦੀ ਦਾ 14 ਫੀਸਦੀ 65 ਸਾਲ ਤੋਂ ਉਪਰ ਦੇ ਬਜ਼ੁਰਗ ਹੋਣ ਦਾ ਅਨੁਮਾਨ ਨੁਮਾ ਟੀਚਾ ਲੱਗਦਾ ਹੈ । ਪੰਜਾਬ 'ਚ ਹਰ ਪੰਜਾਬੀ ਬਜ਼ੁਰਗ ਮਾਨਸਿਕ ਰੋਗ ਵੱਲ ਵਧ ਰਿਹਾ ਹੈ। ਬਿਰਧ ਆਸ਼ਰਮ ਅੱਜ ਸਮਾਜ 'ਤੇ ਕਲੰਕ ਹਨ । ਸਮੇਂ ਦੀ ਮਾਰ ਅਨੁਸਾਰ ਸਹੀ ਵੀ ਲੱਗਣ ਲੱਗ ਜਾਂਦੇ ਹਨ ।60 ਫੀਸਦੀ ਸਾਡੇ ਬਜ਼ੁਰਗ ਕਿਸੇ ਨਾ ਕਿਸੇ ਦੁਰ-ਵਿਵਹਾਰ ਦਾ ਸਾਹਮਣਾ ਕਰਦੇ ਹਨ । ਭਾਰਤ ਦੇ 73 ਫੀਸਦੀ ਬਜ਼ੁਰਗ ਅਨਪੜ੍ਹ ਹਨ, 75 ਫੀਸਦੀ ਬਜ਼ੁਰਗ ਪਿੰਡਾਂ ਵਿੱਚ ਰਹਿੰਦੇ ਹਨ । 40 ਫੀਸਦੀ ਬਜ਼ੁਰਗ ਗਰੀਬੀ ਹੰਡਾਅ ਰਹੇ ਹਨ ।31 ਫੀਸਦੀ ਬਜ਼ੁਰਗਾਂ ਦਾ ਅਪਮਾਨ ਹੁੰਦਾ ਹੈ। ਇਹਨਾਂ ਵਿੱਚੋਂ 56 ਫੀਸਦੀ ਉਹਨਾਂ ਦੇ ਪੁੱਤਰ 23 ਫੀਸਦੀ ਉਹਨਾਂ ਦੀਆਂ ਨੂਹਾਂ ਹਨ, ਜੋ ਉਹਨਾਂ ਨਾਲ ਦੁਰ-ਵਿਹਾਰ ਕਰਦੀਆਂ ਹਨ। ਇਸ ਅੰਕੜੇ ਤੋਂ ਇੱਕ ਰਾਹਤ ਮਿਲਦੀ ਹੈ ਕਿ ਆਪ ਦੇ ਜੰਮੇ ਪਰਾਈ ਧੀ ਤੋਂ ਅੱਗੇ ਹਨ ।

ਸਾਡੀ ਸੰਸਕ੍ਰਿਤੀ ਮਾਂ ਬੋਲੀ ਪੰਜਾਬੀ ਬਲਵਾਨ ਹੈ । ਇਸ ਵਿੱਚ ਵੀ ਰਿਸ਼ਤੇ ਨੂੰ ਉਤਸ਼ਾਹਜਨਕ ਕਰਕੇ ਸੇਧ ਦਿੱਤੀ ਗਈ ਹੈ । ਗਾਣਾ ਹੈ, 'ਤਿੰਨ ਰੰਗ ਨਹੀਂ ਲੱਭਣੇ' ਹੁਸਨ, ਜਵਾਨੀ ਤੇ ਮਾਪੇ ।' ਇੱਕ ਗੀਤ ਇੰਦਰਜੀਤ ਹਸਨਪੁਰੀ ਦਾ ਹੈ, ਤੁਸੀਂ ਬਜ਼ੁਰਗਾਂ ਨੂੰ ਕਿਸ ਮੌਤੇ ਮਾਰੋਗੇ, ਉਸੇ ਮੌਤੇ ਆਪ ਮਰੋਗੇ ਮੈਨੂੰ ਕੀ ? ਇੱਕ ਹੋਰ ਗਿਆਨ ਵਰਧਕ ਕਹਾਵਤ ਹੈ, 'ਇਕ ਮੁੰਡਾ ਆਪਣੇ ਬਾਪ ਨੂੰ ਨਹਿਰ ਵਿੱਚ ਸੁੱਟਣ ਲਈ ਗਿਆ ਤਾਂ ਬਾਪ ਅੱਗੋਂ ਬੋਲਿਆ, ਮੈਨੂੰ ਇੱਥੇ ਨਾ ਇੱਥੇ ਮੈਂ ਆਪਣਾ ਬਾਪ ਸੁੱਟਿਆ ਸੀ।' ਮੁੰਡੇ ਦੇ ਗਿਆਨ ਦੀ ਖਿੜਕੀ ਚੱਲ ਗਈ ਤੇ ਵਾਪਸ ਪਿਓ ਨੂੰ ਘਰ ਲੈ ਕੇ ਆ ਗਿਆ। ਕੁਝ ਸਾਲ ਪਹਿਲਾਂ ਹੀ ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਸਰਕਾਰ ਨੂੰ ਬੁਢਾਪਾ ਪੈਨਸ਼ਨ 500 ਤੋਂ ਵਧਾ ਕੇ 2000 ਕਰਨ ਦੀ ਸਲਾਹ ਦਿੱਤੀ ਗਈ ਸੀ।ਹੈ ਇਹ ਵੀ ਘੱਟ, ਬਜ਼ੁਰਗਾਂ ਨੂੰ ਸੋਸ਼ਲ ਸਕਿਓਰਟੀ ਲਈ 3000 ਪੈਨਸ਼ਨ ਮਿਲਣੀ ਚਾਹੀਦੀ ਹੈ। ਇਹ ਫਿਰ ਵੀ ਪੱਛਮੀਕਰਨ ਦੀ ਤਰਜ਼ 'ਤੇ ਨਿਗੂਣਾ ਹੈ । ਉਹਨਾਂ ਸਵਿਟਜ਼ਰਲੈਂਡ ਦੀ ਤਰਜ਼ 'ਤੇ ਭਾਰਤ ਨੂੰ ਬਜ਼ੁਰਗਾਂ ਦੀ ਸੇਵਾ ਕਰਨ ਦੀ ਸਲਾਹ ਦਿੱਤੀ। ਬਿਰਧਾਂ ਦੀ ਗਿਣਤੀ ਦੇ ਵਧਦੇ ਹੀ ਨਵੇਂ ਬਿਰਧ ਆਸ਼ਰਮ ਖੋਲ੍ਹਣ ਦੀ ਸਲਾਹ ਦਿੱਤੀ ।

ਭਾਰਤੀ ਸਭਿਅਤਾ ਮਨੁੱਖੀ ਜ਼ਿੰਦਗੀ ਨੂੰ ਚਾਰ ਆਸ਼ਰਮਾਂ ਵਿੱਚ ਵੰਡਦੀ ਹੈ । ਇਹਨਾਂ 'ਚੋਂ ਦੋ ਬਿਰਧ ਆਸ਼ਰਮ ਨਾਲ ਨਜਿੱਠਣ ਦਾ ਉਚਾਰਨ ਕਰਦੇ ਹਨ। ਭਾਰਤੀ ਪਿਛੋਕੜ ਇਹਨਾਂ ਦੇ ਆਲੇ ਦੁਆਲੇ ਘੁੰਮਦੇ ਜਾ ਰਿਹਾ ਹੈ। ਇੱਕ ਹੋਰ ਸਨਸਨੀਖੇਜ ਖੁਲਾਸਾ ਹੈ ਕਿ ਅਗਲੇ 25 ਕੁ ਸਾਲਾਂ 'ਚ ਅਮਰੀਕਾ ਦੀ ਕੁੱਲ ਆਬਾਦੀ ਦੇ ਬਰਾਬਰ ਭਾਰਤ 'ਚ ਬਜ਼ੁਰਗ ਹੋਣਗੇ ।

ਹਰ ਮਨੁੱਖ ਦੀ ਇੱਛਾ ਹੁੰਦੀ ਹੈ ਕਿ ਉਸ ਦਾ ਬਚਪਨ, ਬੁਢਾਪਾ ਅਤੇ ਜਵਾਨੀ ਸਹੀ ਨਿਕਲੇ। ਸਮੇਂ ਦੀ ਮਾਰ ਨੂੰ ਕੁਝ ਹੋਰ ਹੀ ਮਨਜ਼ੂਰ ਹੁੰਦਾ ਹੈ। ਪੁੱਤ ਕਪੁੱਤ ਹੋ ਸਕਦਾ ਹੈ ਮਾਂ ਪਿਓ ਕੁਝ ਅਜਿਹਾ ਨਹੀਂ ਕਰ ਸਕਦੇ। ਇਸ ਦੀ ਪ੍ਰਤੱਖ ਗਵਾਹ ਪਵਿੱਤਰ ਗੁਰਬਾਣੀ ਵਿੱਚ ਹੈ 'ਜੈਸਾ ਬਾਲਕੁ ਭਾਇ ਸੁਭਾਈ, ਲਖ ਅਪਰਾਧ ਕਮਾਵੈ, ਕਰਿ ਉਪਦੇਸੁ ਝਿੜਕੇ ਬਹੁ ਭਾਤੀ ਬਹੁੜਿ ਪਿਤਾ ਗਲਿ ਲਾਵੈ॥' ਬਦਲੇ ਦੌਰ ਦੇ ਨਾਲ ਹੀ ਵਿਦੇਸ਼ ਜਾਣ ਦੀ ਨਵੀਂ ਪੀੜ੍ਹ ਦੇ ਰੁਝਾਨ ਨੇ ਵੀ ਬਜ਼ੁਰਗਾਂ ਦੀ ਹੋਣੀ ਲਿਖੀ ਹੈ।ਸਾਡੇ ਬਜ਼ੁਰਗ ਪੱਛਮੀ ਦੇਸ਼ਾਂ 'ਚ ਐਡਜਸਟ ਨਹੀਂ ਹੋ ਸਕਦੇ, ਆਖਰ ਇੱਥੇ ਇਕੱਲਤਾ ਦਾ ਰੋਗ ਝੱਲਦੇ ਹਨ । 2016 ਤੋਂ 2021 ਤੱਕ 9.8 ਲੱਖ ਭਾਰਤੀ ਮਨੁੱਖ ਵਿਦੇਸ਼ ਗਏ, ਜਿਹਨਾਂ ਵਿੱਚੋਂ 3.7 ਲੱਖ ਵਿਦਿਆਰਥੀ ਅਤੇ 6 ਲੱਖ ਮਜ਼ਦੂਰੀ ਕਿੱਤੇ ਦੇ ਹਿੱਤ ਅਨੁਸਾਰ ਵਿਦੇਸ਼ ਗਏ । ਪੰਜਾਬ ਚ ਹੁਣ ਆਬਾਦੀ ਦਾ 10.3 ਸੀਨੀਅਰ ਸਿਟੀਜਨ ਹਨ ।ਦੇਸ਼ ਦੀ ਇਹ ਪ੍ਰਤੀਸ਼ਤਤਾ 8.6 ਹੈ । ਪੰਜਾਬ ਸਰਕਾਰ ਬੁਢਾਪਾ ਪੈਨਸ਼ਨ ਤਾਂ ਦੇ ਰਹੀ ਹੈ ਜੋ ਕਿ ਘੱਟ ਹੈ ।ਪੰਜਾਬ 'ਚ 20,78,886 ਬਜ਼ੁਰਗ ਲਾਭਪਾਤਰੀ ਪੈਨਸ਼ਨ ਲੈ ਰਹੇ ਹਨ ।

'ਸਿਆਣੇ ਮੱਤ ਦੇ ਮੀਂਹ ਵੱਤ ਦੇ', ਅਨੁਸਾਰ ਦੋਵੇਂ ਆਪਣੀ ਜਗ੍ਹਾ ਸਹੀ ਹੋਣ। ਸਿਆਣਾ ਮੱਤ ਵਿਹੂਣਾ ਹੋਵੇ ਤਾਂ ਉਸ ਦਾ ਘਰ-ਬਾਹਰ ਸਤਿਕਾਰ ਨਹੀਂ ਹੁੰਦਾ। ਮਨੁੱਖੀ ਮਨ ਚਾਹੁੰਦਾ ਹੈ ਕਿ ਹਰ ਰਿਸ਼ਤਾ ਉਸ ਨਾਲ ਗੱਲ ਸਾਂਝੀ ਕਰੇ। ਆਪਣੀਆਂ ਰੋਜ਼ਮਰ੍ਹਾ ਗੱਲਾਂ ਕਰਨ, ਪਰ ਅਫਸੋਸ ਅਧਿਐਨ ਮੁਤਾਬਕ ਕੁਝ ਖੁਸ਼ਨਸੀਬ ਮਾਪਿਆਂ ਨੂੰ ਹੀ ਇਸ ਤਰਾਂ ਦਾ ਮਾਹੌਲ ਮਿਲਦਾ ਹੈ। ਦੂਜੇ ਪਾਸੇ ਮੱਤ ਵਾਲੇ ਸਿਆਣੇ ਵੀ ਭਾਗਾਂ ਵਾਲੀ ਔਲਾਦ ਦੇ ਪੱਲੇ ਪੈਂਦੇ ਹਨ ।ਕੁਝ ਤਾਂ ਧਾਰਮਿਕ ਥਾਵਾਂ 'ਤੇ ਮੱਥਾ ਰਗੜਦੇ ਹਨ, ਪਰ ਆਪਣੇ ਬਜ਼ੁਰਗਾਂ ਦਾ ਸਤਿਕਾਰ ਬਿਲਕੁਲ ਨਹੀਂ ਕਰਦੇ । ਘਰ ਵਿੱਚ ਪ੍ਰੇਮ, ਸਹਿਚਾਰ ਰਿਸ਼ਤੇ ਦਾ ਨਿੱਘਾ, ਅਨੰਦ ਸਭ ਨਿਆਮਤਾਂ ਤੋਂ ਉੱਪਰ ਹੈ। ਬਹੁਤੇ ਬਜ਼ੁਰਗਾਂ ਦੀ ਦੇਖਭਾਲ ਕਰਨੀ ਇੱਕ ਦੁਬਿਧਾ ਅਤੇ ਕਠਨ ਵਿਸ਼ਾ ਹੈ । ਆਓ, ਬਜ਼ੁਰਗਾਂ ਨੂੰ ਇਕੱਲਤਾ ਵਿੱਚੋਂ ਕੱਢ ਕੇ ਸਤਿਕਾਰ ਦਈਏ । ਓਧਰ ਬਜ਼ੁਰਗਾਂ ਨੂੰ ਵੀ ਮੱਤ ਸਹਿਤ ਗੱਲ ਕਰਕੇ ਵਿਚਰਨਾ ਚਾਹੀਦਾ ਹੈ।

# ਸੰਪਰਕ : 98781-11445

# ਉਦੇਸ਼, ਅਨੁਸ਼ਾਸਨ ਤੇ ਜਨੂੰਨ



ਡਾ. ਗੁਰਤੇਜ ਸਿੰਘ

ਸੁਪਨੇ ਦੇਖਣਾ ਹਰ ਮਨੁੱਖ ਦਾ ਹੱਕ ਹੈ, ਪਰ ਉਨ੍ਹਾਂ ਨੂੰ ਸਾਕਾਰ ਕਰਨ ਲਈ ਸਖ਼ਤ ਮਿਹਨਤ ਦੇ ਰੂਪ ਵਿੱਚ ਅੱਖਾਂ ਖੋਲ੍ਹਣੀਆਂ ਹੀ ਪੈਣਗੀਆਂ ।

ਹਰ ਕੋਈ ਬਿਹਤਰ ਜੀਵਨ ਨੂੰ ਤਾਂਘਦਾ ਹੈ, ਹਰ ਸੁਪਨਾ ਮੰਜ਼ਲ ਨਹੀਂ ਬਣਦਾ । ਹਰ ਕੋਈ ਮੰਜ਼ਿਲ ਦੇ ਰਾਹ ਨੂੰ ਤੈਅ ਕਰਨ ਲਈ ਯਾਤਰਾ ਤਾਂ ਆਰੰਭਦਾ ਹੈ, ਅਨੁਸ਼ਾਸਿਤ ਰਹਿ ਉੱਥੋਂ ਤੱਕ ਪਹੁੰਚਣ ਲਈ ਆਪਣੀ ਨੀਂਦ, ਆਰਾਮ ਤੇ ਸੁੱਖ-ਸਹੂਲਤਾਂ ਨੂੰ ਦਾਅ 'ਤੇ ਕੋਈ ਵਿਰਲਾ ਹੀ ਲਾਉਂਦਾ । ਫ਼ਰਕ ਸਿਰਫ਼ ਏਨਾ ਹੈ ਕਿ ਕਿਸੇ ਲਈ ਕੋਈ ਉਦੇਸ਼ ਜੀਵਨ ਦੀ ਇੱਕ ਇੱਛਾ ਹੋ ਸਕਦਾ ਹੈ ਅਤੇ ਕਿਸੇ ਲਈ ਉਹੀ ਮਕਸਦ ਜੀਵਨ ਦੀ ਲੋੜ ਬਣ ਜਾਂਦਾ ਹੈ। ਜਦੋਂ ਕੋਈ ਉਦੇਸ਼ ਮਨੁੱਖ ਦੀ ਲੋੜ ਤੋਂ ਅੱਗੇ ਵਧ ਕੇ ਉਸ ਦੇ ਅੰਦਰਲਾ ਜਨੂੰਨ ਬਣ ਜਾਂਦਾ ਹੈ, ਫਿਰ ਰਸਤੇ ਦੀਆਂ ਰੁਕਾਵਟਾਂ ਉਸ ਨੂੰ ਰੋਕਦੀਆਂ ਨਹੀਂ, ਸਗੋਂ ਹੋਰ ਮਜ਼ਬੂਤ ਕਰਦੀਆਂ ਹਨ।

ਉਦੇਸ਼ ਕਹਿੰਦਾ ਹੈ ਮੈਂ ਇਹ ਕਰਨਾ ਹੈ । ਜਨੂੰਨ ਕਹਿੰਦਾ ਹੈ ਮੈਂ ਇਹ ਕੀਤੇ ਬਿਨਾਂ ਰਹਿ ਨਹੀਂ ਸਕਦਾ । ਇਹੀ ਦੋਹਾਂ ਵਿਚਲਾ ਸਭ ਤੋਂ ਵੱਡਾ ਫ਼ਰਕ ਹੈ। ਮਕਸਦ ਦਿਮਾਗ ਵਿੱਚ ਜਨਮ ਲੈਂਦਾ ਹੈ, ਜਨੂੰਨ ਦਿਲ ਵਿੱਚ ਧੜਕਦਾ ਹੈ। ਉਦੇਸ਼ ਸਾਨੂੰ ਦਿਸ਼ਾ ਦਿੰਦਾ ਹੈ, ਪਰ ਜਨੂੰਨ ਸਾਨੂੰ ਉਸ ਦਿਸ਼ਾ ਵਿੱਚ ਲਗਾਤਾਰ ਤੁਰਨ ਦੀ ਤਾਕਤ ਦਿੰਦਾ ਹੈ। ਮਕਸਦ ਮਿੱਥਣਾ ਪੈਂਦਾ, ਅਨੁਸ਼ਾਸਿਨ ਨਾਲ ਸ਼ਾਂਤ ਚਿੱਤ ਹੋ ਕੇ ਯੋਜਨਾ ਬਣਾਉਣੀ ਪੈਂਦੀ ਹੈ। ਜਨੂੰਨ ਲਈ ਅਨੁਸ਼ਾਸ਼ਿਤ ਹੋ ਕੇ ਮਿੱਥੇ ਉਦੇਸ਼ ਲਈ ਆਪਣੇ ਆਪ ਨੂੰ ਸਮਰਪਿਤ ਕਰਨਾ ਪੈਂਦਾ ਹੈ। ਮਕਸਦ ਕਈ ਵਾਰ ਹਾਲਾਤ ਅੱਗੇ ਝੁਕ ਜਾਂਦਾ ਹੈ, ਪਰ ਜਨੂੰਨ ਹਾਲਾਤ ਨੂੰ ਬਦਲਣ ਦੀ ਕੋਸ਼ਿਸ਼ ਕਰਦਾ ਹੈ।

ਜਦੋਂ ਉਦੇਸ਼ ਹੀ ਜਨੂੰਨ ਬਣ ਜਾਵੇ, ਤਾਂ ਦੁਨੀਆ ਦੀ ਤਾਕਤ ਸਫ਼ਲ ਹੋਣੋਂ ਰੋਕ ਨਹੀਂ ਸਕਦੀ। ਉਦੇਸ਼ ਅਤੇ ਜਨੂੰਨ ਇੱਕੋ ਜਿਹੇ ਦਿਖਾਈ ਦੇ ਸਕਦੇ ਹਨ,ਪਰ ਦੋਵਾਂ ਵਿਚ ਬੁਨਿਆਦੀ ਫ਼ਰਕ ਹੈ। ਮਕਸਦ ਉਹ ਹੈ, ਜੋ ਅਸੀਂ ਆਪਣੇ ਦਿਮਾਗ ਵਿੱਚ ਤੈਅ ਕਰਦੇ ਹਾਂ, ਜਦਕਿ ਜਨੂੰਨ ਉਹ ਹੈ, ਜੋ ਸਾਡੇ ਅੰਦਰ ਇੰਨੀ ਡੂੰਘਾਈ ਤੱਕ ਵੱਸ ਜਾਂਦਾ ਹੈ ਕਿ ਉਹ ਸਾਡੇ ਸਾਹਾਂ ਦਾ ਹਿੱਸਾ ਬਣ ਜਾਂਦਾ ਹੈ। ਬਹੁਤ ਸਾਰੇ ਲੋਕਾਂ ਕੋਲ ਮਕਸਦ ਹੁੰਦੇ ਹਨ, ਪਰ ਬਹੁਤ ਘੱਟ ਲੋਕ ਅਜਿਹੇ ਹੁੰਦੇ ਹਨ, ਜਿਨ੍ਹਾਂ ਦਾ ਉਦੇਸ਼ ਉਨ੍ਹਾਂ ਦਾ ਜਨੂੰਨ ਬਣ ਜਾਂਦਾ ਹੈ। ਇਤਿਹਾਸ ਵਿੱਚ ਬਦਲਾਅ ਲਿਆਉਣ ਵਾਲੇ ਲੋਕਾਂ ਦੀ ਪਛਾਣ ਵੀ ਇਹੀ ਹੁੰਦੀ ਹੈ।

ਅੱਜ ਹਰ ਵਿਅਕਤੀ ਆਪਣੇ ਨਾਲ ਅਣਗਿਣਤ ਇੱਛਾਵਾਂ ਰੂਪੀ ਉਦੇਸ਼ਾਂ ਦੀ ਇੱਕ ਸੂਚੀ ਚੁੱਕੀ ਫਿਰਦਾ ਹੈ। ਕਿਸੇ ਨੇ ਡਾਕਟਰ ਬਣਨਾ ਹੈ, ਕੋਈ ਵਿਦੇਸ਼ ਜਾਣ ਲਈ ਉਤਾਵਲਾ ਹੈ, ਕਿਸੇ ਨੇ ਮਹਿੰਗੀ ਕਾਰ ਲੈਣੀ ਹੈ, ਕਿਸੇ ਨੇ ਵੱਡਾ ਮਕਾਨ ਬਣਾਉਣਾ ਹੈ ਜਾਂ ਕਾਰੋਬਾਰ ਖੜ੍ਹਾ ਕਰਨਾ ਹੈ। ਇਹ ਸਾਰੇ ਮਕਸਦ ਹਨ। ਇਹ ਕਾਗਜ਼ 'ਤੇ ਲਿਖੇ ਹੋਏ ਬਹੁਤ ਸੋਹਣੇ ਲੱਗਦੇ ਹਨ ਅਤੇ ਦੂਜਿਆਂ ਨੂੰ ਦੱਸਣ ਵੇਲੇ ਹੋਰ ਵੀ ਪ੍ਰਭਾਵਸ਼ਾਲੀ ਮਹਿਸੂਸ ਹੁੰਦੇ ਹਨ, ਪਰ ਜਦੋਂ ਉਸ ਉਦੇਸ਼ ਦੀ ਪੂਰਤੀ ਦੀ ਵਾਰੀ ਆਉਂਦੀ ਹੈ ਤਾਂ ਅਨੁਸ਼ਾਸ਼ਨ ਢਿੱਲ-ਮੱਠ ਦੀ ਗੁੰਜਾਇਸ਼ ਬਰਦਾਸ਼ਤ ਨਹੀਂ ਕਰਦਾ। ਉੱਥੇ ਜਨੂੰਨ ਦੀ ਲੋੜ ਪੈਂਦੀ ਹੈ, ਜੋ ਅਨੁਸ਼ਾਸ਼ਨ ਦੀ ਪਾਲਣਾ ਕਰਦੇ ਹੋਏ ਮੰਜ਼ਲ ਦੇ ਪੈਂਡੇ ਨੂੰ ਤੈਅ ਕਰਨ ਲਈ ਨਿਕਲਦਾ ਹੈ।

ਜਨੂੰਨ ਉਹ ਅੰਦਰਲੀ ਅੱਗ ਹੈ, ਜੋ ਹਾਲਾਤਾ ਦੇ ਝੱਖੜਾਂ ਨਾਲ ਆਸਾਨੀ ਨਾਲ ਬੁਝਦੀ ਨਹੀਂ। ਜਦੋਂ ਉਦੇਸ਼ ਜਨੂੰਨ ਬਣ ਜਾਂਦਾ ਹੈ, ਤਾਂ ਮਨੁੱਖ ਕੰਮ ਨੂੰ ਸਿਰਫ਼ ਜ਼ਿੰਮੇਵਾਰੀ ਸਮਝ ਕੇ ਨਹੀਂ ਕਰਦਾ, ਉਹ ਉਸ ਵਿੱਚ ਆਪਣੀ ਰੂਹ ਜੋੜ ਦਿੰਦਾ ਹੈ। ਉਸ ਨੂੰ ਹਰ ਵਾਰ ਕਿਸੇ ਬਾਹਰੀ ਪ੍ਰੇਰਣਾ ਦੀ ਲੋੜ ਨਹੀਂ ਰਹਿੰਦੀ। ਉਹ ਆਪ ਆਪਣੇ ਲਈ ਪ੍ਰੇਰਣਾ ਬਣ ਜਾਂਦਾ ਹੈ। ਥਕਾਵਟ ਆਉਂਦੀ ਹੈ, ਮੁਸ਼ਕਲਾਂ ਆਉਂਦੀਆਂ ਹਨ, ਅਸਫਲਤਾਵਾਂ ਮਿਲਦੀਆਂ ਹਨ, ਪਰ ਅੰਦਰਲੀ ਖਿੱਚ ਉਸ ਨੂੰ ਰੁਕਣ ਨਹੀਂ ਦਿੰਦੀ।

ਡਾ. ਭੀਮ ਰਾਓ ਅੰਬੇਡਕਰ ਦਾ ਮਕਸਦ ਸਿਰਫ਼ ਉੱਚੀਆਂ ਡਿਗਰੀਆਂ ਹਾਸਲ ਕਰਨਾ ਨਹੀਂ ਸੀ, ਉਨ੍ਹਾ ਦੇ ਅੰਦਰ ਇੱਕ ਸੁਪਨਾ ਸੀ, ਤਾਂਘ ਸੀ, ਅਪਮਾਨ ਅਤੇ ਸਮਾਜਿਕ ਵਿਤਕਰੇ ਤੋਂ ਮੁਕਤ ਸਮਾਜ ਸਿਰਜਣ ਦੀ। ਬਚਪਨ ਤੋਂ ਹੀ ਮਿਲੇ ਅਪਮਾਨ ਅਤੇ ਭੇਦਭਾਵ ਨੇ ਉਨ੍ਹਾ ਨੂੰ ਤੋੜਿਆ ਨਹੀਂ, ਸਗੋਂ ਉਨ੍ਹਾਂ ਦੇ ਸੰਘਰਸ਼ ਕਰਨ ਦੇ ਜਜ਼ਬੇ ਨੂੰ ਹੋਰ ਮਜ਼ਬੂਤ ਕੀਤਾ ।

ਇਸੇ ਤਰ੍ਹਾਂ ਭਗਤ ਪੂਰਨ ਸਿੰਘ ਦਾ ਉਦੇਸ਼ ਸਿਰਫ਼ ਪਿੰਗਲਵਾੜਾ ਬਣਾਉਣਾ ਨਹੀਂ ਸੀ । ਉਨ੍ਹਾ ਦੀ ਸੰਵੇਦਨਾ ਦਾ ਕੇਂਦਰ ਉਹ ਮਨੁੱਖ ਸੀ, ਜਿਸ ਨੂੰ ਸਮਾਜ ਨੇ ਬੇਸਹਾਰਾ ਛੱਡ ਦਿੱਤਾ ਸੀ। ਉਨ੍ਹਾਂ ਦਾ ਜਨੂੰਨ ਮਨੁੱਖੀ ਸੇਵਾ ਸੀ। ਇਹੀ ਜਨੂੰਨ ਉਨ੍ਹਾਂ ਨੂੰ ਆਪਣੇ ਅਰਾਮ ਤੋਂ ਉਪਰ ਉਠ ਕੇ ਦੂਜਿਆਂ ਦੀ ਪੀੜ ਨਾਲ ਜੋੜਦਾ ਰਿਹਾ।

ਜਦੋਂ ਉਦੇਸ਼ ਅਨੁਸ਼ਾਸ਼ਨ ਰੂਪੀ ਜਨੂੰਨ ਨਾਲ ਜੁੜਦਾ ਹੈ ਤਾਂ ਸਭ ਤੋਂ ਪਹਿਲਾਂ ਬਹਾਨੇ ਮੁੱਕ ਜਾਂਦੇ ਹਨ। ਸਿਰਫ ਮਕਸਦ ਰੱਖਣ ਵਾਲਾ ਵਿਅਕਤੀ ਕਦੇ ਜ਼ਰੂਰ ਕਹਿ ਸਕਦਾ ਹੈ, ਅੱਜ ਮੌਸਮ ਠੀਕ ਨਹੀਂ, ਹਾਲਾਤ ਮੇਰੇ ਹੱਕ ਵਿੱਚ ਨਹੀਂ, ਕਿਸਮਤ ਸਾਥ ਨਹੀਂ ਦੇ ਰਹੀ, ਪਰ ਜਨੂੰਨੀ ਵਿਅਕਤੀ ਹਾਲਾਤਾ ਦੇ ਬਾਵਜੂਦ ਰਸਤਾ ਲੱਭ ਲੈਂਦਾ ਹੈ। ਉਡਣਾ ਸਿੱਖ ਮਿਲਖਾ ਸਿੰਘ ਦੀ ਜ਼ਿੰਦਗੀ ਇਸ ਦੀ ਸਭ ਤੋਂ ਵੱਡੀ ਮਿਸਾਲ ਹੈ। ਸਾਧਨਾਂ ਦੀ ਅਣਹੋਂਦ, ਪਰਵਾਰਕ ਮੁਸ਼ਕਲਾਂ ਅਤੇ ਅਨੇਕਾਂ ਰੁਕਾਵਟਾਂ ਦੇ ਬਾਵਜੂਦ ਉਸ ਨੇ ਦੌੜਨਾ ਨਹੀਂ ਛੱਡਿਆ। ਉਸ ਕੋਲ ਕੋਈ ਸਹੂਲਤ ਨਹੀਂ ਸੀ, ਪਰ ਆਪਣੇ ਸੁਪਨੇ ਨੂੰ ਸਾਕਾਰ ਕਰਨ ਦਾ ਜਨੂੰਨ ਜ਼ਰੂਰ ਸੀ।

ਲੋਕ ਕੀ ਕਹਿਣਗੇ ? ਜੇ ਅਸਫ਼ਲ ਹੋ ਗਿਆ ਤਾਂ, ਪਰ ਜਦੋਂ ਉਹੀ ਮਕਸਦ ਜਨੂੰਨ ਬਣ ਜਾਂਦਾ ਹੈ, ਤਾਂ ਮਨੁੱਖ ਆਪਣੇ ਅੰਦਰੋਂ ਜਵਾਬ ਲੱਭਣਾ ਸ਼ੁਰੂ ਕਰ ਦਿੰਦਾ ਹੈ। ਇਹ ਕੁਦਰਤੀ ਵਰਤਾਰਾ ਹੈ ਕਿ ਦੁਨੀਆਂ ਪਹਿਲਾਂ ਹੱਸ ਸਕਦੀ ਹੈ, ਫਿਰ ਹੈਰਾਨ ਹੁੰਦੀ ਹੈ ਅਤੇ ਆਖ਼ਰ ਵਿੱਚ ਉਹੀ ਲੋਕ ਤਾੜੀਆਂ ਮਾਰਦੇ ਹਨ, ਜੋ ਕਦੇ ਹੌਸਲਾ ਤੋੜ ਰਹੇ ਸਨ ।

ਤੀਜਾ ਬਦਲਾਅ ਅਸਫ਼ਲਤਾ ਦੀ ਪਰਿਭਾਸ਼ਾ ਵਿੱਚ ਆਉਂਦਾ ਹੈ। ਆਮ ਵਿਅਕਤੀ ਲਈ ਅਸਫ਼ਲਤਾ ਪੂਰਨ ਵਿਰਾਮ ਹੋ ਸਕਦੀ ਹੈ, ਪਰ ਜਨੂੰਨੀ ਵਿਅਕਤੀ ਲਈ ਇਹ ਸਿਰਫ਼ ਇੱਕ ਅਲਪ ਵਿਸ਼ਰਾਮ ਹੁੰਦੀ ਹੈ। ਉਹ ਡਿੱਗਦਾ ਹੈ, ਆਪਣੀ ਗ਼ਲਤੀ ਨੂੰ ਸਮਝਦਾ ਹੈ, ਸਿੱਖਦਾ ਹੈ ਅਤੇ ਦੁਬਾਰਾ ਉਠ ਖੜ੍ਹਾ ਹੁੰਦਾ ਹੈ । ਉਸ ਲਈ ਹਾਰ ਮੰਜ਼ਲ ਦਾ ਅੰਤ ਨਹੀਂ, ਸਗੋਂ ਅਗਲੇ ਯਤਨ ਦੀ ਸ਼ੁਰੂਆਤ ਹੁੰਦੀ ਹੈ।

ਉਦੇਸ਼ ਨੂੰ ਜਨੂੰਨ ਵਿੱਚ ਬਦਲਣਾ ਕੋਈ ਇੱਕ ਦਿਨ ਦਾ ਕੰਮ ਨਹੀਂ। ਇਸ ਲਈ ਨਿਰੰਤਰ ਅਨੁਸ਼ਾਸ਼ਨ ਵਿੱਚ ਰਹਿ ਕੇ ਅਭਿਆਸ ਦੀ ਲੋੜ ਹੈ। ਸਭ ਤੋਂ ਪਹਿਲਾਂ ਆਪਣੇ 'ਕਿਉਂ' ਨੂੰ ਸਪੱਸ਼ਟ ਕਰੋ । ਉਦੇਸ਼ ਪੁੱਛਦਾ ਹੈ, ਮੈਨੂੰ ਕੀ ਚਾਹੀਦਾ ਹੈ ? ਜਨੂੰਨ ਪੁੱਛਦਾ ਹੈ, ਮੈਨੂੰ ਇਹ ਕਿਉਂ ਚਾਹੀਦਾ ਹੈ ? ਜੇ 'ਕਿਉਂ' ਸਿਰਫ਼ ਪੈਸਾ, ਸ਼ੋਹਰਤ ਜਾਂ ਦਿਖਾਵਾ ਹੈ ਤਾਂ ਮੁਸ਼ਕਲ ਆਉਣ 'ਤੇ ਡਗਮਗਾਉਣ ਦੀ ਸੰਭਾਵਨਾ ਪ੍ਰਬਲ ਹੁੰਦੀ ਹੈ। ਜੇਕਰ 'ਕਿਉਂ' ਦੌਲਤ ਸ਼ੋਹਰਤ ਦੇ ਨਾਲ ਆਪਣੇ ਮਾਪਿਆਂ ਦਾ ਸਿਰ ਉਚਾ ਕਰਨਾ, ਆਪਣੇ ਪਰਵਾਰ ਨੂੰ ਬਿਹਤਰ ਜੀਵਨ ਦੇਣਾ, ਸਮਾਜ ਲਈ ਕੁਝ ਕਰਨਾ ਜਾਂ ਆਉਣ ਵਾਲੀ ਪੀੜ੍ਹੀ ਲਈ ਰਸਤਾ ਤਿਆਰ ਕਰਨਾ ਹੈ, ਤਾਂ ਇਹ ਕਾਰਨ ਤੁਹਾਨੂੰ ਲੰਮੇ ਸੰਘਰਸ਼ ਵਿੱਚ ਵੀ ਟਿਕਾਈ ਰੱਖਦਾ ਹੈ। ਜਨੂੰਨ ਵੱਡੀਆਂ ਗੱਲਾਂ ਨਾਲ ਨਹੀਂ, ਛੋਟੀਆਂ ਪਰ ਨਿਰੰਤਰ ਕੋਸ਼ਿਸ਼ਾਂ ਤੇ ਜਿੱਤਾਂ ਨਾਲ ਬਣਦਾ ਹੈ। ਲੇਖਕ ਬਣਨਾ ਹੈ ਤਾਂ ਹਰ ਰੋਜ਼ ਕੁਝ ਲਿਖੋ। ਖਿਡਾਰੀ ਬਣਨਾ ਹੈ ਤਾਂ ਹਰ ਰੋਜ਼ ਅਭਿਆਸ ਕਰੋ। ਗਿਆਨ ਹਾਸਲ ਕਰਨਾ ਹੈ ਤਾਂ ਹਰ ਰੋਜ਼ ਪੜ੍ਹੋ। ਇਹ ਛੋਟੀਆਂ ਕੋਸ਼ਿਸ਼ਾਂ ਹੌਲੀ-ਹੌਲੀ ਆਦਤ ਬਣਦੀਆਂ ਹਨ ਅਤੇ ਆਦਤ ਆਖ਼ਰਕਾਰ ਸ਼ਖ਼ਸੀਅਤ ਦਾ ਹਿੱਸਾ ਬਣ ਜਾਂਦੀ ਹੈ।ਆਪਣੀ ਸੰਗਤ ਦੀ ਚੋਣ ਕਰੋ। ਅਗਰ ਕਰਨੀ ਪਵੇ ਤਾਂ ਉਨ੍ਹਾਂ ਲੋਕਾਂ ਦੀ ਸੰਗਤ ਕਰੋ, ਜਿਨ੍ਹਾਂ ਦੀਆਂ ਅੱਖਾਂ ਵਿੱਚ ਆਪਣੇ ਸੁਪਨਿਆਂ ਲਈ ਅੱਗ ਹੈ।

ਮਸਨੂਈ ਬੁੱਧੀ ਦੇ ਇਸ ਦੌਰ ਵਿੱਚ ਜਾਣਕਾਰੀ ਤੱਕ ਪਹੁੰਚ ਪਹਿਲਾਂ ਨਾਲੋਂ ਕਿਤੇ ਆਸਾਨ ਹੋ ਗਈ ਹੈ। ਸਿਰਫ਼ ਜਾਣਕਾਰੀ ਮਨੁੱਖ ਨੂੰ ਵਿਲੱਖਣ ਨਹੀਂ ਬਣਾਉਂਦੀ। ਡੂੰਘਾਈ, ਸਿਰਜਣਾਤਮਕਤਾ, ਸੰਵੇਦਨਾ, ਨੈਤਿਕਤਾ ਅਤੇ ਕਿਸੇ ਮਕਸਦ ਪ੍ਰਤੀ ਅੰਦਰੂਨੀ ਵਚਨਬੱਧਤਾ ਅਜੇ ਵੀ ਮਨੁੱਖੀ ਤਾਕਤ ਹਨ।

ਇਸ ਲਈ ਆਪਣੇ ਉਦੇਸ਼ ਨੂੰ ਸਿਰਫ਼ ਸੁਪਨਿਆਂ ਤੱਕ ਸੀਮਿਤ ਨਾ ਰੱਖੋ। ਜਦੋਂ ਉਦੇਸ਼ ਜਨੂੰਨ ਬਣ ਜਾਂਦਾ ਹੈ ਤਾਂ ਰੁਕਾਵਟਾਂ ਰਸਤਾ ਬਣ ਜਾਂਦੀਆਂ ਹਨ, ਅਸਫ਼ਲਤਾਵਾਂ ਸਬਕ ਬਣ ਜਾਂਦੀਆਂ ਹਨ ਅਤੇ ਵਿਰੋਧ ਕਰਨ ਵਾਲੇ ਵੀ ਅਣਜਾਣੇ ਵਿੱਚ ਅਧਿਆਪਕ ਬਣ ਜਾਂਦੇ ਹਨ। ਫਿਰ ਅੱਗੇ ਵਧਣ ਲਈ ਹਰ ਵਾਰ ਕਿਸੇ ਹੋਰ ਦੀ ਪ੍ਰੇਰਣਾ ਦੀ ਲੋੜ ਹੀ ਨਹੀਂ ਰਹਿੰਦੀ। ਖੁਦ ਆਪਣੀ ਪ੍ਰੇਰਣਾ ਆਪ ਬਣ ਜਾਂਦੇ ਹੋ।

ਮਨੁੱਖ ਨੂੰ ਸਭ ਤੋਂ ਵੱਡੀ ਰੁਕਾਵਟ ਬਾਹਰ ਨਹੀਂ, ਅਕਸਰ ਆਪਣੇ ਅੰਦਰ ਮਿਲਦੀ ਹੈ। ਇਸ ਲਈ ਆਪਣੇ ਅੰਦਰਲੇ ਡਰ ਨੂੰ ਹਰਾਉਣਾ ਪਵੇਗਾ , ਆਪਣੇ ਉਦੇਸ਼ ਨੂੰ ਜਾਣੋ ਅਤੇ ਉਸ ਨੂੰ ਜਨੂੰਨ ਵਿੱਚ ਬਦਲੋ ਤੇ ਨਿਰੰਤਰਤਾ ਲਈ ਅਨੁਸ਼ਾਸ਼ਨ ਦਾ ਪੱਲਾ ਫੜਨਾ ਪਵੇਗਾ।

# ਸੰਪਰਕ: 95173-96001

# ਸਰਕਾਰੀ ਅਦਾਰਿਆਂ ਦੇ ਫੋਨਾਂ ਦੀ ਵਰਤੋਂ ਜਨਤਾ ਦੀ ਸੇਵਾ ਲਈ, ਹਰ ਨਾਗਰਿਕ ਦਾ ਜਵਾਬ ਦੇਣਾ ਅਧਿਕਾਰੀਆਂ ਦੀ ਜ਼ਿੰਮੇਵਾਰੀ : ਮਹਾਂ ਸਭਾ ਲੁਧਿਆਣਾ

## ਜਨਤਾ ਦੇ ਸੰਦੇਸ਼ਾਂ ਤੋਂ ਮੂੰਹ ਮੋੜਨ ਤੇ ਅਣਗੌਲਿਆ ਕਰਨ ਵਾਲਿਆਂ ਦੀ ਜਵਾਬਦੇਹੀ ਤੈਅ ਹੋਵੇ

**ਲੁਧਿਆਣਾ, (ਸਤੀਸ਼ ਸਚਦੇਵਾ)**-ਸਮਾਜ ਸੇਵੀ ਸੰਸਥਾ ਮਹਾਂ ਸਭਾ ਲੁਧਿਆਣਾ ਦੀ ਮੀਟਿੰਗ ਸਥਾਨਕ ਗਦਰੀ ਸ਼ਹੀਦ ਬਾਬਾ ਭਾਨ ਸਿੰਘ ਯਾਦਗਾਰ ਵਿਖੇ ਪ੍ਰੋ. ਜਗਮੋਹਨ ਸਿੰਘ (ਭਾਣਜੇ ਸ਼ਹੀਦ ਭਗਤ ਸਿੰਘ) ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੀ ਕਾਰਵਾਈ ਪ੍ਰੈੱਸ ਨੂੰ ਜਾਰੀ ਕਰਦਿਆਂ ਸਭਾ ਦੇ ਜਨਰਲ ਸਕੱਤਰ ਜਸਵੰਤ ਜ਼ੀਰਖ ਨੇ ਇਸ ਦੌਰਾਨ ਲਏ ਫੈਸਲਿਆਂ ਬਾਰੇ ਜਾਣਕਾਰੀ ਸਾਂਝੀ ਕੀਤੀ। ਮੀਟਿੰਗ ਵਿੱਚ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਸਰਕਾਰੀ ਮੋਬਾਈਲ ਫੋਨਾਂ, ਸਰਕਾਰੀ ਨੰਬਰਾਂ ਤੇ ਮੋਬਾਈਲ ਅਲਾਊਂਸ ਦੀ ਵਰਤੋਂ ਕਰ ਰਹੇ ਅਧਿਕਾਰੀਆਂ ਸਬੰਧੀ ਸਖ਼ਤ ਤੇ ਸਪੱਸ਼ਟ ਨਿਰਦੇਸ਼ ਜਾਰੀ ਕੀਤੇ ਜਾਣ, ਤਾਂ ਜੋ ਸਰਕਾਰੀ ਸੰਚਾਰ ਪ੍ਰਣਾਲੀ ਨੂੰ ਜਨਤਾ ਪ੍ਰਤੀ ਜਵਾਬਦੇਹ ਬਣਾਇਆ ਜਾ ਸਕੇ।ਇਸ ਸਮੇਂ ਯੂਨੀਵਰਸਲ ਹਿਊਮਨ ਰਾਈਟਸ ਆਰਗਨਾਈਜ਼ੇਸ਼ਨ ਦੇ ਪ੍ਰਧਾਨ ਸਤਨਾਮ ਸਿੰਘ ਧਾਲੀਵਾਲ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਮੁੱਖ ਮੰਤਰੀ ਪੰਜਾਬ, ਮੁੱਖ ਸਕੱਤਰ ਪੰਜਾਬ ਤੇ ਡੀਜੀਪੀ ਪੰਜਾਬ ਨੂੰ ਪਹਿਲਾਂ ਹੀ ਇਸ ਬਾਰੇ ਵਿਸਥਾਰਪੂਰਵਕ ਪੱਤਰ ਭੇਜੇ ਗਏ ਹਨ।ਉਪਰੋਕਤ ਦੋਨਾਂ ਸੰਸਥਾਵਾਂ ਦੇ ਆਗੂਆਂ ਨੇ ਕਿਹਾ ਕਿ ਜਿਨ੍ਹਾਂ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਸਰਕਾਰੀ ਮੋਬਾਈਲ, ਸਰਕਾਰੀ ਨੰਬਰ ਜਾਂ ਮੋਬਾਈਲ ਅਲਾਊਂਸ ਮਿਲਦਾ ਹੈ, ਉਹ ਸਹੂਲਤ ਜਨਤਾ ਨਾਲ ਸੰਪਰਕ ਤੋਂ ਬਚਣ ਲਈ ਨਹੀਂ, ਸਗੋਂ ਸਰਕਾਰੀ ਸੇਵਾ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਹੈ।ਇਸ ਲਈ ਡਿਊਟੀ ਸਮੇਂ ਅਜਿਹੇ ਮੋਬਾਈਲ ਹਰ ਵੇਲੇ ਚਾਲੂ ਤੇ ਜਨਤਾ ਲਈ ਉਪਲਬਧ ਰਹਿਣੇ ਚਾਹੀਦੇ ਹਨ।ਉਨ੍ਹਾਂ ਕਿਹਾ ਕਿ ਸਰਕਾਰੀ ਕੰਮ ਨਾਲ ਸਬੰਧਤ ਵਟਸਐਪ ਨੰਬਰਾਂ 'ਤੇ ਅਜਿਹੀਆਂ ਪ੍ਰਾਈਵੇਸੀ ਸੈਟਿੰਗਾਂ ਨਹੀਂ ਹੋਣੀਆਂ ਚਾਹੀਦੀਆਂ, ਜਿਨ੍ਹਾਂ ਕਾਰਨ ਨਾਗਰਿਕ ਨੂੰ ਇਹ ਵੀ ਪਤਾ ਨਾ ਲੱਗੇ ਕਿ ਉਸ ਦਾ ਸੰਦੇਸ਼ ਪਹੁੰਚਿਆ ਜਾਂ ਨਹੀਂ।ਅਧਿਕਾਰੀ ਵੱਲੋਂ ਸੰਦੇਸ਼ ਪੜ੍ਹੇ ਜਾਣ ਦੀ ਜਾਣਕਾਰੀ ਮੋੜਵੇਂ ਰੂਪ ਵਿੱਚ ਸੰਦੇਸ਼ ਭੇਜਣ ਵਾਲੇ ਵਿਅਕਤੀ ਨੂੰ ਮਿਲਣੀ ਜ਼ਰੂਰੀ ਹੈ।ਸੰਸਥਾਵਾਂ ਨੇ ਸਪੱਸ਼ਟ ਤੌਰ 'ਤੇ ਮੰਗ ਕੀਤੀ ਕਿ ਜਿਹੜਾ ਅਧਿਕਾਰੀ ਜਾਂ ਕਰਮਚਾਰੀ




ਸਰਕਾਰੀ ਮੋਬਾਈਲ ਜਾਂ ਨੰਬਰ ਲੈ ਕੇ ਵੀ ਡਿਊਟੀ ਸਮੇਂ ਵਾਰ-ਵਾਰ ਫੋਨ ਨਾ ਚੁੱਕੇ, ਸਰਕਾਰੀ ਸੰਦੇਸ਼ ਨਾ ਦੇਖੇ ਜਾਂ ਜਨਤਾ ਨਾਲ ਸੰਚਾਰ ਨਾ ਕਰੇ, ਉਸ ਦੀ ਜਵਾਬਦੇਹੀ ਤੈਅ ਕੀਤੀ ਜਾਵੇ ਤੇ ਨਿਯਮਾਂ ਅਨੁਸਾਰ ਕਾਰਵਾਈ ਕੀਤੀ ਜਾਵੇ।ਲੋੜ ਪੈਣ 'ਤੇ ਮੋਬਾਈਲ ਅਲਾਊਂਸ ਰੋਕਣ ਜਾਂ ਹੋਰ ਵਿਭਾਗੀ ਕਾਰਵਾਈ ਦੀ ਵਿਵਸਥਾ ਵੀ ਕੀਤੀ ਜਾਵੇ।ਜਿੱਥੇ ਸਰਕਾਰੀ ਪੈਸੇ ਵਿੱਚੋਂ ਮੋਬਾਈਲ ਦੀ ਸਹੂਲਤ ਜਾਂ ਅਲਾਊਂਸ ਦਿੱਤਾ ਜਾਵੇ, ਉੱਥੇ ਜਨਤਾ ਦੀਆਂ ਕਾਲਾਂ ਤੇ ਸਰਕਾਰੀ ਸੰਦੇਸ਼ਾਂ ਪ੍ਰਤੀ ਜਵਾਬਦੇਹੀ ਵੀ ਲਾਜ਼ਮੀ ਹੋਵੇ।ਸੰਸਥਾਵਾਂ ਨੇ ਮੰਗ ਕੀਤੀ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਲੋਕਾਂ ਵੱਲੋਂ ਭੇਜੀ ਗਈ ਸ਼ਿਕਾਇਤ ਜਾਂ ਸੰਦੇਸ਼ ਸਿਰਫ਼ ਮੋਬਾਈਲ ਵਿੱਚ ਪਿਆ ਨਾ ਰਹੇ, ਸਗੋਂ ਉਸ ਦੀ ਪ੍ਰਾਪਤੀ, ਕਾਰਵਾਈ ਤੇ ਜਵਾਬ ਦਾ ਪੂਰਾ ਰਿਕਾਰਡ ਹੋਵੇ।ਇਸ ਸਬੰਧੀ ਤੁਰੰਤ ਕਾਰਵਾਈ ਕਰਕੇ ਪੂਰੇ ਪੰਜਾਬ ਵਿੱਚ ਇਕਸਾਰ ਨਿਯਮ ਜਾਰੀ ਕੀਤੇ ਜਾਣ, ਤਾਂ ਜੋ ਸਰਕਾਰੀ ਮੋਬਾਈਲ ਨੂੰ ਜਨਤਾ ਦੀ ਸੇਵਾ, ਪਾਰਦਰਸ਼ਤਾ ਤੇ ਜਵਾਬਦੇਹੀ ਦਾ ਮਾਧਿਅਮ ਬਣਾਇਆ ਜਾ ਸਕੇ।ਲੁਧਿਆਣੇ ਵਿੱਚ ਪਿਛਲੇ ਦਿਨੀਂ ਸਥਾਨਕ ਕਿਚਲੂ ਨਗਰ ਨੇੜੇ ਸੀਵਰੇਜ ਟੁੱਟਣ ਨਾਲ ਹੋਏ ਨੁਕਸਾਨ ਵਰਗੀਆਂ ਘਟਨਾਵਾਂ ਵਾਰ ਵਾਰ ਵਾਪਰਨ ਸਬੰਧੀ ਨਗਰ ਨਿਗਮ ਅਧਿਕਾਰੀਆਂ ਨੂੰ ਪੁੱਛੇ ਗਏ ਸਵਾਲਾਂ ਬਾਰੇ, ਉਨ੍ਹਾਂ ਵੱਲੋਂ ਅਜੇ ਤੱਕ ਕੋਈ ਜਵਾਬ ਨਾ ਦੇਣ ਨੂੰ ਵੀ ਗੰਭੀਰਤਾ ਨਾਲ ਲਿਆ ਗਿਆ।ਸਿਸਟਮ ਵਿੱਚ ਕਾਰਜ ਕੁਸ਼ਲਤਾ ਲਿਆਉਣ ਲਈ ਇਹ ਜਵਾਬਦੇਹੀ ਯਕੀਨੀ ਬਣਾਉਣੀ ਜ਼ਰੂਰੀ ਹੈ।ਇਸ ਮੌਕੇ ਸਤਨਾਮ ਸਿੰਘ ਧਾਲੀਵਾਲ ਨੇ ਯੂਨੀਵਰਸਲ ਹਿਊਮਨ ਰਾਈਟਸ ਆਰਗੇਨਾਈਜ਼ੇਸ਼ਨ ਵੱਲੋਂ ਉਠਾਏ ਮੁੱਦਿਆਂ ਬਾਰੇ ਜਾਣਕਾਰੀ ਸਾਂਝੀ ਕੀਤੀ।ਇਸ ਸਮੇਂ ਸੁਨੇਤ ਦੇ ਪੁਰਾਣੇ ਮਹੱਤਵ ਪੂਰਨ ਇਤਿਹਾਸ ਨੂੰ ਦਰਸਾਉਂਦਾ ਮਿਊਜ਼ੀਅਮ ਕਮ ਹਾਲ ਉਸਾਰਨ ਬਾਰੇ ਵੀ ਵਿਚਾਰਾਂ ਹੋਈਆਂ।ਮੀਟਿੰਗ ਵਿੱਚ ਉਪਰੋਕਤ ਆਗੂਆਂ ਸਮੇਤ ਬਲਵਿੰਦਰ ਸਿੰਘ, ਮਾ. ਸੁਰਜੀਤ ਸਿੰਘ, ਰਾਕੇਸ਼ ਆਜ਼ਾਦ, ਹਰਪ੍ਰੀਤ ਜ਼ੀਰਖ, ਸੁਬੇਗ ਸਿੰਘ ਫੌਜੀ, ਬਲਵਿੰਦਰ ਸਿੰਘ ਸੁਨੇਤ, ਅਜਮੇਰ ਦਾਖਾ, ਧਰਮਪਾਲ ਸਿੰਘ, ਸਤੀਸ਼ ਸੱਚਦੇਵਾ ਹਾਜ਼ਰ ਸਨ।

# ਭਾਕਿਯੂ ਏਕਤਾ ਉਗਰਾਹਾਂ ਵੱਲੋਂ ਡੀ ਸੀ ਦਫ਼ਤਰਾਂ ਅੱਗੇ ਮੋਰਚਾ ਜਾਰੀ





**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਜ਼ਿਲ੍ਹਾ ਪੱਧਰੀ ਪੱਕੇ ਮੋਰਚੇ ਦੇ ਅੱਠਵੇਂ ਦਿਨ ਦੇਸ਼ ਪੱਧਰ 'ਤੇ ਵਿਸ਼ਾਲ ਕਿਸਾਨ ਏਕਤਾ ਉਸਾਰਨ ਦੀ ਗੱਲ ਜ਼ੋਰਦਾਰ ਢੰਗ ਪੇਸ਼ ਕੀਤੀ।ਜਗਦੀਪ ਸਿੰਘ ਛੰਨਾ ਸੀਨੀਅਰ ਮੀਤ ਪ੍ਰਧਾਨ ਨੇ ਬੋਲਦਿਆਂ ਦੱਸਿਆ ਕਿ ਬੀਤੇ ਕੱਲ੍ਹ ਜਥੇਬੰਦੀ ਵੱਲੋਂ ਸੂਬੇ ਵਿੱਚ ਵੱਖ-ਵੱਖ ਥਾਵਾਂ 'ਤੇ ਜ਼ਿਲ੍ਹਾ ਸਕੱਤਰੇਤ, ਪੁਲਸ ਅਧਿਕਾਰੀਆਂ ਦੀ ਰਿਹਾਇਸ਼, ਬੈਂਕਾਂ ਦੇ ਘਿਰਾਓ ਕੀਤੇ ਗਏ।ਇਨ੍ਹਾਂ ਸੰਘਰਸ਼ਾਂ ਵਿੱਚ 13 ਸੂਤਰੀ ਮੰਗ ਪੱਤਰ ਅਨੁਸਾਰ ਮੰਗਾਂ ਵਿੱਚੋਂ ਕਿਸਾਨਾਂ, ਮਜ਼ਦੂਰਾਂ ਤੇ ਸੰਘਰਸ਼ ਦੌਰਾਨ ਪਾਏ ਝੂਠੇ ਪਰਚੇ ਰੱਦ ਕਰਵਾਉਣ ਸਬੰਧੀ, ਪਿਛਲੇ ਸਮੇਂ ਦੌਰਾਨ ਮੌਸਮੀ ਖ਼ਰਾਬੀ ਕਾਰਨ ਫ਼ਸਲ ਦੇ ਹੋਏ ਨੁਕਸਾਨ ਦਾ ਮੁਆਵਜ਼ਾ ਦੇਣ ਸੰਬੰਧੀ, ਬਿਜਲੀ ਦੀ ਸਪਲਾਈ ਦੀ ਹੋ ਰਹੀ ਸਮੱਸਿਆ ਸੰਬੰਧੀ ਘਿਰਾਓ ਕੀਤੇ ਗਏ।ਪਟਿਆਲਾ ਜ਼ਿਲ੍ਹੇ ਦੇ ਕਿਸਾਨਾਂ ਵੱਲੋਂ ਕੋਆਪ੍ਰੇਟਿਵ ਐਗਰੀਕਲਚਰ ਡਿਵੈਲਪਮੈਂਟ ਬੈਂਕ ਦਾ ਚਾਰ ਘੰਟੇ ਦਾ ਸੰਕੇਤਕ ਘਿਰਾਓ ਕੀਤਾ ਗਿਆ ਤੇ ਮੰਗ ਕੀਤੀ ਗਈ ਕਿ ਕਿਸਾਨਾਂ, ਮਜ਼ਦੂਰਾਂ ਦੇ ਕਰਜ਼ਿਆਂ ਨੂੰ ਰੱਦ ਕੀਤਾ ਜਾਵੇ।ਉਨ੍ਹਾਂ ਦੱਸਿਆ ਕਿ ਜੇਕਰ ਸਰਕਾਰ ਵੱਲੋਂ ਕਿਸਾਨਾਂ, ਮਜ਼ਦੂਰਾਂ ਦੇ ਕਰਜ਼ਿਆਂ 'ਤੇ ਕੋਈ ਸੰਤੋਸ਼ਜਨਕ ਗੱਲ ਨਾ ਕੀਤੀ ਗਈ ਤਾਂ ਬੈਂਕ ਅੱਗੇ ਅਣਮਿੱਥੇ ਸਮੇਂ ਦਾ ਘਿਰਾਓ ਕੀਤਾ ਜਾਵੇਗਾ।ਜ਼ਿਲ੍ਹਾ ਜਨਰਲ ਸਕੱਤਰ ਸੁਖਮਿੰਦਰ ਸਿੰਘ ਬਾਰਨ ਨੇ ਅਗਲੇ ਪ੍ਰੋਗਰਾਮ ਦੀ ਜਾਣਕਾਰੀ ਦਿੱਤੀ ਤੇ ਹੋਰ ਜਥੇਬੰਦੀਆਂ ਵੱਲੋਂ ਚੱਲ ਰਹੇ ਮੋਰਚਿਆਂ ਵਿੱਚ ਵੱਖ-ਵੱਖ ਮੰਗਾਂ ਤੇ ਏਕਤਾ ਬਾਰੇ ਦੱਸਿਆ।ਉਨ੍ਹਾਂ ਪਾਣੀਆਂ ਦੇ ਮਸਲੇ 'ਤੇ ਜਥੇਬੰਦੀ ਦੀ ਨੀਤੀ ਪਾਲਸੀ ਮੁਤਾਬਕ ਇਕੱਤਰਤਾ ਨੂੰ ਜਾਣਕਾਰੀ ਦਿੱਤੀ ਤੇ ਪਾਣੀ ਦੇ ਮਸਲਿਆਂ 'ਤੇ ਸਾਰੀਆਂ ਹੀ ਵੋਟ ਸਿਆਸੀ ਪਾਰਟੀਆਂ ਵੱਲੋਂ ਆਪਣੇ ਹੇਜ ਪੂਰਨ ਲਈ ਅਪਣਾਈਆਂ ਚਾਲਾਂ ਦਾ ਜ਼ਿਕਰ ਕੀਤਾ।ਬਲਰਾਜ ਜੋਸ਼ੀ ਜ਼ਿਲ੍ਹਾ ਸੰਗਠਨ ਸਕੱਤਰ ਨੇ ਦੱਸਿਆ ਕਿ ਪਿਛਲੇ ਸਾਲਾਂ ਵਿੱਚ ਹਰਿਆਣਾ ਤੇ ਹੋਰ ਸੂਬਿਆਂ ਵਿੱਚ ਏਕਤਾ ਦੀ ਸਾਂਝ ਵਿਕਸਿਤ ਹੋਈ ਹੈ, ਉਸ ਨੂੰ ਖੋਰਾਂ ਲੱਗਣ ਤੋਂ ਬਚਣਾ ਚਾਹੀਦਾ ਹੈ।ਇਨ੍ਹਾਂ ਤੋਂ ਇਲਾਵਾ ਤਲਵਿੰਦਰ ਸਿੰਘ ਖਰੌੜ ਆਗੂ ਡੈਮੋਕ੍ਰੇਟਿਕ ਟੀਚਰਜ਼ ਫਰੰਟ, ਕਿਸਾਨ ਆਗੂ ਜਗਮੇਲ ਸਿੰਘ ਗਾਜੇਵਾਸ ਜ਼ਿਲ੍ਹਾ ਵਿੱਤ ਸਕੱਤਰ, ਅਵਤਾਰ ਸਿੰਘ ਫੱਗਣਮਾਜਰਾ, ਭਰਪੂਰ ਸਿੰਘ ਗਾਜੇਵਾਸ ਆਦਿ ਆਗੂਆਂ ਨੇ ਸ਼ਮੂਲੀਅਤ ਕੀਤੀ।

**ਬਠਿੰਡਾ, (ਪਰਵਿੰਦਰ ਜੀਤ ਸਿੰਘ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਬਠਿੰਡਾ ਡੀ ਸੀ ਦਫਤਰ ਅੱਗੇ ਚੱਲ ਰਹੇ ਮੋਰਚੇ ਦੇ ਅੱਠਵੇਂ ਦਿਨ ਦੇਸ਼ ਤੇ ਸੂਬਿਆਂ ਦੇ ਕਿਸਾਨਾਂ ਦੀ ਏਕਤਾ ਨੂੰ ਸਮਰਪਤ ਕੀਤਾ ਗਿਆ।ਸੂਬਾ ਸੀਨੀਅਰ ਮੀਤ ਪ੍ਰਧਾਨ ਝੰਡਾ ਸਿੰਘ ਜੇਠੂਕੇ ਤੇ ਜ਼ਿਲ੍ਹਾ ਪ੍ਰਧਾਨ ਸ਼ਿੰਗਾਰਾ ਸਿੰਘ ਮਾਨ ਨੇ ਵਿਸ਼ਵਾਸ ਦਿਵਾਇਆ ਕਿ ਦੇਸ਼ ਦੇ ਕਿਸਾਨਾਂ ਦੀ ਏਕਤਾ ਟੁੱਟਣ ਨਹੀਂ ਦੇਵਾਂਗੇ ਤੇ ਇਸ ਦੇ ਖਿਲਾਫ ਹਰ ਸੰਭਵ ਯਤਨ ਕਰਾਂਗੇ। ਉਨ੍ਹਾਂ ਦੂਜੇ ਸੂਬਿਆਂ ਦੇ ਕਿਸਾਨਾਂ ਨੂੰ ਸੱਦਾ ਦਿੱਤਾ ਕਿ ਆਓ ਪੰਜਾਬ ਅੰਦਰ ਚੱਲ ਰਹੇ ਮੋਰਚਿਆਂ ਵਿੱਚ ਪਹੁੰਚ ਕੇ ਇੱਕਜੁੱਟਤਾ ਦਾ ਪ੍ਰਗਟਾਵਾ ਕਰੀਏ, ਪਿਛਲੇ ਦਿਨੀਂ ਚੱਲ ਰਹੇ ਸੰਗਰੂਰ ਮੋਰਚੇ ਵਿੱਚ ਹਰਿਆਣੇ ਦੇ ਕਿਸਾਨ ਆਗੂ ਸੁਰੇਸ਼ ਕੌਥ ਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਹਰਿਆਣਾ ਦੇ ਸੂਬਾ ਪ੍ਰਧਾਨ ਕਮਲਜੀਤ ਸਿੰਘ ਨੇ ਹਰਿਆਣਾ ਤੇ ਪੰਜਾਬ ਦੇ ਕਿਸਾਨਾਂ ਦੀ ਏਕਤਾ ਨੂੰ ਉਭਾਰਿਆ। ਕਿਸਾਨ ਆਗੂਆਂ ਨੇ ਕਿਹਾ ਕਿ ਜੋ ਪੰਜਾਬ ਤੇ ਹਰਿਆਣਾ ਦੇ ਪਾਣੀਆਂ ਦੇ ਮਸਲੇ ਹਨ, ਉਨ੍ਹਾਂ ਨੂੰ ਦੇਸ਼ ਦੇ ਰਿਪੇਰੀਅਨ ਤੇ ਬੇਸਨ ਕਾਨੂੰਨ ਦੇ ਸਿਧਾਂਤ ਮੁਤਾਬਕ ਪਾਣੀਆਂ ਦੇ ਨਿਰਪੱਖ ਉੱਚ ਮਾਹਿਰਾਂ ਦੀ ਕਮੇਟੀ ਰਾਹੀਂ ਹੱਲ ਕੀਤੇ ਜਾਣ।ਅੱਜ ਦੇ ਇਕੱਠ ਨੂੰ ਜਸਪਾਲ ਸਿੰਘ ਕੋਠਾ ਗੁਰੂ, ਰਾਮ ਸਿੰਘ ਕੋਟ ਗੁਰੂ, ਰਣਧੀਰ ਸਿੰਘ ਮਲੂਕਾ ਨੇ ਵੀ ਸੰਬੋਧਨ ਕੀਤਾ।

## ਕਾਤਰਾਂ

### ਸੜਕ ਹਾਦਸੇ 'ਚ ਗੰਭੀਰ ਜ਼ਖ਼ਮੀ ਮੋਟਰਸਾਈਕਲ ਸਵਾਰ ਦੀ ਇਲਾਜ ਦੌਰਾਨ ਮੌਤ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਮੰਡੀ ਗੋਬਿੰਦਗੜ੍ਹ ਨਜ਼ਦੀਕ ਵਾਪਰੇ ਸੜਕ ਹਾਦਸੇ ਵਿੱਚ ਗੰਭੀਰ ਜ਼ਖ਼ਮੀ ਹੋਏ ਇੱਕ ਮੋਟਰਸਾਈਕਲ ਸਵਾਰ ਨੌਜਵਾਨ ਦੀ ਇਲਾਜ ਦੌਰਾਨ ਮੌਤ ਹੋ ਜਾਣ ਦੀ ਸੂਚਨਾ ਹੈ। ਜਾਣਕਾਰੀ ਅਨੁਸਾਰ 29 ਅਗਸਤ ਨੂੰ ਦਿਲਪ੍ਰੀਤ ਸਿੰਘ (21) ਵਾਸੀ ਪਿੰਡ ਪੁਰਬਾ, ਥਾਣਾ ਸਮਰਾਲਾ (ਲੁਧਿਆਣਾ) ਮੋਟਰਸਾਈਕਲ 'ਤੇ ਸਵਾਰ ਹੋ ਕੇ ਆਪਣੇ ਪਿੰਡ ਤੋਂ ਸਰਹਿੰਦ ਨੇੜਲੇ ਪਿੰਡ ਭੇਰਾ ਮੀਰਾਂ ਵਿਖੇ ਆਪਣੇ ਨਾਨਕੇ ਘਰ ਜਾ ਰਿਹਾ ਸੀ।ਜਦੋਂ ਦਿਲਪ੍ਰੀਤ ਸਿੰਘ ਮੰਡੀ ਗੋਬਿੰਦਗੜ੍ਹ ਦੇ ਅਜਨਾਲੀ ਇਲਾਕੇ ਵਿੱਚ ਪੈਂਦੀ ਏ.ਆਰ. ਸਟੀਲ ਮਿੱਲ ਨਜ਼ਦੀਕ ਪੁੱਜਾ ਤਾਂ ਪਿੱਛੋਂ ਤੇਜ਼ ਰਫ਼ਤਾਰ ਨਾਲ ਆ ਰਹੀ ਹਿਮਾਚਲ ਨੰਬਰ ਆਲਟੋ ਕਾਰ ਦੇ ਡਰਾਈਵਰ ਨੇ ਉਸ ਦੇ ਮੋਟਰਸਾਈਕਲ ਨੂੰ ਪਿੱਛਿਓਂ ਟੱਕਰ ਮਾਰ ਦਿੱਤੀ, ਜਿਸ ਕਾਰਨ ਬੁੜਕ ਕੇ ਸੜਕ 'ਤੇ ਡਿੱਗੇ ਦਿਲਪ੍ਰੀਤ ਸਿੰਘ ਦੇ ਕਾਫ਼ੀ ਸੱਟਾਂ ਲੱਗੀਆਂ, ਜਿਸ ਨੂੰ ਗੰਭੀਰ ਹਾਲਤ ਵਿੱਚ ਪੀਜੀਆਈ ਚੰਡੀਗੜ੍ਹ ਵਿਖੇ ਦਾਖ਼ਲ ਕਰਵਾਇਆ ਗਿਆ ਸੀ, ਜਿੱਥੇ ਇਲਾਜ ਦੌਰਾਨ ਦਿਲਪ੍ਰੀਤ ਸਿੰਘ ਦੀ ਮੌਤ ਹੋ ਗਈ।ਮੰਡੀ ਗੋਬਿੰਦਗੜ੍ਹ ਪੁਲਸ ਨੇ ਮ੍ਰਿਤਕ ਦੇ ਪਿਤਾ ਦੇ ਬਿਆਨਾਂ 'ਤੇ ਕਾਰ ਡਰਾਈਵਰ ਵਿਰੁੱਧ ਕੇਸ ਦਰਜ ਕਰਕੇ ਥਾਣਾ ਮੰਡੀ ਗੋਬਿੰਦਗੜ੍ਹ ਦੀ ਪੁਲਸ ਵੱਲੋਂ ਮਾਮਲੇ ਦੀ ਤਫ਼ਤੀਸ਼ ਕੀਤੀ ਜਾ ਰਹੀ ਹੈ।

### ਸੁਨਿਆਰ ਨੇ ਸੇਲਜ਼ਮੈਨ 'ਤੇ ਲਾਏ ਗਹਿਣੇ ਚੋਰੀ ਕਰਨ ਦੇ ਦੋਸ਼, ਕੇਸ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਸਰਹਿੰਦ ਮੰਡੀ ਵਿਖੇ ਸੁਨਿਆਰ ਦਾ ਕੰਮ ਕਰਨ ਵਾਲੇ ਇੱਕ ਵਿਅਕਤੀ ਵੱਲੋਂ ਆਪਣੇ ਸ਼ੋਅਰੂਮ ਦੇ ਇੱਕ ਸੇਲਜ਼ਮੈਨ ਉੱਤੇ ਗਹਿਣੇ ਚੋਰੀ ਕਰਨ ਦੇ ਲਗਾਏ ਗਏ ਦੋਸ਼ਾਂ ਦੇ ਮੱਦੇਨਜ਼ਰ ਥਾਣਾ ਫ਼ਤਹਿਗੜ੍ਹ ਸਾਹਿਬ ਦੀ ਪੁਲਿਸ ਵੱਲੋਂ ਉਸ ਵਿਰੁੱਧ ਮੁਕੱਦਮਾ ਦਰਜ ਕੀਤੇ ਜਾਣ ਦੀ ਸੂਚਨਾ ਹੈ। ਜਾਣਕਾਰੀ ਅਨੁਸਾਰ ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਵਿਸ਼ਾਲ ਵਰਮਾ ਨਾਮਕ ਵਿਅਕਤੀ ਨੇ ਦੋਸ਼ ਲਾਏ ਸਨ ਕਿ ਸਰਹਿੰਦ ਮੰਡੀ ਵਿਖੇ ਸਥਿਤ ਉਸ ਦੀ ਦੁਕਾਨ ਬਾਬੂ ਜਗਦੀਸ਼ ਜਵੈਲਰਜ਼ ਵਿਖੇ ਰਾਜੀਵ ਗੁਪਤਾ ਵਾਸੀ ਖੰਨਾ ਸੇਲਜ਼ਮੈਨ ਵਜੋਂ ਕੰਮ ਕਰਦਾ ਸੀ ਜਿਸ ਨੇ ਕੰਮ ਕਰਦੇ ਸਮੇਂ ਸੋਨੇ ਦੇ ਗਹਿਣੇ ਚੋਰੀ ਕਰ ਲਏ।ਵਿਸ਼ਾਲ ਵਰਮਾ ਦੇ ਬਿਆਨਾਂ 'ਤੇ ਥਾਣਾ ਫ਼ਤਹਿਗੜ੍ਹ ਸਾਹਿਬ ਵਿਖੇ ਅ/ਧ 316(4) ਬੀ.ਐਨ.ਐਸ. ਤਹਿਤ ਦਰਜ ਕਰਾਏ ਗਏ ਮੁਕੱਦਮੇ ਵਿੱਚ ਰਾਜੀਵ ਗੁਪਤਾ ਵਾਸੀ ਖੰਨਾ ਨੂੰ ਨਾਮਜ਼ਦ ਕਰਕੇ ਸਰਹਿੰਦ ਮੰਡੀ ਪੁਲਿਸ ਚੌਕੀ ਦੇ ਇੰਚਾਰਜ ਸਹਾਇਕ ਥਾਣੇਦਾਰ ਜਗਦੀਪ ਸਿੰਘ ਵੱਲੋਂ ਮਾਮਲੇ ਦੀ ਤਫ਼ਤੀਸ਼ ਕੀਤੀ ਜਾ ਰਹੀ ਹੈ।

### 12, 13 ਨੂੰ ਕੀਤਾ ਜਾਵੇਗਾ ਮੰਤਰੀਆਂ ਦੇ ਘਰਾਂ ਦਾ ਘਿਰਾਓ

**ਲੁਧਿਆਣਾ (ਰੈਕਟਰ ਕਥੂਰੀਆ)** ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਅੱਠਵੇਂ ਦਿਨ ਪੱਕੇ ਧਰਨੇ ਵਿੱਚ ਪਹੁੰਚਦਿਆਂ ਮੋਰਚੇ ਨੂੰ ਸਾਰੇ ਦੇ ਕਿਸਾਨਾਂ ਦੀ ਏਕਤਾ ਲਈ ਸਮਰਪਤ ਕੀਤਾ। ਜ਼ਿਲ੍ਹਾ ਜਨਰਲ ਸਕੱਤਰ ਸੁਦਾਗਰ ਸਿੰਘ ਘੁਡਾਣੀ ਨੇ ਕਿਹਾ ਕਿ ਇਹ ਏਕਤਾ ਨੂੰ ਕਿਵੇਂ ਬਚਾਉਣਾ ਹੈ, ਇੱਕ ਪਾਸੇ ਚੰਡੀਗੜ੍ਹ ਮੋਰਚਾ ਹੈ ਤੇ ਜਿਸ ਵਿੱਚ ਧਾਰਾ 78, 79, 80 ਰੱਦ ਕਰਨ ਦੀ ਮੰਗ ਕੀਤੀ ਗਈ ਹੈ। ਧਾਰਾ 78 ਕੇਂਦਰ ਸਰਕਾਰ ਨੂੰ ਬੰਧੇਜ ਕਰਦੀ ਹੈ ਕਿ ਪਹਿਲਾਂ ਕੇਂਦਰ ਸਰਕਾਰ ਨੇ 80-81 ਦੇ ਫੈਸਲੇ ਪਾਣੀਆਂ ਦੇ ਸਬੰਧ ਵਿੱਚ ਕੀਤੇ, ਉਹ 78 ਧਾਰਾ ਦੀ ਘੋਰ ਲੰਘਣਾ ਕਰਕੇ ਕੀਤੇ ਹਨ ਤਾਂ ਇਹ ਲੜਾਈ ਸੂਬਿਆਂ ਦੇ ਕਿਸਾਨ ਇਕੱਠੇ ਹੋ ਕੇ ਸੈਂਟਰ ਸਰਕਾਰ ਖਿਲਾਫ ਲੜਾਈ ਲੜਨ। ਇਹ ਸਾਂਝੀ ਲੜਾਈ ਹੈ ਤੇ ਸਾਂਝੇ ਹੋ ਕੇ ਲੜਨਾ ਚਾਹੀਦਾ ਹੈ, ਨਾ ਕਿ ਸੂਬਿਆਂ ਦਾ ਕਲੇਸ਼ ਖੜਾ ਕੀਤਾ ਜਾਵੇ। ਅਸੀਂ ਕਿਸੇ ਵੀ ਕੀਮਤ ਦੇਸ਼ ਦੇ ਕਿਸਾਨਾਂ ਦੀ ਏਕਤਾ ਨਹੀਂ ਟੁੱਟਣ ਦੇਵਾਂਗੇ। ਇਸ ਦੇ ਖਿਲਾਫ਼ ਹਰ ਸੰਭਵ ਯਤਨ ਕਰਾਂਗੇ। ਮਨਜੀਤ ਸਿੰਘ ਬੁਢੇਲ ਤੇ ਜਸਵੀਰ ਸਿੰਘ ਖਟੜਾ ਨੇ ਕਿਹਾ ਕਿ ਸੂਬੇ ਵੱਲੋਂ ਉਲੀਕੇ ਪ੍ਰੋਗਰਾਮ ਤਹਿਤ ਮੰਤਰੀਆਂ ਦੇ 12-13 ਸਤੰਬਰ ਨੂੰ ਘਿਰਾਓ ਵੀ ਕੀਤੇ ਜਾਣਗੇ ਤੇ 9 ਸਤੰਬਰ ਨੂੰ ਅਵਤਾਰ ਪਾਸ਼ ਦੇ ਪਿੰਡ ਤਲਵੰਡੀ ਸਲੇਮ ਵਿਖੇ ਯਾਦਗਾਰ ਤੇ ਧੱਕੇ ਨਾਲ ਕਬਜ਼ਾ ਕਰਨ ਦੇ ਖਿਲਾਫ਼ ਵੀ ਜ਼ੋਰਦਾਰ ਨਾਲ ਜਾਇਆ ਜਾਵੇਗਾ। ਧਰਨੇ ਨੂੰ ਇਨ੍ਹਾਂ ਆਗੂਆਂ ਤੋਂ ਇਲਾਵਾ ਤੀਰਥ ਸਿੰਘ ਤਲਵੰਡੀ, ਲਵਲੀ ਮਾਜਰੀ, ਮਨਜੀਤ ਕੌਰ ਤੇ ਰਾਮ ਸਿੰਘ ਹਠੂਰ ਨੇ ਇਨਕਲਾਬੀ ਗੀਤ ਪੇਸ਼ ਕੀਤੇ।

# ਪੰਜਾਬੀ 'ਵਰਸਿਟੀ ਦੇ ਖੋਜਾਰਥੀ ਨੇ 6-ਜੀ ਸੰਚਾਰ ਲਈ ਵਿਕਸਿਤ ਕੀਤਾ ਨਵਾਂ ਐਂਟੀਨਾ ਡਿਜ਼ਾਈਨ

**ਪਟਿਆਲਾ, (ਰਾਜਿੰਦਰ ਸਿੰਘ ਥਿੰਦ)**-ਪੰਜਾਬੀ ਯੂਨੀਵਰਸਿਟੀ ਵਿਖੇ ਹੋਈ ਇੱਕ ਤਾਜ਼ਾ ਖੋਜ ਤਹਿਤ ਭਵਿੱਖ ਦੀ 6-ਜੀ ਤੇ ਅਤਿ-ਤੇਜ਼ ਗਤੀ ਵਾਲੀ ਸੰਚਾਰ ਪ੍ਰਣਾਲੀ ਲਈ ਟੇਰਾਹਰਟਜ਼ ਐਂਟੀਨਾ ਦੇ ਨਿਰਮਾਣ 'ਤੇ ਸੁਧਾਰ ਬਾਰੇ ਅਹਿਮ ਨਤੀਜੇ ਸਾਹਮਣੇ ਆਏ ਹਨ।ਇਹ ਖੋਜ ਯੂਨੀਵਰਸਿਟੀ ਦੇ ਇਲੈਕਟ੍ਰਾਨਿਕਸ ਤੇ ਕਮਿਊਨੀਕੇਸ਼ਨ ਇੰਜੀਨੀਅਰਿੰਗ ਵਿਭਾਗ ਵਿਖੇ ਖੋਜਾਰਥੀ ਡਾ. ਨਿਪੁਨ ਸ਼ਰਮਾ ਨੇ ਨਿਗਰਾਨ ਡਾ. ਅੰਮ੍ਰਿਤ ਕੌਰ ਦੀ ਅਗਵਾਈ ਹੇਠ ਕੀਤੀ ਹੈ।ਡਾ. ਨਿਪੁਨ ਸ਼ਰਮਾ ਨੇ ਦੱਸਿਆ ਕਿ ਇਸ ਖੋਜ ਵਿੱਚ ਪੇਸ਼ ਕੀਤਾ ਗਿਆ ਐਂਟੀਨਾ ਡਿਜ਼ਾਈਨ ਮੌਜੂਦਾ ਟੇਰਾਹਰਟਜ਼ ਤਕਨਾਲੋਜੀ ਦੇ ਮੁਕਾਬਲੇ ਬਹੁਤ ਬਿਹਤਰ ਤੇ ਅਗਲੇਰੀ ਪੀੜ੍ਹੀ ਦਾ ਐਂਟੀਨਾ ਹੈ।ਉਨ੍ਹਾਂ ਦੱਸਿਆ ਕਿ ਇਹ ਐਂਟੀਨਾ ਸ਼ਾਨਦਾਰ ਰਿਟਰਨ-ਲਾਸ, ਬੈਂਡਵਿਡਥ, ਕੁਸ਼ਲਤਾ ਤੇ ਗੇਨ ਪ੍ਰਦਾਨ ਕਰਦਾ ਹੈ।ਉਨ੍ਹਾਂ ਦੱਸਿਆ ਕਿ ਇਸ ਡਿਜ਼ਾਈਨ ਨੂੰ ਤਿਆਰ ਕਰਨ ਲਈ ਮੈਟਾ-ਹੀਊਰਿਸਟਿਕ ਐਲਗੋਰਿਦਮ ਨਵੀਨਤਮ ਦੀ ਵਰਤੋਂ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਇਸ ਖੋਜ ਕਾਰਜ ਨੂੰ ਤਿੰਨ ਪ੍ਰਮੁੱਖ ਐੱਸ.ਸੀ.ਆਈ. ਇੰਡੈਕਸਡ ਜਰਨਲਾਂ, ਦੋ ਸਕੋਪਸ ਜਰਨਲਾਂ, ਦੋ ਕਾਨਫਰੰਸ ਪੇਪਰਾਂ ਤੇ ਇੱਕ ਪੇਟੈਂਟ ਵਿੱਚ ਪ੍ਰਕਾਸ਼ਤ ਹੋਣ ਦਾ ਮਾਣ ਪ੍ਰਾਪਤ ਹੋਇਆ ਹੈ। ਨਿਗਰਾਨ ਡਾ. ਅੰਮ੍ਰਿਤ ਕੌਰ ਨੇ ਕਿਹਾ ਕਿ ਮਾਈਕ੍ਰੋਮੀਟਰ ਪੱਧਰ 'ਤੇ ਤਿਆਰ ਹੋਣ ਵਾਲਾ ਇਹ ਐਂਟੀਨਾ ਡਿਜ਼ਾਈਨ ਭਾਰਤ ਵਿੱਚ ਸੈਮੀਕੰਡਕਟਰ ਖੇਤਰ ਦੇ ਹੋ ਰਹੇ ਤੇਜ਼ ਵਿਕਾਸ ਦੇ ਨਾਲ ਭਵਿੱਖ ਵਿੱਚ ਦੇਸ਼ ਦੇ ਅੰਦਰ ਹੀ 'ਆਨ-ਚਿੱਪ ਟੇਰਾਹਰਟਜ਼ ਐਂਟੀਨਾ' ਨੂੰ ਵਿਕਸਿਤ ਕੀਤੇ ਜਾ ਸਕਣ ਲਈ ਇੱਕ ਨਵਾਂ ਰਾਹ ਖੋਲ੍ਹੇਗਾ।ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਖੋਜਾਰਥੀ ਤੇ ਨਿਗਰਾਨ ਨੂੰ ਵਧਾਈ ਦਿੰਦਿਆਂ ਕਿਹਾ ਕਿ ਪੰਜਾਬੀ ਯੂਨੀਵਰਸਿਟੀ ਲਈ ਇਹ ਬਹੁਤ ਹੀ ਮਾਣ ਵਾਲੀ ਗੱਲ ਹੈ ਕਿ ਸਾਡੇ ਖੋਜਾਰਥੀ ਅੰਤਰਰਾਸ਼ਟਰੀ ਪੱਧਰ ਦੀਆਂ ਨਵੀਨਤਮ ਤਕਨਾਲੋਜੀਆਂ 'ਤੇ ਕੰਮ ਕਰ ਰਹੇ ਹਨ। ਉਨ੍ਹਾਂ ਕਿਹਾ ਕਿ 6-ਜੀ ਸੰਚਾਰ ਪ੍ਰਣਾਲੀ ਵਰਗੇ ਅਤਿ-ਆਧੁਨਿਕ ਵਿਸ਼ੇ 'ਤੇ ਹੋਈ ਇਹ ਖੋਜ ਭਾਰਤ ਦੇ ਟੈਕਨਾਲੋਜੀ ਖੇਤਰ ਵਿੱਚ ਆਤਮ-ਨਿਰਭਰਤਾ ਵੱਲ ਵੀ ਇੱਕ ਵੱਡਾ ਕਦਮ ਹੈ।





# ਰੇਲਵੇ ਸਟੇਸ਼ਨ ਨੇੜੇ ਬਿਜਲੀ ਮੁਲਾਜ਼ਮ ਦਾ ਮੋਟਰਸਾਈਕਲ ਚੋਰੀ

**ਬਰੇਟਾ (ਰੀਤਵਾਲ)** ਰੇਲਵੇ ਸਟੇਸ਼ਨ ਦੇ ਨੇੜੇ ਖੜ੍ਹਾ ਬਿਜਲੀ ਵਿਭਾਗ ਦੇ ਇੱਕ ਮੁਲਾਜ਼ਮ ਦਾ ਮੋਟਰਸਾਈਕਲ ਅਣਪਛਾਤੇ ਚੋਰਾਂ ਵੱਲੋਂ ਚੋਰੀ ਕਰ ਲਿਆ ਗਿਆ।ਘਟਨਾ ਨੂੰ ਚਾਰ ਦਿਨ ਬੀਤ ਜਾਣ ਦੇ ਬਾਵਜੂਦ ਪੁਲਸ ਨੂੰ ਹਾਲੇ ਤੱਕ ਕੋਈ ਸੁਰਾਗ ਹੱਥ ਨਹੀਂ ਲੱਗਾ, ਜਿਸ ਕਾਰਨ ਪੀੜਤ ਮੁਲਾਜ਼ਮ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਜਾਣਕਾਰੀ ਅਨੁਸਾਰ ਬਿਜਲੀ ਵਿਭਾਗ ਦਾ ਮੁਲਾਜ਼ਮ ਮੱਖਣ ਸਿੰਘ ਵਾਸੀ ਕੁਲਰੀਆਂ ਆਪਣਾ ਮੋਟਰਸਾਈਕਲ ਰੇਲਵੇ ਸਟੇਸ਼ਨ ਦੇ ਨੇੜੇ ਖੜ੍ਹਾ ਕਰਕੇ ਆਪਣੇ ਕੰਮ ਲਈ ਗਿਆ ਸੀ।ਜਦੋਂ ਉਹ ਵਾਪਸ ਪਰਤਿਆ ਤਾਂ ਮੋਟਰਸਾਈਕਲ ਉਸ ਸਥਾਨ 'ਤੇ ਮੌਜੂਦ ਨਹੀਂ ਸੀ।ਆਲੇ-ਦੁਆਲੇ ਭਾਲ ਕਰਨ ਦੇ ਬਾਵਜੂਦ ਮੋਟਰਸਾਈਕਲ ਦਾ ਕੋਈ ਥਹੁ-ਪਤਾ ਨਾ ਲੱਗਣ 'ਤੇ ਉਸ ਨੇ ਤੁਰੰਤ ਇਸ ਦੀ ਸੂਚਨਾ ਸਬੰਧਤ ਥਾਣੇ ਬਰੇਟਾ ਵਿੱਚ ਦਿੱਤੀ। ਪੁਲਿਸ ਨੇ ਮੁਲਾਜ਼ਮ ਦੀ ਸ਼ਿਕਾਇਤ ਦਰਜ ਕਰਦਿਆਂ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਅਤੇ ਆਲੇ-ਦੁਆਲੇ ਲੱਗੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਖੰਗਾਲਣ ਦਾ ਭਰੋਸਾ ਦਿੱਤਾ ਸੀ, ਪਰ ਚਾਰ ਦਿਨ ਬੀਤ ਜਾਣ ਦੇ ਬਾਵਜੂਦ ਹਾਲੇ ਤੱਕ ਪੁਲਸ ਨੂੰ ਚੋਰਾਂ ਬਾਰੇ ਕੋਈ ਠੋਸ ਜਾਣਕਾਰੀ ਨਹੀਂ ਮਿਲੀ, ਜਿਸ ਨਾਲ ਇਲਾਕੇ ਦੇ ਲੋਕਾਂ ਵਿੱਚ ਵੀ ਚਿੰਤਾ ਪਾਈ ਜਾ ਰਹੀ ਹੈ। ਪੀੜਤ ਮੁਲਾਜ਼ਮ ਨੇ ਪੁਲਸ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਮਾਮਲੇ ਦੀ ਜਲਦ ਤੋਂ ਜਲਦ ਜਾਂਚ ਕਰਕੇ ਚੋਰਾਂ ਨੂੰ ਗ੍ਰਿਫ਼ਤਾਰ ਕੀਤਾ ਜਾਵੇ ਤਾਂ ਜੁ ਉਸ ਦਾ ਮੋਟਰਸਾਈਕਲ ਵਾਪਸ ਮਿਲ ਸਕੇ।

# ਜ਼ਿਲ੍ਹਾ ਬਾਰ ਐਸੋਸੀਏਸ਼ਨ ਚੋਣਾਂ 'ਚ ਅਵਨੀਤ ਬਿਲਿੰਗ, ਭੁੱਲਰ ਤੇ ਐਡਵੋਕੇਟ ਅਰਵਿੰਦਪਾਲ 'ਚ ਦਿਲਚਸਪ ਮੁਕਾਬਲਾ

**ਪਟਿਆਲਾ, (ਰਾਜਿੰਦਰ ਸਿੰਘ ਥਿੰਦ)** ਜ਼ਿਲ੍ਹਾ ਬਾਰ ਐਸੋਸੀਏਸ਼ਨ ਪਟਿਆਲਾ ਦੀਆਂ 11 ਸਤੰਬਰ ਨੂੰ ਹੋਣ ਜਾ ਰਹੀਆਂ ਚੋਣਾਂ ਲਈ ਰਿਟਨਰਨਿੰਗ ਅਫ਼ਸਰਾਂ ਵੱਲੋਂ ਫਾਈਨਲ ਉਮੀਦਵਾਰਾਂ ਦੀ ਸੂਚੀ ਜਾਰੀ ਕਰਨ ਤੋਂ ਬਾਅਦ ਨਵਨੀਤ ਬਿਲਿੰਗ, ਐਡਵੋਕੇਟ ਬੀ.ਐੱਸ.ਭੁੱਲਰ ਤੇ ਐਡਵੋਕੇਟ ਅਰਵਿੰਦਪਾਲ ਪ੍ਰਧਾਨਗੀ ਲਈ ਮੈਦਾਨ 'ਚ ਹਨ। ਐਡਵੋਕੇਟ ਭੁੱਲਰ ਵੱਲੋਂ ਆਪਣੇ ਗਰੁੱਪ ਦੀ ਜਿੱਤ ਦਾ ਦਾਅਵਾ ਕੀਤਾ ਗਿਆ ਹੈ, ਜਦੋਂਕਿ ਐਡਵੋਕੇਟ ਅਵਨੀਤ ਬਿਲਿੰਗ ਵੀ ਆਪਣੀ ਜਿੱਤ ਲਈ ਆਸਵੰਦ ਹਨ। ਜਾਣਕਾਰੀ ਅਨੁਸਾਰ ਮੀਤ ਪ੍ਰਧਾਨਗੀ ਲਈ ਗਗਨ ਚੱਠਾ, ਗੁਰਪ੍ਰੀਤ ਸਿੰਘ ਗਿੱਲ ਮੈਦਾਨ 'ਚ ਹਨ। ਸੈਕਟਰੀ ਲਈ ਅਮਨਪ੍ਰੀਤ ਸਿੰਘ ਵਿਰਕ, ਭਾਰਤ ਪਾਸੀ, ਕੁਲਜੀਤ ਕੌਰ ਧਾਲੀਵਾਲ, ਪ੍ਰਦੀਪ ਖੰਨਾ, ਤੇਜਬੀਰ ਸਿੰਘ ਢਿੱਲੋਂ, ਜੁਆਇੰਟ ਸੈਕਟਰੀ ਲਈ ਚਰਨਜੀਤ ਸਿੰਘ ਸਿੱਧੂ, ਜਸਦੀਪ ਸਿੰਘ ਪੰਨੂ, ਜਤਿੰਦਰ ਸਿੰਘ ਰੋਡੇਵਾਲ ਚੋਣ ਮੈਦਾਨ ਵਿਚ ਹਨ।ਕੈਸ਼ੀਅਰ ਲਈ ਦੀਪਕ ਜਿੰਦਲ ਤੇ ਦਿਗਵਿਜੇ ਸਿੰਘ ਮੈਦਾਨ 'ਚ ਹਨ।ਲਾਇਬ੍ਰੇਰੀਅਨ ਲਈ ਕੀਰਤੀ ਠਾਕੁਰ ਤੇ ਸਟੀ ਵੈਸ਼ ਉਮੀਦਵਾਰ ਹਨ। ਅਗਜ਼ੈਕਟਿਵ ਲਈ ਕੁੱਲ 20 ਉਮੀਦਵਾਰ ਮੈਦਾਨ 'ਚ ਰਹਿ ਗਏ ਹਨ।ਇਸ ਲਈ 23 ਉਮੀਦਵਾਰਾਂ ਨੇ ਨਾਮਜ਼ਦਗੀ ਪੱਤਰ ਦਾਖਲ ਕੀਤੇ ਸਨ ਤੇ 3 ਨੇ ਪੱਤਰ ਵਾਪਸ ਲੈ ਲਏ ਹਨ।ਹੁਣ ਅਨੀਸ਼, ਅਸ਼ਮੀਤ ਕੌਰ, ਚਿੰਕੀ ਧਵਨ, ਚਿਰਾਗ ਰਾਏ, ਗੁਰਸਾਗਰ, ਹਰਸਿਮਰਨ ਸਿੰਘ, ਹਿਮਾਂਸ਼ੀ ਸੂਦ, ਹਿਮਾਂਸ਼ੂ, ਮਲਕੀਤ ਸਿੰਘ ਧੋਨੀ, ਮਨੀਸ਼ਾ ਲਾਲਕਾ, ਨੀਤੂ ਕੰਬੋਜ, ਨੋਵੀਆ ਰਾਏ, ਪਰਮਿੰਦਰ ਸਿੰਘ, ਪਫੂਲ ਸ਼ਰਮਾ, ਰਮਨਦੀਪ ਕੌਰ, ਸੁਖਦੀਪ ਸਿੰਘ, ਸੁਰਿੰਦਰ ਸਿੰਘ, ਤੁਸ਼ਾਰ ਜਾਇਸਵਾਲ, ਵੇਦੰਤ ਸਿਆਲ, ਯੁਗਲ ਵਾਲੀਆ ਚੋਣ ਮੈਦਾਨ ਵਿੱਚ ਹਨ।



# ਦਿੱਲੀ ਦੀ ਕਿਸੇ ਵੀ ਪਾਰਟੀ ਨਾਲ ਗੱਠਜੋੜ ਨਹੀਂ ਕਰਾਂਗੇ : ਮਨਪ੍ਰੀਤ ਇਆਲੀ

**ਸਮਰਾਲਾ (ਸੁਰਜੀਤ ਸਿੰਘ)**-ਅਕਾਲੀ ਦਲ (ਵਾਰਿਸ ਪੰਜਾਬ ਦੇ) ਦੇ ਸੀਨੀਅਰ ਆਗੂ ਤੇ ਵਿਧਾਇਕ ਮਨਪ੍ਰੀਤ ਸਿੰਘ ਇਆਲੀ ਨੇ ਪਾਰਟੀ ਦੀ ਭਵਿੱਖੀ ਸਿਆਸੀ ਰਣਨੀਤੀ ਨੂੰ ਲੈ ਕੇ ਵੱਡਾ ਇੱਕ ਬਿਆਨ ਦਿੱਤਾ ਹੈ।ਉਨ੍ਹਾਂ ਸਪੱਸ਼ਟ ਕੀਤਾ ਕਿ ਅਕਾਲੀ ਦਲ (ਵਾਰਸ ਪੰਜਾਬ ਦੇ) ਦਾ ਦਿੱਲੀ ਦੀ ਕਿਸੇ ਵੀ ਸਿਆਸੀ ਪਾਰਟੀ ਨਾਲ ਗੱਠਜੋੜ ਕਰਨ ਦਾ ਕੋਈ ਇਰਾਦਾ ਨਹੀਂ ਹੈ।ਉਨ੍ਹਾਂ ਕਿਹਾ ਕਿ ਪਾਰਟੀ ਆਪਣੀ ਪੰਥਕ ਸੋਚ ਤੇ ਸਿਧਾਂਤਾਂ 'ਤੇ ਕਾਇਮ ਰਹਿੰਦਿਆਂ ਪੰਜਾਬ ਦੀ ਸਿਆਸਤ ਵਿੱਚ ਅੱਗੇ ਵਧੇਗੀ।ਇਆਲੀ ਨੇ ਕਿਹਾ ਕਿ ਅਕਾਲੀ ਦਲ ਵਾਰਸ ਪੰਜਾਬ ਦੇ ਇੱਕ ਪੰਥਕ ਪਾਰਟੀ ਹੈ ਤੇ ਇਸ ਦਾ ਮੁੱਖ ਉਦੇਸ਼ ਪੰਥਕ ਧਿਰਾਂ ਨੂੰ ਇੱਕ ਮੰਚ 'ਤੇ ਇਕੱਠਾ ਕਰਨਾ ਹੈ।ਉਨ੍ਹਾਂ ਕਿਹਾ ਕਿ ਪਾਰਟੀ ਵੱਲੋਂ ਸਾਰੀਆਂ ਪੰਥਕ ਤਾਕਤਾਂ ਨੂੰ ਇਕਜੁੱਟ ਕਰਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ, ਤਾਂ ਜੋ ਪੰਜਾਬ ਦੇ ਲੋਕਾਂ ਨਾਲ ਜੁੜੇ ਮੁੱਦਿਆਂ ਨੂੰ ਮਜ਼ਬੂਤੀ ਨਾਲ ਉਠਾਇਆ ਜਾ ਸਕੇ। ਉਨ੍ਹਾਂ ਦਿੱਲੀ ਦੀਆਂ ਸਿਆਸੀ ਪਾਰਟੀਆਂ ਨਾਲ ਕਿਸੇ ਵੀ ਤਰ੍ਹਾਂ ਦੇ ਸਮਝੌਤੇ ਦੀ ਸੰਭਾਵਨਾ ਨੂੰ ਰੱਦ ਕਰਦਿਆਂ ਕਿਹਾ ਕਿ ਸੱਤਾ ਜਾਂ ਸਿਆਸੀ ਲਾਭ ਲਈ ਪਾਰਟੀ ਆਪਣੇ ਸਿਧਾਂਤਾਂ ਨਾਲ ਸਮਝੌਤਾ ਨਹੀਂ ਕਰੇਗੀ।ਇਆਲੀ ਨੇ ਕਿਹਾ ਕਿ ਪੰਜਾਬ ਦੀ ਸਿਆਸਤ ਵਿੱਚ ਪੰਥਕ ਧਿਰਾਂ ਦੀ ਆਪਣੀ ਵੱਖਰੀ ਪਛਾਣ ਤੇ ਭੂਮਿਕਾ ਹੈ ਅਤੇ ਇਸ ਪਛਾਣ ਨੂੰ ਕਾਇਮ ਰੱਖਣਾ ਜ਼ਰੂਰੀ ਹੈ। ਵਿਧਾਇਕ ਇਆਲੀ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਪਾਰਟੀ ਵੱਲੋਂ ਪੰਥਕ ਧਿਰਾਂ ਨਾਲ ਸੰਪਰਕ ਹੋਰ ਤੇਜ਼ ਕੀਤਾ ਜਾਵੇਗਾ।ਉਨ੍ਹਾਂ ਆਸ ਪ੍ਰਗਟਾਈ ਕਿ ਪੰਜਾਬ ਦੇ ਹਿੱਤਾਂ ਤੇ ਪੰਥਕ ਏਕਤਾ ਨੂੰ ਕੇਂਦਰ ਵਿੱਚ ਰੱਖਦਿਆਂ ਵੱਖ-ਵੱਖ ਧਿਰਾਂ ਨੂੰ ਇੱਕਜੁੱਟ ਕਰਨ ਵਿੱਚ ਸਫਲਤਾ ਮਿਲੇਗੀ।ਉਨ੍ਹਾਂ ਦੇ ਇਸ ਬਿਆਨ ਨੂੰ ਆਉਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਅਹਿਮ ਮੰਨਿਆ ਜਾ ਰਿਹਾ ਹੈ।



# ਬਸੰਤ ਹਸਪਤਾਲ 'ਚ ਪੰਜਾਬ ਪੁਲਸ ਦੇ ਜਵਾਨਾਂ ਲਈ ਟ੍ਰੇਨਿੰਗ ਕਰਾਈ




**ਸੁਨਾਮ, (ਅਸ਼ੋਕ ਬਾਂਸਲ, ਹਾਕਮ ਭੱਟੀ)** ਸਿਟੀ ਪੁਲਸ ਦੇ ਸਹਿਯੋਗ ਨਾਲ ਬਸੰਤ ਹਸਪਤਾਲ ਵਿਖੇ ਪੰਜਾਬ ਪੁਲਸ ਦੇ ਜਵਾਨਾਂ ਲਈ ਵਿਸ਼ੇਸ਼ ਟ੍ਰੇਨਿੰਗ ਸੈਸ਼ਨ ਕਰਾਇਆ ਗਿਆ।ਇਸ ਟ੍ਰੇਨਿੰਗ ਦਾ ਉਦੇਸ਼ ਪੁਲਿਸ ਮੁਲਾਜ਼ਮਾਂ ਨੂੰ ਐਮਰਜੈਂਸੀ ਹਾਲਾਤਾਂ ਵਿੱਚ ਤੁਰੰਤ ਮੁੱਢਲੀ ਸਹਾਇਤਾ ਪ੍ਰਦਾਨ ਕਰਨ ਤੇ ਕੀਮਤੀ ਜਾਨ ਬਚਾਉਣ ਲਈ ਲੋੜੀਂਦੀ ਪ੍ਰੈਕਟੀਕਲ ਜਾਣਕਾਰੀ ਦੇਣਾ ਸੀ। ਕੋਆਰਡੀਨੇਟਰ ਪੰਕਜ ਅਰੋੜਾ ਤੇ ਡਾ. ਵਿਕਰਮ ਜਿੰਦਲ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ।ਪੰਕਜ ਅਰੋੜਾ ਨੇ ਕਿਹਾ ਕਿ ਹਰ ਵਿਅਕਤੀ ਨੂੰ ਦੀ ਟ੍ਰੇਨਿੰਗ ਲੈਣੀ ਚਾਹੀਦੀ ਹੈ, ਕਿਉਂਕਿ ਹਾਦਸੇ ਜਾਂ ਅਚਾਨਕ ਦਿਲ ਬੰਦ ਹੋਣ ਵਰਗੀ ਐਮਰਜੈਂਸੀ ਸਥਿਤੀ ਵਿੱਚ ਪਹਿਲੇ ਕੁਝ ਮਿੰਟ ਬੇਹੱਦ ਮਹੱਤਵਪੂਰਨ ਹੁੰਦੇ ਹਨ।ਉਨ੍ਹਾਂ ਕਿਹਾ ਕਿ ਆਮ ਲੋਕਾਂ ਨੂੰ ਵੀ ਫਸਟ ਏਡ ਦੀ ਮੁੱਢਲੀ ਜਾਣਕਾਰੀ ਹੋਣੀ ਚਾਹੀਦੀ ਹੈ, ਤਾਂ ਜੁ ਲੋੜ ਪੈਣ 'ਤੇ ਮੈਡੀਕਲ ਮਦਦ ਪਹੁੰਚਣ ਤੱਕ ਕਿਸੇ ਦੀ ਜਾਨ ਬਚਾਉਣ ਲਈ ਤੁਰੰਤ ਕਦਮ ਚੁੱਕੇ ਜਾ ਸਕਣ। ਟ੍ਰੇਨਿੰਗ ਦੌਰਾਨ ਅਮਿਤ ਜਾਵਾ, ਡਿਪਟੀ ਮੈਨੇਜਰ, ਫੋਰਟਿਸ ਹਸਪਤਾਲ, ਮੋਹਾਲੀ ਤੇ ਸ਼੍ਰੀਮਤੀ ਸਤਵੀਰ ਕੌਰ, ਕਲੀਨਿਕਲ ਇੰਸਟ੍ਰਕਟਰ, ਫੋਰਟਿਸ ਹਸਪਤਾਲ ਵੱਲੋਂ ਪ੍ਰੈਕਟੀਕਲ ਟ੍ਰੇਨਿੰਗ ਦਿੱਤੀ ਗਈ।

# ਪੰਜਾਬ ਕਾਂਗਰਸ ਦੇ ਇੰਚਾਰਜ ਬਣਨ 'ਤੇ ਸਚਿਨ ਪਾਇਲਟ ਦਾ ਭਰਵਾਂ ਸਵਾਗਤ

**ਪਟਿਆਲਾ 6 ਸਤੰਬਰ (ਰਾਜਿੰਦਰ ਸਿੰਘ ਥਿੰਦ)**-ਕੇਂਦਰੀ ਹਾਈ ਕਮਾਨ ਵੱਲੋਂ ਸੀਨੀਅਰ ਕਾਂਗਰਸੀ ਆਗੂ ਸਚਿਨ ਪਾਇਲਟ ਨੂੰ ਪੰਜਾਬ ਕਾਂਗਰਸ ਦੇ ਜਨਰਲ ਸਕੱਤਰ ਇੰਚਾਰਜ ਵਜੋਂ ਹੋਈ ਨਿਯੁਕਤੀ ਲਈ ਪਟਿਆਲਾ ਕਾਂਗਰਸ ਦੇ ਆਗੂਆਂ ਵੱਲੋਂ ਭਰਵਾਂ ਸਵਾਗਤ ਕਰਦੇ ਹੋਏ ਸਚਿਨ ਪਾਇਲਟ ਨੂੰ ਵਧਾਈਆਂ ਦਿੰਦੇ ਹੋਏ ਕੇਂਦਰੀ ਹਾਈ ਕਮਾਂਡ ਦਾ ਧੰਨਵਾਦ ਕੀਤਾ ਗਿਆ। ਕਾਂਗਰਸ ਦੇ ਸੀਨੀਅਰ ਆਗੂ ਮੈਂਬਰ ਪਾਰਲੀਮੈਂਟ ਡਾ. ਧਰਮਵੀਰ ਗਾਂਧੀ, ਸਾਬਕਾ ਵਿਧਾਇਕ ਤੇ ਪੰਜਾਬ ਕਾਂਗਰਸ ਚੋਣ ਮੈਨੀਫੈਸਟੋ ਕਮੇਟੀ ਦੇ ਕੋ-ਚੇਅਰਮੈਨ ਹਰਦਿਆਲ ਸਿੰਘ ਕੰਬੋਜ, ਸਮਾਣਾ ਦੇ ਸਾਬਕਾ ਵਿਧਾਇਕ ਰਾਜਿੰਦਰ ਸਿੰਘ, ਬੈਂਕਫਿੰਕੋ ਦੇ ਸਾਬਕਾ ਚੇਅਰਮੈਨ ਚੌਧਰੀ ਨਿਰਮਲ ਭੱਟੀਆਂ, ਸਾਬਕਾ ਵਿਧਾਇਕ ਮਦਨ ਲਾਲ ਜਲਾਲਪੁਰ, ਜ਼ਿਲ੍ਹਾ ਕਾਂਗਰਸ (ਦਿਹਾਤੀ) ਦੀ ਪ੍ਰਧਾਨ ਗੁਰਸ਼ਰਨ ਕੌਰ ਰੰਧਾਵਾ, ਜ਼ਿਲ੍ਹਾ ਕਾਂਗਰਸ ਕਮੇਟੀ (ਸ਼ਹਿਰੀ) ਦੇ ਪ੍ਰਧਾਨ ਨਰੇਸ਼ ਦੁੱਗਲ, ਕਾਂਗਰਸੀ ਆਗੂ ਹਰਵਿੰਦਰ ਸਿੰਘ ਨਿੱਪੀ, ਸਾਬਕਾ ਮੇਅਰ ਸੰਜੀਵ ਬਿੱਟੂ, ਯੂਥ ਕਾਂਗਰਸ ਦੇ ਸੂਬਾ ਜਨਰਲ ਸਕੱਤਰ ਸੁਬਪ੍ਰੀਤ ਸੈਬੀ ਘਲੋੜੀ ਸੁਰਿੰਦਰ ਮਿੱਤਲ ਬਲਬੇੜਾ, ਐਡਵੋਕੇਟ ਕੁਲਵਿੰਦਰ ਸਿੰਘ ਧੰਜੂ ਪੰਚਾਇਤੀ ਰਾਜ ਸੰਗਠਨ ਸੂਬਾ ਮੀਤ ਪ੍ਰਧਾਨ ਗੌਰਵ ਸੰਧੂ ਤੇ ਕਾਂਗਰਸੀ ਆਗੂ ਬਲਿਹਾਰ ਸਿੰਘ ਸ਼ਮਸਪੁਰ ਅਤੇ ਸੁਰਿੰਦਰ ਮਿੱਤਲ ਬਲਬੇੜਾ ਨੇ ਸਚਿਨ ਪਾਇਲਟ ਦੀ ਪੰਜਾਬ ਕਾਂਗਰਸ ਦੇ ਇੰਚਾਰਜ ਵਜੋਂ ਹੋਈ ਨਿਯੁਕਤੀ ਦਾ ਸਵਾਗਤ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਦੀ ਅਗਵਾਈ, ਤਜਰਬੇ ਤੇ ਲੋਕਾਂ ਨਾਲ ਉਨ੍ਹਾਂ ਦਾ ਮਜ਼ਬੂਤ ਜੁੜਾਅ ਹੋਣ ਕਾਰਨ ਪੰਜਾਬ ਵਿੱਚ ਕਾਂਗਰਸ ਸੰਗਠਨ ਨੂੰ ਨਵੀਂ ਤਾਕਤ ਤੇ ਦਿਸ਼ਾ ਮਿਲੇਗੀ ਅਤੇ ਜਿੱਥੇ ਉਨ੍ਹਾਂ ਦੀ ਅਗਵਾਈ ਹੇਠ ਕਾਂਗਰਸ ਮਜ਼ਬੂਤ ਹੋ ਕੇ ਪੰਜਾਬ ਅੰਦਰ 2027 ਦੀਆਂ ਹੋਣ ਜਾ ਰਹੀਆਂ ਵਿਧਾਨ ਸਭਾ ਚੋਣਾਂ 'ਚ ਸ਼ਾਨਦਾਰ ਜਿੱਤ ਹਾਸਲ ਕਰਕੇ ਆਪਣੀ ਸਰਕਾਰ ਬਣਾਏਗੀ। ਕਾਂਗਰਸ ਦੇ ਇਨ੍ਹਾਂ ਆਗੂਆਂ ਨੇ ਸਚਿਨ ਪਾਇਲਟ ਨੂੰ ਮਿਲੀ ਇਸ ਅਹਿਮ ਜ਼ਿੰਮੇਵਾਰੀ ਲਈ ਉਨ੍ਹਾਂ ਨੂੰ ਸ਼ੁੱਭ-ਕਾਮਨਾਵਾਂ ਤੇ ਸਫਲ ਕਾਰਜਕਾਲ ਲਈ ਦਿਲੋਂ ਵਧਾਈ ਦਿੱਤੀ ਹੈ ਅਤੇ ਕੇਂਦਰੀ ਹਾਈਕਮਾਨ ਦੇ ਇਸ ਫੈਸਲੇ ਲਈ ਧੰਨਵਾਦ ਕੀਤਾ ਹੈ।

# ਦੋ ਮੋਟਰਸਾਈਕਲਾਂ ਦੀ ਟੱਕਰ 'ਚ ਇਕ ਦੀ ਮੌਤ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਮਮਦੋਟ-ਚਪਾਤੀ ਰੋਡ 'ਤੇ ਮਹਾਰਾਜਾ ਪੈਲੇਸ ਨੇੜੇ ਬੀਤੀ ਦੇਰ ਸ਼ਾਮ ਦੋ ਮੋਟਰਸਾਈਕਲਾਂ ਦੀ ਆਹਮੋ-ਸਾਹਮਣੇ ਟੱਕਰ ਹੋਣ ਕਾਰਨ ਇਕ ਵਿਅਕਤੀ ਦੀ ਮੌਤ ਹੋ ਗਈ। ਹਾਦਸੇ ਤੋਂ ਬਾਅਦ ਇਲਾਕੇ ਵਿੱਚ ਸੋਗ ਦੀ ਲਹਿਰ ਪਾਈ ਜਾ ਰਹੀ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਮ੍ਰਿਤਕ ਦੀ ਪਛਾਣ ਨਿਰਮਲ ਸਿੰਘ ਨਿੰਮਾ ਵਾਸੀ ਪਿੰਡ ਚੱਕ ਜਮੀਤ ਸਿੰਘ ਮਿਸ਼ਰੀ ਵਾਲਾ ਵਜੋਂ ਹੋਈ ਹੈ। ਦੱਸਿਆ ਜਾਂਦਾ ਹੈ ਕਿ ਨਿਰਮਲ ਸਿੰਘ ਮਿਹਨਤ-ਮਜ਼ਦੂਰੀ ਕਰਕੇ ਆਪਣੇ ਪਰਿਵਾਰ ਦਾ ਪਾਲਣ-ਪੋਸ਼ਣ ਕਰਦਾ ਸੀ। ਬੀਤੀ ਸ਼ਾਮ ਵੀ ਉਹ ਅਰਬੀ ਦੀ ਪਟਾਈ ਦਾ ਕੰਮ ਕਰਕੇ ਮਿਹਨਤ ਨਾਲ ਕਮਾਈ ਕੀਤੀ ਰਕਮ ਲੈ ਕੇ ਆਪਣੇ ਘਰ ਵਾਪਸ ਪਰਤ ਰਿਹਾ ਸੀ। ਜਦੋਂ ਉਹ ਮਮਦੋਟ-ਚਪਾਤੀ ਰੋਡ 'ਤੇ ਮਹਾਰਾਜਾ ਪੈਲੇਸ ਦੇ ਨੇੜੇ ਪਹੁੰਚਿਆ ਤਾਂ ਉਸ ਦੇ ਮੋਟਰਸਾਈਕਲ ਦੀ ਸਾਹਮਣੇ ਤੋਂ ਆ ਰਹੇ ਇਕ ਹੋਰ ਮੋਟਰਸਾਈਕਲ ਨਾਲ ਜ਼ੋਰਦਾਰ ਟੱਕਰ ਹੋ ਗਈ। ਟੱਕਰ ਇੰਨੀ ਭਿਆਨਕ ਸੀ ਕਿ ਨਿਰਮਲ ਸਿੰਘ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ। ਹਾਦਸੇ ਤੋਂ ਬਾਅਦ ਉਸ ਨੂੰ ਇਲਾਜ ਲਈ ਲਿਜਾਇਆ ਗਿਆ, ਜਿੱਥੇ ਉਸ ਦੀ ਮੌਤ ਹੋ ਗਈ। ਨਿਰਮਲ ਸਿੰਘ ਦੀ ਮੌਤ ਦੀ ਖ਼ਬਰ ਮਿਲਦਿਆਂ ਹੀ ਪਰਿਵਾਰ ਤੇ ਪਿੰਡ ਵਾਸੀਆਂ ਵਿੱਚ ਸੋਗ ਛਾ ਗਿਆ। ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਨਿਰਮਲ ਸਿੰਘ ਮਜ਼ਦੂਰੀ ਕਰਕੇ ਘਰ ਦਾ ਗੁਜ਼ਾਰਾ ਚਲਾਉਂਦਾ ਸੀ। ਹਾਦਸੇ ਨੇ ਪਰਿਵਾਰ ਨੂੰ ਗਹਿਰਾ ਸਦਮਾ ਪਹੁੰਚਾਇਆ ਹੈ।

# ਆਰ ਜੀ ਹਸਪਤਾਲ 'ਚ ਡਾ. ਸੰਦੀਪ ਪੁਰੀ ਨੇ ਮੈਡੀਕਲ ਡਾਇਰੈਕਟਰ ਦਾ ਅਹੁਦਾ ਸੰਭਾਲਿਆ




**ਲੁਧਿਆਣਾ, (ਰੈਕਟਰ ਕਥੂਰੀਆ)**-ਪ੍ਰਸਿੱਧ ਡਾਕਟਰ, ਮੈਡੀਕਲ ਸਿੱਖਿਆ ਮਾਹਿਰ ਤੇ ਪ੍ਰਸ਼ਾਸਕ ਡਾ. ਸੰਦੀਪ ਪੁਰੀ ਨੇ ਆਰ. ਜੀ. ਹਸਪਤਾਲ ਲੁਧਿਆਣਾ ਵਿਖੇ ਮੈਡੀਕਲ ਡਾਇਰੈਕਟਰ ਵਜੋਂ ਆਪਣਾ ਅਹੁਦਾ ਸੰਭਾਲ ਲਿਆ ਹੈ।ਡਾ. ਪੁਰੀ ਨੂੰ ਡਾਕਟਰੀ, ਮੈਡੀਕਲ ਸਿੱਖਿਆ, ਖੋਜ ਤੇ ਹਸਪਤਾਲ ਪ੍ਰਬੰਧਨ ਦੇ ਖੇਤਰ ਵਿੱਚ ਤਿੰਨ ਦਹਾਕਿਆਂ ਤੋਂ ਵੱਧ ਦਾ ਤਜਰਬਾ ਹਾਸਲ ਹੈ।ਡਾ. ਸੰਦੀਪ ਪੁਰੀ ਦਯਾਨੰਦ ਮੈਡੀਕਲ ਕਾਲਜ ਤੇ ਹਸਪਤਾਲ (ਡੀ.ਐੱਮ.ਸੀ.ਐੱਚ.) ਲੁਧਿਆਣਾ ਦੇ ਸਾਬਕਾ ਪ੍ਰਿੰਸੀਪਲ ਰਹਿ ਚੁੱਕੇ ਹਨ। ਉਨ੍ਹਾਂ ਨੇ ਇਸੇ ਸੰਸਥਾ ਤੋਂ ਐੱਮ.ਡੀ. (ਮੈਡੀਸਨ) ਦੀ ਡਿਗਰੀ ਹਾਸਲ ਕੀਤੀ ਤੇ ਸਾਲ 1992 ਵਿੱਚ ਇੱਥੇ ਅਧਿਆਪਕ ਵਜੋਂ ਆਪਣੀ ਸੇਵਾ ਦੀ ਸ਼ੁਰੂਆਤ ਕੀਤੀ। ਆਰ.ਜੀ. ਹਸਪਤਾਲ ਦੇ ਪ੍ਰਬੰਧਨ ਨੇ ਡਾ. ਸੰਦੀਪ ਪੁਰੀ ਦਾ ਸਵਾਗਤ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਵਿਸ਼ਾਲ ਡਾਕਟਰੀ, ਅਕਾਦਮਿਕ ਤੇ ਪ੍ਰਬੰਧਕੀ ਤਜਰਬੇ ਨਾਲ ਹਸਪਤਾਲ ਵਿੱਚ ਮਰੀਜ਼ਾਂ ਦੀ ਦੇਖਭਾਲ ਦੀ ਗੁਣਵੱਤਾ, ਡਾਕਟਰੀ ਸੇਵਾਵਾਂ ਦੀ ਉੱਤਮਤਾ ਤੇ ਨੈਤਿਕ ਡਾਕਟਰੀ ਪ੍ਰਥਾਵਾਂ ਨੂੰ ਹੋਰ ਮਜ਼ਬੂਤੀ ਮਿਲੇਗੀ। ਪ੍ਰਬੰਧਨ ਨੇ ਉਮੀਦ ਜਤਾਈ ਕਿ ਡਾ. ਪੁਰੀ ਦੀ ਅਗਵਾਈ ਤੇ ਤਜਰਬੇ ਨਾਲ ਹਸਪਤਾਲ ਦੀਆਂ ਸਿਹਤ ਸੇਵਾਵਾਂ ਨੂੰ ਹੋਰ ਮਜ਼ਬੂਤੀ ਮਿਲੇਗੀ ਤੇ ਮਰੀਜ਼ਾਂ ਨੂੰ ਬਿਹਤਰ, ਗੁਣਵੱਤਾਪੂਰਨ ਤੇ ਮਨੁੱਖੀ ਪੱਖ ਵਾਲੀਆਂ ਸਿਹਤ ਸੇਵਾਵਾਂ ਪ੍ਰਦਾਨ ਕਰਨ ਦੇ ਯਤਨਾਂ ਨੂੰ ਹੋਰ ਗਤੀ ਮਿਲੇਗੀ।

# ਸ਼ਿਵ ਮੰਦਰ ਤਖਤੂਪੁਰਾ ਵਿਖੇ ਮਨਾਇਆ ਜਨਮ ਅਸ਼ਟਮੀ ਦਾ ਤਿਉਹਾਰ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਸ਼ਿਵ ਮੰਦਰ ਤਖਤੂਪੁਰਾ ਵਿਖੇ ਭਗਵਾਨ ਸ੍ਰੀ ਕ੍ਰਿਸ਼ਨ ਜੀ ਦੇ ਜਨਮ ਦਿਹਾੜੇ ਨੂੰ ਸਮਰਪਤ ਜਨਮ ਅਸ਼ਟਮੀ ਦਾ ਤਿਉਹਾਰ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਮੰਦਰ ਨੂੰ ਸੁੰਦਰ ਢੰਗ ਨਾਲ ਸਜਾਇਆ ਗਿਆ ਤੇ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਮੰਦਰ ਵਿਖੇ ਪਹੁੰਚ ਕੇ ਭਗਵਾਨ ਸ੍ਰੀ ਕ੍ਰਿਸ਼ਨ ਜੀ ਦੇ ਦਰਸ਼ਨ ਕਰਕੇ ਮੱਥਾ ਟੇਕਿਆ।ਇਸ ਮੌਕੇ ਭਜਨ-ਕੀਰਤਨ ਤੇ ਧਾਰਮਿਕ ਸਮਾਗਮ ਕਰਵਾਇਆ ਗਿਆ, ਜਿਸ ਦੌਰਾਨ ਸੰਗਤ ਨੇ ਭਗਵਾਨ ਸ੍ਰੀ ਕ੍ਰਿਸ਼ਨ ਜੀ ਦੀ ਮਹਿਮਾ ਦਾ ਗੁਣਗਾਨ ਕੀਤਾ।ਰਾਤ ਸਮੇਂ ਸ੍ਰੀ ਕ੍ਰਿਸ਼ਨ ਜੀ ਦੇ ਜਨਮ ਸਮੇਂ ਵਿਸ਼ੇਸ਼ ਪੂਜਾ-ਅਰਚਨਾ ਕੀਤੀ ਗਈ ਤੇ ਸ਼ਰਧਾਲੂਆਂ ਵੱਲੋਂ ਜੈਕਾਰਿਆਂ ਨਾਲ ਮਾਹੌਲ ਨੂੰ ਭਗਤੀਮਈ ਬਣਾਇਆ ਗਿਆ।ਇਸ ਮੌਕੇ ਤਖਤੂਪੁਰਾ ਦੇ ਪੰਡਿਤ ਧੀਰਜ ਕੁਮਾਰ ਸ਼ਾਸਤਰੀ ਤੇ ਮੰਦਿਰ ਪ੍ਰਬੰਧਕਾਂ ਨੇ ਸਮਾਗਮ ਵਿੱਚ ਪਹੁੰਚੀ ਸੰਗਤ ਦਾ ਧੰਨਵਾਦ ਕਰਦਿਆਂ ਕਿਹਾ ਕਿ ਜਨਮ ਅਸ਼ਟਮੀ ਦਾ ਤਿਉਹਾਰ ਸਾਨੂੰ ਭਗਵਾਨ ਸ੍ਰੀ ਕ੍ਰਿਸ਼ਨ ਜੀ ਦੀਆਂ ਸਿੱਖਿਆਵਾਂ 'ਤੇ ਚੱਲਣ ਤੇ ਸੱਚ, ਧਰਮ ਤੇ ਮਨੁੱਖਤਾ ਦੀ ਸੇਵਾ ਕਰਨ ਦੀ ਪ੍ਰੇਰਣਾ ਦਿੰਦਾ ਹੈ।ਇਸ ਮੌਕੇ ਸ਼ਰਧਾਲੂਆਂ ਲਈ ਪੂਰੀਆਂ ਦਾ ਲੰਗਰ ਅਤੁੱਟ ਵਰਤਿਆ।

# ਦੋ ਦਿਨਾਂ 'ਚ ਸ਼ੁੱਧ ਪਾਣੀ ਦੀ ਸਪਲਾਈ ਨਾ ਮਿਲਣ 'ਤੇ ਲਿਬਰੇਸ਼ਨ ਵੱਲੋਂ ਸੰਘਰਸ਼ ਦੀ ਚਿਤਾਵਨੀ

**ਮਾਨਸਾ, 6 ਸਤੰਬਰ (ਆਤਮਾ ਸਿੰਘ ਪਮਾਰ)**-ਸੀਪੀਆਈ (ਐੱਮ ਐੱਲ) ਲਿਬਰੇਸ਼ਨ ਮਾਨਸਾ ਸ਼ਹਿਰ ਕਮੇਟੀ ਨੇ ਜ਼ਿਲ੍ਹਾ ਪ੍ਰਸ਼ਾਸਨ, ਸਿਵਲ ਸਰਜਨ, ਨਗਰ ਕੌਂਸਲ ਮਾਨਸਾ ਤੇ ਕਾਰਜਕਾਰੀ ਇੰਜੀਨੀਅਰ ਵਾਟਰ ਸਪਲਾਈ ਤੇ ਸੀਵਰੇਜ ਬੋਰਡ ਦੇ ਧਿਆਨ 'ਚ ਲਿਆਂਦਾ ਹੈ ਕਿ ਕੁੱਝ ਦਿਨਾਂ ਤੋਂ ਬਿਨਾਂ ਕਲੋਰੀਨ ਜਾਂ ਫਟਕੜੀ ਆਦਿ ਦੀ ਵਰਤੋਂ ਕੀਤੇ ਹੀ ਸ਼ਹਿਰ ਦਾ ਇੱਕੋ ਇੱਕ ਵਾਟਰ ਵਰਕਸ ਪੂਰੇ ਸ਼ਹਿਰ ਨੂੰ ਨਹਿਰ ਦਾ ਅਣਸੋਧਿਆ ਪਾਣੀ ਸਪਲਾਈ ਕਰ ਰਿਹਾ ਹੈ।ਬਾਰਿਸ਼ ਦੇ ਮੌਸਮ 'ਚ ਅਜਿਹਾ ਕਰਨਾ ਲੋਕਾਂ ਦੀ ਸਿਹਤ ਨਾਲ ਖਿਲਵਾੜ ਕਰਨ ਦੇ ਤੁਲ ਹੈ।ਪਾਰਟੀ ਨੇ ਮੰਗ ਕੀਤੀ ਹੈ ਕਿ ਜ਼ਿਲ੍ਹਾ ਪ੍ਰਸ਼ਾਸਨ ਸ਼ਹਿਰ ਵਾਸੀਆਂ ਦੀ ਸਿਹਤ ਨਾਲ ਖਿਲਵਾੜ ਕਰਨ ਵਾਲੀ ਜ਼ਿੰਮੇਵਾਰ ਕੰਪਨੀ ਖ਼ਿਲਾਫ਼ ਤੁਰੰਤ ਸਖ਼ਤ ਕਾਰਵਾਈ ਕਰੇ ਅਤੇ ਉਸ ਦਾ ਠੇਕਾ ਰੱਦ ਕਰਕੇ ਵਾਟਰ ਵਰਕਸ ਦਾ ਪ੍ਰਬੰਧ ਸਿੱਧਾ ਮਹਿਕਮੇ ਦੇ ਹੱਥਾਂ 'ਚ ਦੇਣ ਦਾ ਇੰਤਜ਼ਾਮ ਕਰੇ। ਪਾਰਟੀ ਦੀ ਸਕੱਤਰ ਕਾਮਰੇਡ ਜਸਬੀਰ ਕੌਰ ਨੱਤ ਤੇ ਮੈਂਬਰਾਂ ਬਲਵਿੰਦਰ ਕੌਰ ਖਾਰਾ, ਗਗਨਦੀਪ ਸਿਰਸੀਵਾਲਾ ਤੇ ਕਾਮਰੇਡ ਪ੍ਰਸ਼ੋਤਮ ਦਾ ਕਹਿਣਾ ਹੈ ਕਿ ਮੀਹਾਂ ਦੇ ਦਿਨਾਂ 'ਚ ਨਹਿਰ ਦਾ ਪਾਣੀ ਪੂਰੀ ਤਰ੍ਹਾਂ ਮਟਮੈਲਾ ਤੇ ਅਸ਼ੁੱਧ ਆ ਰਿਹਾ ਹੈ, ਪਰ ਵਾਟਰ ਵਰਕਸ ਨੂੰ ਚਲਾ ਰਹੀ ਠੇਕੇਦਾਰ ਕੰਪਨੀ ਵੱਲੋਂ ਸਮੇਂ ਸਿਰ ਕਲੋਰੀਨ ਜਾਂ ਫਟਕੜੀ ਪਾਊਡਰ ਆਦਿ ਦੀ ਸਪਲਾਈ ਦਾ ਪ੍ਰਬੰਧ ਨਹੀਂ ਕੀਤਾ ਗਿਆ, ਜਿਸ ਕਰਕੇ ਫਿਲਟਰ ਤੇ ਸ਼ੁੱਧ ਕਰਨ ਦੀ ਬਜਾਏ ਇਹੀ ਪਾਣੀ ਸਿੱਧਾ ਸ਼ਹਿਰ ਨੂੰ ਸਪਲਾਈ ਕੀਤਾ ਜਾ ਰਿਹਾ ਹੈ। ਪਾਰਟੀ ਨੇ ਜਿੱਥੇ ਸ਼ਹਿਰ ਦੀ ਜਨਤਾ ਨੂੰ ਇਸ ਘੋਰ ਲਾਪ੍ਰਵਾਹੀ ਖਿਲਾਫ ਆਵਾਜ਼ ਉਠਾਉਣ ਦੀ ਅਪੀਲ ਕੀਤੀ ਹੈ, ਉਥੇ ਪ੍ਰਸ਼ਾਸਨ ਤੇ ਨਗਰ ਪਾਲਿਕਾ ਦੇ ਪ੍ਰਧਾਨ ਨੂੰ ਚਿਤਾਵਨੀ ਦਿੱਤੀ ਹੈ ਕਿ ਜੇਕਰ ਦੋ ਦਿਨਾਂ ਦੇ ਅੰਦਰ ਸਮੱਸਿਆ ਦਾ ਹੱਲ ਨਾ ਕੀਤਾ ਗਿਆ, ਤਾਂ ਪਾਰਟੀ ਆਮ ਸ਼ਹਿਰੀਆਂ ਦੇ ਸਹਿਯੋਗ ਨਾਲ ਅੰਦੋਲਨ ਦਾ ਰਸਤਾ ਅਖਤਿਆਰ ਕਰਨ ਤੋਂ ਵੀ ਗੁਰੇਜ਼ ਨਹੀਂ ਕਰੇਗੀ।

# ਇੰਡੀਅਨ ਜਰਨਲਿਸਟਸ ਯੂਨੀਅਨ ਵੱਲੋਂ ਮਹਿਲਾ ਪੱਤਰਕਾਰਾਂ ਨਾਲ ਪੁਲਸ ਕੁੱਟਮਾਰ ਦੀ ਨਿੰਦਾ

**ਲਹਿਰਾ ਮੁਹੱਬਤ, (ਭੀਮ ਸੈਨ ਹਦਵਾਰੀਆ)**-ਇੰਡੀਅਨ ਜਰਨਲਿਸਟਸ ਯੂਨੀਅਨ (ਆਈ.ਜੇ.ਯੂ.) ਨੇ ਨਵੀਂ ਦਿੱਲੀ ਵਿਖੇ ਡਿਊਟੀ ਨਿਭਾਅ ਰਹੀਆਂ ਦੋ ਮਹਿਲਾ ਪੱਤਰਕਾਰਾਂ ਨਾਲ ਪੁਲਸ ਵੱਲੋਂ ਕਥਿਤ ਤੌਰ 'ਤੇ ਦੁਰਵਿਹਾਰ ਕਰਨ, ਉਨ੍ਹਾਂ ਨੂੰ ਹਿਰਾਸਤ ਵਿੱਚ ਲੈਣ ਤੇ ਪੁਲਸ ਥਾਣੇ ਅੰਦਰ ਕੁੱਟਮਾਰ ਕਰਨ ਦੀ ਸਖ਼ਤ ਨਿੰਦਾ ਕੀਤੀ ਹੈ। ਯੂਨੀਅਨ ਨੇ ਘਟਨਾ ਲਈ ਜ਼ਿੰਮੇਵਾਰ ਪੁਲਸ ਮੁਲਾਜ਼ਮਾਂ ਵਿਰੁੱਧ ਤੁਰੰਤ ਸਖ਼ਤ ਕਾਰਵਾਈ ਦੀ ਮੰਗ ਕੀਤੀ ਹੈ। ਜਾਰੀ ਇਕ ਮੀਡੀਆ ਰਿਲੀਜ਼ ਵਿੱਚ ਆਈ. ਜੇ. ਯੂ. ਦੇ ਪ੍ਰਧਾਨ ਬਲਵਿੰਦਰ ਸਿੰਘ ਜੰਮੂ ਤੇ ਸਕੱਤਰ ਜਨਰਲ ਡੀ. ਸੋਮਾ ਸੁੰਦਰ ਨੇ ਕਿਹਾ ਕਿ ਮਹਿਲਾ ਪੱਤਰਕਾਰਾਂ ਨਾਲ ਡਿਊਟੀ ਦੌਰਾਨ ਇਸ ਤਰ੍ਹਾਂ ਦਾ ਵਿਵਹਾਰ ਪ੍ਰੈੱਸ ਦੀ ਆਜ਼ਾਦੀ ਲਈ ਗੰਭੀਰ ਚਿੰਤਾ ਦਾ ਵਿਸ਼ਾ ਹੈ। ਯੂਨੀਅਨ ਅਨੁਸਾਰ ਡਿਜੀਟਲ ਨਿਊਜ਼ ਚੈਨਲ 4 ਪੀ.ਐੱਮ. ਨਾਲ ਸਬੰਧਤ ਮਹਿਲਾ ਪੱਤਰਕਾਰ ਨਫੀਸਾ ਖ਼ਾਨ ਤੇ ਸ਼ਾਹੀਨ ਖ਼ਾਨ ਨਵੀਂ ਦਿੱਲੀ ਵਿਖੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਤੇ ਦਿੱਲੀ ਦੀ ਮੁੱਖ ਮੰਤਰੀ ਸ੍ਰੀਮਤੀ ਰੇਖਾ ਗੁਪਤਾ ਦੀ ਸ਼ਮੂਲੀਅਤ ਵਾਲੇ ਇਕ ਸਮਾਗਮ ਦੀ ਕਵਰੇਜ ਕਰਨ ਲਈ ਗਈਆਂ ਸਨ। ਆਈ.ਜੇ.ਯੂ. ਨੇ ਦੋਸ਼ ਲਗਾਇਆ ਕਿ ਪੁਲਸ ਦੋਵੇਂ ਡਿਊਟੀ 'ਤੇ ਮੌਜੂਦ ਪੱਤਰਕਾਰਾਂ ਨੂੰ ਹਿਰਾਸਤ ਵਿੱਚ ਲੈ ਕੇ ਸਾਕੇਤ ਥਾਣੇ ਲੈ ਗਈ। ਥਾਣੇ ਅੰਦਰ ਸਟੇਸ਼ਨ ਹਾਊਸ ਅਫ਼ਸਰ (ਐੱਸ.ਐੱਚ.ਓ.) ਤੇ ਸਾਦੇ ਕੱਪੜਿਆਂ ਵਿਚ ਮੌਜੂਦ ਕੁੱਝ ਮਹਿਲਾ ਪੁਲਸ ਮੁਲਾਜ਼ਮਾਂ ਨੇ ਦੋਵੇਂ ਪੱਤਰਕਾਰਾਂ ਨਾਲ ਸਰੀਰਕ ਕੁੱਟਮਾਰ ਕੀਤੀ ਤੇ ਉਨ੍ਹਾਂ ਨੂੰ ਡੰਡਿਆਂ ਨਾਲ ਮਾਰਨ ਦੇ ਨਾਲ-ਨਾਲ ਥੱਪੜ ਵੀ ਮਾਰੇ। ਆਈ.ਜੇ.ਯੂ. ਨੇ ਕਿਹਾ ਕਿ ਮੀਡੀਆ ਕਰਮੀਆਂ ਵਿਰੁੱਧ ਦਿੱਲੀ ਪੁਲਸ ਦੀ ਕਥਿਤ ਮਨਮਾਨੀ ਦਿਨੋਂ-ਦਿਨ ਵਧ ਰਹੀ ਹੈ, ਜੋ ਪ੍ਰੈੱਸ ਦੀ ਆਜ਼ਾਦੀ ਲਈ ਗੰਭੀਰ ਖ਼ਤਰਾ ਹੈ। ਯੂਨੀਅਨ ਨੇ ਇਹ ਵੀ ਦੋਸ਼ ਲਗਾਇਆ ਕਿ ਇਹ ਕਾਰਵਾਈ 4 ਪੀ.ਐੱਮ. ਚੈਨਲ ਵੱਲੋਂ ਹਾਲ ਹੀ ਵਿੱਚ ਦਿੱਲੀ ਸਰਕਾਰ ਸਬੰਧੀ ਪ੍ਰਸਾਰਤ ਕੀਤੀਆਂ ਗਈਆਂ ਆਲੋਚਨਾਤਮਕ ਰਿਪੋਰਟਾਂ ਦੀ ਪ੍ਰਤੀਕਿਰਿਆ ਵਜੋਂ ਕੀਤੀ ਗਈ ਹੋ ਸਕਦੀ ਹੈ। ਇੰਡੀਅਨ ਜਰਨਲਿਸਟਸ ਯੂਨੀਅਨ ਨੇ ਘਟਨਾ ਵਿੱਚ ਸ਼ਾਮਲ ਪੁਲਸ ਅਧਿਕਾਰੀਆਂ ਵਿਰੁੱਧ ਤੁਰੰਤ ਤੇ ਸਖ਼ਤ ਕਾਰਵਾਈ ਕਰਨ ਦੀ ਆਪਣੀ ਮੰਗ ਨੂੰ ਮੁੜ ਦੁਹਰਾਇਆ ਹੈ।

# ਮੌਜੂਦਾ ਪੰਚਾਇਤ ਮੈਂਬਰ ਸਮੇਤ 15 ਪਰਵਾਰ ਕਾਂਗਰਸ 'ਚ ਸ਼ਾਮਲ

## ਪਰਮਿੰਦਰ ਸਿੰਘ ਪਿੰਕੀ ਨੇ ਸ਼ਾਮਲ ਪਰਵਾਰਾਂ ਦਾ ਕੀਤਾ ਸਵਾਗਤ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਪਿੰਡ ਪੀਰਾਂ ਵਾਲੇ ਤੋਂ ਮੌਜੂਦਾ ਪੰਚਾਇਤ ਮੈਂਬਰ ਸਮੇਤ ਕਰੀਬ 15 ਪਰਵਾਰਾਂ ਨੇ ਕਾਂਗਰਸ ਪਾਰਟੀ ਦਾ ਪੱਲਾ ਫੜ ਲਿਆ। ਸਾਬਕਾ ਵਿਧਾਇਕ ਪਰਮਿੰਦਰ ਸਿੰਘ ਪਿੰਕੀ ਦੇ ਗ੍ਰਹਿ ਵਿਖੇ ਹੋਏ ਸਮਾਗਮ ਦੌਰਾਨ ਇਨ੍ਹਾਂ ਪਰਵਾਰਾਂ ਦਾ ਕਾਂਗਰਸ ਵਿੱਚ ਸ਼ਾਮਲ ਹੋਣ 'ਤੇ ਸਿਰੋਪੇ ਪਾ ਕੇ ਸਵਾਗਤ ਕੀਤਾ ਗਿਆ। ਕਾਂਗਰਸ 'ਚ ਸ਼ਾਮਲ ਹੋਣ ਵਾਲਿਆਂ ਵਿੱਚ ਮੌਜੂਦਾ ਪੰਚਾਇਤ ਮੈਂਬਰ ਕੁਲਵਿੰਦਰ ਕੌਰ ਪਤਨੀ ਜਗਰੂਪ ਸਿੰਘ ਤੋਂ ਇਲਾਵਾ ਕਰਤਾਰ ਸਿੰਘ, ਲੱਕੀ, ਮਣੀ, ਜੱਸਾ, ਅਸ਼ੋਕ ਕੁਮਾਰ, ਰੁਲਦੂ, ਵਿਕਰਮ, ਸੋਨੂ, ਦੀਪਕ, ਮੋਹਿਤ, ਜੱਗਸੀਰ, ਪਿੱਪਲ ਸਮੇਤ ਹੋਰ ਪਰਵਾਰ ਸ਼ਾਮਲ ਸਨ। ਇਸ ਮੌਕੇ ਜਗਰੂਪ ਸਿੰਘ ਨੇ ਕਿਹਾ ਕਿ ਕਾਂਗਰਸ ਸਰਕਾਰ ਦੇ ਸਮੇਂ ਪਰਮਿੰਦਰ ਸਿੰਘ ਪਿੰਕੀ ਵੱਲੋਂ ਪਿੰਡ ਵਿੱਚ ਕਈ ਵਿਕਾਸ ਕਾਰਜ ਕਰਵਾਏ ਗਏ ਸਨ। ਉਨ੍ਹਾਂ ਦੋਸ਼ ਲਾਇਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੌਰਾਨ ਪਿੰਡ ਵਿੱਚ ਵਿਕਾਸ ਲਈ ਕੋਈ ਖਾਸ ਕੰਮ ਨਹੀਂ ਹੋਇਆ। ਉਨ੍ਹਾਂ ਕਿਹਾ ਕਿ ਚੋਣਾਂ ਤੋਂ ਪਹਿਲਾਂ ਕੀਤੇ ਵਾਅਦੇ ਤੇ ਲੋਕਾਂ ਨੂੰ ਦਿਖਾਏ ਸੁਪਨੇ ਪੂਰੇ ਨਾ ਹੋਣ ਕਾਰਨ ਉਹ ਕਾਂਗਰਸ ਵਿੱਚ ਸ਼ਾਮਲ ਹੋਏ ਹਨ। ਜਗਰੂਪ ਸਿੰਘ ਨੇ ਕਿਹਾ ਕਿ ਸਾਰੇ ਪਰਵਾਰ ਇਕਜੁੱਟ ਹੋ ਕੇ ਪਰਮਿੰਦਰ ਸਿੰਘ ਪਿੰਕੀ ਦੀ ਜਿੱਤ ਲਈ ਕਾਂਗਰਸ ਪਾਰਟੀ ਵਾਸਤੇ ਕੰਮ ਕਰਨਗੇ। ਪਰਮਿੰਦਰ ਸਿੰਘ ਪਿੰਕੀ ਨੇ ਨਵੇਂ ਸ਼ਾਮਲ ਹੋਏ ਪਰਵਾਰਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਕਾਂਗਰਸ ਪਾਰਟੀ ਵਿੱਚ ਉਨ੍ਹਾਂ ਨੂੰ ਬਣਦਾ ਮਾਣ-ਸਨਮਾਨ ਦਿੱਤਾ ਜਾਵੇਗਾ ਤੇ ਪਾਰਟੀ ਦੀ ਮਜ਼ਬੂਤੀ ਲਈ ਸਾਰਿਆਂ ਨੂੰ ਨਾਲ ਲੈ ਕੇ ਚੱਲਿਆ ਜਾਵੇਗਾ। ਇਸ ਮੌਕੇ ਨਗਰ ਕੌਂਸਲ ਪ੍ਰਧਾਨ ਅਸ਼ੋਕ ਸਚਦੇਵਾ, ਯਾਕੂਬ ਭੱਟੀ, ਵਿਜੇ ਗੋਰੀਆ, ਐੱਮ ਸੀ ਪਰਮਿੰਦਰ ਹਾਂਡਾ, ਸਰਪੰਚ ਗੋਰਾ, ਮਲਕੀਤ ਸਿੰਘ, ਰਜਨੀਸ਼ ਸੋਢੀ, ਰਵੀ ਤਾਈਲ, ਪੁਨੀਤ ਜੈਸਵਾਲ, ਸਰਵਨ ਸਿੰਘ ਨੰਬਰਦਾਰ, ਯਾਦਵਿੰਦਰ ਸਿੰਘ ਸਮੇਤ ਕਈ ਆਗੂ ਤੇ ਵਰਕਰ ਹਾਜ਼ਰ ਸਨ।

# 101 ਗ੍ਰਾਮ ਹੈਰੋਇਨ ਸਣੇ 2 ਗ੍ਰਿਫਤਾਰ

**ਜਲਾਲਾਬਾਦ, (ਜੀਤ ਕੁਮਾਰ)**-ਥਾਣਾ ਸਿਟੀ ਤੇ ਥਾਣਾ ਸਦਰ ਜਲਾਲਾਬਾਦ ਦੀ ਪੁਲਸ ਵੱਲੋਂ 101 ਗ੍ਰਾਮ ਹੈਰੋਇਨ, ਇੱਕ ਮੋਟਰਸਾਈਕਲ, 1 ਮੋਬਾਇਲ ਫੋਨ ਤੇ 200 ਰੁਪਏ ਭਾਰਤੀ ਕਰੰਸੀ ਸਮੇਤ 2 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਥਾਣਾ ਸਿਟੀ ਜਲਾਲਾਬਾਦ ਵਿਖੇ ਦਰਜ ਮੁਕੱਦਮੇ ਦੇ ਤਫਤੀਸ਼ੀ ਅਫਸਰ ਐੱਸ. ਆਈ. ਕੁਲਵੰਤ ਸਿੰਘ ਨੇ ਦੱਸਿਆ ਕਿ ਉਹ ਪੁਲਸ ਪਾਰਟੀ ਸਮੇਤ ਗਸ਼ਤ ਕਰਦੇ ਹੋਏ ਦਾਣਾ ਮੰਡੀ ਜਲਾਲਾਬਾਦ ਵਿਖੇ ਪੁੱਜੇ ਤਾਂ ਇਕ ਵਿਅਕਤੀ ਪੁਲਸ ਪਾਰਟੀ ਨੂੰ ਵੇਖ ਕੇ ਮੌਕੇ ਤੋਂ ਖਿਸਕਣ ਲੱਗਾ, ਜਿਸ ਨੂੰ ਸਾਥੀ ਕਰਮਚਾਰੀਆਂ ਦੀ ਮਦਦ ਨਾਲ ਕਾਬੂ ਕੀਤਾ ਤੇ ਮੁੱਢਲੀ ਤਫਤੀਸ਼ ਦੌਰਾਨ ਇਸ ਵਿਅਕਤੀ ਨੇ ਆਪਣਾ ਨਾਮ ਸ਼ਿਆਸਤ ਸਿੰਘ ਪੁੱਤਰ ਸੁੱਚਾ ਸਿੰਘ ਵਾਸੀ ਦੁੱਲੇ ਕੇ ਨੱਥੂਵਾਲਾ (ਥਾਣਾ ਗੁਰੂਹਰਸਹਾਏ) ਦੱਸਿਆ। ਇਸ ਵਿਅਕਤੀ ਦੀ ਤਲਾਸ਼ੀ ਲੈਣ 'ਤੇ 95 ਗ੍ਰਾਮ ਹੈਰੋਇਨ, ਮੋਟਰਸਾਈਕਲ, ਮੋਬਾਇਲ ਫੋਨ, 200 ਰੁਪਏ ਭਾਰਤੀ ਕਰੰਸੀ ਨੋਟ ਬਰਾਮਦ ਹੋਏ। ਪੁਲਸ ਵੱਲੋਂ ਸ਼ਿਆਸਤ ਸਿੰਘ ਨੂੰ ਹੈਰੋਇਨ ਸਣੇ ਗ੍ਰਿਫ਼ਤਾਰ ਕਰਕੇ ਥਾਣਾ ਸਿਟੀ ਜਲਾਲਾਬਾਦ ਵਿਖੇ ਮੁਕੱਦਮਾ ਦਰਜ ਕਰਕੇ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ। ਉਧਰ, ਥਾਣਾ ਸਦਰ ਜਲਾਲਾਬਾਦ ਵਿਖੇ ਦਰਜ ਮੁਕੱਦਮੇ ਦੇ ਤਫਤੀਸ਼ੀ ਅਫਸਰ ਤੇ ਘੁਬਾਇਆ ਚੌਕੀ ਇੰਚਾਰਜ ਏ.ਐੱਸ.ਆਈ. ਅਭਿਸ਼ੇਕ ਸ਼ਰਮਾ ਨੇ ਦੱਸਿਆ ਕਿ ਉਹ ਸਮੇਤ ਸਾਥੀ ਕਰਮਚਾਰੀਆਂ ਦੇ ਗਸ਼ਤ ਦੌਰਾਨ ਥਾਣਾ ਏਰੀਏ ਵਿੱਚ ਮੌਜੂਦ ਸੀ ਤੇ ਜਦੋਂ ਪੁਲਸ ਪਾਰਟੀ ਪਿੰਡ ਮੋਜੇਵਾਲਾ ਤੋਂ ਸੂਆ (ਨਹਿਰ) ਦੇ ਨਾਲ ਪਿੰਡ ਘੁਬਾਇਆ ਨੂੰ ਜਾਂਦੀ ਲਿੰਕ ਰੋਡ 'ਤੇ ਜਾ ਰਹੇ ਸੀ ਅਤੇ ਰਸਤੇ ਵਿੱਚ ਸਾਹਮਣੇ ਤੋਂ ਇਕ ਮੋਨਾ ਨੌਜਵਾਨ ਦਿਖਾਈ ਦਿੱਤੀ, ਜਿਸ ਨੂੰ ਸ਼ੱਕ ਦੀ ਬਿਨਾਅ 'ਤੇ ਪੁਲਸ ਪਾਰਟੀ ਨੇ ਕਾਬੂ ਕਰਕੇ ਤਲਾਸ਼ੀ ਕੀਤੀ ਤਾਂ ਉਸ ਪਾਸੋਂ 6 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਨੇ ਗੁਰਚਰਨ ਸਿੰਘ ਪੁੱਤਰ ਜੋਗਿੰਦਰ ਸਿੰਘ ਵਾਸੀ ਪਿੰਡ ਘੁਬਾਇਆ ਨੂੰ ਹੈਰੋਇਨ ਸਣੇ ਕਾਬੂ ਕਰਕੇ ਥਾਣਾ ਸਦਰ ਜਲਾਲਾਬਾਦ ਵਿਖੇ ਮੁਕੱਦਮਾ ਦਰਜ ਕੀਤਾ ਹੈ।

# ਰੰਗਲਾ ਪੰਜਾਬ ਵਿਕਾਸ ਸਕੀਮ ਤਹਿਤ ਸ਼ਹਿਰ ਦੇ ਵਿਕਾਸ ਲਈ 5 ਕਰੋੜ ਦੇ ਹੋਰ ਫੰਡ ਜਾਰੀ : ਕੋਹਲੀ

## ਵਿਧਾਇਕ ਕੋਹਲੀ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ



**ਪਟਿਆਲਾ, (ਰਾਜਿੰਦਰ ਸਿੰਘ ਥਿੰਦ):** ਪਟਿਆਲਾ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਪੰਜਾਬ ਸਰਕਾਰ ਵੱਲੋਂ ਪਟਿਆਲਾ ਸ਼ਹਿਰੀ ਹਲਕੇ ਦੇ ਵਿਕਾਸ ਲਈ ਪੀਐੱਮ-26 ਰੰਗਲਾ ਪੰਜਾਬ ਵਿਕਾਸ ਸਕੀਮ ਦੇ ਤੀਜੇ ਫੇਜ਼ ਤਹਿਤ 5 ਕਰੋੜ ਰੁਪਏ ਦੇ ਫੰਡ ਜਾਰੀ ਕਰਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ ਹੈ।ਇਨ੍ਹਾਂ ਫੰਡਾਂ ਦੀ ਵਰਤੋਂ ਨਾਲ ਉਲੀਕੇ ਗਏ ਵੱਖ-ਵੱਖ ਵਿਕਾਸ ਕਾਰਜਾਂ ਨੂੰ ਸਮੇਂ ਸਿਰ ਮੁਕੰਮਲ ਕਰਵਾਉਣ ਲਈ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਅੱਜ ਨਗਰ ਨਿਗਮ ਦੇ ਮੇਅਰ ਕੁੰਦਨ ਗੋਗੀਆ, ਕਮਿਸ਼ਨਰ ਪੂਜਾ ਸਿਆਲ ਗਰੇਵਾਲ, ਵਧੀਕ ਕਮਿਸ਼ਨਰ ਸਿਮਰਨਪ੍ਰੀਤ ਕੌਰ ਤੇ ਲੋਕ ਨਿਰਮਾਣ ਵਿਭਾਗ ਤੇ ਨਗਰ ਨਿਗਮ ਦੇ ਅਧਿਕਾਰੀਆਂ ਨਾਲ ਸਮੀਖਿਆ ਬੈਠਕ ਕੀਤੀ।ਉਨ੍ਹਾਂ ਅਧਿਕਾਰੀਆਂ ਨੂੰ ਵਿਕਾਸ ਕਾਰਜਾਂ ਨੂੰ ਤੈਅ ਸਮੇਂ ਅੰਦਰ ਪੂਰਾ ਕਰਨ ਲਈ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕਾਰਜਾਂ ਦੀ ਪ੍ਰਗਤੀ ਦੀ ਅਗਲੀ ਸਮੀਖਿਆ ਮੀਟਿੰਗ 26 ਸਤੰਬਰ ਨੂੰ ਕੀਤੀ ਜਾਵੇਗੀ।ਵਿਧਾਇਕ ਕੋਹਲੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਪਟਿਆਲਾ ਸ਼ਹਿਰ ਦੇ ਵਿਕਾਸ ਲਈ ਵੱਡੇ ਪੱਧਰ 'ਤੇ ਕੰਮ ਕਰਵਾਏ ਜਾ ਰਹੇ ਹਨ ਤੇ ਕੋਈ ਵੀ ਵਿਕਾਸ ਕਾਰਜ ਅਧੂਰਾ ਨਹੀਂ ਛੱਡਿਆ ਜਾਵੇਗਾ।ਉਨ੍ਹਾਂ ਕਿਹਾ ਕਿ ਨਗਰ ਨਿਗਮ, ਲੋਕ ਨਿਰਮਾਣ ਵਿਭਾਗ ਤੇ ਇੰਪਰੂਵਮੈਂਟ ਟਰੱਸਟ ਵੱਲੋਂ ਆਪੋ-ਆਪਣੇ ਵਿਭਾਗ ਨਾਲ ਸਬੰਧਤ ਕੰਮਾਂ ਨੂੰ ਤਰਜੀਹ ਦੇ ਆਧਾਰ 'ਤੇ ਸਮੇਂ ਸਿਰ ਮੁਕੰਮਲ ਕੀਤਾ ਜਾਵੇਗਾ।ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਪਟਿਆਲਾ ਸ਼ਹਿਰ ਨੇ ਦੋ ਵਾਰ ਪੰਜਾਬ ਨੂੰ ਮੁੱਖ ਮੰਤਰੀ ਦਿੱਤੇ ਹਨ, ਪਰ ਇਸ ਦੇ ਬਾਵਜੂਦ ਸ਼ਹਿਰ ਲੰਮੇ ਸਮੇਂ ਤੱਕ ਵਿਕਾਸ ਪੱਖੋਂ ਪਛੜਿਆ ਰਿਹਾ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਪਟਿਆਲਾ ਦੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਲੈਂਦਿਆਂ ਸ਼ਹਿਰ ਦੇ ਸਰਵਪੱਖੀ ਵਿਕਾਸ ਦਾ ਬੀੜਾ ਚੁੱਕਿਆ ਹੈ ਤੇ ਹੁਣ ਵੱਖ-ਵੱਖ ਵਿਕਾਸ ਕਾਰਜ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਕਰਵਾਏ ਜਾ ਰਹੇ ਹਨ।

# ਰੋਟਰੀ ਕਲੱਬ ਰੋਇਲ ਵੱਲੋਂ ਅਧਿਆਪਕਾਂ ਦਾ ਸਨਮਾਨ



**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ) :** ਸਮਾਜ ਸੇਵੀ ਸੰਸਥਾ ਰੋਟਰੀ ਕਲੱਬ ਪਾਤੜਾਂ ਰੋਇਲ ਵੱਲੋਂ ਗੁਰਕੁਲ ਗਲੋਬਲ ਕਰੀਐਂਜਾ ਸਕੂਲ ਵਿਖੇ ਅਧਿਆਪਕ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਵੱਖ-ਵੱਖ ਸਰਕਾਰੀ ਤੇ ਪ੍ਰਾਈਵੇਟ ਸਕੂਲਾਂ ਦੇ ਅਧਿਆਪਕਾਂ ਨੂੰ ਉਨ੍ਹਾਂ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਨਿਭਾਈਆਂ ਜਾ ਰਹੀਆਂ ਸ਼ਾਨਦਾਰ ਸੇਵਾਵਾਂ ਲਈ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਡਿਸਟ੍ਰਿਕਟ ਗਵਰਨਰ ਰੋਟੇਰੀਅਨ ਸੀਏ ਅਮਿਤ ਸਿੰਗਲਾ ਵਿਸ਼ੇਸ਼ ਮਹਿਮਾਨਾਂ ਵਜੋਂ ਡਿਸਟ੍ਰਿਕਟ ਸੈਕਟਰੀ ਰੋਟੇਰੀਅਨ ਸਮਿਤ ਸਿੰਗਲਾ, ਅਸਿਸਟੈਂਟ ਗਵਰਨਰ ਦਵਿੰਦਰ ਪਾਲ ਰਿੰਪੀ, ਸੁਨਾਮ ਰੋਟਰੀ ਕਲੱਬ ਦੇ ਇਲੈਕਟਡ ਪ੍ਰਧਾਨ ਰਾਜਨ, ਸਰਕਾਰੀ ਕਿਰਤੀ ਕਾਲਜ ਨਿਆਲ ਦੇ ਪ੍ਰਿੰਸੀਪਲ ਮੈਡਮ ਗਗਨਦੀਪ ਕੌਰ ਚੀਮਾ, ਬੀਕੇ ਦੀਦੀ ਨਿਸ਼ਾ ਨੇ ਵੀ ਵਿਸ਼ੇਸ਼ ਹਾਜ਼ਰੀ ਭਰੀ। ਸਮਾਗਮ ਦੌਰਾਨ ਇਲਾਕੇ ਦੇ ਵੱਖ-ਵੱਖ ਸਰਕਾਰੀ ਤੇ ਪ੍ਰਾਈਵੇਟ ਸਕੂਲਾਂ ਦੇ 22 ਅਧਿਆਪਕਾਂ ਨੂੰ ਵਿਸ਼ੇਸ਼ ਮੋਮੈਂਟੋ ਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ।ਪ੍ਰੋਜੈਕਟ ਚੇਅਰਮੈਨ ਰੋਟੇਰੀਅਨ ਰਾਕੇਸ਼ ਸਿੰਗਲਾ, ਪ੍ਰਧਾਨ ਭਾਰਤ ਭੂਸ਼ਣ ਸੋਨੂ ਤੇ ਸੈਕਟਰੀ ਜੀਵਨ ਸਿੰਗਲਾ ਨੇ ਅਧਿਆਪਕ ਦਿਵਸ ਦੀ ਮਹੱਤਤਾ ਬਾਰੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਅਧਿਆਪਕ ਆਪਣਾ ਗਿਆਨ ਵੰਡ ਕੇ ਅਨੇਕਾਂ ਵਿਦਿਆਰਥੀਆਂ ਦਾ ਭਵਿੱਖ ਸੰਵਾਰਦੇ ਹਨ, ਇਸ ਲਈ ਉਨ੍ਹਾਂ ਦਾ ਸਨਮਾਨ ਕਰਨਾ ਸਮਾਜ ਦੀ ਜ਼ਿੰਮੇਵਾਰੀ ਹੈ।ਸਮਾਗਮ ਦੌਰਾਨ ਕੈਸ਼ੀਅਰ ਯੋਗੇਸ਼ ਗਰਗ, ਅਸਿਸਟੈਂਟ ਗਵਰਨਰ ਅਮਨਦੀਪ ਸਿੰਘ, ਡਿਸਟ੍ਰਿਕਟ ਚੇਅਰ ਰੋਟੇਰੀਅਨ ਨਰਾਇਣ ਗਰਗ, ਰੋਟੇਰੀਅਨ ਰਕੇਸ਼ ਗਰਗ ਮਦਰ ਇੰਡੀਆ ਸਕੂਲ, ਰੋਟੇਰੀਅਨ ਰਾਕੇਸ਼ ਸਿੰਗਲਾ ਗੁਰਕੁਲ ਗਲੋਬਲ ਸਕੂਲ, ਡਾ. ਮੋਹਨ ਲਾਲ, ਡਾ. ਅਸ਼ੋਕ ਦੇਵ ਤੇ ਰੋਟੇਰੀਅਨ ਗੋਬਿੰਦ ਸਿੰਘ ਵਿਰਦੀ ਆਦਿ ਹਾਜ਼ਰ ਸਨ।

# ਥਾਪਰ ਮਾਡਲ ਨਾਲ ਬਦਲੇਗੀ ਪਿੰਡਾਂ ਦੀ ਨੁਹਾਰ : ਹਡਾਣਾ

## ਦੌਣ ਖੁਰਦ ਤੇ ਗੌਂਸਪੁਰ ਵਿਖੇ ਛੱਪੜਾਂ ਦਾ ਕੀਤਾ ਨਵੀਨੀਕਰਨ

**ਸਨੌਰ, (ਰਾਜਿੰਦਰ ਸਿੰਘ ਥਿੰਦ)-** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪੇਂਡੂ ਖੇਤਰਾਂ ਵਿੱਚ ਪਾਣੀ ਦੀ ਸਹੀ ਨਿਕਾਸੀ ਤੇ ਵਾਤਾਵਰਨ ਦੀ ਸਾਂਭ-ਸੰਭਾਲ ਲਈ ਚਲਾਈ ਗਈ ਮੁਹਿੰਮ ਤਹਿਤ ਆਮ ਆਦਮੀ ਪਾਰਟੀ ਦੇ ਹਲਕਾ ਸਨੌਰ ਇੰਚਾਰਜ ਸ. ਰਣਜੋਧ ਸਿੰਘ ਹਡਾਣਾ ਵੱਲੋਂ ਪਿੰਡ ਦੌਣ ਖੁਰਦ ਤੇ ਗੌਂਸਪੁਰ ਵਿਖੇ ਥਾਪਰ ਮਾਡਲ ਤਹਿਤ ਨਵੀਨੀਕਰਨ ਕੀਤੇ ਗਏ ਛੱਪੜਾਂ ਦਾ ਰਸਮੀ ਉਦਘਾਟਨ ਕਰਕੇ ਉਨ੍ਹਾਂ ਪਿੰਡ ਵਾਸੀਆਂ ਨੂੰ ਸਮਰਪਿਤ ਕੀਤਾ ਗਿਆ।ਦੋਵਾਂ ਪਿੰਡਾਂ ਵਿੱਚ ਪਹੁੰਚਣ 'ਤੇ ਸਮੂਹ ਗ੍ਰਾਮ ਪੰਚਾਇਤਾਂ ਤੇ ਇਲਾਕਾ ਨਿਵਾਸੀਆਂ ਵੱਲੋਂ ਹਲਕਾ ਇੰਚਾਰਜ ਦਾ ਨਿੱਘਾ ਸਵਾਗਤ ਕੀਤਾ ਗਿਆ।ਪ੍ਰੋਜੈਕਟ ਸਬੰਧੀ ਜਾਣਕਾਰੀ ਦਿੰਦਿਆਂ ਸ. ਰਣਜੋਧ ਸਿੰਘ ਹਡਾਣਾ ਨੇ ਦੱਸਿਆ ਕਿ ਪਿੰਡ ਦੌਣ ਖੁਰਦ ਵਿਖੇ 36.04 ਲੱਖ ਰੁਪਏ ਤੇ ਪਿੰਡ ਗੌਂਸਪੁਰ ਵਿਖੇ 36.62 ਲੱਖ ਰੁਪਏ ਦੀ ਲਾਗਤ ਨਾਲ ਛੱਪੜਾਂ ਦਾ ਆਧੁਨਿਕ ਨਵੀਨੀਕਰਨ ਮੁਕੰਮਲ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਇਸ ਥਾਪਰ ਤਕਨੀਕ ਦੀ ਸਭ ਤੋਂ ਵੱਡੀ ਖਾਸੀਅਤ ਇਹ ਹੈ ਕਿ ਪਿੰਡ ਦਾ ਗੰਦਾ ਪਾਣੀ ਤਿੰਨ ਤੋਂ ਚਾਰ ਦਿਨਾਂ ਅੰਦਰ ਪੂਰੀ ਤਰ੍ਹਾਂ ਸਾਫ਼ ਤੇ ਵਰਤੋਂਯੋਗ ਹੋ ਜਾਵੇਗਾ।ਇਸ ਸੋਧੇ ਹੋਏ ਪਾਣੀ ਨੂੰ ਕਿਸਾਨ ਆਪਣੇ ਖੇਤਾਂ ਵਿੱਚ ਸਿੰਚਾਈ ਲਈ ਆਸਾਨੀ ਨਾਲ ਵਰਤ ਸਕਣਗੇ, ਜਿਸ ਨਾਲ ਜਿੱਥੇ ਧਰਤੀ ਹੇਠਲੇ ਪਾਣੀ ਦੀ ਬੱਚਤ ਹੋਵੇਗੀ, ਉੱਥੇ ਹੀ ਪਿੰਡਾਂ ਨੂੰ ਗੰਦੇ ਪਾਣੀ ਦੇ ਛੱਪੜਾਂ ਤੇ ਬਿਮਾਰੀਆਂ ਤੋਂ ਵੱਡੀ ਨਿਜਾਤ ਮਿਲੇਗੀ।ਇਸ ਮੌਕੇ ਹਡਾਣਾ ਨੇ ਪਿੰਡ ਵਾਸੀਆਂ ਨਾਲ ਰੂਬਰੂ ਹੁੰਦਿਆਂ ਉਨ੍ਹਾਂ ਦੀਆਂ ਮੁਸ਼ਕਲਾਂ ਵੀ ਸੁਣੀਆਂ।ਉਨ੍ਹਾਂ ਕਿਹਾ ਕਿ ਮਾਨ ਸਰਕਾਰ ਪੰਜਾਬ ਦੇ ਪਿੰਡਾਂ ਨੂੰ ਹਰ ਪੱਖੋਂ ਆਤਮ-ਨਿਰਭਰ ਤੇ ਮਾਡਲ ਪਿੰਡ ਬਣਾਉਣ ਦੇ ਟੀਚੇ ਨਾਲ ਕੰਮ ਕਰ ਰਹੀ ਹੈ ਤੇ ਹਲਕਾ ਸਨੌਰ ਦੇ ਸਰਵਪੱਖੀ ਵਿਕਾਸ ਲਈ ਫੰਡਾਂ ਦੀ ਕੋਈ ਤੋਟ ਨਹੀਂ ਆਉਣ ਦਿੱਤੀ ਜਾਵੇਗੀ।ਇਸ ਮੌਕੇ ਹਰਪ੍ਰੀਤ ਸਿੰਘ ਘੁਮਾਣ ਚੇਅਰਮੈਨ, ਗੁਰਪ੍ਰੀਤ ਸਿੰਘ ਸਰਪੰਚ, ਫ਼ਿਰੋਜ਼ ਕਲੋਨੀ, ਰਾਜਿੰਦਰ ਸਿੰਘ ਰਾਜਾ ਸਮੇਤ ਦੋਵਾਂ ਪਿੰਡਾਂ ਦੀਆਂ ਪੰਚਾਇਤਾਂ ਦੇ ਨੁਮਾਇੰਦੇ, ਬਲਾਕ ਪ੍ਰਧਾਨ, ਪਾਰਟੀ ਦੇ ਸੀਨੀਅਰ ਆਗੂ, ਵਲੰਟੀਅਰ ਤੇ ਪਿੰਡ ਵਾਸੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।



# ਲਾਲਾ ਕਸਤੂਰੀ ਲਾਲ ਵਿੱਦਿਆ ਮੰਦਰ 'ਚ ਜਨਮ ਅਸ਼ਟਮੀ ਮਨਾਈ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)-**ਲਾਲਾ ਕਸਤੂਰੀ ਲਾਲ ਸਰਵਹਿੱਤਕਾਰੀ ਸੀਨੀਅਰ ਸੈਕੰਡਰੀ ਵਿਦਿਆ ਮੰਦਰ ਰਾਮਪੁਰਾ ਫੂਲ ਵਿੱਚ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਪਾਵਨ ਪੁਰਬ ਬੜੇ ਉਤਸ਼ਾਹ, ਸ਼ਰਧਾ ਤੇ ਭਗਤੀਮਈ ਮਾਹੌਲ ਵਿੱਚ ਮਨਾਇਆ ਗਿਆ।ਪ੍ਰੋਗਰਾਮ ਦਾ ਸ਼ੁਭ ਆਰੰਭ ਭਗਵਾਨ ਸ੍ਰੀ ਕ੍ਰਿਸ਼ਨ ਜੀ ਦੇ ਸਨਮੁੱਖ ਦੀਪ ਪ੍ਰਜਵਲਿਤ ਕਰਨ ਤੇ ਵੰਦਨਾ ਨਾਲ ਹੋਇਆ।ਸਕੂਲ ਦੇ ਸ਼ਿਸ਼ੂ ਵਾਟਿਕਾ ਦੇ ਵਿਦਿਆਰਥੀਆਂ ਨੇ ਸ੍ਰੀ ਕ੍ਰਿਸ਼ਨ ਜਨਮ, ਕੰਸ ਕਾਰਾਗਾਰ ਦ੍ਰਿਸ਼, ਸੁਦਾਮਾ-ਕ੍ਰਿਸ਼ਨ ਮਿਲਾਪ ਤੇ ਗੋਵਰਧਨ ਪਰਬਤ ਦੀ ਲੀਲ੍ਹਾ ਦਾ ਸੁੰਦਰ ਤੇ ਮਨਮੋਹਕ ਮੰਚਨ ਪੇਸ਼ ਕੀਤਾ।ਨੰਨ੍ਹੇ-ਮੁੰਨੇ ਬੱਚੇ ਰਾਧਾ-ਕ੍ਰਿਸ਼ਨ ਦੀ ਮਨਮੋਹਕ ਵੇਸ਼ਭੂਸ਼ਾ ਵਿੱਚ ਸਾਰਿਆਂ ਲਈ ਖਿੱਚ ਦਾ ਕੇਂਦਰ ਰਹੇ।ਪ੍ਰੋਗਰਾਮ ਵਿੱਚ ਸਕੂਲ ਪ੍ਰਬੰਧਕ ਕਮੇਟੀ ਦੇ ਮੈਨੇਜਰ ਗੁਰਪ੍ਰੀਤ ਸਿੰਘ ਗੋਰਾ ਦੀ ਵਿਸ਼ੇਸ਼ ਹਾਜ਼ਰੀ ਰਹੀ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸੰਜੀਵ ਕੁਮਾਰ ਸ਼ਰਮਾ ਨੇ ਵਿਦਿਆਰਥੀਆਂ ਨੂੰ ਭਗਵਾਨ ਸ੍ਰੀ ਕ੍ਰਿਸ਼ਨ ਜੀ ਦੇ ਜੀਵਨ ਤੋਂ ਪ੍ਰੇਰਨਾ ਲੈਂਦਿਆਂ ਸੱਚ, ਧਰਮ ਤੇ ਕਰਤੱਵ ਦੇ ਮਾਰਗ 'ਤੇ ਚੱਲਣ ਦਾ ਸੰਦੇਸ਼ ਦਿੱਤਾ।ਇਸ ਮੌਕੇ ਸ਼ਿਸ਼ੂ ਵਾਟਿਕਾ ਦੀ ਇੰਚਾਰਜ ਦੀਦੀ ਨਿਰਮਲਜੀਤ ਕੌਰ ਤੇ ਸਮੂਹ ਆਚਾਰਿਆ ਦੀਦੀਆਂ ਹਾਜ਼ਰ ਰਹੀਆਂ।

# ਸ੍ਰੀ ਬਾਂਕੇ ਬਿਹਾਰੀ ਮੰਦਿਰ ਵਿਖੇ ਸ਼ਾਨੋ-ਸ਼ੌਕਤ ਨਾਲ ਜਨਮ ਅਸ਼ਟਮੀ ਮਨਾਈ

**ਜਗਰਾਉਂ, (ਸੰਜੀਵ ਅਰੋੜਾ)-**ਜਨਮ ਅਸ਼ਟਮੀ ਦੇ ਪਵਿੱਤਰ ਦਿਹਾੜੇ 'ਤੇ ਸ੍ਰੀ ਬਾਂਕੇ ਬਿਹਾਰੀ ਮੰਦਰ ਵਿਖੇ ਧਾਰਮਿਕ ਸਮਾਗਮ ਬੜੀ ਹੀ ਧੂਮ-ਧਾਮ ਤੇ ਸ਼ਰਧਾ-ਭਾਵਨਾ ਨਾਲ ਕਰਵਾਇਆ ਗਿਆ। ਇਸ ਖਾਸ ਮੌਕੇ ਮੰਦਰ ਨੂੰ ਬਹੁਤ ਹੀ ਅਲੌਕਿਕ ਤੇ ਸੁੰਦਰ ਢੰਗ ਨਾਲ ਸਜਾਇਆ ਗਿਆ ਸੀ। ਸਮਾਗਮ ਦੌਰਾਨ ਸ਼ਰਧਾਲੂਆਂ 'ਚ ਅਥਾਹ ਉਤਸ਼ਾਹ ਤੇ ਸ਼ਰਧਾ ਦੇਖਣ ਨੂੰ ਮਿਲੀ। ਵੱਡੀ ਗਿਣਤੀ 'ਚ ਪਹੁੰਚੀਆਂ ਸੰਗਤਾਂ ਨੇ ਨਟਖਟ ਗੋਪਾਲ ਦੇ ਚਰਨਾਂ 'ਚ ਨਤਮਸਤਕ ਹੋ ਕੇ ਆਸ਼ੀਰਵਾਦ ਪ੍ਰਾਪਤ ਕੀਤਾ ਤੇ ਪ੍ਰਭੂ ਭਗਤੀ ਦਾ ਆਨੰਦ ਮਾਣਿਆ। ਇਸ ਧਾਰਮਿਕ ਦਿਹਾੜੇ ਦੀ ਅਹਿਮੀਅਤ ਨੂੰ ਦੇਖਦਿਆਂ ਵੱਖ-ਵੱਖ ਰਾਜਨੀਤਕ ਪਾਰਟੀਆਂ ਦੇ ਆਗੂਆਂ ਤੇ ਇਲਾਕੇ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਸਾਬਕਾ ਵਿਧਾਇਕ ਐੱਸ. ਆਰ. ਕਲੇਰ, ਸਾਬਕਾ ਵਿਧਾਇਕ ਜਗਤਾਰ ਸਿੰਘ ਜੱਗਾ ਹਿੱਸੋਵਾਲ, ਅਕਾਲੀ ਦਲ ਵਾਰਿਸ ਪੰਜਾਬ ਦੇ ਮੁੱਖ ਸੇਵਾਦਾਰ ਰਾਜੀਵ ਲਵਲੀ, ਸਾਬਕਾ ਚੇਅਰਮੈਨ ਕੰਵਲਜੀਤ ਸਿੰਘ ਮੱਲ੍ਹਾ, ਬਾਈ ਬਿੰਦਰ ਮਨੀਲਾ, ਦੀਪਇੰਦਰ ਸਿੰਘ ਭੰਡਾਰੀ, ਹਰਦੇਵ ਸਿੰਘ ਬੌਬੀ, ਸੁਖਵਿੰਦਰ ਸਿੰਘ ਸਿੱਧੂ, ਜ਼ਿਲ੍ਹਾ ਪ੍ਰਧਾਨ ਡਾ. ਰਜਿੰਦਰ ਸ਼ਰਮਾ, ਭਾਜਪਾ ਆਗੂ ਅਨੀਲ ਕੁਮਾਰ ਸ਼ੰਟੀ, ਹਲਕਾ ਯੂਥ ਪ੍ਰਧਾਨ ਮਨੀ ਗਰਗ, ਬਲਾਕ ਸ਼ਹਿਰੀ ਪ੍ਰਧਾਨ ਹਰਪ੍ਰੀਤ ਸਿੰਘ ਧਾਲੀਵਾਲ, ਐਡਵੋਕੇਟ ਮਹਿੰਦਰ ਸਿੰਘ, ਸਾਬਕਾ ਕੌਂਸਲਰ ਅਮਰ ਸਿੰਘ, ਸਾਬਕਾ ਪ੍ਰਧਾਨ ਜਤਿੰਦਰਪਾਲ ਰਾਣਾ, ਸਰਪੰਚ ਪ੍ਰਦੀਪ ਸਿੰਘ, ਸਰਪੰਚ ਚੰਨਪ੍ਰੀਤ ਸਿੰਘ, ਸਾਬਕਾ ਕੌਂਸਲਰ ਅਮਨ ਕਪੂਰ ਬੌਬੀ, ਕੌਂਸਲਰ ਮੰਗੀ ਸਹੋਤਾ, ਕੌਂਸਲਰ ਸਤੀਸ਼ ਕੁਮਾਰ ਦੱਧਰੀਆ, ਕੈਪਟਨ ਨਰੇਸ਼ ਵਰਮਾ, ਨੀਟਾ ਸੱਭਰਵਾਲ, ਐਡਵੋਕੇਟ ਮਹਿੰਦਰ ਸਿੰਘ ਸਿੱਧਵਾਂ, ਸਤਿੰਦਰਜੀਤ ਸਿੰਘ ਤਤਲਾ, ਠੇਕੇਦਾਰ ਰਿੰਕੂ ਕੱਕੜ ਤੇ ਮੈਨੇਜਰ ਨਰਿੰਦਰ ਕੋਚਰ ਸ਼ਾਮਲ ਸਨ। ਸਮਾਗਮ ਦੇ ਅੰਤ ਵਿੱਚ ਠੇਕੇਦਾਰ ਅਸ਼ਵਨੀ ਕੁਮਾਰ ਬੱਲੂ ਨੇ ਮੰਦਰ ਵਿਖੇ ਨਤਮਸਤਕ ਹੋਣ ਪਹੁੰਚੀਆਂ ਸਮੂਹ ਸ਼ਖ਼ਸੀਅਤਾਂ, ਸਿਆਸੀ ਆਗੂਆਂ ਤੇ ਸ਼ਰਧਾਲੂਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ।



# ਸਰਕਾਰੀ ਸੀਨੀ. ਸੈਕੰ. ਸਕੂਲ ਮਾਛੀਕੇ ਵਿਖੇ ਮਨਾਇਆ ਅਧਿਆਪਕ ਦਿਵਸ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ) :** ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਾਛੀਕੇ ਵਿਖੇ ਅਧਿਆਪਕ ਦਿਵਸ ਬੜੇ ਉਤਸ਼ਾਹ ਤੇ ਸਤਿਕਾਰ ਨਾਲ ਮਨਾਇਆ ਗਿਆ।ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਵੱਲੋਂ ਅਧਿਆਪਕਾਂ ਦੇ ਸਨਮਾਨ ਵਿੱਚ ਵੱਖ-ਵੱਖ ਗਤੀਵਿਧੀਆਂ ਦਾ ਪ੍ਰੋਗਰਾਮ ਪੇਸ਼ ਕੀਤਾ ਗਿਆ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਗੁਰਜੀਤ ਸਿੰਘ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਅਧਿਆਪਕਾਂ ਦੀ ਮਹੱਤਤਾ ਬਾਰੇ ਜਾਣਕਾਰੀ ਸਾਂਝੀ ਕੀਤੀ।ਪ੍ਰਿੰਸੀਪਲ ਨੇ ਕਿਹਾ ਕਿ ਇੱਕ ਸਮਾਜ ਦੀ ਤਰੱਕੀ ਵਿੱਚ ਅਧਿਆਪਕਾਂ ਦਾ ਯੋਗਦਾਨ ਬਹੁਤ ਮਹੱਤਵਪੂਰਨ ਹੁੰਦਾ ਹੈ।ਅਧਿਆਪਕ ਵਿਦਿਆਰਥੀਆਂ ਨੂੰ ਸਹੀ ਦਿਸ਼ਾ ਦਿਖਾਉਣ ਦੇ ਨਾਲ-ਨਾਲ ਉਨ੍ਹਾਂ ਅੰਦਰ ਮਿਹਨਤ, ਇਮਾਨਦਾਰੀ, ਸੇਵਾ ਭਾਵਨਾ ਤੇ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਦੇ ਹਨ।ਉਨ੍ਹਾਂ ਵਿਦਿਆਰਥੀਆਂ ਨੂੰ ਅਧਿਆਪਕਾਂ ਦਾ ਸਤਿਕਾਰ ਕਰਨ ਤੇ ਉਨ੍ਹਾਂ ਵੱਲੋਂ ਦਿੱਤੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਲਈ ਪ੍ਰੇਰਿਤ ਕੀਤਾ।ਇਸ ਦੌਰਾਨ ਸਕੂਲ ਸਟਾਫ਼ ਤੇ ਵਿਦਿਆਰਥੀਆਂ ਵੱਲੋਂ ਵੀ ਅਧਿਆਪਕ ਦਿਵਸ ਦੀ ਮਹੱਤਤਾ ਬਾਰੇ ਵਿਚਾਰ ਸਾਂਝੇ ਕੀਤੇ ਗਏ।ਇਸ ਮੌਕੇ ਪ੍ਰਿੰਸੀਪਲ ਗੁਰਜੀਤ ਸਿੰਘ, ਕਿਰਨਦੀਪ ਸਿੰਘ, ਹਰਜੀਵਨ ਸਿੰਘ, ਸੰਦੀਪ ਸਿੰਘ, ਤਰਸੇਮ ਸਿੰਘ, ਸੁਖਜੀਤ ਸਿੰਘ, ਪੁਸ਼ਪਿੰਦਰ ਕੌਰ, ਸੰਦੀਪ ਕੌਰ, ਕੁਲਵਿੰਦਰ ਕੌਰ, ਕਿਰਨਜੀਤ ਕੌਰ, ਜਸਪ੍ਰੀਤ ਕੌਰ, ਰਮਨਜੀਤ ਕੌਰ, ਰਾਜਵੀਰ ਕੌਰ, ਜਸਮੀਤ ਕੌਰ, ਗੁਰਮੀਤ ਕੌਰ ਸਮੂਹ ਸਟਾਫ ਤੋਂ ਇਲਾਵਾ ਵਿਦਿਆਰਥੀ ਹਾਜ਼ਰ ਸਨ।

# ਮਾਡਰਨ ਕਾਲਜ ਵਿਖੇ ਅਧਿਆਪਕ ਦਿਵਸ ਮਨਾਇਆ

**ਚੀਮਾ ਮੰਡੀ (ਰਵਿੰਦਰ ਚੀਮਾ)-**ਮਾਡਰਨ ਕਾਲਜ ਬੀਰ ਕਲਾਂ ਵਿਖੇ ਅਧਿਆਪਕ ਦਿਵਸ ਬੜੇ ਉਤਸ਼ਾਹ ਤੇ ਸ਼ਰਧਾ ਨਾਲ ਮਨਾਇਆ ਗਿਆ।ਇਸ ਮੌਕੇ ਵਿਦਿਆਰਥੀਆਂ ਵੱਲੋਂ ਅਧਿਆਪਕਾਂ ਪ੍ਰਤੀ ਸਤਿਕਾਰ ਤੇ ਧੰਨਵਾਦ ਪ੍ਰਗਟ ਕਰਦਿਆਂ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਗਈਆਂ।ਸਮਾਗਮ ਦੌਰਾਨ ਵਿਦਿਆਰਥੀਆਂ ਨੇ ਅਧਿਆਪਕਾਂ ਦੀ ਸਿੱਖਿਆ ਤੇ ਸਮਾਜ ਨਿਰਮਾਣ ਵਿੱਚ ਮਹੱਤਵਪੂਰਨ ਭੂਮਿਕਾ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ।ਉਨ੍ਹਾਂ ਕਿਹਾ ਕਿ ਅਧਿਆਪਕ ਸਿਰਫ਼ ਵਿਦਿਆਰਥੀਆਂ ਨੂੰ ਪਾਠਕ੍ਰਮ ਦੀ ਸਿੱਖਿਆ ਹੀ ਨਹੀਂ ਦਿੰਦੇ, ਸਗੋਂ ਉਨ੍ਹਾਂ ਦੇ ਚਰਿੱਤਰ ਨਿਰਮਾਣ ਤੇ ਉੱਜਵਲ ਭਵਿੱਖ ਦੀ ਨੀਂਹ ਵੀ ਰੱਖਦੇ ਹਨ।ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਤੇ ਸਮੂਹ ਸਟਾਫ਼ ਵੱਲੋਂ ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਦੇ ਜੀਵਨ ਤੇ ਉਨ੍ਹਾਂ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਪਾਏ ਯੋਗਦਾਨ ਨੂੰ ਯਾਦ ਕੀਤਾ ਗਿਆ।ਅਧਿਆਪਕਾਂ ਨੇ ਵਿਦਿਆਰਥੀਆਂ ਨੂੰ ਮਿਹਨਤ, ਅਨੁਸ਼ਾਸਨ ਤੇ ਨੈਤਿਕ ਕਦਰਾਂ-ਕੀਮਤਾਂ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ।ਸਮਾਗਮ ਦੇ ਅੰਤ ਵਿੱਚ ਕਾਲਜ ਪ੍ਰਬੰਧਕਾਂ ਵੱਲੋਂ ਸਮੂਹ ਅਧਿਆਪਕਾਂ ਨੂੰ ਅਧਿਆਪਕ ਦਿਵਸ ਦੀਆਂ ਸ਼ੁਭ-ਕਾਮਨਾਵਾਂ ਦਿੱਤੀਆਂ ਗਈਆਂ ਤੇ ਵਿਦਿਆਰਥੀਆਂ ਵੱਲੋਂ ਅਧਿਆਪਕਾਂ ਦਾ ਸਨਮਾਨ ਕੀਤਾ ਗਿਆ।



# ਸੁਰਗਾਪੁਰੀ ਦੇ ਸਕੂਲ 'ਚ ਅਧਿਆਪਕ ਦਿਵਸ ਮਨਾਇਆ



**ਕੋਟਕਪੂਰਾ (ਰਛਪਾਲ ਭੁੱਲਰ)-**ਪੀ ਐੱਮ ਸ੍ਰੀ ਸਰਕਾਰੀ ਹਾਈ ਸਕੂਲ ਸੁਰਗਾਪੁਰੀ ਕੋਟਕਪੂਰਾ ਵਿਖੇ ਸਕੂਲ ਹੈੱਡਮਾਸਟਰ ਮਨੀਸ਼ ਛਾਬੜਾ ਦੀ ਯੋਗ ਅਗਵਾਈ ਹੇਠ 'ਅਧਿਆਪਕ ਦਿਵਸ' ਬੜੀ ਸ਼ਰਧਾ, ਉਤਸ਼ਾਹ ਤੇ ਧੂਮਧਾਮ ਨਾਲ ਮਨਾਇਆ ਗਿਆ।ਸਮਾਗਮ ਦੀ ਸ਼ੁਰੂਆਤ ਭਾਰਤ ਦੇ ਸਾਬਕਾ ਰਾਸ਼ਟਰਪਤੀ ਡਾ. ਸਰਵਪਲੀ ਰਾਧਾਕ੍ਰਿਸ਼ਨਨ ਦੀ ਤਸਵੀਰ 'ਤੇ ਫੁੱਲ ਮਾਲਾ ਅਰਪਿਤ ਕਰਕੇ ਕੀਤੀ ਗਈ।ਇਸ ਮੌਕੇ ਵਿਦਿਆਰਥੀਆਂ ਨੇ ਭਾਸ਼ਣ, ਕਵਿਤਾਵਾਂ ਤੇ ਸੁੰਦਰ ਚਾਰਟਾਂ ਰਾਹੀਂ ਅਧਿਆਪਕਾਂ ਦੀ ਮਹੱਤਤਾ ਤੇ ਸਿੱਖਿਆ ਖੇਤਰ ਵਿੱਚ ਉਨ੍ਹਾਂ ਦੇ ਯੋਗਦਾਨ ਨੂੰ ਬਿਆਨ ਕੀਤਾ ਅਤੇ ਆਪਣੇ ਅਧਿਆਪਕਾਂ ਦਾ ਤਹਿ ਦਿਲੋਂ ਸਨਮਾਨ ਕੀਤਾ।ਸਮਾਗਮ ਦੌਰਾਨ ਸਕੂਲ ਹੈੱਡਮਾਸਟਰ ਸ੍ਰੀ ਮਨੀਸ਼ ਛਾਬੜਾ ਵੱਲੋਂ ਸਾਰੇ ਵਿਦਿਆਰਥੀਆਂ ਨੂੰ ਪੜ੍ਹਾਈ ਪ੍ਰਤੀ ਉਤਸ਼ਾਹਤ ਕਰਨ ਲਈ ਪੈੱਨ ਅਤੇ ਚਾਕਲੇਟ ਵੰਡੇ ਗਏ।ਆਪਣੇ ਸੰਬੋਧਨ ਦੌਰਾਨ ਉਨ੍ਹਾਂ ਨੇ ਕਿਹਾ ਕਿ ਅਧਿਆਪਕ ਹੀ ਬੱਚੇ ਦੇ ਭਵਿੱਖ ਦਾ ਨਿਰਮਾਤਾ ਹੁੰਦਾ ਹੈ ਤੇ ਸਾਨੂੰ ਹਮੇਸ਼ਾ ਆਪਣੇ ਗੁਰੂਆਂ ਦਾ ਸਤਿਕਾਰ ਕਰਨਾ ਚਾਹੀਦਾ ਹੈ।ਇਸ ਮੌਕੇ ਸਕੂਲ ਦਾ ਸਮੂਹ ਸਟਾਫ਼ ਤੇ ਵਿਦਿਆਰਥੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਦਹੀਆ ਨੇ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਸੌਂਪੇ ਨਿਯੁਕਤੀ ਪੱਤਰ



**ਫਿਰੋਜ਼ਪੁਰ (ਅਸ਼ੋਕ ਸ਼ਰਮਾ) :** ਵਿਧਾਇਕ ਫਿਰੋਜ਼ਪੁਰ ਦਿਹਾਤੀ ਰਜਨੀਸ਼ ਦਹੀਆ ਵੱਲੋਂ ਬਲਾਕ ਘੱਲ ਖੁਰਦ ਤੇ ਬਲਾਕ ਫਿਰੋਜ਼ਪੁਰ ਦੀਆਂ ਕੁੱਲ 15 ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਨਿਯੁਕਤੀ ਪੱਤਰ ਦਿੱਤੇ ਗਏ। ?ਵਿਧਾਇਕ ਦਹੀਆ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਰੋਜ਼ਗਾਰ ਦੇਣ ਦੀ ਮੁਹਿੰਮ ਨੂੰ ਮੁੱਖ ਰੱਖਦੇ ਹੋਏ ਬੇਰੋਜ਼ਗਾਰਾਂ ਨੂੰ ਨੌਕਰੀ ਦੇ ਨਿਯੁਕਤੀ ਪੱਤਰ ਦਿੱਤੇ ਜਾਣ ਦਾ ਸਿਲਸਿਲਾ ਜਾਰੀ ਹੈ। ਇਸ ਦੇ ਚੱਲਦੇ ਹੀ ਅੱਜ ਹਲਕੇ ਦੀਆਂ 6 ਆਂਗਨਵਾੜੀ ਵਰਕਰਾਂ ਤੇ 9 ਆਂਗਨਵਾੜੀ ਹੈਲਪਰਾਂ ਨੂੰ ਨਿਯੁਕਤੀ ਪੱਤਰ ਦਿੱਤੇ ਗਏ ਹਨ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਦਿੱਤੀ ਜਾਂਦੀ ਹਰ ਇਕ ਸਹੂਲਤ ਨੂੰ ਛੋਟੇ ਤੋਂ ਛੋਟੇ ਨਾਗਰਿਕ ਤੱਕ ਪਹੁੰਚਾਉਣ ਲਈ ਆਂਗਨਵਾੜੀ ਵਰਕਰਾਂ ਤੇ ਹੈਲਪਰਾਂ ਦਾ ਬਹੁਤ ਵੱਡਾ ਯੋਗਦਾਨ ਹੁੰਦਾ ਹੈ। ਆਂਗਨਵਾੜੀ ਵਰਕਰ ਤੇ ਹੈਲਪਰ ਉਹ ਇਕ ਕੜੀ ਹਨ, ਜਿਸ ਨਾਲ ਕਿਸੇ ਵੀ ਸਰਕਾਰ ਦੇ ਕੰਮਾਂ ਨੂੰ ਲੋਕਾਂ ਤੱਕ ਲੈ ਕੇ ਜਾਣ ਦਾ ਕੰਮ ਕੀਤਾ ਜਾਂਦਾ ਹੈ। ਉਨ੍ਹਾਂ ਨਿਯੁਕਤੀ ਪ੍ਰਾਪਤ ਕਰਨ ਵਾਲੀਆਂ ਆਂਗਨਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਉਹ ਅੱਜ ਤੋਂ ਸਰਕਾਰ ਦਾ ਇੱਕ ਅਹਿਮ ਅੰਗ ਹਨ ਤੇ ਸਰਕਾਰ ਵੱਲੋਂ ਜਾਰੀ ਕੀਤੀ ਜਾਂਦੀਆਂ ਸਿਹਤ ਸਬੰਧੀ ਸਹੂਲਤਾਂ ਜਾਂ ਸਮਾਜਿਕ ਤੇ ਆਰਥਿਕ ਸਬੰਧੀ ਸਹੂਲਤਾਂ ਨੂੰ ਵੱਧ ਤੋਂ ਵੱਧ ਲੋਕਾਂ ਵਿੱਚ ਪ੍ਰਚਾਰ ਕਰ ਕੇ ਤੇ ਲੋਕਾਂ ਨੂੰ ਉਸ ਦਾ ਵੱਧ ਤੋਂ ਵੱਧ ਫਾਇਦਾ ਦੇਣ ਲਈ ਕੰਮ ਕਰਨਗੀਆਂ। ਇਸ ਮੌਕੇ ਸੀਨੀਅਰ ਆਗੂ ਭੁਪਿੰਦਰ ਕੌਰ ਸੰਧੂ, ਬਲਾਕ ਸੰਮਤੀ ਮੈਂਬਰ ਪਰਮਪਾਲ ਸਿੰਘ ਗਿੱਲ, ਸਰਪੰਚ ਪਿੰਡ ਪਿਆਰੇਆਣਾ ਮਨਦੀਪ ਸਿੰਘ, ਸੀਡੀਪੀਓ ਸੁਖਵਿੰਦਰ ਕੌਰ, ਬਲਾਕ ਕੋਆਰਡੀਨੇਟਰ ਆਂਚਲ ਅਰੋੜਾ ਸੁਪਰਵਾਈਜ਼ਰ ਆਸ਼ਾ ਪਾਲ ਕੌਰ, ਦਰਸ਼ਨ ਕੌਰ ਰਾਜਵਿੰਦਰ ਕੌਰ, ਗੁਰਵਿੰਦਰ ਸਿੰਘ ਸੁਖਬੀਰ ਸਿੰਘ ਆਦਿ ਹਾਜ਼ਰ ਸਨ।

# ਹੈੱਡ ਕਾਂਸਟੇਬਲ ਹਰਜੀਤ ਸਿੰਘ ਹੋਏ ਪਦਉਨਤ



**ਬਾਘਾ ਪੁਰਾਣਾ (ਮਨੀ ਸਿੰਗਲਾ) :** ਪੁਲਸ ਵਿਭਾਗ ਵਿੱਚ ਆਪਣੀ ਡਿਊਟੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣ ਵਾਲੇ ਹੈੱਡ ਕਾਂਸਟੇਬਲ ਹਰਜੀਤ ਸਿੰਘ ਨੂੰ ਪਦਉਨਤ ਹੋਣ 'ਤੇ ਜ਼ਿਲ੍ਹਾ ਪੁਲਸ ਮੁਖੀ ਸਰਤਾਜ ਸਿੰਘ ਚਾਹਲ ਵੱਲੋਂ ਸਟਾਰ ਲਗਾ ਕੇ ਵਧਾਈ ਦਿੱਤੀ ਗਈ।ਇਸ ਮੌਕੇ ਐੱਸ.ਐੱਸ.ਪੀ. ਸਰਤਾਜ ਸਿੰਘ ਚਾਹਲ ਨੇ ਹਰਜੀਤ ਸਿੰਘ ਨੂੰ ਉਨ੍ਹਾਂ ਦੀ ਤਰੱਕੀ ਲਈ ਸ਼ੁੱਭ-ਕਾਮਨਾਵਾਂ ਦਿੰਦਿਆਂ ਭਵਿੱਖ ਵਿੱਚ ਵੀ ਪੂਰੀ ਮਿਹਨਤ ਤੇ ਲਗਨ ਨਾਲ ਆਪਣੀਆਂ ਸੇਵਾਵਾਂ ਨਿਭਾਉਣ ਲਈ ਪ੍ਰੇਰਿਤ ਕੀਤਾ।ਉਨ੍ਹਾਂ ਕਿਹਾ ਕਿ ਤਰੱਕੀ ਮਿਲਣ ਨਾਲ ਮੁਲਾਜ਼ਮ ਦੀ ਜ਼ਿੰਮੇਵਾਰੀ ਹੋਰ ਵਧ ਜਾਂਦੀ ਹੈ।ਉਨ੍ਹਾਂ ਆਸ ਪ੍ਰਗਟਾਈ ਕਿ ਹਰਜੀਤ ਸਿੰਘ ਆਪਣੇ ਨਵੇਂ ਅਹੁਦੇ ਦੀਆਂ ਜ਼ਿੰਮੇਵਾਰੀਆਂ ਨੂੰ ਵੀ ਪੂਰੀ ਨਿਸ਼ਠਾ, ਅਨੁਸ਼ਾਸਨ ਤੇ ਸਮਰਪਣ ਨਾਲ ਨਿਭਾਉਣਗੇ।ਇਸ ਮੌਕੇ ਪੁਲਸ ਵਿਭਾਗ ਦੇ ਹੋਰ ਅਧਿਕਾਰੀਆਂ ਤੇ ਕਰਮਚਾਰੀਆਂ ਵੱਲੋਂ ਵੀ ਹਰਜੀਤ ਸਿੰਘ ਨੂੰ ਤਰੱਕੀ 'ਤੇ ਵਧਾਈ ਦਿੱਤੀ ਗਈ।

# ਕੇ ਡੀ ਪਬਲਿਕ ਸਕੂਲ ਵਿਖੇ ਅਧਿਆਪਕ ਦਿਵਸ ਮਨਾਇਆ

**ਜਲਾਲਾਬਾਦ, (ਜੀਤ ਕੁਮਾਰ) :** ਕੇ. ਡੀ. ਪਬਲਿਕ ਸਕੂਲ ਤਾਰੇਵਾਲਾ ਵਿਖੇ ਪ੍ਰਿੰਸੀਪਲ ਦੀ ਅਗਵਾਈ ਹੇਠ ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਦੇ ਜਨਮ ਦਿਨ ਮੌਕੇ ਅਧਿਆਪਕ ਦਿਵਸ ਬਹੁਤ ਖੁਸ਼ੀ ਤੇ ਉਤਸ਼ਾਹ ਨਾਲ ਮਨਾਇਆ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਜੋਤੀ ਜਗਾਉਣ ਤੇ ਦੇਵੀ ਸਰਸਵਤੀ ਨੂੰ ਸਮਰਪਤ ਪ੍ਰਾਰਥਨਾ ਨਾਲ ਹੋਈ। ਵਿਦਿਆਰਥੀਆਂ ਨੇ ਭਾਸ਼ਣਾਂ, ਕਵਿਤਾਵਾਂ, ਗੀਤਾਂ ਤੇ ਸੱਭਿਆਚਾਰਕ ਪ੍ਰਦਰਸ਼ਨਾਂ ਰਾਹੀਂ ਆਪਣੇ ਅਧਿਆਪਕਾਂ ਦਾ ਸਨਮਾਨ ਕੀਤਾ। ਨੌਵੀਂ ਤੇ ਦਸਵੀਂ ਜਮਾਤ ਦੀਆਂ ਵਿਦਿਆਰਥਣਾਂ ਨੇ ਹੁਨਰਮੰਦੀ ਨਾਲ ਕਾਰਵਾਈ ਦਾ ਸੰਚਾਲਨ ਕੀਤਾ, ਜਦੋਂ ਕਿ ਪੁਰਸ਼ ਵਿਦਿਆਰਥੀਆਂ ਨੇ ਵੱਖ-ਵੱਖ ਮਨੋਰੰਜਕ ਖੇਡਾਂ ਦਾ ਆਯੋਜਨ ਕੀਤਾ ਤੇ ਅਧਿਆਪਕਾਂ ਨੂੰ ਉਤਸ਼ਾਹ ਨਾਲ ਉਨ੍ਹਾਂ ਵਿੱਚ ਸ਼ਾਮਲ ਕੀਤਾ। ਇਸ ਮੌਕੇ ਵਿਦਿਆਰਥੀਆਂ ਨੇ ਅਧਿਆਪਕਾਂ ਪ੍ਰਤੀ ਧੰਨਵਾਦ ਪ੍ਰਗਟ ਕੀਤਾ ਤੇ ਉਨ੍ਹਾਂ ਦੇ ਮਾਰਗਦਰਸ਼ਨ ਤੇ ਯੋਗਦਾਨ ਦਾ ਸਨਮਾਨ ਕੀਤਾ। ਸਕੂਲ ਪ੍ਰਿੰਸੀਪਲ ਸ਼੍ਰੀਮਤੀ ਮਾਨਸੀ ਸਿੰਘ ਨੇ ਸਾਰੇ ਸਟਾਫ਼ ਨੂੰ ਅਧਿਆਪਕ ਦਿਵਸ ਦੀਆਂ ਸ਼ੁਭ-ਕਾਮਨਾਵਾਂ ਦਿੱਤੀਆਂ। ਡਾ. ਬਿਮਲ ਖੰਨਾ (ਸਕੂਲ ਪ੍ਰਬੰਧਨ ਕਮੇਟੀ ਦੇ ਚੇਅਰਮੈਨ) ਤੇ ਡਾ. ਸੰਦੀਪ ਖੰਨਾ (ਵਾਈਸ ਚੇਅਰਮੈਨ) ਇਸ ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ ਤੇ ਉਨ੍ਹਾਂ ਅਧਿਆਪਕਾਂ ਨੂੰ ਆਪਣੀਆਂ ਦਿਲੋਂ ਸ਼ੁੱਭ-ਕਾਮਨਾਵਾਂ ਦਿੱਤੀਆਂ। ਸਕੂਲ ਦੇ ਸਾਰੇ ਅਧਿਆਪਨ ਸਟਾਫ਼ ਨੂੰ ਅਧਿਆਪਕ ਦਿਵਸ ਦੀਆਂ ਸ਼ੁੱਭ-ਕਾਮਨਾਵਾਂ ਦਿੱਤੀਆਂ ਗਈਆਂ।

# ਰੂਪ ਵਾਟਿਕਾ ਵਿਖੇ ਅਧਿਆਪਕ ਦਿਵਸ ਸਮਾਰੋਹ

**ਜਗਰਾਉਂ (ਅਮਿਤ ਖੰਨਾ)-**ਅਧਿਆਪਕ ਦਿਵਸ ਮੌਕੇ ਰੂਪ ਵਾਟਿਕਾ ਸੀਨੀਅਰ ਸੈਕੰਡਰੀ ਸਕੂਲ ਜਗਰਾਉਂ ਵਿਖੇ ਅਧਿਆਪਕਾਂ ਦੇ ਸਨਮਾਨ ਤੇ ਮਨੋਰੰਜਨ ਲਈ ਇੱਕ ਵਿਸ਼ੇਸ਼ ਪ੍ਰੋਗਰਾਮ ਕੀਤਾ ਗਿਆ।ਇਹ ਪ੍ਰੋਗਰਾਮ ਓ ਐੱਮ ਜੀ ਸਿਨੇਪਲੈਕਸ ਜਗਰਾਉਂ ਵਿਖੇ ਕੀਤਾ ਗਿਆ, ਜਿੱਥੇ ਅਧਿਆਪਕਾਂ ਨੇ ਇੱਕ ਵਿਸ਼ੇਸ਼ ਨਾਸ਼ਤਾ, ਫਿਲਮ ਤੇ ਦੁਪਹਿਰ ਦੇ ਖਾਣੇ ਦਾ ਆਨੰਦ ਮਾਣਿਆ।ਪ੍ਰੋਗਰਾਮ ਨੂੰ ਹੋਰ ਵੀ ਮਜ਼ੇਦਾਰ ਤੇ ਯਾਦਗਾਰ ਬਣਾਉਣ ਲਈ ਕਈ ਤਰ੍ਹਾਂ ਦੇ ਸੱਭਿਆਚਾਰਕ ਤੇ ਮਨੋਰੰਜਨ ਪ੍ਰਦਰਸ਼ਨ ਵੀ ਕੀਤੇ ਗਏ। ਪ੍ਰਿੰਸੀਪਲ ਸ਼੍ਰੀਮਤੀ ਵਿੰਮੀ ਠਾਕੁਰ ਨੇ ਸਾਰੇ ਅਧਿਆਪਕਾਂ ਦਾ ਸਵਾਗਤ ਕੀਤਾ।ਸਕੂਲ ਪ੍ਰਬੰਧਨ ਨੇ ਵੀ ਇਸ ਯੋਗਦਾਨ ਦੀ ਸ਼ਲਾਘਾ ਕੀਤੀ।ਇਹ ਸਮਾਗਮ ਸਤਿਕਾਰ, ਮੌਜ-ਮਸਤੀ ਤੇ ਸਦਭਾਵਨਾ ਨਾਲ ਭਰਿਆ ਹੋਇਆ ਸੀ ਅਤੇ ਇੱਕ ਯਾਦਗਾਰੀ ਮੌਕਾ ਬਣ ਗਿਆ, ਜਿਸ ਨੇ ਪੂਰੇ ਰੂਪ ਵਾਟਿਕਾ ਪਰਿਵਾਰ ਦੀ ਏਕਤਾ ਤੇ ਟੀਮ ਭਾਵਨਾ ਨੂੰ ਹੋਰ ਮਜ਼ਬੂਤ ਕੀਤਾ।



# ਗੁਰੂ ਨਾਨਕ ਕਾਲਜ 'ਚ ਕਰਵਾਏ ਪ੍ਰਤਿਭਾ ਖੋਜ ਮੁਕਾਬਲੇ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)-**ਬੀਤੇ ਦਿਨੀਂ ਚੇਅਰਮੈਨ ਅਸੀਸਪ੍ਰੀਤ ਸਿੰਘ ਸਾਈਆਂਵਾਲਾ ਦੀ ਯੋਗ ਅਗਵਾਈ ਹੇਠ ਚੱਲ ਰਹੇ ਗੁਰੂ ਨਾਨਕ ਕਾਲਜ ਫਿਰੋਜ਼ਪੁਰ ਕੈਂਟ ਵਿਖੇ ਵਿਦਿਆਰਥੀਆਂ ਲਈ ਪ੍ਰਤਿਭਾ ਖੋਜ ਮੁਕਾਬਲਿਆਂ ਦਾ ਆਯੋਜਨ ਕੀਤਾ ਗਿਆ। ਇਨ੍ਹਾਂ ਮੁਕਾਬਲਿਆਂ ਦੌਰਾਨ ਕਾਲਜ ਦੇ ਵਿਦਿਆਰਥੀਆਂ ਨੇ ਵੱਖ-ਵੱਖ ਸੱਭਿਆਚਾਰਕ, ਸਾਹਿਤਕ, ਨਾਟਕੀ ਤੇ ਲਲਿਤ ਕਲਾਵਾਂ ਦੀਆਂ ਵੰਨਗੀਆਂ ਵਿੱਚ ਵੱਧ ਚੜ੍ਹ ਕੇ ਭਾਗ ਲਿਆ। ਕਾਲਜ ਦੇ ਪ੍ਰਿੰਸੀਪਲ ਪ੍ਰੋ. ਇੰਦਰਜੀਤ ਸਿੰਘ ਨੇ ਵਿਦਿਆਰਥੀਆਂ ਦੀ ਇਸ ਭਾਗੀਦਾਰੀ ਦੀ ਸ਼ਲਾਘਾ ਕਰਦਿਆਂ ਕਿਤਾਬੀ ਗਿਆਨ ਦੇ ਨਾਲ ਨਾਲ ਅਜਿਹੇ ਮੁਕਾਬਲਿਆਂ ਨੂੰ ਵਿਦਿਆਰਥੀਆਂ ਦੇ ਬਹੁਪੱਖੀ ਵਿਕਾਸ ਲਈ ਸਾਰਥਕ ਤੇ ਮਹੱਤਵਪੂਰਨ ਦੱਸਿਆ। ਉਨ੍ਹਾਂ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਸੱਭਿਆਚਾਰਕ ਤੇ ਸਾਹਿਤਕ ਮੁਕਾਬਲਿਆਂ ਵਿੱਚ ਹਿੱਸਾ ਲੈਣ ਲਈ ਹੱਲਾਸ਼ੇਰੀ ਦਿੱਤੀ ਅਤੇ ? ਕਾਲਜ ਦੇ ਸਟਾਫ ਨੂੰ ਅਜਿਹੇ ? ਪ੍ਰੋਗਰਾਮ ਆਯੋਜਿਤ ਕਰਨ ਲਈ ਵਧਾਈ ਦਿੱਤੀ। ਇਸ ਮੌਕੇ ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਗੁਰਦੀਪ ਸਿੰਘ ਸੰਘਾ, ਡਾਇਰੈਕਟਰ ਸਤੀਸ਼ ਕੁਮਾਰ ਗੁਪਤਾ, ਮੈਡਮ ਇੰਦੂ ਗੁਪਤਾ, ਕਾਲਜ ਦਾ ਸਮੁੱਚਾ ਟੀਚਿੰਗ ਤੇ ਨਾਨ- ਟੀਚਿੰਗ ਅਮਲਾ ਅਤੇ ਭਾਰੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਸਨ।



# ਝਾੜ ਸਾਹਿਬ ਕਾਲਜ ਵਿਖੇ ਖੇਡ ਮੁਕਾਬਲੇ ਕਰਵਾਏ

**ਸਮਰਾਲਾ (ਸੁਰਜੀਤ ਸਿੰਘ)-**ਝਾੜ ਸਾਹਿਬ ਕਾਲਜ ਵਿੱਚ ਪ੍ਰਿੰਸੀਪਲ ਡਾ. ਰਜਿੰਦਰ ਕੌਰ ਦੀ ਯੋਗ ਅਗਵਾਈ ਹੇਠ ਐੱਨ.ਐੱਸ.ਐੱਸ. ਯੂਨਿਟ ਤੇ ਫਿਜੀਕਲ ਐਜੂਕੇਸ਼ਨ ਵਿਭਾਗ ਦੇ ਸਾਂਝੇ ਯਤਨਾਂ ਸਦਕਾ ਰਾਸ਼ਟਰੀ ਖੇਡ ਦਿਵਸ ਉਤਸ਼ਾਹ ਨਾਲ ਮਨਾਇਆ ਗਿਆ।ਇਹ ਸਮਾਗਮ 'ਖੇਲੇਗਾ ਭਾਰਤ-ਜੀਤੇਗਾ ਭਾਰਤ' ਥੀਮ ਅਧੀਨ ਸੀ, ਜਿਸ ਦਾ ਉਦੇਸ਼ ਵਿਦਿਆਰਥਣਾਂ ਨੂੰ ਖੇਡਾਂ ਨਾਲ ਜੋੜਨਾ, ਸਰੀਰਕ ਤੰਦਰੁਸਤੀ ਪ੍ਰਤੀ ਜਾਗਰੂਕ ਕਰਨਾ ਅਤੇ ਟੀਮ ਭਾਵਨਾ ਤੇ ਅਨੁਸ਼ਾਸਨ ਨੂੰ ਉਤਸ਼ਾਹਤ ਕਰਨਾ ਸੀ।ਸਪੋਰਟਸ ਵਿਭਾਗ ਦੇ ਮੁਖੀ ਪ੍ਰੋ. ਰਣਵੀਰ ਸਿੰਘ ਨੇ 'ਰਾਸ਼ਟਰੀ ਖੇਡ ਦਿਵਸ' ਸੰਬੰਧੀ ਵਿਦਿਆਰਥਣਾਂ ਨੂੰ ਸੰਬੋਧਨ ਕਰਦੇ ਦੱਸਿਆ ਕਿ ਹਾਕੀ ਦੇ ਮਹਾਨ ਖਿਡਾਰੀ ਮੇਜਰ ਧਿਆਨ ਚੰਦ ਦੀ ਜਨਮ ਵਰ੍ਹੇਗੰਢ ਨੂੰ ਸਮਰਪਤ 29 ਅਗਸਤ ਨੂੰ ਰਾਸ਼ਟਰੀ ਖੇਡ ਦਿਵਸ ਮਨਾਇਆ ਜਾਂਦਾ ਹੈ।ਇਸ ਮੌਕੇ ਵਿਦਿਆਰਥਣਾਂ ਲਈ ਵਾਲੀਬਾਲ, ਰੱਸਾ-ਕੱਸੀ ਤੇ ਕਬੱਡੀ ਦੇ ਮੁਕਾਬਲੇ ਕਰਵਾਏ ਗਏ ਅਤੇ ਵਿਦਿਆਰਥਣਾਂ ਨੇ ਆਪਣੀ ਖੇਡ ਪ੍ਰਤਿਭਾ, ਜੋਸ਼ ਸਹਿਯੋਗ ਤੇ ਟੀਮ ਭਾਵਨਾ ਦਾ ਪ੍ਰਦਰਸ਼ਨ ਕੀਤਾ।ਕਾਲਜ ਪ੍ਰਿੰਸੀਪਲ ਨੇ ਵਿਦਿਆਰਥਣਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਖੇਡਾਂ ਸਾਡੇ ਜੀਵਨ ਦਾ ਅਹਿਮ ਹਿੱਸਾ ਹਨ।ਇਹ ਸਿਰਫ ਤੰਦਰੁਸਤੀ ਹੀ ਨਹੀਂ ਦਿੰਦੀਆਂ, ਸਗੋਂ ਸਾਡੇ ਅੰਦਰ ਅਨੁਸ਼ਾਸਨ, ਆਤਮ-ਵਿਸ਼ਵਾਸ, ਟੀਮ ਭਾਵਨਾ, ਸਹਿਯੋਗ ਤੇ ਜਿੱਤ-ਹਾਰ ਨੂੰ ਸਵੀਕਾਰ ਕਰਨ ਦੀ ਭਾਵਨਾ ਵੀ ਪੈਦਾ ਕਰਦੀਆਂ ਹਨ।ਇਸ ਮੌਕੇ ਡਾ. ਮਨਦੀਪ ਕੌਰ ਨੋਡਲ ਅਫ਼ਸਰ ਹਾਜ਼ਰ ਸਨ।

# ਕਿੰਡਰ ਗਾਰਟਨ ਸਕੂਲ 'ਚ ਮਨਾਇਆ ਅਧਿਆਪਕ ਦਿਵਸ

**ਸਮਰਾਲਾ (ਸੁਰਜੀਤ ਸਿੰਘ)-**ਸਥਾਨਕ ਕਿੰਡਰ ਗਾਰਟਨ ਐਂਡ ਸੀ. ਸੈਂ. ਸਕੂਲ ਵਿਖੇ ਅਧਿਆਪਕ ਦਿਵਸ ਮਨਾਇਆ।ਸਕੂਲ ਦੇ ਡਾਇਰੈਕਟਰ ਮੈਡਮ ਸਰਬਜੀਤ ਕੌਰ ਨੇ ਅਧਿਆਪਕ ਦਿਵਸ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਸਾਡੇ ਦੇਸ਼ ਦੇ ਸਾਬਕਾ ਰਾਸ਼ਟਰਪਤੀ ਡਾ. ਸਰਵਪੱਲੀ ਰਾਧਾ ਕ੍ਰਿਸ਼ਨਨ ਦੇ ਜਨਮ ਦਿਵਸ ਮੌਕੇ ਅਧਿਆਪਕ ਦਿਵਸ ਮਨਾਇਆ ਜਾਂਦਾ ਹੈ।ਉਨ੍ਹਾਂ ਕਿਹਾ ਕਿ ਅਧਿਆਪਕ ਰਾਸ਼ਟਰ ਦੇ ਨਿਰਮਾਤਾ ਹੁੰਦੇ ਹਨ ਤੇ ਇਹ ਵਿਦਿਆਰਥੀਆਂ ਵਿੱਚ ਲਗਨ, ਸਖ਼ਤ ਮਿਹਨਤ, ਅਨੁਸ਼ਾਸਨ ਵਰਗੇ ਗੁਣ ਭਰਦੇ ਹਨ ਤਾਂ ਕਿ ਉਹ ਸਾਡੇ ਸਮਾਜ ਦੇ ਆਦਰਸ਼ ਨਾਗਰਿਕ ਬਣ ਸਕਣ।ਇਸ ਦਿਵਸ ਮੌਕੇ ਅਧਿਆਪਕਾਂ ਨੇ ਇਸ ਦਿਵਸ ਨਾਲ ਸੰਬੰਧਤ ਗੀਤ ਗਾਏ ਅਤੇ ਗਿੱਧਾ ਤੇ ਭੰਗੜਾ ਪਾਇਆ। ਪ੍ਰਿੰਸੀਪਲ ਰਣਜੋਤ ਕੌਰ ਨੇ ਕਿਹਾ ਕਿ ਅਧਿਆਪਕਾਂ ਦਾ ਬੱਚਿਆਂ ਦੇ ਭਵਿੱਖ ਬਣਾਉਣ ਵਿੱਚ ਵੱਡਾ ਰੋਲ ਹੁੰਦਾ ਹੈ, ਸੋ ਮੇਰਾ ਸਾਰੇ ਅਧਿਆਪਕਾਂ ਨੂੰ ਇਹੀ ਕਹਿਣਾ ਹੈ ਕਿ ਉਹ ਬੱਚਿਆਂ ਨੂੰ ਸਿਰਫ਼ ਚੰਗੇ ਵਿਦਿਆਰਥੀ ਹੀ ਨਹੀਂ ਸਗੋਂ ਇਨਸਾਨ ਬਣਾਉਣ ਦੀ ਕੋਸ਼ਿਸ਼ ਕਰਨ।ਅੰਤ 'ਚ ਸਕੂਲ ਦੇ ਡਾਇਰੈਕਟਰ ਸਰਬਜੀਤ ਕੌਰ, ਸਕੂਲ ਦੇ ਪ੍ਰਿੰਸੀਪਲ ਰਣਜੋਤ ਕੌਰ ਨੇ ਸਾਰੇ ਅਧਿਆਪਕਾਂ ਨੂੰ ਤੋਹਫ਼ੇ ਦੇ ਕੇ ਸਨਮਾਨਤ ਕੀਤਾ ਅਤੇ ਅਧਿਆਪਕ ਦਿਵਸ ਦੀ ਵਧਾਈ ਦਿੱਤੀ।



# ਸੇਂਟ ਜੇਵੀਅਰਜ਼ ਸਕੂਲ 'ਚ ਅਧਿਆਪਕ ਦਿਵਸ ਮਨਾਇਆ

**ਸਮਾਣਾ (ਇਕਬਾਲ ਸਿੰਘ ਬੱਲ)-**ਸੇਂਟ ਜੇਵੀਅਰਜ਼ ਇੰਟਰਨੈਸ਼ਨਲ ਸਕੂਲ ਵਿਖੇ ਅਧਿਆਪਕ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਸਕੂਲ ਦੇ ਡਾਇਰੈਕਟਰ ਸ੍ਰੀ ਅਰਨਬ ਸਰਕਾਰ ਨੇ ਅਧਿਆਪਕਾਂ ਦੇ ਯੋਗਦਾਨ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਧਿਆਪਕ ਵਿਦਿਆਰਥੀਆਂ ਦੇ ਜੀਵਨ ਵਿੱਚ ਰੋਲ ਮਾਡਲ ਤੇ ਸੱਚੇ ਮਾਰਗਦਰਸ਼ਕ ਦੀ ਅਹਿਮ ਭੂਮਿਕਾ ਨਿਭਾਉਂਦੇ ਹਨ।ਉਨ੍ਹਾਂ ਦਾ ਨਿਸ਼ਕਾਮ ਮਾਰਗਦਰਸ਼ਨ ਤੇ ਗਿਆਨ ਹੀ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਦੀ ਮਜ਼ਬੂਤ ਨੀਂਹ ਰੱਖਦਾ ਹੈ।ਸਕੂਲ ਪ੍ਰਿੰਸੀਪਲ ਸ੍ਰੀ ਵਿਕਾਸ ਨੇ ਵਿਦਿਆਰਥੀਆਂ ਨੂੰ ਅਧਿਆਪਕਾਂ ਦਾ ਸਤਿਕਾਰ ਕਰਨ ਤੇ ਉਨ੍ਹਾਂ ਵੱਲੋਂ ਦਿੱਤੀ ਸਿੱਖਿਆ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਲਈ ਪ੍ਰੇਰਿਤ ਕੀਤਾ।ਸਮਾਰੋਹ ਦੌਰਾਨ ਸਕੂਲ ਅਧਿਆਪਕਾ ਸ੍ਰੀਮਤੀ ਕਿਰਨ ਨੂੰ ਰੋਟਰੀ ਕਲੱਬ ਆਫ਼ ਪਾਤੜਾਂ ਵੱਲੋਂ 'ਬੈਸਟ ਟੀਚਰ ਆਫ਼ ਦਿ ਸਕੂਲ' ਦੇ ਪੁਰਸਕਾਰ ਨਾਲ ਸਨਮਾਨਤ ਕੀਤਾ ਗਿਆ।ਇਸ ਮੌਕੇ ਵਿਦਿਆਰਥੀਆਂ ਵੱਲੋਂ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤੇ ਗਏ।ਇਸ ਦੌਰਾਨ ਅਧਿਆਪਕਾਂ ਨੇ ਵੀ ਆਪਣੇ ਸੰਬੋਧਨਾਂ ਵਿੱਚ ਆਪਣੇ ਗੁਰੂਆਂ ਨੂੰ ਯਾਦ ਕਰਦਿਆਂ ਉਨ੍ਹਾਂ ਵੱਲੋਂ ਦਿਖਾਏ ਸੱਚੇ ਮਾਰਗ 'ਤੇ ਚੱਲਣ ਦੀ ਪ੍ਰੇਰਨਾ ਸਾਂਝੀ ਕੀਤੀ।ਅੰਤ ਵਿੱਚ ਸਕੂਲ ਪ੍ਰਬੰਧਕਾਂ ਵੱਲੋਂ ਅਧਿਆਪਕਾਂ ਦੀਆਂ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਦਾ ਸਨਮਾਨ ਕੀਤਾ ਗਿਆ।



# ਕਿਸਾਨ ਮਜ਼ਦੂਰ ਜਥੇਬੰਦੀ ਵੱਲੋਂ ਜ਼ਿਲ੍ਹਾ ਡੈਲੀਗੇਟ ਅਜਲਾਸ

## ਸਰਬਸੰਮਤੀ ਨਾਲ ਕੀਤਾ ਨਵੀਂ ਜ਼ਿਲ੍ਹਾ ਟੀਮ ਦਾ ਗਠਨ



**ਮੱਖੂ (ਰਛਪਾਲ ਸਿੰਘ ਸੰਧੂ) :** ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਜ਼ਿਲ੍ਹਾ ਫਿਰੋਜ਼ਪੁਰ ਦੇ ਸਾਰੇ ਹੀ ਜ਼ੋਨਾਂ ਦੇ ਚੁਣੇ ਹੋਏ 173 ਡੈਲੀਗੇਟਾਂ ਦਾ ਅਜਲਾਸ ਇਤਿਹਾਸਕ ਗੁਰਦੁਆਰਾ ਸ਼੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਚਰਨ ਛੋਹ ਪ੍ਰਾਪਤ ਪਿੰਡ ਪੱਧਰੀ ਵਿਖੇ ਹੋਇਆ।ਅਜਲਾਸ ਦੌਰਾਨ ਸਟੇਜ ਸੈਕਟਰੀ ਦੀ ਭੂਮਿਕਾ ਹਰਫੂਲ ਸਿੰਘ ਦੂਲੇਵਾਲਾ ਵੱਲੋਂ ਨਿਭਾਈ ਗਈ ਤੇ ਜ਼ਿਲ੍ਹਾ ਆਗੂ ਇੰਦਰਜੀਤ ਸਿੰਘ ਬਾਠ ਵੱਲੋਂ ਪਹਿਲੀ ਜ਼ਿਲ੍ਹਾ ਟੀਮ ਨੂੰ ਭੰਗ ਕਰਨ ਦਾ ਐਲਾਨ ਕੀਤਾ ਗਿਆ ਤੇ ਚੁਣੇ ਹੋਏ ਡੈਲੀਗੇਟਾਂ ਵਿੱਚੋਂ 15 ਮੈਂਬਰੀ ਸੰਚਾਲਨ ਟੀਮ ਨਿਯੁਕਤ ਕੀਤੀ ਗਈ।ਸਟੇਜ ਦੀ ਕਾਰਵਾਈ ਸ਼ੁਰੂ ਕਰਦਿਆਂ ਆਗੂਆਂ ਵੱਲੋਂ ਪਿਛਲੇ 3 ਸਾਲਾਂ ਦੀ ਰਿਪੋਰਟ ਤਰਤੀਬ ਵਾਰ ਪੜ੍ਹੀ ਗਈ।ਇਸ ਮੌਕੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਸਭਰਾ, ਸੂਬਾ ਜਨ: ਸਕੱਤਰ ਰਣਬੀਰ ਸਿੰਘ ਠੱਠਾ ਵੱਲੋਂ ਜ਼ਿਲ੍ਹਾ ਟੀਮ ਦੀ ਚੋਣ ਕਰਨ ਲਈ ਸੰਚਾਲਨ ਟੀਮ ਨਾਲ ਸਲਾਹ ਮਸ਼ਵਰਾ ਕਰਕੇ ਜ਼ਿਲ੍ਹੇ ਭਰ ਦੇ ਡੈਲੀਗੇਟਾਂ ਦੀ ਸਹਿਮਤੀ ਨਾਲ 16 ਮੈਂਬਰੀ ਟੀਮ ਵਿੱਚ ਜ਼ਿਲ੍ਹਾ ਪ੍ਰਧਾਨ ਇੰਦਰਜੀਤ ਸਿੰਘ ਬਾਠ, ਜ਼ਿਲ੍ਹਾ ਸਕੱਤਰ ਧਰਮ ਸਿੰਘ ਸਿੱਧੂ, ਸੀਨੀ. ਮੀਤ ਪ੍ਰਧਾਨ ਸੁਰਜੀਤ ਸਿੰਘ ਫੌਜੀ, ਖਜ਼ਾਨਚੀ ਰਣਜੀਤ ਸਿੰਘ ਖੱਚਰ ਵਾਲਾ, ਮੀਤ ਪ੍ਰਧਾਨ ਨਰਿੰਦਰ ਪਾਲ ਸਿੰਘ ਜਤਾਲਾ, ਗੁਰਬਖਸ਼ ਸਿੰਘ ਪੰਜਗਰਾਈਂ, ਦਫਤਰ ਸਕੱਤਰ ਗੁਰਮੇਲ ਸਿੰਘ ਫੱਤੇਵਾਲਾ, ਪ੍ਰੈੱਸ ਸਕੱਤਰ ਹਰਫੂਲ ਸਿੰਘ ਦੂਲੇਵਾਲਾ, ਮੁੱਖ ਸਲਾਹਕਾਰ ਰਣਬੀਰ ਸਿੰਘ ਠੱਠਾ, ਆਈ ਟੀ ਸੈੱਲ ਅਵਤਾਰ ਸਿੰਘ ਬੱਗੇਕੇ, ਬੀਬੀਆਂ ਤੋਂ ਮੀਤ ਪ੍ਰਧਾਨ ਪ੍ਰਵੀਨ ਰਾਣੀ, ਸੁਖਬੀਰ ਕੌਰ ਕਾਮਲਵਾਲਾ, ਪਿਆਰ ਕੌਰ ਸੰਤੂ ਵਾਲਾ, ਛਿੰਦਰ ਕੌਰ ਮਾਹਲੇ ਵਾਲਾ, ਮਨਜੀਤ ਕੌਰ ਕਮਾਲਾ ਬੋਦਲਾਂ ਨੂੰ ਸਹਿਮਤੀ ਨਾਲ ਨਿਯੁਕਤ ਕੀਤਾ ਗਿਆ।ਚੁਣੇ ਹੋਏ ਨੁਮਾਇੰਦਿਆਂ ਵੱਲੋਂ ਜਥੇਬੰਦੀ ਦੇ ਸੰਵਿਧਾਨ ਅਨੁਸਾਰ ਚੱਲਣ ਦਾ ਅਹਿਦ ਕੀਤਾ।

# ਪੀ ਯੂ ਚੋਣਾਂ 'ਚ ਆਰ ਐੱਸ ਐੱਸ ਦੀ ਹਮਾਇਤ ਕਰ ਕੇ ਬਾਦਲ ਦਲ ਨੇ ਪੰਥ ਦੀ ਪਿੱਠ 'ਚ ਛੁਰਾ ਮਾਰਿਆ : ਲਖਵੀਰ ਸਿੰਘ ਲੌਟ

**ਪਟਿਆਲਾ, (ਰਾਜਿੰਦਰ ਸਿੰਘ ਥਿੰਦ) :** ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀਆਂ ਸਟੂਡੈਂਟਸ ਕੌਂਸਲ ਚੋਣਾਂ ਵਿੱਚ ਬਾਦਲ ਦਲ ਨੇ ਆਰ ਐੱਸ ਐੱਸ ਦੀ ਹਮਾਇਤ ਕਰ ਕੇ ਪੰਥ ਦੀ ਪਿੱਠ ਵਿਚ ਛੁਰਾ ਮਾਰਿਆ ਹੈ ਤੇ ਪੰਥ ਕਦੇ ਵੀ ਇਹ ਗੱਦਾਰੀ ਬਰਦਾਸ਼ਤ ਨਹੀਂ ਕਰ ਸਕਦਾ।ਇਹ ਪ੍ਰਗਟਾਵਾ ਅਕਾਲੀ ਦਲ ਵਾਰਿਸ ਪੰਜਾਬ ਦੇ ਸੀਨੀਅਰ ਆਗੂ ਲਖਵੀਰ ਸਿੰਘ ਲੌਟ ਨੇ ਕੀਤਾ ਹੈ।ਸ਼ਨੀਵਾਰ ਇਥੇ ਆਜ਼ਾਦ ਨਗਰ ਵਿੱਚ ਵਾਰਡ ਵਾਸੀਆਂ ਵੱਲੋਂ ਸਨਮਾਨ ਸਮਾਗਮ ਨੂੰ ਸੰਬੋਧਨ ਕਰਦਿਆਂ ਲਖਵੀਰ ਸਿੰਘ ਲੌਟ ਨੇ ਕਿਹਾ ਕਿ ਪੰਜਾਬ ਯੂਨੀਵਰਸਿਟੀ ਚੋਣਾਂ ਵਿੱਚ ਐਤਕੀਂ ਪੰਥਕ ਧਿਰਾਂ ਦੀ ਜਿੱਤ ਹੋਣੀ ਤੈਅ ਸੀ, ਪਰ ਐਨ ਮੌਕੇ 'ਤੇ ਇਕ ਦਿਨ ਪਹਿਲਾਂ ਬਾਦਲ ਦਲ ਨੇ ਆਰ ਐੱਸ ਐੱਸ ਦੀ ਹਮਾਇਤ ਕਰ ਦਿੱਤੀ।ਉਨ੍ਹਾਂ ਕਿਹਾ ਕਿ ਸਭ ਤੋਂ ਮੰਦਭਾਗੀ ਗੱਲ ਹੈ ਕਿ ਬਾਦਲ ਦਲ ਦੀ ਜਥੇਬੰਦੀ ਐੱਸ ਓ ਆਈ ਦੇ ਆਗੂਆਂ ਨੇ ਸਹੁੰ ਵੀ ਗੁਰਦੁਆਰਾ ਸਾਹਿਬ ਵਿੱਚ ਜਾ ਕੇ ਖਾਧੀ, ਜਿਸ ਨਾਲ ਪੰਥਕ ਧਿਰਾਂ ਦਾ ਚੋਣਾਂ ਵਿੱਚ ਨੁਕਸਾਨ ਹੋਇਆ। ਉਨ੍ਹਾਂ ਕਿਹਾ ਕਿ ਹੁਣ ਇਹੀ ਨੁਕਸਾਨ ਅਕਾਲੀ ਦਲ ਪੰਜਾਬ ਵਿੱਚ ਕਰਨਾ ਚਾਹੁੰਦਾ ਹੈ ਤੇ ਇਸ ਵਾਸਤੇ ਭਾਜਪਾ ਨਾਲ ਗੱਠਜੋੜ ਲਈ ਤਰਲੋ ਮੱਛੀ ਹੋਇਆ ਪਿਆ ਹੈ।ਉਨ੍ਹਾਂ ਕਿਹਾ ਕਿ ਜੇਕਰ ਅਕਾਲੀ ਦਲ ਤੇ ਭਾਜਪਾ ਦਾ ਗੱਠਜੋੜ ਹੋ ਜਾਂਦਾ ਹੈ ਤਾਂ ਇਸ ਦਾ ਸਭ ਤੋਂ ਵੱਡਾ ਨੁਕਸਾਨ ਪੰਜਾਬ ਨੂੰ ਹੀ ਹੋਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਵਾਸੀ ਇਹ ਖਮਿਆਜ਼ਾ ਕਦੇ ਨਹੀਂ ਭੁਗਤ ਸਕਦੇ ਤੇ 2027 ਦੀਆਂ ਚੋਣਾਂ ਵਿਚ ਪੰਜਾਬੀ ਇਨ੍ਹਾਂ ਨੂੰ ਕਰਾਰਾ ਜਵਾਬ ਦੇਣਗੇ।ਇਸ ਮੌਕੇ 'ਤੇ ਹੋਰਨਾਂ ਤੋਂ ਇਲਾਵਾ ਤੇਜਿੰਦਰ ਸਿੰਘ ਖ਼ਾਲਸਾ, ਭੁਪਿੰਦਰ ਸਿੰਘ ਬਾਠ, ਚਮਕੌਰ ਸਿੰਘ ਉੱਪਲ, ਚਰਨਜੀਤ ਸਿੰਘ, ਗੁਰਪਾਲ ਸਿੰਘ, ਹਰਦੀਪ ਸਿੰਘ, ਪ੍ਰਭਜੋਤ ਸਿੰਘ, ਗੁਰਪ੍ਰੀਤ ਸਿੰਘ ਪ੍ਰਿੰਸ, ਕੇਸਰ ਸਿੰਘ, ਗੁਰਮੀਤ ਕੌਰ, ਭੁਪਿੰਦਰ ਕੌਰ, ਪ੍ਰਭਜੋਤ ਕੌਰ, ਮਹਿੰਦਰ ਕੌਰ ਵੀਨਾ ਤੇ ਰਾਜਵਿੰਦਰ ਕੌਰ ਆਦਿ ਹਾਜ਼ਰ ਸਨ।



# 'ਖੇਡਾਂ ਵਤਨ ਪੰਜਾਬ ਦੀਆਂ-2026' ਦੀ ਮਸ਼ਾਲ ਦਾ ਮੋਗਾ 'ਚ ਸ਼ਾਨਦਾਰ ਸਵਾਗਤ

**ਮੋਗਾ, 5 ਸਤੰਬਰ (ਇਕਬਾਲ ਸਿੰਘ ਖਹਿਰਾ)-**ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਹੋਰ ਮਜ਼ਬੂਤ ਕਰਨ, ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਤੇ ਪੰਜਾਬ ਦੇ ਖਿਡਾਰੀਆਂ ਨੂੰ ਆਪਣੀ ਪ੍ਰਤਿਭਾ ਨਿਖਾਰਨ ਲਈ ਵੱਧ ਤੋਂ ਵੱਧ ਮੌਕੇ ਪ੍ਰਦਾਨ ਕਰਨ ਦੇ ਉਦੇਸ਼ ਨਾਲ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ-2026' ਦੀ ਮਸ਼ਾਲ ਦਾ ਅੱਜ ਮੋਗਾ ਜ਼ਿਲ੍ਹੇ ਵਿੱਚ ਪੂਰੇ ਜੋਸ਼ੋ-ਖਰੋਸ਼ ਤੇ ਮਾਣ-ਸਨਮਾਨ ਨਾਲ ਸਵਾਗਤ ਕੀਤਾ ਗਿਆ।ਢੁੱਡੀਕੇ ਵਿਖੇ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ, ਮੋਗਾ ਵਿਖੇ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਤੇ ਡਿਪਟੀ ਕਮਿਸ਼ਨਰ ਮੋਗਾ ਸਾਗਰ ਸੇਤੀਆ ਨੇ ਮਸ਼ਾਲ ਮਾਰਚ ਦੀ ਅਗਵਾਈ ਕੀਤੀ।ਭੁਪਿੰਦਰਾ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਮੋਗਾ ਵਿਖੇ ਕਰਵਾਏ ਜ਼ਿਲ੍ਹਾ ਪੱਧਰੀ ਸਮਾਗਮ ਵਿੱਚ ਹਲਕਾ ਮੋਗਾ ਦੇ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਤੇ ਡਿਪਟੀ ਕਮਿਸ਼ਨਰ ਮੋਗਾ ਸਾਗਰ ਸੇਤੀਆ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦਿਆਂ ਮਸ਼ਾਲ ਦਾ ਸਵਾਗਤ ਕੀਤਾ।ਇਸ ਮੌਕੇ ਨਾਮੀ ਗਾਇਕ ਗਗਨ ਕੋਕਰੀ ਵੀ ਮੌਜੂਦ ਸਨ।ਡਿਪਟੀ ਕਮਿਸ਼ਨਰ ਸਾਗਰ ਸੇਤੀਆ ਨੇ ਕਿਹਾ ਕਿ ਜ਼ਿਲ੍ਹੇ ਵਿੱਚ 9 ਤੋਂ 18 ਸਤੰਬਰ ਤੱਕ ਬਲਾਕ ਪੱਧਰੀ ਖੇਡਾਂ ਕਰਵਾਈਆਂ ਜਾਣਗੀਆਂ ਤੇ ਇਨ੍ਹਾਂ ਨੂੰ ਸਫ਼ਲ ਬਣਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲੋੜੀਂਦੇ ਪ੍ਰਬੰਧ ਕੀਤੇ ਜਾ ਰਹੇ ਹਨ।ਖਿਡਾਰੀ sports.punjab.gov.in ਰਾਹੀਂ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ।



# ਕੈਂਪ ਦੌਰਾਨ ਨੌਜਵਾਨਾਂ ਵੱਲੋਂ 120 ਯੂਨਿਟ ਖੂਨ ਦਾਨ



**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰ ਪਾਲ/ਪੂਜਾ)-**ਬ੍ਰਦਰਜ਼ ਫੂਡ ਹੱਬ ਤੇ ਚਾਹਤ ਐਂਟਰਪ੍ਰਾਈਜ਼ਸ ਵੱਲੋਂ ਪਹਿਲਾ ਖੂਨਦਾਨ ਕੈਂਪ ਹਰਪ੍ਰੀਤ ਸਿੰਘ ਸਰਪੰਚ ਤੇ ਆਕਾਸ਼ਦੀਪ ਸਿੱਧੂ ਦੀ ਅਗਵਾਈ ਹੇਠ ਮਲੋਟ ਰੋਡ ਬਾਈਪਾਸ ਸਥਿਤ ਚਾਹਤ ਐਂਟਰਪ੍ਰਾਈਜ਼ਸ ਵਿਖੇ ਲਗਾਇਆ ਗਿਆ।ਇਸ ਖੂਨਦਾਨ ਕੈਂਪ ਵਿੱਚ ਵੱਡੀ ਗਿਣਤੀ ਵਿੱਚ ਨੌਜਵਾਨਾਂ ਨੇ ਹਿੱਸਾ ਲੈਂਦਿਆਂ 120 ਯੂਨਿਟ ਖੂਨ ਦਾਨ ਕੀਤਾ।ਕੈਂਪ ਦੌਰਾਨ ਸ਼੍ਰੋਮਣੀ ਅਕਾਲੀ ਦਲ ਦੇ ਕੌਮੀ ਪ੍ਰਧਾਨ ਜਗਜੀਤ ਸਿੰਘ ਹਨੀ ਫੱਤਣਵਾਲਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਉਨ੍ਹਾਂ ਨੇ ਖੂਨ ਦਾਨ ਕਰਨ ਵਾਲੇ ਨੌਜਵਾਨਾਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਕਿਹਾ ਕਿ ਖੂਨ ਦਾਨ ਇੱਕ ਮਹਾਨ ਸਮਾਜ ਸੇਵਾ ਹੈ, ਜਿਸ ਨਾਲ ਕਿਸੇ ਲੋੜਵੰਦ ਵਿਅਕਤੀ ਦੀ ਜ਼ਿੰਦਗੀ ਬਚਾਈ ਜਾ ਸਕਦੀ ਹੈ। ਇਸ ਮੌਕੇ ਬ੍ਰਦਰਸ ਫੂਡ ਹੱਬ ਵੱਲੋਂ ਜਗਜੀਤ ਸਿੰਘ ਹਨੀ ਫੱਤਣਵਾਲਾ ਨੂੰ ਸਨਮਾਨਤ ਕੀਤਾ ਗਿਆ।ਕੈਂਪ ਵਿੱਚ ਹਰਦੀਪ ਸਿੰਘ ਭਾਗਸਰੀਆ, ਜ਼ਿਲ੍ਹਾ ਪ੍ਰਧਾਨ ਯੂਥ ਅਕਾਲੀ ਦਲ, ਮਨਦੀਪ ਸਿੰਘ ਭਾਗਸਰੀਆ, ਪ੍ਰੀਤ ਸਿੱਧੂ, ਸੁਖਵਿੰਦਰ ਸਿੰਘ ਸਰਪੰਚ, ਮੁਕੇਸ਼ ਕੁਮਾਰ ਬਰੀਵਾਲਾ, ਸ਼ਮਿੰਦਰ ਸਿੰਘ ਸੰਧੂ, ਰਣਜੀਤ ਸਿੰਘ ਮਾਨ ਤੇ ਬਲਵਿੰਦਰ ਸਿੰਘ ਗੋਨੇਆਣਾ ਸਮੇਤ ਹੋਰ ਪਤਵੰਤੇ ਹਾਜ਼ਰ ਸਨ।ਕੈਂਪ ਦੇ ਪ੍ਰਬੰਧਕਾਂ ਵੱਲੋਂ ਖੂਨਦਾਨੀਆਂ ਦਾ ਧੰਨਵਾਦ ਕੀਤਾ ਗਿਆ।

# ਗੁਰਚਰਨ ਸਿੰਘ ਪਦ ਉਨਤ ਹੋ ਕੇ ਬਣੇ ਏ ਐੱਸ ਆਈ



**ਬਾਘਾ ਪੁਰਾਣਾ (ਮਨੀ ਸਿੰਗਲਾ) :** ਪੁਲਸ ਵਿਭਾਗ ਵਿੱਚ ਆਪਣੀ ਡਿਊਟੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣ ਵਾਲੇ ਗੁਰਚਰਨ ਸਿੰਘ ਨੂੰ ਤਰੱਕੀ ਮਿਲਣ 'ਤੇ ਉਨ੍ਹਾਂ ਨੂੰ ਏ.ਐੱਸ.ਆਈ. ਦੇ ਅਹੁਦੇ 'ਤੇ ਪਦਉਨਤ ਕੀਤਾ ਹੈ।ਇਸ ਮੌਕੇ ਐੱਸ.ਪੀ. ਗੁਰਸ਼ਰਨ ਸਿੰਘ ਵੱਲੋਂ ਏ.ਐੱਸ.ਆਈ. ਗੁਰਚਰਨ ਸਿੰਘ ਨੂੰ ਸਟਾਰ ਲਗਾ ਕੇ ਉਨ੍ਹਾਂ ਨੂੰ ਵਧਾਈ ਦਿੱਤੀ ਗਈ।ਇਸ ਮੌਕੇ ਐੱਸ.ਪੀ. ਗੁਰਸ਼ਰਨ ਸਿੰਘ ਨੇ ਕਿਹਾ ਕਿ ਪੁਲਸ ਵਿਭਾਗ ਵਿੱਚ ਅਧਿਕਾਰੀਆਂ ਤੇ ਕਰਮਚਾਰੀਆਂ ਵੱਲੋਂ ਆਪਣੀ ਡਿਊਟੀ ਪ੍ਰਤੀ ਦਿਖਾਈ ਜਾਣ ਵਾਲੀ ਇਮਾਨਦਾਰੀ, ਮਿਹਨਤ ਤੇ ਤਨਦੇਹੀ ਦਾ ਹਮੇਸ਼ਾ ਸਨਮਾਨ ਕੀਤਾ ਜਾਂਦਾ ਹੈ।ਏ.ਐੱਸ.ਆਈ. ਗੁਰਚਰਨ ਸਿੰਘ ਵੱਲੋਂ ਵੀ ਆਪਣੀਆਂ ਸੇਵਾਵਾਂ ਪੂਰੀ ਜ਼ਿੰਮੇਵਾਰੀ ਤੇ ਇਮਾਨਦਾਰੀ ਨਾਲ ਨਿਭਾਈਆਂ ਗਈਆਂ ਹਨ, ਜਿਸ ਦੇ ਨਤੀਜੇ ਵਜੋਂ ਪੁਲਸ ਵਿਭਾਗ ਵੱਲੋਂ ਉਨ੍ਹਾਂ ਨੂੰ ਤਰੱਕੀ ਦਿੱਤੀ ਗਈ ਹੈ।ਐੱਸ.ਪੀ. ਗੁਰਸ਼ਰਨ ਸਿੰਘ ਨੇ ਏ.ਐੱਸ.ਆਈ. ਗੁਰਚਰਨ ਸਿੰਘ ਨੂੰ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੰਦਿਆਂ ਉਮੀਦ ਪ੍ਰਗਟਾਈ ਕਿ ਉਹ ਆਪਣੇ ਨਵੇਂ ਅਹੁਦੇ ਦੀਆਂ ਜ਼ਿੰਮੇਵਾਰੀਆਂ ਨੂੰ ਵੀ ਪੂਰੀ ਨਿਸ਼ਠਾ ਤੇ ਸਮਰਪਣ ਨਾਲ ਨਿਭਾਉਣਗੇ।

# ਰਾਜੀਵ ਲਵਲੀ ਵੱਲੋਂ ਅਨੰਦਪੁਰ ਸਾਹਿਬ ਲਈ ਬੱਸ ਯਾਤਰਾ ਰਵਾਨਾ

**ਜਗਰਾਉਂ, (ਸੰਜੀਵ ਅਰੋੜਾ)-**ਸ਼ਹੀਦ ਬਾਬਾ ਜੀਵਨ ਸਿੰਘ ਜੀ ਦੇ ਪਾਵਨ ਪਵਿੱਤਰ ਜਨਮ ਦਿਹਾੜੇ ਨੂੰ ਸਮਰਪਤ ਅਕਾਲੀ ਦਲ ਵਾਰਿਸ ਪੰਜਾਬ ਦੇ ਹਲਕਾ ਜਗਰਾਉਂ ਤੋਂ ਸੇਵਾਦਾਰ ਰਾਜੀਵ ਲਵਲੀ ਵੱਲੋਂ ਪਾਰਟੀ ਹਾਈਕਮਾਂਡ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸੰਗਤਾਂ ਨੂੰ ਸ੍ਰੀ ਅਨੰਦਪੁਰ ਸਾਹਿਬ ਦੇ ਪਾਵਨ ਅਸਥਾਨਾਂ ਦੇ ਦਰਸ਼ਨ ਕਰਵਾਉਣ ਲਈ ਬੱਸ ਯਾਤਰਾ ਰਵਾਨਾ ਕੀਤੀ ਗਈ। ਇਹ ਬੱਸ ਯਾਤਰਾ ਸੇਵਾ ਵਿੱਚ ਗਾਲਿਬ ਕਲਾਂ, ਗਾਲਿਬ ਰਣ ਸਿੰਘ, ਕਾਉਂਕੇ ਕਲਾਂ, ਛੋਟੇ ਕਾਉਂਕੇ ਤੇ ਹੋਰ ਨੇੜਲੇ ਪਿੰਡਾਂ ਤੋਂ ਸੰਗਤਾਂ ਲੈ ਕੇ ਸ੍ਰੀ ਅਨੰਦਪੁਰ ਸਾਹਿਬ ਲਈ ਰਵਾਨਾ ਹੋਈ। ਇਸ ਮੌਕੇ ਰਾਜੀਵ ਲਵਲੀ ਨੇ ਕਿਹਾ ਕਿ ਸ਼ਹੀਦ ਬਾਬਾ ਜੀਵਨ ਸਿੰਘ ਜੀ ਦਾ ਜੀਵਨ ਸਿੱਖ ਕੌਮ ਲਈ ਕੁਰਬਾਨੀ, ਸਿਦਕ, ਸੇਵਾ ਅਤੇ ਬਹਾਦਰੀ ਦੀ ਅਮਿੱਟ ਮਿਸਾਲ ਹੈ। ਉਨ੍ਹਾਂ ਕਿਹਾ ਕਿ ਬਾਬਾ ਜੀਵਨ ਸਿੰਘ ਜੀ ਨੇ ਗੁਰੂ ਸਾਹਿਬ ਪ੍ਰਤੀ ਅਟੁੱਟ ਸ਼ਰਧਾ ਤੇ ਨਿਸ਼ਠਾ ਨਾਲ ਆਪਣਾ ਜੀਵਨ ਪੰਥ ਦੀ ਸੇਵਾ ਲਈ ਸਮਰਪਤ ਕੀਤਾ। ਰਾਜੀਵ ਲਵਲੀ ਨੇ ਕਿਹਾ ਕਿ ਬਾਬਾ ਜੀਵਨ ਸਿੰਘ ਜੀ ਦੇ ਪਾਵਨ ਜਨਮ ਦਿਹਾੜੇ ਮੌਕੇ ਸੰਗਤਾਂ ਨੂੰ ਸ੍ਰੀ ਅਨੰਦਪੁਰ ਸਾਹਿਬ ਦੀ ਪਵਿੱਤਰ ਧਰਤੀ ਦੇ ਦਰਸ਼ਨ ਕਰਵਾਉਣਾ ਸਾਡੇ ਲਈ ਮਾਣ ਤੇ ਖੁਸ਼ੀ ਦੀ ਗੱਲ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਯਾਤਰਾਵਾਂ ਦਾ ਮਕਸਦ ਸੰਗਤਾਂ ਨੂੰ ਗੁਰੂ ਘਰ ਨਾਲ ਜੋੜਨ ਦੇ ਨਾਲ-ਨਾਲ ਨੌਜਵਾਨ ਪੀੜ੍ਹੀ ਨੂੰ ਆਪਣੇ ਮਹਾਨ ਸਿੱਖ ਇਤਿਹਾਸ ਤੇ ਸ਼ਹੀਦਾਂ ਦੀਆਂ ਕੁਰਬਾਨੀਆਂ ਤੋਂ ਜਾਣੂ ਕਰਵਾਉਣਾ ਵੀ ਹੈ। ਰਾਜੀਵ ਲਵਲੀ ਨੇ ਕਿਹਾ ਕਿ ਬਾਬਾ ਜੀਵਨ ਸਿੰਘ ਜੀ ਦਾ ਜੀਵਨ ਸਾਨੂੰ ਸੱਚ, ਹੱਕ ਤੇ ਇਨਸਾਫ਼ ਲਈ ਡਟਣ ਤੇ ਗੁਰੂ ਘਰ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਉਣ ਦੀ ਪ੍ਰੇਰਨਾ ਦਿੰਦਾ ਹੈ। ਉਨ੍ਹਾਂ ਕਿਹਾ ਕਿ ਬਾਬਾ ਜੀਵਨ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਿਰਫ਼ ਇੱਕ ਸਮਾਗਮ ਵਜੋਂ ਨਹੀਂ, ਸਗੋਂ ਉਨ੍ਹਾਂ ਦੀਆਂ ਕੁਰਬਾਨੀਆਂ ਤੇ ਸਿੱਖੀ ਸਿਦਕ ਨੂੰ ਯਾਦ ਕਰਨ ਦੇ ਦਿਹਾੜੇ ਵਜੋਂ ਮਨਾਇਆ ਜਾਣਾ ਚਾਹੀਦਾ ਹੈ। ਇਸ ਮੌਕੇ ਭੋਲਾ ਸਿੰਘ ਗਾਲਿਬ ਕਲਾਂ, ਜਥੇਦਾਰ ਇੰਦਰਜੀਤ ਸਿੰਘ ਕਾਉਂਕੇ ਕਲਾਂ, ਅੰਮ੍ਰਿਤਪਾਲ ਸਿੰਘ ਕਾਉਂਕੇ ਕਲਾਂ, ਅਵਤਾਰ ਸਿੰਘ ਚੌਧਰੀ ਜਗਰਾਓਂ, ਵੇਦਾਂਤ ਲਵਲੀ ਤੇ ਧਰੁਵ ਗਾਬਾ ਆਦਿ ਹਾਜ਼ਰ ਸਨ।



# ਐਡਵੋਕੇਟ ਗੱਜਣ ਜ਼ਿਲ੍ਹਾ ਬਾਰ ਐਸੋਸੀਏਸ਼ਨ ਦੇ ਛੇਵੀਂ ਵਾਰ ਪ੍ਰਧਾਨ ਬਣੇ



**ਫਿਰੋਜ਼ਪੁਰ (ਅਸ਼ੋਕ ਸ਼ਰਮਾ) :** ਜ਼ਿਲ੍ਹਾ ਬਾਰ ਐਸੋਸੀਏਸ਼ਨ ਫਿਰੋਜ਼ਪੁਰ ਦੀਆਂ ਚੋਣਾਂ ਵਿਚ ਐਡਵੋਕੇਟ ਜਸਦੀਪ ਸਿੰਘ ਗੱਜਣ ਬਿਨਾਂ ਮੁਕਾਬਲਾ ਜੇਤੂ ਰਹੇ ਹਨ। ਇਸ ਸ਼ਾਨਦਾਰ ਜਿੱਤ ਨਾਲ ਉਹ ਛੇਵੀਂ ਵਾਰ ਜ਼ਿਲ੍ਹਾ ਬਾਰ ਐਸੋਸੀਏਸ਼ਨ ਫਿਰੋਜ਼ਪੁਰ ਦੇ ਪ੍ਰਧਾਨ ਚੁਣੇ ਗਏ ਹਨ। ਇਸ ਜਿੱਤ ਤੋਂ ਬਾਅਦ ਫਿਰੋਜ਼ਪੁਰ ਬਾਰ ਐਸੋਸੀਏਸ਼ਨ ਦੇ ਵਕੀਲਾਂ ਤੇ ਉਨ੍ਹਾਂ ਦੇ ਸਮਰਥਕਾਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ, ਵਕੀਲ ਭਾਈਚਾਰੇ ਨੇ ਉਨ੍ਹਾਂ ਨੂੰ ਛੇਵੀਂ ਵਾਰ ਪ੍ਰਧਾਨ ਬਣਨ 'ਤੇ ਮੁਬਾਰਕਬਾਦ ਦਿੱਤੀ ਤੇ ਆਸ ਪ੍ਰਗਟਾਈ ਕਿ ਉਹ ਪਹਿਲਾਂ ਵਾਂਗ ਹੀ ਵਕੀਲਾਂ ਦੇ ਹੱਕਾਂ ਤੇ ਬਾਰ ਦੀ ਭਲਾਈ ਲਈ ਤੱਤਪਰ ਰਹਿਣਗੇ। ਇਸ ਮੌਕੇ ਸੀਨੀਅਰ ਐਡਵੋਕੇਟ ਜਸਦੀਪ ਸਿੰਘ ਕੰਬੋਜ ਗੱਜਣ ਨੇ ਵਕੀਲ ਭਾਈਚਾਰੇ ਨੂੰ ਕਿਹਾ ਕਿ ਜੋ ਤੁਸੀਂ ਮੈਨੂੰ ਇਹ ਸੇਵਾ ਸੌਂਪੀ ਹੈ, ਉਹ ਆਪ ਜੀ ਦਾ ਰਿਣੀ ਰਹੇਗਾ, ਉਹ ਹਰ ਵੇਲੇ ਆਪ ਦੇ ਨਾਲ ਮੋਢੇ ਨਾਲ ਮੋਢਾ ਲਾ ਕੇ ਖੜੇਗਾ ਤੇ ਹਰ ਤੁਹਾਡੇ ਦੁੱਖ ਸੁੱਖ ਵਿੱਚ ਤੁਹਾਡਾ ਸਾਥ ਦੇਵੇਗਾ।

## ਘੱਟੋ-ਘੱਟ ਉਜ਼ਰਤਾਂ 'ਚ 15 ਪ੍ਰਤੀਸ਼ਤ ਵਾਧੇ ਦਾ ਐਲਾਨ ਮਹਿਜ਼ ਡਰਾਮੇਬਾਜ਼ੀ : ਐਡਵੋਕੇਟ ਉੱਡਤ



ਮਾਨਸਾ, (ਪਮਾਰ)-ਥਰਮਲ ਪਲਾਟ ਬਣਾਂਵਾਲੀ ਦੇ ਮੁਲਾਜ਼ਮਾਂ ਦੇ ਚੱਲ ਰਹੇ ਅੰਦੋਲਨ ਨੂੰ ਕੁਚਲਣ ਲਈ ਮਾਨਸਾ ਦਾ ਜ਼ਿਲ੍ਹਾ ਪ੍ਰਸ਼ਾਸਨ ਤਰ੍ਹਾਂ ਤਰ੍ਹਾਂ ਦੇ ਅੜਿੱਕੇ ਡਾਹ ਰਿਹਾ ਹੈ ਤੇ ਮੈਨੇਜਮੈਂਟ ਦੇ ਪਿੱਠੂ ਦੀ ਭੂਮਿਕਾ ਅਦਾ ਕਰ ਰਿਹਾ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਥਰਮਲ ਪਲਾਂਟ ਬਣਾਂਵਾਲੀ ਦੇ ਗੇਟ ਅੱਗੇ ਵਰਕਰਾਂ ਦੇ ਚੱਲ ਰਹੇ ਪੱਕੇ ਮੋਰਚੇ ਨੂੰ ਸੰਬੋਧਨ ਕਰਨ ਉਪਰੰਤ ਕਰਦਿਆਂ ਇੱਕ ਸਾਂਝੀ ਪ੍ਰੈੱਸ ਕਾਨਫਰੰਸ ਰਾਹੀਂ ਸੈਂਟਰ ਆਫ ਇੰਡੀਅਨ ਟਰੇਡ ਯੂਨੀਅਨਜ਼ (ਸੀਟੂ) ਦੇ ਸੂਬਾਈ ਮੀਤ ਪ੍ਰਧਾਨ ਐਡਵੋਕੇਟ ਕੁਲਵਿੰਦਰ ਸਿੰਘ ਉੱਡਤ ਨੇ ਕਿਹਾ ਕਿ ਬਦਲਾਅ ਵਾਲੀ ਮਾਨ ਸਰਕਾਰ ਤੋਂ ਥਰਮਲ ਪਲਾਂਟ ਦੇ ਵਰਕਰ ਸਿਰਫ 15 ਪ੍ਰਤੀਸ਼ਤ ਦਾ ਵਾਧਾ ਮੰਗ ਰਹੇ ਹਨ, ਜਿਸ ਦਾ ਪੰਜਾਬ ਸਰਕਾਰ 1 ਮਈ ਨੂੰ ਅੰਤਰਰਾਸ਼ਟਰੀ ਮਜ਼ਦੂਰ ਦਿਵਸ 'ਤੇ ਵਿਧਾਨ ਸਭਾ ਦਾ ਵਿਸ਼ੇਸ਼ ਅਜਲਾਸ ਬੁਲਾ ਕੇ ਐਲਾਨ ਕੀਤਾ ਸੀ।ਥਰਮਲ ਪਲਾਂਟ ਦੇ ਕਾਮਿਆਂ ਨੂੰ ਪੰਜਾਬ ਸਰਕਾਰ ਦੇ ਐਲਾਨ ਨੂੰ ਲਾਗੂ ਕਰਨ ਲਈ ਅਵਾਜ਼ ਉਠਾਉਣ 'ਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਉਨ੍ਹਾਂ 'ਤੇ ਝੂਠੇ ਪਰਚੇ ਦਰਜ ਕਰ ਦਿੱਤੇ ਗਏ ਹਨ ਤੇ ਨਤੀਜੇ ਭੁਗਤਣ ਦੀਆਂ ਧਮਕੀਆਂ ਵੀ ਦਿੱਤੀਆਂ ਜਾ ਰਹੀਆਂ ਹਨ।ਉੱਡਤ ਨੇ ਕਿਹਾ ਕਿ ਬਦਲਾਅ ਵਾਲੀ ਮਾਨ ਸਰਕਾਰ ਨੇ 15 ਪ੍ਰਤੀਸ਼ਤ ਵਾਧੇ ਦਾ ਸਿਰਫ਼ ਡਰਾਮਾ ਕੀਤਾ ਸੀ ਤੇ ਵੋਟਾਂ ਵਟੋਰਨ ਲਈ ਇਸ਼ਤਿਹਾਰਬਾਜ਼ੀ ਕਰਕੇ ਕਰੋੜਾਂ ਰੁਪਏ ਬਰਬਾਦ ਕੀਤੇ ਸਨ, ਜਦ ਕਿ ਹਕੀਕਤ 'ਚ ਪੰਜਾਬ ਦੇ ਮਿਹਨਤਕਸ਼ਾਂ ਨੂੰ ਇਹ ਵਾਧਾ ਨਸੀਬ ਵੀ ਹੀ ਨਹੀਂ ਹੋਇਆ।ਉਨ੍ਹਾਂ ਹੈਰਾਨੀ ਪ੍ਰਗਟ ਕੀਤੀ ਕਿ ਥਰਮਲ ਪਲਾਂਟ ਤੇ ਥਰਮਲ ਪਲਾਂਟ 'ਚ ਕੰਮ ਕਰਦੇ ਵਰਕਰਾਂ ਦੇ ਸਿਰ 'ਤੇ ਹਲਕਾ ਵਿਧਾਇਕ ਬਣੇ ਗੁਰਪ੍ਰੀਤ ਸਿੰਘ ਬਣਾਂਵਾਲੀ ਆਪਣੇ ਜੱਦੀ ਪਿੰਡ ਵਰਕਰਾਂ ਦੀ ਸਾਰ ਲੈਣ ਤੱਕ ਨਹੀਂ ਪਹੁੰਚ ਰਹੇ ਤੇ ਮੈਨੇਜਮੈਂਟ ਕਹਿ ਰਹੀ ਹੈ ਕਿ ਵਿਧਾਇਕ ਸਾਡੇ ਨਾਲ ਹੈ।ਇਸ ਮੌਕੇ ਸਾਥੀ ਬਿੱਕਰ ਸਿੰਘ ਮਾਖਾ, ਕੁਲਦੀਪ ਸਿੰਘ, ਗੁਰਪ੍ਰੀਤ ਸਿੰਘ ਪੇਰੋ, ਬਲਦੇਵ ਸਿੰਘ ਉੱਡਤ, ਜਗਦੇਵ ਰਾਮ ਸ਼ਰਮਾ ਆਦਿ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ।

## ਬਾਬਾ ਗਾਂਧਾ ਸਿੰਘ ਪਬਲਿਕ ਸਕੂਲ 'ਚ ਅਧਿਆਪਕ ਦਿਵਸ ਮਨਾਇਆ



ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ)-ਬਾਬਾ ਗਾਂਧਾ ਸਿੰਘ ਪਬਲਿਕ ਸਕੂਲ ਮਹਿਲ ਕਲਾਂ ਵਿਖੇ ਅਧਿਆਪਕ ਦਿਵਸ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਸਮੂਹ ਅਧਿਆਪਕਾਂ ਨੂੰ ਉਨ੍ਹਾਂ ਦੀ ਮਿਹਨਤ ਤੇ ਸਮਰਪਣ ਲਈ ਸਨਮਾਨਤ ਕੀਤਾ ਗਿਆ।ਬਾਬਾ ਗਾਂਧਾ ਸਿੰਘ ਐਜੂਕੇਸ਼ਨ ਟਰੱਸਟ ਦੇ ਚੇਅਰਮੈਨ ਮਹੰਤ ਰਣਪ੍ਰੀਤ ਸਿੰਘ ਨੇ ਅਧਿਆਪਕਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਧਿਆਪਕ ਵਿਦਿਆਰਥੀਆਂ ਦੇ ਚਰਿੱਤਰ ਨਿਰਮਾਣ ਤੇ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਅਹਿਮ ਭੂਮਿਕਾ ਨਿਭਾਉਂਦੇ ਹਨ।ਸਕੂਲ ਦੇ ਪ੍ਰਿੰਸੀਪਲ ਡਾ. ਹਿਮਾਂਸ਼ੂ ਦੱਤ ਨੇ ਵੀ ਅਧਿਆਪਕਾਂ ਨੂੰ ਵਧਾਈ ਦਿੱਤੀ।ਟਰੱਸਟੀ ਮੈਂਬਰ ਸੰਤ ਬਾਬਾ ਹਾਕਮ ਸਿੰਘ ਗੰਡਾ ਸਿੰਘ ਵਾਲਾ ਤੇ ਵਾਈਸ ਚੇਅਰਮੈਨ ਸੰਤ ਬਾਬਾ ਕੇਵਲ ਕ੍ਰਿਸ਼ਨ ਜੀ ਹੰਢਿਆਇਆ ਵੱਲੋਂ ਅਧਿਆਪਕਾਂ ਨੂੰ ਗਿਫਟ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਮਨਦੀਪ ਸਿੰਘ ਗੰਡੇਵਾਲ, ਮਹਿੰਦਰ ਸਿੰਘ ਸਹੌਰ ਤੋਂ ਇਲਾਵਾ ਸਮੂਹ ਸਟਾਫ਼ ਹਾਜ਼ਰ ਸੀ।

## ਸ਼ਹੀਦ ਭਗਤ ਸਿੰਘ ਕਾਲਜ ਆਫ ਨਰਸਿੰਗ ਵਿਖੇ ਅਧਿਆਪਕਾਂ ਦਾ ਸਨਮਾਨ



ਫਿਰੋਜ਼ਪੁਰ, (ਅਸ਼ੋਕ ਸ਼ਰਮਾ) : ਸ਼ਹੀਦ ਭਗਤ ਸਿੰਘ ਕਾਲਜ ਆਫ ਨਰਸਿੰਗ ਸੋਢੇਵਾਲਾ ਫਿਰੋਜ਼ਪੁਰ ਵਿਖੇ ਅਧਿਆਪਕ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਸਮਾਗਮ ਦੀ ਸ਼ੁਰੂਆਤ ਕੇਕ ਕੱਟ ਕੇ ਕੀਤੀ ਗਈ। ਇਸ ਮੌਕੇ ਕਾਲਜ ਮੈਨੇਜਮੈਂਟ ਵੱਲੋਂ ਸਮੂਹ ਅਧਿਆਪਕਾਂ ਦੀ ਮਿਹਨਤ, ਸਮਰਪਣ ਤੇ ਸਿੱਖਿਆ ਦੇ ਖੇਤਰ ਵਿੱਚ ਪਾਏ ਜਾ ਰਹੇ ਯੋਗਦਾਨ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਇਸ ਮੌਕੇ ਧਰਮਪਾਲ ਬਾਂਸਲ ਡਾਇਰੈਕਟਰ ਸ਼ਹੀਦ ਭਗਤ ਸਿੰਘ ਕਾਲਜ ਆਫ ਨਰਸਿੰਗ, ਸੋਢੇਵਾਲਾ ਤੇ ਹਾਰਮਨੀ ਆਯੂਰਵੈਦਿਕ ਮੈਡੀਕਲ ਕਾਲਜ ਨੇ ਕਿਹਾ ਕਿ ਕਿਸੇ ਵੀ ਸਿੱਖਿਆ ਸੰਸਥਾ ਦੀ ਸਫਲਤਾ ਵਿਚ ਅਧਿਆਪਕਾਂ ਦੀ ਭੂਮਿਕਾ ਬੇਹੱਦ ਮਹੱਤਵਪੂਰਨ ਹੁੰਦੀ ਹੈ। ਉਨ੍ਹਾਂ ਕਿਹਾ ਕਿ ਨਰਸਿੰਗ ਸਿੱਖਿਆ ਦੇ ਖੇਤਰ ਵਿਚ ਅਧਿਆਪਕਾਂ ਦੀ ਜ਼ਿੰਮੇਵਾਰੀ ਹੋਰ ਵੀ ਵੱਧ ਜਾਂਦੀ ਹੈ, ਕਿਉਂਕਿ ਉਹ ਵਿਦਿਆਰਥੀਆਂ ਨੂੰ ਭਵਿੱਖ ਵਿਚ ਮਰੀਜ਼ਾਂ ਦੀ ਸਹੀ, ਸੰਵੇਦਨਸ਼ੀਲ ਤੇ ਜ਼ਿੰਮੇਵਾਰਾਨਾ ਢੰਗ ਨਾਲ ਦੇਖਭਾਲ ਕਰਨ ਲਈ ਤਿਆਰ ਕਰਦੇ ਹਨ। ਅਧਿਆਪਕਾਂ ਦੀ ਮਿਹਨਤ ਤੇ ਮਾਰਗਦਰਸ਼ਨ ਨਾਲ ਹੀ ਵਿਦਿਆਰਥੀ ਆਪਣੇ ਪੇਸ਼ੇਵਰ ਜੀਵਨ ਵਿੱਚ ਸਫਲਤਾ ਪ੍ਰਾਪਤ ਕਰਦੇ ਹਨ। ਸਮਾਗਮ ਦੌਰਾਨ ਕਾਲਜ ਮੈਨੇਜਮੈਂਟ ਵੱਲੋਂ ਸਮੂਹ ਅਧਿਆਪਕਾਂ ਨੂੰ ਅਧਿਆਪਕ ਦਿਵਸ ਦੀਆਂ ਸ਼ੁੱਭ-ਕਾਮਨਾਵਾਂ ਦਿੱਤੀਆਂ ਗਈਆਂ ਤੇ ਵਿਸ਼ੇਸ਼ ਤੋਹਫ਼ੇ ਵੀ ਭੇਟ ਕੀਤੇ ਗਏ। ਅਧਿਆਪਕਾਂ ਨੇ ਮੈਨੇਜਮੈਂਟ ਵੱਲੋਂ ਕੀਤੀ ਇਸ ਕਦਰਦਾਨੀ ਲਈ ਧੰਨਵਾਦ ਪ੍ਰਗਟ ਕੀਤਾ। ਸਮਾਗਮ ਵਿੱਚ ਕਾਲਜ ਦੀ ਪ੍ਰਿੰਸੀਪਲ ਸੁਖਦੀਪ ਕੌਰ, ਡਾ. ਸੰਜੀਵ ਮਾਨਕਟਾਲਾ, ਸ਼ਰਨਜੀਤ ਕੌਰ, ਸੁਖਵਿੰਦਰ ਕੌਰ, ਗੁਰਦੀਪ ਕੌਰ, ਜਗਦੇਵ ਸਿੰਘ, ਅਮਨਦੀਪ ਕੌਰ, ਸੰਗੀਤਾ ਹਾਡਾਂ, ਗੁਰਮੀਤ ਕੌਰ, ਖੁਸ਼ਪਾਲ ਕੌਰ, ਗੁਰਪ੍ਰੀਤ ਕੌਰ, ਰਮਨਦੀਪ ਕੌਰ, ਸੁਖਮਨਦੀਪ ਕੌਰ, ਗੀਤਾਂਜਲੀ, ਕੋਮਲਜੀਤ ਕੌਰ, ਬਲਵਿੰਦਰ ਕੌਰ, ਕੋਮਲਪ੍ਰੀਤ ਕੌਰ, ਸੁਖਵੀਰ ਕੌਰ, ਮਨਪ੍ਰੀਤ ਕੌਰ, ਆਂਚਲ ਸਮੇਤ ਸਮੂਹ ਸਟਾਫ਼ ਮੈਂਬਰ ਹਾਜ਼ਰ ਸਨ।

## ਅਨਮੋਲ ਸੇਠੀ ਨੂੰ ਸੌਂਪੀ ਸ਼ਹਿਰੀ ਸਰਕਲ ਪ੍ਰਧਾਨ ਦੀ ਜ਼ਿੰਮੇਵਾਰੀ



ਗਿੱਦੜਬਾਹਾ, (ਜਸਵੰਤ ਗਿੱਲ ਛੱਤਿਆਣਾ)-ਭਾਰਤੀ ਜਨਤਾ ਪਾਰਟੀ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵੱਲੋਂ ਸੰਗਠਨ ਵਿੱਚ ਨਵੀਆਂ ਨਿਯੁਕਤੀਆਂ ਕੀਤੀਆਂ ਗਈਆਂ ਹਨ।ਇਸ ਤਹਿਤ ਗਿੱਦੜਬਾਹਾ ਦੇ ਨੌਜਵਾਨ ਆਗੂ ਅਨਮੋਲ ਸੇਠੀ ਨੂੰ ਭਾਜਪਾ ਦੇ ਸ਼ਹਿਰੀ ਸਰਕਲ ਪ੍ਰਧਾਨ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ। ਅਨਮੋਲ ਸੇਠੀ ਦੀ ਨਿਯੁਕਤੀ ਨਾਲ ਭਾਜਪਾ ਵਰਕਰਾਂ ਵਿੱਚ ਉਤਸ਼ਾਹ ਦੀ ਲਹਿਰ ਪਾਈ ਜਾ ਰਹੀ ਹੈ। ਨਵੀਂ ਜ਼ਿੰਮੇਵਾਰੀ ਮਿਲਣ ਉਪਰੰਤ ਅਨਮੋਲ ਸੇਠੀ ਨੇ ਕੌਮੀ ਮੀਤ ਪ੍ਰਧਾਨ ਮਨਪ੍ਰੀਤ ਸਿੰਘ ਬਾਦਲ, ਪੰਜਾਬ ਪ੍ਰਧਾਨ ਕੇਵਲ ਸਿੰਘ ਢਿੱਲੋਂ, ਜ਼ਿਲ੍ਹਾ ਪ੍ਰਧਾਨ ਕੁਲਦੀਪ ਸਿੰਘ ਭੰਗੇਵਾਲ ਤੇ ਭਾਜਪਾ ਆਗੂ ਪ੍ਰਿਤਪਾਲ ਸ਼ਰਮਾ ਹਰੀਕੇ ਕਲਾਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਪਾਰਟੀ ਵੱਲੋਂ ਉਨ੍ਹਾਂ 'ਤੇ ਜੋ ਭਰੋਸਾ ਪ੍ਰਗਟਾਇਆ ਗਿਆ ਹੈ, ਉਸ 'ਤੇ ਉਹ ਪੂਰੀ ਇਮਾਨਦਾਰੀ, ਮਿਹਨਤ ਤੇ ਲਗਨ ਨਾਲ ਖਰਾ ਉਤਰਨਗੇ।ਇਸੇ ਦੌਰਾਨ ਭਾਰਤੀ ਜਨਤਾ ਪਾਰਟੀ ਵੱਲੋਂ ਸ਼ੁਰੂ ਕੀਤੀ ਜਾਣ ਵਾਲੀ 'ਨਸ਼ਾ ਮੁਕਤ ਪੰਜਾਬ ਯਾਤਰਾ' ਸਬੰਧੀ ਵੀ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ ਹਨ।ਸੀਨੀਅਰ ਭਾਜਪਾ ਆਗੂ ਸਵਰਨ ਸਿੰਘ ਢਿੱਲਾ ਤੇ ਪ੍ਰਿਤਪਾਲ ਸ਼ਰਮਾ ਨੂੰ ਹਲਕਾ ਗਿੱਦੜਬਾਹਾ ਦਾ ਇੰਚਾਰਜ ਨਿਯੁਕਤ ਕੀਤਾ ਗਿਆ ਹੈ।ਇਸ ਮੌਕੇ ਸੀਨੀਅਰ ਭਾਜਪਾ ਆਗੂ ਦਿਨੇਸ਼ ਸਿੰਗਲਾ ਬੌਬੀ, ਰਾਜਿੰਦਰ ਕੁਮਾਰ, ਵਿਨੋਦ ਕੁਮਾਰ ਲੱਕੀ ਤੇ ਮਨੋਜ ਕੁਮਾਰ ਆਦਿ ਮੌਜੂਦ ਸਨ।

## ਹਰਚੰਦ ਸਿੰਘ ਬਰਸਟ ਵੱਲੋਂ ਡਕਾਲਾ ਵਿਖੇ ਸੜਕ ਵਿਕਾਸ ਕਾਰਜਾਂ ਦੀ ਸ਼ੁਰੂਆਤ



ਸਮਾਣਾ, (ਗੁਰਪਿਆਰ ਸਿੰਘ ਬੱਲ)- ਸਾਰੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਤੇ ਆਮ ਆਦਮੀ ਪਾਰਟੀ ਪੰਜਾਬ ਦੇ ਸੂਬਾ ਜਨਰਲ ਸਕੱਤਰ ਸ੍ਰ. ਹਰਚੰਦ ਸਿੰਘ ਬਰਸਟ ਵੱਲੋਂ ਹਲਕਾ ਸਮਾਣਾ ਦੇ ਵਿਕਾਸ ਨੂੰ ਹੋਰ ਗਤੀ ਦਿੰਦਿਆਂ ਪਿੰਡ ਡਕਾਲਾ ਦੇ ਟਿੱਲੇ ਬਾਬੇ ਵਿਖੇ ਕਰੀਬ 9.30 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਅਹਿਮ ਸੜਕ ਦੇ ਨਿਰਮਾਣ ਕਾਰਜਾਂ ਦੀ ਰਿਬਨ ਕੱਟ ਕੇ ਰਸਮੀ ਸ਼ੁਰੂਆਤ ਕੀਤੀ ਗਈ।ਨਿਰਮਾਣ ਕਾਰਜ ਸ਼ੁਰੂ ਹੋਣ ਨਾਲ ਇਲਾਕਾ ਨਿਵਾਸੀਆਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।ਇਸ ਮੌਕੇ ਜਾਣਕਾਰੀ ਦਿੰਦਿਆਂ ਸ੍ਰ. ਬਰਸਟ ਨੇ ਦੱਸਿਆ ਕਿ ਇਹ ਸੜਕ ਡਰੌਲਾ, ਤਰੈਂ, ਡਕਾਲਾ ਤੇ ਮਰਦਾਹੇੜੀ ਤੋਂ ਹੁੰਦੀ ਹੋਈ ਪਟਿਆਲਾ-ਚੀਕਾ ਰੋਡ ਨਾਲ ਜਾ ਕੇ ਮਿਲਦੀ ਹੈ।ਲਗਭਗ 8.61 ਕਿਲੋਮੀਟਰ ਲੰਬੀ ਇਸ ਸੜਕ ਦੇ ਨਿਰਮਾਣ 'ਤੇ ਕਰੀਬ 9.30 ਕਰੋੜ ਰੁਪਏ ਦੀ ਲਾਗਤ ਆਵੇਗੀ।ਉਨ੍ਹਾਂ ਦੱਸਿਆ ਕਿ ਸੜਕ ਦੀ ਚੌੜਾਈ ਵਧਾ ਕੇ 18 ਫੁੱਟ ਕੀਤੀ ਜਾਵੇਗੀ, ਜਿਸ ਨਾਲ ਇਲਾਕੇ ਦੇ ਲੋਕਾਂ ਨੂੰ ਆਵਾਜਾਈ ਦੀ ਵਧੀਆ ਸਹੂਲਤ ਮਿਲੇਗੀ।ਚੇਅਰਮੈਨ ਨੇ ਦੱਸਿਆ ਕਿ ਪੰਜਾਬ ਮੰਡੀ ਬੋਰਡ ਵੱਲੋਂ ਇੱਕ ਪਾਸੇ ਸੜਕਾਂ ਦੇ ਨਵੀਨੀਕਰਨ ਤੇ ਮੁਰੰਮਤ ਦੇ ਕਾਰਜ ਤੇਜ਼ੀ ਨਾਲ ਕੀਤੇ ਜਾ ਰਹੇ ਹਨ, ਉੱਥੇ ਹੀ ਦੂਜੇ ਪਾਸੇ ਮੰਡੀਆਂ ਦੇ ਬੁਨਿਆਦੀ ਢਾਂਚੇ ਨੂੰ ਵੀ ਮਜ਼ਬੂਤ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਹਲਕਾ ਸਮਾਣਾ ਦੇ ਸਰਬਪੱਖੀ ਵਿਕਾਸ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ ਤੇ ਹਲਕੇ ਦੇ ਵਿਕਾਸ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।ਇਸ ਦੌਰਾਨ ਇਲਾਕਾ ਨਿਵਾਸੀਆਂ ਵੱਲੋਂ ਸੜਕ ਦੇ ਨਿਰਮਾਣ ਕਾਰਜ ਸ਼ੁਰੂ ਕਰਵਾਉਣ ਲਈ ਪੰਜਾਬ ਸਰਕਾਰ ਅਤੇ ਸ. ਹਰਚੰਦ ਸਿੰਘ ਬਰਸਟ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਹਨੀ ਮਾਹਲਾ ਚੇਅਰਮੈਨ ਮਾਰਕਿਟ ਕਮੇਟੀ ਡਕਾਲਾ, ਮਹਿੰਦਰ ਸਿੰਘ ਚੇਅਰਮੈਨ ਬਲਾਕ ਸੰਮਤੀ, ਦਵਿੰਦਰ ਸਿੰਘ ਸਰਪੰਚ ਮਰਦਾਹੇੜੀ, ਹਰਕਿੰਦਰ ਸਿੰਘ ਸਰਪੰਚ ਡਕਾਲਾ, ਅਮਰਦੀਪ ਸਿੰਘ ਸਰਪੰਚ ਨਿਊ ਡਕਾਲਾ, ਮਹਿਲ ਸਿੰਘ ਸਰਪੰਚ ਨੰਦਪੁਰ, ਲਖਵਿੰਦਰ ਸਿੰਘ ਸਰਪੰਚ ਖੇੜੀ ਬਰਨਾ, ਅਵਤਾਰ ਸਿੰਘ ਸਰਪੰਚ ਮੌਹਮਜਾਰਾ, ਰਾਮ ਸਿੰਘ ਸਰਪੰਚ ਫਤਿਹਪੁਰ, ਜੱਸੀ ਸਰਪੰਚ ਦੁੱਧੜ, ਸ਼ੀਰਾ ਰਾਮ ਸਰਪੰਚ ਡੇਰਾ ਮਰਦਾਹੇੜੀ, ਜੱਸੀ ਫਤਿਹਪੁਰ ਬਲਾਕ ਪ੍ਰਧਾਨ ਸਮੇਤ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਮੌਜੂਦ ਰਹੇ।

## ਕਾਂਗਰਸੀ ਆਗੂ ਮੋਹਰ ਸਿੰਘ ਜਿਉਣਪੁਰਾ ਨਹੀਂ ਰਹੇ



ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ) : ਵਿਧਾਨ ਸਭਾ ਹਲਕਾ ਸ਼ੁਤਰਾਣਾ ਨਾਲ ਸੰਬੰਧਤ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਤੇ ਪਿੰਡ ਜਿਉਣਪੁਰਾ ਦੇ ਸਾਬਕਾ ਸਰਪੰਚ ਮੋਹਰ ਸਿੰਘ ਜਿਉਣਪੁਰਾ ਇਸ ਦੁਨੀਆਂ ਵਿੱਚ ਨਹੀਂ ਰਹੇ। ਸ਼ਨੀਵਾਰ ਸਵੇਰੇ ਤੜਕਸਾਰ ਉਨ੍ਹਾਂ ਨੂੰ ਪਏ ਦਿਲ ਦੇ ਦੌਰੇ ਕਰਕੇ ਉਨ੍ਹਾਂ ਦਾ ਦੇਹਾਂਤ ਹੋ ਗਿਆ।ਉਨ੍ਹਾਂ ਦੇ ਅਚਾਨਕ ਵਿਛੋੜਾ ਦੇ ਜਾਣ ਦੀ ਖਬਰ ਸੁਣਦਿਆਂ ਹੀ ਹਲਕਾ ਸ਼ੁਤਰਾਣਾ ਵਿੱਚ ਸੋਗ ਦੀ ਲਹਿਰ ਦੌੜ ਗਈ।ਉਨ੍ਹਾਂ ਦੇ ਅੰਤਿਮ ਸਸਕਾਰ ਮੌਕੇ ਕਾਂਗਰਸ ਪਾਰਟੀ ਦੇ ਹਲਕਾ ਇੰਚਾਰਜ ਦਰਬਾਰਾ ਸਿੰਘ ਬਣਵਾਲਾ, ਸੀਨੀਅਰ ਕਾਂਗਰਸੀ ਆਗੂ ਦਲੇਰ ਸਿੰਘ ਹਰਿਆਊ, ਲੋਕਸਭਾ ਉਮੀਦਵਾਰ ਪਲਵਿੰਦਰ ਕੌਰ ਹਰਿਆਊ, ਨਿਰਮਲ ਸਿੰਘ ਪੰਨੂ, ਕੁਲਵੰਤ ਰਾਏ ਆਦਿ ਨੇ ਪਹੁੰਚ ਕੇ ਪਰਿਵਾਰ ਨਾਲ ਹਮਦਰਦੀ ਦਾ ਇਜ਼ਹਾਰ ਕਰਦਿਆਂ ਦੁੱਖ ਪ੍ਰਗਟ ਕੀਤਾ।ਸਾਬਕਾ ਸਰਪੰਚ ਮੋਹਰ ਸਿੰਘ ਜਿਉਣਪੁਰਾ ਸਾਬਕਾ ਵਿਧਾਇਕ ਨਿਰਮਲ ਸਿੰਘ ਸਮਾਣਾ ਦੇ ਨਜ਼ਦੀਕੀ ਸਾਥੀਆਂ ਵਿੱਚੋਂ ਇੱਕ ਸਨ।

## ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਘੁਡਾਣੀ ਕਲਾਂ 'ਚ ਅਰਥੀ ਫੂਕ ਮੁਜ਼ਾਹਰਾ



ਦੋਰਾਹਾ, (ਹਰਮਿੰਦਰ ਸਿੰਘ)- ਮੁਲਾਜ਼ਮ/ਪੈਨਸ਼ਨਰਜ਼ ਵੱਲੋਂ ਮੰਗਾਂ ਮਨਵਾਉਣ ਲਈ ਪਿੰਡ ਘੁਡਾਣੀ ਕਲਾਂ ਵਿਖੇ ਅਰਥੀ ਫੂਕ ਕੇ ਰੋਸ ਪ੍ਰਗਟ ਕੀਤਾ ਗਿਆ। ਇਸ ਵੇਲੇ ਮਦਨ ਗੋਪਾਲ ਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਜ਼ਿਲ੍ਹਾ ਜਨਰਲ ਸਕੱਤਰ ਸੁਦਾਗਰ ਸਿੰਘ ਘੁਡਾਣੀ ਤੇ ਰਾਜਿੰਦਰ ਸਿੰਘ ਨੇ ਦੱਸਿਆ ਕਿ ਸਰਕਾਰ ਕੱਚੇ ਮੁਲਾਜ਼ਮਾਂ ਨੂੰ ਪੱਕੇ ਨਹੀਂ ਕਰ ਰਹੀ, ਪੈਨਸ਼ਨਰ ਮੁਲਾਜ਼ਮਾਂ ਦੀ ਪੈਨਸ਼ਨ 'ਚ ਕਟੌਤੀ ਕੀਤੀ ਜਾ ਰਹੀ ਹੈ, ਭੱਤੇ ਵੀ ਪੂਰੇ ਨਹੀਂ ਦਿੱਤੇ ਜਾ ਰਹੇ, ਕਿਸਾਨਾ ਨੂੰ ਵੀ ਫਸਲਾਂ ਦੇ ਭਾਅ ਨਹੀ ਮਿਲ ਰਹੇ,ਮਜਦੂਰਾਂ ਨੂੰ ਵੀ ਕਿਰਤ ਦਾ ਮੁਲ ਨਹੀ ਮਿਲ ਰਿਹਾ, ਕਿਸਾਨਾਂ/ਮਜ਼ਦੂਰਾਂ ਤੇ ਮੁਲਾਜ਼ਮਾਂ ਲਈ ਖਜ਼ਾਨਾ ਖਾਲੀ ਹੈ, ਪਰ ਕਾਰਪੋਰੇਟ, ਐਕਟਰਾਂ, ਅਫ਼ਸਰਾਂ ਲਈ ਖਜ਼ਾਨਾ ਖੁੱਲ੍ਹਾ ਹੈ। ਇਹ ਸਰਕਾਰਾਂ ਕਾਰਪੋਰੇਟ ਦੀਆਂ ਨੀਤੀਆਂ ਲਾਗੂ ਕਰ ਰਹੀ ਹੈ ਤੇ ਸਾਡਾ ਚੂਨ ਚੂਨ ਖੋਹ ਰਹੀ ਹੈ, ਸੋ ਆਪਾ ਸਾਰਿਆਂ ਨੂੰ ਇਕੱਠੇ ਹੋ ਕੇ ਸੰਘਰਸ਼ਾਂ ਦੇ ਰਾਹ ਹੀ ਤੁਰਨਾ ਪੈਣਾ ਹੈ।ਇਸ ਵੇਲੇ ਇਨ੍ਹਾਂ ਨਾਲ ਮਾ: ਰਤਨ ਸਿੰਘ, ਪ੍ਰਕਾਸ਼ ਸਿੰਘ, ਜਰਨੈਲ ਸਿੰਘ, ਪ੍ਰਿਤਪਾਲ ਸਿੰਘ, ਬਚਨ ਸਿੰਘ, ਮਾ: ਬਿਰਜ ਸਿੰਘ, ਕੁਲਵੰਤ ਸਿੰਘ, ਹਰਜੀਤ ਸਿੰਘ ਘਲੋਟੀ, ਨਿਰਮਲ ਸਿੰਘ, ਜਗਮੋਹਨ ਸਿੰਘ, ਗੁਰਚਰਨ ਸਿੰਘ, ਬਲਦੇਵ ਸਿੰਘ, ਅਜੀਤ ਸਿੰਘ ਫੌਜੀ, ਨਿਰਮਲ ਸਿੰਘ ਪੋਲਾ, ਅਮਰਦੀਪ ਸਿੰਘ, ਸੁਖਵੀਰ ਸਿੰਘ, ਪਰਮਜੀਤ ਸਿੰਘ ਮੌਜੂਦ ਸਨ।

## ਦਸਮੇਸ਼ ਪਬਲਿਕ ਸਕੂਲ 'ਚ ਅਧਿਆਪਕ ਦਿਵਸ ਮਨਾਇਆ



ਕੋਟਕਪੂਰਾ, (ਰਛਪਾਲ ਭੁੱਲਰ)- ਦਸ਼ਮੇਸ਼ ਗਲੋਰੀਅਸ ਪਬਲਿਕ ਸਕੂਲ ਵਿਖੇ ਅਧਿਆਪਕ ਦਿਵਸ ਬੜੇ ਹੀ ਉਤਸ਼ਾਹ ਤੇ ਸ਼ਾਨੋ-ਸ਼ੌਕਤ ਨਾਲ ਮਨਾਇਆ ਗਿਆ।ਸਮਾਗਮ ਦੀ ਸ਼ੁਰੂਆਤ ਰੀਬਨ ਕਟਾਈ ਦੀ ਰਸਮ ਨਾਲ ਹੋਈ, ਜੋ ਕਿ ਸਕੂਲ ਦੇ ਵਿਦਿਆਰਥੀਆਂ ਵੱਲੋਂ ਕਰਵਾਈ ਗਈ।ਇਸ ਤੋਂ ਬਾਅਦ ਸਕੂਲ ਵਿੱਚ ਕੇਕ ਕਟਿੰਗ ਦੀ ਰਸਮ ਹੋਈ।ਸਮਾਗਮ ਦੀ ਸ਼ੁਰੂਆਤ ਅਧਿਆਪਕਾਂ ਪ੍ਰਤੀ ਸਤਿਕਾਰ ਤੇ ਸ਼ੁੱਭ-ਕਾਮਨਾਵਾਂ ਨਾਲ ਕੀਤੀ ਗਈ।ਇਸ ਮੌਕੇ ਵਿਦਿਆਰਥੀਆਂ ਵੱਲੋਂ ਅਧਿਆਪਕਾਂ ਦੇ ਸਨਮਾਨ ਵਿੱਚ ਸੁੰਦਰ ਭਾਸ਼ਣ, ਕਵਿਤਾਵਾਂ, ਗੀਤ ਤੇ ਸੱਭਿਆਚਾਰਕ ਪੇਸ਼ਕਾਰੀਆਂ ਪੇਸ਼ ਕੀਤੀਆਂ ਗਈਆਂ।ਵਿਦਿਆਰਥੀਆਂ ਨੇ ਵੱਖ-ਵੱਖ ਮਨੋਰੰਜਕ ਗਤੀਵਿਧੀਆਂ ਰਾਹੀਂ ਆਪਣੇ ਅਧਿਆਪਕਾਂ ਪ੍ਰਤੀ ਪਿਆਰ ਤੇ ਸਤਿਕਾਰ ਦਾ ਪ੍ਰਗਟਾਵਾ ਕੀਤਾ।ਬੱਚਿਆਂ ਵੱਲੋਂ ਇਸ ਮੌਕੇ ਆਪਣੇ ਅਧਿਆਪਕਾਂ ਲਈ ਕੁਝ ਕੰਪਲੀਮੈਂਟਸ ਵੀ ਦਿੱਤੇ ਗਏ।ਸਕੂਲ ਦੇ ਵਿਦਿਆਰਥੀਆਂ ਨੇ ਵੀ ਆਪਣੇ ਅਧਿਆਪਕਾਂ ਨੂੰ ਕੁਝ ਤੋਹਫੇ ਦਿੱਤੇ।ਵਿਦਿਆਰਥੀਆਂ ਨੇ ਆਪਣੇ ਅਧਿਆਪਕਾਂ ਨੂੰ ਕੁਝ ਖੇਡਾਂ ਵੀ ਖਿਡਾਈਆਂ।ਸਕੂਲ ਦੇ ਐੱਮ ਡੀ ਸ੍ਰ. ਬਲਜੀਤ ਸਿੰਘ, ਡਾਇਰੈਕਟਰ ਪ੍ਰਿੰਸੀਪਲ ਸੁਰਿੰਦਰ ਕੌਰ, ਸਕੂਲ ਪ੍ਰਿੰਸੀਪਲ ਰੁਬੀਨਾ ਧੀਰ ਨੇ ਅਧਿਆਪਕਾਂ ਨੂੰ ਅਧਿਆਪਕ ਦਿਵਸ ਦੀਆਂ ਸ਼ੁੱਭ-ਕਾਮਨਾਵਾਂ ਦਿੱਤੀਆਂ।ਅੰਤ ਵਿੱਚ ਸਕੂਲ ਪ੍ਰਬੰਧਕਾਂ ਵੱਲੋਂ ਸਮੂਹ ਅਧਿਆਪਕਾਂ ਦਾ ਧੰਨਵਾਦ ਕੀਤਾ ਗਿਆ ਅਤੇ ਇਸ ਖੁਸ਼ੀ ਮੌਕੇ ਅਧਿਆਪਕਾਂ ਨੂੰ ਕੁਝ ਤੋਹਫੇ ਦਿੱਤੇ ਗਏ।ਸਮੂਹ ਸਟਾਫ਼ ਨੇ ਇਸ ਦਿਨ ਨੂੰ ਖੁਸ਼ੀ, ਪਿਆਰ ਤੇ ਯਾਦਗਾਰ ਪਲਾਂ ਨਾਲ ਮਨਾਇਆ।

## ਸੈਂਟੀਨਲ ਸਕੂਲ 'ਚ ਅਧਿਆਪਕ ਦਿਵਸ ਮਨਾਇਆ



ਸਮਰਾਲਾ, (ਸੁਰਜੀਤ ਸਿੰਘ)-ਸਥਾਨਕ ਸੈਂਟੀਨਲ ਇੰਟਰਨੈਸ਼ਨਲ ਸਕੂਲ ਪ੍ਰਿੰਸੀਪਲ ਡਾ. ਪੂਨਮ ਸ਼ਰਮਾ ਦੀ ਅਗਵਾਈ ਹੇਠ ਅਧਿਆਪਕ ਦਿਵਸ ਮਨਾਇਆ ਗਿਆ।ਸਮਾਗਮ ਦੀ ਸ਼ੁਰੂਆਤ ਸ਼ਾਤੀ ਪਾਠ ਨਾਲ ਕੀਤੀ ਗਈ।ਉਪਰੰਤ ਪ੍ਰਿੰਸੀਪਲ ਡਾ. ਪੂਨਮ ਸ਼ਰਮਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਅਧਿਆਪਕ ਵਿਦਿਆਰਥੀਆਂ ਲਈ ਸਦਾ ਹੀ ਪ੍ਰੇਰਣਾ ਦਾ ਸਰੋਤ ਹੁੰਦੇ ਹਨ।ਉਨ੍ਹਾਂ ਅਧਿਆਪਕਾਂ ਨੂੰ ਸਿੱਖਿਆ ਪ੍ਰਤੀ ਨਿਸ਼ਠਾ, ਅਨੁਸ਼ਾਸ਼ਨ ਤੇ ਮਿਹਨਤ ਦੇ ਮੁੱਲਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਮੈਨੇਜਿੰਗ ਡਾਇਰੈਕਟਰ ਅੰਮ੍ਰਿਤਪਾਲ ਕੌਰ ਢਿੱਲੋਂ ਨੇ ਕਿਹਾ ਕਿ ਕਿਸੇ ਵੀ ਰਾਸ਼ਟਰ ਦੀ ਖੁਸ਼ਹਾਲੀ ਤੇ ਤਰੱਕੀ ਉਸ ਦੇ ਅਧਿਆਪਕਾਂ ਦੀ ਗੁਣਵੱਤਾ 'ਤੇ ਨਿਰਭਰ ਕਰਦੀ ਹੈ, ਕਿਉਂਕਿ ਅਧਿਆਪਕ ਹੀ ਵਿਦਿਆਰਥੀ ਦੀ ਮਜ਼ਬੂਤ ਨੀਂਹ ਤਿਆਰ ਕਰਦੇ ਹਨ।ਪ੍ਰਧਾਨ ਕਰਨਵੀਰ ਸਿੰਘ ਢਿੱਲੋਂ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਅਧਿਆਪਕਾਂ ਦੀ ਕਦਰ ਕਰਨਾ ਤੇ ਉਨ੍ਹਾਂ ਨੂੰ ਬਣਦਾ ਸਨਮਾਨ ਦੇਣਾ ਹਰ ਵਿਦਿਆਰਥੀ ਦਾ ਫਰਜ਼ ਹੈ।ਉਨ੍ਹਾਂ ਅਧਿਆਪਕਾਂ ਵੱਲੋਂ ਸਿੱਖਿਆ ਤੇ ਸਮਾਜ ਦੀ ਬਿਹਤਰੀ ਲਈ ਨਿਭਾਈ ਜਾ ਰਹੀ ਭੂਮਿਕਾ ਦੀ ਸ਼ਲਾਘਾ ਕੀਤੀ।ਸਮਾਰੋਹ ਦੌਰਾਨ ਅਧਿਆਪਕਾਂ ਨੂੰ ਯਾਦਗਾਰੀ ਕਾਰਡ ਤੇ ਤੋਹਫ਼ੇ ਦਿੱਤੇ ਗਏ।ਇਸ ਤੋਂ ਬਾਅਦ ਕੇਕ ਕੱਟ ਕੇ ਅਧਿਆਪਕ ਦਿਵਸ ਦੀ ਖੁਸ਼ੀ ਸਾਂਝੀ ਕੀਤੀ।ਪ੍ਰੋਗਰਾਮ ਦੀ ਸਮਾਪਤੀ ਰਾਸ਼ਟਰੀ ਗੀਤ ਨਾਲ ਕੀਤੀ ਗਈ।

## ਬਾਬਾ ਮੋਨੀ ਜੀ ਕਾਲਜ ਦੇ ਐੱਮ. ਡੀ. ਲਖਵੀਰ ਸਿੱਧੂ ਨਹੀਂ ਰਹੇ



ਲਹਿਰਾ ਮੁਹੱਬਤ, (ਭੀਮ ਸੈਨ ਹਦਵਾਰੀਆ)- ਬਾਬਾ ਮੋਨੀ ਜੀ ਮਹਾਰਾਜ ਗਰੁੱਪ ਆਫ ਕਾਲਜਿਜ਼ ਲਹਿਰਾ ਮੁਹੱਬਤ ਦੇ ਮੈਨੇਜਿੰਗ ਡਾਇਰੈਕਟਰ ਲਖਵੀਰ ਸਿੰਘ ਸਿੱਧੂ (53) ਪੁੱਤਰ ਸਵ. ਹਰਮੰਦਰ ਸਿੰਘ ਵਾਸੀ ਲਹਿਰਾ ਮੁਹੱਬਤ (ਬਠਿੰਡਾ) ਰਾਤੀਂ ਅਚਾਨਕ ਦਿਲ ਦਾ ਦੌਰਾ ਪੈਣ ਕਾਰਨ ਅਕਾਲ ਚਲਾਣਾ ਕਰ ਗਏ। ਮ੍ਰਿਤਕ ਦੇਹ ਦਾ ਐਤਵਾਰ ਦੁਪਹਿਰ 12:00 ਵਜੇ ਸਥਾਨਕ ਸਵਰਗ ਧਾਮ ਵਿਖੇ ਅੰਤਿਮ ਸੰਸਕਾਰ ਕਰ ਦਿੱਤਾ ਗਿਆ। ਅੰਤਿਮ ਯਾਤਰਾ ਵਿੱਚ ਵੱਖ-ਵੱਖ ਰਾਜਸੀ, ਧਾਰਮਿਕ ਤੇ ਸਮਾਜਸੇਵੀ ਆਗੂਆਂ ਤੋਂ ਇਲਾਵਾ ਰਿਸ਼ਤੇਦਾਰ ਸਨੇਹੀ ਤੇ ਵੱਡੀ ਗਿਣਤੀ ਵਿੱਚ ਨਗਰ ਵਾਸੀ ਸ਼ਾਮਲ ਸਨ।

## ਸਾਈ ਪਬਲਿਕ ਸਕੂਲ 'ਚ 'ਨੈਸ਼ਨਲ ਬਿਲਡਰ ਅਵਾਰਡ' ਨਾਲ ਅਧਿਆਪਕ ਸਨਮਾਨਤ



ਫਿਰੋਜ਼ਪੁਰ, (ਅਸ਼ੋਕ ਸ਼ਰਮਾ) : ਅੰਤਰਰਾਸ਼ਟਰੀ ਸਮਾਜ ਸੇਵੀ ਸੰਸਥਾ ਰੋਟਰੀ ਕਲੱਬ ਫਿਰੋਜ਼ਪੁਰ ਸਿਟੀ ਵੱਲੋਂ ਸਥਾਨਕ ਸਾਈ ਪਬਲਿਕ ਸਕੂਲ ਵਿਖੇ ਅਧਿਆਪਕ ਦਿਵਸ ਮੌਕੇ ਇੱਕ ਵਿਸ਼ੇਸ਼ ਸਮਾਗਮ ਕੀਤਾ ਗਿਆ। ਇਸ ਸਮਾਗਮ ਵਿੱਚ ਜ਼ਿਲ੍ਹਾ ਸਿੱਖਿਆ ਅਫ਼ਸਰ (ਡੀ.ਈ.ਓ.) ਸ਼੍ਰੀਮਤੀ ਮਨੀਲਾ ਅਰੋੜਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ, ਜਦਕਿ ਜ਼ਿਲ੍ਹਾ ਸਿੱਖਿਆ ਦਫ਼ਤਰ ਦੇ ਸੀਨੀਅਰ ਸਹਾਇਕ ਅਮਨ ਸ਼ਰਮਾ ਵਿਸ਼ੇਸ਼ ਮਹਿਮਾਨ ਵਜੋਂ ਪਹੁੰਚੇ। ਸਮਾਗਮ ਵਾਲੀ ਥਾਂ ਪਹੁੰਚਣ 'ਤੇ ਰੋਟਰੀ ਕਲੱਬ ਫਿਰੋਜ਼ਪੁਰ ਸਿਟੀ ਦੇ ਚੇਅਰਮੈਨ ਵਿਜੇ ਮੋਗਾ, ਪ੍ਰਧਾਨ ਵਿਜੇ ਧਵਨ, ਸਕੱਤਰ ਸੋਹਣ ਲਾਲ ਖੱਤਰੀ ਤੇ ਸਾਈ ਪਬਲਿਕ ਸਕੂਲ ਦੇ ਪ੍ਰਿੰਸੀਪਲ ਸੁਨੀਰ ਮੋਂਗਾ ਵੱਲੋਂ ਆਏ ਹੋਏ ਮੁੱਖ ਮਹਿਮਾਨਾਂ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ। ਪ੍ਰੋਗਰਾਮ ਦੌਰਾਨ ਰੋਟਰੀ ਇੰਟਰਨੈਸ਼ਨਲ ਦੇ ਰੋਟਰੀ ਜ਼ਿਲ੍ਹਾ 3090 ਦੇ ਗਵਰਨਰ ਰੋਟੇਰੀਅਨ ਅਮਿਤ ਸਿੰਗਲਾ ਵੱਲੋਂ ਭੇਜੇ ਗਏ 'ਨੈਸ਼ਨਲ ਬਿਲਡਰ ਅਵਾਰਡ' ਸਕੂਲ ਦੇ ਸਮੂਹ ਅਧਿਆਪਕਾਂ ਨੂੰ ਪ੍ਰਦਾਨ ਕੀਤੇ ਗਏ। ਇਹ ਸਨਮਾਨ ਜ਼ਿਲ੍ਹਾ ਸਿੱਖਿਆ ਅਫ਼ਸਰ ਮਨੀਲਾ ਅਰੋੜਾ ਨੇ ਅਧਿਆਪਕਾਂ ਨੂੰ ਸੌਂਪੇ ਤੇ ਉਨ੍ਹਾਂ ਦੀਆਂ ਸ਼ਾਨਦਾਰ ਸੇਵਾਵਾਂ ਦੀ ਸ਼ਲਾਘਾ ਕੀਤੀ। ਇਸ ਮੌਕੇ ਰੋਟਰੀ ਕਲੱਬ ਫਿਰੋਜ਼ਪੁਰ ਸਿਟੀ ਦੇ ਕੈਸ਼ੀਅਰ ਪ੍ਰੇਮ ਧਵਨ, ਸੁਰਿੰਦਰ ਨਾਰੰਗ, ਰਕੇਸ਼ ਮੰਚੰਦਾ, ਪ੍ਰਮੋਦ ਕਪੂਰ, ਅਸ਼ੋਕ ਪਸਰੀਚਾ ਤੇ ਓਮ ਪ੍ਰਕਾਸ਼ ਨਿੱਕਾ ਸਮੇਤ ਕਈ ਹੋਰ ਪਤਵੰਤੇ ਵੀ ਹਾਜ਼ਰ ਸਨ। ਸਮਾਗਮ ਦੇ ਅੰਤ ਵਿੱਚ ਸਕੂਲ ਪ੍ਰਬੰਧਕਾਂ ਤੇ ਕਲੱਬ ਮੈਂਬਰਾਂ ਨੇ ਸਾਰੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ।

## ਟਰਾਂਸਪੋਰਟ ਵਿੰਗ ਦੇ ਨਵ-ਨਿਯੁਕਤ ਜ਼ਿਲ੍ਹਾ ਪ੍ਰਧਾਨ ਦਾ ਸਨਮਾਨ



ਪਾਤੜਾਂ, (ਭੁਪਿੰਦਰਜੀਤ ਮੌਲਵੀਵਾਲਾ) : ਸ਼੍ਰੋਮਣੀ ਅਕਾਲੀ ਦਲ ਵੱਲੋਂ ਕੀਤੀਆਂ ਗਈਆਂ ਨਵੀਆਂ ਨਿਯੁਕਤੀਆਂ ਦੌਰਾਨ ਵਿਧਾਨ ਸਭਾ ਹਲਕਾ ਸ਼ੁਤਰਾਣਾ ਨਾਲ ਸੰਬੰਧਤ ਸੀਨੀਅਰ ਅਕਾਲੀ ਆਗੂ ਰਛਪਾਲ ਸਿੰਘ ਨਿਆਲ ਨੂੰ ਟਰਾਂਸਪੋਰਟ ਵਿੰਗ ਦਾ ਜ਼ਿਲਾ ਪ੍ਰਧਾਨ ਨਿਯੁਕਤ ਕੀਤੇ ਜਾਣ ਨੂੰ ਲੈ ਕੇ ਹਲਕੇ ਦੇ ਅਕਾਲੀ ਵਰਕਰਾਂ ਵਿੱਚ ਖੁਸ਼ੀ ਪਾਈ ਜਾ ਰਹੀ ਹੈ। ਇਸ ਦੌਰਾਨ ਟਰੱਕ ਯੂਨੀਅਨ ਪਾਤੜਾਂ ਵੱਲੋਂ ਨਵ- ਨਿਯੁਕਤ ਜ਼ਿਲ੍ਹਾ ਪ੍ਰਧਾਨ ਟਰਾਂਸਪੋਰਟ ਵਿੰਗ ਸ਼੍ਰੋਮਣੀ ਅਕਾਲੀ ਦਲ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਸਨਮਾਨ ਹਾਸਲ ਕਰਨ ਉਪਰੰਤ ਅਕਾਲੀ ਆਗੂ ਰਛਪਾਲ ਸਿੰਘ ਨੇ ਦਲ ਦੇ ਜ਼ਿਲ੍ਹਾ ਪ੍ਰਧਾਨ ਜਥੇਦਾਰ ਜਗਮੀਤ ਸਿੰਘ ਹਰਿਆਊ ਤੇ ਹਲਕਾ ਸ਼ੁਤਰਾਣਾ ਦੇ ਇੰਚਾਰਜ ਬਾਬੂ ਕਬੀਰ ਦਾਸ ਸਮੇਤ ਸਮੁੱਚੀ ਹਾਈਕਮਾਂਡ ਦਾ ਧੰਨਵਾਦ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਅਕਾਲੀ ਆਗੂ ਅਜੈਬ ਸਿੰਘ ਮੱਲ੍ਹੀ, ਹਰਦੀਪ ਸਿੰਘ ਖਾਂਗ, ਅਮੀਰ ਸਿੰਘ ਢਿੱਲੋਂ, ਧਰਮ ਸਿੰਘ ਦੁਤਾਲ, ਸੁਰਜੀਤ ਸਿੰਘ ਖਾਂਗ, ਬਿੰਦਰ ਸਿੰਘ ਦਿਓਗੜ੍ਹ, ਰਣਜੀਤ ਸਿੰਘ ਤੇ ਪਿਆਰਾ ਸਿੰਘ ਪੱਪੂ ਆਦਿ ਹਾਜ਼ਰ ਸਨ।

## ਪੰਜਾਬ ਭਰ ਦੇ ਸੇਵਾ ਕੇਂਦਰ 15 ਨੂੰ ਰਹਿਣਗੇ ਮੁਕੰਮਲ ਬੰਦ



ਫਿਰੋਜ਼ਪੁਰ, (ਅਸ਼ੋਕ ਸ਼ਰਮਾ) : ਪੰਜਾਬ ਸੇਵਾ ਕੇਂਦਰ ਮੁਲਾਜ਼ਮ ਯੂਨੀਅਨ ਵੱਲੋਂ ਆਪਣੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਦਾ ਹੱਲ ਨਾ ਹੋਣ ਤੇ ਸਰਕਾਰ ਵੱਲੋਂ ਕਥਿਤ ਬੇਰੁਖ਼ੀ ਵਰਤਣ ਦੇ ਰੋਸ ਵਜੋਂ 15 ਸਤੰਬਰ 2026 ਨੂੰ ਪੰਜਾਬ ਭਰ ਦੇ ਸਾਰੇ ਸੇਵਾ ਕੇਂਦਰ ਮੁਕੰਮਲ ਤੌਰ 'ਤੇ ਬੰਦ ਰੱਖਣ ਦਾ ਐਲਾਨ ਕੀਤਾ ਗਿਆ ਹੈ। ਇਸ ਦੌਰਾਨ ਸੂਬੇ ਦੇ ਸਮੂਹ ਸੇਵਾ ਕੇਂਦਰਾਂ ਦੇ ਮੁਲਾਜ਼ਮ ਫੇਸ-10, ਮੋਹਾਲੀ ਸਥਿਤ ਕਿਰਤ ਵਿਭਾਗ ਦੇ ਦਫ਼ਤਰ ਦੇ ਸਾਹਮਣੇ ਇਕੱਠੇ ਹੋ ਕੇ ਸੂਬਾ ਪੱਧਰੀ ਧਰਨਾ ਦੇਣਗੇ। ਯੂਨੀਅਨ ਆਗੂਆਂ ਨੇ ਦੱਸਿਆ ਕਿ ਮੁਲਾਜ਼ਮਾਂ ਦੀਆਂ ਸਮੱਸਿਆਵਾਂ ਤੇ ਮੰਗਾਂ ਸਬੰਧੀ ਸਰਕਾਰ ਤੇ ਸਬੰਧਤ ਅਧਿਕਾਰੀਆਂ ਨੂੰ ਪਹਿਲਾਂ ਹੀ ਜਾਣੂ ਕਰਵਾਇਆ ਜਾ ਚੁੱਕਾ ਹੈ। ਇਸ ਸਬੰਧੀ ਸਰਕਾਰ ਤੇ ਪ੍ਰਸ਼ਾਸਨ ਨੂੰ ਲਿਖਤੀ ਪੱਤਰ ਵੀ ਭੇਜੇ ਗਏ ਹਨ, ਪਰ ਹੁਣ ਤੱਕ ਮਸਲਿਆਂ ਦੇ ਹੱਲ ਲਈ ਕੋਈ ਢੁੱਕਵੀਂ ਮੀਟਿੰਗ ਨਹੀਂ ਸੱਦੀ ਗਈ। ਇਸ ਕਾਰਨ ਸੇਵਾ ਕੇਂਦਰ ਮੁਲਾਜ਼ਮਾਂ ਵਿਚ ਭਾਰੀ ਰੋਸ ਪੈਦਾ ਹੋ ਗਿਆ ਹੈ। ਯੂਨੀਅਨ ਨੇ ਕਿਹਾ ਕਿ 15 ਸਤੰਬਰ ਨੂੰ ਸਾਰੇ ਸੇਵਾ ਕੇਂਦਰਾਂ ਦਾ ਕੰਮ ਪੂਰੀ ਤਰ੍ਹਾਂ ਠੱਪ ਰਹੇਗਾ ਤੇ ਮੁਲਾਜ਼ਮ ਆਪਣੇ ਹੱਕਾਂ ਦੀ ਆਵਾਜ਼ ਬੁਲੰਦ ਕਰਨ ਲਈ ਮੋਹਾਲੀ ਪਹੁੰਚਣਗੇ। ਫੇਸ-10 ਵਿਖੇ ਕਿਰਤ ਵਿਭਾਗ ਦੇ ਦਫ਼ਤਰ ਸਾਹਮਣੇ ਦਿੱਤੇ ਜਾਣ ਵਾਲੇ ਧਰਨੇ ਦੌਰਾਨ ਮੁਲਾਜ਼ਮਾਂ ਨਾਲ ਹੋ ਰਹੀ ਕਥਿਤ ਧੱਕੇਸ਼ਾਹੀ ਤੇ ਮੰਗਾਂ ਨੂੰ ਅਣਗੌਲਿਆ ਕਰਨ ਦੇ ਮੁੱਦੇ ਨੂੰ ਪ੍ਰਮੁੱਖਤਾ ਨਾਲ ਉਠਾਇਆ ਜਾਵੇਗਾ। ਪੰਜਾਬ ਸੇਵਾ ਕੇਂਦਰ ਮੁਲਾਜ਼ਮ ਯੂਨੀਅਨ ਦੇ ਸੂਬਾ ਪ੍ਰਧਾਨ ਬਲਜਿੰਦਰ ਸਿੰਘ ਮਾਝਾ ਤੇ ਜਨਰਲ ਸਕੱਤਰ ਗੁਰਸੇਵਕ ਸਿੰਘ ਚਹਿਲ ਨੇ ਸੂਬੇ ਭਰ ਦੇ ਸਮੂਹ ਮੁਲਾਜ਼ਮਾਂ ਨੂੰ 15 ਸਤੰਬਰ ਦੇ ਧਰਨੇ ਵਿੱਚ ਵੱਡੀ ਗਿਣਤੀ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ ਹੈ।


## ਕਲਾਸੀਫਾਈਡ ਇਸ਼ਤਿਹਾਰ

### Change of Name

I, Shahni Devi W/O Amar Singh, R/o H.No. 15, Rogh, Tika Bahdi, Vill-Bhangoori, Teh-Dharakalan, Dist-Pathankot Punjab- 145022. have changed my name and shall hereafter be Known as Sandhya Devi.

I, Harpreet Kaur Dhillon, D/O Manjit Singh R/o Near Govt Hai School, Mullanpur, PO: Dakha Mandi, DIST: Ludhiana, Punjab- 141101. have changed my name and shall hereafter be Known as Harpreet Kaur.

I, Harpreet Kaur W/O Baljit Singh, R/o Sathiala, Amritsar, Sathiala, Punjab- 143205. have changed my name and shall hereafter be Known as Harmeet Kaur.

I, Pankaj S/o Mohinder Singh R/o Ek-289 Rasta Mohalla Jalandhar, Punjab-144001 have changed my name from Pankaj to Pankaj Joya. All concerned please note.

I, Praveen Kumar Nathu Ram Joya S/o Nathu Ram R/o E.M - 250, Rasta Mohala, Jalandhar, Punjab have changed my name to Parveen Kumar Joya. All concerned please note.

I Karanpreet Singh S/O Mohanjit Singh R/O VPO Nadala tehsil bholath district Kapurthala declare that have changed my name from Karanpreet Singh to Singh as surname and given name is Karanpreet. Please note.

I, Rajwinder w/o Late Vicky r/o H.No.B-5/100, Saipur Kalan, Industrial Area, Jalandhar have changed my minor son name from Tarun to Tarun Heer. All Please Note.

I, Rajwinder w/o Late Vicky r/o H.No. B-5/100, Saipur Kalan, Industrial Area, Jalandhar have changed my minor son name from Gautam to Gautam Heer. All Please Note.

I, Kulwinder Singh s/o Kartar Chand r/o VPO. Duhre, Ps- Adampur Doaba, Distt. Jalandhar have changed my Given name as Kulwinder & Surname as Singh. All Please Note.

I, Suman Arora w/o Sarabjit Pal r/o H.No.408/9, Street No.9, Block No.38, Behind The TV Centre, Avtar Nagar, Jalandhar declare that Suman Arora and Suman both names are one and the same person. All Please Note.

I, Sanjogita Bakshi w/o Vijay Kumar r/o H.No.27, Moh no. 12, Jalandhar Cantt, Jalandhar, have changed my name from Sanjogita Bakshi to Sanjogata Bakshi. All Please Note.

### Change of Name

I, Balwinder Singh s/o Kartar Singh r/o Vill.Khanpur, Po. Dhugga Kalan, Distt. Hoshiarpur-144305, Punjab have changed my name to Singh Balwinder. All Please Note.

I, Tarnveer Singh s/o Balwinder Singh r/o Vill. Khanpur, Po. Dhugga Kalan, Tehsil Dasuya, Hoshiarpur-144305, Punjab have changed my name to Singh Tarnveer. All Please Note.

I, Harnek Lal S/o Jai Ram R/o H.No. C-35 A, Dhilwan Road, Jagjit Colony, VPO. Dakoha, Distt. Jalandhar, Punjab have changed my name from Harnek Lal to Given name as Harnek & Surname as Lal. All Please Note.

### ਬੇਦਖਲੀ ਨੋਟਿਸ

ਮੈਂ, ਰਜਿੰਦਰ ਕੌਰ ਪਤਨੀ ਹਰਮਿੰਦਰ ਸਿੰਘ ਵਾਸੀ ਮਕਾਨ ਨੰਬਰ ਐੱਸ. ਐੱਨ. 14, ਨੇੜੇ ਜੋਤੀ ਚੌਕ, ਸ਼ਾਸਤਰੀ ਨਗਰ, ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਸੁਰਿੰਦਰ ਸਿੰਘ ਅਤੇ ਇਸ ਦੀ ਪਤਨੀ ਜਸਬੀਰ ਕੌਰ, ਜੋ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਮੈਂ ਇਨ੍ਹਾਂ ਦੋਵਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਜੀਤੋ ਪਤਨੀ ਦਰਸ਼ਨ ਸਿੰਘ ਵਾਸੀ ਪਿੰਡ ਕਾਹਨਗੜ੍ਹ, ਤਹਿਸੀਲ ਬੁਢਲਾਡਾ, ਜ਼ਿਲ੍ਹਾ ਮਾਨਸਾ ਬਿਆਨ ਕਰਦੀ ਹਾਂ ਕਿ ਮੇਰਾ ਪੁੱਤਰ ਗੁਰਮੇਲ ਸਿੰਘ, ਜੋ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

### ਨਾਂਅ ਦੀ ਬਦਲੀ

ਮੈ ਰਾਜਵੀਰ ਕੌਰ ਪਤਨੀ ਮਨਜੀਤ ਸਿੰਘ ਵਾਸੀ ਪਿੰਡ ਕਸਬਾ ਭੁਰਾਲ ਡਾਕਖਾਨਾ ਮਿੱਠੇਵਾਲ ਜਿਲਾਂ ਮਲੇਰਕੋਟਲਾ ਨੇ ਆਪਣਾ ਨਾਮ ਰਾਜਵੀਰ ਕੌਰ ਤੋਂ ਬਦਲ ਕੇ ਰਾਜਵੀਰ ਕੌਰ ਚੀਮਾ ਰੱਖ ਲਿਆ ਹੈ। ਸੰਬੰਧਤ ਨੋਟ ਕਰਨ।

ਮੈਂ, ਜਗਸੀਰ ਸਿੰਘ ਜਗਦੇ ਪੁੱਤਰ ਤਾਰਾ ਸਿੰਘ ਵਾਸੀ ਮਹਿਲ ਖ਼ੁਰਦ (ਬਰਨਾਲਾ) ਨੇ ਆਪਣਾ ਨਾਂਅ ਬਦਲ ਕੇ ਜਗਸੀਰ ਸਿੰਘ ਰੱਖ ਲਿਆ ਹੈ।

ਮੈਂ, ਪੂਜਾ ਸਪੁੱਤਰੀ ਹਰਜਿੰਦਰ ਕੁਮਾਰ ਵਾਸੀ ਪਿੰਡ ਤੇ ਡਾਕਖਾਨਾ ਜੈਤੇਵਾਲੀ, ਜ਼ਿਲ੍ਹਾ ਜਲੰਧਰ ਦੀ ਰਹਿਣ ਵਾਲੀ ਹਾਂ। ਮੈਂ ਆਪਣਾ ਨਾਂਅ ਪੂਜਾ ਤੋਂ ਬਦਲ ਕੇ ਪੂਜਾ ਰਾਣੀ ਰੱਖ ਲਿਆ ਹੈ। ਸੰਬੰਧਤ ਨੋਟ ਕਰਨ।

### ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

### PUNJAB NATIONAL BANK
Branch Office:- Rahon Road, DISTT. LUDHIANA

#### ( ਰੂਲ-8 (1) ) ਕਬਜ਼ਾ ਨੋਟਿਸ (ਅਚੱਲ ਜਾਇਦਾਦ ਲਈ)

ਜਦੋਂ ਕਿ ਨਿਮਨਹਸਤਾਖਰੀ ਨੇ ਸਕਿਓਰਟਾਈਜੇਸ਼ਨ ਐਂਡ ਰੀਕੰਸਟਰਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਓਰਟੀ ਇੰਟਰੈਸਟ ਐਕਟ 2002 ਅਧੀਨ ਪੰਜਾਬ ਨੈਸ਼ਨਲ ਬੈਂਕ ਰਾਹੋਂ ਰੋਡ, ਲੁਧਿਆਣਾ ਦਾ ਅਧਿਕਾਰਤ ਅਫਸਰ ਹੋਣ ਦੇ ਨਾਤੇ ਅਤੇ ਸਕਿਓਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਕਰਜ਼ਦਾਰਾਂ/ਗਰੰਟਰਾਂ ਨੂੰ ਸੈਕਸ਼ਨ 13 (2) ਤਹਿਤ ਹੇਠਾਂ ਦਰਸਾਈਆਂ ਮਿਤੀਆਂ 'ਤੇ ਡਿਮਾਂਡ ਨੋਟਿਸ ਜਾਰੀ ਕਰਦਿਆਂ ਨੋਟਿਸ ਦੀ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਨੋਟਿਸ 'ਚ ਦਰਸਾਈ ਰਕਮ ਅਦਾ ਕਰਨ ਲਈ ਕਿਹਾ ਸੀ।
ਕਰਜ਼ਦਾਰ/ਗਰੰਟਰ/ਰਹਿਣਕਾਰ ਰਾਸ਼ੀ ਅਦਾ ਕਰਨ ਵਿੱਚ ਅਸਫਲ ਰਹੇ ਹਨ। ਜਾਇਦਾਦ ਦੇ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨ ਹਸਤਾਖਰੀ ਨੇ ਸਕਿਓਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸ਼ੈਕਸ਼ਨ 13 ਦੇ ਸਬ-ਸੈਕਸ਼ਨ (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੇਠਾਂ ਦਰਸਾਈਆਂ ਜਾਇਦਾਦਾਂ ਦਾ ਹਰੇਕ ਖਾਤੇ ਵਿਰੁੱਧ ਦਰਸਾਈਆਂ ਗਈਆਂ ਮਿਤੀਆਂ ਨੂੰ (ਭੌਤਿਕ/ਸੰਕੇਤਕ ਕਬਜ਼ਾ) ਪ੍ਰਾਪਤ ਕਰ ਲਿਆ ਹੈ।
ਵਿਸ਼ੇਸ਼ ਕਰਕੇ ਕਰਜ਼ਦਾਰਾਂ/ਗਰੰਟਰਾਂ ਅਤੇ ਆਮ ਜਨਤਾ ਨੂੰ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਉਹ ਜਾਇਦਾਦ ਸੰਬੰਧੀ ਕੋਈ ਲੈਣ-ਦੇਣ ਨਾ ਕਾਰਨ ਅਤੇ ਜਾਇਦਾਦ ਸੰਬੰਧੀ ਕੀਤਾ ਗਿਆ ਕੋਈ ਵੀ ਲੈਣ-ਦੇਣ ਪੰਜਾਬ ਨੈਸ਼ਨਲ ਬੈਂਕ ਰਾਹੋਂ ਰੋਡ, ਲੁਧਿਆਣਾ ਨੂੰ ਹੇਠਾਂ ਦਰਸਾਈ ਰਕਮ ਅਤੇ ਉਸ ਉੱਪਰ ਭਵਿੱਖੀ ਵਿਆਜ ਅਤੇ ਲਾਗਤਾਂ ਆਦਿ ਦੀ ਵਸੂਲੀ ਹੇਠ ਹੋਵੇਗਾ।
**ਉਪਲਬਧ ਸਮੇਂ 'ਚ ਸਕਿਓਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦੁਆਇਆ ਜਾਂਦਾ ਹੈ।**

| ਕਰਜ਼ਦਾਰ/ਗਰੰਟਰ/ਜਾਇਦਾਦ ਦੇ ਮਾਲਕ ਦਾ ਨਾਂਅ | ਰਹਿਣ ਕੀਤੀਆਂ ਜਾਇਦਾਦਾਂ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ਾ ਨੋਟਿਸ ਦੀ ਮਿਤੀ | ਕਬਜ਼ੇ ਦੀ ਕਿਸਮ / ਬਕਾਇਆ ਰਕਮ |
|---|---|---|---|---|
| (ਕਰਜ਼ਦਾਰ) : (1) ਸ੍ਰੀ ਰਾਜਨ ਜੈਨ ਪੁੱਤਰ ਸ੍ਰੀ ਵਿਜੇ ਕੁਮਾਰ ਜੈਨ #ਬੀ-XXXII-2657/1, ਗਲੀ ਨੰ. 1, ਮਾਂਗਟ ਕਲੋਨੀ, ਲੁਧਿਆਣਾ-141007 (2) ਕਰਜ਼ਦਾਰ ਸ੍ਰੀਮਤੀ ਸ਼ਿਲਪੀ ਜੈਨ ਪਤਨੀ ਸ੍ਰੀ ਰਾਜਨ ਜੈਨ #ਬੀ-XXXII-2657/1, ਗਲੀ ਨੰ. 1, ਮਾਂਗਟ ਕਲੋਨੀ, ਲੁਧਿਆਣਾ-141007 | ਰਹਿਣ ਕੀਤੀ ਰਿਹਾਇਸ਼ੀ ਅਚੱਲ ਜਾਇਦਾਦ ਰਕਬਾ 130 ਵਰਗ ਗਜ਼, ਐੱਮ ਸੀ ਨੰ. ਬੀ-32-2675/1 (ਪੁਰਾਣਾ), ਬੀ-32-1271 (ਨਵਾਂ) ਸਥਿਤ ਬਸਤੀ ਜੋਧੇਵਾਲ, ਸਥਾਨ ਮਾਂਗਟ ਕਲੋਨੀ, ਤਹਿ ਤੇ ਜ਼ਿਲ੍ਹਾ ਲੁਧਿਆਣਾ ਵਜੋਂ ਜਾਣੀ ਜਾਂਦੀ, ਬੈਨਾਮਾ ਨੰ. 15,343 ਮਿਤੀ 01.11.2011 ਅਨੁਸਾਰ ਸ੍ਰੀ ਰਾਜਨ ਜੈਨ ਪੁੱਤਰ ਸ੍ਰੀ ਵਿਜੇ ਕੁਮਾਰ ਜੈਨ ਤੇ ਸ੍ਰੀਮਤੀ ਸ਼ਿਲਪੀ ਜੈਨ ਪਤਨੀ ਸ੍ਰੀ ਰਾਜਨ ਜੈਨ ਦੇ ਨਾਂਅ 'ਤੇ ਹੈ। ਹੱਦਬੰਦੀ ਹੇਠ ਅਨੁਸਾਰ ਪੂਰਬ : ਜਰਨੈਲ ਸਿੰਘ, ਪੱਛਮ : ਗਵਾਂਢੀ, ਉੱਤਰ : ਗਵਾਂਢੀ, ਦੱਖਣ : ਰਸਤਾ | 12-05.2026 | 02.09.2026 | ਸੰਕੇਤਕ ਕਬਜ਼ਾ / ਰੁਪਏ 6,58,257/- (ਛੇ ਲੱਖ ਅਠਵੰਜਾ ਹਜ਼ਾਰ ਦੋ ਸੌ ਸਤਵੰਜਾ ਰੁਪਏ ਕੇਵਲ) 11.05.2026 ਨੂੰ ਜਮ੍ਹਾਂ ਹੋਰ ਵਿਆਜ, ਹੋਰ ਚਾਰਜਿਜ਼ ਅਤੇ ਖਰਚੇ ਜੋ ਵੀ ਹੋਣ 23.03.2026 ਤੋਂ ਲਾਗੂ |

ਮਿਤੀ : 06.09.2026   ਸਥਾਨ : ਲੁਧਿਆਣਾ   ਅਧਿਕਾਰਤ ਅਫਸਰ

### PUNJAB NATIONAL BANK
Branch Office:- Basti Jodhewal, DISTT. LUDHIANA

#### ਰੂਲ-8 (1) ਕਬਜ਼ਾ ਨੋਟਿਸ (ਚੱਲ-ਜਾਇਦਾਦ ਲਈ)

ਜਦੋਂ ਕਿ ਨਿਮਨਹਸਤਾਖਰੀ ਨੇ ਸਕਿਓਰਟਾਈਜੇਸ਼ਨ ਐਂਡ ਰੀਕੰਸਟਰਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਓਰਟੀ ਇੰਟਰੈਸਟ ਐਕਟ 2002 ਅਧੀਨ ਪੰਜਾਬ ਨੈਸ਼ਨਲ ਬੈਂਕ ਬਸਤੀ ਜੋਧੇਵਾਲ, ਲੁਧਿਆਣਾ ਦਾ ਅਧਿਕਾਰਤ ਅਫਸਰ ਹੋਣ ਦੇ ਨਾਤੇ ਅਤੇ ਸਕਿਓਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਕਰਜ਼ਦਾਰਾਂ/ਗਰੰਟਰਾਂ ਨੂੰ ਸੈਕਸ਼ਨ 13 (2) ਤਹਿਤ ਹੇਠਾਂ ਦਰਸਾਈਆਂ ਮਿਤੀਆਂ 'ਤੇ ਡਿਮਾਂਡ ਨੋਟਿਸ ਜਾਰੀ ਕਰਦਿਆਂ ਨੋਟਿਸ ਦੀ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਨੋਟਿਸ 'ਚ ਦਰਸਾਈ ਰਕਮ ਅਦਾ ਕਰਨ ਲਈ ਕਿਹਾ ਸੀ।
ਕਰਜ਼ਦਾਰ/ਗਰੰਟਰ/ਰਹਿਣਕਾਰ ਰਾਸ਼ੀ ਅਦਾ ਕਰਨ ਵਿੱਚ ਅਸਫਲ ਰਹੇ ਹਨ। ਜਾਇਦਾਦ ਦੇ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨ ਹਸਤਾਖਰੀ ਨੇ ਸਕਿਓਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸ਼ੈਕਸ਼ਨ 13 ਦੇ ਸਬ-ਸੈਕਸ਼ਨ (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੇਠਾਂ ਦਰਸਾਈਆਂ ਜਾਇਦਾਦਾਂ ਦਾ ਹਰੇਕ ਖਾਤੇ ਵਿਰੁੱਧ ਦਰਸਾਈਆਂ ਗਈਆਂ ਮਿਤੀਆਂ ਨੂੰ (ਭੌਤਿਕ/ਸੰਕੇਤਕ ਕਬਜ਼ਾ) ਪ੍ਰਾਪਤ ਕਰ ਲਿਆ ਹੈ।
**ਵਿਸ਼ੇਸ਼ ਕਰਕੇ ਕਰਜ਼ਦਾਰਾਂ/ਗਰੰਟਰਾਂ ਅਤੇ ਆਮ ਜਨਤਾ ਨੂੰ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਉਹ ਜਾਇਦਾਦ ਸੰਬੰਧੀ ਕੋਈ ਲੈਣ-ਦੇਣ ਨਾ ਕਾਰਨ ਅਤੇ ਜਾਇਦਾਦ ਸੰਬੰਧੀ ਕੀਤਾ ਗਿਆ ਕੋਈ ਵੀ ਲੈਣ-ਦੇਣ ਪੰਜਾਬ ਨੈਸ਼ਨਲ ਬੈਂਕ ਬਸਤੀ ਜੋਧੇਵਾਲ, ਲੁਧਿਆਣਾ ਦੀ ਹੇਠਾਂ ਦਰਸਾਈ ਰਕਮ ਅਤੇ ਉਸ ਉੱਪਰ ਭਵਿੱਖੀ ਵਿਆਜ ਅਤੇ ਲਾਗਤਾਂ ਆਦਿ ਦੀ ਵਸੂਲੀ ਹੇਠ ਹੋਵੇਗਾ।**
**ਉਪਲਬਧ ਸਮੇਂ 'ਚ ਸਕਿਓਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਦਾ ਧਿਆਨ ਐਕਟ ਦੇ ਸ਼ੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦੁਆਇਆ ਜਾਂਦਾ ਹੈ।**

| ਕਰਜ਼ਦਾਰ/ਗਰੰਟਰ/ਜਾਇਦਾਦ ਦੇ ਮਾਲਕ ਦਾ ਨਾਂਅ | ਰਹਿਣ ਕੀਤੀਆਂ ਜਾਇਦਾਦਾਂ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ਾ ਨੋਟਿਸ ਦੀ ਮਿਤੀ | ਕਬਜ਼ੇ ਦੀ ਕਿਸਮ / ਬਕਾਇਆ ਰਕਮ |
|---|---|---|---|---|
| (ਕਰਜ਼ਦਾਰ) ਮੈਸਰਜ਼ ਰਾਇਲ ਸਰਵਿਸਿਜ਼ # ਮਕਾਨ ਨੰ. 2892 ਫੇਸ ਨੰ. 1 ਸੀ ਆਰ ਪੀ ਐੱਫ ਕਾਲੋਨੀ, ਦੁੱਗਰੀ ਰੋਡ, ਲੁਧਿਆਣਾ-141008 (2) (ਕਰਜ਼ਦਾਰ) ਜਗਸੀਰ ਸਿੰਘ ਪੁੱਤਰ ਸ੍ਰੀ ਮਹਿੰਦਰ ਸਿੰਘ ਰਾਹੀਂ ਇਸ ਦੇ ਮਾਲਕ ਮੈਸਰਜ਼ ਰਾਇਲ ਸਰਵਿਸਿਜ਼ # ਮਕਾਨ ਨੰ, 2892, ਫੇਸ ਨੰ. 1, ਸੀ ਆਰ ਪੀ ਐੱਫ ਕਾਲੋਨੀ, ਦੁੱਗਰੀ ਰੋਡ, ਲੁਧਿਆਣਾ-141008 | ਸਟਾਕ ਦੀ ਹਾਈਪੋਥੀਕੇਸ਼ਨ ਨਿਰਮਾਣ ਸਮੱਗਰੀ, ਕੱਚਾ ਮਾਲ, ਪ੍ਰਾਸੈਸ 'ਚ ਸਟਾਕ, ਸੈਮੀ ਫਿਨਿਸ਼ਡ ਗੁੱਡਜ਼, ਫਿਨਿਸ਼ਡ ਗੁੱਡਜ਼, ਟਰੇਡਿੰਗ ਤੇ ਸਰਵਿਸਿਜ਼ ਏਅਰ ਕੰਡੀਸ਼ਨ ਆਦਿ ਮੈਸਰਜ਼ ਰਾਇਲ ਸਰਵਿਸਿਜ਼ ਦੇ ਸਪੇਅਰਜ਼ ਤੇ ਰਸੀਵੇਬਲਜ਼ | 24.03.2026 | 02.09.2026 | ਸੰਕੇਤਕ ਕਬਜ਼ਾ / ਰੁਪਏ 40,99,023.59 (ਚਾਲੀ ਲੱਖ ਨੜਿਨਵੇਂ ਹਜ਼ਾਰ ਤੇਈ ਰੁਪਏ ਅਤੇ ਉਨਾਹਠ ਪੈਸੇ ਕੇਵਲ) 22.03.2026 ਨੂੰ ਜਮ੍ਹਾਂ |

ਹੋਰ ਵਿਆਜ, ਹੋਰ ਚਾਰਜਿਜ਼ ਤੇ ਖਰਚੇ ਜੋ ਵੀ ਹੋਣ 23.03.2026 ਤੋਂ ਲਾਗੂ

ਮਿਤੀ : 06.09.2026   ਸਥਾਨ : ਲੁਧਿਆਣਾ   ਅਧਿਕਾਰਤ ਅਫਸਰ

### COURT NOTICE

(U/o 5 Rule 20 CPC)
In the Court of
Sh. Harjinder Singh
Additional Civil Judge (Senior Division), Moonak
CNR No. PBSGD0-000503-2026
Next Date :- 28-09-2026
Ms Rajbala
Vs.
General Public
Notice To : General Public
: General Public

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 28.09.2026 at 10:00 A.M.

For details logon to https://highcourtchd.gov.in/?mod=district_notice&district=sangrurcourt.

Additional Civil Judge (Senior Division), Moonak
Dated this day of 03-09-2026

### CIVIL COURT LUDHIANA

In the Court of Ms. Dazy Bangarh
Civil Judge (Senior Division)
Ludhiana
CNR No. PB LD02-007544-2026
Peshi :- 23-09-2026
Saloni Jain
Versus
General Public & Ors.
Petition For Grant of Succession Certificate
Publication Issued To :
General Public

Whereas the above named petitioner Saloni Jain has filed petition for the grant of Succession Certificate regarding the assets left by the deceased Late Achal Kumar Jain S/o Late Jangi Lal Jain who had died on 20.04.2026

Notice is issued in the name of general Public that in case anybody has any objection for the grant of Succession Certificate, he/she can the objections to the same on or before 23.09.2026 failing which the petition shall be decided in accordance with law.

Given under my hand and the seal of Court, this 24.08.2026.

For details logon to https://highcourtchd.gov.in/?trs=district_notice&district=ludhiana

Civil Judge (Senior Division), Ludhiana

### ਹੋਮੀ ਭਾਬਾ ਸੈਂਟਰ ਫਾਰ ਸਾਇੰਸ ਐਜੂਕੇਸ਼ਨ
ਟਾਟਾ ਇੰਸਟੀਚਿਊਟ ਆਫ ਫੰਡਾਮੈਂਟਲ ਰਿਸਰਚ
**ਖਗੋਲ ਵਿਗਿਆਨ, ਜੀਵ ਵਿਗਿਆਨ, ਕੈਮਿਸਟਰੀ, ਫਿਜ਼ਿਕਸ, ਜੂਨੀਅਰ ਸਾਇੰਸ 'ਚ**
**ਨੈਸ਼ਨਲ ਓਲੰਪੀਅਡ ਪ੍ਰੋਗਰਾਮ 2026-2027**

ਉਹ ਸਾਰੇ ਵਿਦਿਆਰਥੀ ਜੋ **ਇੰਡੀਅਨ ਐਸੋਸੀਏਸ਼ਨ ਆਫ ਫਿਜ਼ਿਕਸ ਟੀਚਰਜ਼ (ਆਈ ਏ ਪੀ ਟੀ)** ਦੁਆਰਾ 21 ਅਤੇ 22 ਨਵੰਬਰ 2026 ਨੂੰ ਕਰਵਾਏ ਜਾ ਰਹੇ **ਨੈਸ਼ਨਲ ਸਟੈਂਡਰਡ ਐਗਜ਼ਾਮੀਨੇਸ਼ਨਜ਼ (ਐੱਨ ਐੱਸ ਈਜ਼)** (ਸਾਇੰਸ ਵਿਸ਼ਿਆਂ ਲਈ) ਪ੍ਰੋਗਰਾਮ 'ਚ ਹਿਸਾ ਲੈਣਾ ਚਾਹੁੰਦੇ ਹੋਣ, ਸੰਪਰਕ ਕਰਨ।

ਐੱਨ ਐੱਸ ਈ 'ਚ ਯੋਗਤਾ **ਇੰਟਰਨੈਸ਼ਨਲ ਓਲੰਪੀਅਡਜ਼ ਆਫ** 2027 'ਚ ਹਿੱਸਾ ਲੈਣ ਲਈ ਪਹਿਲਾ ਸਟੈੱਪ ਹੋਵੇਗੀ।

**ਐੱਨ ਐੱਸ ਈਜ਼ 'ਚ ਨਾਂਅ ਦਰਜ ਕਰਾਓ** : https://www.iapt.org.in
(21 ਅਗਸਤ-14 ਸਤੰਬਰ 2026)
ਹੋਰ ਵੇਰਵਿਆਂ ਲਈ ਸੰਪਰਕ ਕਰੋ : https://olympaids.hbcse.tifr.res.in
https://www.iapt.org.in

CBC48143/11/0006/2627

## ਮਾਵਾਂ-ਧੀਆਂ ਸਤਿਕਾਰ ਯੋਜਨਾ ਦੀਆਂ 'ਸਖੀਆਂ' ਦਾ ਰੰਧਾਵਾ ਵੱਲੋਂ ਸਨਮਾਨ



**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਨੂੰ ਸਨਮਾਨ, ਸੁਰੱਖਿਆ ਅਤੇ ਸਸ਼ਕਤੀਕਰਨ ਪ੍ਰਦਾਨ ਕਰਨ ਦੇ ਉਦੇਸ਼ ਨਾਲ ਚਲਾਈ ਜਾ ਰਹੀ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ ਹਲਕਾ ਡੇਰਾਬੱਸੀ ਵਿੱਚ ਵਿਸ਼ੇਸ਼ ਸਮਾਗਮ ਕਰਵਾਇਆ ਗਿਆ।ਇਸ ਮੌਕੇ ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਵੱਲੋਂ ਯੋਜਨਾ ਨਾਲ ਜੁੜੀਆਂ 'ਸਖੀਆਂ' ਦਾ ਸਨਮਾਨ ਕੀਤਾ ਗਿਆ।ਇਸ ਮੌਕੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਜੀਵਨ ਸਫ਼ਰ 'ਤੇ ਆਧਾਰਿਤ ਡਾਕੂਮੈਂਟਰੀ 'ਸੰਤੋਖ ਤੋਂ ਸੰਸਦ ਤੱਕ' ਵੀ ਦਿਖਾਈ ਗਈ। ਡਾਕੂਮੈਂਟਰੀ ਰਾਹੀਂ ਮੁੱਖ ਮੰਤਰੀ ਦੇ ਸੰਘਰਸ਼ਮਈ ਜੀਵਨ, ਲੋਕ ਸੇਵਾ ਅਤੇ ਸੰਸਦ ਤੋਂ ਲੈ ਕੇ ਪੰਜਾਬ ਦੀ ਅਗਵਾਈ ਤੱਕ ਦੇ ਸਫ਼ਰ ਨੂੰ ਦਰਸਾਇਆ ਗਿਆ।ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਕਿ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਮਹਿਲਾਵਾਂ ਨੂੰ ਸਮਾਜ ਵਿੱਚ ਬਣਦਾ ਸਨਮਾਨ ਦਿਵਾਉਣ ਦੇ ਨਾਲ-ਨਾਲ ਉਨ੍ਹਾਂ ਨੂੰ ਆਪਣੇ ਅਧਿਕਾਰਾਂ ਪ੍ਰਤੀ ਜਾਗਰੂਕ ਕਰਨ ਅਤੇ ਆਤਮ-ਨਿਰਭਰ ਬਣਾਉਣ ਵੱਲ ਇੱਕ ਮਹੱਤਵਪੂਰਨ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਯੋਜਨਾ ਨਾਲ ਜੁੜੀਆਂ 'ਸਖੀਆਂ' ਜ਼ਮੀਨੀ ਪੱਧਰ 'ਤੇ ਮਹਿਲਾਵਾਂ ਤੱਕ ਸਰਕਾਰੀ ਭਲਾਈ ਸਕੀਮਾਂ ਅਤੇ ਉਨ੍ਹਾਂ ਦੇ ਅਧਿਕਾਰਾਂ ਦੀ ਜਾਣਕਾਰੀ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾ ਰਹੀਆਂ ਹਨ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਦੀ ਭਲਾਈ ਅਤੇ ਉਨ੍ਹਾਂ ਦੀ ਸਮਾਜਿਕ ਤੇ ਆਰਥਿਕ ਮਜ਼ਬੂਤੀ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਸੂਬਾ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਦਾ ਲਾਭ ਸਮਾਜ ਦੇ ਹਰ ਵਰਗ ਤੱਕ ਪਹੁੰਚਾਉਣ ਲਈ ਸਰਕਾਰ ਵਚਨਬੱਧ ਹੈ।ਵਿਧਾਇਕ ਰੰਧਾਵਾ ਨੇ ਸਨਮਾਨਿਤ 'ਸਖੀਆਂ' ਨੂੰ ਵਧਾਈ ਦਿੰਦਿਆਂ ਕਿਹਾ ਕਿ ਉਹ ਆਪਣੇ ਇਲਾਕੇ ਦੀਆਂ ਹੋਰ ਮਹਿਲਾਵਾਂ ਨੂੰ ਸਰਕਾਰੀ ਭਲਾਈ ਸਕੀਮਾਂ, ਮਹਿਲਾ ਅਧਿਕਾਰਾਂ ਅਤੇ ਆਤਮਨਿਰਭਰਤਾ ਸਬੰਧੀ ਵੱਧ ਤੋਂ ਵੱਧ ਜਾਗਰੂਕ ਕਰਨ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸ੍ਰੀਮਤੀ ਪ੍ਰਭਜੋਤ ਕੌਰ, ਮਹਿਲਾ ਵਿੰਗ ਮਾਲਵਾ ਈਸਟ ਦੀ ਪ੍ਰਧਾਨ ਸਵਰਨਜੀਤ ਕੌਰ, ਜ਼ਿਲ੍ਹਾ ਪ੍ਰਧਾਨ ਕਸ਼ਮੀਰ ਕੌਰ, ਹਲਕਾ ਕੋਆਰਡੀਨੇਟਰ ਕੁਲਦੀਪ ਕੌਰ ਸਮੇਤ ਬਲਾਕ ਕੋਆਰਡੀਨੇਟਰ, ਹਲਕਾ ਸੰਗਠਨ ਇੰਚਾਰਜ, ਮੇਨ ਵਿੰਗ ਦੇ ਬਲਾਕ ਪ੍ਰਧਾਨ ਅਤੇ ਹੋਰ ਪਾਰਟੀ ਆਗੂ ਤੇ ਵਰਕਰ ਹਾਜ਼ਰ ਸਨ।

## ਸਰਕਾਰ ਦੇ ਅਧਿਆਪਕ ਤੇ ਮੁਲਾਜ਼ਮ ਵਰਗ ਪ੍ਰਤੀ ਮਾੜੇ ਵਤੀਰੇ ਦੀ ਸਖ਼ਤ ਨਿੰਦਾ



**ਦੋਰਾਹਾ (ਹਰਮਿੰਦਰ ਸੇਠ)**- 5 ਸਤੰਬਰ ਨੂੰ ਸਮੁੱਚੇ ਭਾਰਤ ਅੰਦਰ ਮਨਾਏ ਜਾਂਦੇ ਅਧਿਆਪਕ ਦਿਵਸ ਦੇ ਮੌਕੇ ਗੌਰਮਿੰਟ ਪੈਨਸ਼ਨਰ ਐਸੋਸੀਏਸ਼ਨ ਦੋਰਾਹਾ ਦੇ ਪ੍ਰਧਾਨ ਦੀ ਪ੍ਰਧਾਨਗੀ ਹੇਠ ਕੀਤੀ ਗਈ ਮੀਟਿੰਗ ਅੰਦਰ ਅਧਿਆਪਕ ਦਿਵਸ ਦੀ ਮਹੱਤਤਾ ਬਾਰੇ ਚਾਨਣ ਪਾਇਆ ਗਿਆ।

ਪਵਨ ਕੁਮਾਰ ਕੌਸ਼ਲ ਨੇ ਪੈਨਸ਼ਨਰਾਂ ਨੂੰ ਇਨ੍ਹਾਂ ਪਾਰਟੀਆਂ ਦੀਆਂ ਸਰਮਾਏਦਾਰ ਪੱਖੀ ਲੋਕ ਮਾਰੂ ਨੀਤੀਆਂ ਅਤੇ ਸਿਆਸਤ ਤੋਂ ਜਾਣੂ ਹੋਣਾ ਚਾਹੀਦਾ ਹੈ।ਗੁਰਦਿਆਲ ਦਲਾਲ ਨੇ ਸਰਕਾਰ ਦੀਆਂ ਡਾਕਟਰੀ ਇਲਾਜ ਪ੍ਰਤੀ ਧੱਕੇ ਭਰੀ ਨੀਤੀਆਂ ਤੋਂ ਸੁਚੇਤ ਰਹਿਣ ਲਈ ਕਿਹਾ।ਆਮ ਆਦਮੀ ਪਾਰਟੀ ਦਾ ਕੋਈ ਵੀ ਨੇਤਾ, ਮੰਤਰੀ, ਐਮ ਐਲ ਏ ਇਨ੍ਹਾਂ ਮੁਹੱਲਾ ਕਲੀਨਕਾਂ ਤੋਂ ਦਵਾਈ ਨਹੀਂ ਲੈਂਦਾ, ਇਹ ਸਾਰੇ ਬਾਹਰਲੇ ਮੁਲਕਾਂ ਨੂੰ ਭਜਦੇ ਹਨ।

ਸਰਕਾਰ ਵੱਲੋਂ ਪੁਲਸ ਨੂੰ ਸ਼ਾਂਤਮਈ ਢੰਗ ਨਾਲ ਆਪਣੀਆਂ ਹੱਕੀ ਮੰਗਾਂ ਮੰਨਾਉਣ ਲਈ ਕੀਤੇ ਜਾ ਰਹੇ ਸੰਘਰਸ਼ ਨੂੰ ਕੁਚਲਣ ਲਈ ਪੁਲਸ ਨੂੰ ਖੁਲਾਸਾ ਕਰ ਕੇ ਸੰਘਰਸ਼ੀਲ ਵਰਗ ਉੱਪਰ ਅੰਨ੍ਹੇਵਾਹ ਤਸ਼ੱਦਦ ਕਰਨ ਦੀ ਦਿੱਤੀ ਖੁੱਲ੍ਹ ਦੀ ਘੋਰ ਨਿਖੇਧੀ ਕੀਤੀ ਗਈ, ਮੁੱਖ ਮੰਤਰੀ ਦੀ ਪਤਨੀ ਵੱਲੋਂ ਇੱਕ ਬਲਾਤਕਾਰ ਕੇਸ ਸੁਲਝਾਉਣ ਲਈ 5 ਕਰੋੜ ਰੁਪਏ ਮੰਗਣ ਤੇ ਮੁੱਖ ਮੰਤਰੀ ਦੀ ਭੈਣ ਵੱਲੋਂ ਹੋਟਲ ਵਾਲਿਆਂ ਅਤੇ ਹੋਰਨਾਂ ਤੋਂ ਤਰਫੇ ਲੈਣ ਦੀ ਹੋ ਰਹੀ ਚਰਚਾ ਦੀ ਉੱਚ ਪੱਧਰੀ ਜਾਂਚ ਦੀ ਮੰਗ ਕੀਤੀ ਅਤੇ ਆਪਣੇ ਹੱਕਾਂ ਲਈ ਸੰਘਰਸ਼ ਕਰ ਰਹੇ ਮੁਲਾਜ਼ਮ, ਪੈਨਸ਼ਨਰਾਂ ਤੇ ਕਿਸਾਨਾਂ ਉੱਪਰ ਪੁਲਸ ਵੱਲੋਂ ਕੀਤੇ ਜਾ ਰਹੇ ਅੰਨ੍ਹੇਵਾਹ ਲਾਠੀਚਾਰਜ ਦੀ ਸਖ਼ਤ ਨਿੰਦਾ ਕੀਤੀ।

ਕਮਲਜੀਤ ਸਿੰਘ, ਕਰਮ ਸਿੰਘ ਜਟਾਣਾ ਤੇ ਪਵਨ ਕੁਮਾਰ ਕੌਸ਼ਲ ਨੇ ਪੈਨਸ਼ਨਰਾਂ ਨੂੰ ਇਨ੍ਹਾਂ ਪਾਰਟੀ ਦੀਆਂ ਲੋਕ ਮਾਰੂ ਨੀਤੀਆਂ ਅਤੇ ਸਿਆਸਤ ਤੋਂ ਜਾਣੂ ਹੋਣਾ ਚਾਹੀਦਾ ਹੈ।ਗੁਰਦਿਆਲ ਦਲਾਲ ਨੇ ਸਰਕਾਰ ਦੀਆਂ ਡਾਕਟਰੀ ਇਲਾਜ ਪ੍ਰਤੀ ਧੱਕੇ ਭਰੀ ਨੀਤੀਆਂ ਤੋਂ ਸੁਚੇਤ ਰਹਿਣ ਲਈ ਕਿਹਾ।

## ਖੂਨਦਾਨ ਕੈਂਪ 'ਚ 300 ਯੂਨਿਟ ਖੂਨ ਇਕੱਤਰ



**ਜ਼ੀਰਕਪੁਰ (ਜਤਿੰਦਰ ਕੁਮਾਰ)**- ਸ੍ਰੀ ਓਂਕਾਰ ਦਾਸ ਮਿੱਤਲ ਚੈਰੀਟੇਬਲ ਟਰੱਸਟ ਵੱਲੋਂ ਜ਼ੀਰਕਪੁਰ-ਪੰਚਕੂਲਾ ਸੜਕ 'ਤੇ ਅਸ਼ੋਕ ਮਿੱਤਲ ਦੀ ਨਿੱਘੀ ਯਾਦ ਨੂੰ ਸਮਰਪਿਤ ਨੌਵਾਂ ਖੂਨਦਾਨ ਕੈਂਪ ਲਗਾਇਆ ਗਿਆ। ਕੈਂਪ ਦੌਰਾਨ ਖੂਨਦਾਨੀਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ ਅਤੇ ਕਰੀਬ 375 ਵਿਅਕਤੀਆਂ ਨੇ ਖੂਨਦਾਨ ਲਈ ਆਪਣੀ ਰਜਿਸਟਰੇਸ਼ਨ ਕਰਵਾਈ। ਡਾਕਟਰੀ ਜਾਂਚ ਅਤੇ ਲੋੜੀਂਦੀ ਪ੍ਰਕਿਰਿਆ ਪੂਰੀ ਹੋਣ ਤੋਂ ਬਾਅਦ 300 ਖੂਨਦਾਨੀਆਂ ਤੋਂ ਖੂਨ ਇਕੱਤਰ ਕੀਤਾ ਗਿਆ। ਖੂਨ ਇਕੱਤਰ ਕਰਨ ਲਈ ਪੀ ਜੀ ਆਈ ਚੰਡੀਗੜ੍ਹ, ਹੋਮੀ ਭਾਬਾ ਕੈਂਸਰ ਹਸਪਤਾਲ ਅਤੇ ਸਰਕਾਰੀ ਮੈਡੀਕਲ ਕਾਲਜ ਤੇ ਹਸਪਤਾਲ ਸੈਕਟਰ-32 ਚੰਡੀਗੜ੍ਹ ਦੀਆਂ ਮੈਡੀਕਲ ਟੀਮਾਂ ਨੇ ਸੇਵਾਵਾਂ ਨਿਭਾਈਆਂ। ਮੈਡੀਕਲ ਟੀਮਾਂ ਵੱਲੋਂ ਖੂਨਦਾਨ ਤੋਂ ਪਹਿਲਾਂ ਦਾਨੀਆਂ ਦੀ ਸਿਹਤ ਜਾਂਚ ਕੀਤੀ ਗਈ ਅਤੇ ਉਨ੍ਹਾਂ ਨੂੰ ਲੋੜੀਂਦੀਆਂ ਸਾਵਧਾਨੀਆਂ ਬਾਰੇ ਵੀ ਜਾਣਕਾਰੀ ਦਿੱਤੀ ਗਈ। ਇਸ ਮੌਕੇ ਸੁਭਾਸ਼ ਗੁਪਤਾ ਨੇ ਦੱਸਿਆ ਕਿ ਟਰੱਸਟ ਵੱਲੋਂ ਲਗਾਤਾਰ ਖੂਨਦਾਨ ਕੈਂਪ ਲਗਾਏ ਜਾ ਰਹੇ ਹਨ ਅਤੇ ਹਰ ਵਾਰ ਲੋਕਾਂ ਵੱਲੋਂ ਭਰਪੂਰ ਸਹਿਯੋਗ ਮਿਲਦਾ ਹੈ। ਉਨ੍ਹਾਂ ਕਿਹਾ ਕਿ ਖੂਨਦਾਨ ਮਨੁੱਖਤਾ ਦੀ ਵੱਡੀ ਸੇਵਾ ਹੈ ਅਤੇ ਲੋੜਵੰਦ ਮਰੀਜ਼ਾਂ ਲਈ ਇੱਕ ਯੂਨਿਟ ਖੂਨ ਵੀ ਜੀਵਨਦਾਨ ਸਾਬਤ ਹੋ ਸਕਦਾ ਹੈ। ਉਨ੍ਹਾਂ ਖੂਨਦਾਨੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਕੈਂਪ ਸਮਾਜ ਵਿੱਚ ਸੇਵਾ ਅਤੇ ਜ਼ਿੰਮੇਵਾਰੀ ਦੀ ਭਾਵਨਾ ਨੂੰ ਮਜ਼ਬੂਤ ਕਰਦੇ ਹਨ। ਕੈਂਪ ਦੇ ਅੰਤ ਵਿੱਚ ਪ੍ਰਬੰਧਕਾਂ ਵੱਲੋਂ ਖੂਨਦਾਨੀਆਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।

ਟਰੱਸਟ ਦੇ ਅਹੁਦੇਦਾਰਾਂ ਨੇ ਕਿਹਾ ਕਿ ਭਵਿੱਖ ਵਿੱਚ ਵੀ ਅਜਿਹੇ ਸਮਾਜ ਸੇਵੀ ਉਪਰਾਲੇ ਜਾਰੀ ਰੱਖੇ ਜਾਣਗੇ। 375 ਰਜਿਸਟਰੇਸ਼ਨਾਂ ਵਿੱਚੋਂ 300 ਯੂਨਿਟ ਖੂਨ ਇਕੱਤਰ ਹੋਣਾ ਕੈਂਪ ਦੀ ਸਫਲਤਾ ਦਾ ਮੁੱਖ ਪੱਖ ਰਿਹਾ, ਜਦਕਿ ਵੱਡੀ ਗਿਣਤੀ ਵਿੱਚ ਲੋਕਾਂ ਦੀ ਭਾਗੀਦਾਰੀ ਨੇ ਖੂਨਦਾਨ ਪ੍ਰਤੀ ਵਧ ਰਹੀ ਜਾਗਰੂਕਤਾ ਨੂੰ ਵੀ ਉਜਾਗਰ ਕੀਤਾ।

## ਨੰਦ ਉਤਸਵ ਸਮਾਗਮ 'ਚ ਪਹੁੰਚੇ ਬਚਿੱਤਰ ਸਿੰਘ ਕੋਹਾੜ



**ਲੋਹੀਆਂ ਖਾਸ (ਯੋਗੇਸ਼ਵਰ)**- ਸ਼੍ਰੀ ਸ਼ਾਂਤੀ ਗਿਰੀ ਜੀ ਗੋਕੁਲ ਗੋਧਾਮ ਗਊਸ਼ਾਲਾ, ਲੋਹੀਆਂ ਖਾਸ ਵਿਖੇ ਕਰਵਾਏ ਗਏ ਸ੍ਰੀ ਨੰਦਉਤਸਵ ਸਮਾਗਮ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਸ਼ਾਹਕੋਟ ਹਲਕਾ ਇੰਚਾਰਜ ਬਚਿੱਤਰ ਸਿੰਘ ਕੋਹਾੜ ਆਪਣੇ ਸਾਥੀਆਂ ਸਮੇਤ ਵਿਸ਼ੇਸ਼ ਤੌਰ 'ਤੇ ਪਹੁੰਚੇ ਅਤੇ ਸਮਾਗਮ ਵਿੱਚ ਆਪਣੀ ਹਾਜ਼ਰੀ ਲਗਵਾਈ। ਇਸ ਮੌਕੇ ਉਨ੍ਹਾਂ ਨੇ ਭਗਵਾਨ ਕ੍ਰਿਸ਼ਨ ਦੇ ਚਰਨਾਂ ਵਿੱਚ ਨਤਮਸਤਕ ਹੋ ਕੇ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਬਚਿੱਤਰ ਸਿੰਘ ਕੋਹਾੜ ਨੇ ਪ੍ਰਾਚੀਨ ਸ਼ਿਵ ਮੰਦਰ ਲੋਹੀਆਂ ਖਾਸ ਦੇ ਮਹੰਤ ਸ੍ਰੀ ਜੈਰਾਮ ਗਿਰੀ ਤੋਂ ਵੀ ਆਸ਼ੀਰਵਾਦ ਪ੍ਰਾਪਤ ਕੀਤਾ। ਸਮਾਗਮ ਦੌਰਾਨ ਉਨ੍ਹਾਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸ਼ਹਿਰੀ ਪ੍ਰਧਾਨ ਕੁਲਵੰਤ ਰਾਏ ਸ਼ਰਮਾ, ਵਿਸ਼ਾਲ ਸ਼ਰਮਾ, ਡਾ. ਨਿਰਮਲ ਸਿੰਘ ਨੋਦੀ, ਅੰਕੁਸ਼ ਖੈੜਾ ਤੇ ਯੋਗੇਸ਼ਵਰ ਵੀ ਉਨ੍ਹਾਂ ਦੇ ਨਾਲ ਮੌਜੂਦ ਸਨ।

## ਵਿਦਿਆਰਥੀਆਂ ਨੇ ਹਾਈਡ੍ਰੋਪੋਨਿਕਸ ਰਾਹੀਂ ਖੇਤੀ ਦਾ ਭਵਿੱਖ ਜਾਣਿਆ

**ਜਲੰਧਰ (ਸ਼ੈਲੀ ਐਲਬਰਟ)**- ਵਿਦਿਆਰਥੀਆਂ ਨੂੰ ਅਨੁਭਵਾਤਮਕ ਅਤੇ ਭਵਿੱਖਮੁਖੀ ਸਿੱਖਿਆ ਪ੍ਰਦਾਨ ਕਰਨ ਦੇ ਉਦੇਸ਼ ਨਾਲ ਸੀ ਟੀ ਪਬਲਿਕ ਸਕੂਲ ਵੱਲੋਂ ਅੱਠਵੀਂ, ਨੌਵੀਂ ਅਤੇ ਦਸਵੀਂ ਜਮਾਤ ਦੇ ਵਿਦਿਆਰਥੀਆਂ ਲਈ



ਹਾਈਡ੍ਰੋਪੋਨਿਕਸ ਗਤੀਵਿਧੀ ਕਰਵਾਈ ਗਈ। ਇਸ ਗਤੀਵਿਧੀ ਰਾਹੀਂ ਵਿਦਿਆਰਥੀਆਂ ਨੂੰ ਰਵਾਇਤੀ ਖੇਤੀ ਤੋਂ ਇਲਾਵਾ ਆਧੁਨਿਕ, ਤਕਨਾਲੋਜੀ-ਆਧਾਰਿਤ ਅਤੇ ਟਿਕਾਊ ਖੇਤੀ ਪ੍ਰਣਾਲੀ ਨੂੰ ਵਿਹਾਰਕ ਤੌਰ 'ਤੇ ਸਮਝਣ ਦਾ ਮੌਕਾ ਮਿਲਿਆ।ਇਹ ਗਤੀਵਿਧੀ ਵਿਗਿਆਨ ਵਿਭਾਗ ਦੇ ਮੁਖੀ ਭਰਤ ਦੀ ਯੋਗ ਅਗਵਾਈ ਹੇਠ ਕਰਵਾਈ ਗਈ, ਜਦਕਿ ਸੀ ਟੀ ਗਰੁੱਪ ਦੇ ਸ਼ਾਹਪੁਰ ਕੈਂਪਸ ਤੋਂ ਨਿਤਿਕਾ ਸੈਣੀ ਅਤੇ ਕੀਰਤੀ ਨੇ ਵਿਦਿਆਰਥੀਆਂ ਨੂੰ ਹਾਈਡ੍ਰੋਪੋਨਿਕਸ ਤਕਨੀਕ ਸੰਬੰਧੀ ਜਾਣਕਾਰੀ ਦਿੱਤੀ। ਸ਼ਾਹਪੁਰ ਕੈਂਪਸ ਵਿਖੇ ਹਾਈਡ੍ਰੋਪੋਨਿਕਸ ਲਈ ਵਿਸ਼ੇਸ਼ ਵਿਭਾਗ ਵੀ ਕਾਰਜਸ਼ੀਲ ਹੈ।ਸੈਸ਼ਨ ਦੌਰਾਨ ਵਿਦਿਆਰਥੀਆਂ ਨੇ ਮਿੱਟੀ ਰਹਿਤ ਖੇਤੀ, ਪੌਸ਼ਕ ਤੱਤਾਂ ਨਾਲ ਭਰਪੂਰ ਪਾਣੀ, ਪਾਣੀ ਦੀ ਬਚਤ, ਨਿਯੰਤਰਿਤ ਹਾਲਾਤਾਂ ਵਿੱਚ ਪੌਦਿਆਂ ਦੇ ਵਿਕਾਸ ਅਤੇ ਆਧੁਨਿਕ ਖੇਤੀ ਵਿੱਚ ਤਕਨਾਲੋਜੀ ਦੀ ਭੂਮਿਕਾ ਬਾਰੇ ਜਾਣਕਾਰੀ ਹਾਸਲ ਕੀਤੀ। ਵਿਹਾਰਕ ਪ੍ਰਦਰਸ਼ਨ ਰਾਹੀਂ ਉਨ੍ਹਾਂ ਨੇ ਪੌਦਿਆਂ ਦੀ ਪੋਸ਼ਣ ਪ੍ਰਕਿਰਿਆ, ਪ੍ਰਕਾਸ਼ ਸੰਸ਼ਲੇਸ਼ਣ, ਪਾਣੀ ਦੀ ਸੰਭਾਲ ਅਤੇ ਪਰਿਆਵਰਣ ਪ੍ਰਣਾਲੀ ਵਰਗੇ ਵਿਗਿਆਨਕ ਸੰਕਲਪਾਂ ਨੂੰ ਅਸਲ ਜੀਵਨ ਨਾਲ ਜੋੜਿਆ।ਹਾਈਡ੍ਰੋਪੋਨਿਕਸ ਵਰਗੀ ਤਕਨੀਕ ਘੱਟ ਜਗ੍ਹਾ ਅਤੇ ਸੀਮਤ ਪਾਣੀ ਦੇ ਸਰੋਤਾਂ ਵਿੱਚ ਖੇਤੀ ਨੂੰ ਸੰਭਵ ਬਣਾਉਣ ਦੇ ਨਾਲ ਟਿਕਾਊ ਖੁਰਾਕ ਉਤਪਾਦਨ ਵੱਲ ਵੀ ਮਹੱਤਵਪੂਰਨ ਯੋਗਦਾਨ ਪਾ ਸਕਦੀ ਹੈ। ਅੱਠਵੀਂ ਜਮਾਤ ਦੇ ਵਿਦਿਆਰਥੀਆਂ ਲਈ ਇਹ ਗਤੀਵਿਧੀ ਵਿਸ਼ੇਸ਼ ਮਹੱਤਵ ਰੱਖਦੀ ਹੈ, ਕਿਉਂਕਿ ਇਹ ਸਕੂਲ ਵੱਲੋਂ ਕਰਵਾਏ ਜਾ ਰਹੇ ਕੌਸ਼ਲ ਬੋਰਡ ਪ੍ਰੋਜੈਕਟ ਦਾ ਹਿੱਸਾ ਹੈ। ਇਸ ਪ੍ਰੋਜੈਕਟ ਦਾ ਉਦੇਸ਼ ਵਿਦਿਆਰਥੀਆਂ ਵਿੱਚ ਵਿਹਾਰਕ ਹੁਨਰ, ਰਚਨਾਤਮਕ ਸੋਚ, ਆਲੋਚਨਾਤਮਕ ਚਿੰਤਨ ਅਤੇ ਅਸਲ ਜੀਵਨ ਵਿੱਚ ਗਿਆਨ ਦੀ ਵਰਤੋਂ ਕਰਨ ਦੀ ਯੋਗਤਾ ਵਿਕਸਿਤ ਕਰਨਾ ਹੈ।

## ਅਧਿਆਪਕ ਦਿਵਸ ਉਤਸ਼ਾਹ ਨਾਲ ਮਨਾਇਆ



**ਲੋਹੀਆਂ ਖਾਸ (ਯੋਗੇਸ਼ਵਰ, ਰੀਨਾ ਸ਼ਰਮਾ)** ਫੁਲਵਾੜੀ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਅਧਿਆਪਕ ਦਿਵਸ ਬੜੇ ਹੀ ਉਤਸ਼ਾਹ, ਸਨਮਾਨ ਅਤੇ ਖੁਸ਼ੀ ਨਾਲ ਮਨਾਇਆ ਗਿਆ। ਇਹ ਦਿਨ ਮਹਾਨ ਸਿੱਖਿਆ ਸ਼ਾਸਤਰੀ, ਦਾਰਸ਼ਨਿਕ ਅਤੇ ਭਾਰਤ ਦੇ ਸਾਬਕਾ ਰਾਸ਼ਟਰਪਤੀ ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਦੀ ਜਨਮ ਜਯੰਤੀ ਨੂੰ ਸਮਰਪਤ ਹੈ।

ਭਾਰਤ ਵਿੱਚ ਹਰ ਸਾਲ 5 ਸਤੰਬਰ ਨੂੰ ਅਧਿਆਪਕ ਦਿਵਸ ਵਜੋਂ ਮਨਾਇਆ ਜਾਂਦਾ ਹੈ। ਸਮਾਰੋਹ ਦੀ ਸ਼ੁਰੂਆਤ ਅਧਿਆਪਕਾਂ ਪ੍ਰਤੀ ਸਤਿਕਾਰ ਅਤੇ ਕ੍ਰਿਤਜਤਾ ਪ੍ਰਗਟ ਕਰਦਿਆਂ ਕੀਤੀ ਗਈ। ਵਿਦਿਆਰਥੀਆਂ ਵੱਲੋਂ ਆਪਣੇ ਅਧਿਆਪਕਾਂ ਨੂੰ ਪਿਆਰ ਅਤੇ ਸਨਮਾਨ ਭੇਟ ਕਰਦੇ ਹੋਏ ਸੁੰਦਰ ਗ੍ਰੀਟਿੰਗ ਕਾਰਡ, ਫੁੱਲ ਅਤੇ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।ਇਸ ਮੌਕੇ ਵਿਦਿਆਰਥੀਆਂ ਨੇ ਅਧਿਆਪਕਾਂ ਦੇ ਸਨਮਾਨ ਵਿੱਚ ਗੀਤ, ਨਾਚ, ਭਾਸ਼ਣ, ਕਵਿਤਾਵਾਂ ਅਤੇ ਸੱਭਿਆਚਾਰਕ ਪੇਸ਼ਕਾਰੀਆਂ ਪੇਸ਼ ਕਰਕੇ ਸਮਾਰੋਹ ਨੂੰ ਯਾਦਗਾਰ ਬਣਾਇਆ।

ਵਿਦਿਆਰਥੀਆਂ ਵੱਲੋਂ ਅਧਿਆਪਕਾਂ ਦੀ ਭੂਮਿਕਾ ਨੂੰ ਦਰਸਾਉਂਦੀਆਂ ਵੱਖ-ਵੱਖ ਗਤੀਵਿਧੀਆਂ ਵੀ ਕਰਵਾਈਆਂ ਗਈਆਂ।ਸਕੂਲ ਦੀ ਮੈਨੇਜਮੈਂਟ ਕਮੇਟੀ ਵੱਲੋਂ ਸਮੂਹ ਅਧਿਆਪਕਾਂ ਨੂੰ ਅਧਿਆਪਕ ਦਿਵਸ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ ਅਤੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਨੂੰ ਨਿਰਮਾਣ ਕਰਨ ਵਿੱਚ ਅਧਿਆਪਕਾਂ ਦੀ ਮਹੱਤਵਪੂਰਨ ਭੂਮਿਕਾ ਦੀ ਸ਼ਲਾਘਾ ਕੀਤੀ ਗਈ।ਸਕੂਲ ਦੀ ਪ੍ਰਿੰਸੀਪਲ ਹਰਪ੍ਰੀਤ ਕੌਰ ਨੇ ਸਮੂਹ ਅਧਿਆਪਕਾਂ ਨੂੰ ਅਧਿਆਪਕ ਦਿਵਸ ਦੀਆਂ ਹਾਰਦਿਕ ਵਧਾਈਆਂ ਦਿੰਦਿਆਂ ਕਿਹਾ ਕਿ ਅਧਿਆਪਕ ਸਿਰਫ਼ ਗਿਆਨ ਹੀ ਨਹੀਂ ਦਿੰਦੇ, ਸਗੋਂ ਵਿਦਿਆਰਥੀਆਂ ਦੇ ਚਰਿੱਤਰ, ਸੋਚ ਅਤੇ ਭਵਿੱਖ ਨੂੰ ਵੀ ਆਕਾਰ ਦਿੰਦੇ ਹਨ। ਉਨ੍ਹਾਂ ਨੇ ਅਧਿਆਪਕਾਂ ਨੂੰ ਆਪਣੇ ਫਰਜ਼ ਨੂੰ ਸਮਰਪਣ, ਪਿਆਰ ਅਤੇ ਨਵੀਆਂ ਸਿੱਖਿਆ ਤਕਨੀਕਾਂ ਨਾਲ ਨਿਭਾਉਣ ਲਈ ਪ੍ਰੇਰਿਤ ਕੀਤਾ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਵੀ ਅਧਿਆਪਕਾਂ ਨੂੰ ਗਿਆਨ, ਮਾਰਗਦਰਸ਼ਨ, ਚਰਿੱਤਰ ਨਿਰਮਾਣ ਅਤੇ ਵਿਦਿਆਰਥੀਆਂ ਵਿੱਚ ਜਿਗਿਆਸਾ ਪੈਦਾ ਕਰਨ ਵਾਲੀ ਮਹੱਤਵਪੂਰਨ ਤਾਕਤ ਵਜੋਂ ਰੇਖਾਂਕਿਤ ਕੀਤਾ ਹੈ।

ਅੰਤ ਵਿੱਚ ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਨੇ ਇਸ ਦਿਨ ਨੂੰ ਖੁਸ਼ੀ ਅਤੇ ਯਾਦਗਾਰ ਪਲਾਂ ਨਾਲ ਮਨਾਇਆ। ਸਮਾਰੋਹ ਨੇ ਅਧਿਆਪਕਾਂ ਅਤੇ ਵਿਦਿਆਰਥੀਆਂ ਵਿਚਕਾਰ ਪਿਆਰ, ਸਤਿਕਾਰ ਅਤੇ ਵਿਸ਼ਵਾਸ ਦੇ ਰਿਸ਼ਤੇ ਨੂੰ ਹੋਰ ਮਜ਼ਬੂਤ ਕੀਤਾ।

## ਸੜਕ ਹਾਦਸੇ 'ਚ ਜ਼ਖ਼ਮੀ ਵਿਅਕਤੀ ਦੀ ਮੌਤ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਡੇਰਾਬੱਸੀ-ਪੰਜਗ੍ਰਾਮੀ ਸੜਕ 'ਤੇ ਪਿੰਡ ਧਨੌਨੀ ਨੇੜੇ ਮੋੜ 'ਤੇ ਪੰਜ ਦਿਨ ਪਹਿਲਾਂ ਬੁਲੇਟ ਮੋਟਰਸਾਈਕਲ ਅਤੇ ਆਲਟੋ ਕਾਰ



ਵਿਚਾਲੇ ਹੋਈ ਆਹਮੋ-ਸਾਹਮਣੀ ਟੱਕਰ 'ਚ ਗੰਭੀਰ ਰੂਪ 'ਚ ਜ਼ਖ਼ਮੀ ਹੋਏ 25 ਸਾਲਾ ਨੌਜਵਾਨ ਗੁਰਮੀਤ ਸਿੰਘ ਦੀ ਮੌਤ ਹੋ ਗਈ। ਹਾਦਸੇ ਵਿੱਚ ਗੰਭੀਰ ਸੱਟਾਂ ਲੱਗਣ ਤੋਂ ਬਾਅਦ ਉਸ ਦਾ ਚੰਡੀਗੜ੍ਹ ਦੇ ਸੈਕਟਰ-32 ਹਸਪਤਾਲ ਵਿੱਚ ਇਲਾਜ ਚੱਲ ਰਿਹਾ ਸੀ। ਸ਼ੁੱਕਰਵਾਰ ਦੇਰ ਸ਼ਾਮ ਹਸਪਤਾਲ ਤੋਂ ਛੁੱਟੀ ਮਿਲਣ ਤੋਂ ਬਾਅਦ ਉਹ ਆਪਣੇ ਪਿੰਡ ਮਹਿਮਦਪੁਰ ਸਥਿਤ ਘਰ ਪਹੁੰਚਿਆ, ਪਰ ਲਗਭਗ ਅੱਧੇ ਘੰਟੇ ਬਾਅਦ ਹੀ ਉਸ ਦੀ ਤਬੀਅਤ ਦੁਬਾਰਾ ਵਿਗੜ ਗਈ। ਪਰਵਾਰਕ ਮੈਂਬਰ ਉਸ ਨੂੰ ਤੁਰੰਤ ਡੇਰਾਬੱਸੀ ਸਿਵਲ ਹਸਪਤਾਲ ਲੈ ਕੇ ਪਹੁੰਚੇ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ।ਮ੍ਰਿਤਕ ਦੀ ਪਛਾਣ ਗੁਰਮੀਤ ਸਿੰਘ ਪੁੱਤਰ ਸੁਰਿੰਦਰ ਸਿੰਘ ਵਾਸੀ ਮਹਿਮਦਪੁਰ ਡੇਰਾਬੱਸੀ ਵਜੋਂ ਹੋਈ ਹੈ। ਸ਼ਨੀਵਾਰ ਨੂੰ ਪੁਲਿਸ ਦੀ ਮੌਜੂਦਗੀ ਵਿੱਚ ਲਾਸ਼ ਦਾ ਪੋਸਟਮਾਰਟਮ ਕਰਵਾਉਣ ਤੋਂ ਬਾਅਦ ਪਰਵਾਰ ਵਾਲਿਆਂ ਨੇ ਉਸ ਦਾ ਅੰਤਿਮ ਸੰਸਕਾਰ ਕਰ ਦਿੱਤਾ।ਪੁਲਸ ਨੇ ਮਾਮਲਾ ਦਰਜ ਕਰਕੇ ਪੋਸਟਮਾਰਟਮ ਤੋਂ ਬਾਅਦ ਲਾਸ਼ ਵਾਰਸਾਂ ਹਵਾਲੇ ਕਰ ਦਿੱਤੀ ਹੈ।

## ਦਾਊਦ, ਦੁਸਾਂਝ ਤੇ ਸਮਰਾ ਦੇ ਸਦੀਵੀ ਵਿਛੋੜੇ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ




**ਗੁਰਾਇਆ (ਬਿੰਦਰ ਸੁਮਨ)**- ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਜ਼ਿਲ੍ਹਾ ਜਲੰਧਰ ਦੀ ਮੀਟਿੰਗ ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਸਾਥੀ ਪੁਸ਼ਪਿੰਦਰ ਕੁਮਾਰ ਵਿਰਦੀ ਦੀ ਪ੍ਰਧਾਨਗੀ ਹੇਠ ਗੁਰਾਇਆ ਵਿਖੇ ਕੀਤੀ ਗਈ। ਮੀਟਿੰਗ ਦੇ ਫੈਸਲੇ ਪ੍ਰੈਸ ਨੂੰ ਜਾਰੀ ਕਰਦਿਆਂ ਜ਼ਿਲ੍ਹਾ ਸਕੱਤਰ ਮਨੋਜ ਕੁਮਾਰ ਸਰੋਏ ਨੇ ਦੱਸਿਆ ਕਿ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਦੀ ਕੇਂਦਰੀ ਕਮੇਟੀ ਦੇ ਮੈਂਬਰ ਅਤੇ ਦਿਹਾਤੀ ਮਜ਼ਦੂਰ ਸਭਾ ਦੇ ਸੂਬਾ ਜਨ ਸਕੱਤਰ ਸਾਥੀ ਗੁਰਨਾਮ ਸਿੰਘ ਦਾਊਦ, ਅਗਾਂਹਵਧੂ ਕਿਸਾਨ ਮਹਿੰਦਰ ਸਿੰਘ ਦੁਸਾਂਝ ਅਤੇ ਦੇਸ਼ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਸਾਥੀ ਅਜਮੇਰ ਸਿੰਘ ਸਮਰਾ ਦੇ ਸਦੀਵੀ ਵਿਛੋੜੇ ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ।ਮੀਟਿੰਗ ਵਿੱਚ ਸਾਂਝੇ ਮੁਲਾਜ਼ਮ ਮੰਚ ਦੇ ਆਗੂ ਸੁਖਚੈਨ ਸਿੰਘ ਖਹਿਰਾ ਦੀ ਸਰਕਾਰ ਵੱਲੋਂ ਬਦਲੇ ਦੀ ਭਾਵਨਾ ਨਾਲ ਕੀਤੀ ਗਈ ਬਦਲੀ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ। ਮੀਟਿੰਗ ਵਿੱਚ ਸਾਂਝੀ ਤਾਲਮੇਲ ਕਮੇਟੀ ਵੱਲੋਂ ਬਣਾਏ ਗਏ ਪ੍ਰੋਗਰਾਮਾਂ ਨੂੰ ਪੂਰੀ ਸ਼ਿੱਦਤ ਨਾਲ ਲਾਗੂ ਕਰਨ ਦਾ ਫੈਸਲਾ ਕੀਤਾ ਗਿਆ। ਮੀਟਿੰਗ ਵਿੱਚ ਇਸਤਰੀ ਮੁਲਾਜ਼ਮ ਤਾਲਮੇਲ ਕਮੇਟੀ ਦੀ 2 ਅਕਤੂਬਰ 2026 ਨੂੰ ਜਲੰਧਰ ਵਿਖੇ ਹੋ ਰਹੀ ਜਥੇਬੰਦਕ ਕਾਨਫਰੰਸ ਨੂੰ ਕਾਮਯਾਬ ਕਰਨ ਦਾ ਵੀ ਫੈਸਲਾ ਕੀਤਾ ਗਿਆ। ਮੀਟਿੰਗ ਵਿੱਚ ਪ ਸ ਸ ਫ ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ।ਇਸ ਮੌਕੇ 'ਤੇ ਹੋਰਨਾਂ ਤੋਂ ਇਲਾਵਾ ਕੁਲਵੰਤ ਰਾਮ ਰੁੜਕਾ, ਬਲਵੀਰ ਸਿੰਘ ਗੁਰਾਇਆ, ਸੁਖਵਿੰਦਰ ਰਾਮ, ਸੰਦੀਪ ਰਾਜੋਵਾਲ, ਕਰਮਜੀਤ ਸੋਨੂ, ਤਾਰਾ ਸਿੰਘ ਬੀਕਾ, ਬਲਵਿੰਦਰ ਕੁਮਾਰ, ਅਕਲ ਚੰਦ ਸਿੰਘ, ਨਿਰਮੋਲਕ ਸਿੰਘ ਹੀਰਾ, ਰਤਨ ਸਿੰਘ, ਕੁਲਦੀਪ ਸਿੰਘ ਕੌੜਾ ਆਦਿ ਸਾਥੀ ਹਾਜ਼ਰ ਹੋਏ।

## ਸਾਬਕਾ ਕੌਂਸਲਰ ਰੇਣੂ ਪਵਨ ਨਹਿਰੂ ਸਨਮਾਨਤ

**ਜ਼ੀਰਕਪੁਰ (ਜਤਿੰਦਰ ਕੁਮਾਰ)**- ਜ਼ਿਲ੍ਹਾ ਮੋਹਾਲੀ ਸਥਿਤ ਮਾਤਾ-ਪਿਤਾ ਗਊਸ਼ਾਲਾ ਵਿਖੇ ਐਤਵਾਰ ਨੂੰ ਕਰਵਾਏ ਗਏ ਸਮਾਗਮ ਦੌਰਾਨ ਸਾਬਕਾ ਨਗਰ ਪਾਰਸ਼ਦ ਅਤੇ ਮੌਜੂਦਾ ਜ਼ਿਲ੍ਹਾ ਮੋਹਾਲੀ ਵਾਈਸ ਪ੍ਰਧਾਨ ਰੇਣੂ ਪਵਨ ਨਹਿਰੂ ਨੂੰ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ।



ਇਸ ਮੌਕੇ ਸੰਸਦ ਮੈਂਬਰ ਡਾ. ਧਰਮਵੀਰ ਗਾਂਧੀ ਨੇ ਉਨ੍ਹਾਂ ਨੂੰ ਸਨਮਾਨ ਚਿੰਨ੍ਹ ਭੇਟ ਕੀਤਾ। ਸਮਾਗਮ ਵਿੱਚ ਮਾਤਾ-ਪਿਤਾ ਗਊਸ਼ਾਲਾ ਮੰਦਰ ਦੇ ਸੰਸਥਾਪਕ ਸਿੰਗਲਾ, ਗੋਇਲ ਸਮੇਤ ਵੱਖ-ਵੱਖ ਖੇਤਰਾਂ ਨਾਲ ਸਬੰਧਤ ਪਤਵੰਤੇ ਵਿਅਕਤੀ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਸਮਾਗਮ ਦੌਰਾਨ ਗਊ ਸੇਵਾ ਦੇ ਨਾਲ-ਨਾਲ ਸਮਾਜ ਸੇਵਾ ਅਤੇ ਮਨੁੱਖਤਾ ਦੀ ਸੇਵਾ ਦੇ ਮਹੱਤਵ 'ਤੇ ਚਰਚਾ ਕੀਤੀ ਗਈ। ਬੁਲਾਰਿਆਂ ਨੇ ਕਿਹਾ ਕਿ ਗਊਸ਼ਾਲਾਵਾਂ ਗੋਵੰਸ਼ ਦੀ ਸੰਭਾਲ ਅਤੇ ਸੁਰੱਖਿਆ ਦੇ ਨਾਲ ਸਮਾਜ ਵਿੱਚ ਸੇਵਾ, ਦਇਆ ਅਤੇ ਸਹਿਯੋਗ ਦੀ ਭਾਵਨਾ ਨੂੰ ਮਜ਼ਬੂਤ ਕਰਨ ਵਿੱਚ ਵੀ ਅਹਿਮ ਭੂਮਿਕਾ ਨਿਭਾ ਰਹੀਆਂ ਹਨ। ਸਮਾਜ ਦੇ ਵੱਖ-ਵੱਖ ਵਰਗਾਂ ਨੂੰ ਅਜਿਹੇ ਸੇਵਾ ਕਾਰਜਾਂ ਨਾਲ ਜੋੜਨ ਲਈ ਸਾਂਝੇ ਯਤਨਾਂ ਦੀ ਲੋੜ ਹੈ। ਅਜਿਹੇ ਸਮਾਗਮ ਸਮਾਜ ਸੇਵਾ ਨਾਲ ਜੁੜੇ ਲੋਕਾਂ ਦਾ ਹੌਸਲਾ ਵਧਾਉਣ ਦੇ ਨਾਲ ਹੋਰਨਾਂ ਨੂੰ ਵੀ ਸੇਵਾ ਕਾਰਜਾਂ ਵਿੱਚ ਅੱਗੇ ਆਉਣ ਲਈ ਪ੍ਰੇਰਿਤ ਕਰਦੇ ਹਨ। ਇਸ ਮੌਕੇ ਸੰਸਦ ਮੈਂਬਰ ਡਾ. ਧਰਮਵੀਰ ਗਾਂਧੀ ਨੇ ਗਊਸ਼ਾਲਾ ਵੱਲੋਂ ਕੀਤੇ ਜਾ ਰਹੇ ਸੇਵਾ ਕਾਰਜਾਂ ਦੀ ਸ਼ਲਾਘਾ ਕੀਤੀ। ਸਮਾਗਮ ਵਿੱਚ ਮੌਜੂਦ ਪਤਵੰਤਿਆਂ ਨੇ ਵੀ ਗਊ ਸੇਵਾ ਅਤੇ ਸਮਾਜਿਕ ਕਾਰਜਾਂ ਨੂੰ ਅੱਗੇ ਵਧਾਉਣ ਲਈ ਆਪਸੀ ਸਹਿਯੋਗ 'ਤੇ ਜ਼ੋਰ ਦਿੱਤਾ। ਸਨਮਾਨ ਪ੍ਰਾਪਤ ਕਰਨ ਉਪਰੰਤ ਰੇਣੂ ਪਵਨ ਨਹਿਰੂ ਨੇ ਸੰਸਦ ਮੈਂਬਰ ਡਾ. ਧਰਮਵੀਰ ਗਾਂਧੀ, ਗਊਸ਼ਾਲਾ ਦੇ ਸੰਸਥਾਪਕਾਂ ਅਤੇ ਸਮਾਗਮ ਵਿੱਚ ਮੌਜੂਦ ਸਮੂਹ ਪਤਵੰਤਿਆਂ ਦਾ ਧੰਨਵਾਦ ਕੀਤਾ।

ਉਨ੍ਹਾਂ ਕਿਹਾ ਕਿ ਗਊ ਸੇਵਾ, ਸਮਾਜ ਸੇਵਾ ਅਤੇ ਮਨੁੱਖਤਾ ਦੀ ਸੇਵਾ ਨਾਲ ਜੁੜਨਾ ਉਨ੍ਹਾਂ ਲਈ ਮਾਣ ਅਤੇ ਸੁਭਾਗ ਦੀ ਗੱਲ ਹੈ। ਉਨ੍ਹਾਂ ਕਿਹਾ ਕਿ ਲੋੜਵੰਦਾਂ ਅਤੇ ਬੇਜ਼ੁਬਾਨ ਜੀਵਾਂ ਦੀ ਸੇਵਾ ਲਈ ਹਰ ਵਿਅਕਤੀ ਨੂੰ ਆਪਣੀ ਸਮਰੱਥਾ ਅਨੁਸਾਰ ਯੋਗਦਾਨ ਪਾਉਣਾ ਚਾਹੀਦਾ ਹੈ ਅਤੇ ਸੇਵਾ ਦੀ ਭਾਵਨਾ ਨਾਲ ਚੁੱਕਿਆ ਹਰ ਕਦਮ ਸਮਾਜ ਵਿੱਚ ਸੰਵੇਦਨਸ਼ੀਲਤਾ ਅਤੇ ਆਪਸੀ ਸਹਿਯੋਗ ਨੂੰ ਹੋਰ ਮਜ਼ਬੂਤ ਕਰਦਾ ਹੈ।

## ਸੰਧਵਾਂ ਨੇ 'ਇੰਸਪੀਰੀਆ 2026' 'ਚ ਮੁੱਖ ਮਹਿਮਾਨ ਵਜੋਂ ਕੀਤੀ ਸ਼ਿਰਕਤ

**ਫ਼ਰੀਦਕੋਟ/ਕੋਟਕਪੂਰਾ (ਐਲਿਗਜੈਂਡਰ ਡਿਸੂਜ਼ਾ/ਰਛਪਾਲ ਭੁੱਲਰ)** : ਪੰਜਾਬ ਵਿਧਾਨ ਸਭਾ ਦੇ ਸਪੀਕਰ ਸ੍ਰ. ਕੁਲਤਾਰ ਸਿੰਘ ਸੰਧਵਾਂ ਨੇ ਸ਼੍ਰੀ ਰਾਧੇ ਕ੍ਰਿਸ਼ਨ ਧਾਮ ਨੇੜੇ ਮੌੜ ਫਾਰਮਜ਼ ਵਿਖੇ ਟੀਚਰਜ਼ ਡੇਅ ਨਾਲ ਸੰਬੰਧਤ 'ਇੰਸਪੀਰੀਆ 2026' ਪ੍ਰੋਗਰਾਮ ਵਿੱਚ ਬਤੌਰ ਮੁੱਖ ਮਹਿਮਾਨ ਸ਼ਾਮਲ ਹੋਏ।ਇਸ ਮੌਕੇ ਉਨ੍ਹਾਂ ਸਮੂਹ ਟੀਚਰ ਸਾਹਿਬਾਨ ਨੂੰ ਅਧਿਆਪਕ ਦਿਵਸ ਦੀਆਂ ਸ਼ੁੱਭ-ਕਾਮਨਾਵਾਂ ਦਿੱਤੀਆਂ।



ਇਸ ਮੌਕੇ ਸਪੀਕਰ ਸੰਧਵਾਂ ਨੇ ਟੀਚਰ ਡੇਅ ਨਾਲ ਸੰਬੰਧਤ 'ਇੰਸਪੀਰੀਆ 2026' ਪ੍ਰੋਗਰਾਮ ਉਲੀਕਣ ਦੀ ਸ਼ਲਾਘਾ ਕੀਤੀ ਤੇ ਕਿਹਾ ਕਿ ਅਧਿਆਪਕ ਦਾ ਦਰਜਾ ਸਾਡੇ ਜੀਵਨ ਵਿੱਚ ਇੱਕ ਪ੍ਰਮੇਸ਼ਵਰ ਦਾ ਦਰਜਾ ਹੈ, ਜੋ ਸਾਨੂੰ ਸਿੱਖਿਅਤ ਕਰਦਾ ਹੈ।ਉਨ੍ਹਾਂ ਕਿਹਾ ਕਿ ਅਧਿਆਪਕ ਨਾ ਸਿਰਫ਼ ਪਾਠਕ੍ਰਮ ਦਾ ਗਿਆਨ ਦਿੰਦੇ ਹਨ, ਸਗੋਂ ਵਿਦਿਆਰਥੀਆਂ ਦੇ ਸ਼ਖਸੀਅਤ ਵਿਕਾਸ ਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਨੀਂਹ ਵੀ ਰੱਖਦੇ ਹਨ।ਉਨ੍ਹਾਂ ਕਿਹਾ ਕਿ ਅਧਿਆਪਕ ਸਿਰਫ਼ ਪਾਠਕ੍ਰਮ ਦਾ ਗਿਆਨ ਦੇਣ ਵਾਲਾ ਹੀ ਨਹੀਂ ਹੁੰਦਾ, ਸਗੋਂ ਇੱਕ ਮਾਰਗਦਰਸ਼ਕ ਵੀ ਹੁੰਦਾ ਹੈ, ਜੋ ਵਿਦਿਆਰਥੀਆਂ ਦੀ ਸਹੀ ਦਿਸ਼ਾ ਵਿੱਚ ਅਗਵਾਈ ਕਰਦਾ ਹੈ।ਉਨ੍ਹਾਂ ਕਿਹਾ ਕਿ ਇੱਕ ਅਧਿਆਪਕ ਬੱਚੇ ਦੀ ਸ਼ਖ਼ਸੀਅਤ ਨੂੰ ਢਾਲਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ।ਅਧਿਆਪਕ ਵਿਦਿਆਰਥੀ ਦੀ ਪ੍ਰਤਿਭਾ ਨੂੰ ਪਛਾਣਦੇ ਹਨ ਤੇ ਉਨ੍ਹਾਂ ਦਾ ਪਾਲਣ-ਪੋਸ਼ਣ ਕਰਦੇ ਹਨ, ਉਨ੍ਹਾਂ ਨੂੰ ਜ਼ਿੰਦਗੀ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਕਰਦੇ ਹਨ।

ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਅਧਿਆਪਕ ਨਾ ਸਿਰਫ਼ ਗਿਆਨ ਦੇਣ ਵਾਲੇ ਹੋਣਗੇ, ਸਗੋਂ ਮਨੁੱਖੀ ਕਦਰਾਂ-ਕੀਮਤਾਂ ਦੇ ਦੂਰਦਰਸ਼ੀ, ਮਾਰਗਦਰਸ਼ਕ, ਪ੍ਰੇਰਕ ਤੇ ਰੱਖਿਅਕ ਵੀ ਹੋਣਗੇ।ਉਨ੍ਹਾਂ ਕਾਮਨਾ ਕੀਤੀ ਕਿ ਅਧਿਆਪਕਾਂ ਵਿੱਚ ਇਸ ਸੰਸਾਰ ਦੀ ਸਮੁੱਚੀ ਤਰੱਕੀ ਅਤੇ ਇੱਕ ਚੰਗੇ, ਸੁਰੱਖਿਅਤ ਤੇ ਖੁਸ਼ਹਾਲ ਭਵਿੱਖ ਨੂੰ ਯਕੀਨੀ ਬਣਾਉਣ ਦੀ ਭਾਵਨਾ ਹਮੇਸ਼ਾ ਬਣੀ ਰਹੇ।

ਉਨ੍ਹਾਂ ਕਿਹਾ ਕਿ ਅਧਿਆਪਕ ਇਸ ਸੰਸਾਰ ਦੇ ਬੱਚਿਆਂ ਨੂੰ ਵਿੱਦਿਅਕ ਸਿੱਖਿਆ ਦੇਣ ਦੇ ਨਾਲ-ਨਾਲ ਉਨ੍ਹਾਂ ਨੂੰ ਬਿਹਤਰ ਇਨਸਾਨ ਬਣਾਉਣ ਤੇ ਚੰਗੀਆਂ ਸਮਾਜਿਕ ਕਦਰਾਂ-ਕੀਮਤਾਂ ਨਾਲ ਜੀਵਨ ਬਤੀਤ ਕਰਨ ਦੇ ਢੰਗ-ਤਰੀਕਿਆਂ ਤੋਂ ਜਾਣੂ ਕਰਵਾਉਣ ਦੀ ਜ਼ਿੰਮੇਵਾਰੀ ਵੀ ਨਿਭਾਉਂਦੇ ਹਨ।ਇਸ ਪੱਖੋਂ ਅਧਿਆਪਕਾਂ ਦੀ ਭੂਮਿਕਾ ਮਾਪਿਆਂ ਤੋਂ ਬਾਅਦ ਹੀ ਨਹੀਂ, ਸਗੋਂ ਕਈ ਪੱਖਾਂ ਤੋਂ ਬਹੁਤ ਅਹਿਮ ਤੇ ਪ੍ਰਭਾਵਸ਼ਾਲੀ ਹੈ।

## ਭਾਰਗਵ ਚਾਨਣਾ ਦੇ ਜਨਮ ਦਿਨ ਦੀ ਖੁਸ਼ੀ 'ਚ ਖੂਨਦਾਨ ਕੈਂਪ

**ਸਮਰਾਲਾ (ਸੁਰਜੀਤ ਸਿੰਘ)**- ਮਾਛੀਵਾੜਾ ਸਾਹਿਬ ਸੋਸ਼ਲ ਵੈੱਲਫੇਅਰ ਸੁਸਾਇਟੀ (ਐੱਨਜੀਓ) ਦੇ ਸਰਗਰਮ ਮੈਂਬਰ ਜਗਦੀਸ਼ ਕੁਮਾਰ ਜੱਸੀ ਦੇ ਸਪੁੱਤਰ ਭਾਰਗਵ ਚਾਨਣਾ ਦੇ ਜਨਮ ਦਿਨ ਦੀ ਖੁਸ਼ੀ ਵਿੱਚ ਮਨੁੱਖਤਾ ਦੀ ਸੇਵਾ ਨੂੰ ਸਮਰਪਤ ਖੂਨਦਾਨ ਕੈਂਪ ਲਗਾਇਆ ਗਿਆ।ਸੁਸਾਇਟੀ ਦੇ ਪ੍ਰਧਾਨ ਸ਼ਿਵ ਕੁਮਾਰ ਸ਼ਿਵਲੀ ਦੀ ਅਗਵਾਈ ਹੇਠ ਲਗਾਏ ਗਏ ਇਸ ਕੈਂਪ ਵਿੱਚ ਕਰਨ ਹਸਪਤਾਲ ਦੇ ਬਲੱਡ ਸੈਂਟਰ ਦੀ ਟੀਮ ਵੱਲੋਂ 55 ਖੂਨਦਾਨੀਆਂ ਦਾ ਖੂਨ ਇਕੱਤਰ ਕੀਤਾ ਗਿਆ।ਕੈਂਪ ਦੌਰਾਨ ਖੂਨਦਾਨੀਆਂ ਨੇ ਉਤਸ਼ਾਹ ਨਾਲ ਭਾਗ ਲੈਂਦਿਆਂ ਆਪਣਾ ਕੀਮਤੀ ਖੂਨ ਦਾਨ ਕਰਕੇ ਮਨੁੱਖਤਾ ਦੀ ਸੇਵਾ ਵਿੱਚ ਆਪਣਾ ਯੋਗਦਾਨ ਪਾਇਆ।ਇਸ ਮੌਕੇ ਸਾਬਕਾ ਵਿਧਾਇਕ ਜਗਜੀਵਨ ਸਿੰਘ ਖੀਰਨੀਆਂ, ਕਾਂਗਰਸ ਦੇ ਹਲਕਾ ਇੰਚਾਰਜ ਰੁਪਿੰਦਰ ਸਿੰਘ ਗਿੱਲ ਤੇ ਭਾਜਪਾ ਆਗੂ ਨੀਸ਼ੂ ਚਹਿਲਾਂ ਨੇ ਕਿਹਾ ਕਿ ਜਨਮ ਦਿਨ ਵਰਗੇ ਖੁਸ਼ੀ ਦੇ ਮੌਕਿਆਂ ਨੂੰ ਸਮਾਜ ਸੇਵਾ ਨਾਲ ਜੋੜਨਾ ਇੱਕ ਸ਼ਲਾਘਾਯੋਗ ਉਪਰਾਲਾ ਹੈ, ਜਿਸ ਨਾਲ ਹੋਰਨਾਂ ਨੂੰ ਵੀ ਲੋਕ ਭਲਾਈ ਦੇ ਕਾਰਜਾਂ ਲਈ ਪ੍ਰੇਰਣਾ ਮਿਲਦੀ ਹੈ।ਉਨ੍ਹਾਂ ਅਜਿਹੇ ਉਪਰਾਲੇ ਸਮਾਜ ਵਿੱਚ ਮਨੁੱਖਤਾ, ਸੇਵਾ ਤੇ ਭਾਈਚਾਰੇ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਦੇ ਹਨ।

ਕੈਂਪ ਦੌਰਾਨ ਆਪਣੀ ਜ਼ਿੰਦਗੀ 'ਚ



85ਵੀਂ ਵਾਰ ਖੂਨ ਦਾਨ ਕਰਨ ਵਾਲੇ ਨੌਜਵਾਨ ਐਂਬੂਲੈਂਸ ਚਾਲਕ ਸਤੀਸ਼ ਕੁਮਾਰ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਕੈਂਪ 'ਚ ਹਰਬੰਸ ਲਾਲ ਚਾਨਣਾ, ਅੰਮ੍ਰਿਤਪਾਲ, ਜਗਤਾਰ ਸਿੰਘ ਜੱਸੋਵਾਲ, ਨਰਿੰਦਰਪਾਲ ਸਿੰਘ ਅਡਿਆਣਾ, ਜਰਨੈਲ ਸਿੰਘ, ਪ੍ਰਿੰ. ਨਿਰੰਜਣ ਸੂਖਮ, ਪਰਮਦੀਪ ਪਾਲ ਸਿੰਘ, ਹਰੀਸ਼ ਕੁਮਾਰ ਬੰਟੀ, ਸਤੀਸ਼ ਕੁਮਾਰ ਡੀਸੀ ਸਮੇਤ ਅਨੇਕਾਂ ਨੇ ਸ਼ਿਰਕਤ ਕੀਤੀ।

## ਐੱਸ ਆਈ ਆਰ ਤਹਿਤ ਅਬਜ਼ਰਵਰ ਨੇ ਪੋਲਿੰਗ ਸਟੇਸ਼ਨਾਂ 'ਤੇ ਲੱਗੇ ਕੈਂਪਾਂ ਦਾ ਲਿਆ ਜਾਇਜ਼ਾ

**ਜਲੰਧਰ (ਸੁਰਿੰਦਰ ਕੁਮਾਰ)**- ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਵੀਜ਼ਨ (ਐੱਸ ਆਈ ਆਰ)- 2026 ਤਹਿਤ ਮੁੱਖ ਚੋਣ ਅਫ਼ਸਰ, ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਐਤਵਾਰ ਨੂੰ ਜਲੰਧਰ ਜ਼ਿਲ੍ਹੇ ਦੇ ਸਮੂਹ 1997 ਪੋਲਿੰਗ ਬੂਥਾਂ 'ਤੇ ਵਿਸ਼ੇਸ਼ ਕੈਂਪ ਲਗਾਏ ਗਏ।ਇਸ ਦੌਰਾਨ ਭਾਰਤ ਚੋਣ ਕਮਿਸ਼ਨ ਵੱਲੋਂ ਐਸ.ਆਈ.ਆਰ. ਦੇ ਦੂਜੇ ਪੜਾਅ (ਨੋਟਿਸ ਫੇਜ਼/ਦਾਅਵੇ ਅਤੇ ਇਤਰਾਜ਼ਾਂ ਦੇ ਨਿਪਟਾਰੇ) ਦੇ ਕੰਮ ਨੂੰ ਮੁੱਖ ਰੱਖਦਿਆਂ ਜਲੰਧਰ ਜ਼ਿਲ੍ਹੇ ਲਈ ਤਾਇਨਾਤ ਕੀਤੇ ਗਏ ਰੋਲ ਆਬਜ਼ਰਵਰ-ਕਮ-ਡਵੀਜ਼ਨਲ ਕਮਿਸ਼ਨਰ ਜਲੰਧਰ ਰਾਮਵੀਰ ਨੇ ਵੱਖ-ਵੱਖ ਪੋਲਿੰਗ ਸਟੇਸ਼ਨਾਂ ਦਾ ਦੌਰਾ ਕਰਕੇ ਵਿਸ਼ੇਸ਼ ਕੈਂਪਾਂ ਦਾ ਜਾਇਜ਼ਾ ਲਿਆ।ਡਵੀਜ਼ਨਲ ਕਮਿਸ਼ਨਰ ਵੱਲੋਂ ਜਲੰਧਰ ਕੇਂਦਰੀ ਹਲਕੇ ਦੇ ਦਫ਼ਤਰ ਸਬ ਡਵੀਜ਼ਨਲ ਇੰਜੀਨੀਅਰ ਪੀ ਡਬਲਯੂ ਡੀ (ਬੀ.ਐਂਡ ਆਰ) ਪੁਰਾਣੀ ਬਾਰਾਂਦਰੀ, ਅਮਰ ਸ਼ਹੀਦ ਲਾਲਾ ਜਗਤ ਨਾਰਾਇਣ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ, ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਲਾਡੋਵਾਲੀ ਰੋਡ, ਜਲੰਧਰ ਉੱਤਰੀ ਦੇ ਸਦਾ ਸੁਖ ਚੋਪੜਾ ਐੱਸ ਡੀ. ਪਬਲਿਕ ਸੀਨੀਅਰ ਸੈਕੰਡਰੀ ਸਕੂਲ ਸੰਤੋਖਪੁਰਾ, ਹਲਕਾ ਆਦਮਪੁਰ ਦੇ ਸਰਕਾਰੀ ਐਲੀਮੈਂਟਰੀ ਸਕੂਲ ਕੰਗਣੀਵਾਲ ਵਿਖੇ ਬਣੇ ਵੱਖ-ਵੱਖ ਪੋਲਿੰਗ ਬੂਥਾਂ ਦਾ ਦੌਰਾ ਕੀਤਾ ਗਿਆ।ਰੋਲ ਆਬਜ਼ਰਵਰ ਨੇ ਕੈਂਪਾਂ ਦੌਰਾਨ ਜਿਥੇ ਬੂਥ ਲੈਵਲ ਅਫ਼ਸਰਾਂ ਦੀ ਕਾਰਗੁਜ਼ਾਰੀ ਦਾ ਜਾਇਜ਼ਾ ਲਿਆ ਉਥੇ ਕੈਂਪਾਂ ਵਿੱਚ ਪਹੁੰਚੇ ਨਾਗਰਿਕਾਂ ਅਤੇ ਵੋਟਰਾਂ ਨਾਲ ਗੱਲਬਾਤ ਵੀ ਕੀਤੀ। ਉਨ੍ਹਾਂ ਬੀ ਐੱਲ ਓਜ਼ ਨੂੰ ਐੱਸ ਆਈ ਆਰ ਤਹਿਤ ਦੂਜੇ ਪੜਾਅ ਦੇ ਕੰਮ ਨੂੰ ਚੋਣ ਕਮਿਸ਼ਨ ਦੀਆਂ ਹਦਾਇਤਾਂ



ਅਨੁਸਾਰ ਅਤੇ ਪੂਰੇ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹਨ ਦੇ ਨਿਰਦੇਸ਼ ਦਿੱਤੇ।ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਜ਼ਿਲ੍ਹੇ ਦਾ ਕੋਈ ਵੀ ਯੋਗ ਨਾਗਰਿਕ ਵੋਟਰ ਸੂਚੀ ਵਿੱਚ ਸ਼ਾਮਲ ਹੋਣ ਤੋਂ ਵਾਂਝਾ ਨਾ ਰਹੇ। ਉਨ੍ਹਾਂ ਦੱਸਿਆ ਕਿ ਚੋਣ ਕਮਿਸ਼ਨ ਵੱਲੋਂ ਜਾਰੀ ਸ਼ਡਿਊਲ ਅਨੁਸਾਰ ਡ੍ਰਾਫ਼ਟ ਵੋਟਰ ਸੂਚੀ ਦੀ ਪ੍ਰਕਾਸ਼ਨਾ 13 ਅਗਸਤ 2026 ਨੂੰ ਕੀਤੀ ਜਾ ਚੁੱਕੀ ਹੈ, ਜਿਸ ਸੰਬੰਧੀ 12 ਸਤੰਬਰ 2026 ਤੱਕ ਦਾਅਵੇ ਅਤੇ ਇਤਰਾਜ਼ ਦਾਇਰ ਪ੍ਰਾਪਤ ਕੀਤੇ ਜਾਣਗੇ।ਉਨ੍ਹਾਂ ਦੱਸਿਆ ਕਿ ਨਵੀਂ ਵੋਟ ਬਣਵਾਉਣ ਲਈ ਫਾਰਮ ਨੰ. 6 ਸਮੇਤ ਘੋਸ਼ਣਾ ਪੱਤਰ, ਐਨ.ਆਰ.ਆਈ. ਵੋਟਰਾਂ ਦੀ ਰਜਿਸਟ੍ਰੇਸ਼ਨ ਲਈ 6 ਏ, ਨਾਂਅ ਕਟਵਾਉਣ ਲਈ ਫਾਰਮ 7 ਅਤੇ ਸੋਧ ਅਤੇ ਇੱਕ ਸਥਾਨ ਤੋਂ ਦੂਜੇ ਸਥਾਨ 'ਤੇ ਤਬਦੀਲੀ ਲਈ ਫਾਰਮ 8 ਭਰਿਆ ਜਾ ਸਕਦਾ ਹੈ।

ਨੋਟਿਸ ਪੜਾਅ/ ਦਾਅਵਿਆਂ ਅਤੇ ਇਤਰਾਜ਼ਾਂ ਦਾ ਨਿਪਟਾਰਾ 8 ਅਕਤੂਬਰ 2026 ਤੱਕ ਕੀਤਾ ਜਾਵੇਗਾ, ਜਿਸ ਤੋਂ ਬਾਅਦ ਅੰਤਿਮ ਵੋਟਰ ਸੂਚੀ ਦੀ ਪ੍ਰਕਾਸ਼ਨਾ 12 ਅਕਤੂਬਰ 2026 ਨੂੰ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਵੋਟਰ ਇਹ ਫਾਰਮ ਆਨਲਾਈਨ voters.eci.gov.in 'ਤੇ ਜਾਂ ECINET Mobile App 'ਤੇ ਵੀ ਭਰ ਸਕਦੇ ਹਨ।ਰੋਲ ਅਬਜ਼ਰਵਰ ਨੇ ਕਿਹਾ ਕਿ ਐਸ ਆਈ ਆਰ ਦਾ ਮੁੱਖ ਉਦੇਸ਼ ਸ਼ੁੱਧ, ਸਹੀ ਅਤੇ ਤਰੁੱਟੀ-ਰਹਿਤ ਵੋਟਰ ਸੂਚੀਆਂ ਤਿਆਰ ਕਰਨਾ ਹੈ, ਜੋ ਕਿ ਸੁਤੰਤਰ, ਸ਼ਾਂਤੀਪੂਰਨ, ਪਾਰਦਰਸ਼ੀ ਅਤੇ ਨਿਰਪੱਖ ਚੋਣਾਂ ਲਈ ਬਹੁਤ ਮਹੱਤਵਪੂਰਣ ਹੈ। ਇਸ ਮੌਕੇ ਸੰਬੰਧਤ ਵਿਧਾਨ ਸਭਾ ਚੋਣ ਹਲਕਿਆਂ ਦੇ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ, ਚੋਣ ਤਹਿਸੀਲਦਾਰ ਡਾ. ਦੀਪਕ ਰਾਜ ਅਤੇ ਹੋਰ ਚੋਣ ਸਟਾਫ਼ ਵੀ ਮੌਜੂਦ ਸੀ।

## ਐੱਮ ਐੱਲ ਏ ਵੱਲੋਂ 'ਨੀਟ' ਪ੍ਰੀਖਿਆ ਦੇਣ ਵਾਲੇ ਤਿੰਨ ਵਿਦਿਆਰਥੀਆਂ ਦਾ ਫੀਸ ਖਰਚਾ ਚੁੱਕਣ ਦਾ ਐਲਾਨ

**ਮੋਹਾਲੀ (ਗੁਰਜੀਤ ਬਿੱਲਾ)**- ਮੋਹਾਲੀ ਦੇ ਐਮ ਐਲ ਏ ਕੁਲਵੰਤ ਸਿੰਘ ਨੇ ਇਸ ਸਾਲ 'ਨੀਟ' ਪ੍ਰੀਖਿਆ ਪਾਸ ਕਰਨ ਵਾਲੇ ਤਿੰਨ ਗਰੀਬ ਵਿਦਿਆਰਥੀਆਂ ਦੀ ਫੀਸ ਦਾ ਸਾਰਾ ਖਰਚਾ ਚੁੱਕਣ ਦਾ ਐਲਾਨ ਕੀਤਾ ਹੈ। ਉਹਨਾਂ ਕਿਹਾ ਹੈ ਕਿ ਉਹ ਇਹਨਾਂ ਵਿਦਿਆਰਥੀਆਂ ਦੀ ਮੈਡੀਕਲ ਦੀ ਪੜ੍ਹਾਈ, ਹੋਸਟਲ ਦੇ ਖਰਚ ਸਮੇਤ ਸਾਰੇ ਖਰਚੇ ਚੁੱਕਣਗੇ। ਇਹ ਤਿੰਨੋਂ ਵਿਦਿਆਰਥੀ ਮੈਰੀਟੋਰੀਅਸ ਸਕੂਲਾਂ 'ਚ ਪੜ੍ਹੇ ਹਨ ਅਤੇ ਇਨ੍ਹਾਂ ਦੇ ਅਧਿਆਪਕ ਮਨਜੀਤ ਸਿੰਘ ਨੇ ਖ਼ਰਚੇ ਦੇ ਵੇਰਵੇ ਸਾਂਝੇ ਕੀਤੇ ਹਨ। ਦੱਸਿਆ ਜਾਂਦਾ ਹੈ ਕਿ ਸ੍ਰੀ ਮੁਕਤਸਰ ਸਾਹਿਬ ਦੇ ਪਿੰਡ ਆਲਮਵਾਲਾ ਦੇ ਮਹਿਕਦੀਪ ਸਿੰਘ ਦਾ ਦਾਖ਼ਲਾ ਗਿਆਨ ਸਾਗਰ ਮੈਡੀਕਲ ਕਾਲਜ ਵਿੱਚ ਹੋਇਆ ਹੈ। ਉਸ ਦੀ ਹੋਸਟਲ ਅਤੇ ਹੋਰ ਫੀਸ ਦਾ ਕੁੱਲ ਖ਼ਰਚਾ ਕਰੀਬ 32 ਲੱਖ ਰੁਪਏ ਹੈ। ਦਲਿਤ ਭਾਈਚਾਰੇ ਕਾਰਨ ਉਸ ਨੂੰ 11 ਲੱਖ ਦੀ ਸਕਾਲਰਸ਼ਿਪ ਮਿਲੇਗੀ ਅਤੇ 7.5 ਲੱਖ ਰੁਪਏ ਦਾ ਕਰਜ਼ਾ ਲਿਆ ਜਾਵੇਗਾ। ਬਾਕੀ ਬਚਦਾ 13.5 ਲੱਖ ਰੁਪਏ ਦਾ ਖ਼ਰਚਾ ਵਿਧਾਇਕ ਕੁਲਵੰਤ ਸਿੰਘ ਭਰਨਗੇ। ਇਸ ਬੱਚੇ ਦੇ ਮਾਪਿਆਂ ਨੂੰ ਫ਼ੀਸ ਦੇ ਇੰਤਜ਼ਾਮ ਲਈ ਆਪਣੀ ਗਾਂ ਵੇਚਣੀ ਪਈ ਸੀ। ਇਸੇ ਤਰ੍ਹਾਂ ਮਲੋਟ ਦੇ ਅਮਨ ਸਿੰਘ ਦਾ ਦਾਖ਼ਲਾ ਫਰੀਦਕੋਟ ਦੇ ਮੈਡੀਕਲ ਕਾਲਜ ਵਿੱਚ ਹੋਇਆ ਹੈ। ਪੱਛੜੀ ਸ਼੍ਰੇਣੀ ਦੇ ਇਸ ਵਿਦਿਆਰਥੀ ਦੀ ਫੀਸ ਅਤੇ ਹੋਸਟਲ ਦਾ ਕਰੀਬ 14 ਲੱਖ ਰੁਪਏ ਖ਼ਰਚਾ ਹੁਣ ਵਿਧਾਇਕ ਵੱਲੋਂ ਤਾਰਿਆ ਜਾਵੇਗਾ। ਅਮਨ ਦਾ ਪਿਤਾ ਲੋਹੇ ਦੀ ਫੈਕਟਰੀ ਵਿੱਚ ਮਜ਼ਦੂਰੀ ਕਰਦਾ ਹੈ। ਫਾਜ਼ਿਲਕਾ ਦੇ ਪਿੰਡ ਹੌਜ ਗੰਧੜ ਦੀ ਸੁਮਨਦੀਪ ਕੌਰ ਨੂੰ ਦਲਿਤ ਵਰਗ ਕਾਰਨ ਸਕਾਲਰਸ਼ਿਪ ਮਿਲੇਗੀ ਅਤੇ ਉਸ ਦੀ 3 ਲੱਖ ਰੁਪਏ ਹੋਸਟਲ ਫੀਸ ਵਿਧਾਇਕ ਭਰਨਗੇ। ਸੁਮਨਦੀਪ ਆਪਣੀ ਦਾਖ਼ਲਾ ਫੀਸ ਪਹਿਲਾਂ ਹੀ ਭਰ ਚੁੱਕੀ ਹੈ।ਇਸ ਦੌਰਾਨ ਇਹਨਾਂ ਵਿਦਿਆਰਥੀਆਂ ਦੇ ਮਾਪਿਆਂ ਨੇ ਐਮ ਐਲ ਏ.ਸਰਦਾਰ ਕੁਲਵੰਤ ਸਿੰਘ ਦਾ ਧੰਨਵਾਦ ਕੀਤਾ ਹੈ।



ਲੋਹੀਆਂ ਖਾਸ ਵਿਖੇ ਜੈ ਮਾਂ ਜਾਗਰਣ ਕਮੇਟੀ (ਰਜਿ.) ਵੱਲੋਂ ਸ੍ਰੀ ਰਾਮ ਗਿਰੀ ਦਾ ਜਨਮ ਦਿਨ ਮਨਾਉਂਦੇ ਹੋਏ ਪਰਮਜੀਤ ਸਿੰਘ, ਮਨਦੀਪ ਸਿੰਘ ਸ਼ੇਰੂ, ਸਾਹਿਲ ਸਚਦੇਵਾ, ਮੋਨੂੰ, ਰਾਜੂ, ਤੀਰਥ ਸਿੰਘ, ਰਾਜੀਵ ਮੋਨੂੰ, ਰਵੀ ਸ਼ੰਕਰ, ਰੁਪੇਸ਼, ਸੱਦੀ ਲੱਕੀ, ਲਵਲੀ, ਪ੍ਰਦੀਪ, ਆਰਜ਼ੂ ਅਰੋੜਾ ਤੇ ਹੋਰ ਸੇਵਾਦਾਰ। **(ਫੋਟੋ ਤੇ ਵੇਰਵਾ : ਰੀਨਾ ਸ਼ਰਮਾ, ਯੋਗੇਸ਼ਵਰ, ਲੋਹੀਆਂ ਖਾਸ)**

## ਲਾਇਨਜ਼ ਕਲੱਬ ਗ੍ਰੇਟਰ ਵੱਲੋਂ ਅਧਿਆਪਕ ਦਿਵਸ ਮੌਕੇ ਟੀਚਰਜ਼ ਸਨਮਾਨਤ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਲਾਇਨਜ਼ ਕਲੱਬ ਫਿਰੋਜ਼ਪੁਰ ਗ੍ਰੇਟਰ ਵੱਲੋਂ ਕਲੱਬ ਕੰਪਲੈਕਸ ਵਿੱਚ ਅਧਿਆਪਕ ਦਿਵਸ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸਿੱਖਿਆ, ਚਰਿੱਤਰ ਨਿਰਮਾਣ ਤੇ ਰਾਸ਼ਟਰ ਨਿਰਮਾਣ ਵਿੱਚ ਅਧਿਆਪਕਾਂ ਦੇ ਯੋਗਦਾਨ ਨੂੰ ਮਾਨਤਾ ਦਿੰਦਿਆਂ ਉਨ੍ਹਾਂ ਦਾ ਸਨਮਾਨ ਕੀਤਾ ਗਿਆ।

ਰਾਮਸਰੂਪ ਹਰੀਤਵਾਲ, ਆਈ.ਡੀ.ਈ.ਐੱਸ, ਸੀਈਓ, ਫਿਰੋਜ਼ਪੁਰ ਕੰਟੋਨਮੈਂਟ ਸਮਾਗਮ ਦੇ ਮੁੱਖ ਮਹਿਮਾਨ ਸਨ, ਜਦਕਿ ਮਧੂ ਪ੍ਰਸ਼ਾਰ ਸਾਬਕਾ ਪ੍ਰਿੰਸੀਪਲ ਦੇਵ ਸਮਾਜ ਕਾਲਜ ਫ਼ਾਰ ਵੂਮੈਨ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ।

ਸਮਾਗਮ ਦੀ ਸ਼ੁਰੂਆਤ ਲਾਇਨ ਅਮਰਜੀਤ ਸਿੰਘ ਭੋਗਲ ਵੱਲੋਂ ਸਵਾਗਤੀ ਭਾਸ਼ਣ ਨਾਲ ਹੋਈ। ਉਨ੍ਹਾਂ ਨੇ ਮੁੱਖ ਮਹਿਮਾਨ, ਵਿਸ਼ੇਸ਼ ਮਹਿਮਾਨ, ਅਧਿਆਪਕਾਂ ਤੇ ਕਲੱਬ ਮੈਂਬਰਾਂ ਦਾ ਸਵਾਗਤ ਕੀਤਾ। ਉਨ੍ਹਾਂ ਨੇ ਵਿਸ਼ਵ ਪੱਧਰ 'ਤੇ ਲਾਇਨਜ਼ ਕਲੱਬਾਂ ਵੱਲੋਂ ਕੀਤੀਆਂ ਜਾ ਰਹੀਆਂ ਸੇਵਾ ਗਤੀਵਿਧੀਆਂ ਤੇ ਸਮਾਜ ਸੇਵਾ ਪ੍ਰਤੀ ਉਨ੍ਹਾਂ ਦੀ ਸਮਰਪਣ ਭਾਵਨਾ ਦਾ ਜ਼ਿਕਰ ਕੀਤਾ।

ਮਧੂ ਪ੍ਰਸ਼ਾਰ ਨੇ ਕਿਹਾ ਕਿ ਬੱਚਿਆਂ ਦੀ ਸਿੱਖਿਆ ਸਾਡੇ ਨੈਤਿਕ ਮੁੱਲਾਂ, ਸੱਭਿਆਚਾਰਕ ਵਿਰਸੇ ਤੇ ਸੰਸਕਾਰਾਂ ਦੀ ਮਜ਼ਬੂਤ ਨੀਂਹ 'ਤੇ ਅਧਾਰਤ ਹੋਣੀ ਚਾਹੀਦੀ ਹੈ। ਉਨ੍ਹਾਂ ਅਧਿਆਪਕਾਂ ਦੇ ਯੋਗਦਾਨ ਨੂੰ ਮਾਨਤਾ ਦੇਣ ਲਈ ਲਾਇਨਜ਼ ਕਲੱਬ ਫਿਰੋਜ਼ਪੁਰ ਗ੍ਰੇਟਰ ਵੱਲੋਂ ਕਰਵਾਏ ਗਏ ਸਮਾਗਮ ਦੀ ਵੀ ਸ਼ਲਾਘਾ ਕੀਤੀ। ਸਮਾਗਮ ਦੌਰਾਨ ਦਵਿੰਦਰ ਕੌਰ ਸੰਘਾ, ਸਤਿੰਦਰ ਸਿੰਘ ਸੰਧੂ, ਪੀ.ਐੱਚ.ਡੀ. ਸ੍ਰੀਮਤੀ ਪ੍ਰੀਤੀ, ਪਾਰੁਲ ਦੂਮੜਾ ਤੇ ਅਮਨਦੀਪ ਸਿੰਘ ਨੂੰ ਕਲੱਬ ਵੱਲੋਂ ਐਲੀਟ ਟੀਚਰਜ਼ ਐਵਾਰਡ ਨਾਲ ਸਨਮਾਨਤ ਕੀਤਾ ਗਿਆ। ਸਮਾਗਮ ਨੂੰ ਸੰਬੋਧਨ ਕਰਦਿਆਂ ਰਾਮ ਸਰੂਪ ਹਰੀਤਵਾਲ ਨੇ ਲਾਇਨਜ਼ ਕਲੱਬਾਂ ਵੱਲੋਂ ਕੀਤੀਆਂ ਜਾ ਰਹੀਆਂ ਵੱਖ-ਵੱਖ ਸੇਵਾ ਗਤੀਵਿਧੀਆਂ ਦੀ ਪ੍ਰਸ਼ੰਸਾ ਕੀਤੀ ਤੇ ਬਿਹਤਰ ਸਮਾਜ ਦੇ ਨਿਰਮਾਣ ਵਿੱਚ ਉਨ੍ਹਾਂ ਦੇ ਯੋਗਦਾਨ ਨੂੰ ਸਰਾਹਿਆ। ਸਮਾਗਮ ਦੀ ਕਾਰਵਾਈ ਲਾਇਨ ਇਕਬਾਲ ਸਿੰਘ ਛਾਬੜਾ, ਕਲੱਬ ਸਕੱਤਰ ਵੱਲੋਂ ਮਾਸਟਰ ਆਫ਼ ਸੈਰੇਮਨੀਜ਼ ਵਜੋਂ ਸੁਚੱਜੇ ਢੰਗ ਨਾਲ ਚਲਾਈ ਗਈ।

ਲਾਇਨ ਪ੍ਰਧਾਨ ਨਿਰਮੋਲਕ ਸਿੰਘ ਤੇ ਸਾਬਕਾ ਪ੍ਰਧਾਨ ਲਾਇਨ ਵਿਨੋਦ ਅਗਰਵਾਲ ਨੇ ਧੰਨਵਾਦ ਦਾ ਮਤਾ ਪੇਸ਼ ਕਰਦਿਆਂ ਮੁੱਖ ਮਹਿਮਾਨ, ਵਿਸ਼ੇਸ਼ ਮਹਿਮਾਨ, ਸਨਮਾਨਤ ਅਧਿਆਪਕਾਂ ਤੇ ਮੈਂਬਰਾਂ ਦਾ ਸਮਾਗਮ ਵਿੱਚ ਸ਼ਾਮਲ ਹੋਣ ਲਈ ਧੰਨਵਾਦ ਕੀਤਾ।

## ਬਾਬਾ ਬੁੱਢਾ ਕਾਲਜ ਬੀੜ ਸਾਹਿਬ ਵਿਖੇ ਅਧਿਆਪਕਾਂ ਦਾ ਸਨਮਾਨ

**ਝਬਾਲ (ਮੱਖਣ ਮਨੋਜ, ਹਰਜਿੰਦਰ ਸਿੰਘ ਸੋਨੀ)**- ਬਾਬਾ ਬੁੱਢਾ ਕਾਲਜ ਬੀੜ ਸਾਹਿਬ ਵਿਖੇ 5 ਸਤੰਬਰ ਨੂੰ ਅਧਿਆਪਕ ਦਿਵਸ



ਮਨਾਇਆ ਗਿਆ। ਜਿਸ ਵਿੱਚ ਭਾਰਤ ਦੇ ਪਹਿਲੇ ਉਪ ਰਾਸ਼ਟਰਪਤੀ ਡਾ. ਸਰਵਪੱਲੀ ਰਾਧਾ ਕ੍ਰਿਸ਼ਨਨ ਨੂੰ ਯਾਦ ਕੀਤਾ ਗਿਆ।ਇਸ ਮੌਕੇ ਡਾ. ਅਮਰਬੀਰ ਸਿੰਘ, ਪ੍ਰੋ. ਸੁਖਪਾਲ ਕੌਰ ਅਤੇ ਪ੍ਰੋ. ਸੁਰਿੰਦਰ ਸਿੰਘ ਨੇ ਨਵੀਂ ਸਿੱਖਿਆ ਪ੍ਰਣਾਲੀ ਉੱਤੇ ਚਰਚਾ ਕੀਤੀ ਅਤੇ ਉਸ ਦੇ ਹੋਣ ਵਾਲੇ ਮਾੜੇ ਤੇ ਚੰਗੇ ਨਤੀਜਿਆਂ ਬਾਰੇ ਗੱਲ ਕੀਤੀ। ਇਸ ਸਮਾਗਮ ਦੌਰਾਨ ਪ੍ਰਿੰਸੀਪਲ ਡਾ. ਕਰਮਜੀਤ ਸਿੰਘ ਬੇਦੀ ਨੇ ਅਧਿਆਪਕਾਂ ਨੂੰ ਅਧਿਆਪਕ ਦਿਵਸ ਦੀਆਂ ਮੁਬਾਰਕਾਂ ਦਿੱਤੀਆਂ ਅਤੇ ਪਿਛਲੇ ਸ਼ਾਨਦਾਰ ਨਤੀਜੇ ਦੇਣ ਵਾਲੇ ਅਧਿਆਪਕਾਂ ਨੂੰ ਸਨਮਾਨ ਚਿੰਨ੍ਹ ਭੇਟ ਕੀਤੇ।

ਇਸ ਸਮੇਂ ਦੌਰਾਨ ਸੁਪਰਡੈਂਟ ਸ. ਤਜਿੰਦਰਜੀਤ ਸਿੰਘ, ਡਾ. ਅਮਰਬੀਰ ਸਿੰਘ, ਪ੍ਰੋ. ਸੁਰਿੰਦਰ ਸਿੰਘ, ਪ੍ਰੋ. ਇੰਦਰਜੀਤ ਸਿੰਘ, ਪ੍ਰੋ. ਸੁਖਪਾਲ ਕੌਰ, ਪ੍ਰੋ. ਹਰਪ੍ਰੀਤ ਕੌਰ, ਪ੍ਰੋ. ਅਕਵਿੰਦਰ ਕੌਰ, ਪ੍ਰੋ. ਚੰਦਪ੍ਰੀਤ ਕੌਰ, ਪ੍ਰੋ. ਪਲਵਿੰਦਰ ਕੌਰ, ਪ੍ਰੋ. ਸਿਮਰਨਜੀਤ ਕੌਰ, ਪ੍ਰੋ. ਕਵਲਪ੍ਰੀਤ ਕੌਰ, ਪ੍ਰੋ. ਅੰਮ੍ਰਿਤਪਾਲ ਸਿੰਘ ਆਦਿ ਹਾਜ਼ਰ ਸਨ।



ਨਕੋਦਰ ਦੀ ਦਾਣਾ ਮੰਡੀ ਵਿਖੇ ਲਗਾਏ ਗਏ ਕਿਸਾਨ ਮੇਲੇ ਦੌਰਾਨ ਗਿੱਲ ਆਟੋਮੋਬਾਈਲਜ਼ ਦੇ ਐੱਮ ਡੀ ਦਿਲਬਾਗ ਸਿੰਘ ਗਿੱਲ ਦੀ ਅਗਵਾਈ ਹੇਠ ਮਹਿੰਦਰਾ ਟਰੈਕਟਰਾਂ ਦੀ ਲਗਾਈ ਗਈ ਪ੍ਰਦਰਸ਼ਨੀ। ਪ੍ਰਦਰਸ਼ਨੀ ਦੌਰਾਨ ਮਹਿੰਦਰਾ ਟਰੈਕਟਰ ਏਜੰਸੀ ਦੇ ਐਮ ਡੀ ਦਿਲਬਾਗ ਸਿੰਘ ਗਿੱਲ ਤੋਂ ਇਲਾਵਾ ਏ ਐੱਮ ਰਿਸ਼ੀ ਮਰਵਾਹਾ, ਟੀ ਐਮ ਵਿਕਾਸ ਸਿੰਘ, ਟੀ ਐਮ ਸੁਨੀਲ ਸ਼ਰਮਾ, ਡੀ ਈ ਐਸ ਗੁਰਵਿੰਦਰ ਸਿੰਘ ਭੁੱਲਰ, ਬਲਯੋਧ ਸਿੰਘ ਗਿੱਲ, ਸੁਖਚੈਨ ਸਿੰਘ ਸੰਧੂ, ਰਣਯੋਧ ਸਿੰਘ ਸੰਧੂ, ਮਨਜਿੰਦਰ ਸਿੰਘ ਸੰਧੂ, ਸੇਲਜ਼ਮੈਨ ਨਕੋਦਰ ਰਾਜੇਸ਼ ਸ਼ਰਮਾ, ਸੇਲਜ਼ਮੈਨ ਗੁਰਪ੍ਰਤਾਪ ਸਿੰਘ ਵੀ ਇਸ ਮੌਕੇ ਤੇ ਹਾਜ਼ਰ ਸਨ। **(ਫੋਟੋ ਤੇ ਵੇਰਵਾ : ਮਨਜੀਤ ਮਾਨ ਨਕੋਦਰ)**

# ਸੀ ਟੀ ਯੂ ਵੱਲੋਂ ਸੂਬਾ ਪੱਧਰੀ ਕਨਵੈਨਸ਼ਨ 15 ਅਕਤੂਬਰ ਨੂੰ

**ਜਲੰਧਰ (ਰਜੇਸ਼ ਥਾਪਾ)** ਸੀ ਟੀ ਯੂ ਪੰਜਾਬ, ਸੈਂਕੜੇ ਸਾਲਾਂ ਦੇ ਲਹੂ ਵੀਟਵੇਂ ਘੋਲਾਂ ਸਦਕਾ ਹਾਸਲ ਕੀਤੇ ਕਿਰਤ ਕਾਨੂੰਨ ਖ਼ਤਮ ਕਰਕੇ ਕਾਰਪੋਰੇਟਾਂ ਦੇ ਵਾਰੇ-ਨਿਆਰੇ ਕਰਨ ਲਈ ਘੜੇ ਕਿਰਤੀ ਮਾਰੂ ਕਿਰਤ



ਕੋਡ ਲਾਗੂ ਕੀਤੇ ਜਾਣ, ਕੰਮ ਦਿਹਾੜੀ 8 ਤੋਂ ਵਧਾ ਕੇ 12 ਘੰਟੇ ਕਰਨ ਰਾਹੀਂ ਕਿਰਤੀਆਂ ਦੀ ਭਿਆਨਕ ਲੁੱਟ ਹੋਰ ਤਿੱਖੀ ਕੀਤੇ ਜਾਣ, ਅੱਤ ਦੀ ਮਹਿੰਗਾਈ ਦੇ ਬਾਵਜੂਦ ਜੀਊਣ ਯੋਗ ਉਜਰਤਾਂ-ਤਨਖਾਹਾਂ ਦੇਣ ਤੋਂ ਪੂਰੀ ਤਰ੍ਹਾਂ ਇਨਕਾਰੀ ਹੋਣ, ਪੇਂਡੂ ਕਿਰਤੀ ਪਰਵਾਰਾਂ ਨੂੰ ਸੀਮਤ ਦਿਨਾਂ ਲਈ ਗਰੰਟੀ ਸ਼ੁਦਾ ਰੁਜ਼ਗਾਰ ਦੇਣ ਵਾਲੇ ਮਨਰੇਗਾ ਕਾਨੂੰਨ ਦਾ ਖਾਤਮਾ ਕੀਤੇ ਜਾਣ ਦੀ ਮੋਦੀ ਸਰਕਾਰ ਦੀ ਜ਼ਾਲਮਾਨਾ ਪਹੁੰਚ ਵਿਰੁੱਧ ਮਜ਼ਦੂਰ ਜਮਾਤ ਦੇ ਜ਼ੋਰਦਾਰ ਘੋਲ ਵਿੱਢੇਗੀ। ਉਕਤ ਘੋਲ ਦੇ ਪਹਿਲੇ ਪੜਾਅ 'ਚ 25 ਸਤੰਬਰ ਤੱਕ ਸੂਬੇ ਦੇ ਸਾਰੇ ਮਜ਼ਦੂਰ ਕੇਂਦਰਾਂ ਤੇ ਰੇਲਿਆਂ ਤੇ ਭਠਿਆਂ ਮਜ਼ਦੂਰ ਮੀਟਿੰਗਾਂ ਕੀਤੀਆਂ ਜਾਣਗੀਆਂ।" ਇਹ ਜਾਣਕਾਰੀ, ਸੂਬਾ ਪ੍ਰਧਾਨ ਸਾਥੀ ਜਗਦੀਸ਼ ਚੰਦਰ ਦੀ ਪ੍ਰਧਾਨਗੀ ਹੇਠ ਹੋਈ ਸੀ ਟੀ ਯੂ ਪੰਜਾਬ ਦੀ ਸੂਬਾ ਵਰਕਿੰਗ ਕਮੇਟੀ ਦੀ ਮੀਟਿੰਗ ਦੇ ਫੈਸਲੇ ਜਾਰੀ ਕਰਦਿਆਂ, ਸੂਬਾਈ ਜਨਰਲ ਸਕੱਤਰ ਸਾਥੀ ਹਰਿੰਦਰ ਸਿੰਘ ਰੰਧਾਵਾ ਨੇ ਦਿੱਤੀ ਹੈ। ਰੰਧਾਵਾ ਨੇ ਕਿਹਾ ਕਿ ਸਰਕਾਰ ਨੇ ਆਪਣੇ ਕਾਰਜਕਾਲ ਦੌਰਾਨ ਮਜ਼ਦੂਰਾਂ ਦੀ ਘੱਟੋ-ਘੱਟ ਤਨਖਾਹ 'ਚ ਵਾਧਾ ਨਹੀਂ ਕੀਤਾ ਜਾਣ, ਮਹਿੰਗਾਈ ਭੱਤਾ ਦੀ ਅਦਾਇਗੀ ਕਰਨ ਤੋਂ ਇਲਾਵਾ ਕਾਨੂੰਨੀ ਸਹੂਲਤਾਂ ਦੇਣ ਤੋਂ ਸਾਜ਼ਸ਼ੀ ਚੁੱਪ ਧਾਰੀ ਹੋਈ ਹੈ। ਮੀਟਿੰਗ ਨੇ ਫੈਸਲਾ ਲਿਆ ਹੈ ਕਿ ਉਪਰੋਕਤ ਮੰਗਾਂ ਦੀ ਪ੍ਰਾਪਤੀ ਲਈ ਜਦੋਜਹਿਦ ਤੇਜ਼ ਕਰਨ ਹਿੱਤ 15 ਅਕਤੂਬਰ 2026 ਨੂੰ ਜਲੰਧਰ ਵਿਖੇ ਮਜ਼ਦੂਰਾਂ ਦੀ ਸੂਬਾ ਪੱਧਰੀ ਕਨਵੈਨਸ਼ਨ ਕੀਤੀ ਜਾਵੇਗੀ। ਉਚੇਚੇ ਪੁੱਜੇ ਜਮਹੂਰੀ ਲਹਿਰ ਦੇ ਕੌਮੀ ਆਗੂ, ਸੀ ਟੀ ਯੂ ਪੰਜਾਬ ਦੇ ਮੀਤ ਪ੍ਰਧਾਨ ਸਾਥੀ ਮੰਗਤ ਰਾਮ ਪਾਸਲਾ ਅਤੇ ਸੂਬੇ ਦੇ ਮਜ਼ਦੂਰਾਂ-ਮੁਲਾਜ਼ਮਾਂ ਦੇ ਮਹਿਬੂਬ ਆਗੂ ਸਾਥੀ ਨੱਥਾ ਸਿੰਘ ਨੇ ਮੌਜੂਦਾ ਕੌਮਾਂਤਰੀ, ਕੌਮੀ ਹਾਲਤ ਬਾਰੇ ਬੋਲਦਿਆਂ ਕਿਹਾ ਕਿ, "ਮੋਦੀ ਸਰਕਾਰ ਇਕ ਪਾਸੇ ਸਾਮਰਾਜੀ ਸ਼ਹਿ ਨਾਲ ਦੇਸੀ-ਵਿਦੇਸ਼ੀ ਕਾਰਪੋਰੇਟ ਲੋਟੂਆਂ ਤੇ ਬਹੁਕੌਮੀ ਕਾਰਪੋਰੇਸ਼ਨਾਂ ਨੂੰ ਮਾਲਾਮਾਲ ਕਰ ਰਹੀ ਹੈ, ਜਦਕਿ ਦੂਜੇ ਪਾਸੇ ਮਿਹਨਤੀ ਵਰਗਾਂ ਸਿਰ ਬੇਰੋਕ ਵੱਧ ਰਹੀ ਮਹਿੰਗਾਈ-ਬੇਰੁਜ਼ਗਾਰੀ, ਤੇ ਟੈਕਸਾਂ ਦਾ ਭਾਰ ਲੱਦ ਕੇ ਅਤੇ ਆਮ ਲੋਕਾਂ ਤੋਂ ਸਮਾਜਿਕ ਸਹੂਲਤਾਂ ਖੋਹ ਕੇ ਆਵਾਮ ਨੂੰ ਗੁਰਬਤ, ਕੰਗਾਲੀ-ਭੁੱਖਮਰੀ, ਕੁਪੋਸ਼ਣ ਆਦਿ ਮੁਸੀਬਤਾਂ ਵੱਲ ਧੱਕ ਰਹੀ ਹੈ।ਮੀਟਿੰਗ ਵੱਲੋਂ ਮੰਗ ਕੀਤੀ ਗਈ ਹੈ ਕਿ ਨਿਰਮਾਣ ਕਾਮਿਆਂ ਨੂੰ ਰਜਿਸਟਰਡ ਕਰਨ ਲਈ 'ਆਨਲਾਈਨ' ਦੇ ਨਾਲ-ਨਾਲ 'ਆਫਲਾਈਨ' ਵਿਧੀ ਵੀ ਲਾਗੂ ਕੀਤੀ ਜਾਵੇ ਅਤੇ ਕਿਰਤੀਆਂ ਨੂੰ ਬਣਦੀਆਂ ਸਹੂਲਤਾਂ ਦੇਣ 'ਚ ਛਾਏ ਜਾ ਰਹੇ ਬੇਲੋੜੇ ਅੜਿੱਕੇ ਤੇ ਖੱਜਲ-ਖੁਆਰੀ ਬੰਦ ਕੀਤੀ ਜਾਵੇ। ਕੁਲ ਹਿੰਦ ਕਿਸਾਨ ਮਹਾਸਭਾ ਵੱਲੋਂ ਆਉਣ ਵਾਲੀ 20 ਸਤੰਬਰ ਨੂੰ ਜਲੰਧਰ ਵਿਖੇ ਕੀਤੀ ਜਾ ਰਹੀ 'ਕਿਸਾਨ-ਮਜ਼ਦੂਰ ਏਕਤਾ ਰੈਲੀ' 'ਚ ਵੀ ਵਧ-ਚੜ੍ਹ ਕੇ ਸ਼ਾਮਲ ਹੋਣ ਦਾ ਫੈਸਲਾ ਲਿਆ ਗਿਆ ਹੈ।ਆਰੰਭ 'ਚ ਸਦੀਵੀ ਵਿਛੋੜਾ ਦੇ ਗਏ ਦਿਹਾਤੀ ਮਜ਼ਦੂਰ ਸਭਾ ਦੇ ਸੂਬਾਈ ਜਨਰਲ ਸਕੱਤਰ ਸਾਥੀ ਗੁਰਨਾਮ ਸਿੰਘ ਦਾਊਦ ਤੇ ਉੱਘੇ ਲੋਕ ਆਗੂ ਸਾਥੀ ਅਜਮੇਰ ਸਿੰਘ ਸਮਰਾ ਨੂੰ ਦੋ ਮਿੰਟ ਮੌਨ ਖੜੇ ਕੇ ਸ਼ਰਧਾਂਜਲੀ ਭੇਟ ਕੀਤੀ ਗਈ।

# ਸ਼ੇਰੋ 'ਤੇ ਤਸ਼ੱਦਦ ਦੀ ਸ਼ੇਰ-ਏ-ਪੰਜਾਬ ਕਿਸਾਨ ਯੂਨੀਅਨ ਵੱਲੋਂ ਨਿੰਦਾ

**ਮੋਰਿੰਡਾ (ਨਿਰਮਲ ਸਿੰਘ ਕਲਸੀ)** ਸ਼ੇਰ-ਏ-ਪੰਜਾਬ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਰੋਪੜ ਦੇ ਪ੍ਰਧਾਨ ਮਲਕੀਤ ਸਿੰਘ ਸ਼ੇਰੋ ਕਕਰਾਲੀ, ਸੀਨੀਅਰ ਮੀਤ ਪ੍ਰਧਾਨ ਜਗਮੀਤ ਸਿੰਘ ਮੁਗਲ ਮਾਜਰੀ ਨੇ ਮੀਡੀਆ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਸ਼ੇਰੋ ਪਿੰਡ ਵਿੱਚ



ਮੋਹਨਜੀਤ ਸਿੰਘ ਸ਼ੇਰੋ ਵੱਲੋਂ ਮੁੱਖ ਮੰਤਰੀ ਪੰਜਾਬ ਦੀ ਫੇਰੀ ਦੌਰਾਨ ਕਾਲੇ ਝੰਡਾ ਦਿਖਾਉਣ, ਨਸ਼ਿਆਂ ਨਾਲ ਮਰ ਰਹੀ ਪੰਜਾਬ ਦੀ ਨੌਜਵਾਨੀ ਬਚਾਉਣ ਲਈ ਆਪਣੇ ਘਰ ਦੀ ਛੱਤ ਤੇ ਖੜ ਕੇ ਰੋਸ ਜਾਹਿਰ ਕੀਤਾ ਪਰ ਉੱਥੇ ਦੇ ਡੀ ਐੱਸ ਪੀ ਖਹਿਰਾ ਨੇ ਪੁਲਸ ਪਾਰਟੀ ਨੂੰ ਨਾਲ ਲੈ ਕੇ ਜੋ ਮੋਹਨਜੀਤ ਸਿੰਘ ਤੇ ਕਹਿਰ ਢਾਹਿਆ ਅਤੇ ਤਸ਼ੱਦਦ ਕੀਤਾ। ਇਕ ਅੰਮ੍ਰਿਤਧਾਰੀ ਖਾਲਸਾ ਦੇ ਕਕਾਰਾਂ ਦੀ ਬੇਅਦਬੀ ਕਰਕੇ ਉਸ ਨੂੰ ਜਲੀਲ ਕੀਤਾ। ਸ਼ੇਰ ਏ ਪੰਜਾਬ ਕਿਸਾਨ ਯੂਨੀਅਨ ਉਸ ਦੀ ਘੋਰ ਨਿੰਦਾ ਕਰਦੀ ਹੈ ਤੇ ਮੰਗ ਕਰਦੀ ਹੈ ਕਿ ਇਹਨਾਂ ਅਫਸਰਾਂ ਨੂੰ ਮੁਅੱਤਲ ਕਰਕੇ ਸਖਤ ਕਾਰਵਾਈ ਕੀਤੀ ਜਾਵੇ। ਝੋਨਾ ਪੱਕਣ ਦੇ ਕਿਨਾਰੇ ਤੇ ਹੈ ਪਰ ਸਰਕਾਰ ਅੱਠ ਘੰਟੇ ਪਾਵਰ ਬਿਜਲੀ ਦੇਣ ਦਾ ਵਾਅਦਾ ਕਰਕੇ ਪੰਜ ਘੰਟਿਆਂ ਚੋਂ ਸਿਮਟ ਕੇ ਸਿਰਫ ਚਾਰ ਘੰਟੇ ਤੇ ਰਹਿ ਗਈ ਹੈ। ਇਸ ਮੌਕੇ ਪ੍ਰੈਸ ਬਲਿੰਦਰ ਸਿੰਘ, ਦਲਜੀਤ ਸਿੰਘ ਗਿੱਲ ਸ਼ਹਿਰੀ ਪ੍ਰਧਾਨ ਰੋਪੜ, ਸੁਖਵਿੰਦਰ ਸਿੰਘ ਗੱਗੋਂ, ਜਗਦੀਪ ਸਿੰਘ ਬਲਾਕ ਪ੍ਰਧਾਨ ਸ੍ਰੀ ਚਮਕੌਰ ਸਾਹਿਬ, ਅਮਨਿੰਦਰ ਸਿੰਘ ਲੋਹਗੜਦਾਰ ਗੱਗੋਂ, ਗੁਰਪ੍ਰੀਤ ਸਿੰਘ ਗੁਰੀ ਚੂਹੜ ਮਾਜਰਾ, ਜੋਤ ਗੱਗੋਂ, ਕਾਲਾ ਮੁਗਲ ਮਾਜਰੀ ਹਾਜ਼ਰ ਸਨ।

# ਐੱਲ ਪੀ ਯੂ ਨੇ ਸਥਾਪਨਾ ਦਿਵਸ ਮਨਾਇਆ

**ਜਲੰਧਰ (ਸ਼ੈਲੀ ਐਲਬਰਟ)**- ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਨੇ ਆਪਣਾ 25ਵਾਂ ਸਥਾਪਨਾ ਦਿਵਸ ਅਤੇ ਸਿਲਵਰ ਜੁਬਲੀ ਮਨਾਇਆ। ਇਹ ਵਿਦਿਆਰਥੀਆਂ, ਉਦਯੋਗ ਅਤੇ ਸਮਾਜ ਦੀਆਂ ਬਦਲਦੀਆਂ ਜ਼ਰੂਰਤਾਂ ਦੇ ਅਨੁਸਾਰ ਪੇਸ਼ੇਵਰ ਸਿੱਖਿਆ ਨੂੰ ਲਗਾਤਾਰ




ਵਧਦੇ ਢੁਕਵਾਂ ਬਣਾਉਣ ਦੇ ਦ੍ਰਿਸ਼ਟੀਕੋਣ ਦੁਆਰਾ ਆਕਾਰ ਦਿੱਤੇ ਗਏ ਸਫ਼ਰ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਹੈ। ਇਸ ਜਸ਼ਨ ਨੇ ਸੰਸਥਾ ਦੇ ਸਫ਼ਰ ਨੂੰ ਯਾਦ ਕਰਨ ਲਈ ਐੱਲ ਪੀ ਯੂ ਪਰਿਵਾਰ ਨੂੰ ਇਕੱਠਾ ਕੀਤਾ। 25 ਸਾਲਾਂ ਦੀ ਵਚਨਬੱਧ ਸੇਵਾ ਦੇ ਪ੍ਰਤੀਕ ਦਾ ਉਦਘਾਟਨ ਕੀਤਾ ਗਿਆ, ਫੈਕਲਟੀ ਅਤੇ ਸਟਾਫ ਮੈਂਬਰਾਂ ਨੂੰ ਸਨਮਾਨਤ ਕੀਤਾ ਗਿਆ, ਅਤੇ ਅਧਿਆਪਕ ਦਿਵਸ ਦੇ ਨਾਲ, ਯੂਨੀਵਰਸਿਟੀ ਦੇ ਸਫ਼ਰ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣ ਵਾਲੇ ਅਧਿਆਪਕਾਂ ਨੂੰ ਸਨਮਾਨਿਤ ਕੀਤਾ ਗਿਆ। ਐੱਲ ਪੀ ਯੂ ਦੀ ਕਹਾਣੀ 2001 ਵਿੱਚ ਸ਼ੁਰੂ ਹੋਈ, ਜਦੋਂ ਇੰਟਰਨੈਸ਼ਨਲ ਇੰਸਟੀਚਿਊਟ ਆਫ਼ ਮੈਨੇਜਮੈਂਟ ਦੀ ਸਥਾਪਨਾ ਪੇਸ਼ੇਵਰ ਸਿੱਖਿਆ ਤੱਕ ਪਹੁੰਚ ਵਧਾਉਣ ਦੇ ਉਦੇਸ਼ ਨਾਲ ਕੀਤੀ ਗਈ ਸੀ। ਪੰਜਾਬ ਟੈਕਨੀਕਲ ਯੂਨੀਵਰਸਿਟੀ ਦੇ ਅਧੀਨ ਚਾਰ ਪ੍ਰਬੰਧਨ ਪ੍ਰੋਗਰਾਮਾਂ ਨਾਲ ਸ਼ੁਰੂ ਕਰਦੇ ਹੋਏ, ਸੰਸਥਾ ਦੇ ਸ਼ੁਰੂਆਤੀ ਸਾਲ ਇੱਕ ਦ੍ਰਿਸ਼ਟੀਕੋਣ ਦੁਆਰਾ ਆਕਾਰ ਦਿੱਤੇ ਗਏ ਸਨ ਜੋ ਸਿਰਫ਼ ਪ੍ਰੋਗਰਾਮਾਂ ਜਾਂ ਵਿਦਿਆਰਥੀਆਂ ਨੂੰ ਜੋੜਨ ਤੋਂ ਪਰੇ ਸੀ। ਉਸ ਦ੍ਰਿਸ਼ਟੀਕੋਣ ਨੇ 2005 ਵਿੱਚ ਐੱਲ ਪੀ ਯੂ ਨੂੰ ਯੂਨੀਵਰਸਿਟੀ ਦੇ ਦਰਜੇ ਤੱਕ ਉੱਚਾ ਕੀਤਾ, ਜਿਸਨੂੰ ਜਿਸਦੇ ਵੱਡੇ ਵਿਦਿਅਕ ਦ੍ਰਿਸ਼ਟੀਕੋਣ ਨੂੰ ਅੱਗੇ ਵਧਾਉਣ ਲਈ ਸੰਸਥਾਗਤ ਖੁਦਮੁਖਤਿਆਰੀ ਪ੍ਰਦਾਨ ਕੀਤੀ। ਅੱਜ, ਐਲਪੀਯੂ ਇੱਕ ਏਕੀਕ੍ਰਿਤ ਯੂਨੀਵਰਸਿਟੀ ਈਕੋਸਿਸਟਮ ਬਣ ਗਿਆ ਹੈ, ਜੋ ਅਕਾਦਮਿਕ ਬੁਨਿਆਦੀ ਢਾਂਚੇ ਨੂੰ ਸਹੂਲਤਾਂ ਅਤੇ ਸੇਵਾਵਾਂ ਨਾਲ ਜੋੜਦਾ ਹੈ ਜੋ ਕੈਂਪਸ ਨੂੰ ਲਗਭਗ ਇੱਕ ਸਵੈ-ਨਿਰਭਰ ਸ਼ਹਿਰ ਵਾਂਗ ਕੰਮ ਕਰਦੇ ਹਨ। ਅਧਿਆਪਕ ਦਿਵਸ 'ਤੇ, ਫੈਕਲਟੀ ਅਤੇ ਸਟਾਫ ਦੇ ਸਮਰਪਣ ਅਤੇ ਸੇਵਾ ਨੂੰ ਮਾਨਤਾ ਦੇਣ ਲਈ ਇੱਕ ਵਿਸ਼ੇਸ਼ ਸਟਾਫ ਪ੍ਰਸ਼ੰਸਾ ਪੁਰਸਕਾਰ ਸਮਾਰੋਹ ਆਯੋਜਿਤ ਕੀਤਾ ਗਿਆ। ਉਨ੍ਹਾਂ ਦੇ ਸਮਰਪਣ ਅਤੇ ਉੱਤਮਤਾ ਨੂੰ ਦਰਸਾਉਂਦੇ ਹੋਏ, ਕਈ ਸ਼੍ਰੇਣੀਆਂ ਵਿੱਚ ਕੁੱਲ 6.5 ਕਰੋੜ ਦੇ ਨਕਦ ਇਨਾਮ ਦਿੱਤੇ, ਜਿਨ੍ਹਾਂ ਵਿੱਚ ਅਧਿਆਪਨ, ਖੋਜ਼ੀ ਸਿੱਖਿਆ, ਅਤੇ ਖੋਜ, ਪ੍ਰਸ਼ਾਸਨਿਕ ਸੇਵਾਵਾਂ, ਰਿਹਾਇਸ਼ੀ ਸਹਾਇਤਾ, ਹੁਨਰ ਵਿਕਾਸ, ਅਤੇ ਹੋਰ ਬਹੁਤ ਕੁਝ ਸ਼ਾਮਲ ਹੈ।

# ਡਾ. ਵਿਵੇਕ ਗੁੰਬਰ ਨੇ ਗੁਰਦਿਆਂ ਦੀ ਗੰਭੀਰ ਬਿਮਾਰੀ ਨਾਲ ਜੂਝ ਰਹੀ ਔਰਤ ਦੀ ਜਾਨ ਬਚਾਈ

**ਬੰਗਾ (ਅਵਤਾਰ ਕਲੇਰ)**- ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਮੈਡੀਕਲ ਵਿਭਾਗ ਦੇ ਮੁਖੀ ਡਾ. ਵਿਵੇਕ ਗੁੰਬਰ ਵੱਲੋਂ ਗੁਰਦੇ ਖਰਾਬ ਤੇ ਹਾਰਟ ਅਟੈਕ ਕਰਕੇ ਫੇਫੜਿਆਂ ਦੀ ਸੋਜਿਸ਼ ਕਾਰਨ



ਸਰੀਰ ਅੰਦਰ ਕਾਰਬਨਡਾਈਆਕਸਾਈਡ ਗੈਸ ਦੀ ਨਿਯਤ ਮਾਤਰਾ ਤੋਂ ਜ਼ਿਆਦਾ ਵਧਣ ਕਰਕੇ ਦਿਲ ਦੀ ਕਾਰਜ ਪ੍ਰਣਾਲੀ 'ਤੇ ਪਏ ਬੁਰੇ ਪ੍ਰਭਾਵਾਂ ਨਾਲ ਪੀੜ੍ਹਤ 67 ਸਾਲਾ ਔਰਤ ਦੀ ਜਾਨ ਬਚਾਏ ਜਾਣ ਦਾ ਸਮਾਚਾਰ ਹੈ। ਡਾ. ਵਿਵੇਕ ਗੁੰਬਰ ਨੇ ਮੀਡੀਆ ਨਾਲ ਜਾਣਕਾਰੀ ਸਾਂਝੀ ਕਰਦੇ ਹੋਏ ਦੱਸਿਆ ਕਿ ਉਕਤ ਮਰੀਜ਼ ਬਹੁਤ ਮਾੜੀ ਹਾਲਤ ਵਿਚ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਇਲਾਜ ਲਈ ਲਿਆਂਦੀ ਗਈ ਸੀ।ਹਸਪਤਾਲ ਵਿੱਚ ਦਾਖਲੇ ਤੋਂ ਕੁਝ ਸਮੇਂ ਬਾਅਦ ਹੀ ਮਰੀਜ਼ ਦੇ ਦਿਲ ਦੀ ਧੜਕਣ ਅਚਾਨਕ ਬੰਦ ਹੋ ਗਈ ਸੀ, ਫੌਰੀ ਤੌਰ 'ਤੇ ਆਈ ਸੀ ਯੂ ਵਿੱਚ ਡਾਕਟਰਾਂ ਦੀ ਟੀਮ ਨੇ ਮਰੀਜ਼ ਦੀ ਰੁਕੀ ਹੋਈ ਧੜਕਣ ਨੂੰ ਦੁਬਾਰਾ ਚਾਲੂ ਕਰਨ ਲਈ ਵਰਤੀ ਜਾਂਦੀ ਖਾਸ ਤਕਨੀਕ ਸੀ ਪੀ ਆਰ ਕਰਨਾ ਸ਼ੁਰੂ ਕਰ ਦਿੱਤਾ ਸੀ। ਮਰੀਜ਼ ਨੂੰ ਸਾਹ ਦੇਣ ਲਈ ਸਾਹ ਨਲੀ ਵਿੱਚ ਇੰਡੋਟਰੈਕਲ ਟਿਊਬ ਪਾ ਕੇ ਵੈਂਟੀਲੇਟਰ ਦੀ ਮਦਦ ਲਈ ਗਈ ਜਿਸ ਨਾਲ ਮਰੀਜ਼ ਦੀ ਹਾਲਤ ਵਿੱਚ ਸੁਧਾਰ ਹੋਣ ਲੱਗਾ। ਮਰੀਜ਼ ਦਾ ਪਹਿਲੇ ਦਸ ਦਿਨ ਆਈ ਸੀ ਯੂ ਵਿਚ ਵੈਂਟੀਲੇਟਰ, ਇੰਡੋਟਰੈਕਲ ਟਿਊਬ ਅਤੇ ਹੋਰ ਆਧੁਨਿਕ ਮੈਡੀਕਲ ਯੰਤਰਾਂ ਦੀ ਸਹਾਇਤਾ ਨਾਲ ਮਿਆਰੀ ਇਲਾਜ ਤੇ ਨਰਸਿੰਗ ਕੇਅਰ ਕਰਨ ਉਪਰੰਤ ਤਿੰਨ ਦਿਨ ਵਿਸ਼ੇਸ਼ ਐੱਚ ਡੀ ਯੂ ਵਾਰਡ ਵਿਚ ਕੀਤੇ ਇਲਾਜ ਉਪਰੰਤ ਮਰੀਜ਼ ਬਿਲਕੁੱਲ ਤੰਦਰੁਸਤ ਹੈ।

ਇਸ ਮੌਕੇ ਮਰੀਜ਼ ਦੇ ਪਰਵਾਰ ਵੱਲੋਂ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਦੇ ਡਾ ਵਿਵੇਕ ਗੁੰਬਰ ਅਤੇ ਨਰਸਿੰਗ ਸਟਾਫ਼ ਦਾ ਹਾਰਦਿਕ ਧੰਨਵਾਦ ਕੀਤਾ।

# ਅਧਿਆਪਕ ਦਿਵਸ ਮੌਕੇ ਨਾਮਵਰ ਸ਼ਖ਼ਸੀਅਤਾਂ ਸਨਮਾਨਤ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਸਮਾਜ ਦੇ ਬੌਧਿਕ ਵਿਕਾਸ ਅਤੇ ਨਵੀਂ ਪੀੜ੍ਹੀ ਦੇ ਸੁਨਹਿਰੀ ਭਵਿੱਖ ਦੀ ਸਿਰਜਣਾ ਵਿੱਚ ਉਮਰ ਭਰ ਵਡਮੁੱਲਾ ਯੋਗਦਾਨ ਪਾਉਣ ਵਾਲੇ ਚਾਨਣ-ਮੁਨਾਰਿਆਂ ਪ੍ਰਤੀ ਸ਼ਰਧਾ ਅਤੇ ਸਤਿਕਾਰ ਪ੍ਰਗਟ ਕਰਦਿਆਂ, ਰੋਟਰੀ ਕਲੱਬ ਡੇਰਾਬੱਸੀ ਟਾਊਨ ਵੱਲੋਂ 'ਅਧਿਆਪਕ ਦਿਵਸ' ਮੌਕੇ ਇੱਕ ਵਿਸ਼ੇਸ਼ ਗੌਰਵਮਈ ਉਪਰਾਲਾ ਕੀਤਾ ਗਿਆ। ਇਸ ਦੌਰਾਨ ਵੱਖ-ਵੱਖ ਖੇਤਰਾਂ ਵਿੱਚ ਮੋਹਰੀ ਭੂਮਿਕਾ ਨਿਭਾਉਣ ਵਾਲੇ ਉੱਘੇ ਸਿੱਖਿਆ ਸ਼ਾਸਤਰੀਆਂ ਅਤੇ ਅਧਿਆਪਕਾਂ ਨੂੰ ਦੋਸ਼ਾਲਾ (ਸ਼ਾਲ) ਅਤੇ ਯਾਦਗਾਰੀ ਚਿੰਨ੍ਹ ਭੇਟ ਕਰਕੇ ਪੂਰੇ ਮਾਣ ਅਤੇ ਸਤਿਕਾਰ ਨਾਲ ਸਨਮਾਨਤ ਕੀਤਾ ਗਿਆ।



ਸਨਮਾਨ ਹਾਸਲ ਕਰਨ ਵਾਲਿਆਂ ਉੱਘੀਆਂ ਸ਼ਖ਼ਸੀਅਤਾਂ: ਸੰਦੀਪ ਵਰਮਾ-ਡਿਪਟੀ ਸੈਕਟਰੀ (ਪੰਜਾਬ ਸਕੂਲ ਸਿੱਖਿਆ ਬੋਰਡ), ਭਾਗ ਸਿੰਘ-ਸੇਵਾਮੁਕਤ ਜ਼ਿਲ੍ਹਾ ਖੰਡ ਅਫ਼ਸਰ, ਜਸਵਿੰਦਰ ਸਿੰਘ ਨਈਅਰ-ਸੇਵਾਮੁਕਤ ਸਹਾਇਕ ਡਾਇਰੈਕਟਰ (ਸਕੂਲ ਸਿੱਖਿਆ ਵਿਭਾਗ, ਪੰਜਾਬ), ਮਾਸਟਰ ਪ੍ਰੇਮ ਕੁਮਾਰ ਸੈਣੀ-ਉੱਘੇ ਸਿੱਖਿਆ ਸ਼ਾਸਤਰੀ, ?ਮਾਸਟਰ ਵਿਪਨ ਥੰਮਨ ਅਤੇ ਉਨ੍ਹਾਂ ਦੀ ਧਰਮ ਪਤਨੀ ਸ਼੍ਰੀਮਤੀ ਅਨੀਤਾ ਥੰਮਨ। ?ਕਲੱਬ ਦੇ ਪ੍ਰਧਾਨ ਹਰਿੰਦਰ ਸਿੰਘ ਹਨੀ ਨੇ ਭਾਵਪੂਰਤ ਸ਼ਬਦਾਂ ਵਿੱਚ ਕਿਹਾ ਕਿ ਅਧਿਆਪਕ ਕੇਵਲ ਕਿਤਾਬੀ ਗਿਆਨ ਦੇਣ ਵਾਲਾ ਨਹੀਂ, ਸਗੋਂ ਚਰਿੱਤਰ ਅਤੇ ਜ਼ਿੰਦਗੀ ਨੂੰ ਸਹੀ ਸੇਧ ਦੇਣ ਵਾਲਾ ਸੱਚਾ ਮਾਰਗਦਰਸ਼ਕ ਹੁੰਦਾ ਹੈ। ਉਨ੍ਹਾਂ ਕਿਹਾ ਕਿ ਕੋਈ ਵੀ ਇਨਸਾਨ ਸਮਾਜ ਵਿੱਚ ਭਾਵੇਂ ਕਿੰਨੇ ਵੀ ਉੱਚੇ ਰੁਤਬੇ ਜਾਂ ਮੁਕਾਮ 'ਤੇ ਪਹੁੰਚ ਜਾਵੇ, ਉਸ ਦੀ ਸਫ਼ਲਤਾ ਦੀ ਬੁਨਿਆਦ ਵਿੱਚ ਉਸ ਦੇ ਗੁਰੂਆਂ ਅਤੇ ਉਸਤਾਦਾਂ ਦੀ ਘਾਲਣਾ ਸ਼ਾਮਲ ਹੁੰਦੀ ਹੈ। ਅਗਿਆਨਤਾ ਦੇ ਹਨੇਰੇ ਵਿੱਚੋਂ ਕੱਢ ਕੇ ਗਿਆਨ ਦਾ ਚਾਨਣ ਬਿਖੇਰਨ ਅਤੇ ਇੱਕ ਬਿਹਤਰ ਇਨਸਾਨ ਘੜਨ ਦਾ ਸਫ਼ਰ ਅਧਿਆਪਕਾਂ ਤੋਂ ਬਿਨਾਂ ਅਸੰਭਵ ਹੈ।

ਇਸ ਮੌਕੇ ਕਲੱਬ ਦੇ ਪ੍ਰਮੁੱਖ ਅਹੁਦੇਦਾਰ ਅਤੇ ਮੈਂਬਰ, ਜਿਨ੍ਹਾਂ ਵਿੱਚ ਹਰਵਿੰਦਰ ਸਿੰਘ ਪਿੰਕਾ, ਭੁਪਿੰਦਰ ਸਿੰਘ ਸੈਣੀ, ਸੈਕਟਰੀ ਸੌਰਵ ਚੌਹਾਨ, ਅਮਿਤ ਬਿੰਦਲ ਅਤੇ ਸੋਹਣ ਲਾਲ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਸਮੂਹ ਕਲੱਬ ਮੈਂਬਰਾਂ ਨੇ ਸਨਮਾਨਤ ਸ਼ਖ਼ਸੀਅਤਾਂ ਦੀ ਲੰਮੀ ਉਮਰ, ਚੰਗੀ ਸਿਹਤ ਅਤੇ ਸਮਾਜ ਪ੍ਰਤੀ ਉਨ੍ਹਾਂ ਦੀਆਂ ਨਿਸ਼ਕਾਮ ਸੇਵਾਵਾਂ ਲਈ ਸ਼ੁਭਕਾਮਨਾਵਾਂ ਭੇਟ ਕੀਤੀਆਂ।

# ਸਤਨਾਮ ਜਾਨੀਵਾਲ ਖੇਤ ਮਜ਼ਦੂਰ ਯੂਨੀਅਨ ਦੇ ਕਨਵੀਨਰ ਚੁਣੇ ਗਏ

**ਬੰਗਾ (ਅਵਤਾਰ ਕਲੇਰ)**- ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਨਵਾਂਸ਼ਹਿਰ ਦੀ ਜਨਰਲ ਬਾਡੀ ਦੀ ਮੀਟਿੰਗ ਮਜ਼ਦੂਰ ਸਾਥੀ ਸਰਾਧੂ ਰਾਮ ਤਾਜੋਵਾਲ ਦੀ ਪ੍ਰਧਾਨਗੀ ਹੇਠ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਯੂਨੀਅਨ ਦੇ ਸੂਬਾ ਪ੍ਰਧਾਨ ਰਾਮ ਸਿੰਘ ਨੂਰਪੁਰੀ ਨੇ ਕਿਹਾ ਕਿ ਨਰੇਗਾ ਮਜ਼ਦੂਰਾਂ ਦਾ ਬੰਦ ਪਿਆ ਕੰਮ ਚਾਲੂ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਜਿਨ੍ਹਾਂ ਕੋਆਪ੍ਰੇਟਿਵ ਸਰਵਿਸ ਸੁਸਾਇਟੀਆਂ ਦਾ ਕਰਜ਼ਾ ਮੁਆਫ਼ ਨਹੀਂ ਕੀਤਾ ਗਿਆ ਉਨ੍ਹਾਂ ਦਾ ਕਰਜ਼ਾ ਜਲਦੀ ਤੋਂ ਜਲਦੀ ਮੁਆਫ ਕੀਤਾ ਜਾਵੇ।ਵਧ ਰਹੀ ਮਹਿੰਗਾਈ ਨੂੰ ਠੱਲ੍ਹ ਪਾਈ ਜਾਵੇ। ਖੰਡ,ਪਿਆਜ਼ ਅਤੇ ਖਾਣ ਵਾਲੇ ਤੇਲਾਂ ਦੀਆਂ ਕੀਮਤਾਂ ਨੂੰ ਜਲਦੀ ਤੋਂ ਜਲਦੀ ਘਟਾਇਆ ਜਾਵੇ। ਮੀਟਿੰਗ ਨੂੰ ਜ਼ਿਲ੍ਹਾ ਪ੍ਰਧਾਨ ਕੁਲਦੀਪ ਸਿੰਘ ਦਿੜਬਾ ਅਤੇ ਕਿਸਾਨ ਆਗੂ ਚਰਨਜੀਤ ਦੌਲਤਪੁਰ ਨੇ ਵੀ ਸੰਬੋਧਨ ਕੀਤਾ।ਅੰਤ ਵਿੱਚ 9 ਮੈਂਬਰੀ ਆਰਜ਼ੀ ਕਮੇਟੀ ਬਣਾਈ ਗਈ ਜਿਸ ਵਿਚ ਕਰਮਜੀਤ ਸਿੰਘ, ਅਵਤਾਰ ਸਿੰਘ ਜਾਡਲਾ, ਸ਼ਿੰਗਾਰਾ ਸਿੰਘ ਬਜ਼ਵਾ, ਜਗਤਾਰ ਸਿੰਘ ਜਲਾਹ ਮਾਜਲਾ,ਪਾਲ ਸਿੰਘ ਭਾਨ ਮਜਾਰਾ, ਜਗਦੀਸ਼ ਗਰਚਾ, ਜਸਪਾਲ ਅਤੇ ਅਨੰਤ ਰਾਮ ਮੈਂਬਰ ਚੁਣੇ ਗਏ। ਜਿਨ੍ਹਾਂ ਨੇ ਸਤਨਾਮ ਜਾਨੀਵਾਲ ਨੂੰ ਆਪਣਾ ਕਨਵੀਨਰ ਚੁਣ ਲਿਆ। ਉਨ੍ਹਾਂ ਫੈਸਲਾ ਕੀਤਾ ਕਿ 15 ਸਤੰਬਰ ਤੋਂ 15 ਅਕਤੂਬਰ ਤੱਕ ਪਿੰਡ ਪੱਧਰ ਦੀਆਂ ਮੀਟਿੰਗਾਂ ਕਰਕੇ ਯੂਨਿਟ ਬਣਾਏ ਜਾਣਗੇ। ਇਸ ਮੌਕੇ ਤੇ ਸਾਥੀ ਚਮਨ ਲਾਲ ਲੱਖਪੁਰ ਨੂੰ ਨਿੱਘੀ ਸ਼ਰਧਾਂਜਲੀ ਭੇਟ ਕੀਤੀ ਗਈ।

# ਬਹੁਜਨ ਸਮਾਜ ਪਾਰਟੀ ਦੀ ਮੀਟਿੰਗ

**ਮੋਹਣੀਆਣਾ (ਜਗਤਾਰ ਸਿੰਘ ਭੁੰਗਰਨੀ)**- ਬਹੁਜਨ ਸਮਾਜ ਪਾਰਟੀ ਹਲਕਾ ਚੱਬੇਵਾਲ ਦੇ ਜ਼ੋਨ ਭਾਮ ਦੀ ਮੀਟਿੰਗ ਗੁਰਵਿੰਦਰ ਸਿੰਘ ਖਾਲਸਾ ਦੀ ਅਗਵਾਈ ਵਿੱਚ ਬੁਲਾਈ ਗਈ ਜਿਸ ਵਿੱਚ ਮੁੱਖ ਮਹਿਮਾਨ ਵਜੋਂ ਹਲਕਾ ਇੰਚਾਰਜ ਚੱਬੇਵਾਲ ਐਡਵੋਕੇਟ ਪਲਵਿੰਦਰ ਮਾਨਾ ਪਹੁੰਚੇ ਉਨ੍ਹਾਂ ਦੇ ਨਾਲ ਵਿਸ਼ੇਸ਼ ਤੌਰ ਤੇ ਦਵਿੰਦਰ ਸਿੰਘ ਬਾਹੋਵਾਲ ਬਾਮਸੇਫ ਹਲਕਾ ਇੰਚਾਰਜ ਵੀ ਪਹੁੰਚੇ। ਇਸ ਮੀਟਿੰਗ ਦੇ ਵਿੱਚ ਸੰਗਠਨ ਨੂੰ ਮਜ਼ਬੂਤ ਕਰਨ ਦੇ ਲਈ ਐਡਵੋਕੇਟ ਮਾਨਾ ਨੇ ਅਹੁਦੇਦਾਰਾਂ ਨੂੰ ਦਿਸ਼ਾ ਨਿਰਦੇਸ਼ ਦਿੱਤੇ ਅਤੇ ਭਾਮ ਜੋਨ ਦੇ ਸਾਰੇ ਸੈਕਟਰਾਂ ਦੀਆਂ ਕਮੇਟੀਆਂ ਅਤੇ ਬੂਥ ਕਮੇਟੀਆ ਨੂੰ ਮੁਕੰਮਲ ਕਰਨ ਦੇ ਲਈ ਦਿਸ਼ਾ ਨਿਰਦੇਸ਼ ਦਿੱਤੇ ਅਤੇ ਬਹੁਜਨ ਸਮਾਜ ਪਾਰਟੀ ਵੱਲੋਂ ਚਲਾਈ ਗਈ ਪੰਜਾਬ ਸੰਭਾਲੋ ਮੁਹਿੰਮ ਦੀਆਂ ਨੀਤੀਆਂ ਨੂੰ ਘਰ ਘਰ ਪਹੁੰਚਾਉਣ ਦੇ ਲਈ ਸੰਕਲਪ ਲਿਆ ਗਿਆ। ਇਸ ਦੌਰਾਨ ਐਡਵੋਕੇਟ ਮਾਨਾ ਨੇ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਇਕ ਵਾਰ 2027 ਵਿੱਚ ਬਹੁਜਨ ਸਮਾਜ ਪਾਰਟੀ ਨੂੰ ਮੌਕਾ ਦਿਓ ਅਤੇ ਬਹੁਜਨ ਸਮਾਜ ਪਾਰਟੀ ਪੰਜਾਬ ਨੂੰ ਭ੍ਰਿਸ਼ਟਾਚਾਰ ਮੁਕਤ, ਕਰਜ਼ਾ ਮੁਕਤ ਅਤੇ ਨਸ਼ਾ ਮੁਕਤ ਕਰਕੇ ਰੰਗਲੇ ਪੰਜਾਬ ਦੀ ਸਿਰਜਣਾ ਕਰੇਗੀ।



ਇਸ ਮੌਕੇ ਹਾਜ਼ਰ ਸਾਥੀਆਂ ਵਿੱਚ ਸੁਰੇਸ਼ ਭੱਟੀ, ਸਤਪਾਲ ਬਡਲਾ, ਬਲਵੰਤ ਨੌਨੀਤਪੁਰ, ਚਰਨਜੀਤ ਬਾਹੋਵਾਲ, ਵਿੱਕੀ ਬੱਗਾ, ਰਾਜੇਸ਼ ਭੂਨੋ, ਸ਼ਿਵ ਕੁਮਾਰ ਜੰਡੋਲੀ, ਸਿਮਰੂ ਰਾਮ ਬਾਮਸੇਫ, ਹਰਕਮਲਜੀਤ ਸਿੰਘ, ਸੰਨੀ ਰੂਪੋਵਾਲ, ਕਾਲਾ ਰੂਪੋਵਾਲ, ਸਾਬੀ ਭੂੰਗਰਨੀ, ਸਮੀਰ ਮਾਨਾ,ਅਨਿਕੇਤ ਮਾਨਾ, ਸਾਗਰ ਸਿੰਘ ਖ਼ਾਲਸਾ, ਸੋਰਬ ਹੀਰ, ਜਸਵੀਰ ਸਿੰਘ ਕਮੋਵਾਲ ਹਾਜ਼ਰ ਸਨ।

# ਐੱਚ ਐੱਮ ਵੀ ਕਾਲਜੀਏਟ ਸਕੂਲ ਵਿਖੇ ਅਧਿਆਪਕ ਦਿਵਸ ਮਨਾਇਆ

**ਜਲੰਧਰ (ਸ਼ੈਲੀ ਐਲਬਰਟ)**-ਐੱਚ ਐੱਮ ਵੀ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ ਵਿਖੇ ਪ੍ਰਿੰਸੀਪਲ ਡਾ. ਏਕਤਾ ਖੋਸਲਾ ਦੀ ਅਗਵਾਈ ਹੇਠ ਵਿਦਿਆਰਥਣਾਂ ਦੇ ਸਰਬਪੱਖੀ ਵਿਕਾਸ ਵਿੱਚ ਅਤੇ ਰਾਸ਼ਟਰ ਨਿਰਮਾਣ ਵਿੱਚ ਅਧਿਆਪਕਾਂ ਦੇ ਅਨਮੁੱਲੇ ਯੋਗਦਾਨ ਦਾ ਸਨਮਾਨ ਕਰਨ ਲਈ ਅਧਿਆਪਕ ਦਿਵਸ ਬਹੁਤ ਉਤਸ਼ਾਹ ਅਤੇ ਸਤਿਕਾਰ ਨਾਲ ਮਨਾਇਆ ਗਿਆ। ਪ੍ਰੋਗਰਾਮ ਦਾ ਸੰਯੋਜਨ ਉਪਮਾ ਗੁਪਤਾ, ਸਕੂਲ ਇੰਚਾਰਜ ਤੇ ਰੇਣੂ ਵਾਲੀਆ, ਇੰਚਾਰਜ ਗੈਰ-ਸਿੱਖਿਅਕ ਗਤੀਵਿਧੀਆਂ ਅਤੇ ਡਾ. ਸੀਮਾ ਮਰਵਾਹਾ, ਡੀਨ ਅਕਾਦਮਿਕ ਅਤੇ ਸਕੂਲ ਸਲਾਹਕਾਰ ਦੀ ਯੋਗ ਅਗਵਾਈ ਹੇਠ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਗਿਆਨ ਦੀ ਜੋਤ ਜਗਾਉਣ ਨਾਲ ਕੀਤੀ ਗਈ ਜਿਸ ਤੋਂ ਬਾਅਦ ਸਾਰਿਆਂ ਨੇ ਡੀ ਏ ਵੀ ਗਾਨ ਵਿੱਚ ਹਿੱਸਾ ਲਿਆ। ਇਸ ਮੌਕੇ ਪ੍ਰਿੰਸੀਪਲ ਡਾ. ਏਕਤਾ ਖੋਸਲਾ ਨੂੰ ਸਤਿਕਾਰ ਵਜੋਂ ਫੁੱਲਾਂ ਦੇ ਗੁਲਦਸਤੇ ਭੇਟ ਕਰਕੇ ਸਨਮਾਨਤ ਕੀਤਾ ਗਿਆ। ਆਪਣੇ ਸੰਬੋਧਨ ਵਿੱਚ ਪ੍ਰਿੰਸੀਪਲ ਡਾ. ਏਕਤਾ ਖੋਸਲਾ ਨੇ ਐੱਚ ਐੱਮ ਵੀ ਦੀ ਡੂੰਘੀ ਵਿਰਾਸਤ ਬਾਰੇ ਜਾਣਕਾਰੀ ਦਿੰਦਿਆਂ ਹੋਇਆਂ ਕਿਹਾ ਕਿ ਸੰਸਥਾ ਦੀਆਂ ਕੰਧਾਂ ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਦੇ ਦ੍ਰਿਸ਼ਟੀਕੋਣ ਅਤੇ



ਆਦਰਸ਼ਾਂ ਨਾਲ ਭਰਪੂਰ ਹਨ, ਜੋ ਸੰਸਥਾ ਨਾਲ ਜੁੜੇ ਉੱਘੇ ਸੰਸਥਾਪਕਾਂ ਵਿੱਚੋਂ ਇੱਕ ਹਨ। ਉਨ੍ਹਾਂ ਕਿਹਾ ਕਿ ਜਦੋਂ ਕਿ ਆਰਟੀਫੀਸ਼ੀਅਲ ਇੰਟੈਲੀਜੈਂਸ ਸਿੱਖਿਆ ਦੇ ਦ੍ਰਿਸ਼ਟੀਕੋਣ ਨੂੰ ਬਦਲ ਸਕਦੀ ਹੈ, ਇਹ ਇੱਕ ਅਧਿਆਪਕ ਅਤੇ ਇੱਕ ਸਿਖਿਆਰਥੀ ਵਿਚਕਾਰ ਭਾਵਨਾਤਮਕ ਸੰਬੰਧ ਨੂੰ ਨਹੀਂ ਬਦਲ ਸਕਦੀ। ਇਹ ਜਸ਼ਨ ਸੱਭਿਆਚਾਰਕ ਪੇਸ਼ਕਾਰੀਆਂ ਦੀ ਜੀਵੰਤ ਲੜੀ ਨਾਲ ਭਰਪੂਰ ਸੀ, ਜਿਸ ਵਿੱਚ ਭਾਸ਼ਣ, ਗਾਇਨ ਅਤੇ ਕਵਿਤਾ ਉਚਾਰਣ ਸ਼ਾਮਲ ਰਹੇ। ਪ੍ਰੋਗਰਾਮ ਦੇ ਮੁੱਖ ਆਕਰਸ਼ਣਾਂ ਵਿੱਚੋਂ ਹੰਸ ਰਾਜ ਮਹਿਲਾ ਮਹਾਵਿਦਿਆਲਿਆ ਨੂੰ ਸਮਰਪਿਤ +2 ਦੀ ਯਸ਼ਵੀ ਦੁਆਰਾ ਪੇਸ਼ ਕੀਤੀ ਗਈ ਇੱਕ ਭਾਵੁਕ ਕਵਿਤਾ ਸੀ। ਆਪਣੀ ਕਵਿਤਾ ਰਾਹੀਂ ਉਸਨੇ ਹਰ ਵਿਦਿਆਰਥਣ ਦੇ ਜੀਵਨ ਅਤੇ ਯਾਤਰਾ ਵਿੱਚ ਸੰਸਥਾ ਦੇ ਸਥਾਈ ਮਹੱਤਵ ਨੂੰ ਸੁੰਦਰ ਢੰਗ ਨਾਲ ਦਰਸਾਇਆ। ਸਾਰੇ ਅਧਿਆਪਕਾਂ ਨੂੰ ਵਿਦਿਆਰਥਣਾਂ ਵੱਲੋਂ ਆਪਣੇ ਹੱਥਾਂ ਨਾਲ ਬਣਾਏ ਗਏ ਬਣੇ ਕਾਰਡਾਂ ਨਾਲ ਸਨਮਾਨਤ ਕੀਤਾ ਗਿਆ, ਜਿਸ ਨਾਲ ਇਹ ਮੌਕਾ ਖਾਸ ਤੌਰ 'ਤੇ ਨਿੱਘਾ ਅਤੇ ਯਾਦਗਾਰੀ ਹੋ ਗਿਆ। ਪ੍ਰੋਗਰਾਮ ਦੀ ਸਮਾਪਤੀ ਉਪਮਾ ਗੁਪਤਾ ਦੁਆਰਾ ਧੰਨਵਾਦ ਮਤੇ ਨਾਲ ਹੋਈ, ਜਿਸ ਤੋਂ ਬਾਅਦ ਕੇਕ ਕੱਟਣ ਦੀ ਰਸਮ ਹੋਈ। ਮੰਚ ਸੰਚਾਲਨ ਪਰਨੀਤ, ਵਿਦਿਆਰਥਣਾਂ ਪ੍ਰਗਤੀ ਅਤੇ ਉਮਾ ਵੱਲੋਂ ਕੀਤਾ ਗਿਆ।

# ਸੀ ਪੀ ਐੱਮ ਵੱਲੋਂ ਦੋ ਔਰਤ ਪੱਤਰਕਾਰਾਂ ਨਾਲ ਪੁਲਸ ਵੱਲੋਂ ਕੀਤੀ ਕੁੱਟਮਾਰ ਦੀ ਨਿੰਦਾ

**ਨੰਗਲ (ਸੁਰਜੀਤ ਸਿੰਘ ਢੇਰ)**- ਬੀਤੇ ਦਿਨੀਂ ਦੇਸ਼ ਦੀ ਰਾਜਧਾਨੀ ਵਿਖੇ ਪੁਲਸ ਵੱਲੋਂ ਦੋ ਔਰਤ ਪੱਤਰਕਾਰਾਂ ਨਾਲ ਪੁਲਸ ਵੱਲੋਂ ਕੀਤੀ ਕੁੱਟਮਾਰ ਅਤੇ ਪੰਜਾਬ ਦੇ ਪਿੰਡ ਸੇਰੋਂ ਵਿਖੇ ਮੋਹਨਜੀਤ ਸਿੰਘ ਨਾਲ ਪੁਲਸ ਵੱਲੋਂ ਕੀਤੀ ਭਾਰੀ ਤਸ਼ੱਦਦ ਦੀ ਸੀ ਪੀ ਆਈ ਐਮ ਦੇ ਆਗੂਆਂ ਨੇ ਜ਼ੋਰਦਾਰ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ।ਇਥੇ ਪ੍ਰੈੱਸ ਨੂੰ ਜਾਰੀ ਬਿਆਨ ਵਿੱਚ ਸੀ ਪੀ ਆਈ ਐਮ ਦੇ ਜ਼ਿਲ੍ਹਾ ਸਕੱਤਰੇਤ ਮੈਂਬਰ ਕਾਮਰੇਡ ਸੁਰਜੀਤ ਸਿੰਘ ਢੇਰ,



ਤਹਿਸੀਲ ਸਕੱਤਰ ਸਤਨਾਮ ਸਿੰਘ ਸ਼ੇਰਾ, ਤਹਿਸੀਲ ਕਮੇਟੀ ਮੈਂਬਰ ਸੁਖਦੇਵ ਸਿੰਘ ਡਿਗਵਾ ਅਤੇ ਪ੍ਰਿੰਸੀਪਲ ਕੁਲਵੰਤ ਪਾਠਕ ਨੇ ਕਿਹਾ ਕਿ ਦਿੱਲੀ ਦੀ ਮੁੱਖ ਮੰਤਰੀ ਨੂੰ ਸਾਈਕਲ ਘੁਟਾਲੇ ਬਾਰੇ ਸਵਾਲ ਕਰਨ ਦੀ ਕੋਸ਼ਿਸ਼ ਤੋਂ ਰੋਕਣ ਲਈ ਦਿੱਲੀ ਪੁਲਸ ਵੱਲੋਂ 4 ਪੀ ਐੱਮ ਨਿਊਜ਼ ਨੈੱਟਵਰਕ ਨਾਲ ਜੁੜੀ ਪੱਤਰਕਾਰ ਸ਼ਾਹੀਨ ਖਾਨ ਤੇ ਉਸ ਦੀ ਸਹਿਯੋਗੀ ਨਫੀਸ ਖਾਨ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ ਅਤੇ ਥਾਣੇ ਲਿਜਾ ਕੇ ਉਨ੍ਹਾਂ ਨਾਲ ਮਾਨਸਿਕ ਤੇ ਸਰੀਰਕ ਤਸ਼ੱਦਦ ਕੀਤਾ। ਜਦੋਂ ਪੁਲਸ ਵਾਲਿਆਂ ਨੂੰ ਉਨ੍ਹਾਂ ਨੇ ਆਪਣਾ ਨਾਂ ਦੱਸਿਆ ਤੇ ਇਹ ਪਤਾ ਲੱਗਿਆ ਕਿ ਉਹ ਲੜਕੀਆਂ ਮੁਸਲਮਾਨ ਹਨ ਤਾਂ ਉਨ੍ਹਾਂ ਮੁਤਾਬਿਕ ਤਸ਼ੱਦਦ ਹੋਰ ਵਧਾ ਦਿੱਤਾ ਗਿਆ। ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਸ਼ਹਿ ਤੇ ਘੱਟ ਗਿਣਤੀ ਲੋਕਾਂ ਖਿਲਾਫ ਨਫ਼ਰਤੀ ਮੁਹਿੰਮ ਅਤੇ ਸਰਕਾਰ ਖ਼ਿਲਾਫ਼ ਬੋਲਣ ਵਾਲੇ ਲੋਕਾਂ ਖਿਲਾਫ ਇੱਕ ਸੋਚੀ ਸਮਝੀ ਚਾਲ ਅਨੁਸਾਰ ਮੁਹਿੰਮ ਚਲਾਈ ਜਾ ਰਹੀ ਹੈ।ਦਿੱਲੀ ਪੁਲਸ ਦੀ ਸੰਘੀ ਮਾਨਸਿਕਤਾ ਦੀ ਨਿਖੇਧੀ ਕੀਤੀ ਹੈ ਤੇ ਮੰਗ ਕੀਤੀ ਹੈ ਕਿ ਦੋਸ਼ੀ ਪੁਲਸ ਵਾਲਿਆਂ ਖਿਲਾਫ ਸਖਤ ਕਾਰਵਾਈ ਕੀਤੀ ਜਾਵੇ। ਸੀ ਪੀ ਆਈ ਐਮ ਦੇ ਆਗੂਆਂ ਨੇ ਪੰਜਾਬ ਸਰਕਾਰ ਦੇ ਮੁੱਖ ਮੰਤਰੀ ਨੂੰ ਆਪਣੇ ਘਰ ਤੋਂ ਕਾਲਾ ਝੰਡਾ ਲੇ ਕੇ ਰੋਸ ਪ੍ਰਦਰਸ਼ਨ ਕਰ ਰਹੇ ਪਿੰਡ ਸੇਰੋਂ ਦੇ ਨੋਜਵਾਨ ਮੋਹਨਜੀਤ ਸਿੰਘ ਤੇ ਪੁਲਿਸ ਨੇ ਅੰਨਾ ਤਸ਼ੱਦਦ ਕੀਤਾ ਹੈ। ਕੁੱਟਮਾਰ ਕਰਨ ਵਾਲੇ ਪੁਲਸ ਅਧਿਕਾਰੀਆਂ ਖ਼ਿਲਾਫ਼ ਬਨਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ।

# ਬੱਚਿਆਂ ਦੀ ਚੰਗੀ ਸਿਹਤ ਲਈ ਪੌਸ਼ਟਿਕ ਖ਼ੁਰਾਕ ਜ਼ਰੂਰੀ : ਸਿਵਲ ਸਰਜਨ

**ਮੋਹਾਲੀ (ਗੁਰਜੀਤ ਬਿੱਲਾ)**- ਰਾਸ਼ਟਰੀ ਪੋਸ਼ਣ ਹਫ਼ਤਾ ਹਰ ਸਾਲ 1 ਤੋਂ 7 ਸਤੰਬਰ ਤਕ ਮਨਾਇਆ ਜਾਂਦਾ ਹੈ, ਜਿਸ ਦਾ ਉਦੇਸ਼ ਲੋਕਾਂ ਨੂੰ ਸੰਤੁਲਿਤ ਖੁਰਾਕ, ਸਹੀ ਪੋਸ਼ਣ ਅਤੇ ਸਿਹਤਮੰਦ ਜੀਵਨ ਸ਼ੈਲੀ ਪ੍ਰਤੀ ਜਾਗਰੂਕ ਕਰਨਾ ਹੈ। ਇਸ



ਤਹਿਤ ਸਿਹਤ ਵਿਭਾਗ ਵੱਲੋਂ ਵੱਖ-ਵੱਖ ਜਾਗਰੂਕਤਾ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਹਨ। ਸਿਵਲ ਸਰਜਨ ਡਾ. ਸੰਗੀਤਾ ਜੈਨ ਅਤੇ ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਗਿਰੀਸ਼ ਡੋਗਰਾ ਨੇ ਕਿਹਾ ਕਿ ਬੱਚਿਆਂ ਦੇ ਸਿਹਤਮੰਦ ਵਿਕਾਸ ਲਈ ਪੌਸ਼ਟਿਕ ਖੁਰਾਕ ਦੇ ਨਾਲ-ਨਾਲ ਸਮੇਂ ਸਿਰ ਟੀਕਾਕਰਨ ਵੀ ਜ਼ਰੂਰੀ ਹੈ। ਮਾਪਿਆਂ ਨੂੰ ਬੱਚਿਆਂ ਦੇ ਸਾਰੇ ਟੀਕੇ ਨਿਰਧਾਰਤ ਸਮੇਂ ਅਨੁਸਾਰ ਲਗਵਾਉਣੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਜਨਮ ਤੋਂ ਬਾਅਦ ਮਾਂ ਦਾ ਦੁੱਧ ਬੱਚੇ ਲਈ ਸਭ ਤੋਂ ਉੱਤਮ ਆਹਾਰ ਹੈ। ਉਨ੍ਹਾਂ ਅੱਗੇ ਕਿਹਾ ਕਿ ਸੰਤੁਲਿਤ ਅਤੇ ਮਿਆਰੀ ਪੋਸ਼ਣ ਨੂੰ ਸਿਰਫ਼ ਪੋਸ਼ਣ ਹਫ਼ਤੇ ਤਕ ਸੀਮਿਤ ਨਾ ਰੱਖ ਕੇ ਰੋਜ਼ਾਨਾ ਜੀਵਨ ਦਾ ਹਿੱਸਾ ਬਣਾਉਣਾ ਚਾਹੀਦਾ ਹੈ। ਉਨ੍ਹਾਂ ਲੋਕਾਂ ਨੂੰ ਕਿਹਾ ਕਿ ਬੱਚਿਆਂ, ਗਰਭਵਤੀ ਮਹਿਲਾਵਾਂ ਅਤੇ ਦੁੱਧ ਪਿਲਾਉਣ ਵਾਲੀਆਂ ਮਾਵਾਂ ਦੀ ਖੁਰਾਕ ਵੱਲ ਵਿਸ਼ੇਸ਼ ਧਿਆਨ ਦੇਣ ਅਤੇ ਵਹਿਮਾਂ-ਭਰਮਾਂ ਦੀ ਬਜਾਏ ਸਹੀ ਤੇ ਵਿਗਿਆਨਕ ਪੋਸ਼ਣ ਜਾਣਕਾਰੀ ਨੂੰ ਅਪਣਾਉਣ। ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ. ਤਮੰਨਾ ਸਿੰਗਲ ਨੇ ਕਿਹਾ ਕਿ ਮਾਂ ਅਤੇ ਬੱਚੇ ਦੀ ਸਿਹਤ ਲਈ ਗਰਭ ਅਵਸਥਾ ਤੋਂ ਹੀ ਪੋਸ਼ਣ ਵੱਲ ਧਿਆਨ ਦੇਣਾ ਲਾਜ਼ਮੀ ਹੈ। ਉਨ੍ਹਾਂ ਦੱਸਿਆ ਕਿ ਪੋਸ਼ਣ ਅਭਿਆਨ ਦਾ ਉਦੇਸ਼ ਬੱਚਿਆਂ ਵਿੱਚ ਕੁਪੋਸ਼ਣ ਤੇ ਅਨੀਮੀਆ ਦੀ ਰੋਕਥਾਮ, ਘੱਟ ਭਾਰ ਵਾਲੇ ਬੱਚਿਆਂ ਦੀ ਸਿਹਤ ਵਿੱਚ ਸੁਧਾਰ ਅਤੇ ਮਹਿਲਾਵਾਂ ਵਿੱਚ ਅਨੀਮੀਆ ਨੂੰ ਕੰਟਰੋਲ ਕਰਨਾ ਹੈ।

# ਸ੍ਰੀ ਗੁਰੂ ਰਵੀਦਾਸ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਡਾਕੂਮੈਂਟਰੀ ਫਿਲਮ ਦਿਖਾਈ

**ਡੇਰਾਬਸੀ (ਵਿਨੈ ਕੁਮਾਰ ਜੈਨ)**- ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਚਲਾਈ ਜਾ ਰਹੀ ਵਿਸ਼ੇਸ਼ ਜਾਗਰੂਕਤਾ



ਮੁਹਿੰਮ ਤਹਿਤ ਡੇਰਾਬੱਸੀ ਬਲਾਕ ਦੇ ਪਿੰਡ ਭਗਵਾਸੀ ਅਤੇ ਤੋਫਾਪੁਰ ਵਿਖੇ 30 ਮਿੰਟ ਦੀ ਵਿਸ਼ੇਸ਼ ਡਾਕੂਮੈਂਟਰੀ ਫਿਲਮ ਦਾ ਐੱਲ ਈ ਡੀ ਸਕਰੀਨ ਰਾਹੀਂ ਪ੍ਰਦਰਸ਼ਨ ਕੀਤਾ ਗਿਆ।

ਇਸ ਜਾਣਕਾਰੀ ਦਿੰਦਿਆਂ ਡੇਰਾਬੱਸੀ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੀਆਂ ਸਿੱਖਿਆਵਾਂ ਮਨੁੱਖਤਾ ਨੂੰ ਬਰਾਬਰਤਾ, ਭਾਈਚਾਰੇ, ਸਾਂਝੀਵਾਲਤਾ ਅਤੇ ਸਮਾਜਿਕ ਬੁਰਾਈਆਂ ਤੋਂ ਦੂਰ ਰਹਿਣ ਦਾ ਸੰਦੇਸ਼ ਦਿੰਦੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇਹ ਵਿਸ਼ੇਸ਼ ਡਾਕੂਮੈਂਟਰੀ ਪਿੰਡ-ਪਿੰਡ ਦਿਖਾਉਣ ਦਾ ਉਦੇਸ਼ ਲੋਕਾਂ, ਖਾਸ ਕਰਕੇ ਨੌਜਵਾਨਾਂ ਨੂੰ ਗੁਰੂ ਜੀ ਦੇ ਜੀਵਨ, ਵਿਚਾਰਧਾਰਾ ਅਤੇ ਮਨੁੱਖਤਾ ਪ੍ਰਤੀ ਦਿੱਤੇ ਸੰਦੇਸ਼ ਤੋਂ ਜਾਣੂ ਕਰਵਾਉਣਾ ਹੈ।ਉਨ੍ਹਾਂ ਕਿਹਾ ਕਿ ਐਲ.ਈ.ਡੀ. ਸਕਰੀਨ 'ਤੇ ਦਿਖਾਈ ਜਾ ਰਹੀ ਇਹ ਲਗਭਗ 30 ਮਿੰਟ ਦੀ ਡਾਕੂਮੈਂਟਰੀ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ ਜੀਵਨ ਅਤੇ ਉਨ੍ਹਾਂ ਵੱਲੋਂ ਸਮਾਜ ਵਿੱਚ ਬਰਾਬਰੀ, ਸਦਭਾਵਨਾ ਅਤੇ ਭਾਈਚਾਰਕ ਏਕਤਾ ਲਈ ਦਿੱਤੇ ਮਹਾਨ ਸੰਦੇਸ਼ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲੋਕਾਂ ਤੱਕ ਪਹੁੰਚਾਉਂਦੀ ਹੈ।ਪਿੰਡ ਭਗਵਾਸੀ ਅਤੇ ਤੋਫਾਪੁਰ ਵਿਖੇ ਪਿੰਡ ਵਾਸੀਆਂ ਨੇ ਡਾਕੂਮੈਂਟਰੀ ਫਿਲਮ ਦੇਖੀ ਅਤੇ ਗੁਰੂ ਜੀ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਦਾ ਸੰਦੇਸ਼ ਲਿਆ। ਇਸ ਦੌਰਾਨ ਪਿੰਡ ਵਾਸੀਆਂ ਵੱਲੋਂ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਵੀ ਕੀਤੀ ਗਈ।

# ਨੌਜਵਾਨਾਂ ਨੂੰ ਸਿਆਸਤ ਦੇ ਮੋਹਰੇ ਨਹੀਂ, ਦੇਸ਼ ਦੇ ਜ਼ਿੰਮੇਵਾਰ ਆਗੂ ਬਣਨ ਦੀ ਲੋੜ : ਡਾ. ਧਰਮਪਾਲ ਸਾਹਿਲ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਅੱਜ ਦੇ ਨੌਜਵਾਨਾਂ ਦਾ ਰਾਜਨੀਤੀ ਵੱਲ ਵਧਦਾ ਰੁਝਾਨ ਦੇਸ਼ ਦੇ ਲੋਕਤੰਤਰ ਲਈ ਚੰਗਾ ਸੰਕੇਤ ਹੈ, ਪਰ ਉਨ੍ਹਾਂ ਨੂੰ ਸਹੀ ਦਿਸ਼ਾ ਅਤੇ ਨੌਜਵਾਨ ਰਾਜਨੀਤੀ ਨੂੰ ਸ਼ੋਹਰਤ ਦਾ ਮਾਧਿਅਮ ਸਮਝ ਕੇ ਇਸ ਖੇਤਰ ਵੱਲ ਆਕਰਸ਼ਿਤ ਹੋ ਰਹੇ ਹਨ। ਅਜਿਹੇ ਸਮੇਂ ਵਿੱਚ ਉਨ੍ਹਾਂ ਨੂੰ ਲੋਕਤੰਤਰ, ਰਾਜਨੀਤੀ ਅਤੇ ਸਮਾਜ ਪ੍ਰਤੀ ਆਪਣੀਆਂ




ਸਿਆਸੀ ਸੋਚ ਦੇਣ ਦੀ ਵੀ ਓਨੀ ਹੀ ਲੋੜ ਹੈ। ਨੌਜਵਾਨਾਂ ਨੂੰ ਸਿਆਸਤ ਦੇ ਮੋਹਰੇ ਬਣਨ ਦੀ ਬਜਾਏ ਦੇਸ਼ ਅਤੇ ਸਮਾਜ ਦੀ ਸੇਵਾ ਲਈ ਜ਼ਿੰਮੇਵਾਰ ਆਗੂ ਬਣਨਾ ਚਾਹੀਦਾ ਹੈ। ਇਹ ਵਿਚਾਰ ਪ੍ਰਸਿੱਧ ਨਾਵਲਕਾਰ ਅਤੇ ਰਾਸ਼ਟਰਪਤੀ ਐਵਾਰਡ ਵਿਜੇਤਾ ਡਾ. ਧਰਮਪਾਲ ਸਾਹਿਲ ਨੇ ਲੇਖਕ ਸੰਜੀਵ ਤਲਵਾੜ ਦੀ ਕਿਤਾਬ 'ਜੈਨ ਜੀ :ਦੇਸ਼ ਦਾ ਭਵਿੱਖ ਬਨਾਮ ਸਿਆਸਤ ਦੇ ਮੋਹਰੇ' ਦੇ ਲੋਕ ਅਰਪਣ ਸਮਾਰੋਹ ਦੌਰਾਨ ਪ੍ਰਗਟ ਕੀਤੇ। ਡਾ. ਧਰਮਪਾਲ ਸਾਹਿਲ ਨੇ ਕਿਹਾ ਕਿ ਅੱਜ ਜ਼ਿੰਮੇਵਾਰੀਆਂ ਦੀ ਸਮਝ ਦੇਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਸੰਜੀਵ ਤਲਵਾੜ ਦੀ ਇਹ ਕਿਤਾਬ ਨੌਜਵਾਨਾਂ ਲਈ ਮਾਰਗ ਦਰਸ਼ਕ ਸਾਬਤ ਹੋਵੇਗੀ।ਡਾ. ਅਜੇ ਬੱਗਾ ਨੇ ਕਿਹਾ ਕਿ ਨੌਜਵਾਨਾਂ ਨੂੰ ਸਭ ਤੋਂ ਪਹਿਲਾਂ ਆਪਣੇ ਪਰਵਾਰ ਦੀਆਂ ਜ਼ਿੰਮੇਵਾਰੀਆਂ ਨਿਭਾਉਂਦਿਆਂ ਸਮਾਜ ਅਤੇ ਦੇਸ਼ ਦੇ ਹੋਰ ਖੇਤਰਾਂ ਵਿੱਚ ਅੱਗੇ ਵਧਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸੱਚੀ ਅਤੇ ਸੁੱਚੀ ਰਾਜਨੀਤੀ ਨੂੰ ਆਪਣਾ ਲਕਸ਼ ਬਣਾਉਣ ਨਾਲ ਹੀ ਦੇਸ਼ ਨੂੰ ਸਹੀ ਦਿਸ਼ਾ ਦਿੱਤੀ ਜਾ ਸਕਦੀ ਹੈ। ਕਿਤਾਬ ਬਾਰੇ ਜਾਣਕਾਰੀ ਦਿੰਦਿਆਂ ਸੰਜੀਵ ਤਲਵਾੜ ਨੇ ਕਿਹਾ ਕਿ ਉਨ੍ਹਾਂ ਨੇ ਆਪਣੇ ਰਾਜਨੀਤਿਕ ਜੀਵਨ ਦੇ ਤਜਰਬਿਆਂ ਦੇ ਆਧਾਰ 'ਤੇ ਰਾਜਨੀਤੀ ਵਿੱਚ ਨੌਜਵਾਨਾਂ ਦੀ ਮਹੱਤਤਾ, ਉਨ੍ਹਾਂ ਸਾਹਮਣੇ ਆਉਣ ਵਾਲੀਆਂ ਸਮੱਸਿਆਵਾਂ ਅਤੇ ਉੱਚੇ ਸਿਆਸੀ ਮਿਆਰ ਸਥਾਪਤ ਕਰਨ ਲਈ ਲੋੜੀਂਦੇ ਕਦਮਾਂ ਬਾਰੇ ਵਿਚਾਰ ਪੇਸ਼ ਕੀਤੇ ਹਨ। ਉਨ੍ਹਾਂ ਆਸ ਪ੍ਰਗਟਾਈ ਕਿ ਇਹ ਕਿਤਾਬ ਰਾਜਨੀਤੀ ਰਾਹੀਂ ਸਮਾਜ ਸੇਵਾ ਕਰਨਾ ਚਾਹੁੰਦੇ ਹਜ਼ਾਰਾਂ ਨੌਜਵਾਨਾਂ ਲਈ ਲਾਭਦਾਇਕ ਸਾਬਤ ਹੋਵੇਗੀ। ਸਮਾਗਮ ਦੇ ਅੰਤ ਵਿੱਚ ਸੱਭਿਆਚਾਰ ਸੰਭਾਲ ਸੁਸਾਇਟੀ ਦੇ ਪ੍ਰਧਾਨ ਮਾਸਟਰ ਕੁਲਵਿੰਦਰ ਜੰਡਾ ਨੇ ਸਭ ਦਾ ਧੰਨਵਾਦ ਕਰਦਿਆਂ ਕਿਹਾ ਕਿ ਅੱਜ ਦੀ ਸਿਆਸਤ ਵਿੱਚ ਨੌਜਵਾਨਾਂ ਦੇ ਸੁਚੱਜੇ ਕਿਰਦਾਰ ਅਤੇ ਸਾਫ਼-ਸੁਥਰੀ ਸੋਚ ਦੀ ਬਹੁਤ ਲੋੜ ਹੈ। ਕੁਝ ਮਤਲਬਪ੍ਰਸਤ ਆਗੂ ਆਪਣੇ ਨਿੱਜੀ ਹਿੱਤਾਂ ਲਈ ਨੌਜਵਾਨਾਂ ਦੀ ਸਮਰੱਥਾ ਦਾ ਸਹੀ ਇਸਤੇਮਾਲ ਨਹੀਂ ਹੋਣ ਦਿੰਦੇ, ਜਿਸ ਦਾ ਨੁਕਸਾਨ ਨੌਜਵਾਨਾਂ ਦੇ ਨਾਲ-ਨਾਲ ਦੇਸ਼ ਨੂੰ ਵੀ ਹੋ ਰਿਹਾ ਹੈ। ਉਨ੍ਹਾਂ ਨੌਜਵਾਨਾਂ ਨੂੰ ਕਿਤਾਬ ਪੜ੍ਹ ਕੇ ਇਸ ਤੋਂ ਸੇਧ ਲੈਣ ਦੀ ਅਪੀਲ ਕੀਤੀ। ਸਮਾਗਮ ਵਿੱਚ ਵਕੀਲਾਂ, ਡਾਕਟਰਾਂ, ਇੰਜੀਨੀਅਰਾਂ, ਪੱਤਰਕਾਰਾਂ ਤੋਂ ਇਲਾਵਾ ਸਮਾਜ ਦੇ ਵੱਖ-ਵੱਖ ਵਰਗਾਂ ਨਾਲ ਸਬੰਧਤ ਪਤਵੰਤੇ ਵਿਅਕਤੀਆਂ ਨੇ ਸ਼ਮੂਲੀਅਤ ਕੀਤੀ।


# ਅੱਖਾਂ ਦਾ ਫਰੀ ਜਾਂਚ ਕੈਂਪ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਭਗਵਾਨ ਪਰਸ਼ੁਰਾਮ ਦੇ ਪਵਿੱਤਰ ਤੱਪ ਅਸਥਾਨ ਖਾਟੀ ਧਾਮ ਵਿਖੇ ਬ੍ਰਾਹਮਣ ਮੰਡਲ ਵੱਲੋਂ ਅੱਖਾਂ ਦਾ ਪਹਿਲਾ ਫਰੀ ਜਾਂਚ ਕੈਂਪ ਬ੍ਰਾਹਮਣ ਮੰਡਲ ਦੇ ਪ੍ਰਧਾਨ ਜੋਤੀ ਸ਼ਰਮਾ ਦੀ ਦੇਖਰੇਖ ਹੇਠ ਲਗਾਇਆ ਗਿਆ। ਕੈਂਪ ਦੌਰਾਨ ਅਮਿਤ ਆਈ ਕੇਅਰ ਬੰਗਾ ਰੋਡ ਦੇ ਡਾ. ਅਮਿਤ ਸ਼ਰਮਾ ਦੀ ਅਗਵਾਈ ਹੇਠ ਮੈਡੀਕਲ ਟੀਮ ਵੱਲੋਂ ਲੋੜਵੰਦਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ। ਕੈਂਪ ਦੌਰਾਨ ਵੱਡੀ ਗਿਣਤੀ ਵਿੱਚ ਲੋੜਵੰਦਾਂ ਨੇ ਆਪਣੀਆਂ ਅੱਖਾਂ ਦੀ




ਜਾਂਚ ਕਰਵਾਈ। ਬ੍ਰਾਹਮਣ ਮੰਡਲ ਦੇ ਸੀਨੀਅਰ ਆਗੂ ਹਰੀ ਓਮ ਸ਼ਰਮਾ ਨੇ ਦੱਸਿਆ ਕਿ ਲੋਕਾਂ ਨੂੰ ਸਿਹਤ ਸਹੂਲਤ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਇਹ ਮੁਫ਼ਤ ਅੱਖਾਂ ਦੀ ਜਾਂਚ ਕੈਂਪ ਹਰ ਮਹੀਨੇ ਦੇ ਪਹਿਲੇ ਐਤਵਾਰ ਲਗਾਇਆ ਜਾਵੇਗਾ। ਜੋ ਕਿ ਸਵੇਰੇ 10 ਵਜੇ ਤੋਂ ਦੁਪਹਿਰ 12 ਵਜੇ ਤੱਕ ਜਾਰੀ ਰਹੇਗਾ ਅਤੇ ਇਸ ਦੌਰਾਨ ਮਰੀਜਾਂ ਦੀਆਂ ਅੱਖਾਂ ਦੀ ਜਾਂਚ ਬਿਲਕੁਲ ਮੁਫ਼ਤ ਕੀਤੀ ਜਾਵੇਗੀ। ਅੱਖਾਂ ਦੇ ਮਾਹਿਰ ਡਾ. ਅਮਿਤ ਸ਼ਰਮਾ ਨੇ ਹਾਜਰੀਨ ਨੂੰ ਅੱਖਾਂ ਦੀ ਸੰਭਾਲ ਸਬੰਧੀ ਜ਼ਰੂਰੀ ਹਦਾਇਤਾਂ ਦਿੰਦਿਆਂ ਕਿਹਾ ਕਿ ਅੱਖਾਂ ਸਰੀਰ ਦਾ ਬਹੁਤ ਮਹੱਤਵਪੂਰਨ ਅੰਗ ਹਨ, ਇਸ ਲਈ ਅੱਖਾਂ ਨਾਲ ਸਬੰਧਤ ਕਿਸੇ ਵੀ ਸਮੱਸਿਆ ਨੂੰ ਨਜ਼ਰਅੰਦਾਜ਼ ਨਹੀਂ ਕਰਨਾ ਚਾਹੀਦਾ। ਉਨ੍ਹਾਂ ਖ਼ਾਸ ਤੌਰ 'ਤੇ ਬੱਚਿਆਂ ਨੂੰ ਮੋਬਾਈਲ ਫੋਨ, ਕੰਪਿਊਟਰ ਅਤੇ ਹੋਰ ਸਕਰੀਨ ਵਾਲੇ ਉਪਕਰਨਾਂ ਦੀ ਲੋੜ ਤੋਂ ਵੱਧ ਵਰਤੋਂ ਨਾ ਕਰਨ ਦੇਣ ਦੀ ਸਲਾਹ ਦਿੱਤੀ। ਉਨ੍ਹਾਂ ਕਿਹਾ ਕਿ ਲੰਬੇ ਸਮੇਂ ਤੱਕ ਮੋਬਾਈਲ ਜਾਂ ਕੰਪਿਊਟਰ ਦੀ ਸਕਰੀਨ ਦੇਖਣ ਨਾਲ ਅੱਖਾਂ 'ਤੇ ਮਾੜਾ ਪ੍ਰਭਾਵ ਪੈ ਸਕਦਾ ਹੈ। ਇਸ ਲਈ ਬੱਚਿਆਂ ਨੂੰ ਸਮੇਂ-ਸਮੇਂ 'ਤੇ ਸਕਰੀਨ ਤੋਂ ਬ੍ਰੇਕ ਦੇਣ ਦੇ ਨਾਲ-ਨਾਲ ਉਨ੍ਹਾਂ ਦੀਆਂ ਅੱਖਾਂ ਦੀ ਨਿਯਮਤ ਜਾਂਚ ਵੀ ਕਰਵਾਉਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵਿਅਕਤੀ ਨੂੰ ਅੱਖਾਂ ਵਿੱਚ ਜਲਣ, ਦਰਦ, ਧੁੰਦਲਾ ਦਿਖਾਈ ਦੇਣਾ ਜਾਂ ਕਿਸੇ ਹੋਰ ਤਰ੍ਹਾਂ ਦੀ ਸਮੱਸਿਆ ਮਹਿਸੂਸ ਹੋਵੇ ਤਾਂ ਸਮੇਂ ਸਿਰ ਅੱਖਾਂ ਦੇ ਮਾਹਿਰ ਡਾਕਟਰ ਨਾਲ ਸਲਾਹ ਕਰਨੀ ਚਾਹੀਦੀ ਹੈ। ਇਸ ਮੌਕੇ ਡਾ. ਸਾਵਨ ਸ਼ਰਮਾ, ਸੀਨੀਅਰ ਆਗੂ ਹਰਮੇਸ਼ ਪਾਠਕ, ਰਿੰਪਲ ਕੁਮਾਰ ਸਰਪੰਚ ਵਜੀਦਵਾਲ, ਸੋਨੀਆ ਸ਼ਰਮਾ ਵਜੀਦੋਵਾਲ, ਕਮਲ ਕੋਸ਼ਲ, ਬ੍ਰਿਜ ਲਾਲ ਪਰੂਥੀ, ਪੰਡਿਤ ਗਿਰਜਾ ਸ਼ੰਕਰ, ਸਮੇਤ ਬ੍ਰਾਹਮਣ ਮੰਡਲ ਦੇ ਹੋਰ ਮੈਂਬਰ ਹਾਜ਼ਰ ਸਨ।

# ਸੀ ਪੀ ਆਈ ਐੱਮ ਦੀ ਕਨਵੈਨਸ਼ਨ 16 ਨੂੰ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਇੱਥੇ ਸੀ ਪੀ ਆਈ ਐਮ ਤਹਿਸੀਲ ਕਮੇਟੀ ਦੀ ਮੀਟਿੰਗ ਕੁਲਵਿੰਦਰ ਸਿੰਘ ਸੰਘਾ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਗੁਰਨੇਕ ਸਿੰਘ ਭੱਜਲ, ਦਰਸ਼ਨ ਸਿੰਘ ਮੱਟੂ, ਸੁਭਾਸ਼ ਮੱਟੂ, ਮਹਿੰਦਰ ਕੁਮਾਰ ਬੱਡੋਆਣ, ਨੀਲਮ ਬੱਡੋਆਣ, ਗੁਰਬਖ਼ਸ਼ ਕੌਰ, ਜਸਵਿੰਦਰ ਬੋੜਾ, ਰਵਿੰਦਰ ਕੁਮਾਰ ਨੀਟਾ, ਅੱਛਰ ਸਿੰਘ ਹਾਜ਼ਰ ਹੋਏ।ਇਸ ਮੀਟਿੰਗ ਦੇ ਫੈਸਲੇ ਦੀ ਤਹਿਸੀਲ ਸਕੱਤਰ ਮਹਿੰਦਰ ਕੁਮਾਰ ਬੱਡੋਆਣ ਨੇ ਪ੍ਰੈੱਸ ਨੂੰ ਦੱਸਦੇ ਦੱਸਿਆ ਕਿ 16 ਸਤੰਬਰ ਨੂੰ ਕਨਵੈਨਸ਼ਨ ਯੋਕੋਹਾਮਾ ਹੋਟਲ ਬੰਗਾ ਰੋੜ ਗੜ੍ਹਸ਼ੰਕਰ ਵਿਖੇ ਹੋਵਗੀ। ਪੰਜਾਬ ਦੀਆਂ ਸਾਰੀਆਂ ਜ਼ਿਲਾ ਕਮੇਟੀਆਂ ਅਤੇ ਹੋਰ ਸਾਥੀ ਇਸ ਕਨਵੈਨਸ਼ਨ ਵਿੱਚ ਸ਼ਾਮਲ ਹੋਣਗੇ। ਇਹ ਕਨਵੈਨਸ਼ਨ ਵਿੱਚ 2 ਮੁੱਦਿਆਂ ਤੇ ਵਿਚਾਰ ਚਰਚਾ ਹੋਵੇਗੀ, ਪਹਿਲਾਂ ਮੁੱਦਾ ਮੋਦੀ ਸਰਕਾਰ ਨੇ ਮਜ਼ਦੂਰਾਂ ਦੇ 29 ਕਾਨੂੰਨ ਖਤਮ ਕਰਕੇ ਬਾਕੀ ਬਚਦੇ ਕਾਨੂੰਨਾਂ ਨੂੰ 4 ਕੋਡਾਂ ਵਿਚ ਬਦਲ ਦਿੱਤਾ, ਦੂਜਾ ਮੁੱਦਾ ਮਨਰੇਗਾ ਦਾ ਨਾਂਅ ਬਦਲ ਦਿੱਤਾ ਗਿਆ ਅਤੇ ਇਸ ਦਾ ਭੋਗ ਪਾ ਦਿੱਤਾ। ਇਸ ਕਨਵੈਨਸ਼ਨ ਵਿੱਚ ਕੇਂਦਰ ਤੋਂ ਕਾਮਰੇਡ ਵਿਕਰਮ ਸਿੰਘ, ਕੇ ਐਨ ਉਮੇਸ਼ ਅਤੇ ਪਾਰਟੀ ਦੇ ਪੰਜਾਬ ਦੇ ਸਕੱਤਰ ਸੁਖਵਿੰਦਰ ਸਿੰਘ ਸੇਖੋਂ ਵਿਸ਼ੇਸ਼ ਤੋਰ ਤੇ ਪੁਜ ਰਹੇ ਹਨ। ਉਸ ਦੀ ਵੀ ਤਿਆਰੀ ਕੀਤੀ ਜਾ ਰਹੀ ਹੈ। 7 ਸਤੰਬਰ ਨੂੰ ਕਿਸਾਨਾਂ ਵਲੋਂ ਆਪਣੀਆ ਮੰਗਾਂ ਦੇ ਹੱਕ ਵਿੱਚ ਐਸ ਡੀ ਐਮ ਦਫ਼ਤਰ ਗੜ੍ਹਸ਼ੰਕਰ ਵਿਖੇ ਧਰਨਾ ਲਾਇਆ ਜਾ ਰਿਹਾ ਹੈ ਉਸ ਬਾਰੇ ਵੀ ਚਰਚਾ ਕੀਤੀ ਗਈ। ਧਰਨੇ ਨੂੰ ਸਫਲ ਬਣਾਉਣ ਲਈ ਸਾਰੇ ਸਾਥੀਆਂ ਦੀਆਂ ਡਿਊਟੀਆਂ ਲਾਈਆਂ ਗਈਆਂ। ਪਿਛਲੇ ਕੰਮਾਂ ਦਾ ਲੇਖਾ ਜੋਖਾ ਕੀਤਾ ਗਿਆ।

# ਦਰਬਾਰ ਬਾਬਾ ਸ਼ਾਮੀ ਸ਼ਾਹ ਵਿਖੇ ਪੌਦਿਆਂ ਦਾ ਲੰਗਰ 11, 12 ਨੂੰ

**ਦਸੂਹਾ (ਕਰਨੈਲ ਮਾਂਗਟ)** ਵਾਤਾਵਰਨ ਦੀ ਸੰਭਾਲ ਅਤੇ ਹਰਿਆਵਲ ਨੂੰ ਉਤਸ਼ਾਹਿਤ ਕਰਨ ਲਈ ਯਤਨਸ਼ੀਲ ਸੰਸਥਾ 'ਸੇਵ ਸ਼ਿਵਾਲਿਕ ਸੇਵ ਮਦਰ ਅਰਥ' ਵੱਲੋਂ ਪ੍ਰਸਿੱਧ ਅਸਥਾਨ ਦਰਗਾਰ ਬਾਬਾ ਸ਼ਾਮੀ ਸ਼ਾਹ ਵਿਖੇ 11 ਅਤੇ 12 ਸਤੰਬਰ ਨੂੰ 2-ਦਿਨਾ ਵਿਸ਼ਾਲ 'ਪੌਦਿਆਂ ਦਾ ਲੰਗਰ' ਲਗਾਇਆ ਜਾ ਰਹਾ ਹੈ। ਇਸ ਸਬੰਧੀ ਸੰਸਥਾ ਦੇ ਅਹੁਦੇਦਾਰਾਂ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਦੀ ਇੱਕ ਵਿਸ਼ੇਸ਼ ਮੀਟਿੰਗ ਗੁਰਦੁਆਰਾ ਸ੍ਰੀ ਗਰਨਾ ਸਾਹਿਬ ਬੋਦਲ ਵਿਖੇ ਪ੍ਰਧਾਨ ਗੁਰਕਿਰਪਾਲ ਸਿੰਘ ਬੋਦਲ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਸਮਾਗਮ ਦੀਆਂ ਤਿਆਰੀਆਂ ਅਤੇ ਮੁੱਖ ਮੁੱਦਿਆਂ 'ਤੇ ਗੰਭੀਰ ਵਿਚਾਰ-



ਚਰਚਾ ਕੀਤੀ ਗਈ। ਮੀਟਿੰਗ ਦੌਰਾਨ ਫੈਸਲਾ ਕੀਤਾ ਗਿਆ ਕਿ 11 ਅਤੇ 12 ਸਤੰਬਰ ਨੂੰ ਸੰਸਥਾ ਦੇ ਸਮਰਪਿਤ ਵਲੰਟੀਅਰਾਂ ਵੱਲੋਂ ਸੰਗਤਾਂ ਨੂੰ ਵੱਡੀ ਗਿਣਤੀ ਵਿੱਚ ਫਲਦਾਰ, ਛਾਂਦਾਰ ਅਤੇ ਔਸ਼ਧੀ ਪੌਦੇ ਬਿਲਕੁਲ ਮੁਫ਼ਤ ਵੰਡੇ ਜਾਣਗੇ। ਵਾਤਾਵਰਨ ਚੇਤਨਾ ਨੂੰ ਹੋਰ ਮਜ਼ਬੂਤ ਕਰਨ ਲਈ ਮੌਕੇ 'ਤੇ ਇੱਕ ਵੱਡੀ ਐੱਲ ਈ ਡੀ ਸਕਰੀਨ ਵੀ ਲਗਾਈ ਜਾਵੇਗੀ, ਜਿਸ ਰਾਹੀਂ ਸੰਗਤਾਂ ਨੂੰ ਵਾਤਾਵਰਨ ਦੀ ਸੁਰੱਖਿਆ, ਧਰਤੀ ਨੂੰ ਬਚਾਉਣ ਅਤੇ ਰੁੱਖਾਂ ਦੀ ਮਹੱਤਤਾ ਬਾਰੇ ਜਾਗਰੂਕਤਾ ਪ੍ਰੋਗਰਾਮ ਤੇ ਡਾਕੂਮੈਂਟਰੀਆਂ ਦਿਖਾਈਆਂ ਜਾਣਗੀਆਂ। ਸਮਾਗਮ ਦੌਰਾਨ ਆਏ ਹੋਏ ਮੁੱਖ ਮਹਿਮਾਨਾਂ ਨੂੰ ਵਿਸ਼ੇਸ਼ ਸਨਮਾਨ ਚਿੰਨ੍ਹ (ਯਾਦਗਾਰੀ ਚਿੰਨ੍ਹ) ਦੇ ਕੇ ਸਨਮਾਨਤ ਕੀਤਾ ਜਾਵੇਗਾ। ਇਸ ਪ੍ਰੋਗਰਾਮ ਦੀ ਰੂਪ-ਰੇਖਾ ਤਿਆਰ ਕਰਨ ਅਤੇ ਸਮਾਜਿਕ ਲਾਮਬੰਦੀ ਵਿੱਚ ਪੱਤਰਕਾਰਤਾ ਦੇ ਬਾਬਾ ਬੋਹੜ ਅਤੇ ਵਿਸਵ ਪੰਜਾਬੀ ਸੱਭਿਆਚਾਰਕ ਸੱਥ ਦੇ ਚੇਅਰਮੈਨ ਬਾਬਾ ਬੋਹੜ ਰਾਮਚੰਦ ਸ਼ਾਵਰ ਦਾ ਬਹੁਤ ਵੱਡਾ ਅਹਿਮ ਯੋਗਦਾਨ ਰਿਹਾ ਹੈ। ਮੀਟਿੰਗ ਵਿੱਚ ਗੁਰਿੰਦਰ ਸਿੰਘ ਸਫਰੀ (ਸੈਕਟਰੀ), ਰਣਜੀਤ ਸਿੰਘ (ਪ੍ਰਧਾਨ ਡੀ ਜੇ ਐਸੋਸੀਏਸ਼ਨ), ਉੱਘੀ ਸਮਾਜ ਸੇਵਿਕਾ ਬੀਬੀ ਬਲਵਿੰਦਰ ਕੌਰ ਲਗਾਣਾ, ਲਾਇਬਰੇਰੀਅਨ ਜਸਬੀਰ ਸਿੰਘ, ਪ੍ਰੋਫੈਸਰ ਜਸਬੀਰ ਬੋਦਲ, ਐਡਵੋਕੇਟ ਨਵਨੀਤ ਕੌਰ , ਮੀਡੀਆ ਸਲਾਹਕਾਰ ਪਰਵੀਨ ਸਿੰਘ ਮਾਂਗਟ ਸਮੇਤ ਕਈ ਹੋਰ ਪ੍ਰਮੁੱਖ ਅਹੁਦੇਦਾਰਾਂ ਤੇ ਪਤਵੰਤੇ ਸੱਜਣਾਂ ਨੇ ਸ਼ਿਰਕਤ ਕੀਤੀ ਅਤੇ ਸਮਾਗਮ ਨੂੰ ਸਫਲ ਬਣਾਉਣ ਲਈ ਡਿਊਟੀਆਂ ਸੰਭਾਲੀਆਂ।

# ਸਰਕਾਰ ਮੁਲਾਜ਼ਮਾਂ ਲਈ ਸਮਾਨ ਡੀ ਏ, ਸਕੇਲ ਤੇ ਪੁਰਾਣੀ ਪੈਨਸ਼ਨ ਲਾਗੂ ਕਰੇ : ਮੋਰਚਾ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਸਕੇਲ, ਪੁਰਾਣੀ ਪੈਨਸ਼ਨ ਅਤੇ ਭੱਤਿਆਂ ਦੀ ਬਹਾਲੀ ਲਈ ਸੰਘਰਸ਼ ਕਰ ਰਹੇ ਮੋਰਚੇ ਦੇ ਸੂਬਾਈ ਆਗੂਆਂ ਗੁਰਦੀਪ ਸਿੰਘ ਬਾਸੀ, ਵਿਕਰਮ ਦੇਵ ਸਿੰਘ, ਸ਼ਲਿੰਦਰ ਕੰਬੋਜ਼, ਸੰਦੀਪ ਸਿੰਘ ਗਿੱਲ, ਸੁਰਿੰਦਰ ਪਾਲ ਸਿੰਘ, ਮਨਪ੍ਰੀਤ ਸਿੰਘ, ਰਮਨਦੀਪ ਸਿੰਗਲਾ, ਬਲਿਹਾਰ ਬੱਲੀ, ਕੁਲਦੀਪ ਰੂਪਨਗਰ ਮਹਿੰਦਰ ਕੌੜਿਆਂਵਾਲੀ, ਸੁਮਿਤ ਕੰਬੋਜ ਅਤੇ ਲਖਵੀਰ ਠੁੱਲੀਵਾਲ ਨੇ ਸਾਂਝੀ ਪ੍ਰੈੱਸ ਕਾਨਫਰੰਸ ਕਰਦੇ ਹੋਏ ਪੰਜਾਬ ਸਰਕਾਰ ਵੱਲੋਂ ਉਹਨਾਂ ਦੀਆਂ ਪ੍ਰਮੁੱਖ ਮੰਗਾਂ ਹੱਲ ਕਰਨ ਦੀ ਥਾਂ ਮਹਿੰਗਾਈ ਭੱਤੇ (ਡੀ ਏ) ਦੇ ਦਿੱਤੇ ਨਵੇਂ ਪ੍ਰਸਤਾਵ ਤਹਿਤ ਨੂੰ ਨਵੇਂ ਅਤੇ ਪੁਰਾਣੇ ਮੁਲਾਜ਼ਮਾਂ ਵਿੱਚ



ਵੰਡ ਪਾਉਣ ਦੀ ਸਾਜ਼ਿਸ਼ ਕਰਾਰ ਦਿੱਤਾ। ਆਗੂਆਂ ਨੇ ਸਰਕਾਰ ਵੱਲੋਂ ਮੁਲਾਜ਼ਮਾਂ 'ਤੇ ਵੱਧ ਤਨਖਾਹਾਂ ਲੈਣ ਦੇ ਲਗਾਏ ਜਾ ਰਹੇ ਝੂਠੇ ਤੇ ਮਨਘੜਤ ਤੱਥਾਂ ਅਧਾਰਿਤ ਦੋਸ਼ਾਂ ਨੂੰ ਵੱਖ-ਵੱਖ ਕਾਡਰਾਂ ਦੀ ਤਨਖਾਹ ਡਿਟੇਲ ਨੂੰ ਅੰਕੜਿਆਂ ਦੇ ਰੂਪ ਵਿੱਚ ਸਾਂਝੀ ਕਰਦੇ ਹੋਏ ਮੁੱਢੋਂ ਰੱਦ ਕੀਤਾ ਅਤੇ ਪੰਜਾਬ ਦੇ ਛੇ ਤਨਖਾਹ ਕਮਿਸ਼ਨਾਂ ਵੱਲੋਂ ਦੇਸ਼ ਦੇ ਫੈਡਰਲ ਢਾਂਚੇ ਅਤੇ ਸੂਬੇ ਦੀ ਵਿਲੱਖਣ ਸਥਿਤੀ ਅਨੁਸਾਰ ਪਿਛਲੇ 60 ਸਾਲਾਂ ਦਰਮਿਆਨ ਸੰਵਿਧਾਨਿਕ ਤਰੀਕੇ ਨਾਲ ਮਿਲੇ ਤਨਖਾਹ ਸਕੇਲਾਂ ਉੱਪਰ ਸਰਕਾਰ ਵੱਲੋਂ ਸਵਾਲ ਚੁੱਕਣ ਨੂੰ ਮੰਦਭਾਗਾ ਕਰਾਰ ਦਿੱਤਾ ਹੈ। ਆਗੂਆਂ ਨੇ ਇਹ ਵੀ ਸਪੱਸ਼ਟ ਕੀਤਾ ਹੈ ਕਿ ਪੰਜਾਬ ਦੇ ਨਵੇਂ ਮੁਲਾਜ਼ਮਾਂ ਨੂੰ ਮਿਤੀ 17-7-2020 ਦੇ ਨੋਟੀਫਿਕੇਸ਼ਨ ਰਾਹੀਂ ਮਿਲਦੇ ਨਿਗੁਣੇ ਤਨਖਾਹ ਸਕੇਲਾਂ ਦਾ ਫੈਸਲਾ ਰੱਦ ਕਰਵਾ ਕੇ ਪੰਜਾਬ ਤਨਖਾਹ ਸਕੇਲਾਂ ਦੀ ਬਹਾਲੀ ਹੋਣ, ਪੁਰਾਣੀ ਪੈਨਸ਼ਨ ਲਾਗੂ ਕਰਵਾਉਣ, 18% ਪੈਂਡਿੰਗ ਡੀ ਏ ਜਾਰੀ ਕਰਵਾਉਣ, ਮੁਲਾਜ਼ਮਾਂ ਦੇ ਕੱਟੇ ਗਏ ਸਾਰੇ ਭੱਤੇ ਜਾਰੀ ਕਰਵਾਉਣ, 15-01-2015 ਦਾ ਨੋਟੀਫਿਕੇਸ਼ਨ ਰੱਦ ਕਰਵਾਉਣ ਅਤੇ ਕੱਚੇ ਮੁਲਾਜ਼ਮਾਂ ਦੇ ਰੈਗੂਲਰ ਹੋਣ ਤੱਕ ਪੰਜਾਬ ਸਰਕਾਰ ਖਿਲਾਫ ਲਗਾਤਾਰ ਸੰਘਰਸ਼ ਜਾਰੀ ਰਹੇਗਾ। ਆਗੂਆਂ ਨੇ 17/07/2020 ਤੋਂ ਬਾਅਦ ਭਰਤੀ ਹੋਏ ਵੱਖ-ਵੱਖ ਵਿਭਾਗਾਂ ਦੇ ਮੁਲਾਜਮਾਂ ਦੀਆਂ ਬਾਕੀ ਮੁਲਾਜ਼ਮਾਂ ਦੀਆਂ ਤਨਖਾਹਾਂ ਵਿੱਚ ਜ਼ਮੀਨ ਅਸਮਾਨ ਦਾ ਫ਼ਰਕ ਹੈ। ਆਗੂਆਂ ਨੇ ਅੰਕੜੇ ਸਾਂਝੇ ਕਰਦੇ ਹੋਏ ਦੱਸਿਆ ਕਿ ਮਿਤੀ 17-7-2020 ਤੋਂ ਬਾਅਦ ਭਰਤੀ ਪੰਜਾਬ ਦੇ ਕਲਰਕਾਂ (ਗ੍ਰੈਜੂਏਸ਼ਨ ਪਾਸ) ਨੂੰ 19,900 ਰੁਪਏ ਬੇਸਿਕ ਪੇਅ ਦਿੱਤੀ ਜਾ ਰਹੀ ਹੈ, ਜਦ ਕਿ ਕੇਂਦਰ ਸਰਕਾਰ ਵੱਲੋਂ 29,200 ਰੁਪਏ ਬੇਸਿਕ ਪੇ ਦਿੱਤੀ ਜਾ ਰਹੀ ਹੈ ਅਤੇ ਪੰਜਾਬ ਸਰਕਾਰ ਵੱਲੋਂ 17-7-2020 ਤੋਂ ਪਹਿਲਾਂ ਭਰਤੀ ਕਲਰਕਾਂ ਨੂੰ 33,300 ਰੁਪਏ ਬੇਸਿਕ ਪੇ ਦਿੱਤੀ ਜਾ ਰਹੀ ਹੈ। ਪਰਖ਼ ਕਾਲ ਤੋਂ ਬਾਅਦ ਇੱਕ ਕਲਰਕ ਨੂੰ 18462 ਰੁਪਏ ਘੱਟ ਮਿਲ ਰਹੇ ਹਨ, ਇਸੇ ਤਰਾਂ ਕਾਂਸਟੇਬਲ ਨੂੰ ਵੀ 19900 ਪਰਖ ਕਾਲ ਵਿੱਚ ਮਿਲ ਰਹੇ , ਉਹਨਾਂ ਨੂੰ ਵੀ 6462 ਰੁਪਏ ਘੱਟ ਤਨਖ਼ਾਹ, ਸਹਾਇਕ ਲਾਈਨਮੈਨ ਨੂੰ ਵੀ ਪਰਖ ਕਾਲ ਵਿੱਚ 19900 , ਪਰਖ਼ ਕਾਲ ਤੋਂ ਬਾਅਦ 12542 ਰੁਪਏ ਘੱਟ ਮਿਲ ਰਹੇ ਹਨ,ਏਸੇ ਤਰਾਂ ਐੱਮ ਪੀ ਐੱਚ ਡਬਲਯੂ ਵਰਕਰ ਨੂੰ ਵੀ 15176 ਰੁਪਏ ਘੱਟ ਮਿਲ ਰਹੇ ਹਨ। ਇਸ ਤੋਂ ਇਲਾਵਾ ਈ ਟੀ ਟੀ ਅਧਿਆਪਕ ਨੂੰ 29,200 ਬੇਸਿਕ ਮਿਲ ਰਿਹਾ ਹੈ, ਜਦੋਂ ਕਿ ਸੈਂਟਰ ਸਕੇਲ ਵਿੱਚ 35400, ਪਰਖ਼ ਕਾਲ ਤੋਂ ਬਾਅਦ ਕੁੱਲ 15176 ਰੁਪਏ ਘੱਟ ਮਿਲ ਰਹੇ ਹਨ। ਇਸੇ ਤਰ੍ਹਾਂ ਮਾਸਟਰ ਕੇਡਰ ਅਧਿਆਪਕਾਂ ਨੂੰ 21572 ਰੁਪਏ ਘੱਟ ਮਿਲ ਰਹੇ ਹਨ। ਖ਼ਾਸ ਗੱਲ ਇਹ ਹੈ ਕਿ 60% ਡੀ ਏ ਲਗਾਉਣ ਜੋੜਨ ਤੋਂ ਬਾਅਦ ਵੀ ਮੁਲਾਜਮਾਂ ਦੀਆਂ ਤਨਖਾਹਾਂ ਸੈਂਟਰ ਸਰਕਾਰ ਦੇ ਮੁਲਾਜ਼ਮਾਂ ਅਤੇ ਜੁਲਾਈ 2020 ਤੋਂ ਪਹਿਲਾਂ ਭਰਤੀ ਮੁਲਾਜ਼ਮਾਂ ਨਾਲੋਂ ਬਹੁਤ ਘੱਟ ਰਹਿ ਜਾਂਦੀਆਂ ਹਨ। ਜਿਸ ਦਾ ਇੱਕੋ ਇੱਕ ਹੱਲ ਹੈ ਕਿ ਮਿਤੀ 17/07/2020 ਦਾ ਨੋਟੀਫ਼ਿਕੇਸ਼ਨ ਰੱਦ ਕਰਕੇ ਤੁਰੰਤ ਪੰਜਾਬ ਤਨਖਾਹ ਸਕੇਲ ਲਾਗੂ ਕੀਤਾ ਜਾਵੇ ਨਾ ਕਿ ਮੁਲਾਜ਼ਮਾਂ ਨੂੰ ਆਪਸ ਵਿੱਚ ਵੰਡਣ ਦੀ ਕੋਸ਼ਿਸ਼ ਕੀਤੀ ਜਾਵੇ।

# ਗੁਰਮੇਲ ਸਿੰਘ ਬਲਾਕ ਮਹਿਲ ਕਲਾਂ ਦੇ ਵਾਈਸ ਚੇਅਰਮੈਨ ਨਿਯੁਕਤ



**ਮਹਿਲ ਕਲਾਂ** (ਪ੍ਰਦੀਪ ਸਿੰਘ ਲੋਹਗੜ੍ਹ)-ਪਿੰਡ ਸਹਿਜੜਾ ਵਿਖੇ ਪੰਜਾਬ ਐੱਸ.ਸੀ. ਵਿਭਾਗ ਕਾਂਗਰਸ ਵੱਲੋਂ ਜ਼ਿਲ੍ਹਾ ਚੇਅਰਮੈਨ ਗੁਰਮੇਲ ਸਿੰਘ ਮੌੜ ਦੀ ਪ੍ਰਧਾਨਗੀ ਹੇਠ ਇੱਕ ਵਿਸ਼ੇਸ਼ ਮੀਟਿੰਗ ਹੋਈ, ਜਿਸ ਵਿੱਚ ਕਾਂਗਰਸ ਪਾਰਟੀ ਦੇ ਬਲਾਕ ਪ੍ਰਧਾਨ ਪਰਮਿੰਦਰ ਸਿੰਘ ਠੁਲੀਵਾਲ ਉਚੇਚੇ ਤੌਰ 'ਤੇ ਸ਼ਾਮਲ ਹੋਏ।ਇਸ ਮੌਕੇ ਪਾਰਟੀ ਸੰਗਠਨ ਨੂੰ ਮਜ਼ਬੂਤ ਕਰਦਿਆਂ ਗੁਰਮੇਲ ਸਿੰਘ ਉਰਫ਼ ਮੇਲਾ ਨੂੰ ਬਲਾਕ ਮਹਿਲ ਕਲਾਂ ਦਾ ਵਾਈਸ ਚੇਅਰਮੈਨ ਨਿਯੁਕਤ ਕੀਤਾ ਗਿਆ ਤੇ ਪਿੰਡ ਪੱਧਰ 'ਤੇ 12 ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ।ਆਗੂਆਂ ਨੇ ਸੰਬੋਧਨ ਕਰਦਿਆਂ ਜ਼ਿਲ੍ਹਾ ਚੇਅਰਮੈਨ ਗੁਰਮੇਲ ਸਿੰਘ ਮੌੜ ਕਿਹਾ ਕਿ ਸਾਲ 2027 ਦੀਆਂ ਵਿਧਾਨ ਸਭਾ ਚੋਣਾਂ ਵਿਚ ਕਾਂਗਰਸ ਪਾਰਟੀ ਦੀ ਵੱਡੀ ਜਿੱਤ ਯਕੀਨੀ ਬਣਾਉਣ ਲਈ ਪੂਰੇ ਜ਼ਿਲ੍ਹੇ ਅੰਦਰ ਹਰ ਬੂਥ 'ਤੇ 5-5 ਮੈਂਬਰੀ ਕਮੇਟੀਆਂ ਬਣਾਈਆਂ ਜਾ ਰਹੀਆਂ ਹਨ।ਔਖੇ ਸਮੇਂ ਪਾਰਟੀ ਨਾਲ ਖੜ੍ਹਨ ਵਾਲੇ ਹਰ ਵਰਕਰ ਨੂੰ ਬਣਦਾ ਮਾਣ-ਸਨਮਾਨ ਦਿੱਤਾ ਜਾਵੇਗਾ ਤੇ ਕਿਸੇ ਵੀ ਵਫ਼ਾਦਾਰ ਆਗੂ ਨੂੰ ਅੱਖੋਂ-ਪਰੋਖੇ ਨਹੀਂ ਕੀਤਾ ਜਾਵੇਗਾ।ਇਸ ਤੋਂ ਇਲਾਵਾ, ਦਲਿਤਾਂ ਤੇ ਸੰਵਿਧਾਨ ਦੇ ਹੱਕ ਵਿੱਚ ਆਵਾਜ਼ ਬੁਲੰਦ ਕਰਨ 'ਤੇ ਰਾਹੁਲ ਗਾਂਧੀ ਵਿਰੁੱਧ ਦਰਜ ਕੀਤੀ ਝੂਠੀ ਐੱਫ਼.ਆਈ.ਆਰ. ਖ਼ਿਲਾਫ਼ ਐੱਸ.ਸੀ. ਵਿਭਾਗ ਵੱਲੋਂ ਚੰਡੀਗੜ੍ਹ ਸਥਿਤ ਕਾਂਗਰਸ ਦਫ਼ਤਰ ਅੱਗੇ ਰੋਸ ਪ੍ਰਦਰਸ਼ਨ ਜਾਰੀ ਹੈ।ਇਸ ਮੌਕੇ ਐੱਸ.ਸੀ. ਵਿਭਾਗ ਦੇ ਬਲਾਕ ਚੇਅਰਮੈਨ ਗੁਰਪ੍ਰੀਤ ਸਿੰਘ, ਬਲਵੰਤ ਰਾਏ ਸ਼ਰਮਾ, ਬਲਾਕ ਬਰਨਾਲਾ ਦਿਹਾਤੀ ਪ੍ਰਧਾਨ ਨਛੱਤਰ ਸਿੰਘ, ਪ੍ਰਕਾਸ਼ ਸਿੰਘ ਸਹਿਜੜਾ, ਅਨੇਕ ਸਿੰਘ, ਰਣਜੀਤ ਸਿੰਘ, ਬਲਜਿੰਦਰ ਸਿੰਘ ਨੰਬਰਦਾਰ, ਹਰਬੰਸ ਸਿੰਘ, ਰਾਜਵਿੰਦਰ ਸਿੰਘ ਰਾਜੂ ਕਲਾਲਾ, ਸੁਖਵਿੰਦਰ ਸਿੰਘ ਸੁੱਖੀ, ਕੁਲਵਿੰਦਰ ਸਿੰਘ ਪੰਚ, ਦਰਸ਼ਨ ਸਿੰਘ, ਬਾਰੂ ਸਿੰਘ ਮਹਿਰਾ, ਕਿਸਾਨ ਆਗੂ ਰਣਜੀਤ ਸਿੰਘ, ਮਹਿੰਦਰ ਸਿੰਘ ਸਹਿਜੜਾ ਆਦਿ ਹਾਜ਼ਰ ਸਨ।

# ਐੱਸ ਆਰ ਐੱਸ ਵਿੱਦਿਆਪੀਠ ਵਿਖੇ ਅਧਿਆਪਕਾਂ ਦਾ ਸਨਮਾਨ



**ਸਮਾਣਾ** (ਗੁਰਪਿਆਰ ਸਿੰਘ ਬੱਲ)

ਐੱਸ ਆਰ ਐੱਸ ਵਿੱਦਿਆਪੀਠ ਵਿੱਚ ਅਧਿਆਪਕ ਦਿਵਸ ਮੌਕੇ ਅਧਿਆਪਕ ਵਰਗ ਦੇ ਸਮਰਪਣ ਤੇ ਸੰਸਥਾ ਦੀ ਤਰੱਕੀ ਵਿੱਚ ਉਨ੍ਹਾਂ ਦੇ ਮਹੱਤਵਪੂਰਨ ਯੋਗਦਾਨ ਨੂੰ ਸਨਮਾਨਤ ਕਰਨ ਲਈ ਨਿੱਘਾ ਤੇ ਭਾਵਪੂਰਨ ਸਮਾਗਮ ਕਰਵਾਇਆ ਗਿਆ।ਇਸ ਮੌਕੇ ਉਨ੍ਹਾਂ ਅਧਿਆਪਕਾਂ ਦੇ ਯੋਗਦਾਨ ਨੂੰ ਵਿਸ਼ੇਸ਼ ਤੌਰ 'ਤੇ ਸਲਾਹਿਆ ਗਿਆ, ਜਿਨ੍ਹਾਂ ਨੇ ਸਾਲਾਂ ਤੋਂ ਨਿਸ਼ਠਾ ਤੇ ਸਮਰਪਣ ਨਾਲ ਸੰਸਥਾ ਦੀ ਯਾਤਰਾ ਨੂੰ ਮਜ਼ਬੂਤ ਬਣਾਉਣ ਵਿੱਚ ਭੂਮਿਕਾ ਨਿਭਾਈ ਹੈ।ਸਮਾਗਮ ਦੌਰਾਨ ਕੇਕ ਕੱਟਣ ਦੀ ਰਸਮ ਤੋਂ ਬਾਅਦ ਖਾਣੇ ਦਾ ਪ੍ਰਬੰਧ ਕੀਤਾ ਗਿਆ।ਇਸ ਮੌਕੇ ਸਮੂਹ ਅਧਿਆਪਕਾਂ ਨੂੰ ਇਕੱਠੇ ਬੈਠਣ, ਆਪਣੇ ਤਜਰਬੇ ਸਾਂਝੇ ਕਰਨ ਤੇ ਐੱਸ ਆਰ ਐੱਸ ਵਿੱਦਿਆਪੀਠ ਨਾਲ ਬਿਤਾਏ ਸਾਲਾਂ ਦੀਆਂ ਯਾਦਾਂ ਨੂੰ ਤਾਜ਼ਾ ਕਰਨ ਦਾ ਮੌਕਾ ਮਿਲਿਆ।ਸੰਸਥਾ ਨਾਲ ਦਸ ਸਾਲਾਂ ਤੋਂ ਜੁੜੇ ਅਧਿਆਪਕਾਂ ਨੇ ਸੀਏ ਅਮਿਤ ਸਿੰਗਲਾ ਪ੍ਰਤੀ ਦਿਲੋਂ ਧੰਨਵਾਦ ਪ੍ਰਗਟ ਕਰਦਿਆਂ ਉਨ੍ਹਾਂ ਦੇ ਨਿਰੰਤਰ ਸਹਿਯੋਗ, ਹੌਸਲੇ ਤੇ ਭਰੋਸੇ ਲਈ ਆਭਾਰ ਪ੍ਰਗਟ ਕੀਤਾ।ਉਨ੍ਹਾਂ ਕਿਹਾ ਕਿ ਚੇਅਰਮੈਨ ਸੀਏ ਅਮਿਤ ਸਿੰਗਲਾ, ਮੈਨੇਜਿੰਗ ਡਾਇਰੈਕਟਰ ਸੀਏ ਲਲਿਤ ਸਿੰਗਲਾ, ਵਾਈਸ ਚੇਅਰਪਰਸਨ ਸਮਿਧਾ ਸਿੰਗਲਾ ਤੇ ਪ੍ਰਿੰਸੀਪਲ ਡਾ. ਚੰਦਨਦੀਪ ਦੀ ਅਗਵਾਈ ਹੇਠ ਸੰਸਥਾ ਵਿੱਦਿਅਕ ਉੱਤਮਤਾ, ਨਵੀਂ ਸੋਚ, ਅਧਿਆਪਕਾਂ ਦੇ ਪੇਸ਼ੇਵਰ ਵਿਕਾਸ ਤੇ ਮਜ਼ਬੂਤ ਸੰਸਥਾਗਤ ਸੱਭਿਆਚਾਰ ਨੂੰ ਲਗਾਤਾਰ ਅੱਗੇ ਵਧਾ ਰਹੀ ਹੈ।ਅਧਿਆਪਕ ਦਿਵਸ ਦਾ ਇਹ ਸਮਾਗਮ ਸਨਮਾਨ, ਕ੍ਰਿਤਜਤਾ ਤੇ ਆਪਣਾਪਣ ਦੀ ਭਾਵਨਾ ਨਾਲ ਸੰਪੰਨ ਹੋਇਆ।

# ਜਥੇਦਾਰ ਮਾਹਲਾ ਵੱਡੀ ਲੀਡ ਨਾਲ ਜਿੱਤਣਗੇ : ਬਰਾੜ, ਗੋਇਲ, ਚੰਨੂਵਾਲਾ



**ਬਾਘਾ ਪੁਰਾਣਾ** (ਮਨੀ ਸਿੰਗਲਾ)-ਸ਼੍ਰੋਮਣੀ ਅਕਾਲੀ ਦਲ ਦੇ ਐੱਸ.ਓ.ਆਈ. ਵਿੰਗ ਦੇ ਪ੍ਰਧਾਨ ਸੁਖਵੀਰ ਸਿੰਘ ਬਰਾੜ ਸੁੱਖਾ ਬਾਘਾ ਪੁਰਾਣਾ, ਬਾਘਾ ਪੁਰਾਣਾ ਵਪਾਰ ਮੰਡਲ ਦੇ ਪ੍ਰਧਾਨ ਪਵਨ ਗੋਇਲ ਤੇ ਯੂਥ ਅਕਾਲੀ ਆਗੂ ਜਨਮ ਚੰਨੂਵਾਲਾ ਨੇ ਕਿਹਾ ਕਿ ਆਗਾਮੀ ਪੰਜਾਬ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਪਾਰਟੀ ਵੱਲੋਂ ਹਲਕੇ ਅੰਦਰ ਸਰਗਰਮੀਆਂ ਤੇਜ਼ ਕਰ ਦਿੱਤੀਆਂ ਗਈਆਂ ਹਨ।ਉਨ੍ਹਾਂ ਦਾਅਵਾ ਕੀਤਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿਚ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਸੂਬੇ ਅੰਦਰ ਅਕਾਲੀ ਦਲ ਦੀ ਸਰਕਾਰ ਬਣੇਗੀ।ਅਕਾਲੀ ਆਗੂਆਂ ਨੇ ਕਿਹਾ ਕਿ ਹਲਕਾ ਬਾਘਾ ਪੁਰਾਣਾ ਤੋਂ ਪਾਰਟੀ ਦੇ ਹਲਕਾ ਇੰਚਾਰਜ ਜਥੇਦਾਰ ਤੀਰਥ ਸਿੰਘ ਮਾਹਲਾ ਵੱਡੀ ਲੀਡ ਨਾਲ ਜਿੱਤ ਹਾਸਲ ਕਰਕੇ ਇਹ ਸੀਟ ਸ਼੍ਰੋਮਣੀ ਅਕਾਲੀ ਦਲ ਦੀ ਝੋਲੀ ਪਾਉਣਗੇ।ਉਨ੍ਹਾਂ ਕਿਹਾ ਕਿ ਹਲਕੇ ਦੀ ਅਕਾਲੀ ਲੀਡਰਸ਼ਿਪ ਤੇ ਵਰਕਰ ਜਥੇਦਾਰ ਮਾਹਲਾ ਦੇ ਹੱਥ ਮਜ਼ਬੂਤ ਕਰਨ ਲਈ ਪਾਰਟੀ ਵਰਕਰਾਂ ਵੱਲੋਂ ਹਲਕੇ ਦੇ ਵੱਖ-ਵੱਖ ਪਿੰਡਾਂ ਤੇ ਸ਼ਹਿਰੀ ਇਲਾਕਿਆਂ ਵਿੱਚ ਡੋਰ-ਟੂ-ਡੋਰ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਅਕਾਲੀ ਦਲ ਦੇ ਵਰਕਰ ਪੂਰੇ ਉਤਸ਼ਾਹ ਨਾਲ ਚੋਣ ਤਿਆਰੀਆਂ ਵਿੱਚ ਜੁਟੇ ਹੋਏ ਹਨ ਤੇ ਆਉਣ ਵਾਲੇ ਸਮੇਂ ਵਿੱਚ ਇਨ੍ਹਾਂ ਸਰਗਰਮੀਆਂ ਨੂੰ ਹੋਰ ਤੇਜ਼ ਕੀਤਾ ਜਾਵੇਗਾ।

# ਮੈਗਾ ਪਲੇਸਮੈਂਟ ਡਰਾਈਵ 'ਚ ਚੁਣੇ ਵਿਦਿਆਰਥੀਆਂ ਨੂੰ ਨਿਯੁਕਤੀ ਪੱਤਰ ਵੰਡੇ



**ਬੁਢਲਾਡਾ** (ਅਸ਼ੋਕ ਲਾਕੜਾ)-ਉੱਤਰੀ ਭਾਰਤ ਦੀ ਸਿਰਮੌਰ ਤੇ ਖੁਦ-ਮੁਖਤਿਆਰ ਵਿੱਦਿਅਕ ਸੰਸਥਾ ਗੁਰੂ ਨਾਨਕ ਕਾਲਜ ਬੁਢਲਾਡਾ ਵਿਖੇ 'ਡਾਇਰੈਕਟੋਰੇਟ ਆਫ਼ ਐਜੂਕੇਸ਼ਨ' ਦੀ ਅਗਵਾਈ ਹੇਠ ਵਿਦਿਆਰਥੀਆਂ ਦੇ ਸੁਨਹਿਰੀ ਭਵਿੱਖ ਨੂੰ ਸਮਰਪਤ ਪਿਛਲੇ ਦਿਨੀਂ ਵਿਸ਼ਾਲ 'ਰਾਜ ਪੱਧਰੀ ਮੈਗਾ ਪਲੇਸਮੈਂਟ ਡਰਾਈਵ 2026' ਦਾ ਆਯੋਜਨ ਕੀਤਾ ਗਿਆ। ?ਪ੍ਰਿੰਸੀਪਲ ਡਾ. ਨਰਿੰਦਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਅੱਜ ਇਸ ਮੈਗਾ ਪਲੇਸਮੈਂਟ ਡਰਾਈਵ ਦੌਰਾਨ ਦੇਸ਼ ਭਰ ਤੋਂ ਪਹੁੰਚੀਆਂ ਵੱਖ-ਵੱਖ ਕੰਪਨੀਆਂ ਵੱਲੋਂ ਲਗਭਗ 150 ਤੋਂ ਵੱਧ ਵਿਦਿਆਰਥੀਆਂ ਦੀ ਚੋਣ ਕੀਤੀ ਗਈ ਹੈ, ਜਿਨ੍ਹਾਂ ਨੂੰ ਅੱਜ ਇਹ ਨਿਯੁਕਤੀ ਪੱਤਰ ਦਿੱਤੇ ਗਏ ਹਨ। ?ਪਲੇਸਮੈਂਟ ਕੋਆਰਡੀਨੇਟਰ ਡਾ. ਨੀਤਿਕਾ ਗੋਇਲ ਨੇ ਦੱਸਿਆ ਕਿ ਇਸ ਰਾਜ ਪੱਧਰੀ ਸਮਾਗਮ ਵਿੱਚ 40 ਤੋਂ ਵੱਧ ਕੌਮੀ ਤੇ ਕੌਮਾਂਤਰੀ ਪੱਧਰ ਦੀਆਂ ਨਾਮਵਰ ਕੰਪਨੀਆਂ ਨੇ ਸ਼ਿਰਕਤ ਕੀਤੀ।ਕੰਪਨੀ-ਵਾਰ ਚੋਣ ਦੇ ਵੇਰਵੇ ਸਾਂਝੇ ਕਰਦਿਆਂ ਉਨ੍ਹਾਂ ਦੱਸਿਆ ਕਿ ਫਲੈਕਸੀਓ ਵਿਚ 47, ਆਈ.ਸੀ.ਆਈ.ਸੀ.ਆਈ. ਬੈਂਕ ਵਿਚ 7, ਡਾ. ਆਈ.ਟੀ. ਗਰੁੱਪ ਵਿਚ 56, ਫੋਰਗੋ ਫਾਰਮਾਸਿਊਟੀਕਲਜ਼ ਵਿਚ 10, ਸੁਆਵ ਹੈਲਥਕੇਅਰ ਵਿਚ 7, ਸੈਟਿਨ ਕ੍ਰੈਡਿਟਕੇਅਰ ਵਿਚ 18, ਭਾਰਤ ਫਾਈਨੈਂਸ਼ੀਅਲ ਇਨਕਲੂਜ਼ਨ ਲਿਮਟਿਡ ਵਿਚ 7 ਅਤੇ ਸਵਾਸਤਿਕ ਲਾਈਫ ਸਾਇੰਸਜ਼ ਵਿਚ 6 ਨੂੰ ਨਿਯੁਕਤੀ ਪੱਤਰ ਸੌਂਪੇ ਗਏ ਹਨ।

# ਸ਼ਰਧਾ ਭਾਵਨਾ ਤੇ ਧੂਮਧਾਮ ਨਾਲ ਮਨਾਈ ਕ੍ਰਿਸ਼ਨ ਜਨਮ ਅਸ਼ਟਮੀ



**ਸ੍ਰੀ ਮੁਕਤਸਰ ਸਾਹਿਬ** (ਸ਼ਮਿੰਦਰ ਪਾਲ, ਪੂਜਾ)-ਸ਼ਹਿਰ ਵਿੱਚ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਤਿਉਹਾਰ ਸ਼ਰਧਾ ਭਾਵਨਾ ਤੇ ਧੂਮਧਾਮ ਨਾਲ ਮਨਾਇਆ ਗਿਆ।ਸ਼ਹਿਰ ਦੇ ਮੰਦਰ ਭਗਵਾਨ ਸ੍ਰੀ ਕ੍ਰਿਸ਼ਨ ਦੇ ਰੰਗ ਵਿੱਚ ਰੰਗੇ ਰਹੇ।ਮੰਦਰਾਂ ਵਿੱਚ ਦੇਰ ਰਾਤ ਤੱਕ ਸ਼ਰਧਾਲੂਆਂ ਦੀ ਆਮਦ ਲੱਗੀ ਰਹੀ ਤੇ ਕਾਨ੍ਹਾ ਦੇ ਜਨਮ ਦਿਨ ਦੀ ਖੁਸ਼ੀ ਵਿੱਚ ਲੋਕ ਰਾਤ ਭਰ ਮੰਦਰਾਂ ਵਿੱਚ ਉਮੜਦੇ ਨਜ਼ਰ ਆਏ।ਸ਼ਹਿਰ ਦੇ ਟਿੱਬੀ ਸਾਹਿਬ ਰੋਡ ਸਥਿਤ ਸ੍ਰੀ ਰਾਮ ਭਵਨ, ਸ੍ਰੀ ਸ਼ਿਆਮ ਮੰਦਰ, ਸਾਈਂ ਮੰਦਰ, ਪੁਰਾਣੀ ਦਾਣਾ ਮੰਡੀ ਕੋਲ ਸਥਿਤ ਸ੍ਰੀ ਰਘੂਨਾਥ ਮੰਦਰ, ਬੈਂਕ ਰੋਡ ਸਥਿਤ ਸ੍ਰੀ ਮਹਾਦੇਵ ਮੰਦਰ, ਰੇਲਵੇ ਰੋਡ ਸਥਿਤ ਸ਼ਕਤੀ ਮੰਦਰ ਸ੍ਰੀ ਮਨਨ ਧਾਮ, ਰਾਮਬਾੜਾ ਬਾਜ਼ਾਰ ਸਥਿਤ ਸ੍ਰੀ ਦੁਰਗਾ ਮੰਦਰ ਗੀਤਾ ਭਵਨ, ਕੋਟਕਪੂਰਾ ਰੋਡ ਸਥਿਤ ਬਾਬਾ ਕਾਂਸ਼ੀ ਪ੍ਰਸ਼ਾਦ ਸ਼ਿਵ ਮੰਦਰ ਸਮੇਤ ਹੋਰ ਮੰਦਰਾਂ ਵਿੱਚ ਰਾਤ ਭਰ ਉਤਸਵ ਹੁੰਦੇ ਰਹੇ ਤੇ ਮੰਦਰਾਂ ਨੂੰ ਜਗਮਗਾਉਂਦੀਆਂ ਲੜੀਆਂ, ਫੁੱਲਾਂ ਨਾਲ ਸ਼ਾਨਦਾਰ ਤਰੀਕੇ ਨਾਲ ਸਜਾਇਆ ਗਿਆ ਸੀ।ਜਿੱਥੇ ਮੰਦਰਾਂ ਵਿੱਚ ਭਾਰੀ ਭੀੜ ਉਮੜੀ ਨਜ਼ਰ ਆਈ, ਉੱਥੇ ਹੀ ਮੰਦਰਾਂ ਦੇ ਆਸ-ਪਾਸ ਵੀ ਖ਼ੂਬ ਰੌਣਕ ਮੇਲਾ ਲੱਗਾ ਰਿਹਾ।ਰਾਤ ਬਾਰਾਂ ਵੱਜਦੇ ਹੀ ਕਾਨ੍ਹਾ ਦੇ ਜਨਮ ਦਿਨ ਦੀਆਂ ਵਧਾਈਆਂ ਦਾ ਸਿਲਸਿਲਾ ਸ਼ੁਰੂ ਹੋ ਗਿਆ। ਮੰਦਰਾਂ ਦੇ ਬਾਹਰ ਵੱਖ-ਵੱਖ ਤਰ੍ਹਾਂ ਦੇ ਲੰਗਰ ਵੀ ਚੱਲਦੇ ਰਹੇ।ਇਸ ਮੌਕੇ ਸ਼ਹਿਰ ਦੇ ਧਾਰਮਿਕ, ਰਾਜਨੀਤਕ, ਸਮਾਜ ਸੇਵੀ ਤੇ ਪਤਵੰਤੇ ਵਿਅਕਤੀਆਂ ਨੇ ਮੰਦਰਾਂ ਵਿੱਚ ਮੱਥਾ ਟੇਕ ਕੇ ਸ੍ਰੀ ਕ੍ਰਿਸ਼ਨ ਜੀ ਦਾ ਆਸ਼ੀਰਵਾਦ ਲਿਆ।

# ਲਾਰੈਂਸ ਸਕੂਲ ਵਿਖੇ ਜਨਮ ਅਸ਼ਟਮੀ ਦਾ ਸ਼ਾਨਦਾਰ ਸਮਾਗਮ



**ਬਾਘਾ ਪੁਰਾਣਾ** (ਮਨੀ ਸਿੰਗਲਾ)-ਲਾਰੈਂਸ ਇੰਟਰਨੈਸ਼ਨਲ ਕਾਨਵੈਂਟ ਸਕੂਲ ਬਾਘਾ ਪੁਰਾਣਾ ਵਿਖੇ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਤਿਉਹਾਰ ਬੜੀ ਸ਼ਰਧਾ, ਉਤਸ਼ਾਹ ਤੇ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਤੇ ਅਧਿਆਪਕਾਂ ਵੱਲੋਂ ਵਿਸ਼ੇਸ਼ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ।ਸਮਾਗਮ ਦੌਰਾਨ ਨੰਨ੍ਹੇ-ਮੁੰਨੇ ਬੱਚਿਆਂ ਨੇ ਸ੍ਰੀ ਕ੍ਰਿਸ਼ਨ ਤੇ ਰਾਧਾ ਦੀ ਮਨਮੋਹਕ ਵੇਸ਼ਭੂਸ਼ਾ ਧਾਰਨ ਕਰਕੇ ਸਭ ਦਾ ਮਨ ਮੋਹ ਲਿਆ।ਵਿਦਿਆਰਥੀਆਂ ਵੱਲੋਂ ਕ੍ਰਿਸ਼ਨ ਜੀ ਦੇ ਜੀਵਨ ਨਾਲ ਸੰਬੰਧਤ ਗੀਤ, ਭਜਨ, ਨਾਚ ਤੇ ਝਾਕੀਆਂ ਵੀ ਪੇਸ਼ ਕੀਤੀਆਂ ਗਈਆਂ।ਇਸ ਮੌਕੇ ਮਟਕੀ ਫੋੜ ਮੁਕਾਬਲਾ ਵੀ ਕਰਵਾਇਆ ਗਿਆ।ਸਕੂਲ ਕੈਂਪਸ ਨੂੰ ਰੰਗ-ਬਿਰੰਗੀਆਂ ਸਜਾਵਟਾਂ, ਮੋਰਪੰਖ, ਬੰਸਰੀ ਤੇ ਕ੍ਰਿਸ਼ਨ ਜੀ ਦੀਆਂ ਝਾਕੀਆਂ ਨਾਲ ਸੁੰਦਰ ਢੰਗ ਨਾਲ ਸਜਾਇਆ ਗਿਆ।ਸਕੂਲ ਪ੍ਰਬੰਧਕਾਂ ਵੱਲੋਂ ਵਿਦਿਆਰਥੀਆਂ ਨੂੰ ਸ੍ਰੀ ਕ੍ਰਿਸ਼ਨ ਦੇ ਜੀਵਨ ਤੋਂ ਪਿਆਰ, ਸੱਚਾਈ, ਨਿਆਂ, ਨਿਮਰਤਾ ਤੇ ਧਰਮ ਦੇ ਮਾਰਗ 'ਤੇ ਚੱਲਣ ਦੀ ਪ੍ਰੇਰਨਾ ਦਿੱਤੀ ਗਈ।ਸਮਾਗਮ ਦੇ ਅੰਤ ਵਿੱਚ ਸਾਰੇ ਵਿਦਿਆਰਥੀਆਂ ਤੇ ਸਟਾਫ਼ ਨੂੰ ਜਨਮ ਅਸ਼ਟਮੀ ਦੀਆਂ ਸ਼ੁੱਭ-ਕਾਮਨਾਵਾਂ ਦਿੱਤੀਆਂ ਗਈਆਂ।

# ਗੁਰੂ ਰਵਿਦਾਸ ਜੀ ਦੇ ਜੀਵਨ ਤੇ ਸਿੱਖਿਆਵਾਂ 'ਤੇ ਅਧਾਰਤ ਦਿਖਾਈ ਦਸਤਾਵੇਜ਼ੀ ਫਿਲਮ



**ਲੰਬੀ/ਗਿੱਦੜਬਾਹਾ** (ਜਸਵੰਤ ਗਿੱਲ ਛੱਤਿਆਣਾ)-ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਸੂਬਾ ਭਰ ਵਿੱਚ ਕਰਵਾਏ ਜਾ ਰਹੇ ਵੱਖ-ਵੱਖ ਸਮਾਗਮਾਂ ਦੀ ਲੜੀ ਤਹਿਤ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਪਿੰਡਾਂ ਵਿੱਚ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ, ਫਲਸਫ਼ੇ ਤੇ ਮਹਾਨ ਸਿੱਖਿਆਵਾਂ 'ਤੇ ਅਧਾਰਤ ਵਿਸ਼ੇਸ਼ ਦਸਤਾਵੇਜ਼ੀ ਫਿਲਮ ਦਿਖਾਉਣ ਦਾ ਸਿਲਸਲਾ ਲਗਾਤਾਰ ਜਾਰੀ ਹੈ।ਬੀਤੇ ਦਿਨੀਂ ਵਿਧਾਨ ਸਭਾ ਹਲਕਾ ਲੰਬੀ ਦੇ ਸ਼ੇਰਾਂਵਾਲਾ, ਅਰਨੀਵਾਲਾ ਵਜੀਰਾ, ਫਤਿਹਪੁਰ ਮਨੀਆ, ਡੱਬਵਾਲੀ ਰਹੂੜਿਆਂਵਾਲੀ, ਸ਼ਾਮ ਖੇੜਾ ਤੇ ਬੁਰਜ ਸਿੱਧਵਾਂ ਵਿੱਚ ਗੁਰੂ ਰਵਿਦਾਸ ਜੀ ਦੇ ਜੀਵਨ 'ਤੇ ਅਧਾਰਤ ਦਸਤਾਵੇਜ਼ੀ ਫਿਲਮ ਦਿਖਾਈ ਗਈ ਅਤੇ ਵੱਡੀ ਗਿਣਤੀ ਵਿੱਚ ਲੋਕਾਂ ਨੇ ਇਹ ਦਸਤਾਵੇਜ਼ੀ ਫਿਲਮ ਦੇਖੀ ਅਤੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਵੱਲੋਂ ਦਿੱਤੇ ਸਮਾਨਤਾ, ਪ੍ਰਭੂ ਭਗਤੀ, ਮਨੁੱਖਤਾ, ਮਿਹਨਤ ਤੇ ਸਰਬ ਸਾਂਝੀਵਾਲਤਾ ਦੇ ਸੰਦੇਸ਼ ਤੋਂ ਪ੍ਰੇਰਨਾ ਹਾਸਲ ਕੀਤੀ।ਇਸ ਮੌਕੇ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਮਹਾਨ ਸਿੱਖਿਆਵਾਂ ਤੇ ਉਪਦੇਸ਼ਾਂ ਨੂੰ ਆਮ ਲੋਕਾਂ, ਵਿਸ਼ੇਸ਼ ਕਰਕੇ ਨੌਜਵਾਨ ਪੀੜ੍ਹੀ ਤੱਕ ਪਹੁੰਚਾਉਣ ਲਈ ਡਾਕੂਮੈਂਟਰੀ ਫਿਲਮਾਂ ਦਾ ਪ੍ਰਦਰਸ਼ਨ ਸਮੇਂ ਦੀ ਅਹਿਮ ਲੋੜ ਹੈ। ਉਨ੍ਹਾਂ ਕਿਹਾ ਕਿ ਅਜਿਹੇ ਉਪਰਾਲਿਆਂ ਨਾਲ ਨੌਜਵਾਨ ਆਪਣੇ ਮਹਾਨ ਗੁਰੂਆਂ ਦੇ ਜੀਵਨ, ਵਿਚਾਰਾਂ ਤੇ ਸਮਾਜਿਕ ਬਰਾਬਰੀ ਦੇ ਸੰਦੇਸ਼ ਨਾਲ ਹੋਰ ਨੇੜਿਓਂ ਜੁੜ ਸਕਣਗੇ ਤੇ ਸਮਾਜ ਵਿੱਚ ਆਪਸੀ ਭਾਈਚਾਰੇ ਤੇ ਸਦਭਾਵਨਾ ਨੂੰ ਵੀ ਹੋਰ ਮਜ਼ਬੂਤੀ ਮਿਲੇਗੀ।

# ਹਰਗੋਬਿੰਦ ਪਬਲਿਕ ਸਕੂਲ ਕਾਂਗੜ 'ਚ ਮਨਾਇਆ ਅਧਿਆਪਕ ਦਿਵਸ




**ਬਠਿੰਡਾ** (ਰਾਜੀਵ ਗੋਇਲ)-ਹਰਗੋਬਿੰਦ ਪਬਲਿਕ ਸਕੂਲ ਕਾਂਗੜ ਵਿਖੇ ਅਧਿਆਪਕ ਦਿਵਸ ਮਨਾਇਆ ਗਿਆ। ਸਕੂਲ ਦੇ ਪ੍ਰਿੰਸੀਪਲ ਸੋਨੂ ਕੁਮਾਰ ਨੇ ਪ੍ਰੋਗਰਾਮ ਦੀ ਸ਼ੁਰੂਆਤ ਕਰਦੇ ਹੋਏ ਬੱਚਿਆਂ ਨੂੰ ਅਧਿਆਪਕ ਦਿਵਸ ਦੀ ਮਹੱਤਤਾ ਤੇ ਭਾਰਤ ਦੇ ਦੂਜੇ ਰਾਸ਼ਟਰਪਤੀ ਸਰਵਪੱਲੀ ਰਾਧਾ ਕ੍ਰਿਸ਼ਨ ਜੀ ਦੇ ਜੀਵਨ ਬਾਰੇ ਵਡਮੁੱਲੀ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਇਕ ਚੰਗਾ ਅਧਿਆਪਕ ਸਿਰਫ਼ ਪਾਠ ਨਹੀਂ ਪੜ੍ਹਾਉਂਦਾ, ਉਹ ਜ਼ਿੰਦਗੀ ਜਿਉਣ ਦਾ ਸਲੀਕਾ ਵੀ ਸਿਖਾਉਂਦਾ ਹੈ। ਇਸ ਮੌਕੇ ਸਕੂਲ ਦੇ ਬੱਚਿਆਂ ਵੱਲੋਂ ਅਧਿਆਪਕ ਦਿਵਸ 'ਤੇ ਕਵਿਤਾਵਾਂ ਤੇ ਗੀਤ ਪੇਸ਼ ਕੀਤੇ ਗਏ ਅਤੇ ਅਧਿਆਪਕ ਸਾਹਿਬਾਨਾਂ ਨੂੰ ਤੋਹਫ਼ੇ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਧਾਰਮਿਕ ਅਧਿਆਪਿਕਾ ਪਲਵਿੰਦਰ ਕੌਰ ਜਲਾਲ, ਨੀਤੂ ਸ਼ਰਮਾ, ਬਲਵਿੰਦਰ ਕੌਰ, ਰਣਜੀਤ ਕੌਰ, ਗੁਰਪ੍ਰੀਤ ਕੌਰ, ਤਰਨਵੀਰ ਕੌਰ, ਪਵਨਪ੍ਰੀਤ ਕੌਰ, ਜਸਵੀਰ ਕੌਰ, ਸਵਰਨਜੀਤ ਕੌਰ, ਗਗਨਦੀਪ ਕੌਰ, ਅਮਨਦੀਪ ਕੌਰ, ਜਸਪ੍ਰੀਤ ਕੌਰ, ਲਵਪ੍ਰੀਤ ਕੌਰ, ਦਵਿੰਦਰ ਕੁਮਾਰ ਆਦਿ ਹਾਜ਼ਰ ਸਨ।

# ਸੰਤ ਕਬੀਰ ਸਕੂਲ 'ਚ ਜਨਮ ਅਸ਼ਟਮੀ ਦਾ ਤਿਉਹਾਰ ਮਨਾਇਆ



**ਲਹਿਰਾ ਮੁਹੱਬਤ** (ਭੀਮ ਸੈਨ ਹਦਵਾਰੀਆ)-ਸੰਤ ਕਬੀਰ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਵਿਖੇ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਤਿਉਹਾਰ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਸਕੂਲ ਕੈਂਪਸ ਨੂੰ ਰੰਗ-ਬਿਰੰਗੇ ਫੁੱਲਾਂ, ਗਮਲਿਆਂ, ਬੰਸਰੀ ਤੇ ਸ੍ਰੀ ਕ੍ਰਿਸ਼ਨ ਨੂੰ ਦਰਸਾਉਂਦੀ ਇੱਕ ਸੁੰਦਰ ਝਾਕੀ ਨਾਲ ਸਜਾਇਆ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਭਗਵਾਨ ਕ੍ਰਿਸ਼ਨ ਦੀ ਪੂਜਾ ਅਰਚਨਾ ਨਾਲ ਹੋਈ। ਵਿਦਿਆਰਥੀਆਂ ਨੇ ਭਜਨ, ਭਗਵਾਨ ਕ੍ਰਿਸ਼ਨ ਦੇ ਬਚਪਨ 'ਤੇ ਆਧਾਰਤ ਝਾਕੀਆਂ ਤੇ ਸੱਭਿਆਚਾਰਕ ਪ੍ਰਦਰਸ਼ਨਾਂ ਨਾਲ ਸਾਰਿਆਂ ਨੂੰ ਮੋਹਿਤ ਕੀਤਾ। ਵਿਦਿਆਰਥੀਆਂ ਨੇ ਮਟਕੀ ਸਜਾਵਟ, ਕ੍ਰਿਸ਼ਨ-ਰਾਧਾ ਪਹਿਰਾਵੇ ਤੇ ਵੱਖ-ਵੱਖ ਰਚਨਾਤਮਕ ਗਤੀਵਿਧੀਆਂ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ। ਸਕੂਲ ਦੇ ਐੱਮ ਡੀ ਪ੍ਰੋਫੈਸਰ ਐੱਮ ਐੱਲ ਅਰੋੜਾ, ਡਾਇਰੈਕਟਰ ਡਾਕਟਰ ਨੰਦਿਤਾ ਗਰੋਵਰ, ਪ੍ਰਿੰਸੀਪਲ ਮੈਡਮ ਕੰਚਨ, ਹੈੱਡਮਿਸਟਰੈਸ ਮੈਡਮ ਸੋਨੀਆ ਧਵਨ, ਮੈਡਮ ਰਚਨਾ ਜਿੰਦਲ ਨੇ ਵਿਦਿਆਰਥੀਆਂ ਨੂੰ ਜਨਮ ਅਸ਼ਟਮੀ ਦੀਆਂ ਸ਼ੁੱਭ-ਕਾਮਨਾਵਾਂ ਦਿੱਤੀਆਂ। ਪ੍ਰੋਗਰਾਮ ਦੀ ਸਮਾਪਤੀ ਭਗਵਾਨ ਕ੍ਰਿਸ਼ਨ ਦੀ ਆਰਤੀ ਤੇ ਪ੍ਰਸ਼ਾਦ ਵੰਡ ਨਾਲ ਹੋਈ।

# ਬਾਬਾ ਜੀਵਨ ਸਿੰਘ ਦਾ ਜਨਮ ਦਿਹਾੜਾ ਸ਼ਰਧਾਪੂਰਵਕ ਮਨਾਇਆ



**ਧੂਰੀ** (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)-ਕ੍ਰਾਂਤੀਕਾਰੀ ਲੋਕ ਚੇਤਨਾ ਮੰਚ ਵੱਲੋਂ ਸ਼੍ਰੋਮਣੀ ਜਰਨੈਲ, ਅਮਰ ਸ਼ਹੀਦ ਬਾਬਾ ਜੀਵਨ ਸਿੰਘ (ਭਾਈ ਜੈਤਾ) ਜੀ ਦਾ ਜਨਮ ਦਿਹਾੜਾ ਅਥਾਹ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ।ਸੰਬੋਧਨ ਕਰਦਿਆਂ ਕ੍ਰਾਂਤੀਕਾਰੀ ਲੋਕ ਚੇਤਨਾ ਮੰਚ ਦੇ ਪ੍ਰਧਾਨ ਤੇ ਹਲਕਾ ਮਹਿਲ ਕਲਾਂ ਤੋਂ ਭਾਜਪਾ ਆਗੂ ਵਿੱਕੀ ਪਰੋਚਾ ਨੇ ਕਿਹਾ ਕਿ ਬਾਬਾ ਜੀਵਨ ਸਿੰਘ ਜੀ ਸਿੱਖੀ, ਸਿਦਕ ਤੇ ਕੁਰਬਾਨੀ ਦੀ ਅਦੁੱਤੀ ਮਿਸਾਲ ਸਨ।ਸੰਨ 1675 ਵਿੱਚ ਜਦੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੇ ਦਿੱਲੀ ਦੇ ਚਾਂਦਨੀ ਚੌਕ ਵਿਖੇ ਧਰਮ ਦੀ ਰੱਖਿਆ ਲਈ ਸ਼ਹਾਦਤ ਦਿੱਤੀ, ਤਾਂ ਭਾਈ ਜੈਤਾ ਜੀ ਨੇ ਅਤਿਅੰਤ ਬਹਾਦਰੀ ਦਾ ਪ੍ਰਗਟਾਵਾ ਕਰਦਿਆਂ ਆਪਣੀ ਜਾਨ ਦੀ ਪਰਵਾਹ ਕੀਤੇ ਬਿਨਾਂ, ਗੁਰੂ ਸਾਹਿਬ ਦਾ ਪਾਵਨ ਸੀਸ ਲੈ ਕੇ ਬਿਖੜੇ ਜੰਗਲੀ ਰਾਹਾਂ ਤੋਂ ਹੁੰਦੇ ਹੋਏ ਸ੍ਰੀ ਅਨੰਦਪੁਰ ਸਾਹਿਬ ਪੁੱਜੇ।ਇਸ ਮਹਾਨ ਸੇਵਾ ਤੋਂ ਪ੍ਰਸੰਨ ਹੋ ਕੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਉਨ੍ਹਾਂ ਨੂੰ 'ਰੰਘਰੇਟੇ ਗੁਰੂ ਕੇ ਬੇਟੇ' ਦਾ ਵਰਦਾਨੀ ਖਿਤਾਬ ਦਿੱਤਾ।ਇਸ ਮੌਕੇ ਲੋਕਹਿੱਤ ਦਰਸ਼ਨ ਸਿੰਘ, ਅਜੇ ਪਰੋਚਾ (ਐੱਮ.ਸੀ.), ਗੁਰਵਿੰਦਰ ਸਿੰਘ, ਹਿਮਾਂਸ਼ੂ, ਮਨਜਿੰਦਰ ਸਿੰਘ, ਲਵਪ੍ਰੀਤ ਸਿੰਘ ਤੇ ਹੋਰ ਮੰਚ ਦੇ ਮੈਂਬਰ ਹਾਜ਼ਰ ਸਨ।

# ਨੇਤਰਦਾਨ ਤੋਂ ਵੱਡਾ ਕੋਈ ਦਾਨ ਨਹੀਂ : ਡਾ. ਮਹੀਪ ਕੌਰ

## ਭੱਟੀਵਾਲ ਕਲਾਂ ਵਿਖੇ ਅੱਖਾਂ ਦੇ ਜਾਂਚ ਕੈਂਪ 'ਚ 150 ਮਰੀਜ਼ਾਂ ਦੀ ਜਾਂਚ



**ਭਵਾਨੀਗੜ੍ਹ** (ਰਾਜ ਖੁਰਮੀ)-ਜ਼ਿਲ੍ਹਾ ਬਲਾਈਂਡਨੈੱਸ ਕੰਟਰੋਲ ਸੁਸਾਇਟੀ ਤੇ ਸਿਵਲ ਸਰਜਨ ਸੰਗਰੂਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਬਲਾਕ ਭਵਾਨੀਗੜ੍ਹ ਦੇ ਪੇਂਡੂ ਖੇਤਰਾਂ ਵਿੱਚ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਲਈ ਅੱਖਾਂ ਦੀ ਜਾਂਚ ਸਬੰਧੀ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ।ਇਸੇ ਲੜੀ ਤਹਿਤ ਪਿੰਡ ਭੱਟੀਵਾਲ ਕਲਾਂ ਵਿਖੇ ਅੱਖਾਂ ਦਾ ਜਾਂਚ ਕੈਂਪ ਲਗਾਇਆ ਗਿਆ, ਜਿਸ ਵਿੱਚ ਕਰੀਬ 150 ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ, ਜਦਕਿ 100 ਤੋਂ ਵੱਧ ਲੋੜਵੰਦ ਮਰੀਜ਼ਾਂ ਨੂੰ ਐਨਕਾਂ ਮੁਹੱਈਆ ਕਰਵਾਈਆਂ ਗਈਆਂ।ਕੈਂਪ ਦੌਰਾਨ ਸਿਹਤ ਵਿਭਾਗ ਦੀ ਟੀਮ ਵੱਲੋਂ ਲੋਕਾਂ ਨੂੰ ਅੱਖਾਂ ਦੀ ਨਿਯਮਤ ਜਾਂਚ ਤੇ ਸਾਂਭ-ਸੰਭਾਲ ਪ੍ਰਤੀ ਜਾਗਰੂਕ ਕੀਤਾ ਗਿਆ।ਇਸ ਦੇ ਨਾਲ ਹੀ ਲੋਕਾਂ ਨੂੰ ਮਰਨ ਉਪਰੰਤ ਨੇਤਰਦਾਨ ਕਰਨ ਲਈ ਵੀ ਪ੍ਰੇਰਿਤ ਕੀਤਾ ਗਿਆ ਤੇ ਨੇਤਰਦਾਨ ਲਈ ਸਹਿਮਤੀ ਦੇਣ ਵਾਲੇ ਵਿਅਕਤੀਆਂ ਦੇ ਫਾਰਮ ਭਰੇ ਗਏ।ਇਸ ਮੌਕੇ ਬਲਾਕ ਭਵਾਨੀਗੜ੍ਹ ਦੇ ਅਪਥਾਲਮਿਕ ਅਫ਼ਸਰ ਗੁਲਵੀਰ ਸਿੰਘ ਨੇ ਕਿਹਾ ਕਿ ਅੱਖਾਂ ਦੀ ਸਾਂਭ-ਸੰਭਾਲ ਦੇ ਨਾਲ-ਨਾਲ ਸਮੇਂ ਸਿਰ ਇਨ੍ਹਾਂ ਦੀ ਜਾਂਚ ਕਰਵਾਉਣੀ ਬੇਹੱਦ ਜ਼ਰੂਰੀ ਹੈ।ਸੀਨੀਅਰ ਮੈਡੀਕਲ ਅਫ਼ਸਰ ਡਾ. ਮਹੀਪ ਕੌਰ ਨੇ ਕਿਹਾ ਕਿ ਨੇਤਰਦਾਨ ਤੋਂ ਵੱਡਾ ਕੋਈ ਦਾਨ ਨਹੀਂ ਹੈ।ਉਨ੍ਹਾਂ ਦੱਸਿਆ ਕਿ ਮਰਨ ਉਪਰੰਤ ਅੱਖਾਂ ਦਾਨ ਕਰਨ ਸਬੰਧੀ ਲੋਕਾਂ ਨੂੰ ਜਾਗਰੂਕ ਕਰਨ ਲਈ 26 ਅਗਸਤ ਤੋਂ 8 ਸਤੰਬਰ ਤੱਕ ਨੇਤਰਦਾਨ ਪੰਦਰਵਾੜਾ ਮਨਾਇਆ ਜਾ ਰਿਹਾ ਹੈ।ਉਨ੍ਹਾਂ ਲੋਕਾਂ ਨੂੰ ਇਸ ਨੇਕ ਕਾਰਜ ਲਈ ਅੱਗੇ ਆਉਣ ਦੀ ਅਪੀਲ ਕਰਦਿਆਂ ਕਿਹਾ ਕਿ ਨੇਤਰਦਾਨ ਰਾਹੀਂ ਕਿਸੇ ਨੇਤਰਹੀਣ ਵਿਅਕਤੀ ਦੀ ਜ਼ਿੰਦਗੀ ਵਿੱਚ ਮੁੜ ਰੌਸ਼ਨੀ ਤੇ ਖੁਸ਼ੀਆਂ ਲਿਆਂਦੀਆਂ ਜਾ ਸਕਦੀਆਂ ਹਨ, ਜਿਸ ਨਾਲ ਉਹ ਆਮ ਲੋਕਾਂ ਵਾਂਗ ਆਪਣੀ ਜ਼ਿੰਦਗੀ ਬਤੀਤ ਕਰ ਸਕਦਾ ਹੈ।

# ਅਮਰੀਕਾ ਭੇਜਣ ਦੇ ਨਾਂਅ 'ਤੇ ਪੌਣੇ 6 ਲੱਖ ਦੀ ਧੋਖਾਧੜੀ ਦਾ ਦੋਸ਼, ਦੋ ਨਾਮਜ਼ਦ


**ਰਾਏਕੋਟ** (ਸੰਤੋਖ ਗਿੱਲ)-ਪੁਲਸ ਜ਼ਿਲ੍ਹਾ ਲੁਧਿਆਣਾ (ਦਿਹਾਤੀ) ਅਧੀਨ ਥਾਣਾ ਸੁਧਾਰ ਦੀ ਪੁਲਸ ਨੇ ਅਮਰੀਕਾ ਭੇਜਣ ਦੇ ਨਾਂਅ 'ਤੇ ਕਰੀਬ ਪੌਣੇ 6 ਲੱਖ ਰੁਪਏ ਦੀ ਧੋਖਾਧੜੀ ਕਰਨ ਦੇ ਦੋਸ਼ ਹੇਠ ਦੋ ਵਿਅਕਤੀਆਂ ਖ਼ਿਲਾਫ਼ ਕੇਸ ਦਰਜ ਕੀਤਾ ਗਿਆ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਬਲਵਿੰਦਰ ਸਿੰਘ ਪੁੱਤਰ ਰਾਮ ਕ੍ਰਿਸ਼ਨ ਵਾਸੀ ਅਕਾਲਗੜ੍ਹ ਵੱਲੋਂ ਦਿੱਤੀ ਦਰਖ਼ਾਸਤ ਦੀ ਪੜਤਾਲ ਉਪਰੰਤ ਜ਼ਿਲ੍ਹਾ ਪੁਲਸ ਮੁਖੀ ਡਾਕਟਰ ਅੰਕੁਰ ਗੁਪਤਾ ਦੇ ਆਦੇਸ਼ ਅਨੁਸਾਰ ਕਾਰਵਾਈ ਕੀਤੀ ਗਈ ਹੈ।ਸ਼ਿਕਾਇਤਕਰਤਾ ਨੇ ਦੋਸ਼ ਲਗਾਇਆ ਸੀ ਕਿ ਹਰਿੰਦਰ ਸਿੰਘ ਸੋਹਣਾ ਪੁੱਤਰ ਅਮਰੀਕ ਸਿੰਘ ਵਾਸੀ ਪਿੰਡ ਗਿੱਦੜ ਜ਼ਿਲ੍ਹਾ ਹੁਸ਼ਿਆਰਪੁਰ ਅਤੇ ਉਸ ਨਾਲ ਸਬੰਧਤ ਇੱਕ ਟਰੈਵਲ ਫ਼ਰਮ ਖ਼ਿਲਾਫ਼ ਦੋਸ਼ ਲਗਾਏ ਗਏ ਸਨ।ਮੁੱਢਲੀ ਜਾਂਚ ਵਿੱਚ ਦੋਸ਼ਾਂ ਦੀ ਪੁਸ਼ਟੀ ਬਾਅਦ ਥਾਣਾ ਸੁਧਾਰ ਪੁਲਸ ਬੀ.ਐੱਨ.ਐੱਸ. ਦੀ ਧਾਰਾ 318(4) ਤੇ 316(2) ਤਹਿਤ ਮਾਮਲਾ ਦਰਜ ਕੀਤਾ ਗਿਆ ਹੈ।ਥਾਣਾ ਮੁਖੀ ਕੁਲਵਿੰਦਰ ਸਿੰਘ ਅਨੁਸਾਰ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਲਈ ਕਾਨੂੰਨੀ ਕਾਰਵਾਈ ਜਾਰੀ ਹੈ।ਸ਼ਿਕਾਇਤਕਰਤਾ ਅਨੁਸਾਰ ਮੁਲਜ਼ਮਾਂ ਨੇ ਉਸ ਦੇ ਪੁੱਤਰ ਸਤਨਾਮ ਸਿੰਘ ਨੂੰ ਅਮਰੀਕਾ ਭੇਜਣ ਲਈ ਉਸ ਪਾਸੋਂ 5,76,750 ਰੁਪਏ ਹਾਸਲ ਕੀਤੇ।ਰਕਮ ਲੈਣ ਦੇ ਬਾਵਜੂਦ ਨਾ ਤਾਂ ਉਸ ਦੇ ਪੁੱਤਰ ਦੀ ਅਮਰੀਕਾ ਵਿੱਚ ਵੀਜ਼ਾ ਸਬੰਧੀ ਫਾਈਲ ਲਗਾਈ ਗਈ ਅਤੇ ਨਾ ਹੀ ਪੈਸੇ ਵਾਪਸ ਕੀਤੇ ਗਏ।ਇਸ ਤੋਂ ਬਾਅਦ ਸ਼ਿਕਾਇਤਕਰਤਾ ਵੱਲੋਂ ਪੁਲਸ ਨੂੰ ਦਰਖ਼ਾਸਤ ਦਿੱਤੀ ਗਈ, ਜਿਸ ਦੀ ਮੁਢਲੀ ਜਾਂਚ ਬਾਅਦ ਕੇਸ ਦਰਜ ਕੀਤਾ ਗਿਆ ਹੈ।

# ਸਪਰਿੰਗ ਕਾਨਵੈਂਟ ਸਕੂਲ 'ਚ ਜਨਮ ਅਸ਼ਟਮੀ ਮਨਾਈ



**ਬਾਘਾ ਪੁਰਾਣਾ** (ਮਨੀ ਸਿੰਗਲਾ)-ਸਪਰਿੰਗ ਫੀਲਡ ਕਾਨਵੈਂਟ ਸਕੂਲ ਬਾਘਾ ਪੁਰਾਣਾ ਵਿਖੇ ਜਨਮ ਅਸ਼ਟਮੀ ਦਾ ਤਿਉਹਾਰ ਅਧਿਆਪਕਾਂ ਤੇ ਬੱਚਿਆਂ ਨੇ ਬਹੁਤ ਉਤਸ਼ਾਹ ਨਾਲ ਮਨਾਇਆ।ਬੱਚਿਆਂ ਨੇ ਸਟੇਜ ਉੱਪਰ ਸ਼ਬਦ ਗਾਇਨ ਕੀਤਾ ਅਤੇ ਸ੍ਰੀ ਕ੍ਰਿਸ਼ਨ ਤੇ ਰਾਧਾ ਜੀ ਦੇ ਪਹਿਰਾਵੇ ਪਾ ਕੇ ਗੀਤ-ਸੰਗੀਤ ਦਾ ਪ੍ਰੋਗਰਾਮ ਪੇਸ਼ ਕੀਤਾ।ਇਸ ਮੌਕੇ ਬਹੁਤ ਸੁੰਦਰ ਝਾਕੀਆਂ ਸਟੇਜ 'ਤੇ ਸਜਾਈਆਂ ਗਈਆਂ।ਇਸ ਮੌਕੇ ਸਕੂਲ ਦੇ ਚੇਅਰਮੈਨ ਸ. ਨਰ ਸਿੰਘ ਬਰਾੜ ਨੇ ਇਸ ਪਵਿੱਤਰ ਜਨਮ ਅਸ਼ਟਮੀ ਦੀ ਸਭ ਨੂੰ ਵਧਾਈ ਦਿੱਤੀ ਤੇ ਦੱਸਿਆ ਕਿ ਇਹ ਤਿਉਹਾਰ ਭਾਰਤ ਤੇ ਵਿਦੇਸ਼ਾਂ ਵਿੱਚ ਵੀ ਬੜੀ ਸ਼ਰਧਾ ਨਾਲ ਮਨਾਇਆ ਜਾਂਦਾ ਹੈ। ਇਸ ਦਿਨ ਮਥੁਰਾ ਤੇ ਵ੍ਰਿੰਦਾਵਨ ਵਿੱਚ ਬਹੁਤ ਹੀ ਸਜਾਵਟ ਕੀਤੀ ਜਾਂਦੀ ਹੈ।ਸਭ ਧਰਮਾਂ ਦੇ ਲੋਕ ਰਲ-ਮਿਲ ਕੇ ਇਸ ਪਵਿੱਤਰ ਤਿਉਹਾਰ ਨੂੰ ਹਰ ਸਾਲ ਆਪਸੀ ਪਿਆਰ ਨਾਲ ਮਨਾਉਂਦੇ ਹਨ।ਪ੍ਰਿੰਸੀਪਲ ਬਾਇਜੂ ਵਿਜੇ ਤੇ ਕੋਆਰਡੀਨੇਟਰ ਮੈਡਮ ਅਨੂਪ ਸ਼ਰਮਾ ਨੇ ਵੀ ਸਾਰੇ ਬੱਚਿਆਂ ਤੇ ਅਧਿਆਪਕਾਂ ਨੂੰ ਇਸ ਤਿਉਹਾਰ ਦੀ ਵਧਾਈ ਦਿੱਤੀ।

# ਗੋਇਲ ਨੇ 3 ਪਿੰਡਾਂ 'ਚ ਰੱਖੇ ਪੁਲਾਂ ਦੇ ਨੀਂਹ ਪੱਥਰ



**ਲਹਿਰਾਗਾਗਾ** (ਪਵਨ ਕੁਮਾਰ)-ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਪਿੰਡਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਤੇ ਲੋਕਾਂ ਨੂੰ ਬਿਹਤਰ ਸਹੂਲਤਾਂ ਪ੍ਰਦਾਨ ਕਰਨ ਨੂੰ ਵਿਸ਼ੇਸ਼ ਤਰਜੀਹ ਦਿੱਤੀ ਜਾ ਰਹੀ ਹੈ। ਇਸੇ ਲੜੀ ਤਹਿਤ ਜਲ ਸਰੋਤ ਵਿਭਾਗ ਦੇ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਵੱਲੋਂ ਲਹਿਰਾਗਾਗਾ ਸਬ-ਡਵੀਜ਼ਨ ਦੇ ਵੱਖ-ਵੱਖ ਪਿੰਡਾਂ ਵਿੱਚ ਕਰੀਬ 2 ਕਰੋੜ 55 ਲੱਖ 86 ਹਜ਼ਾਰ ਰੁਪਏ ਦੀ ਲਾਗਤ ਨਾਲ ਡਰੇਨਾਂ ਉੱਤੇ ਉਸਾਰੇ ਜਾਣ ਵਾਲੇ ਤਿੰਨ ਪੁਲਾਂ ਦੇ ਨੀਂਹ ਪੱਥਰ ਰੱਖੇ ਗਏ।ਇਨ੍ਹਾਂ ਪੁਲਾਂ ਦੇ ਨਿਰਮਾਣ ਨਾਲ ਸਬੰਧਤ ਪਿੰਡਾਂ ਤੇ ਆਸ-ਪਾਸ ਦੇ ਇਲਾਕਿਆਂ ਦੇ ਲੋਕਾਂ ਨੂੰ ਆਵਾਜਾਈ ਦੀ ਬਿਹਤਰ ਸਹੂਲਤ ਮਿਲੇਗੀ ਤੇ ਰੋਜ਼ਾਨਾ ਆਉਣ-ਜਾਣ ਦੌਰਾਨ ਦਰਪੇਸ਼ ਮੁਸ਼ਕਲਾਂ ਤੋਂ ਰਾਹਤ ਮਿਲੇਗੀ।ਇਨ੍ਹਾਂ ਵਿਕਾਸ ਕਾਰਜਾਂ ਵਿੱਚ ਪਿੰਡ ਬਖੋਰਾ ਕਲਾਂ ਵਿਖੇ ਲਹਿਰਾ ਮੇਨ ਡਰੇਨ ਦੇ ਆਰ.ਡੀ. 28100 'ਤੇ ਪੁਲ ਦਾ ਨਿਰਮਾਣ ਕਰੀਬ 93 ਲੱਖ 39 ਹਜ਼ਾਰ ਰੁਪਏ ਦੀ ਲਾਗਤ ਨਾਲ ਕੀਤਾ ਜਾਵੇਗਾ। ਰਾਮਗੜ੍ਹ ਸੰਧਵਾਂ ਵਿਖੇ ਐੱਲ-5 ਡਰੇਨ ਦੇ ਆਰ.ਡੀ.7900 'ਤੇ ਪੁਲ ਦੇ ਨਿਰਮਾਣ ਲਈ ਕਰੀਬ 66 ਲੱਖ 13 ਹਜ਼ਾਰ ਰੁਪਏ ਖਰਚ ਕੀਤੇ ਜਾਣਗੇ। ਇਸ ਤੋਂ ਇਲਾਵਾ ਪਿੰਡ ਕੋਟੜਾ ਲਹਿਲ ਵਿਖੇ ਲਹਿਰਾ ਲਿੰਕ ਡਰੇਨ ਦੇ ਆਰ.ਡੀ.17600 'ਤੇ ਪੁਲ ਦਾ ਨਿਰਮਾਣ ਕਰੀਬ 96 ਲੱਖ 34 ਹਜ਼ਾਰ ਰੁਪਏ ਦੀ ਲਾਗਤ ਨਾਲ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਇਨ੍ਹਾਂ ਪੁਲਾਂ ਦੇ ਨਿਰਮਾਣ ਨਾਲ ਕਿਸਾਨਾਂ ਸਮੇਤ ਆਮ ਲੋਕਾਂ ਨੂੰ ਆਪਣੇ ਰੋਜ਼ਾਨਾ ਕੰਮਕਾਜ ਤੇ ਖੇਤੀਬਾੜੀ ਨਾਲ ਸਬੰਧਤ ਗਤੀਵਿਧੀਆਂ ਲਈ ਆਉਣ-ਜਾਣ ਵਿੱਚ ਵੀ ਸਹੂਲਤ ਮਿਲੇਗੀ।ਕੈਬਨਿਟ ਮੰਤਰੀ ਨੇ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਾਰੇ ਵਿਕਾਸ ਕਾਰਜ ਮਿਆਰੀ ਨਿਰਮਾਣ ਸਮੱਗਰੀ ਦੀ ਵਰਤੋਂ ਕਰਦਿਆਂ ਨਿਰਧਾਰਤ ਸਮੇਂ ਅੰਦਰ ਮੁਕੰਮਲ ਕੀਤੇ ਜਾਣ, ਤਾਂ ਜੋ ਲੋਕਾਂ ਨੂੰ ਇਨ੍ਹਾਂ ਦਾ ਲਾਭ ਜਲਦ ਤੋਂ ਜਲਦ ਮਿਲ ਸਕੇ।ਉਨ੍ਹਾਂ ਕਿਹਾ ਕਿ ਇਨ੍ਹਾਂ ਤਿੰਨ ਪੁਲਾਂ ਦੀ ਉਸਾਰੀ ਨਾਲ ਬਖੋਰਾ ਕਲਾਂ, ਰਾਮਗੜ੍ਹ ਸੰਧਵਾਂ, ਕੋਟੜਾ ਲਹਿਲ ਤੇ ਆਸ-ਪਾਸ ਦੇ ਪਿੰਡਾਂ ਦੇ ਲੋਕਾਂ ਨੂੰ ਸਿੱਧਾ ਲਾਭ ਮਿਲੇਗਾ ਅਤੇ ਇਲਾਕੇ ਦੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤੀ ਮਿਲੇਗੀ।

# ਰਣਬੀਰ ਸਿੰਘ 44 ਸਾਲ ਬੇਦਾਗ ਸੇਵਾ ਉਪਰੰਤ ਹੋਏ ਸੇਵਾਮੁਕਤ



**ਮਾਨਸਾ** (ਆਤਮਾ ਸਿੰਘ ਪਮਾਰ)-ਟੈਕਨੀਕਲ ਐਂਡ ਮਕੈਨੀਕਲ ਇੰਪਲਾਈਜ਼ ਯੂਨੀਅਨ ਬ੍ਰਾਂਚ ਮਾਨਸਾ ਦੇ ਜੁਝਾਰੂ ਸਾਥੀ ਬੇਲਦਾਰ ਰਣਬੀਰ ਸਿੰਘ ਵਿਭਾਗ, ਜਲ ਸਪਲਾਈ ਐਂਡ ਸੈਨੀਟੇਸ਼ਨ ਤੋਂ ਆਪਣੀ 44 ਸਾਲ ਦੀ ਬੇਦਾਗ ਸੇਵਾ ਕਰਨ ਉਪਰੰਤ ਪਿੰਡ ਖਾਰਾ (ਮਾਨਸਾ) ਵਿਖੇ ਨਗਰ ਪੰਚਾਇਤ ਤੇ ਨਗਰ ਨਿਵਾਸੀਆਂ ਨਾਲ ਆਪਣਾ ਚੰਗਾ ਅਸਰ ਰਸੂਖ ਰਖਦਿਆਂ 31 ਅਗਸਤ ਨੂੰ ਸੇਵਾ ਮੁਕਤ ਹੋ ਗਏ ਹਨ।ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਪ੍ਰੈੱਸ ਸਕੱਤਰ ਬਾਬੂ ਸਿੰਘ ਫਤਿਹਪੁਰ ਨੇ ਦੱਸਿਆ ਕਿ ਸਾਥੀ ਨੂੰ ਜਥੇਬੰਦੀ ਪ੍ਰਤੀ ਦਿਖਾਈ ਇਮਾਨਦਾਰੀ ਤੇ ਵਫ਼ਾਦਾਰੀ ਲਈ ਜਥੇਬੰਦਕ ਸਨਮਾਨ ਤੇ ਨਗਰ ਖਾਰਾ ਨਗਰ ਪੰਚਾਇਤ ਵੱਲੋਂ ਉਨ੍ਹਾਂ ਨੂੰ ਨਿਰਵਿਘਨ ਪਾਣੀ ਸਪਲਾਈ ਲਈ ਆਪਣੀ ਡਿਊਟੀ ਵਫ਼ਾਦਾਰੀ ਤੇ ਤਨਦੇਹੀ ਨਾਲ ਨਿਭਾਉਣ ਲਈ ਉਨ੍ਹਾਂ ਦੇ ਮਾਣ ਸਨਮਾਨ 'ਚ ਜਲ ਘਰ ਖਾਰਾ ਵਿਖੇ ਨਿੱਘੀ ਵਿਦਾਇਗੀ ਦਿੱਤੀ। ਇਸ ਮੌਕੇ ਸੂਬਾਈ ਆਗੂ ਜਗਦੇਵ ਸਿੰਘ ਘੁਰਕਣੀ, ਬਿੱਕਰ ਸਿੰਘ ਮਾਖਾ, ਫ਼ੀਲਡ ਐਂਡ ਵਰਕਸ਼ਾਪ (ਵਿਗਿਆਨਕ) ਸੂਬਾਈ ਆਗੂ ਬੋਘਾ ਸਿੰਘ ਬੁਢਲਾਡਾ, ਸਵਰਨ ਸਿੰਘ ਕੁਲਾਣਾ, ਸਰਪੰਚ ਪਿੰਡ ਖਾਰਾ ਗੁਰਦੀਪ ਸਿੰਘ ਸਿਮਰੀ, ਸਾਬਕਾ ਸਰਪੰਚ ਜਥੇਦਾਰ ਕੌਰ ਸਿੰਘ, ਸੁਖਦਰਸ਼ਨ ਸਿੰਘ, ਗੁਰਦੀਪ ਸਿੰਘ ਤੇ ਸਮੂਹ ਗ੍ਰਾਮ ਪੰਚਾਇਤ ਮੌਜੂਦਾ ਤੇ ਸਾਬਕਾ ਮੈਂਬਰ, ਕਿਸਾਨ ਆਗੂ ਦੀਦਾਰ ਸਿੰਘ, ਅਧਿਆਪਕ ਆਗੂ ਬਲਵਿੰਦਰ ਸਿੰਘ, ਸ਼੍ਰੋਮਣੀ ਅਕਾਲੀ ਦਲ ਐੱਸ ਸੀ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਸਵਰਨਜੀਤ ਹੀਰੇਵਾਲਾ ਤੋਂ ਇਲਾਵਾ ਐੱਸ ਡੀ ਓ ਬਿਕਰਮਜੀਤ ਸਿੰਘ, ਜੇ ਈ ਸਬ ਡਵੀਜ਼ਨ, ਸਟਾਫ਼, ਮੁਲਾਜ਼ਮ ਆਗੂ ਹਿੰਮਤ ਸਿੰਘ ਦੂਲੋਵਾਲ, ਸੀਤਲ ਸਿੰਘ ਉੱਡਤ, ਜਥੇਦਾਰ ਗੁਰਜੰਟ ਸਿੰਘ ਕੋਰਵਾਲਾ ਆਦਿ ਹਾਜ਼ਰ ਸਨ।

# ਹੈਰੀਟੇਜ ਪਬਲਿਕ ਸਕੂਲ 'ਚ ਮਨਾਈ ਜਨਮ ਅਸ਼ਟਮੀ




**ਭਵਾਨੀਗੜ੍ਹ** (ਰਾਜ ਖੁਰਮੀ)-ਭਗਵਾਨ ਵਿਸ਼ਨੂੰ ਦੇ ਅਵਤਾਰ ਸ੍ਰੀ ਕ੍ਰਿਸ਼ਨ ਦੇ ਜਨਮ ਦਿਹਾੜੇ ਨੂੰ ਸਮਰਪਤ ਪਵਿੱਤਰ ਤਿਉਹਾਰ ਜਨਮ ਅਸ਼ਟਮੀ ਸਥਾਨਕ ਹੈਰੀਟੇਜ ਪਬਲਿਕ ਸਕੂਲ ਵਿਖੇ ਪ੍ਰਿੰਸੀਪਲ ਡਾ. ਗੁਰਪ੍ਰੀਤ ਕੌਰ ਦੀ ਅਗਵਾਈ ਹੇਠ ਸ਼ਰਧਾ ਤੇ ਉਤਸ਼ਾਹ ਨਾਲ ਮਨਾਈ ਗਈ।ਇਸ ਮੌਕੇ ਬੱਚਿਆਂ ਵੱਲੋਂ ਰਾਧਾ-ਕ੍ਰਿਸ਼ਨ ਦੀਆਂ ਸੁੰਦਰ ਪੁਸ਼ਾਕਾਂ ਵਿੱਚ ਕੀਤੀ ਪੇਸ਼ਕਾਰੀ ਨੇ ਹਾਜ਼ਰ ਸਟਾਫ਼ ਤੇ ਵਿਦਿਆਰਥੀਆਂ ਦਾ ਮਨ ਮੋਹ ਲਿਆ।ਇਸ ਮੌਕੇ ਨੰਨ੍ਹੇ ਬੱਚਿਆਂ ਵੱਲੋਂ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ।ਵਿਦਿਆਰਥੀਆਂ ਵੱਲੋਂ ਮਟਕੀ ਤੋੜਨ ਦੀ ਰਸਮ ਵੀ ਅਦਾ ਕੀਤੀ ਗਈ।ਇਸ ਮੌਕੇ ਸਕੂਲ ਪ੍ਰਬੰਧਕ ਸ੍ਰੀ ਅਨਿਲ ਮਿੱਤਲ, ਸ੍ਰੀਮਤੀ ਆਸ਼ਿਮਾ ਮਿੱਤਲ ਤੇ ਪ੍ਰਿੰਸੀਪਲ ਡਾ. ਗੁਰਪ੍ਰੀਤ ਕੌਰ ਨੇ ਸਮੂਹ ਵਿਦਿਆਰਥੀਆਂ ਤੇ ਸਟਾਫ਼ ਨੂੰ ਜਨਮ ਅਸ਼ਟਮੀ ਦੀ ਵਧਾਈ ਦਿੱਤੀ।ਉਨ੍ਹਾਂ ਬੱਚਿਆਂ ਨੂੰ ਭਗਵਾਨ ਸ੍ਰੀ ਕ੍ਰਿਸ਼ਨ ਦੇ ਜੀਵਨ ਫਲਸਫੇ, ਉਨ੍ਹਾਂ ਦੀਆਂ ਸਿੱਖਿਆਵਾਂ ਤੇ ਸੱਚਾਈ, ਧਰਮ ਤੇ ਨੇਕੀ ਦੇ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕੀਤਾ।ਸਮਾਗਮ ਦੇ ਅੰਤ ਵਿੱਚ ਸਕੂਲ ਪ੍ਰਬੰਧਕਾਂ ਵੱਲੋਂ ਬੱਚਿਆਂ ਦੀਆਂ ਪੇਸ਼ਕਾਰੀਆਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਦਾ ਹੌਸਲਾ ਵਧਾਇਆ ਗਿਆ।

# ਇਨਵਾਇਰਨਮੈਂਟ ਪਾਰਕ ਦੀ ਬਦਲੀ ਨੁਹਾਰ ਦੀ ਸ਼ਲਾਘਾ

## ਨਗਰ ਕੌਂਸਲ ਦੀ ਟੀਮ ਨੇ ਲਗਾਏ ਪੌਦੇ, ਮੰਗਾਂ ਪੂਰੀਆਂ ਕਰਨ ਦਾ ਦਿੱਤਾ ਭਰੋਸਾ




**ਸਮਾਣਾ** (ਗੁਰਪਿਆਰ ਸਿੰਘ ਬੱਲ)-ਸ਼ਹੀਦ ਫਲਾਈਟ ਲੈਫ਼ਟੀਨੈਂਟ ਮੋਹਿਤ ਗਰਗ ਇਨਵਾਇਰਮੈਂਟ ਪਾਰਕ ਸਮਾਣਾ ਵਿਖੇ ਨਗਰ ਕੌਂਸਲ ਸਮਾਣਾ ਦੇ ਪ੍ਰਧਾਨ ਸ੍ਰੀ ਕਪੂਰ ਚੰਦ ਬਾਂਸਲ ਦੇ ਸਪੁੱਤਰ ਹੁਸਨਦੀਪ ਬਾਂਸਲ (ਡਿੰਪੀ ਬਾਂਸਲ), ਕੌਂਸਲਰ ਮਨਜਿੰਦਰ ਸਿੰਘ ਰਾਣਾ ਸੇਖੋਂ ਤੇ ਕੌਂਸਲਰ ਵੱਗਾ ਵਰਮਾ ਵਿਸ਼ੇਸ਼ ਤੌਰ 'ਤੇ ਪਹੁੰਚੇ।ਇਸ ਮੌਕੇ ਉਨ੍ਹਾਂ ਪਾਰਕ ਵਿੱਚ ਸੈਰ ਕੀਤੀ ਤੇ ਆਪਣੇ ਹੱਥੀਂ ਪੌਦੇ ਲਗਾ ਕੇ ਵਾਤਾਵਰਨ ਦੀ ਸੰਭਾਲ ਦਾ ਸੁਨੇਹਾ ਦਿੱਤਾ।ਇਸ ਦੌਰਾਨ ਉਨ੍ਹਾਂ ਨੇ ਇਨਵਾਇਰਮੈਂਟ ਪਾਰਕ ਦੀ ਬਦਲੀ ਹੋਈ ਨੁਹਾਰ ਦਾ ਜਾਇਜ਼ਾ ਲੈਂਦਿਆਂ ਪਾਰਕ ਦੀ ਸਾਫ਼-ਸਫ਼ਾਈ, ਹਰਿਆਲੀ ਤੇ ਸੁੰਦਰਤਾ ਦੀ ਭਰਪੂਰ ਸ਼ਲਾਘਾ ਕੀਤੀ।ਇਸ ਮੌਕੇ ਪੱਤਰਕਾਰ ਜਵੰਦਾ ਤੇ ਪਾਰਕ ਵਿੱਚ ਰੋਜ਼ਾਨਾ ਸੈਰ ਕਰਨ ਵਾਲੇ ਪਤਵੰਤਿਆਂ ਵੱਲੋਂ ਪਾਰਕ ਨਾਲ ਸਬੰਧਤ ਕੁਝ ਮੰਗਾਂ ਤੇ ਸੁਝਾਅ ਉਨ੍ਹਾਂ ਦੇ ਧਿਆਨ ਵਿੱਚ ਲਿਆਂਦੇ ਗਏ।ਹੁਸਨਦੀਪ ਬਾਂਸਲ (ਡਿੰਪੀ ਬਾਂਸਲ) ਤੇ ਕੌਂਸਲਰਾਂ ਵੱਲੋਂ ਭਰੋਸਾ ਦਿਵਾਇਆ ਗਿਆ ਕਿ ਸਾਬਕਾ ਮੰਤਰੀ ਸ੍ਰ. ਸੁਰਜੀਤ ਸਿੰਘ ਰੱਖੜਾ ਤੇ ਨਗਰ ਕੌਂਸਲ ਪ੍ਰਧਾਨ ਸ੍ਰੀ ਕਪੂਰ ਚੰਦ ਬਾਂਸਲ ਦੀ ਅਗਵਾਈ ਹੇਠ ਇਨ੍ਹਾਂ ਮੰਗਾਂ ਨੂੰ ਪੂਰਾ ਕਰਨ ਲਈ ਜਲਦ ਹੀ ਲੋੜੀਂਦੇ ਉਪਰਾਲੇ ਕੀਤੇ ਜਾਣਗੇ।ਇਸ ਮੌਕੇ ਨਰਿੰਦਰ ਗਰਗ, ਪਿੰਕਾ ਸ਼ਰਮਾ, ਮੱਖਣ ਸਿੰਘ ਕਾਕੜਾ, ਬਿੱਟੂ ਚੀਮਾ, ਸੋਨੀ, ਸੰਜੀਵ ਬਾਂਸਲ, ਮਾਸਟਰ ਕਸ਼ਮੀਰ ਧਨੇਠਾ, ਸੁਖਵਿੰਦਰ ਰਾਜਲਾ, ਚਿੰਟੂ, ਸੰਜੇ ਧਨੇਠਾ, ਗਗਨ ਮਿੱਤਲ ਤੇ ਪਾਰਕ ਦੇ ਮਾਲੀ ਲਖਵਿੰਦਰ ਸਿੰਘ ਤੇ ਰਜਿੰਦਰ ਸਿੰਘ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

# ਸਟੀਫ਼ਨ ਸਕੂਲ 'ਚ ਜਨਮ ਅਸ਼ਟਮੀ ਦਾ ਤਿਉਹਾਰ ਮਨਾਇਆ



**ਸੁਨਾਮ** (ਅਸ਼ੋਕ ਬਾਂਸਲ, ਹਾਕਮ ਭੱਟੀ)-ਸਟੀਫ਼ਨ ਇੰਟਰਨੈਸ਼ਨਲ ਸਕੂਲ ਸੰਗਰੂਰ ਵਿਖੇ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਪਵਿੱਤਰ ਤਿਉਹਾਰ ਬੜੀ ਸ਼ਰਧਾ, ਉਤਸ਼ਾਹ ਤੇ ਧੂਮਧਾਮ ਨਾਲ ਮਨਾਇਆ ਗਿਆ।ਇਸ ਮੌਕੇ ਸਕੂਲ ਦਾ ਸਮੁੱਚਾ ਵਾਤਾਵਰਨ ਭਗਤੀ ਤੇ ਆਨੰਦ ਨਾਲ ਭਰਪੂਰ ਹੋ ਗਿਆ।ਸਮਾਗਮ ਦੌਰਾਨ ਵਿਦਿਆਰਥੀਆਂ ਵੱਲੋਂ ਭਗਤੀਮਈ ਗੀਤ, ਸੱਭਿਆਚਾਰਕ ਪੇਸ਼ਕਾਰੀਆਂ ਤੇ ਕ੍ਰਿਸ਼ਨ ਜੀ ਦੇ ਜੀਵਨ ਨਾਲ ਸਬੰਧਤ ਮਨਮੋਹਕ ਝਾਕੀਆਂ ਪੇਸ਼ ਕੀਤੀਆਂ ਗਈਆਂ।ਨੰਨ੍ਹੇ-ਮੁੰਨੇ ਵਿਦਿਆਰਥੀਆਂ ਨੇ ਸ੍ਰੀ ਕ੍ਰਿਸ਼ਨ ਤੇ ਰਾਧਾ ਜੀ ਦਾ ਰੂਪ ਧਾਰ ਕੇ ਸਭ ਦਾ ਮਨ ਮੋਹ ਲਿਆ।ਵਿਦਿਆਰਥੀਆਂ ਨੇ ਆਪਣੀਆਂ ਪੇਸ਼ਕਾਰੀਆਂ ਰਾਹੀਂ ਭਗਵਾਨ ਸ੍ਰੀ ਕ੍ਰਿਸ਼ਨ ਦੇ ਬਾਲ ਰੂਪ, ਉਨ੍ਹਾਂ ਦੀਆਂ ਲੀਲਾਵਾਂ ਤੇ ਉਨ੍ਹਾਂ ਵੱਲੋਂ ਦਿੱਤੀਆਂ ਪ੍ਰੇਮ, ਸੱਚਾਈ, ਧਰਮ, ਦਇਆ ਤੇ ਨੇਕੀ ਦੀਆਂ ਸਿੱਖਿਆਵਾਂ ਨੂੰ ਬੜੇ ਹੀ ਸੁੰਦਰ ਢੰਗ ਨਾਲ ਪੇਸ਼ ਕੀਤਾ। ਸਕੂਲ ਦੇ ਚੇਅਰਮੈਨ ਸ੍ਰੀ ਦੀਪਕ ਗੁਪਤਾ ਤੇ ਡਾਇਰੈਕਟਰ-ਪ੍ਰਿੰਸੀਪਲ ਸ੍ਰੀਮਤੀ ਮੋਨਿਕਾ ਸ਼ਰਮਾ ਨੇ ਸਮੂਹ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਜਨਮ ਅਸ਼ਟਮੀ ਦੀਆਂ ਸ਼ੁੱਭ-ਕਾਮਨਾਵਾਂ ਦਿੱਤੀਆਂ ਅਤੇ ਇਸ ਸੁੰਦਰ ਸਮਾਗਮ ਲਈ ਸਭ ਦੇ ਯਤਨਾਂ ਦੀ ਸ਼ਲਾਘਾ ਕੀਤੀ।ਸਮਾਗਮ ਦਾ ਸਮਾਪਨ ਭਗਤੀਮਈ ਮਾਹੌਲ ਵਿੱਚ ਹੋਇਆ ਤੇ ਸਾਰੇ ਵਿਦਿਆਰਥੀਆਂ ਨੇ ਪ੍ਰੇਮ, ਸ਼ਾਂਤੀ, ਸਦਭਾਵਨਾ ਤੇ ਨੇਕੀ ਦੇ ਮਾਰਗ 'ਤੇ ਚੱਲਣ ਦਾ ਸੰਦੇਸ਼ ਪ੍ਰਾਪਤ ਕੀਤਾ।

# ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਮਾਤਾ ਗੁਜਰੀ ਕਾਲਜ ਵਚਨਬੱਧ : ਰਿਆ



**ਫ਼ਤਹਿਗੜ੍ਹ ਸਾਹਿਬ** (ਪ੍ਰਮੋਦ ਭਾਰਦਵਾਜ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਜੂਨੀਅਰ ਮੀਤ ਪ੍ਰਧਾਨ ਸ੍ਰ. ਅਵਤਾਰ ਸਿੰਘ ਰਿਆ ਨੇ ਮਾਤਾ ਗੁਜਰੀ ਕਾਲਜ ਦਾ ਵਿਸ਼ੇਸ਼ ਦੌਰਾ ਕੀਤਾ।ਇਸ ਦੌਰਾਨ ਉਨ੍ਹਾਂ ਵਿਦਿਆਰਥੀਆਂ ਲਈ ਕਾਲਜ ਵਿਖੇ ਉਪਲੱਬਧ ਵਿੱਦਿਅਕ ਤੇ ਹੋਰ ਸਹੂਲਤਾਂ ਦਾ ਜਾਇਜ਼ਾ ਲਿਆ ਅਤੇ ਨਵੇਂ ਅਕਾਦਮਿਕ ਸੈਸ਼ਨ ਲਈ ਕੀਤੇ ਗਏ ਸੁਚੱਜੇ ਪ੍ਰਬੰਧਾਂ ਦੀ ਭਰਪੂਰ ਸ਼ਲਾਘਾ ਕੀਤੀ।ਸ੍ਰ. ਰਿਆ ਨੇ ਵਿੱਦਿਅਕ ਸੈਸ਼ਨ 2026-27 ਵਿੱਚ ਉਮੀਦ ਨਾਲੋਂ ਵੱਧ ਦਾਖਲੇ ਹੋਣ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਸਮੂਹ ਸਟਾਫ਼ ਤੇ ਪ੍ਰਿੰਸੀਪਲ ਨੂੰ ਵਧਾਈ ਦਿੱਤੀ ਅਤੇ ਆਪਣੇ ਵੱਲੋਂ ਪੂਰਨ ਸਹਿਯੋਗ ਦੇਣ ਦਾ ਭਰੋਸਾ ਦਿੱਤਾ।ਉਨ੍ਹਾਂ ਕਾਲਜ ਦੀਆਂ ਸ਼ਾਨਦਾਰ ਉਪਲਬਧੀਆਂ 'ਤੇ ਤਸੱਲੀ ਪ੍ਰਗਟ ਕਰਦਿਆਂ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਨਿਰੰਤਰ ਕੀਤੇ ਜਾ ਰਹੇ ਪ੍ਰਭਾਵਸ਼ਾਲੀ ਯਤਨਾਂ ਦੀ ਵੀ ਸ਼ਲਾਘਾ ਕੀਤੀ।ਇਸ ਮੌਕੇ ਸ੍ਰ. ਅਵਤਾਰ ਸਿੰਘ ਰਿਆ ਨੂੰ ਕਾਲਜ ਦੇ ਵਿੱਦਿਅਕ ਮਾਮਲਿਆਂ ਵਿੱਚ ਅਹਿਮ ਯੋਗਦਾਨ ਪਾਉਣ ਕਾਰਨ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਕਾਲਜ ਦੇ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਨੇ ਜਥੇਦਾਰ ਅਵਤਾਰ ਸਿੰਘ ਰਿਆ ਦਾ ਭਰਵਾਂ ਸਵਾਗਤ ਕਰਦਿਆਂ ਕਾਲਜ ਦੀਆਂ ਸ਼ਾਨਦਾਰ ਪ੍ਰਾਪਤੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ।ਇਸ ਮੌਕੇ ਸ੍ਰ. ਜਸਵੰਤ ਸਿੰਘ, ਡਾ. ਗਗਨਦੀਪ ਸਿੰਘ, ਸ੍ਰ. ਮਨਜਿੰਦਰ ਸਿੰਘ ਤੇ ਹੋਰ ਸਟਾਫ਼ ਮੈਂਬਰ ਮੌਜੂਦ ਸਨ।

# ਨੇਪਾਲ ਦੀ ਤਬਾਹੀ ਮਨੁੱਖਤਾ ਲਈ ਨਵੀਂ ਖ਼ਤਰੇ ਦੀ ਘੰਟੀ : ਜਿੰਦਰਪਾਲ ਧੀਮਾਨ



**ਜਗਰਾਉਂ** (ਅਮਿਤ ਖੰਨਾ)-ਬਿਲਡਿੰਗ ਠੇਕੇਦਾਰ ਐਸੋਸੀਏਸ਼ਨ (ਰਜਿ:133) ਜਗਰਾਉਂ ਦੇ ਪ੍ਰਧਾਨ ਜਿੰਦਰਪਾਲ ਧੀਮਾਨ ਨੇ ਕਿਹਾ ਕੀ ਨੇਪਾਲ ਵਿੱਚ ਆਈ ਭਿਆਨਕ ਤਬਾਹੀ ਨੇ ਇੱਕ ਵਾਰ ਫਿਰ ਪੂਰੀ ਦੁਨੀਆ ਨੂੰ ਸੋਚਣ ਲਈ ਮਜਬੂਰ ਕਰ ਦਿੱਤਾ ਹੈ।ਇਹ ਤਬਾਹੀ ਸਿਰਫ਼ ਇੱਕ ਦੇਸ਼ ਜਾਂ ਇੱਕ ਖੇਤਰ ਦੀ ਸਮੱਸਿਆ ਨਹੀਂ, ਸਗੋਂ ਮਨੁੱਖਤਾ ਦੇ ਭਵਿੱਖ ਨਾਲ ਜੁੜਿਆ ਇੱਕ ਗੰਭੀਰ ਚੇਤਾਵਨੀ ਸੰਕੇਤ ਹੈ।ਜੇਕਰ ਕੁਦਰਤੀ ਆਫ਼ਤਾਂ ਦੇ ਵਧਦੇ ਖ਼ਤਰੇ ਨੂੰ ਅੱਜ ਵੀ ਗੰਭੀਰਤਾ ਨਾਲ ਨਾ ਲਿਆ ਗਿਆ ਤਾਂ ਆਉਣ ਵਾਲੇ ਸਮੇਂ ਵਿੱਚ ਇਸ ਦੇ ਨਤੀਜੇ ਹੋਰ ਵੀ ਭਿਆਨਕ ਹੋ ਸਕਦੇ ਹਨ।ਨੇਪਾਲ ਵਿੱਚ ਵਾਪਰੀ ਤਬਾਹੀ ਦੇ ਪਿੱਛੇ ਗਲੇਸ਼ੀਅਰਾਂ ਦੇ ਟੁੱਟਣ, ਪਿਘਲਣ ਤੇ ਅਚਾਨਕ ਵੱਡੀ ਮਾਤਰਾ ਵਿੱਚ ਪਾਣੀ ਛੱਡਣ ਵਰਗੇ ਕਾਰਨਾਂ ਦੀ ਚਰਚਾ ਹੋ ਰਹੀ ਹੈ।ਜੇਕਰ ਵਧਦੀ ਗਰਮੀ ਤੇ ਗਲੇਸ਼ੀਅਰਾਂ ਦੇ ਤੇਜ਼ੀ ਨਾਲ ਪਿਘਲਣ ਦਾ ਇਹ ਸਿਲਸਿਲਾ ਇਸੇ ਤਰ੍ਹਾਂ ਜਾਰੀ ਰਿਹਾ ਤਾਂ ਇਹ ਸਿਰਫ਼ ਪਹਾੜੀ ਇਲਾਕਿਆਂ ਲਈ ਹੀ ਨਹੀਂ, ਸਗੋਂ ਮੈਦਾਨੀ ਤੇ ਸਮੁੰਦਰੀ ਖੇਤਰਾਂ ਵਿੱਚ ਰਹਿਣ ਵਾਲੀ ਵੱਡੀ ਆਬਾਦੀ ਲਈ ਵੀ ਖ਼ਤਰੇ ਦੀ ਘੰਟੀ ਹੈ।ਧਰਤੀ ਦੇ ਔਸਤ ਤਾਪਮਾਨ ਵਿੱਚ ਹੌਲੀ-ਹੌਲੀ ਹੋ ਰਹੇ ਵਾਧੇ ਨੂੰ ਆਲਮੀ ਤਪਸ਼ ਜਾਂ ਗਲੋਬਲ ਵਾਰਮਿੰਗ ਕਿਹਾ ਜਾਂਦਾ ਹੈ।ਵਿਗਿਆਨੀਆਂ ਵੱਲੋਂ ਲੰਬੇ ਸਮੇਂ ਤੋਂ ਚੇਤਾਵਨੀ ਦਿੱਤੀ ਜਾ ਰਹੀ ਹੈ ਕਿ ਧਰਤੀ ਦਾ ਤਾਪਮਾਨ ਵਧਣ ਨਾਲ ਬਰਫ਼ੀਲੇ ਖੇਤਰ ਤੇ ਗਲੇਸ਼ੀਅਰ ਤੇਜ਼ੀ ਨਾਲ ਪਿਘਲ ਰਹੇ ਹਨ।ਦੁਨੀਆ ਦੇ ਉੱਤਰੀ ਤੇ ਦੱਖਣੀ ਧਰੁਵ ਤੋਂ ਇਲਾਵਾ ਹਿਮਾਲਿਆ ਤੇ ਇਸ ਨਾਲ ਜੁੜੇ ਵਿਸ਼ਾਲ ਬਰਫ਼ੀਲੇ ਖੇਤਰਾਂ ਨੂੰ ਵੀ ਕਈ ਵਾਰ 'ਤੀਜਾ ਧਰੁਵ' ਕਿਹਾ ਜਾਂਦਾ ਹੈ।ਦੱਖਣੀ ਏਸ਼ੀਆ ਦੀਆਂ ਕਈ ਵੱਡੀਆਂ ਨਦੀਆਂ ਦਾ ਸਰੋਤ ਇਨ੍ਹਾਂ ਹੀ ਪਹਾੜੀ ਤੇ ਬਰਫ਼ੀਲੇ ਖੇਤਰਾਂ ਨਾਲ ਜੁੜਿਆ ਹੋਇਆ ਹੈ।ਇਸ ਲਈ ਇੱਥੇ ਵਾਤਾਵਰਨ ਵਿੱਚ ਹੋਣ ਵਾਲਾ ਬਦਲਾਅ ਕਰੋੜਾਂ ਲੋਕਾਂ ਦੀ ਜ਼ਿੰਦਗੀ ਨੂੰ ਪ੍ਰਭਾਵਿਤ ਕਰ ਸਕਦਾ ਹੈ।ਪਿਛਲੇ ਕੁਝ ਸਾਲਾਂ ਦੌਰਾਨ ਵਧ ਰਹੀ ਆਲਮੀ ਤਪਸ਼ ਕਾਰਨ ਗਲੇਸ਼ੀਅਰਾਂ ਦੇ ਪਿਘਲਣ ਦੀ ਰਫ਼ਤਾਰ ਵਧਣ ਦੀ ਚਿੰਤਾ ਲਗਾਤਾਰ ਸਾਹਮਣੇ ਆ ਰਹੀ ਹੈ।ਪਹਾੜੀ ਇਲਾਕਿਆਂ ਵਿੱਚ ਬਰਫ਼ ਪਿਘਲਣ ਨਾਲ ਨਦੀਆਂ ਤੇ ਝੀਲਾਂ ਵਿੱਚ ਪਾਣੀ ਦੀ ਮਾਤਰਾ ਵਧ ਸਕਦੀ ਹੈ, ਜਿਸ ਕਾਰਨ ਹੜ੍ਹਾਂ ਤੇ ਹੋਰ ਕੁਦਰਤੀ ਆਫ਼ਤਾਂ ਦਾ ਖ਼ਤਰਾ ਵੀ ਪੈਦਾ ਹੋ ਸਕਦਾ ਹੈ।ਇਹ ਵਾਧੂ ਪਾਣੀ ਆਖ਼ਰਕਾਰ ਨਦੀਆਂ ਰਾਹੀਂ ਸਮੁੰਦਰਾਂ ਤੱਕ ਪਹੁੰਚਦਾ ਹੈ, ਪਰ ਆਪਣੇ ਸਫ਼ਰ ਦੌਰਾਨ ਇਹ ਕਈ ਇਲਾਕਿਆਂ ਵਿੱਚ ਭਾਰੀ ਨੁਕਸਾਨ ਦਾ ਕਾਰਨ ਬਣ ਸਕਦਾ ਹੈ। ਪਹਾੜਾਂ ਵਿੱਚ ਅਚਾਨਕ ਪਾਣੀ ਦਾ ਤੇਜ਼ ਵਹਾਅ ਤੇ ਮੈਦਾਨੀ ਖੇਤਰਾਂ ਵਿੱਚ ਹੜ੍ਹਾਂ ਦੀ ਸਥਿਤੀ ਆਮ ਜਨਜੀਵਨ, ਖੇਤੀਬਾੜੀ ਤੇ ਬੁਨਿਆਦੀ ਢਾਂਚੇ ਲਈ ਵੱਡੀ ਚੁਣੌਤੀ ਬਣ ਸਕਦੀ ਹੈ।ਗਲੇਸ਼ੀਅਰਾਂ ਤੇ ਬਰਫ਼ੀਲੇ ਖੇਤਰਾਂ ਦੇ ਪਿਘਲਣ ਨਾਲ ਸਮੁੰਦਰਾਂ ਦੇ ਪਾਣੀ ਦਾ ਪੱਧਰ ਵਧਣ ਦਾ ਖ਼ਤਰਾ ਵੀ ਵਧਦਾ ਹੈ।ਜੇਕਰ ਇਹ ਰੁਝਾਨ ਤੇਜ਼ ਹੁੰਦਾ ਗਿਆ ਤਾਂ ਭਵਿੱਖ ਵਿੱਚ ਸਮੁੰਦਰੀ ਕੰਢਿਆਂ ਨਾਲ ਲੱਗਦੇ ਕਈ ਖੇਤਰਾਂ ਲਈ ਵੱਡੀ ਮੁਸੀਬਤ ਖੜ੍ਹੀ ਹੋ ਸਕਦੀ ਹੈ।ਇਹ ਸਥਿਤੀ ਸਾਨੂੰ ਸਪੱਸ਼ਟ ਸੰਦੇਸ਼ ਦਿੰਦੀ ਹੈ ਕਿ ਕੁਦਰਤ ਨਾਲ ਕੀਤੀ ਜਾ ਰਹੀ ਖਿਲਵਾੜ ਦਾ ਮੁੱਲ ਆਖ਼ਰਕਾਰ ਮਨੁੱਖ ਨੂੰ ਹੀ ਚੁਕਾਉਣਾ ਪਵੇਗਾ।ਜੰਗਲਾਂ ਦੀ ਕਟਾਈ, ਵਧਦਾ ਪ੍ਰਦੂਸ਼ਣ ਤੇ ਹਵਾ ਵਿੱਚ ਗ੍ਰੀਨਹਾਊਸ ਗੈਸਾਂ ਦੀ ਮਾਤਰਾ ਧਰਤੀ ਦੇ ਤਾਪਮਾਨ ਵਿੱਚ ਵਾਧੇ ਨੂੰ ਹੋਰ ਗੰਭੀਰ ਬਣਾ ਰਹੀ ਹੈ।ਹੁਣ ਚੇਤਨ ਹੋਣ ਦੀ ਲੋੜ ਹੈ, ਵਾਤਾਵਰਨ ਦੀ ਸੁਰੱਖਿਆ ਸਿਰਫ਼ ਸਰਕਾਰਾਂ ਜਾਂ ਵਿਗਿਆਨੀਆਂ ਦੀ ਜ਼ਿੰਮੇਵਾਰੀ ਨਹੀਂ ਹੈ।ਹਰ ਵਿਅਕਤੀ ਨੂੰ ਇਸ ਮੁਹਿੰਮ ਦਾ ਹਿੱਸਾ ਬਣਨਾ ਪਵੇਗਾ।

ਵੱਧ ਤੋਂ ਵੱਧ ਰੁੱਖ ਲਗਾਉਣ, ਮੌਜੂਦਾ ਰੁੱਖਾਂ ਦੀ ਰੱਖਿਆ ਕਰਨ, ਪ੍ਰਦੂਸ਼ਣ ਘਟਾਉਣ, ਪਾਣੀ ਤੇ ਊਰਜਾ ਦੀ ਬਚਤ ਕਰਨ ਅਤੇ ਕੁਦਰਤੀ ਸਰੋਤਾਂ ਦੀ ਸੋਚ-ਸਮਝ ਕੇ ਵਰਤੋਂ ਕਰਨ ਦੀ ਲੋੜ ਹੈ।ਨੇਪਾਲ ਦੀ ਤਬਾਹੀ ਸਾਨੂੰ ਇਹੀ ਸਬਕ ਦਿੰਦੀ ਹੈ ਕਿ ਕੁਦਰਤ ਦੇ ਚੇਤਾਵਨੀ ਸੰਕੇਤਾਂ ਨੂੰ ਅਣਡਿੱਠਾ ਕਰਨਾ ਹੁਣ ਮਹਿੰਗਾ ਪੈ ਸਕਦਾ ਹੈ।ਅੱਜ ਵਾਤਾਵਰਨ ਨੂੰ ਬਚਾਉਣ ਲਈ ਚੁੱਕਿਆ ਗਿਆ ਹਰ ਕਦਮ ਆਉਣ ਵਾਲੀਆਂ ਪੀੜ੍ਹੀਆਂ ਦੇ ਭਵਿੱਖ ਦੀ ਸੁਰੱਖਿਆ ਬਣ ਸਕਦਾ ਹੈ।ਸਮਾਂ ਅਜੇ ਵੀ ਹੈ, ਕੁਦਰਤ ਨੂੰ ਬਚਾਈਏ, ਵਾਤਾਵਰਨ ਨੂੰ ਸੰਭਾਲੀਏ ਤੇ ਭਵਿੱਖ ਨੂੰ ਸੁਰੱਖਿਅਤ ਬਣਾਈਏ।

# ਸਪਰਿੰਗ ਫੀਲਡ ਸਕੂਲ ਵਿਖੇ ਅਧਿਆਪਕ ਦਿਵਸ ਮਨਾਇਆ




**ਬਾਘਾ ਪੁਰਾਣਾ** (ਮਨੀ ਸਿੰਗਲਾ)-ਸਪਰਿੰਗ ਫੀਲਡ ਕਾਨਵੈਂਟ ਸਕੂਲ ਬਾਘਾ ਪੁਰਾਣਾ ਵਿਖੇ ਅਧਿਆਪਕਾਂ ਤੇ ਬੱਚਿਆਂ ਨੇ ਅਧਿਆਪਕ ਦਿਵਸ ਧੂਮਧਾਮ ਨਾਲ ਮਨਾਇਆ ਗਿਆ।ਸਕੂਲ ਦੀ ਆਰਟ ਮੈਡਮ ਸਿਮਰਨਜੀਤ ਢਿੱਲੋਂ ਨੇ ਸਟੇਜ ਨੂੰ ਬਹੁਤ ਹੀ ਵਧੀਆ ਢੰਗ ਨਾਲ ਸਜਾਇਆ।ਇਸ ਸਮੇਂ ਸਾਡੇ ਪੂਜਨੀਕ ਹੈੱਡ ਟੀਚਰ ਡਾ. ਰਾਧਾ ਕ੍ਰਿਸ਼ਨਨ ਦੀ ਫੋਟੋ ਲਗਾ ਕੇ ਸ਼ਰਧਾ ਅਰਪਣ ਕੀਤੀ ਤੇ ਕੇਕ ਕੱਟ ਕੇ ਸਮਾਗਮ ਦੀ ਸ਼ੁਰੂਆਤ ਕੀਤੀ।ਉਨ੍ਹਾਂ ਦੱਸਿਆ ਕਿ ਡਾ. ਰਾਧਾ ਕ੍ਰਿਸ਼ਨਨ ਅਧਿਆਪਕ ਰਹੇ ਸਨ।ਉਨ੍ਹਾਂ ਦੇ ਮਨ 'ਚ ਅਧਿਆਪਕਾਂ ਪ੍ਰਤੀ ਬਹੁਤ ਸਤਿਕਾਰ ਸੀ।ਇਸੇ ਕਰਕੇ ਉਨ੍ਹਾਂ ਆਪਣਾ ਜਨਮ ਦਿਨ ਅਧਿਆਪਕ ਦਿਵਸ ਦੇ ਤੌਰ 'ਤੇ ਮਨਾਉਣ ਦਾ ਪ੍ਰੋਗਰਾਮ ਉਲੀਕਿਆ। ਉਨ੍ਹਾਂ ਦੱਸਿਆ ਕਿ ਅਧਿਆਪਕ ਬੱਚੇ ਦਾ ਸਰਵਪੱਖੀ ਵਿਕਾਸ ਲਈ ਇੱਕ ਚਾਨਣ ਮੁਨਾਰੇ ਦਾ ਕੰਮ ਕਰਦਾ ਹੈ।ਭਾਵੇਂ ਅੱਜ ਸਾਇੰਸ ਨੇ ਅਨੇਕਾਂ ਸਾਧਨ ਪੈਦਾ ਕਰ ਦਿੱਤੇ ਹਨ, ਜਿਸ ਨਾਲ ਗਿਆਨ ਹਾਸਲ ਕਰਨ ਵਿੱਚ ਮੱਦਦ ਮਿਲਦੀ ਹੈ, ਪਰ ਅੱਜ ਵੀ ਬੱਚੇ ਨੂੰ ਪੜ੍ਹਾਉਣ ਲਈ ਕਲਾਸ ਰੂਮ ਵਿੱਚ ਅਧਿਆਪਕ ਦਾ ਕੋਈ ਹੋਰ ਬਦਲ ਨਹੀਂ ਹੈ।ਸਮਾਜ ਵਿੱਚ ਅਧਿਆਪਕ ਦਾ ਰੁਤਬਾ ਬਹੁਤ ਹੀ ਸਨਮਾਨਯੋਗ ਹੈ, ਜੋ ਬੱਚਿਆਂ ਨੂੰ ਗਿਆਨਵਾਨ ਬਣਾਉਂਦੇ ਹਨ।ਇਸ ਸਮੇਂ ਚੇਅਰਮੈਨ ਨਰ ਸਿੰਘ ਬਰਾੜ, ਪ੍ਰਿੰਸੀਪਲ ਬਾਇਜੂ ਵਿਜੇ ਤੇ ਸਕੂਲ ਕੋਆਰਡੀਨੇਟਰ ਅਨੁਪਮ ਸ਼ਰਮਾ ਨੇ ਅਧਿਆਪਕਾਂ ਨੂੰ ਇਸ ਦਿਨ 'ਤੇ ਵਧਾਈ ਦਿੱਤੀ।

# ਰਾਣਾ ਹਸਪਤਾਲ ਵਿਖੇ ਮਨਾਈ ਕ੍ਰਿਸ਼ਨ ਜਨਮ ਅਸ਼ਟਮੀ



**ਸਰਹਿੰਦ ਮੰਡੀ** (ਪ੍ਰਮੋਦ ਭਾਰਦਵਾਜ)-ਰਾਣਾ ਹਸਪਤਾਲ ਸਰਹਿੰਦ ਵਿਖੇ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਪਵਿੱਤਰ ਤਿਉਹਾਰ ਸ਼ਰਧਾ, ਭਗਤੀ ਤੇ ਉਤਸ਼ਾਹ ਨਾਲ ਮਨਾਇਆ ਗਿਆ। ਹਸਪਤਾਲ ਦੇ ਵਿਹੜੇ ਵਿੱਚ ਵਿਸ਼ੇਸ਼ ਪੂਜਾ-ਅਰਚਨਾ ਤੇ ਪ੍ਰਾਰਥਨਾ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਹਸਪਤਾਲ ਦੇ ਸਟਾਫ, ਮਰੀਜ਼ਾਂ ਤੇ ਮੌਜੂਦ ਲੋਕਾਂ ਨੇ ਸ਼ਰਧਾ ਨਾਲ ਭਾਗ ਲਿਆ।ਇਸ ਮੌਕੇ ਸਾਰੇ ਮਰੀਜ਼ਾਂ, ਸਟਾਫ ਮੈਂਬਰਾਂ ਤੇ ਮੌਜੂਦ ਸੰਗਤ ਵਿੱਚ ਮਠਿਆਈਆਂ ਵੰਡੀਆਂ ਗਈਆਂ।ਇਸ ਸਮਾਗਮ ਦਾ ਆਯੋਜਨ ਡਾ. ਹਿਤੇਂਦਰ ਸੂਰੀ ਤੇ ਡਾ. ਦੀਪਿਕਾ ਸੂਰੀ ਐੱਮ.ਡੀ. ਰਾਣਾ ਹਸਪਤਾਲ ਸਰਹਿੰਦ ਵੱਲੋਂ ਕੀਤਾ ਗਿਆ।ਸਮਾਗਮ ਦੇ ਅੰਤ ਵਿੱਚ ਸਾਰੇ ਮਰੀਜ਼ਾਂ, ਸਟਾਫ ਮੈਂਬਰਾਂ ਤੇ ਉਨ੍ਹਾਂ ਦੇ ਪਰਵਾਰਾਂ ਦੀ ਚੰਗੀ ਸਿਹਤ, ਸੁੱਖ-ਸਮ੍ਰਿੱਧੀ ਤੇ ਖੁਸ਼ਹਾਲੀ ਲਈ ਅਰਦਾਸ ਕੀਤੀ ਗਈ।

## ਬੀ ਕੇ ਯੂ ਏਕਤਾ ਸਿੱਧੂਪੁਰ ਵੱਲੋਂ 9 ਨੂੰ ਫ਼ਰੀਦਕੋਟ 'ਚ ਹੋਵੇਗਾ ਵੱਡਾ ਇਕੱਠ



ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ) : ਲੈਂਡ ਮਾਰਟਗੇਜ ਬੈਂਕ ਫ਼ਰੀਦਕੋਟ ਵੱਲੋਂ ਕਿਸਾਨਾਂ ਨਾਲ ਕੀਤੀ ਜਾ ਰਹੀ ਲੁੱਟ ਨੂੰ ਰੋਕਣ ਅਤੇ ਹੋਰ ਹੱਕੀ ਮੰਗਾਂ ਲਈ ਭਾਰਤੀ ਕਿਸਾਨ ਯੂਨੀਅਨ (ਏਕਤਾ ਸਿੱਧੂਪੁਰ) ਵੱਲੋਂ 30 ਮਾਰਚ ਤੋਂ ਸ਼ੁਰੂ ਕੀਤਾ ਗਿਆ ਮੋਰਚਾ ਲਗਾਤਾਰ ਜਾਰੀ ਹੈ। ਇਸ ਅੰਦੋਲਨ ਨੂੰ ਹੋਰ ਤਿੱਖਾ ਕਰਦਿਆਂ ਜਥੇਬੰਦੀ ਵੱਲੋਂ ਜੇਲ੍ਹ ਭਰੋ ਅੰਦੋਲਨ ਤਹਿਤ ਹਰ ਰੋਜ਼ ਗ੍ਰਿਫ਼ਤਾਰੀਆਂ ਦਿੱਤੀਆਂ ਜਾ ਰਹੀਆਂ ਹਨ।ਐਤਵਾਰ ਨੂੰ ਗ੍ਰਿਫ਼ਤਾਰੀ ਲਈ ਜੱਥੇ ਨੂੰ ਰਵਾਨਾ ਕਰਨ ਉਪਰੰਤ ਐੱਸ.ਕੇ.ਐੱਮ. (ਗੈਰ-ਸਿਆਸੀ) ਦੇ ਕੌਮੀ ਕਨਵੀਨਰ ਤੇ ਬੀ ਕੇ ਯੂ ਏਕਤਾ ਸਿੱਧੂਪੁਰ ਦੇ ਪ੍ਰਧਾਨ ਜਗਜੀਤ ਸਿੰਘ ਡੱਲੇਵਾਲ ਅਤੇ ਸੂਬਾ ਜਨਰਲ ਸਕੱਤਰ ਕਾਕਾ ਸਿੰਘ ਕੋਟੜਾ ਨੇ ਪੱਤਰਕਾਰਾਂ ਨਾਲ ਗੱਲਬਾਤ ਕੀਤੀ। ਕਿਸਾਨ ਆਗੂਆਂ ਨੇ ਐਲਾਨ ਕੀਤਾ ਕਿ ਕਿਸਾਨੀ ਮੰਗਾਂ ਦੀ ਪੂਰਤੀ ਲਈ 9 ਸਤੰਬਰ ਨੂੰ ਲੈਂਡ ਮਾਰਟਗੇਜ ਬੈਂਕ ਫ਼ਰੀਦਕੋਟ ਅੱਗੇ ਚੱਲ ਰਹੇ ਮੋਰਚੇ ਵਿੱਚ ਇੱਕ ਵੱਡਾ ਇਕੱਠ ਕੀਤਾ ਜਾਵੇਗਾ। ਇਸ ਸਬੰਧੀ ਪੰਜਾਬ ਦੇ ਸਮੂਹ ਜ਼ਿਲ੍ਹਿਆਂ ਅਤੇ ਬਲਾਕਾਂ ਵਿੱਚ ਮੀਟਿੰਗਾਂ ਕਰਕੇ ਆਗੂਆਂ ਤੇ ਵਰਕਰਾਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ।

# ਕੋਈ ਵੀ ਯੋਗ ਨਾਗਰਿਕ ਵੋਟਰ ਸੂਚੀ ਤੋਂ ਬਾਹਰ ਨਾ ਰਹੇ : ਰਾਹੁਲ ਭੰਡਾਰੀ



ਪੱਟੀ (ਬਲਦੇਵ ਸਿੰਘ ਸੰਧੂ ਕਿਰਤੋਵਾਲ) - ਤਰਨਤਾਰਨ ਦੇ ਵਿੱਤ ਕਮਿਸ਼ਨਰ ਪਸ਼ੂ ਪਾਲਣ, ਮੱਛੀ ਪਾਲਣ ਤੇ ਡੇਅਰੀ ਵਿਕਾਸ ਪੰਜਾਬ ਰਾਹੁਲ ਭੰਡਾਰੀ, ਜਿਨ੍ਹਾਂ ਨੂੰ ਭਾਰਤ ਦੇ ਚੋਣ ਕਮਿਸ਼ਨ ਵੱਲੋਂ ਵਿਸ਼ੇਸ਼ ਗਹਿਰੀ ਸੁਧਾਈ (ਐਸ.ਆਈ.ਆਰ) 2026 ਸਬੰਧੀ ਤਰਨ ਤਾਰਨ ਅਤੇ ਕਪੂਰਥਲਾ ਜ਼ਿਲ੍ਹਿਆਂ ਦਾ ਰੋਲ ਆਬਜ਼ਰਵਰ ਨਿਯੁਕਤ ਕੀਤਾ ਗਿਆ ਹੈ, ਵੱਲੋਂ ਐਤਵਾਰ ਨੂੰ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਸ੍ਰੀ ਰਾਹੁਲ ਸਮੇਤ ਚੋਣਕਾਰ ਰਜਿਸਟਰੇਸ਼ਨ ਅਫ਼ਸਰਾਂ, ਸਹਾਇਕ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਅਤੇ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ ਗਈ। ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਹੋਈ ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਰਾਹੁਲ ਭੰਡਾਰੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਤਰਨ ਤਾਰਨ ਜ਼ਿਲ੍ਹੇ ਦਾ ਕੋਈ ਵੀ ਯੋਗ ਨਾਗਰਿਕ, ਵੋਟਰ ਸੂਚੀ ਤੋਂ ਬਾਹਰ ਨਹੀਂ ਰਹਿਣਾ ਚਾਹੀਦਾ। ਉਨ੍ਹਾਂ ਕਿਹਾ ਕਿ ਐਸ.ਆਈ.ਆਰ ਦੌਰਾਨ ਜੇਕਰ ਕਿਸੇ ਯੋਗ ਨਾਗਰਿਕ ਦਾ ਨਾਮ ਡਰਾਫ਼ਟ ਵੋਟਰ ਸੂਚੀ ਵਿੱਚੋਂ ਬਾਹਰ ਰਹਿ ਗਿਆ ਹੈ ਜਾਂ ਕੋਈ ਆਪਣੀ ਨਵੀਂ ਵੋਟ ਬਣਵਾਉਣਾ ਚਾਹੁੰਦਾ ਹੈ ਤਾਂ ਉਹ ਚੋਣ ਕਮਿਸ਼ਨ ਵੱਲੋਂ ਨਿਰਧਾਰਤ ਫਾਰਮ ਭਰਕੇ ਸਮੇਤ ਲੋੜੀਂਦੇ ਦਸਤਾਵੇਜ਼ਾਂ ਦੇ ਆਪਣੇ ਬੀ.ਐਲ.ਓ ਨਾਲ 12 ਸਤੰਬਰ 2026 ਤੱਕ ਸੰਪਰਕ ਕਰ ਸਕਦਾ ਹੈ।ਰੋਲ ਆਬਜ਼ਰਵਰ ਨੇ ਕਿਹਾ ਕਿ ਐਸ.ਆਈ.ਆਰ ਦਾ ਮੁੱਖ ਉਦੇਸ਼ ਸ਼ੁੱਧ, ਸਹੀ ਅਤੇ ਤਰੁੱਟੀ-ਰਹਿਤ ਵੋਟਰ ਸੂਚੀਆਂ ਤਿਆਰ ਕਰਨਾ ਹੈ। ਉਨ੍ਹਾਂ ਕਿਹਾ ਕਿ ਜਿਹੜਾ ਨਾਗਰਿਕ ਯੋਗਤਾ ਮਿਤੀ 1 ਅਕਤੂਬਰ 2026 ਦੇ ਆਧਾਰ 'ਤੇ ਵੋਟਰ ਵਜੋਂ ਨਾਮ ਦਰਜ ਕਰਵਾਉਣ ਲਈ ਯੋਗ ਹੈ, ਉਹ 12 ਸਤੰਬਰ 2026 ਤੱਕ ਫਾਰਮ ਨੰਬਰ 6 ਦੇ ਨਾਲ ਘੋਸ਼ਣਾ ਪੱਤਰ ਜਮ੍ਹਾ ਕਰਵਾ ਸਕਦਾ ਹੈ। ਇਸੇ ਤਰ੍ਹਾਂ ਫਾਰਮ 6 ਏ (ਐਨ.ਆਰ.ਆਈ. ਵੋਟਰਾਂ ਦੀ ਰਜਿਸਟ੍ਰੇਸ਼ਨ ਲਈ), ਫਾਰਮ 7 (ਨਾਮ ਕਟਵਾਉਣ ਲਈ) ਅਤੇ ਫਾਰਮ 8 (ਸੋਧ ਅਤੇ ਇਕ ਸਥਾਨ ਤੋਂ ਦੂਜੇ ਸਥਾਨ 'ਤੇ ਤਬਦੀਲੀ ਲਈ) ਵੀ ਉਕਤ ਸਮੇਂ ਦੌਰਾਨ ਜਮ੍ਹਾ ਕਰਵਾਏ ਜਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਇਸ ਮਿਆਦ ਦੌਰਾਨ ਪ੍ਰਾਪਤ ਸਾਰੇ ਦਾਅਵਿਆਂ ਅਤੇ ਇਤਰਾਜ਼ਾਂ ਦਾ ਨਿਪਟਾਰਾ 8 ਅਕਤੂਬਰ 2026 ਤੱਕ ਕੀਤਾ ਜਾਵੇਗਾ ਅਤੇ ਅੰਤਿਮ ਵੋਟਰ ਸੂਚੀ ਦੀ ਪ੍ਰਕਾਸ਼ਨਾ 12 ਅਕਤੂਬਰ 2026 ਨੂੰ ਕੀਤੀ ਜਾਵੇਗੀ। ਇਸ ਦੌਰਾਨ ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਵਿੱਚ ਚੱਲ ਰਹੀ ਵਿਸ਼ੇਸ਼ ਗਹਿਰੀ ਸੁਧਾਈ ਬਾਰੇ ਜਾਣਕਾਰੀ ਰੋਲ ਆਬਜ਼ਰਵਰ ਨਾਲ ਸਾਂਝੀ ਕੀਤੀ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਚੋਣ ਕਮਿਸ਼ਨ ਦੀਆਂ ਹਦਾਇਤਾਂ ਮੁਤਾਬਿਕ ਐਸ.ਆਈ.ਆਰ. ਪ੍ਰਕਿਰਿਆ ਨੂੰ ਨਿਰਵਿਘਨ ਤੇ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਯਤਨਸ਼ੀਲ ਹੈ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਡਾ. ਆਦਿੱਤਿਆ ਸ਼ਰਮਾ, ਐਸ.ਡੀ.ਐਮ ਤਰਨ ਤਾਰਨ ਡਾ. ਕਰਨਵੀਰ ਸਿੰਘ, ਐਸ.ਡੀ.ਐਮ ਪੱਟੀ ਅਮਨਦੀਪ ਸਿੰਘ, ਐਸ.ਡੀ.ਐਮ ਭਿੱਖੀਵਿੰਡ ਜਗਦੀਪ ਸਿੰਘ, ਐਸ.ਡੀ.ਐਮ ਖਡੂਰ ਸਾਹਿਬ ਸੰਜੀਵ ਸ਼ਰਮਾ, ਚੋਣ ਤਹਿਸੀਲਦਾਰ ਇੰਦਰਜੀਤ ਸਿੰਘ ਅਤੇ ਚੋਣ ਕਾਨੂੰਗੋ ਦਿਲਬਾਗ ਸਿੰਘ ਤੋਂ ਇਲਾਵਾ ਸਮੂਹ ਸਹਾਇਕ ਚੋਣਕਾਰ ਰਿਟਰਨਿੰਗ ਅਫਸਰ ਅਤੇ ਵੱਖ-ਵੱਖ ਸਿਆਸੀ ਪਾਰਟੀਆਂ ਦੇ ਨੁਮਾਇੰਦੇ ਮੌਜੂਦ ਸਨ। ਰੋਲ ਆਬਜ਼ਰਵਰ ਰਾਹੁਲ ਭੰਡਾਰੀ ਵੱਲੋਂ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਸ੍ਰੀ ਰਾਹੁਲ ਅਤੇ ਹੋਰਨਾਂ ਅਧਿਕਾਰੀਆਂ ਸਮੇਤ ਜ਼ਿਲ੍ਹੇ ਦੇ ਵੱਖ-ਵੱਖ ਪੋਲਿੰਗ ਬੂਥਾਂ ਦਾ ਦੌਰਾ ਕਰਕੇ ਉੱਥੇ ਐਸ.ਆਈ.ਆਰ ਸਬੰਧੀ ਲੱਗੇ ਵਿਸ਼ੇਸ਼ ਕੈਂਪਾਂ ਦਾ ਵੀ ਨਿਰੀਖਣ ਕੀਤਾ ਗਿਆ।

## ਸੰਧੂ ਦੀ ਅਗਵਾਈ ਹੇਠ ਵਿਸ਼ੇਸ਼ ਸਫਾਈ ਅਭਿਆਨ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਹਲਕਾ ਅੰਮ੍ਰਿਤਸਰ ਪੱਛਮੀ ਦੇ ਵਾਰਡ ਨੰਬਰ 78 ਅਧੀਨ ਪੈਂਦੇ ਓਮ ਜੀ ਪਾਰਕ ਵਿਖੇ ਹਲਕਾ ਵਿਧਾਇਕ ਡਾ. ਜਸਬੀਰ ਸਿੰਘ ਸੰਧੂ ਦੀ ਅਗਵਾਈ ਹੇਠ ਵਿਸ਼ੇਸ਼ ਸਫਾਈ ਅਭਿਆਨ ਚਲਾਇਆ ਗਿਆ। ਇਸ ਸਫਾਈ ਮੁਹਿੰਮ ਵਿੱਚ ਨਗਰ ਨਿਗਮ ਦੇ ਕਰਮਚਾਰੀਆਂ ਦੇ ਨਾਲ-ਨਾਲ ਇਲਾਕਾ ਨਿਵਾਸੀਆਂ ਅਤੇ ਸਥਾਨਕ ਲੋਕਾਂ ਨੇ ਵੀ ਉਤਸ਼ਾਹ ਨਾਲ ਭਾਗ ਲਿਆ।

ਸਫਾਈ ਅਭਿਆਨ ਦੌਰਾਨ ਓਮ ਜੀ ਪਾਰਕ ਦੇ ਅੰਦਰ ਅਤੇ ਇਸ ਦੇ ਆਲੇ-ਦੁਆਲੇ ਦੀ ਵਿਸ਼ੇਸ਼ ਤੌਰ 'ਤੇ ਸਫਾਈ ਕੀਤੀ ਗਈ।

ਪਾਰਕ ਵਿੱਚੋਂ ਕੂੜਾ-ਕਰਕਟ, ਸੁੱਕੇ ਪੱਤੇ ਅਤੇ ਹੋਰ ਗੰਦਗੀ ਹਟਾ ਕੇ ਸਫਾਈ ਵਿਵਸਥਾ ਨੂੰ ਸੁਚਾਰੂ ਬਣਾਇਆ ਗਿਆ। ਇਸ ਦੇ ਨਾਲ ਹੀ ਜਨਤਕ ਥਾਵਾਂ ਨੂੰ ਸਾਫ਼ ਰੱਖਣ ਅਤੇ ਲੋਕਾਂ ਨੂੰ ਸਫਾਈ ਪ੍ਰਤੀ ਜਾਗਰੂਕ ਕਰਨ 'ਤੇ ਵੀ ਜ਼ੋਰ ਦਿੱਤਾ ਗਿਆ।

ਇਸ ਮੌਕੇ ਵਿਧਾਇਕ ਡਾ. ਜਸਬੀਰ ਸਿੰਘ ਸੰਧੂ ਨੇ ਕਿਹਾ ਕਿ ਸਾਫ਼-ਸੁਥਰਾ ਵਾਤਾਵਰਣ ਤੰਦਰੁਸਤ, ਖੁਸ਼ਹਾਲ ਅਤੇ ਬਿਹਤਰ ਸਮਾਜ ਦੀ ਨੀਂਹ ਹੁੰਦਾ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਫਾਈ ਅਤੇ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਨੂੰ ਵਿਸ਼ੇਸ਼ ਤਰਜੀਹ ਦਿੱਤੀ ਜਾ ਰਹੀ ਹੈ ਅਤੇ ਇਸੇ ਦਿਸ਼ਾ ਵਿੱਚ ਹਲਕਾ ਅੰਮ੍ਰਿਤਸਰ ਪੱਛਮੀ ਦੇ ਵੱਖ-ਵੱਖ ਇਲਾਕਿਆਂ ਵਿੱਚ ਸਫਾਈ ਕਾਰਜ ਲਗਾਤਾਰ ਕੀਤੇ ਜਾ ਰਹੇ ਹਨ।

# ਬਾਬਾ ਬੁੱਢਾ ਸਾਹਿਬ ਸਾਲਾਨਾ ਜੋੜ ਮੇਲੇ 'ਤੇ ਲੰਗਰ ਲਾਉਣ ਲਈ ਮੀਟਿੰਗ



ਝਬਾਲ (ਹਰਜਿੰਦਰ ਸਿੰਘ ਸੋਨੀ)- ਬ੍ਰਹਮ ਗਿਆਨੀ ਬਾਬਾ ਬੁੱਢਾ ਸਾਹਿਬ ਦਾ 6-7-8 ਅਕਤੂਬਰ ਨੂੰ ਮਨਾਏ ਜਾ ਰਹੇ ਤਿੰਨ ਦਿਨਾਂ ਸਲਾਨਾ ਜੋੜ ਮੇਲੇ ਨੂੰ ਸਫਲ ਬਣਾਉਣ ਲਈ ਸੰਗਤਾਂ ਵੱਲੋਂ ਆਪਣੇ ਪੱਧਰ 'ਤੇ ਤਿਆਰੀਆਂ ਜ਼ੋਰਾਂ-ਸ਼ੋਰਾਂ ਨਾਲ ਸ਼ੁਰੂ ਕਰ ਦਿੱਤੀਆਂ ਗਈਆਂ ਹਨ।ਇਸੇ ਲੜੀ ਤਹਿਤ ਜੋੜ ਮੇਲੇ ਮੌਕੇ ਦੇਸ਼ ਵਿਦੇਸ਼ ਤੋਂ ਦਰਸ਼ਨ ਦੀਦਾਰੇ ਕਰਨ ਲਈ ਲੱਖਾਂ ਦੀ ਗਿਣਤੀ ਵਿੱਚ ਪੁੱਜਦੀਆਂ ਸੰਗਤਾਂ ਲਈ ਹਰ ਸਾਲ ਵਾਂਗ ਭਿੱਖੀਵਿੰਡ ਰੋਡ ਅੱਡਾ ਪੰਜਵੜ ਸਰਾਂ ਪਿੰਡ ਸੋਹਲ ਦੇ ਗੇਟ 'ਤੇ ਗੁਰੂ ਦੇ ਲੰਗਰ ਲਗਾਉਣ ਲਈ ਪਿੰਡ ਸੋਹਲ ਵਿਖੇ ਉੱਘੇ ਸਮਾਜ ਸੇਵਕ ਤੇ ਆੜ੍ਹਤੀ ਸ ਗੁਰਦੇਵ ਸਿੰਘ ਰਿੰਟੂ ਸੋਹਲ ਦੇ ਗ੍ਰਹਿ ਵਿੱਚ ਸੋਹਲ ਵਾਸੀਆ ਦੀ ਅਹਿਮ ਮੀਟਿੰਗ ਹੋਈ।

ਲੰਗਰ ਕਮੇਟੀ ਦੇ ਪ੍ਰਧਾਨ ਬਾਬਾ ਸਰਮੁਖ ਸਿੰਘ ਸੋਹਲ ਦੀ ਅਗਵਾਈ ਹੇਠ ਹੋਈ ਮੀਟਿੰਗ ਮੌਕੇ ਸਲਾਨਾ ਜੋੜ ਮੇਲੇ ਦੇ ਲੰਗਰ ਪ੍ਰਬੰਧਾਂ ਦੀਆਂ ਤਿਆਰੀਆਂ ਬਾਰੇ ਵਿਚਾਰ ਚਰਚਾ ਕਰਦਿਆਂ ਸੇਵਾਦਾਰਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ।

ਇਸ ਮੌਕੇ ਲੰਗਰ ਕਮੇਟੀ ਖਜਾਨਚੀ ਸ਼ੈਲੀ ਸੋਹਲ, ਸਾਬਕਾ ਸਰਪੰਚ ਸਰਵਣ ਸਿੰਘ ਸੋਹਲ,ਸਾਬਕਾ ਸਰਪੰਚ ਤੇ ਆੜ੍ਹਤੀ ਬਲਵਿੰਦਰ ਸਿੰਘ ਸੋਹਲ,ਮਨਦੀਪ ਸਿੰਘ ਮੰਗਾਂ ਮੰਡੀ ਵਾਲੇ,ਆੜ੍ਹਤੀ ਤਰਸੇਮ ਸਿੰਘ ਸੋਹਲ,ਆੜ੍ਹਤੀ ਪ੍ਰੇਮ ਸਿੰਘ ਸੋਹਲ, ਬਲਵਿੰਦਰ ਸਿੰਘ ਮੈਂਬਰ, ਗੁਰਜੀਤ ਸਿੰਘ ਬਿੱਟੂ,ਆੜ੍ਹਤੀ ਬਲਜਿੰਦਰ ਸਿੰਘ,ਆੜ੍ਹਤੀ ਗੁਰਲਾਲ ਸਿੰਘ,ਆੜ੍ਹਤੀ ਸਤਿੰਦਰਪਾਲ ਸਿੰਘ ਸੋਹਲ,ਅਜਮੇਰ ਸਿੰਘ ਔਲਖ ਖੇਤੀ ਸਟੋਰ ਵਾਲੇ,ਗੁਰਿੰਦਰ ਸਿੰਘ ਭਾਟੀਆ, ਗੁਰਸੇਵਕ ਸਿੰਘ ਸੰਧੂ,ਗੁਰਭਾਗ ਸਿੰਘ ਸੋਹਲ,ਹੈਪੀ ਚੱਕੀ ਵਾਲੇ,ਸੋਨਾ ਸਿੰਘ ਸੋਹਲ, ਹਰਜਿੰਦਰ ਸਿੰਘ ਮੈਂਬਰ,ਸਤਨਾਮ ਸਿੰਘ ਮੈਂਬਰ, ਸੁਖਚੈਨ ਸਿੰਘ, ਰਸਾਲ ਸਿੰਘ,ਰਣਜੋਧ ਸਿੰਘ ਜੋਧਾ, ਵਰਿਆਮ ਸਿੰਘ, ਦਰਸ਼ਨ ਸਿੰਘ, ਕੁਲਵੰਤ ਸਿੰਘ, ਲਵਇੰਦਰ ਸਿੰਘ ਬੱਬੂ ਸੋਹਲ, ਬਲਵੰਤ ਸਿੰਘ, ਅਕਾਸ਼ਦੀਪ ਸਿੰਘ,ਬੋਹੜ ਸਿੰਘ ਬੱਬੂ,ਰਾਣਾ ਸਿੰਘ, ਗੋਪੀ ਸੋਹਲ, ਮਨਦੀਪ ਸਿੰਘ ਗੋਪੀ, ਅੰਗਰੇਜ਼ ਸਿੰਘ,ਹਰਮੀਤ ਸਿੰਘ,ਡਾ ਹੈਪੀ, ਸਤਨਾਮ ਸੋਹਲ,ਸੁਖਮਣ ਸੋਹਲ, ਗੁਰਬਾਜ ਸਿੰਘ, ਪ੍ਰਭ ਸੋਹਲ, ਜੋਧਾ ਜੱਫਾ, ਗਗਨ, ਯਾਦਵਿੰਦਰ ਸਿੰਘ ਸੋਹਲ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

## ਸਰਕਾਰੀ ਕਾਲਜ ਫ਼ਰੀਦਕੋਟ ਵਿਖੇ ਮਨਾਇਆ ਅਧਿਆਪਕ ਦਿਵਸ



ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ) : ਦੇਸ਼ ਭਗਤ ਪੰਡਿਤ ਚੇਤਨ ਦੇਵ ਸਰਕਾਰੀ ਕਾਲਜ ਆਫ਼ ਐਜੂਕੇਸ਼ਨ ਫ਼ਰੀਦਕੋਟ ਵਿਖੇ ਪ੍ਰਿੰਸੀਪਲ ਡਾ. ਰਾਜੇਸ਼ ਮੋਹਨ ਦੀ ਯੋਗ ਰਹਿਨੁਮਾਈ ਹੇਠ ਅਧਿਆਪਕ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਸਮਾਗਮ ਦੀ ਸ਼ੁਰੂਆਤ ਪ੍ਰਿੰਸੀਪਲ, ਪ੍ਰੋਫ਼ੈਸਰ ਸਾਹਿਬਾਨ ਅਤੇ ਬੀ.ਐੱਡ. ਭਾਗ ਦੂਜਾ ਦੇ ਵਿਦਿਆਰਥੀਆਂ ਵੱਲੋਂ ਸਾਂਝੇ ਤੌਰ 'ਤੇ ਕੇਕ ਕੱਟ ਕੇ ਕੀਤੀ ਗਈ। ਅਧਿਆਪਕ ਦਿਵਸ ਦੀ ਮੁਬਾਰਕਬਾਦ ਦਿੰਦਿਆਂ ਪ੍ਰਿੰਸੀਪਲ ਡਾ. ਰਾਜੇਸ਼ ਮੋਹਨ ਨੇ ਇਸ ਦਿਨ ਦੀ ਇਤਿਹਾਸਕ ਅਤੇ ਸਮਾਜਿਕ ਮਹੱਤਤਾ 'ਤੇ ਚਾਨਣਾ ਪਾਇਆ।ਸਮਾਗਮ ਦੌਰਾਨ ਪ੍ਰੋ. ਬੀਰਇੰਦਰਜੀਤ ਸਿੰਘ, ਪ੍ਰੋ. ਜਸਬੀਰ ਕੌਰ, ਪ੍ਰੋ. ਰਿਮੀ, ਡਾ. ਰੁਪਿੰਦਰਜੀਤ ਕੌਰ, ਪ੍ਰੋ. ਰਣਜੀਤ ਸਿੰਘ ਬਾਜਵਾ, ਪ੍ਰੋ. ਰਾਜੇਸ਼ਵਰੀ ਦੇਵੀ ਸਮੇਤ ਵਿਦਿਆਰਥੀਆਂ ਪ੍ਰਿਯੰਕਾ, ਜਸ਼ਨਪ੍ਰੀਤ ਕੌਰ ਅਤੇ ਜਸਪ੍ਰੀਤ ਕੌਰ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ। ਵਿਦਿਆਰਥਣ ਜਸਪਿੰਦਰ ਕੌਰ ਨੇ ਆਪਣੀ ਸੁਰੀਲੀ ਆਵਾਜ਼ ਵਿੱਚ ਪੰਜਾਬੀ ਸੱਭਿਆਚਾਰਕ ਗੀਤ ਪੇਸ਼ ਕਰਕੇ ਸਮਾਗਮ ਵਿੱਚ ਰੰਗ ਬੰਨ੍ਹਿਆ। ਮੰਚ ਸੰਚਾਲਨ ਦੀ ਭੂਮਿਕਾ ਪ੍ਰੋ. ਬੀਰਇੰਦਰਜੀਤ ਸਿੰਘ ਨੇ ਬਾਖ਼ੂਬੀ ਨਿਭਾਈ।ਸਮਾਗਮ ਵਿੱਚ ਪ੍ਰਿੰਸੀਪਲ ਡਾ. ਰਾਜੇਸ਼ ਮੋਹਨ ਅਤੇ ਸਮੂਹ ਸਟਾਫ਼ ਵੱਲੋਂ ਪ੍ਰੋ. ਰਾਜੇਸ਼ਵਰੀ ਦੇਵੀ ਨੂੰ ਕਾਲਜ ਵਿਖੇ ਨਿਭਾਈਆਂ 25 ਸਾਲਾਂ ਦੀਆਂ ਸ਼ਾਨਦਾਰ ਅਧਿਆਪਨ ਸੇਵਾਵਾਂ ਬਦਲੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ ਅਤੇ ਵਧਾਈ ਦਿੱਤੀ ਗਈ।

ਇਸ ਮੌਕੇ ਪ੍ਰੋ. ਸੰਦੀਪ ਸਿੰਘ, ਪ੍ਰੋ. ਸੁਖਪਾਲ ਕੌਰ, ਪ੍ਰੋ. ਰਤਨ ਲਾਲ, ਸ਼੍ਰੀਮਤੀ ਅਮਨਦੀਪ ਕੌਰ, ਸ਼੍ਰੀਮਤੀ ਕਰਮਜੀਤ ਕੌਰ ਸਮੇਤ ਸਮੂਹ ਸਟਾਫ਼ ਅਤੇ ਵਿਦਿਆਰਥੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ

## ਸੜਕ ਬੰਦ ਹੋਣ ਕਾਰਨ ਵਾਪਰੇ ਹਾਦਸੇ 'ਚ ਨੌਜਵਾਨ ਗੰਭੀਰ ਜ਼ਖਮੀ



ਜੈਂਤੀਪੁਰ ( ਸੁਖਬੀਰ ਸਿੱਧੂ) - ਕਸਬੇ ਦੇ ਨਜਦੀਕੀ ਪੈਂਦੇ ਪਿੰਡ ਤਲਵੰਡੀ ਖੁੰਮਣ ਦੇ ਮੋੜ ਸਾਹਮਣੇ ਲਹਿਰਕਾ ਮੋੜ ਤੋਂ ਟਾਹਲੀ ਸਾਹਿਬ ਨੂੰ ਜਾਂਦੀ ਸੜਕ ਨੂੰ ਬੰਦ ਕਰਨ ਕਾਰਨ ਆਰਜੀ ਚਲਾਏ ਗਏ ਰਸਤੇ ਉੱਪਰ ਵੱਡਾ ਹਾਦਸਾ ਵਾਪਰਿਆ ਹੈ, ਜਿਸ ਕਾਰਨ ਇਕ ਨੌਜਵਾਨ ਗੰਭੀਰ ਰੂਪ ਵਿਚ ਜ਼ਖਮੀ ਹੋ ਗਿਆ।

ਨੌਜਵਾਨ ਟਰਾਲੀ ਟਰੈਕਟਰ ਉੱਪਰ ਪਰਾਲੀ ਦੀਆਂ ਗੱਠਾਂ ਲੈ ਕੇ ਰੋਜ਼ਾਨਾ ਦੀ ਤਰ੍ਹਾਂ ਜਾ ਰਿਹਾ ਸੀ, ਜਦੋਂ ਉਸ ਨੂੰ ਬਦਲਵੇਂ ਕੱਚੇ ਰਸਤੇ ਉਪਰੋਂ ਲੰਘਣਾ ਪਿਆ, ਜਿੱਥੇ ਟਰਾਲੀ ਟਰੈਕਟਰ ਡੂੰਘੇ ਟੋਇਆ ਵਿਚ ਪਲਟ ਗਿਆ। ਜਿਸ ਕਾਰਨ ਨੌਜਵਾਨ ਬੁਰੀ ਤਰ੍ਹਾਂ ਜਖਮੀ ਹੋ ਗਿਆ ।

ਲੋਕਾਂ ਦਾ ਦੋਸ਼ ਹੈ ਕਿ ਸਬੰਧਤ ਮਹਿਕਮੇ ਵਲੋਂ ਇਹ ਸੜਕ ਬਹੁਤ ਘਟੀਆ ਮਟੀਰੀਅਲ ਨਾਲ ਬਣਾਈ ਗਈ ਹੈ ਤੇ ਆਪਣੀ ਚੋਰੀ ਨੂੰ ਛੁਪਾਉਣ ਲਈ ਰਸਤਾ ਬੰਦ ਕੀਤਾ ਹੋਇਆ ਹੈ। ਇਸ ਸਬੰਧੀ ਪੀ ਡਬਲਯੂ ਡੀ ਮਹਿਕਮੇ ਦੇ ਐਸ ਡੀ ਓ ਸਰਬਜੀਤ ਸਿੰਘ ਨਾਲ ਸੰਪਰਕ ਕੀਤਾ ਤਾਂ ਉਨ੍ਹਾਂ ਕਿਹਾ ਕਿ ਇਹ ਸੜਕ ਸਾਡੇ ਮਹਿਕਮੇ ਵਲੋਂ ਨਹੀਂ ਬਣਾਈ ਗਈ ਹੈ।

ਇਹ ਸੜਕ ਮੰਡੀ ਬੋਰਡ ਵਿਭਾਗ ਵੱਲੋਂ ਬਣਾਈ ਗਈ ਹੈ, ਜਦ ਮੰਡੀ ਬੋਰਡ ਦੇ ਜੇ.ਈ ਹਰਪ੍ਰੀਤ ਸਿੰਘ ਨਾਲ ਸੰਪਰਕ ਕੀਤਾ ਤਾਂ ਉਨ੍ਹਾਂ ਕਿਹਾ ਕਿ ਇਹ ਸੜਕ ਪੀ.ਡਬਲ.ਯੂ ਡੀ ਮਹਿਕਮੇ ਵੱਲੋਂ ਬਣਾਈ ਗਈ ਹੈ।

## ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ ਵੱਲੋਂ ਵਿਧਾਨ ਸਭਾ ਬੂਥਾਂ ਦਾ ਦੌਰਾ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ, ਵਿਧਾਨ ਸਭਾ ਚੋਣ ਹਲਕਾ 15-ਅੰਮ੍ਰਿਤਸਰ ਉੱਤਰੀ-ਕਮ-ਵਧੀਕ ਮੁੱਖ ਪ੍ਰਸ਼ਾਸਕ, ਅੰਮ੍ਰਿਤਸਰ ਵਿਕਾਸ ਅਥਾਰਟੀ, ਸ੍ਰੀਮਤੀ ਇਨਾਇਤ, ਪੀ.ਸੀ.ਐੱਸ. ਵੱਲੋਂ ਐਤਵਾਰ ਨੂੰ ਵਿਧਾਨ ਸਭਾ ਹਲਕੇ ਦੇ ਵੱਖ-ਵੱਖ ਬੂਥਾਂ ਦਾ ਦੌਰਾ ਕਰਕੇ ਐਸ.ਆਈ.ਆਰ. ਤਹਿਤ ਲਗਾਏ ਗਏ ਕੈਂਪਾਂ ਦਾ ਜਾਇਜ਼ਾ ਲਿਆ ਗਿਆ। ਇਸ ਮੌਕੇ ਬਾਬਾ ਈਸ਼ਰ ਸਿੰਘ ਨਾਨਕਸਰ ਸਕੂਲ ਵਿਖੇ ਸਥਾਪਿਤ ਬੂਥਾਂ ਦੀ ਵੀ ਚੈਕਿੰਗ ਕੀਤੀ ਗਈ।

ਇਸ ਮੌਕੇ ਸੈਕਟਰ ਅਫ਼ਸਰ ਸ੍ਰੀ ਅਭਿਸ਼ੇਕ ਅਤੇ ਚੋਣ ਕਾਨੂੰਗੋ ਸ੍ਰੀ ਵਰਿੰਦਰ ਸ਼ਰਮਾ ਵੀ ਹਾਜ਼ਰ ਸਨ।ਸ੍ਰੀਮਤੀ ਇਨਾਇਤ ਨੇ ਬੂਥਾਂ 'ਤੇ ਲਗਾਏ ਗਏ ਕੈਂਪਾਂ ਦਾ ਨਿਰੀਖਣ ਕਰਦਿਆਂ ਉੱਥੇ ਮੌਜੂਦ ਵੋਟਰਾਂ ਨਾਲ ਐਸ.ਆਈ.ਆਰ. ਸਬੰਧੀ ਗੱਲਬਾਤ ਕੀਤੀ ਅਤੇ ਉਨ੍ਹਾਂ ਨੂੰ ਵੋਟਰ ਸੂਚੀ ਦੀ ਸੁਧਾਈ ਨਾਲ ਸਬੰਧਤ ਪ੍ਰਕਿਰਿਆ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਵੱਲੋਂ ਬੂਥ ਲੈਵਲ ਅਫ਼ਸਰਾਂ (ਬੀ.ਐੱਲ.ਓਜ਼) ਨੂੰ ਹਦਾਇਤ ਕੀਤੀ ਗਈ ਕਿ ਕੈਂਪਾਂ ਵਿੱਚ ਆਉਣ ਵਾਲੇ ਹਰੇਕ ਵੋਟਰ ਦੀ ਪੂਰੀ ਸਹਾਇਤਾ ਕੀਤੀ ਜਾਵੇ ਅਤੇ ਉਨ੍ਹਾਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਯੋਗ ਵੋਟਰ ਦਾ ਨਾਮ ਵੋਟਰ ਸੂਚੀ ਵਿੱਚ ਸ਼ਾਮਲ ਨਹੀਂ ਹੈ ਤਾਂ ਉਸ ਨੂੰ ਦਰਜ ਕਰਵਾਉਣ ਦੀ ਪ੍ਰਕਿਰਿਆ ਅਤੇ ਲੋੜੀਂਦੇ ਦਸਤਾਵੇਜ਼ਾਂ ਬਾਰੇ ਪੂਰੀ ਜਾਣਕਾਰੀ ਦਿੱਤੀ ਜਾਵੇ।

## ਸਚਿਨ ਪਾਇਲਟ ਨੂੰ ਪੰਜਾਬ ਮਾਮਲਿਆਂ ਦਾ ਇੰਚਾਰਜ ਬਣਾਉਣ ਦਾ ਕਰਨ ਬੁਰਜ ਨੇ ਕੀਤਾ ਸਵਾਗਤ



ਝਬਾਲ ( ਮੱਖਣ ਮਨੋਜ ) - ਕਾਂਗਰਸ ਹਾਈ ਕਮਾਂਡ ਵੱਲੋਂ ਰਾਜਸਥਾਨ ਦੇ ਸਾਬਕਾ ਉਪ ਮੁੱਖ ਮੰਤਰੀ ਅਤੇ ਕਾਂਗਰਸ ਦੇ ਸੀਨੀਅਰ ਆਗੂ ਸ੍ਰੀ ਸਚਿਨ ਪਾਇਲਟ ਨੂੰ ਪੰਜਾਬ ਮਾਮਲਿਆਂ ਦਾ ਇੰਚਾਰਜ ਨਿਯੁਕਤ ਕੀਤੇ ਜਾਣ ਦਾ ਹਲਕਾ ਤਰਨ ਤਾਰਨ ਦੇ ਕਾਂਗਰਸ ਇੰਚਾਰਜ ਸ੍ਰੀ ਕਰਨਬੀਰ ਸਿੰਘ ਬੁਰਜ ਨੇ ਸਵਾਗਤ ਕੀਤਾ ਹੈ।ਉਨ੍ਹਾਂ ਕਿਹਾ ਕਿ ਸ੍ਰੀ ਪਾਇਲਟ ਦੀ ਨਿਯੁਕਤੀ ਨਾਲ ਪੰਜਾਬ ਕਾਂਗਰਸ ਨੂੰ ਨਵੀਂ ਦਿਸ਼ਾ, ਮਜ਼ਬੂਤੀ ਅਤੇ ਊਰਜਾ ਮਿਲੇਗੀ। ਬੁਰਜ ਨੇ ਕਿਹਾ ਕਿ ਸਚਿਨ ਪਾਇਲਟ ਇੱਕ ਤਜਰਬੇਕਾਰ, ਨੌਜਵਾਨ ਅਤੇ ਲੋਕਾਂ ਨਾਲ ਜੁੜੇ ਹੋਏ ਆਗੂ ਹਨ। ਉਨ੍ਹਾਂ ਨੇ ਆਪਣੇ ਰਾਜਨੀਤਿਕ ਸਫ਼ਰ ਦੌਰਾਨ ਪਾਰਟੀ ਨੂੰ ਮਜ਼ਬੂਤ ਕਰਨ ਲਈ ਅਹਿਮ ਭੂਮਿਕਾ ਨਿਭਾਈ ਹੈ।

ਉਨ੍ਹਾਂ ਦੀ ਸੰਗਠਨਾਤਮਕ ਸਮਰੱਥਾ ਅਤੇ ਜ਼ਮੀਨੀ ਪੱਧਰ 'ਤੇ ਵਰਕਰਾਂ ਨਾਲ ਤਾਲਮੇਲ ਬਣਾਉਣ ਦੀ ਯੋਗਤਾ ਦਾ ਪੰਜਾਬ ਕਾਂਗਰਸ ਨੂੰ ਲਾਭ ਮਿਲੇਗਾ।ਉਨ੍ਹਾਂ ਸ੍ਰੀ ਸਚਿਨ ਪਾਇਲਟ ਨੂੰ ਨਵੀਂ ਜ਼ਿੰਮੇਵਾਰੀ ਲਈ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਪੰਜਾਬ ਕਾਂਗਰਸ ਦਾ ਹਰ ਵਰਕਰ ਉਨ੍ਹਾਂ ਨਾਲ ਪੂਰਾ ਸਹਿਯੋਗ ਕਰੇਗਾ।

## ਬਾਬਾ ਗੁੱਗਾ ਜਾਹਰ ਪੀਰ ਦਾ ਸਾਲਾਨਾ ਜੋੜ ਮੇਲਾ ਕਰਵਾਇਆ



ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ) - ਸਥਾਨਕ ਕਿਲਾ ਕਲੋਨੀ ਵਿਖੇ ਬਾਬਾ ਗੁੱਗਾ ਜਾਹਰ ਪੀਰ ਦਾ ਸਾਲਾਨਾ ਜੋੜ ਮੇਲਾ ਦਰਬਾਰ ਦੇ ਮੁੱਖ ਸੇਵਾਦਾਰ ਬਾਬਾ ਪਿੰਟੂ ਸ਼ਾਹ ਦੀ ਅਗਵਾਈ ਹੇਠ ਧੂਮ-ਧਾਮ ਨਾਲ ਕਰਵਾਇਆ ਗਿਆ। ਮੇਲੇ ਤੋਂ ਇੱਕ ਦਿਨ ਪਹਿਲਾਂ ਮਹਿੰਦੀ ਡੋਰੀ ਅਤੇ ਝੰਡਾ ਚੜ੍ਹਾਉਣ ਦੀ ਰਸਮ ਅਦਾ ਕੀਤੀ ਗਈ। ਮੇਲੇ ਵਿੱਚ ਜਿੱਥੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਪਹੁੰਚ ਕੇ ਮੱਥਾ ਟੇਕਿਆ, ਉੱਥੇ ਹੀ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਜੋਬਨ ਰੰਧਾਵਾ ਵੀ ਆਪਣੇ ਸਾਥੀਆਂ ਸਮੇਤ ਦਰਬਾਰ ਵਿਖੇ ਨਤਮਸਤਕ ਹੋਏ। ਬਾਬਾ ਪਿੰਟੂ ਸ਼ਾਹ ਵੱਲੋਂ ਜੋਬਨ ਰੰਧਾਵਾ ਅਤੇ ਉਨ੍ਹਾਂ ਦੇ ਸਾਥੀਆਂ ਨੂੰ ਸਨਮਾਨਿਤ ਕੀਤਾ ਗਿਆ। ਜੋਬਨ ਰੰਧਾਵਾ ਨੇ ਬਾਬਾ ਪਿੰਟੂ ਸ਼ਾਹ ਅਤੇ ਸਮੂਹ ਸੇਵਾਦਾਰਾਂ ਨੂੰ ਮੇਲੇ ਦੀ ਵਧਾਈ ਦਿੱਤੀ। ਮੇਲੇ ਵਿੱਚ ਲੱਕੀ ਅਲੀ ਅਤੇ ਗੁਰਪ੍ਰੀਤ ਬਖ਼ਸ਼ੀ ਕਵਾਲ ਪਾਰਟੀਆਂ ਨੇ ਰੰਗ ਬੰਨ੍ਹਦਿਆਂ ਬਾਬਾ ਜੀ ਦੀ ਮਹਿਮਾ ਦਾ ਗੁਣਗਾਨ ਕੀਤਾ।

ਇਸ ਮੇਲੇ ਵਿੱਚ ਮਾਨ ਸੈਂਡਵਾਲ ਤੋਂ ਦਰਬਾਰ ਬਾਬਾ ਸ਼ਾਹ ਮੁਰਾਲੀ ਦੇ ਮੁੱਖ ਸੇਵਾਦਾਰ ਅਜੇਪਾਲ ਸ਼ਾਹ, ਬਾਬਾ ਮੀਆਂ ਲਾਲ ਦਰਬਾਰ ਤੋਂ ਮੁੱਖ ਸੇਵਾਦਾਰ ਸੁਖਵਿੰਦਰ ਕੌਰ, ਬਾਬਾ ਜੱਗਾ ਸ਼ਾਹ ਚਿਤੌੜਗੜ੍ਹ ਅਤੇ ਹੋਰ ਸ਼ਖ਼ਸੀਅਤਾਂ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਈਆਂ।

## ਸਕੂਲ ਦਾ ਤਿੰਨ ਘੰਟੇ ਗੇਟ ਰਿਹਾ ਬੰਦ, ਬੀ ਐੱਲ ਓ ਨੇ ਸਕੂਲ ਦੇ ਬਾਹਰ ਖੜ ਕੇ ਬਣਾਈਆਂ ਵੋਟਾਂ



ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)-ਚੋਣ ਕਮਿਸ਼ਨ ਤੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਅਦਿਤਿਆ ਫਤਿਹਗੜ ਚੂੜੀਆਂ ਦੇ ਐੱਲ ਐੱਮ ਐੱਸ ਡੀ ਸੀਨੀਅਰ ਸਕੈਂਡਰੀ ਸਕੂਲ ਵਿਖੇ ਵੋਟਾਂ ਬਣਾਉਂਣ ਲਈ ਕੈਂਪ ਲੱਗਣਾ ਸੀ ਪਰ ਸਕੂਲ ਦਾ ਮੇਨ ਗੇਟ ਬੰਦ ਹੋਣ ਕਾਰਨ ਬੂਥ 36, 37 ਅਤੇ 38 ਦੇ ਬੀ ਐਲ ਓ ਹਿੰਮਤ ਕੁਮਾਰ, ਗੁਰਮੀਤ ਸਿੰਘ ਅਤੇ ਰਸ਼ਪਾਲ ਸਿੰਘ ਜੋ ਵੋਟਾਂ ਬਨਾਣ ਲਈ ਸਵੇਰੇ ਟਾਈਮ ਨਾਲ ਸਕੂਲ ਮੇਨ ਗੇਟ ਤੇ ਪਹੁੰਚ ਗਏ ਸਨ ਪਰ ਸਕੂਲ ਦਾ ਗੇਟ ਬੰਦ ਹੋਣ ਕਾਰਨ ਉਨਾਂ ਨੂੰ ਗੇਟ ਦੇ ਬਾਹਰ ਗੱਡੀ 'ਚ ਹੀ ਖੜਕੇ ਵੋਟਾਂ ਦੇ ਫਾਰਮ ਭਰਨੇ ਪਏ ਜਿਸ ਨਾਲ ਬੀ ਐੱਲ ਓ ਅਤੇ ਵੋਟਾਂ ਬਨਾਣ ਆਏ ਲੋਕਾਂ ਕਾਫੀ ਪ੍ਰੇਸ਼ਾਨ ਹੋਏ। ਇਸ ਮੌਕੇ ਵੋਟਾਂ ਬਣਾਓਣ ਆਏ ਲੋਕਾਂ ਕਿਹਾ ਕਿ ਉਹ ਪ੍ਰਸ਼ਾਸਨ ਦੀ ਗਲਤੀ ਕਾਰਨ ਸਵੇਰ ਤੋਂ ਹੀ ਖਜਲ ਖੁਆਰ ਹੋ ਰਹੇ ਹਨ।ਇਸ ਸੰਬੰਧੀ ਚੋਣ ਇੰਚਾਰਜ ਰਾਜੀਵ ਦੁੱਗਲ ਨਾਲ ਗੱਲ ਕੀਤੀ ਤਾਂ ਉਨਾਂ ਕਿਹਾ ਕਿ ਉਨਾਂ ਦੇ ਧਿਆਨ ਵਿਚ ਮਾਮਲਾ ਆਇਆ ਹੈ ਅਤੇ ਇਸ ਦੀ ਜਾਣਕਾਰੀ ਫਤਿਹਗੜ ਚੂੜੀਆਂ ਦੇ ਐਸ ਡੀ ਐਮ ਨੂੰ ਦੇ ਦਿੱਤੀ ਗਈ ਹੈ ਅਤੇ ਇਸ ਵਿਰੁੱਧ ਵਿਭਾਗੀ ਕਾਰਵਾਈ ਲਿਖਤੀ ਭੇਜ ਦਿੱਤਾ ਗਿਆ ਹੈ।

## ਕਾਂਗਰਸ ਦਾ ਚੰਡੀਗੜ੍ਹ ਵਾਲਾ ਧਰਨਾ ਸਰਕਾਰ ਨੂੰ ਹਿੱਲਾ ਕੇ ਰੱਖ ਦੇਵੇਗਾ : ਗਿੱਲ ਬੇਰ ਕਲਾਂ



ਦੋਰਾਹਾ, (ਹਰਮਿੰਦਰ ਸੇਠ)-ਬਲਾਕ ਕਾਂਗਰਸ ਮਲੌਦ ਦੇ ਪ੍ਰਧਾਨ ਤੇ ਸਾਬਕਾ ਬਲਾਕ ਸੰਮਤੀ ਮੈਂਬਰ ਗੁਰਮੇਲ ਸਿੰਘ ਗਿੱਲ ਬੇਰਕਲਾਂ ਨੇ ਪਿੰਡ ਰਾਮਗੜ੍ਹ ਸਰਦਾਰਾ ਵਿਖੇ ਪੰਜਾਬ ਕਾਂਗਰਸ ਵੱਲੋਂ ਮੁੱਖ ਮੰਤਰੀ ਭਗਵੰਤ ਮਾਨ ਖਿਲਾਫ 8 ਸਤੰਬਰ ਨੂੰ ਚੰਡੀਗੜ੍ਹ ਵਿਖੇ ਦਿੱਤੇ ਜਾ ਰਹੇ ਰੋਸ ਧਰਨੇ ਨੂੰ ਲੈ ਕੇ ਮੀਟਿੰਗ ਕੀਤੀ ਗਈ। ਉਨ੍ਹਾਂ ਕਾਂਗਰਸੀ ਵਰਕਰਾਂ ਨੂੰ ਰੋਸ ਧਰਨੇ ਸਬੰਧੀ ਲਾਮਬੰਦ ਕੀਤਾ ਤੇ ਧਰਨੇ ਵਿੱਚ ਪੁੱਜਣ ਦੀ ਅਪੀਲ ਕੀਤੀ। ਉਨ੍ਹਾ ਕਿਹਾ ਕਿ ਆਮ ਆਦਮੀ ਪਾਰਟੀ ਦੇ ਆਗੂ ਸਰਕਾਰ ਬਨਣ ਤੋਂ ਪਹਿਲਾਂ ਪੰਜਾਬ ਦੇ ਲੋਕਾਂ ਨੂੰ ਸਿਆਸੀ ਪਾਰਟੀਆਂ ਤੋਂ ਸਵਾਲ ਜਵਾਬ ਕਰਨ ਲਈ ਕਹਿੰਦੇ ਸਨ, ਪਰ ਹੁਣ ਜਦੋਂ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ ਤੋਂ ਸਵਾਲ ਜਵਾਬ ਪੁੱਛ ਰਹੇ ਹਨ ਤਾਂ ਉਨ੍ਹਾਂ ਦੀ ਆਵਾਜ਼ ਨੂੰ ਡੰਡਾਤੰਤਰ ਨਾਲ ਦਬਾਇਆ ਜਾ ਰਿਹਾ ਹੈ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਨਿਰਭੈ ਸਿੰਘ ਬੇਰਕਲਾਂ ਜਰਨਲ ਸਕੱਤਰ, ਗੁਰਪ੍ਰੀਤ ਸਿੰਘ ਚੋਪੜਾ ਮੀਡੀਆ ਇੰਚਾਰਜ, ਜਗਰੂਪ ਸਿੰਘ ਫੌਜੀ, ਬਲਜੀਤ ਸਿੰਘ ਰਾਮਗੜ੍ਹ ਸਰਦਾਰਾ, ਗੋਰਾ ਸਿੰਘ ਪੰਚ, ਦੀਪਾ ਸਿੰਘ, ਮੇਘ ਸਿੰਘ ਬੇਰਕਲਾਂ ਸਕੱਤਰ, ਸੋਨੀ ਮਦਨੀਪੁਰ ਤੋਂ ਇਲਾਵਾ ਹੋਰ ਵੀ ਹਾਜ਼ਰ ਸਨ।

## ਗਰੁੱਪ ਕਮਾਂਡਰ ਵੱਲੋਂ ਐੱਨ ਸੀ ਸੀ ਕੈਂਪ ਦਾ ਨਿਰੀਖਣ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਬਾਬਾ ਕੁੰਮਾ ਸਿੰਘ ਇੰਜੀਨੀਅਰਿੰਗ ਕਾਲਜ ਸਤਲਾਣੀ ਸਾਹਿਬ ਵਿਖੇ ਫਸਟ ਪੰਜਾਬ ਬਟਾਲੀਅਨ ਐਨ ਸੀ ਸੀ ਦੇ ਅਧੀਨ ਚੱਲ ਰਹੇ 10 ਰੋਜ਼ਾ ਕੈਂਪ ਦੇ ਦੌਰਾਨ ਐਤਵਾਰ ਨੂੰ ਗਰੁੱਪ ਕਮਾਂਡਰ ਬਰਗੇਡੀਅਰ ਕੁਲਬੀਰ ਸਿੰਘ, ਅੰਮ੍ਰਿਤਸਰ ਗਰੁੱਪ ਵੱਲੋਂ ਅਚਨਚੇਤ ਕੈਂਪ ਦਾ ਨਿਰੀਖਣ ਕੀਤਾ ਗਿਆ।

ਕੈਂਪ ਵਿਖੇ ਪਹੁੰਚਣ 'ਤੇ ਉਹਨਾਂ ਦਾ ਸਵਾਗਤ ਕੈਂਪ ਕਮਾਂਡੈਂਟ ਕਰਨਲ ਜੀ ਐਸ ਸਿੰਘ ਵੱਲੋਂ ਕੀਤਾ ਗਿਆ। ਇਸ ਮੌਕ ਬਰਗੇਡੀਅਰ ਕੁਲਬੀਰ ਸਿੰਘ ਵੱਲੋਂ ਕੰਬਾਇੰਡ ਐਨੂਅਲ ਟਰੇਨਿੰਗ ਕੈਂਪ ਵਿੱਚ ਮੌਜੂਦ ਰਿਪਬਲਿਕ ਡੇ ਪਰੇਡ ਦੀ ਸਲੈਕਸ਼ਨ ਲਈ ਪਹੁੰਚੇ ਐਨ ਸੀ ਸੀ ਕੈਡਿਟਾਂ ਨਾਲ ਮੁਲਾਕਾਤ ਕੀਤੀ ਗਈ । ਉਹਨਾਂ ਨੇ ਕੈਡਿਟਾਂ ਨੂੰ ਸੰਬੋਧਨ ਕਰਦੇ ਹੋਏ ਦੱਸਿਆ ਕਿ ਕੈਡਟ ਆਪਣੇ ਜਜ਼ਬੇ ਅਤੇ ਸਖਤ ਮਿਹਨਤ ਕਰਕੇ ਰਿਪਬਲਿਕ ਡੇ ਪਰੇਡ ਵਿੱਚ ਭਾਗ ਲੈ ਸਕਦੇ ਹਨ। ਇਹਨਾਂ ਵਿਦਿਆਰਥੀਆਂ ਦੀ ਟ੍ਰੇਨਿੰਗ ਕਰਵਾ ਰਹੇ ਸਟਾਫ ਨੂੰ ਉਹਨਾਂ ਨੇ ਕੁਝ ਜਰੂਰੀ ਹਦਾਇਤਾਂ ਵੀ ਦਿੱਤੀਆਂ।

ਕਰਨਲ ਜੀ ਐਸ ਸਿੰਘ ਨੇ ਗਰੁੱਪ ਕਮਾਂਡਰ ਸਾਹਿਬ ਨੂੰ ਕੈਂਪ ਦੀ ਬਰੀਫਿੰਗ ਰਿਪੋਰਟ ਪੇਸ਼ ਕੀਤੀ ਅਤੇ ਨਾਲ ਹੀ ਕੈਂਪ ਦੌਰਾਨ ਕਰਾਈਆਂ ਜਾ ਰਹੀਆਂ ਵੱਖ-ਵੱਖ ਗਤੀਵਿਧੀਆਂ ਬਾਰੇ ਵਿਸਥਾਰ ਨਾਲ ਦੱਸਿਆ। ਇਸ ਮੌਕੇ ਉਹਨਾਂ ਨਾਲ ਸੂਬੇਦਾਰ ਮੇਜਰ ਲਾਭ ਸਿੰਘ ਐਨ ਸੀ ਸੀ ਅਫਸਰ ਸੁਖਪਾਲ ਸਿੰਘ ਸੰਧੂ, ਸੂਬੇਦਾਰ ਬਲਜਿੰਦਰ ਸਿੰਘ ਨੈਬ ਸੂਬੇਦਾਰ ਪ੍ਰਗਟ ਸਿੰਘ, ਬੀ ਐਚ ਐਮ ਮਲਕੀਤ ਸਿੰਘ ਆਦਿ ਹਾਜ਼ਰ ਸਨ।

## ਸੰਤ ਬਾਬਾ ਕੁੰਦਨ ਸਿੰਘ ਪੰਜਵੜ ਵਾਲਿਆਂ ਦੇ ਬਰਸੀ ਸਮਾਗਮ 13 ਨੂੰ

ਝਬਾਲ (ਹਰਜਿੰਦਰ ਸਿੰਘ ਸੋਨੀ)- ਬ੍ਰਹਮ ਗਿਆਨੀ ਸੱਚਖੰਡ ਵਾਸੀ ਸ੍ਰੀ ਮਾਨ ਸੰਤ ਬਾਬਾ ਕੁੰਦਨ ਸਿੰਘ ਪੰਜਵੜ ਵਾਲਿਆਂ ਦੇ 32ਵੇਂ ਸਾਲਾਨਾ ਬਰਸੀ ਸਮਾਗਮ ਗੁਰਦੁਆਰਾ ਸੰਤ ਸਰ ਸਾਹਿਬ ਪੰਜਵੜ ਜਿਲਾ ਤਰਨਤਾਰਨ ਵਿਖੇ 13 ਸਤੰਬਰ ਦਿਨ ਐਤਵਾਰ ਨੂੰ ਜਥੇਦਾਰ ਸੰਤ ਬਾਬਾ ਸੁਲੱਖਣ ਸਿੰਘ ਪੰਜਵੜ ਕਾਰ ਸੇਵਾ ਸੰਪ੍ਰਦਾਇ ਪੰਜਵੜ ਵਾਲਿਆਂ ਦੀ ਅਗਵਾਈ ਹੇਠ ਪਿੰਡ ਪੰਜਵੜ ਅਤੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਦੇ ਪੂਰਨ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਤੇ ਸਤਿਕਾਰ ਨਾਲ ਮਨਾਏ ਜਾ ਰਹੇ ਹਨ।

ਮਨਾਏ ਜਾ ਰਹੇ ਬਰਸੀ ਸਮਾਗਮ ਸਬੰਧੀ ਜਾਣਕਾਰੀ ਦਿੰਦਿਆਂ ਸੰਤ ਬਾਬਾ ਸੁਲੱਖਣ ਸਿੰਘ ਪੰਜਵੜ ਵਾਲਿਆ ਨੇ ਦੱਸਿਆ 11 ਸਤੰਬਰ ਦਿਨ ਸ਼ੁਕਰਵਾਰ ਨੂੰ ਜੁਗੋ ਜੁਗ ਅਟੱਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰੰਭਤਾ ਹੋਵੇਗੀ ਜਿੰਨਾ ਦੇ ਭੋਗ 13 ਸਤੰਬਰ ਦਿਨ ਐਤਵਾਰ ਨੂੰ ਪਾਏ ਜਾਣਗੇ। ਉਪਰੰਤ ਸਜਾਏ ਗਏ ਧਾਰਮਿਕ ਦੀਵਾਨ ਵਿੱਚ ਜਿੱਥੇ ਪੰਥ ਦੇ ਪ੍ਰਸਿੱਧ ਰਾਗੀ ਢਾਡੀ ਤੇ ਕਵੀਸ਼ਰੀ ਜਥੇ ਗੁਰੂ ਜੱਸ ਨਾਲ ਸੰਗਤਾਂ ਨੂੰ ਨਿਹਾਲ ਕਰਨਗੇ ਉੱਥੇ ਹੀ ਵਿਸ਼ੇਸ਼ ਤੌਰ ਤੇ ਸਿੰਘ ਸਾਹਿਬਾਨ, ਸੰਤ ਮਹਾਂਪੁਰਸ਼, ਨਿਹੰਗ ਸਿੰਘ ਜਥੇਬੰਦੀਆਂ ਦੇ ਮੁਖੀ, ਨਿਰਮਲੇ ਸੰਤ ਮਹਾਂਪੁਰਸ਼ ਹਾਜ਼ਰੀਆਂ ਭਰਨ ਲਈ ਪੁੱਜਣਗੇ।ਜਦ ਕਿ ਵੱਖ ਵੱਖ ਪਕਵਾਨਾਂ ਦੇ ਗੁਰੂ ਦੇ ਲੰਗਰ ਅਤੁੱਟ ਵਰਤਾਏ ਜਾਣਗੇ ਅਤੇ ਸ਼ਾਮ ਵੇਲੇ ਕਬੱਡੀ ਦੀਆਂ ਪ੍ਰਸਿੱਧ ਟੀਮਾਂ ਵਿਚਕਾਰ ਕਬੱਡੀ ਦੇ ਪ੍ਰਦਰਸ਼ਨੀ ਮੈਚ ਕਰਵਾਏ ਜਾਣਗੇ।

ਸੰਤ ਬਾਬਾ ਸੁਲੱਖਣ ਸਿੰਘ ਪੰਜਵੜ ਵਾਲਿਆਂ ਨੇ ਇਲਾਕੇ ਅਤੇ ਨਗਰ ਦੀਆਂ ਸਮੂਹ ਨਾਨਕ ਨਾਮ ਲੇਵਾ ਸੰਗਤਾਂ ਨੂੰ ਬੇਨਤੀ ਕੀਤੀ ਕਿ ਬਰਸੀ ਸਮਾਗਮ ਮੌਕੇ ਹੁੰਮ ਹੁਮਾ ਕੇ ਪਹੁੰਚਣ ਅਤੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਜਦਕਿ ਬਾਬਾ ਦੀਦਾਰ ਸਿੰਘ, ਸਾਬਕਾ ਸਰਪੰਚ ਬਾਬਾ ਗੁਲਾਬਬੀਰ ਸਿੰਘ, ਸੇਵਾਦਾਰ ਸੰਤੋਖ ਸਿੰਘ ਸਮੇਤ ਸੰਗਤਾਂ ਵੀ ਹਾਜ਼ਰ ਸਨ।

## ਦਿਸ਼ਾਂਤ ਰਾਣਾ ਨੇ ਨੀਟ ਪੇਪਰ ਪਾਸ ਕੀਤਾ



ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)-ਸ੍ਰੀ ਅਨੰਦਪੁਰ ਸਾਹਿਬ ਦੇ ਨਾਲਲਗਦੇ ਪਿੰਡ ਮੀਆਂਪੁਰ ਦੇ ਵਸਨੀਕ ਨਰਿੰਦਰ ਰਾਣਾ ਦੇ ਸਪੁੱਤਰ ਦਿਸ਼ਾਂਤ ਰਾਣਾ ਨੇ ਨੀਟ ਦੀ ਪ੍ਰੀਖਿਆ ਨੂੰ ਪਾਸ ਕਰ ਕੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ ਹੈ।

ਇਸ ਮੌਕੇ ਪਿੰਡ ਦੇ ਸਰਪੰਚ ਮਨਿੰਦਰ ਰਾਣਾ, ਪਿਤਾ ਨਰਿੰਦਰ ਰਾਣਾ, ਮਾਤਾ ਤੇ ਦਾਦੀ ਨੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਅਤੇ ਬੱਚੇ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

ਇਸ ਮੌਕੇ ਜਨਰਲ ਸਕੱਤਰ ਪਰਦੀਪ ਕੋਟਲਾ, ਮੀਤ ਪ੍ਰਧਾਨ ਅਮਰ ਸੋਢੀ, ਸ਼ਾਂਤਨੂ,ਵਿਕਾਸ ਗਾਚਲੀ, ਜੋਬਨ ਸਿੰਘ, ਵਰਿੰਦਰ ਸਿੰਘ ਤੇ ਹੋਰ ਭਾਜਪਾ ਆਗੂ ਮੌਜੂਦ ਰਹੇ।

# ਸ੍ਰੀ ਗੁਰੂ ਰਵਿਦਾਸ ਮੰਦਰ ਦਾ ਰੱਖਿਆ ਨੀਂਹ ਪੱਥਰ



ਭਲਾਣ ਨੰਗਲ (ਹਰਭਜਨ ਸਿੰਘ ਢਿੱਲੋਂ)- ਸ੍ਰੀ ਗੁਰੂ ਰਵਿਦਾਸ ਮੰਦਰ ਪਿੰਡ ਮਹਿਲਵਾਂ ਵਿਖੇ ਗ੍ਰਾਮ ਪੰਚਾਇਤ, ਮੰਦਰ ਕਮੇਟੀ ਅਤੇ ਸਮੂਹ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਮੰਦਰ ਦੀ ਨਵੀਂ ਇਮਾਰਤ ਦਾ ਨੀਂਹ ਪੱਥਰ ਰੱਖਿਆ ਗਿਆ।

ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਸੰਤ ਵਿਜੇ ਦਾਸ ਭੁਨਾਮ ਵਾਲਿਆਂ ਵੱਲੋਂ ਵਿਧੀਪੂਰਵਕ ਪੂਜਾ-ਅਰਚਨਾ ਕਰਨ ਉਪਰੰਤ ਮੰਦਰ ਦਾ ਨੀਂਹ ਪੱਥਰ ਰੱਖਿਆ ਗਿਆ।

ਇਸ ਮੌਕੇ ਸੰਤ ਵਿਜੇ ਦਾਸ ਨੇ ਸ੍ਰੀ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ 'ਤੇ ਚੱਲਣ ਅਤੇ ਸਮਾਜ ਵਿੱਚ ਭਾਈਚਾਰਕ ਸਾਂਝ, ਪਿਆਰ ਤੇ ਏਕਤਾ ਨੂੰ ਮਜ਼ਬੂਤ ਕਰਨ ਦਾ ਸੰਦੇਸ਼ ਦਿੱਤਾ। ਉਨ੍ਹਾਂ ਕਿਹਾ ਕਿ ਧਾਰਮਿਕ ਸਥਾਨ ਸਾਨੂੰ ਸੇਵਾ, ਸਿਮਰਨ ਅਤੇ ਮਨੁੱਖਤਾ ਦੀ ਭਲਾਈ ਲਈ ਪ੍ਰੇਰਿਤ ਕਰਦੇ ਹਨ। ਇਸ ਸਮਾਗਮ ਦੌਰਾਨ ਪ੍ਰਧਾਨ ਚੌਧਰੀ ਮੋਹਨ ਲਾਲ, ਸਰਪੰਚ ਮਧੂਵਾਲਾ ਸਮੇਤ ਪਿੰਡ ਦੇ ਮੋਹਤਵਾਰ ਪਤਵੰਤੇ, ਪਿੰਡ ਵਾਸੀ ਅਤੇ ਸ੍ਰੀ ਗੁਰੂ ਰਵਿਦਾਸ ਮੰਦਰ ਕਮੇਟੀ ਦੇ ਸਮੂਹ ਮੈਂਬਰ ਹਾਜ਼ਰ ਸਨ।

ਸਮੂਹ ਹਾਜ਼ਰੀਨ ਨੇ ਮੰਦਰ ਦੀ ਉਸਾਰੀ ਦੇ ਕਾਰਜ ਲਈ ਖੁਸ਼ੀ ਪ੍ਰਗਟ ਕਰਦਿਆਂ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਇਸ ਮੌਕੇ ਮੰਦਰ ਕਮੇਟੀ ਦੇ ਮੈਂਬਰਾਂ ਨੇ ਕਿਹਾ ਕਿ ਮੰਦਰ ਦੀ ਉਸਾਰੀ ਦਾ ਕਾਰਜ ਸਮੂਹ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਨੇਪਰੇ ਚਾੜ੍ਹਿਆ ਜਾਵੇਗਾ ਤੇ ਇਹ ਧਾਰਮਿਕ ਸਥਾਨ ਇਲਾਕੇ ਦੀ ਸੰਗਤ ਲਈ ਸ਼ਰਧਾ ਦਾ ਕੇਂਦਰ ਬਣੇਗਾ।

## ਸ਼ਕਤੀ ਪਬਲਿਕ ਸਕੂਲ 'ਚ ਅਧਿਆਪਕ ਦਿਵਸ ਤੇ ਜਨਮ ਅਸ਼ਟਮੀ ਦਾ ਤਿਉਹਾਰ ਮਨਾਇਆ



ਦੋਰਾਹਾ (ਹਰਮਿੰਦਰ ਸਿੰਘ)- ਸ਼ਕਤੀ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੋਰਾਹਾ 'ਚ ਅਧਿਆਪਕ ਦਿਵਸ ਤੇ ਸ਼੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਤਿਉਹਾਰ ਮਨਾਇਆ ਗਿਆ।ਅਧਿਆਪਕ ਦਿਵਸ ਮੌਕੇ ਵਿਦਿਆਰਥੀਆਂ ਨੇ ਆਪਣੇ ਅਧਿਆਪਕਾਂ ਪ੍ਰਤੀ ਪਿਆਰ ਤੇ ਸਤਿਕਾਰ ਦਾ ਪ੍ਰਗਟਾਵਾ ਕਰਦਿਆਂ ਉਨ੍ਹਾਂ ਨੂੰ ਸੁੰਦਰ ਤੋਹਫੇ ਭੇਟ ਕੀਤੇ ਅਤੇ ਕੇਕ ਕੱਟ ਕੇ ਇਸ ਵਿਸ਼ੇਸ਼ ਦਿਨ ਦੀਆਂ ਖੁਸ਼ੀਆਂ ਸਾਂਝੀਆਂ ਕੀਤੀਆਂ।ਇਸੇ ਦੌਰਾਨ ਸ਼੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੇ ਮੌਕੇ ਵਿਦਿਆਰਥੀਆਂ ਵੱਲੋਂ ਸ਼੍ਰੀ ਕ੍ਰਿਸ਼ਨ ਜੀ ਦੇ ਜੀਵਨ ਤੇ ਸਿੱਖਿਆਵਾਂ ਨਾਲ ਸਬੰਧਤ ਰੰਗਾ-ਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ। ਬੱਚਿਆਂ ਦੀਆਂ ਮਨਮੋਹਕ ਪੇਸ਼ਕਾਰੀਆਂ ਨੇ ਸਾਰਿਆਂ ਦਾ ਮਨ ਮੋਹ ਲਿਆ। ਪ੍ਰੋਗਰਾਮ ਉਪਰੰਤ ਬੱਚਿਆਂ ਨੂੰ ਰੀਫਰੈਸ਼ਮੈਂਟ ਵੀ ਦਿੱਤੀ ਗਈ। ਇਸ ਮੌਕੇ ਪ੍ਰਿੰਸੀਪਲ ਜਤਿੰਦਰ ਸ਼ਰਮਾ ਤੇ ਵਾਇਸ ਪ੍ਰਿੰਸੀਪਲ ਨੀਰਜ ਸ਼ਰਮਾ ਨੇ ਵਿਦਿਆਰਥੀਆਂ ਨੂੰ ਅਧਿਆਪਕਾਂ ਦਾ ਸਤਿਕਾਰ ਕਰਨ ਤੇ ਸ਼੍ਰੀ ਕ੍ਰਿਸ਼ਨ ਜੀ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਸੁਮਨ ਸ਼ਰਮਾ, ਕਮਲੇਸ਼ ਸ਼ਰਮਾ, ਪਰਮਿੰਦਰ ਪਾਲ ਸਿੰਘ, ਰਾਜੀਵ ਵੈਦ ਤੇ ਸਮੂਹ ਸਟਾਫ ਮੈਂਬਰ ਮੌਜੂਦ ਸਨ।

## ਪੇਂਡੂ ਲਿੰਕ ਸੜਕਾਂ ਦੀ ਮੁਰੰਮਤ ਤੇ ਨਿਰਮਾਣ ਪਹਿਲ ਦੇ ਅਧਾਰ 'ਤੇ ਹੋਵੇਗਾ : ਅਮਨਦੀਪ ਸਿੰਘ ਬਾਬਾ



ਫਰੀਦਕੋਟ (ਐਲਿਗਜੈਂਡਰ ਡਿਸੂਜਾ) : ਪ੍ਰਮੁੱਖ ਗੈਰ-ਸਰਕਾਰੀ ਅਤੇ ਗੈਰ-ਰਾਜਨੀਤਕ ਸਮਾਜ ਸੇਵੀ ਸੰਸਥਾ ਲਾਰਡ ਬੁੱਧਾ ਚੈਰੀਟੇਬਲ ਟਰੱਸਟ (ਐੱਲ.ਬੀ.ਸੀ.ਟੀ.) ਦੇ ਉੱਚ ਪੱਧਰੀ ਵਫ਼ਦ ਨੇ ਜ਼ਿਲ੍ਹਾ ਪ੍ਰਧਾਨ ਡੀ.ਪੀ.ਐੱਸ. ਭੋਲਾ ਦੀ ਅਗਵਾਈ ਹੇਠ ਮਾਰਕਿਟ ਕਮੇਟੀ ਫਰੀਦਕੋਟ ਦੇ ਨਵੇਂ ਬਣੇ ਚੇਅਰਮੈਨ ਅਮਨਦੀਪ ਸਿੰਘ ਬਾਬਾ ਨਾਲ ਉਨ੍ਹਾਂ ਦੇ ਦਫ਼ਤਰ ਵਿਖੇ ਵਿਸ਼ੇਸ਼ ਮੁਲਾਕਾਤ ਕੀਤੀ।

ਇਸ ਮੁਲਾਕਾਤ ਦੌਰਾਨ ਟਰੱਸਟ ਦੇ ਸੰਸਥਾਪਕ ਜਗਦੀਸ਼ ਰਾਏ ਢੋਸੀਵਾਲ ਨੇ ਵੀ ਸ਼ਿਰਕਤ ਕੀਤੀ।ਵਫ਼ਦ ਵੱਲੋਂ ਅਮਨਦੀਪ ਸਿੰਘ ਬਾਬਾ ਨੂੰ ਮਾਰਕੀਟ ਕਮੇਟੀ ਦੇ ਚੇਅਰਮੈਨ ਵਜੋਂ ਅਹੁਦਾ ਸੰਭਾਲਣ 'ਤੇ ਮੁਬਾਰਕਬਾਦ ਦਿੱਤੀ । ਟਰੱਸਟ ਆਗੂਆਂ ਵੱਲੋਂ ਨਵ-ਨਿਯੁਕਤ ਚੇਅਰਮੈਨ ਨੂੰ ਯਾਦਗਾਰੀ ਸਨਮਾਨ ਚਿੰਨ੍ਹ ਭੇਂਟ ਕਰਕੇ ਸਨਮਾਨਿਤ ਵੀ ਕੀਤਾ ਗਿਆ। ਚੇਅਰਮੈਨ ਬਾਬਾ ਨੇ ਦੱਸਿਆ ਕਿ ਪਿੰਡਾਂ ਦੀਆਂ ਲਿੰਕ ਸੜਕਾਂ ਨੂੰ ਮੰਡੀ ਦੀਆਂ ਮੁੱਖ ਸੜਕਾਂ ਨਾਲ ਜੋੜਨ ਦੇ ਕੰਮ ਨੂੰ ਪਹਿਲ ਦਿੱਤੀ ਜਾ ਰਹੀ ਹੈ ਅਤੇ ਇਸ ਵੇਲੇ 31 ਪੇਂਡੂ ਸੜਕਾਂ ਬਣਵਾਈਆਂ ਜਾ ਰਹੀਆਂ ਹਨ।ਉਨ੍ਹਾਂ ਕਿਹਾ ਕਿ ਆਉਂਦੀ ਝੋਨੇ ਦੀ ਫਸਲ ਨੂੰ ਧਿਆਨ ਵਿੱਚ ਰੱਖਦਿਆਂ ਮੰਡੀਆਂ ਵਿੱਚ ਸਾਰੇ ਲੋੜੀਂਦੇ ਇੰਤਜ਼ਾਮ ਕੀਤੇ ਜਾ ਰਹੇ ਹਨ ਤਾਂ ਜੋ ਕਿਸਾਨਾਂ ਨੂੰ ਆਪਣੀ ਫਸਲ ਵੇਚਣ ਵਿੱਚ ਕੋਈ ਦਿੱਕਤ ਨਾ ਆਵੇ। ਚੇਅਰਮੈਨ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਕਿਸਾਨਾਂ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ ਅਤੇ ਮਾਰਕੀ ਕਮੇਟੀ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ 24 ਘੰਟੇ ਤਿਆਰ ਹੈ।ਇਸ ਮੁਲਾਕਾਤ ਦੌਰਾਨ ਟਰੱਸਟ ਦੀ ਚੀਫ਼ ਪੈਟਰਨ ਹੀਰਾਵਤੀ (ਸੇਵਾ ਮੁਕਤ ਤਹਿਸੀਲਦਾਰ), ਸੀਨੀਅਰ ਮੀਤ ਪ੍ਰਧਾਨ ਇੰਸ. ਰਮੇਸ਼ ਕੁਮਾਰ ਬਰੋਲੀਆ, ਜਨਰਲ ਸਕੱਤਰ ਪ੍ਰੋ. ਮਲਕੀਅਤ ਸਿੰਘ ਮੰਮਨ, ਮੁੱਖ ਸਲਾਹਕਾਰ ਕ੍ਰਿਸ਼ਨ ਆਰ.ਏ., ਪ੍ਰੈੱਸ ਸਕੱਤਰ ਸ਼ਿਵ ਨਾਥ ਦਰਦੀ, ਲੀਗਲ ਅਡਵਾਈਜ਼ਰ ਐਡਵੋਕੇਟ ਪ੍ਰਦੀਪ ਸਿੰਘ ਅਟਵਾਲ ਅਤੇ ਨਰਿੰਦਰ ਕਾਕਾ ਸਮੇਤ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

# ਪੁਲਸ ਵੱਲੋਂ ਚੋਰ ਗਰੋਹ ਦਾ ਚੌਥਾ ਮੁਲਜ਼ਮ ਕਾਬੂ



...ਸੀ ਪਰ ਉਹ ਕਾਬੂ ਨਹੀਂ ਸੀ ਆ ਸਕਿਆ ਜਿਸ ਨੂੰ ਕਾਬੂ ਕਰ ਲਿਆ ਗਿਆ ਹੈ।

ਪੁਲਿਸ ਚੌਕੀ ਕਾਲਾ ਸੰਘਿਆਂ ਦੇ ਇੰਚਾਰਜ ਅਮਰਜੀਤ ਸਿੰਘ ਨੇ ਦੱਸਿਆ ਕਿ ਸਬ ਡਿਵੀਜ਼ਨ ਕਪੂਰਥਲਾ ਦੇ ਡੀ ਐਸ ਪੀ ਡਾ. ਸੀਤਲ ਸਿੰਘ ਤੇ ਥਾਣਾ ਸਦਰ ਕਪੂਰਥਲਾ ਦੇ ਐਸ ਐਚ ਓ ਐਸ ਆਈ ਮੇਜਰ ਸਿੰਘ ਪੱਡਾ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸਥਾਨਕ ਪੁਲਿਸ ਪਾਰਟੀ ਵੱਲੋਂ ਬੱਸ ਅੱਡਾ ਕਾਲਾ ਸੰਘਿਆ ਵਿਖੇ ਨਾਕਾ ... ਕਰਦਾ ਹੋਇਆ ਨਜ਼ਰ ਆਇਆ ਸੀ, ਜਿਸ ਨੇ ਸੰਤ ਬਾਬਾ ਕਾਹਨ ਦਾਸ ਯਾਦਗਾਰ ਕਾਲਾ ਸੰਘਿਆਂ 'ਚੋਂ ਜਿੱਥੇ ਨੋਟਾਂ ਦੇ ਕਥਿਤ ਹਾਰ ਚੋਰੀ ਕੀਤੇ ਸਨ ,ਉੱਥੇ ਹੀ ਉਹ ਮੱਕੀ ਤੇ ਮੋਬਾਇਲ ਵਗੈਰਾ ਚੋਰੀ ਕਰਨ ਵਿੱਚ ਵੀ ਸ਼ਾਮਿਲ ਮੰਨਿਆ ਜਾਂਦਾ ਸੀ , ਜਿਸ ਨੂੰ ਪੁਲਿਸ ਪਾਰਟੀ ਵੱਲੋਂ ਕਾਬੂ ਕਰਨ ਵਿੱਚ ਸਫਲਤਾ ਹਾਸਿਲ ਕੀਤੀ ਹੈ। ਉਹਨਾਂ ਦੱਸਿਆ ਕਿ ਮੁਲਜ਼ਮ ਖਿਲਾਫ ਬਣਦੀ ਅਗਲੇਰੀ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ।

# ਅਧਿਆਪਕ ਦਿਵਸ ਮਨਾਇਆ



...ਵਿਖੇ ਕੀਤਾ ਗਿਆ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਰੂਹੀ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਮੁੱਖ ਮਹਿਮਾਨ ਅਤੇ ਡਾਇਰੈਕਟਰ ਸਕੂਲ ਇੰਜੀਨੀਅਰ ਹਰਨਿਆਮਤ ਕੌਰ ਦਾ ਸਮਾਗਮ ਵਿਚ ਬਤੌਰ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕਰਨ 'ਤੇ ਵੱਖ ਵੱਖ ਅਦਾਰਿਆਂ ਦੇ ਅਧਿਆਪਕਾਂ ਵੱਲੋਂ ਜ਼ੋਰਦਾਰ ਸਵਾਗਤ ਕੀਤਾ ਗਿਆ। ਭਾਰਤ ਦੇ ਦੂਜੇ ... ਸਟਾਫ ਮੈਂਬਰਾਂ ਨੇ ਸ਼ਿਰਕਤ ਕੀਤੀ। ਅਧਿਆਪਕਾਂ ਦੇ ਰੂਬਰੂ ਹੁੰਦਿਆਂ ਬੀਬੀ ਗੁਰਪ੍ਰੀਤ ਕੌਰ ਨੇ ਕਿਹਾ ਕਿ ਪੰਜ ਸਤੰਬਰ ਦਾ ਦਿਨ 'ਅਧਿਆਪਕ ਦਿਵਸ' ਅਧਿਆਪਕਾਂ ਦੇ ਆਦਰ, ਸਤਿਕਾਰ ਅਤੇ ਸਨਮਾਨ ਵੱਜੋਂ ਮਨਾਇਆ ਜਾਂਦਾ ਹੈ। ਬੀਬੀ ਰੂਹੀ ਨੇ ਕਿਹਾ ਕਿ ਬੱਚਾ ਤਾਂ ਇਕ ਕੋਰੀ ਸਲੇਟ ਹੁੰਦਾ ਹੈ, ਉਸ 'ਤੇ ਜੋ ਵੀ ਉਕੇਰ ਦਿੱਤਾ ਜਾਵੇ, ਜ਼ਿੰਦਗੀ ਭਰ ਉਸ ਦੀ ਅਮਿੱਟ ਛਾਪ ਬੱਚੇ 'ਤੇ ਰਹਿੰਦੀ ਹੈ।

# 'ਖੇਡਾਂ ਵਤਨ ਪੰਜਾਬ ਦੀਆਂ-2026' ਸੀਜ਼ਨ-4 ਲਈ ਰਜਿਸਟ੍ਰੇਸ਼ਨ ਕਰਵਾਉਣ ਖਿਡਾਰੀ : ਡਿਪਟੀ ਕਮਿਸ਼ਨਰ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪੰਜਾਬ ਸਰਕਾਰ ਦੇ ਖੇਡ ਵਿਭਾਗ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਉਨ੍ਹਾਂ ਦੀ ਪ੍ਰਤਿਭਾ ਨੂੰ ਨਿਖਾਰਨ ਦੇ ਉਦੇਸ਼ ਨਾਲ 'ਖੇਡਾਂ ਵਤਨ ਪੰਜਾਬ ਦੀਆਂ-2026' ਸੀਜ਼ਨ-4 ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਬਲਾਕ ਪੱਧਰੀ ਖੇਡ ਮੁਕਾਬਲੇ 7 ਤੋਂ 12 ਸਤੰਬਰ ਤੱਕ, ਜਦਕਿ ਜ਼ਿਲ੍ਹਾ ਪੱਧਰੀ ਖੇਡ ਮੁਕਾਬਲੇ 20 ਤੋਂ 26 ਸਤੰਬਰ ਤੱਕ ਕਰਵਾਏ ਜਾਣਗੇ। ਉਨ੍ਹਾਂ ਦੱਸਿਆ ਕਿ ਬਲਾਕ ਪੱਧਰ 'ਤੇ ਇਸ ਸਾਲ 7 ਖੇਡਾਂ ਦੇ ਮੁਕਾਬਲੇ ਕਰਵਾਏ ਜਾ ਰਹੇ ਹਨ। ਇਸ ਵਾਰ ਟੈਨਿਸ ਕ੍ਰਿਕਟ ਨੂੰ ਵੀ ਖੇਡਾਂ ਵਿੱਚ ਸ਼ਾਮਲ ਕੀਤਾ ਗਿਆ ਹੈ। ਇਸੇ ਤਰ੍ਹਾਂ ਜ਼ਿਲ੍ਹਾ ਪੱਧਰ 'ਤੇ 29 ਵੱਖ-ਵੱਖ ਖੇਡਾਂ ਦੇ ਮੁਕਾਬਲੇ ਕਰਵਾਏ ਜਾਣਗੇ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਬਲਾਕ ਪੱਧਰੀ ਮੁਕਾਬਲਿਆਂ ਲਈ ਹੁਣ ਤੱਕ ਸਿਰਫ਼ 186 ਖਿਡਾਰੀਆਂ/ਟੀਮਾਂ ਨੇ ਆਨਲਾਈਨ ਰਜਿਸਟ੍ਰੇਸ਼ਨ ਕਰਵਾਈ ਹੈ, ਜਿਨ੍ਹਾਂ ਵਿੱਚ ਵਿਅਕਤੀਗਤ ਮੁਕਾਬਲਿਆਂ ਲਈ 164 ਖਿਡਾਰੀ ਅਤੇ ਟੀਮ ਮੁਕਾਬਲਿਆਂ ਲਈ 22 ਟੀਮਾਂ ਨੇ ਸਪੋਰਟਸ ਪੋਰਟਲ 'ਤੇ ਰਜਿਸਟ੍ਰੇਸ਼ਨ ਕਰਵਾਈ ਹੈ। ਇਸੇ ਤਰ੍ਹਾਂ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਲਈ ਹੁਣ ਤੱਕ 358 ਖਿਡਾਰੀਆਂ/ਟੀਮਾਂ ਨੇ ਆਨਲਾਈਨ ਰਜਿਸਟ੍ਰੇਸ਼ਨ ਕਰਵਾਈ ਹੈ, ਜਿਨ੍ਹਾਂ ਵਿੱਚ 352 ਖਿਡਾਰੀਆਂ ਨੇ ਵਿਅਕਤੀਗਤ ਮੁਕਾਬਲਿਆਂ ਅਤੇ 6 ਟੀਮਾਂ ਨੇ ਟੀਮ ਮੁਕਾਬਲਿਆਂ ਲਈ ਰਜਿਸਟ੍ਰੇਸ਼ਨ ਕਰਵਾਈ ਹੈ।ਉਨ੍ਹਾਂ ਦੱਸਿਆ ਕਿ ਖੇਡਾਂ ਵਿੱਚ ਭਾਗ ਲੈਣ ਦੇ ਇੱਛੁਕ ਖਿਡਾਰੀਆਂ ਲਈ ਆਨਲਾਈਨ ਰਜਿਸਟ੍ਰੇਸ਼ਨ ਖੁੱਲ੍ਹੀ ਹੋਈ ਹੈ। ਇਸ ਲਈ ਜ਼ਿਲ੍ਹੇ ਦੇ ਖਿਡਾਰੀਆਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਆਖਰੀ ਮਿਤੀ ਦੀ ਉਡੀਕ ਕੀਤੇ ਬਿਨਾਂ ਪੰਜਾਬ ਖੇਡ ਵਿਭਾਗ ਦੇ ਆਨਲਾਈਨ ਪੋਰਟਲ sports. punjab.gov.in 'ਤੇ ਜਾ ਕੇ ਆਪਣੀ ਰਜਿਸਟ੍ਰੇਸ਼ਨ ਯਕੀਨੀ ਬਣਾਉਣ।

# ਸਿਵਲ ਹਸਪਤਾਲ ਦੇ ਐਮਰਜੈਂਸੀ ਵਾਰਡ 'ਚ ਦੋ ਧਿਰਾਂ 'ਚ ਝੜਪ

... ਜਦੋਂ ਡਿਊਟੀ 'ਤੇ ਮੌਜੂਦ ਡਾਕਟਰਾਂ ਦੀ ਟੀਮ ਜ਼ਖਮੀਆਂ ਦਾ ਇਲਾਜ ਕਰ ਰਹੀ ਸੀ, ਤਾਂ ਦੂਜੇ ਸਮੂਹ ਦੇ ਕੁਝ ਮੈਂਬਰ ਕਥਿਤ ਤੌਰ 'ਤੇ ਤੇਜ਼ਧਾਰ ਹਥਿਆਰਾਂ ਨਾਲ ਲੈਸ ਹੋ ਕੇ ਹਸਪਤਾਲ ਪਹੁੰਚੇ। ਇਸ ਤੋਂ ਬਾਅਦ ਐਮਰਜੈਂਸੀ ਵਾਰਡ ਦੇ ਮਿੰਨੀ ਓਟੀ ਵਿੱਚ ਦੋਵਾਂ ਧਿਰਾਂ ਵਿਚਕਾਰ ਤਣਾਅਪੂਰਨ ਸਥਿਤੀ ਪੈਦਾ ਹੋ ਗਈ ਅਤੇ ਝੜਪ ਹੋਣ ਵਾਲੀ ਸੀ। ਸਥਿਤੀ ... ਧਿਰਾਂ ਦੇ ਜ਼ਖਮੀਆਂ ਨੂੰ ਇਲਾਜ ਲਈ ਸਿਵਲ ਹਸਪਤਾਲ ਲਿਜਾਇਆ ਗਿਆ, ਜਿੱਥੇ ਪੁਲਸ ਨੂੰ ਇੱਕ ਹੋਰ ਝੜਪ ਦੀ ਰਿਪੋਰਟ ਮਿਲੀ। ਪੁਲਿਸ ਤੁਰੰਤ ਮੌਕੇ 'ਤੇ ਪਹੁੰਚੀ ਅਤੇ ਸਥਿਤੀ ਨੂੰ ਕਾਬੂ ਵਿੱਚ ਕਰ ਲਿਆ। ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕੀਤੀ ਜਾ ਰਹੀ ਹੈ, ਅਤੇ ਜਾਂਚ ਦੇ ਆਧਾਰ 'ਤੇ ਦੋਸ਼ੀਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ।



# ਸਾਲਾਨਾ ਮੇਲਾ ਸ਼ਾਨੋ-ਸ਼ੌਕਤ ਨਾਲ ਸਮਾਪਤ

**ਬੰਗਾ (ਅਵਤਾਰ ਕਲੇਰ)**- ਦਰਬਾਰ ਮਈਆ ਭਗਵਾਨ ਜੀ ਪਿੰਡ ਨੌਰਾ ਵਿਖੇ, ਕ੍ਰਿਸ਼ਨ ਅਸ਼ਟਮੀ ਅਤੇ ਮਈਆ ਭਗਵਾਨ ਫਿਲੌਰ ਵਾਲਿਆਂ ਦੀ ਯਾਦ 'ਚ ਸਲਾਨਾ ਮੇਲਾ ਗੱਦੀ ਨਸ਼ੀਨ ਬਾਬਾ ਅਮਿਤ ਸ਼ਾਹ ਦੀ ਰਹਿਨੁਮਾਈ, ਐਨ ਆਰ ਆਈ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਨਾਲ ਮਨਾਈ ਗਈ। ਵੱਖ ਵੱਖ ਦਰਬਾਰਾਂ ਤੋਂ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ।

ਇਸ ਦੋ ਦਿਨਾ ਮੇਲੇ ਦੌਰਾਨ ਪਹਿਲੇ ਦਿਨ ਨਿਸ਼ਾਨ ਸਾਹਿਬ ਦੀ ਰਸਮ ਅਦਾ ਕੀਤੀ ਗਈ ਉਪਰੰਤ ਕਵਾਲ ਪਾਰਟੀਆਂ ਨੇ ਹਾਜ਼ਰੀਆਂ ਭਰੀਆਂ। ਮੇਲੇ ਦੇ ਦੂਸਰੇ ਦਿਨ ਦਰਬਾਰ ਦੀਆਂ ਧਾਰਮਿਕ ਰਸਮਾਂ ਤੋਂ ਬਾਅਦ ਸਟੇਜ ਸਜਾਈ ਗਈ ਜਿਸ ਵਿੱਚ ਨਾਮਵਰ ਕਲਾਕਾਰਾਂ ਅਤੇ ਕਵਾਲ ਪਾਰਟੀਆਂ ਨੇ ਹਾਜ਼ਰੀਆਂ ਭਰੀਆਂ। ਦਰਬਾਰ ਤੇ ਚਾਹ ਪਕੌੜੇ ਅਤੇ ਲੰਗਰ ਅਤੁੱਟ ਵਰਤਾਇਆ ਗਿਆ। ਬਾਬਾ ਅਮਿਤ ਸ਼ਾਹ ਅਤੇ ਪ੍ਰਬੰਧਕਾਂ ਵੱਲੋਂ ਪਹੁੰਚੇ ਹੋਏ ਸੰਤ ਮਹਾਂਪੁਰਸ਼ਾਂ ਕਲਾਕਾਰਾਂ ਅਤੇ ਸੇਵਾਦਾਰਾਂ ਨੂੰ ਸਨਮਾਨਤ ਕੀਤਾ ਅਤੇ ਸਾਰਿਆਂ ਦਾ ਧੰਨਵਾਦ ਕੀਤਾ।

ਸਟੇਜ ਸਕੱਤਰ ਦੀ ਭੂਮਿਕਾ ਮੁਖਤਿਆਰ ਝੱਮਟ ਵਲੋਂ ਬਾਖੂਬੀ ਨਿਭਾਈ ਗਈ। ਇਸ ਮੌਕੇ ਬਾਬਾ ਅਮਿਤ ਸ਼ਾਹ, ਸੇਵਾਦਾਰ ਲਾਡੀ, ਸੌਰਵ, ਕੁੱਕੂ, ਰਾਜਾ ਪਾਲਾ, ਅਭੀ, ਸਾਹਿਲ, ਦਮਨ, ਸੋਹਣ ਲਾਲ, ਵਿਜੇ ਤੋਂ ਇਲਾਵਾ ਸੰਗਤਾਂ ਹਾਜ਼ਰ ਸਨ।

# ਪੰਜਾਬ ਬਚਾਓ ਰੈਲੀ ਲਈ ਰਾਜੂਮਾਜਰਾ 'ਚ ਗੂੰਜੀ ਅਕਾਲੀ ਲਹਿਰ : ਹਨੀ ਟੌਂਸਾ

**ਪੋਜੇਵਾਲ (ਰਾਮ ਲਾਲ)**- ਸ਼੍ਰੋਮਣੀ ਅਕਾਲੀ ਦਲ ਵੱਲੋਂ 12 ਸਤੰਬਰ ਨੂੰ ਹਲਕਾ ਬਲਾਚੌਰ ਵਿਖੇ ਕਰਵਾਈ ਜਾ ਰਹੀ 'ਪੰਜਾਬ ਬਚਾਓ ਰੈਲੀ' ਨੂੰ ਲੈ ਕੇ ਹਲਕੇ ਅੰਦਰ ਪਾਰਟੀ ਵਰਕਰਾਂ ਵਿੱਚ ਉਤਸ਼ਾਹ ਵਧਦਾ ਜਾ ਰਿਹਾ ਹੈ। ਰੈਲੀ ਦੀਆਂ ਤਿਆਰੀਆਂ ਨੂੰ ਲੈ ਕੇ ਪਾਰਟੀ ਆਗੂਆਂ ਵੱਲੋਂ ਪਿੰਡ ਪੱਧਰ 'ਤੇ ਮੀਟਿੰਗਾਂ ਦਾ ਸਿਲਸਿਲਾ ਤੇਜ਼ ਕਰ ਦਿੱਤਾ ਗਿਆ ਹੈ।ਇਸ ਵਿਸ਼ਾਲ ਰੈਲੀ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਵਿਸ਼ੇਸ਼ ਤੌਰ 'ਤੇ ਸੰਬੋਧਨ ਕਰਨ ਲਈ ਪਹੁੰਚ ਰਹੇ ਹਨ। ਰੈਲੀ ਨੂੰ ਇਤਿਹਾਸਕ ਸਫ਼ਲਤਾ ਦਿਵਾਉਣ ਦੇ ਮਕਸਦ ਨਾਲ ਹਲਕਾ ਇੰਚਾਰਜ ਸੰਦੀਪ ਕੁਮਾਰ ਹਨੀ ਟੌਂਸਾ ਵੱਲੋਂ ਪਿੰਡ ਰਾਜੂਮਾਜਰਾ ਵਿਖੇ ਪਾਰਟੀ ਵਰਕਰਾਂ ਅਤੇ ਪਿੰਡ ਵਾਸੀਆਂ ਨਾਲ ਮੀਟਿੰਗ ਕੀਤੀ ਗਈ। ਇਸ ਮੌਕੇ ਹਨੀ ਟੌਂਸਾ ਨੇ ਵਰਕਰਾਂ ਨੂੰ ਰੈਲੀ ਦੀਆਂ ਤਿਆਰੀਆਂ ਸਬੰਧੀ ਜ਼ਿੰਮੇਵਾਰੀਆਂ ਸੌਂਪਦਿਆਂ ਵੱਧ ਤੋਂ ਵੱਧ ਲੋਕਾਂ ਦੀ ਸ਼ਮੂਲੀਅਤ ਯਕੀਨੀ ਬਣਾਉਣ ਲਈ ਪ੍ਰੇਰਿਤ ਕੀਤਾ।ਵਰਕਰਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਸੰਦੀਪ ਕੁਮਾਰ ਹਨੀ ਟੌਂਸਾ ਨੇ ਕਿਹਾ ਕਿ 12 ਸਤੰਬਰ ਨੂੰ ਹੋਣ ਵਾਲੀ 'ਪੰਜਾਬ ਬਚਾਓ ਰੈਲੀ' ਸੂਬੇ ਦੀ ਮੌਜੂਦਾ ਰਾਜਨੀਤੀ ਵਿੱਚ ਇੱਕ ਨਵਾਂ ਮੋੜ ਸਾਬਤ ਹੋਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਵਿੱਚ ਮੌਜੂਦਾ ਹਾਲਾਤ ਨੂੰ ਲੈ ਕੇ ਕਾਫ਼ੀ ਰੋਸ ਹੈ ਅਤੇ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਦੀ ਸ਼ਮੂਲੀਅਤ ਇਸ ਗੱਲ ਦਾ ਪ੍ਰਗਟਾਵਾ ਕਰੇਗੀ।ਇਸ ਮੌਕੇ ਗੋਪਾਲ ਭਾਟੀਆ, ਸਪੁੱਤਰ ਸਵਰਗੀ ਗੁਰਮੇਲ ਭਾਟੀਆ, ਨੰਦ ਲਾਲ ਭਾਟੀਆ, ਰਵਿੰਦਰ ਭਾਟੀਆ (ਰਿਟਾ. ਪੀ ਪੀ), ਪਵਨ ਭਾਟੀਆ (ਰਿਟਾ. ਪੀ ਪੀ), ਲਾਡੀ ਭਾਟੀਆ, ਡੀ ਐੱਸ ਪੀ ਸਤਿਨਾਮ ਭਾਟੀਆ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ, ਅਕਾਲੀ ਆਗੂ, ਵਰਕਰ ਅਤੇ ਸਥਾਨਕ ਪਾਰਟੀ ਅਹੁਦੇਦਾਰ ਹਾਜ਼ਰ ਸਨ।



# ਗੁਰੂ ਨਾਨਕ ਕਾਲਜ ਵਿਖੇ ਮਨਾਇਆ 'ਅਧਿਆਪਕ ਦਿਵਸ'



**ਫਗਵਾੜਾ (ਜਸਵਿੰਦਰ ਢੱਡਾ)**- ਗੁਰੂ ਨਾਨਕ ਕਾਲਜ ਸੁਖਚੈਨਆਣਾ ਸਾਹਿਬ ਫਗਵਾੜਾ ਦੀ ਵਿਦਿਆਰਥੀ ਪ੍ਰੀਸ਼ਦ ਵੱਲੋਂ ਅਧਿਆਪਕ ਦਿਵਸ ਨੂੰ ਸਮਰਪਿਤ ਇੱਕ ਵਿਸ਼ੇਸ਼ ਅਤੇ ਪ੍ਰਭਾਵਸ਼ਾਲੀ ਸਮਾਗਮ ਦਾ ਆਯੋਜਨ ਕੀਤਾ ਗਿਆ।

ਇਸ ਸਮਾਗਮ ਦੀ ਸ਼ੁਰੂਆਤ ਅਧਿਆਪਕਾਂ ਦੇ ਸਨਮਾਨ ਵਿੱਚ ਪ੍ਰੇਰਨਾਦਾਇਕ ਵਿਚਾਰਾਂ ਦੀ ਪੇਸ਼ਕਾਰੀ ਨਾਲ ਹੋਈ।ਸਮਾਰੋਹ ਦੌਰਾਨ ਵਿਦਿਆਰਥੀਆਂ ਵੱਲੋਂ ਅਧਿਆਪਕਾਂ ਪ੍ਰਤੀ ਸਤਿਕਾਰ ਪ੍ਰਗਟ ਕਰਦੇ ਹੋਏ ਸੁਰੀਲੇ ਗੀਤ ਅਤੇ ਖ਼ੂਬਸੂਰਤ ਪਾਵਰ ਪੁਆਇੰਟ ਪ੍ਰੈਜ਼ੇਂਟੇਸ਼ਨ ਪੇਸ਼ ਕੀਤੀ ਗਈ। ਇਸ ਮੌਕੇ ਪ੍ਰਿੰਸੀਪਲ ਡਾ. ਗੁਰਦੇਵ ਸਿੰਘ ਰੰਧਾਵਾ ਨੇ ਵਿਦਿਆਰਥੀਆਂ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਅਧਿਆਪਕਾਂ ਅਤੇ ਵਿਦਿਆਰਥੀਆਂ ਦੇ ਰਿਸ਼ਤੇ ਦੀ ਮਹੱਤਤਾ ਬਾਰੇ ਵਿਚਾਰ ਸਾਂਝੇ ਕੀਤੇ। ਕਾਲਜ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਜਤਿੰਦਰਪਾਲ ਸਿੰਘ ਪਲਾਹੀ ਨੇ ਸਮੂਹ ਅਧਿਆਪਕ ਨੂੰ ਸ਼ੁਭਕਾਮਨਾਵਾਂ ਭੇਜੀਆਂ।ਸਮਾਗਮ ਦੀ ਖ਼ੁਸ਼ੀ ਨੂੰ ਸਾਂਝਾ ਕਰਦਿਆਂ ਸਮੂਹ ਅਧਿਆਪਕਾਂ ਅਤੇ ਵਿਦਿਆਰਥੀਆਂ ਵੱਲੋਂ ਕੇਕ ਕੱਟਣ ਦੀ ਰਸਮ ਅਦਾ ਕੀਤੀ ਗਈ। ਪ੍ਰੋਗਰਾਮ ਦੌਰਾਨ ਵਿਦਿਆਰਥੀ ਪ੍ਰੀਸ਼ਦ ਦੇ ਇੰਚਾਰਜ ਡਾ. ਇੰਦਰਜੀਤ ਕੌਰ ਨੇ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਆਪਣੇ ਵਿਚਾਰ ਰੱਖੇ।

ਅੰਤ ਵਿੱਚ ਅਧਿਆਪਕਾਂ ਦਾ ਧੰਨਵਾਦ ਕਰਦਿਆਂ ਸਮਾਗਮ ਦੀ ਸਫ਼ਲ ਸਮਾਪਤੀ ਕੀਤੀ ਗਈ। ਵਿਦਿਆਰਥੀ ਪ੍ਰੀਸ਼ਦ ਦੇ ਇੰਚਾਰਜ ਡਾ. ਇੰਦਰਜੀਤ ਕੌਰ,ਪ੍ਰੋ. ਆਸ਼ੂਤੋਸ਼ ਅਤੇ ਪ੍ਰੋ. ਗੀਤਿਕਾ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ। ਮੰਚ ਸੰਚਾਲਨ ਦੀ ਭੂਮਿਕਾ ਵਿਦਿਆਰਥਣ ਅਮੀਸ਼ਾ ਵੱਲੋਂ ਬਾਖ਼ੂਬੀ ਨਿਭਾਈ ਗਈ।

ਇਸ ਮੌਕੇ ਸਮੂਹ ਟੀਚਿੰਗ ਨਾਨ-ਟੀਚਿੰਗ ਅਮਲੇ ਅਤੇ ਵਿਦਿਆਰਥੀ ਪ੍ਰੀਸ਼ਦ ਦੇ ਸਮੂਹ ਮੈਂਬਰਾਂ ਨੇ ਸ਼ਿਰਕਤ ਕੀਤੀ ।

# ਗੁਰਮਤਿ ਸਮਾਗਮ 12, 13 ਨੂੰ

**ਮੋਹਾਲੀ (ਗੁਰਜੀਤ ਬਿੱਲਾ)**- ਧੰਨ ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਜੀ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਵਿਖੇ ਜੁਗੋ ਜੁਗ ਅਟਲ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਦੀ ਖੁਸ਼ੀ ਵਿੱਚ 2 ਰੋਜ਼ਾ ਗੁਰਮਤਿ ਸਮਾਗਮ 12 ਅਤੇ 13 ਸਤੰਬਰ ਨੂੰ ਬੜੀ ਸ਼ਰਧਾ ਭਾਵਨਾ ਨਾਲ ਉਤਸ਼ਾਹ ਪੂਰਵਕ ਕਰਵਾਏ ਜਾ ਰਹੇ ਹਨ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਬੰਧਕ ਕਮੇਟੀ ਦੇ ਬੁਲਾਰੇ ਨੇ ਦੱਸਿਆ ਕਿ ਇਸ ਗੁਰਮਤਿ ਸਮਾਗਮ ਵਿੱਚ ਭਾਈ ਰਵਿੰਦਰ ਸਿੰਘ ਜੀ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਭਾਈ ਗੁਰਭੇਜ ਸਿੰਘ ਜੀ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਭਾਈ ਗੁਰਵਿੰਦਰ ਸਿੰਘ ਜੀ ਹਜ਼ੂਰੀ ਰਾਗੀ ਗੁਰਦੁਆਰਾ ਬੰਗਲਾ ਸਾਹਿਬ ਦਿੱਲੀ, ਸ਼੍ਰੋਮਣੀ ਪ੍ਰਚਾਰਕ ਭਾਈ ਅਮਰੀਕ ਸਿੰਘ ਸ਼ਾਹਬਾਦ ਮਾਰਕੰਡਾ ਵਾਲੇ, ਭਾਈ ਮਨਜਿੰਦਰ ਸਿੰਘ ਰਬਾਬੀ ਗੁਰਦੁਆਰਾ ਨਾਢਾ ਸਾਹਿਬ, ਬੀਬੀ ਸੁਮਨਪ੍ਰੀਤ ਕੌਰ ਖਾਲਸਾ ਤਰਨਤਾਰਨ ਵਾਲਿਆਂ ਦਾ ਢਾਡੀ ਜੱਥਾ, ਭਾਈ ਬਲਜਿੰਦਰ ਸਿੰਘ ਸ੍ਰੀ ਫਤਿਹਗੜ੍ਹ ਸਾਹਿਬ, ਚੜਦੀਕਲਾ ਕੀਰਤਨੀ ਜੱਥਾ, ਸ਼੍ਰੋਮਣੀ ਪ੍ਰਚਾਰਕ ਭਾਈ ਨਾਨਕ ਸਿੰਘ ਅੰਮ੍ਰਿਤਸਰ, ਬਾਬਾ ਦੀਪ ਸਿੰਘ ਜੀ ਕਵੀਸ਼ਰੀ ਜੱਥਾ, ਭਾਈ ਗੁਰਵਿੰਦਰ ਸਿੰਘ ਗੁਰਦੁਆਰਾ ਦੁੱਖ ਨਿਵਾਰਨ ਸਾਹਿਬ ਲੁਧਿਆਣਾ ਤੇ ਉੱਚ ਕੋਟੀ ਦੇ ਪੰਥ ਪ੍ਰਸਿੱਧ ਪ੍ਰਚਾਰਕ ਸੰਗਤਾਂ ਨੂੰ ਹਰਿ ਜਸ ਸੁਣਾ ਕੇ ਨਿਹਾਲ ਕਰਨਗੇ। ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ।



# ਬਾਬਾ ਮੱਟ ਦਾ ਸਾਲਾਨਾ ਮੇਲਾ 14 ਤੋਂ

**ਜਲੰਧਰ (ਲਖਵਿੰਦਰ ਸਿੰਘ ਆਧੀ)**- ਜ਼ਿਲ੍ਹਾ ਜਲੰਧਰ ਦੇ ਪਿੰਡ ਆਧੀ ਵਿਖੇ ਬਾਬਾ ਮੱਟ ਦੀ ਪ੍ਰਬੰਧਕ ਕਮੇਟੀ, ਪਿੰਡ ਆਧੀ, ਸ਼ਾਹਪੁਰ, ਪੰਡੋਰੀ ਸ਼ੇਖ ਅਤੇ ਐੱਨ ਆਰ ਆਈ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਤਿੰਨ ਰੋਜ਼ਾ ਸਾਲਾਨਾ ਮੇਲਾ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਕਰਵਾਇਆ ਜਾ ਰਿਹਾ ਹੈ। ਇਹ ਮੇਲਾ 14, 15 ਅਤੇ 16 ਸਤੰਬਰ (ਐਤਵਾਰ, ਸੋਮਵਾਰ ਅਤੇ ਮੰਗਲਵਾਰ) ਨੂੰ ਲੱਗੇਗਾ। ਮੇਲੇ ਸੰਬੰਧੀ ਜਾਣਕਾਰੀ ਸਾਂਝੀ ਕਰਦਿਆਂ ਜਰਨੈਲ ਸਿੰਘ ਸ਼ਾਹਪੁਰ ਨੇ ਦੱਸਿਆ ਕਿ ਮੇਲੇ ਦੇ ਪਹਿਲੇ ਦਿਨ 14 ਸਤੰਬਰ ਨੂੰ ਕਬੱਡੀ ਦੇ 80 ਕਿਲੋਗ੍ਰਾਮ (ਕਲੱਬ) ਦੇ ਮੁਕਾਬਲੇ ਕਰਵਾਏ ਜਾਣਗੇ, ਜਿਸ ਵਿੱਚ ਨੌਜਵਾਨ ਆਪਣੇ ਖੇਡ ਜੋਹਰ ਦਿਖਾਉਣਗੇ। ਮੇਲੇ ਦੇ ਦੂਜੇ ਦਿਨ 15 ਸਤੰਬਰ ਨੂੰ ਸਵੇਰੇ 10 ਵਜੇ ਝੰਡੇ ਦੀ ਰਸਮ ਅਦਾ ਕੀਤੀ ਜਾਵੇਗੀ। ਮੇਲੇ ਦੇ ਆਖਰੀ ਦਿਨ 16 ਸਤੰਬਰ ਦਿਨ ਮੰਗਲਵਾਰ ਨੂੰ ਸਵੇਰੇ 10 ਵਜੇ ਧਾਰਮਿਕ ਅਤੇ ਸੱਭਿਆਚਾਰਕ ਪ੍ਰੋਗਰਾਮ ਦੀ ਸਟੇਜ ਸਜਾਈ ਜਾਵੇਗੀ। ਇਸ ਮੌਕੇ ਪੰਜਾਬ ਦੇ ਪ੍ਰਸਿੱਧ ਗਾਇਕ ਪੰਮਾ ਡੂਮੇਵਾਲੀਆ ਅਤੇ ਜਸਵੀਰ ਸੀਰਾ ਆਪਣੇ ਸੁਰੀਲੇ ਅਤੇ ਸੱਭਿਆਚਾਰਕ ਗੀਤਾਂ ਨਾਲ ਦਰਸ਼ਕਾਂ ਦਾ ਮਨੋਰੰਜਨ ਕਰਨਗੇ। ਪ੍ਰਬੰਧਕਾਂ ਵੱਲੋਂ ਆਈਆਂ ਸੰਗਤਾਂ ਅਤੇ ਦਰਸ਼ਕਾਂ ਲਈ ਚਾਹ-ਪਾਣੀ ਅਤੇ ਖਾਣੇ ਦੇ ਅਤੁੱਟ ਲੰਗਰ ਵਰਤਾਏ ਜਾਣਗੇ।



# ਸੇਂਟ ਸੋਲਜਰ ਗਰੁੱਪ ਵਿਖੇ ਮਨਾਇਆ ਅਧਿਆਪਕ ਦਿਵਸ



**ਜਲੰਧਰ (ਇਕਬਾਲ ਸਿੰਘ ਉਭੀ)**- ਸੇਂਟ ਸੋਲਜਰ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਦੀਆਂ ਵੱਖ-ਵੱਖ ਸਕੂਲ ਸ਼ਾਖਾਵਾਂ ਵਿੱਚ ਗਰੁੱਪ ਦੀ ਚੇਅਰਪਰਸਨ ਸੰਗੀਤਾ ਚੋਪੜਾ ਦੀ ਦੇਖ-ਰੇਖ ਹੇਠ ਅਧਿਆਪਕ ਦਿਵਸ ਬੜੇ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ। ਇਸ ਮੌਕੇ ਸਾਰੀਆਂ ਸਕੂਲ ਸ਼ਾਖਾਵਾਂ ਨੂੰ ਫੁੱਲਾਂ, ਬੈਨਰਾਂ ਅਤੇ ਸਜਾਵਟੀ ਝਾਲਰਾਂ ਨਾਲ ਸੁੰਦਰ ਢੰਗ ਨਾਲ ਸਜਾਇਆ ਗਿਆ। ਸਕੂਲ ਸਟਾਫ਼ ਰੂਮ ਦੇ ਦਰਵਾਜ਼ੇ 'ਤੇ ਅਧਿਆਪਕਾਂ ਦਾ ਫੁੱਲਾਂ, ਤੋਹਫ਼ਿਆਂ ਅਤੇ ਸ਼ੁਭਕਾਮਨਾ ਕਾਰਡਾਂ ਨਾਲ ਕੀਤੇ ਗਏ ਨਿੱਘੇ ਸਵਾਗਤ ਨੇ ਸਾਰੇ ਅਧਿਆਪਕਾਂ ਨੂੰ ਖੁਸ਼ ਕਰ ਦਿੱਤਾ। ਵਿਦਿਆਰਥੀਆਂ ਨੇ ਅਧਿਆਪਕਾਂ ਪ੍ਰਤੀ ਆਪਣਾ ਧੰਨਵਾਦ ਅਤੇ ਸਤਿਕਾਰ ਪ੍ਰਗਟ ਕਰਦਿਆਂ ਛੋਟੇ-ਛੋਟੇ ਭਾਸ਼ਣ ਵੀ ਪੇਸ਼ ਕੀਤੇ। ਇਸ ਵਿਸ਼ੇਸ਼ ਮੌਕੇ 'ਤੇ ਵਿਦਿਆਰਥੀਆਂ ਵੱਲੋਂ ਨਾਚ, ਗੀਤ, ਕਵਿਤਾਵਾਂ ਅਤੇ ਨਾਟਕਾਂ ਸਮੇਤ ਵੱਖ-ਵੱਖ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤੇ ਗਏ। ਸਮਾਗਮ ਦੇ ਅੰਤ ਵਿੱਚ ਕੇਕ ਕੱਟਣ ਦੀ ਰਸਮ ਵੀ ਅਦਾ ਕੀਤੀ ਗਈ। ਇਸ ਮੌਕੇ ਗਰੁੱਪ ਦੀ ਚੇਅਰਪਰਸਨ ਸੰਗੀਤਾ ਚੋਪੜਾ ਨੇ ਸਾਰੇ ਅਧਿਆਪਕਾਂ ਨੂੰ ਅਧਿਆਪਕ ਦਿਵਸ ਦੀ ਵਧਾਈ ਦਿੱਤੀ ਅਤੇ ਉਨ੍ਹਾਂ ਵੱਲੋਂ ਹਰ ਰੋਜ਼ ਕੀਤੇ ਜਾ ਰਹੇ ਇਮਾਨਦਾਰ ਅਤੇ ਸਮਰਪਿਤ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਮਹਾਨ ਸਿੱਖਿਆ ਸ਼ਾਸਤਰੀ ਅਤੇ ਭਾਰਤ ਦੇ ਸਾਬਕਾ ਰਾਸ਼ਟਰਪਤੀ ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਦੇ ਜੀਵਨ ਅਤੇ ਯੋਗਦਾਨ ਬਾਰੇ ਜਾਣਕਾਰੀ ਦਿੰਦਿਆਂ ਅਧਿਆਪਕ ਦਿਵਸ ਦੀ ਮਹੱਤਤਾ ਬਾਰੇ ਵੀ ਦੱਸਿਆ। ਵਿਦਿਆਰਥੀਆਂ ਵੱਲੋਂ ਅਧਿਆਪਕਾਂ ਦੇ ਮਨੋਰੰਜਨ ਲਈ ਵੱਖ-ਵੱਖ ਦਿਲਚਸਪ ਖੇਡਾਂ ਦਾ ਵੀ ਆਯੋਜਨ ਕੀਤਾ ਗਿਆ। ਸਾਰੇ ਅਧਿਆਪਕਾਂ ਨੇ ਸਮਾਗਮ ਦਾ ਭਰਪੂਰ ਆਨੰਦ ਮਾਣਿਆ ਅਤੇ ਵਿਦਿਆਰਥੀਆਂ ਵੱਲੋਂ ਕੀਤੇ ਗਏ ਉਪਰਾਲਿਆਂ ਦੀ ਸ਼ਲਾਘਾ ਕੀਤੀ।

# ਰਿਆਤ ਬਾਹਰਾ 'ਵਰਸਿਟੀ ਭਾਰਤ ਦੀਆਂ ਚੋਟੀ ਦੀਆਂ 10 ਏ ਆਈ 'ਵਰਸਿਟੀਆਂ 'ਚ ਸ਼ਾਮਲ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਰਿਆਤ ਬਾਹਰਾ ਯੂਨੀਵਰਸਿਟੀ ਨੂੰ ਅਕਾਦਮਿਕ ਇਨਸਾਈਟ ਵੱਲੋਂ ਸਾਲ 2026 ਲਈ ਭਾਰਤ ਦੀਆਂ ਚੋਟੀ ਦੀਆਂ 10 ਏ ਆਈ ਯੂਨੀਵਰਸਿਟੀਆਂ ਵਿੱਚ ਸ਼ਾਮਿਲ ਕੀਤਾ ਗਿਆ ਹੈ। ਇਹ ਮਾਨਤਾ ਆਰਟੀਫੀਸ਼ੀਅਲ ਇੰਟੈਲੀਜੈਂਸ (ਏ ਆਈ) ਅਤੇ ਤਕਨਾਲੋਜੀ-ਆਧਾਰਿਤ ਸਿੱਖਿਆ ਦੇ ਖੇਤਰ ਵਿੱਚ ਯੂਨੀਵਰਸਿਟੀ ਦੀਆਂ ਪ੍ਰਾਪਤੀਆਂ ਅਤੇ ਨਿਰੰਤਰ ਯਤਨਾਂ ਨੂੰ ਦਰਸਾਉਂਦੀ ਹੈ। ਇਹ ਮਾਨਤਾ ਯੂਨੀਵਰਸਿਟੀ ਵੱਲੋਂ ਆਪਣੇ ਅਕਾਦਮਿਕ ਵਾਤਾਵਰਣ ਵਿੱਚ ਉੱਭਰ ਰਹੀਆਂ ਤਕਨਾਲੋਜੀਆਂ, ਨਵੀਨਤਾ ਅਤੇ ਉਦਯੋਗ-ਮੁਖੀ ਸਿੱਖਿਆ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਜੋੜਨ ਲਈ ਕੀਤੇ ਜਾ ਰਹੇ ਯਤਨਾਂ ਦੀ ਪ੍ਰਮੁੱਖਤਾ ਨੂੰ ਉਜਾਗਰ ਕਰਦੀ ਹੈ। ਇਸ ਦੇ ਨਾਲ ਹੀ, ਇਹ ਵਿਦਿਆਰਥੀਆਂ ਨੂੰ ਤੇਜ਼ੀ ਨਾਲ ਵਿਕਸਤ ਹੋ ਰਹੀ ਡਿਜੀਟਲ ਅਤੇ ਏ ਆਈ-ਆਧਾਰਿਤ ਦੁਨੀਆ ਦੀਆਂ ਲੋੜਾਂ ਅਨੁਸਾਰ ਤਿਆਰ ਕਰਨ ਲਈ ਯੂਨੀਵਰਸਿਟੀ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਨੂੰ ਵੀ ਮਾਨਤਾ ਦਿੰਦੀ ਹੈ। ਯੂਨੀਵਰਸਿਟੀ ਦੇ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਨੇ ਇਸ ਪ੍ਰਾਪਤੀ 'ਤੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਇਹ ਮਾਨਤਾ ਯੂਨੀਵਰਸਿਟੀ ਦੀ ਅਤਿ-ਆਧੁਨਿਕ ਤਕਨਾਲੋਜੀ, ਭਵਿੱਖਮੁਖੀ ਸਿੱਖਿਆ, ਵਿਸ਼ਵ ਪੱਧਰੀ ਫੈਕਲਟੀ ਅਤੇ ਨਵੀਨਤਾ-ਆਧਾਰਿਤ ਸਿੱਖਿਆ ਪ੍ਰਤੀ ਨਿਰੰਤਰ ਵਚਨਬੱਧਤਾ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਇਹ ਮਾਨਤਾ ਰਿਆਤ ਬਾਹਰਾ ਯੂਨੀਵਰਸਿਟੀ ਲਈ ਮਾਣ ਵਾਲਾ ਪਲ ਹੈ ਅਤੇ ਵਿਦਿਆਰਥੀਆਂ ਨੂੰ ਭਵਿੱਖ ਦੀਆਂ ਲੋੜਾਂ ਅਨੁਸਾਰ ਸਿੱਖਿਆ ਪ੍ਰਦਾਨ ਕਰਨ ਪ੍ਰਤੀ ਸਾਡੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕਰਦੀ ਹੈ।



ਵਾਈਸ-ਚਾਂਸਲਰ ਪ੍ਰੋ. (ਡਾ.) ਸੰਜੇ ਕੁਮਾਰ ਨੇ ਕਿਹਾ ਕਿ ਯੂਨੀਵਰਸਿਟੀ ਵਿਦਿਆਰਥੀਆਂ ਨੂੰ ਉੱਭਰ ਰਹੇ ਵਿਸ਼ਵ ਪੱਧਰੀ ਰੋਜ਼ਗਾਰ ਬਾਜ਼ਾਰ ਦੀਆਂ ਲੋੜਾਂ ਅਨੁਸਾਰ ਹੁਨਰ ਪ੍ਰਦਾਨ ਕਰਨ ਲਈ ਆਪਣੇ ਅਕਾਦਮਿਕ ਪ੍ਰੋਗਰਾਮਾਂ, ਉਦਯੋਗਿਕ ਸਹਿਯੋਗ, ਖੋਜ ਪਹਿਲਕਦਮੀਆਂ ਅਤੇ ਤਕਨਾਲੋਜੀ-ਆਧਾਰਿਤ ਸਿੱਖਿਆ ਨੂੰ ਲਗਾਤਾਰ ਮਜ਼ਬੂਤ ਕਰ ਰਹੀ ਹੈ।

# ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਮਨਾਈ



**ਸੁਲਤਾਨਪੁਰ ਲੋਧੀ (ਹਨੀ)**- ਦਿਵਯ ਜਯੋਤੀ ਜਾਗਰਤੀ ਸੰਸਥਾਨ ਸ਼ਾਖਾ ਕਪੂਰਥਲਾ ਅਤੇ ਸ੍ਰੀ ਭਾਰਾਮਾਲ ਮੰਦਿਰ ਕਮੇਟੀ ਸੁਲਤਾਨਪੁਰ ਲੋਧੀ ਵੱਲੋਂ ਸ੍ਰੀ ਭਾਰਾਮਲ ਮੰਦਿਰ ਵਿਖੇ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਉਤਸਵ ਬੜੀ ਧੂਮਧਾਮ ਤੇ ਸ਼ਰਧਾ ਦੇ ਨਾਲ ਮਨਾਇਆ ਗਿਆ। ਵੱਡੀ ਗਿਣਤੀ 'ਚ ਸ੍ਰੀ ਕ੍ਰਿਸ਼ਨ ਭਗਤਾਂ ਨੇ ਪਹੁੰਚ ਕੇ ਪ੍ਰਭੂ ਦੀ ਮਹਿਮਾ ਦਾ ਗੁਣਗਾਨ ਸਰਵਣ ਕੀਤਾ। ਸ੍ਰੀ ਆਸ਼ੂਤੋਸ਼ ਮਹਾਰਾਜ ਦੀ ਸੇਵਿਕਾ ਸਾਧਵੀ ਗੌਰੀ ਭਾਰਤੀ ਆਪਣੀ ਭਜਨ ਮੰਡਲੀ ਨਾਲ ਪਹੁੰਚੇ। ਉਹਨਾਂ ਨੇ ਮਧੁਰ ਸੰਕੀਰਤਨ ਅਤੇ ਵਿਆਖਿਆਨ ਦੁਆਰਾ ਭਗਵਾਨ ਸ੍ਰੀ ਕ੍ਰਿਸ਼ਨ ਦੇ ਜੀਵਨ ਦੀਆਂ ਅਲੌਕਿਕ ਲੀਲਾਵਾਂ ਦੇ ਅਲੌਕਿਕ ਰਹੱਸ ਜੋ ਸਮਾਜ ਦੇ ਅੱਗੇ ਉਜਾਗਰ ਕੀਤੇ। ਸਾਧਵੀ ਨੇ ਵਿਚਾਰ ਦਿੰਦੇ ਹੋਏ ਕਿਹਾ ਕਿ ਸ੍ਰੀ ਕ੍ਰਿਸ਼ਨ ਕੇਵਲ ਮਾਤਰ ਇੱਕ ਨਾਂਅ ਨਹੀਂ ਹਨ ਸ੍ਰੀ ਕ੍ਰਿਸ਼ਨ ਇਸ ਸੰਸਾਰ ਦੀ ਸੰਪੂਰਨਤਾ ਹਨ ਜਿਨਾਂ ਦੇ ਅੰਦਰ ਸਾਰੇ ਸੰਸਾਰ ਦੀਆਂ ਕਲਾਵਾਂ ਸਮਾਈਆਂ ਹੋਈਆਂ ਹਨ। ਇਸ ਮੌਕੇ ਵਿਧਾਇਕ ਰਾਣਾ ਇੰਦਰਪ੍ਰਤਾਪ ਸਿੰਘ, ਸੱਜਣ ਸਿੰਘ ਚੀਮਾ ਹਲਕਾ ਇੰਚਾਰਜ ਆਪ, ਆਕਾਸ਼ਦੀਪ ਸਿੰਘ ਚੇਅਰਮੈਨ ਮਾਰਕੀਟ ਕਮੇਟੀ, ਏ ਐੱਸ ਪੀ ਧੀਰੇਂਦਰ ਵਰਮਾ, ਐੱਸ ਐੱਚ ਓ ਦਵਿੰਦਰ ਪਾਲ, ਭੂਸ਼ਣ ਛੁਰਾ, ਅਮਿਤ ਛੁਰਾ, ਰਾਕੇਸ਼ ਧੀਰ, ਦਿਨੇਸ਼ ਧੀਰ, ਕਾਨਵ ਧੀਰ, ਕਰਨ ਧੀਰ, ਸੁਖਦੇਵ ਸਿੰਘ ਨਾਨਕਪੁਰ, ਬਲਜਿੰਦਰ ਸਿੰਘ ਪੀ ਏ, ਰਾਕੇਸ਼ ਕੁਮਾਰ ਨੀਟੂ, ਅਜੇ ਸ਼ੰਕਰ ਜੋਸ਼ੀ, ਅਸ਼ੋਕ ਕੁਮਾਰ, ਲਖਵਿੰਦਰ ਸਿੰਘ ਬੱਬੂ, ਕੁਲਦੀਪ ਸ਼ਰਮਾ, ਤੇਜਿੰਦਰ ਬੌਬੀ, ਗੁਰਪ੍ਰੀਤ ਸਿੰਘ, ਮੋਨੂੰ ਅਰੋੜਾ, ਜਤਿੰਦਰ ਥਿੰਦ ਆਦਿ ਭਗਤਜਨ ਮੌਜੂਦ ਰਹੇ।

# ਨਵੇਂ ਬੂਟੇ ਲਗਾਉਣ ਦੀ ਸ਼ੁਰੂਆਤ ਐਲੀਮੈਂਟਰੀ ਸਕੂਲ ਮੋਹਨਵਾਲ ਤੋਂ ਕੀਤੀ

**ਗੜ੍ਹਸ਼ੰਕਰ( ਫੂਲਾ ਸਿੰਘ ਬੀਰਮਪੁਰ)** ਵਾਤਾਵਰਣ ਨੂੰ ਹਰਾ-ਭਰਾ ਰੱਖਣ ਅਤੇ ਪ੍ਰਦੂਸ਼ਣ ਨੂੰ ਰੋਕਣ ਦੇ ਮਕਸਦ ਨਾਲ ਸ਼ਿਵਾਲਿਕ ਸੋਸ਼ਲ ਵੈਲਫੇਅਰ ਸੋਸਾਇਟੀ ਗੜ੍ਹਸ਼ੰਕਰ ਵੱਲੋਂ ਅੱਜ ਸਰਕਾਰੀ ਐਲੀਮੈਂਟਰੀ ਸਕੂਲ ਮੋਹਣੋਵਾਲ ਵਿਖੇ ਬੂਟੇ ਲਗਾਉਣ ਦੀ ਸ਼ੁਰੂਆਤ ਕੀਤੀ ਗਈ।ਇਸ ਮੌਕੇ ਸੋਸਾਇਟੀ ਦੇ ਮੈਂਬਰਾਂ ਨੇ ਸਕੂਲ ਦੇ ਵਿਹੜੇ ਵਿੱਚ ਵੱਖ-ਵੱਖ ਤਰ੍ਹਾਂ ਦੇ ਛਾਂਦਾਰ ਬੂਟੇ ਲਗਾਏ ਅਤੇ ਬੱਚਿਆਂ ਨੂੰ ਵੱਧ ਤੋਂ ਵੱਧ ਰੁੱਖ ਲਗਾਉਣ ਲਈ ਪ੍ਰੇਰਿਤ ਕੀਤਾ ਤੇ ਬੂਟੇ ਵੀ ਵੰਡੇ ਗਏ। ਸੋਸਾਇਟੀ ਦੇ ਆਗੂਆਂ ਨੇ ਕਿਹਾ ਕਿ ਰੁੱਖ ਹੀ ਸਾਡੇ ਜੀਵਨ ਦਾ ਆਧਾਰ ਹਨ, ਇਸ ਲਈ ਹਰ ਇੱਕ ਵਿਅਕਤੀ ਨੂੰ ਘੱਟੋ-ਘੱਟ ਇੱਕ ਰੁੱਖ ਜ਼ਰੂਰ ਲਗਾਉਣਾ ਚਾਹੀਦਾ ਹੈ ਅਤੇ ਉਸਦੀ ਸਾਂਭ-ਸੰਭਾਲ ਵੀ ਕਰਨੀ ਚਾਹੀਦੀ ਹੈ।ਇਸ ਮੌਕੇ ਤੇ ਸਕੂਲ ਦਾ ਸਮੂਹ ਸਟਾਫ਼, ਪਿੰਡ ਤੋਂ ਸਰਪੰਚ ਸਾਹਿਬਾਨ, ਸੋਸਾਇਟੀ ਦੇ ਮੈਂਬਰ ਅਤੇ ਪਿੰਡ ਦੇ ਹੋਰ ਪਤਵੰਤੇ ਸੱਜਣ ਹਾਜ਼ਰ ਸਨ। ਸਾਰਿਆਂ ਨੇ ਮਿਲ ਕੇ ਵਾਤਾਵਰਣ ਨੂੰ ਬਚਾਉਣ ਦਾ ਪ੍ਰਣ ਲਿਆ।ਅੰਤ ਵਿੱਚ ਸਕੂਲ ਦੇ ਮੁੱਖ ਅਧਿਆਪਕਾ ਵੱਲੋਂ ਸੋਸਾਇਟੀ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਗਈ ਅਤੇ ਧੰਨਵਾਦ ਕੀਤਾ ਗਿਆ।



# ਸਰਕਾਰੀ ਪ੍ਰਾਇਮਰੀ ਸਕੂਲ ਬਹਿਰਾਮ ਵਿਖੇ ਅਧਿਆਪਕ ਦਿਵਸ ਮਨਾਇਆ



**ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)**- ਅਧਿਆਪਕ ਦਿਵਸ ਮੌਕੇ ਤੇ ਸਰਕਾਰੀ ਪ੍ਰਾਇਮਰੀ ਸਕੂਲ ਬਹਿਰਾਮ ਸਰਿਸ਼ਤਾ ਵਿਖੇ ਬੱਚਿਆਂ ਵਲੋਂ ਅਧਿਆਪਕ ਦਿਵਸ ਮਨਾਇਆ ਗਿਆ।

ਇਸ ਮੌਕੇ ਅਧਿਆਪਕਾਂ ਤੇ ਬੱਚਿਆਂ ਨੇ ਕੇਕ ਕੱਟਿਆ ਅਤੇ ਅਧਿਆਪਕਾਂ ਵੱਲੋਂ ਬੱਚਿਆਂ ਨੂੰ ਰਿਫਰੈਸ਼ਮੈਂਟ ਵੀ ਦਿੱਤੀ ਗਈ। ਮੁੱਖ ਅਧਿਆਪਕਾ ਇੰਦਰਪਾਲ ਕੌਰ ਨੇ ਬੱਚਿਆਂ ਨੂੰ ਪੜ੍ਹਾਈ ਦੀ ਮਹੱਤਤਾ ਬਾਰੇ ਦੱਸਿਆ।

ਅਧਿਆਪਕ ਰਮਨਦੀਪ ਸਿੰਘ ਵਾਰਿਸ ਅਤੇ ਜਸਵਿੰਦਰ ਕੌਰ ਵੀ ਹਾਜ਼ਰ ਸਨ।

# ਹਾਈ ਕੋਰਟ ਦੇ ਨਿਰਦੇਸ਼ਾਂ 'ਤੇ ਜ਼ਿਲ੍ਹਾ ਲੀਗਲ ਸਰਵਿਸ ਅਥਾਰਟੀ ਦੀ ਟੀਮ ਹਾਜੀਪੁਰ ਪੁੱਜੀ

## ਮਾਇਨਿੰਗ ਪ੍ਰਭਾਵਿਤ ਇਲਾਕਿਆਂ ਦਾ ਕੀਤਾ ਦੌਰਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਤੇ ਹਰਿਆਣਾ ਹਾਈਕੋਰਟ ਚੰਡੀਗੜ੍ਹ ਦੇ ਨਿਰਦੇਸ਼ਾਂ 'ਤੇ ਜ਼ਿਲ੍ਹਾ ਲੀਗਲ ਸਰਵਿਸ ਅਥਾਰਟੀ ਦੀ ਜਾਂਚ ਟੀਮ ਨੇ ਹਾਜੀਪੁਰ ਦੇ ਮਾਈਨਿੰਗ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕੀਤਾ। ਐਸ ਡੀ ਐਮ ਮੁਕੇਰੀਆਂ ਜਯੋਤਸਨਾ ਸਿੰਘ ਅਤੇ ਡੀ ਐਸ ਪੀ ਮੁਕੇਰੀਆਂ ਕੁਲਵੰਤ ਸਿੰਘ ਦੀ ਮੌਜੂਦਗੀ 'ਚ ਸਕੱਤਰ, ਜ਼ਿਲ੍ਹਾ ਲੀਗਲ ਸਰਵਿਸ ਅਥਾਰਟੀ, ਹੁਸ਼ਿਆਰਪੁਰ ਦੀ ਟੀਮ ਨੇ ਬਲਾਕ ਹਾਜੀਪੁਰ ਦੇ ਪਿੰਡ ਸੰਧਵਾਲ, ਕੁੱਲੀਆਂ ਲੁਬਾਣਾ ਆਦਿ ਦਾ ਦੌਰਾ ਕੀਤਾ। ਜਾਂਚ ਟੀਮ ਨੇ ਨਿਰਮਾਣ ਅਧੀਨ ਤਲਵਾੜਾ, ਮੁਕੇਰੀਆਂ ਰੇਲ ਲਾਈਨ ਦੇ ਦੋਵੇਂ ਪਾਸੇ ਚੱਲਦੇ ਬਾਬਾ ਫਰੀਦ ਅਤੇ ਜੈ ਸ਼ੰਕਰ ਸਟੋਨ ਕਰੱਸ਼ਰਾਂ ਦਾ ਦੌਰਾ ਕੀਤਾ ਅਤੇ ਵਾਹੀਯੋਗ ਜ਼ਮੀਨ 'ਚ ਕੀਤੀ ਖੁਦਾਈ ਦਾ ਜਾਇਜ਼ਾ ਲਿਆ। ਜ਼ਿਕਰਯੋਗ ਹੈ ਕਿ ਤਲਵਾੜਾ ਅਤੇ ਹਾਜੀਪੁਰ 'ਚ ਨਾਜਾਇਜ਼ ਖੁਦਾਈ ਦਾ ਕਾਰੋਬਾਰ ਵੱਡੇ ਪੱਧਰ 'ਤੇ ਚੱਲ ਰਿਹਾ ਹੈ। ਰਾਹੁਲ ਮਨਚੰਦਾ ਵਲੋਂ ਖ਼ੇਤਰ ਦੀ ਨਾਜਾਇਜ਼ ਖੁਦਾਈ ਖ਼ਿਲਾਫ਼ ਹਾਈਕੋਰਟ 'ਚ ਰਿੱਟ ਪਾਈ ਗਈ ਸੀ, ਜਿਸ 'ਤੇ ਡਬਲ ਬੈਂਚ ਨੇ ਨੋਟਿਸ ਲੈਂਦਿਆਂ ਜ਼ਿਲ੍ਹਾ ਲੀਗਲ ਸਰਵਿਸ ਅਥਾਰਟੀ ਹੁਸ਼ਿਆਰਪੁਰ ਨੂੰ ਇੱਕ ਹਫ਼ਤੇ ਅੰਦਰ ਪ੍ਰਭਾਵਿਤ ਖ਼ੇਤਰ ਦਾ ਨਿੱਜੀ ਤੌਰ ਤੇ ਦੌਰਾ ਕਰ ਕੇ ਰਿਪੋਰਟ ਬੰਦ ਲਿਫਾਫ਼ੇ 'ਚ ਅਦਾਲਤ ਵਿੱਚ ਪੇਸ਼ ਕਰਨ ਦੇ ਨਿਰਦੇਸ਼ ਦਿੱਤੇ ਸਨ। ਜਿਸ ਤਹਿਤ ਉੱਚ ਤਾਕਤੀ ਟੀਮ ਵੱਲੋਂ ਹਾਜੀਪੁਰ ਦਾ ਦੌਰਾ ਕੀਤਾ ਗਿਆ। ਇਸ ਮੌਕੇ ਪੁਲਸ ਵੱਲੋਂ ਮੀਡੀਆ ਨੂੰ ਟੀਮ ਦੇ ਦੌਰੇ ਤੋਂ ਦੂਰ ਰੱਖਿਆ ਗਿਆ। ਹਾਲਾਂਕਿ ਹਾਜੀਪੁਰ ਅਤੇ ਤਲਵਾੜਾ 'ਚ ਗੈਰ ਕਾਨੂੰਨੀ ਮਾਈਨਿੰਗ ਲੰਮੇ ਸਮੇਂ ਤੋਂ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ। ਸਥਾਨਕ ਲੋਕ ਮਾਈਨਿੰਗ ਤੋਂ ਪ੍ਰੇਸ਼ਾਨ ਹਨ, ਹਾਜੀਪੁਰ ਖ਼ੇਤਰ 'ਚ ਵਾਹੀਯੋਗ ਜ਼ਮੀਨ ਅਤੇ ਪੰਚਾਇਤੀ ਭੂਮੀ ਮਾਈਨਿੰਗ ਮਾਫੀਆ ਦੇ ਨਿਸ਼ਾਨੇ 'ਤੇ ਹੈ। ਸਥਾਨਕ ਲੋਕਾਂ ਨੇ ਪੁਲਸ ਅਤੇ ਮਾਈਨਿੰਗ ਪ੍ਰਸ਼ਾਸਨ ਦੀ ਕਾਰਗੁਜ਼ਾਰੀ 'ਤੇ ਵੀ ਸਵਾਲ ਉਠਾਏ ਹਨ। ਇਸ ਮੌਕੇ ਜਾਂਚ ਟੀਮ ਨਾਲ ਸਥਾਨਕ ਸਿਵਲ ਅਤੇ ਪੁਲੀਸ ਪ੍ਰਸ਼ਾਸਨ ਤੋਂ ਇਲਾਵਾ ਜੰਗਲਾਤ ਵਿਭਾਗ, ਮਾਈਨਿੰਗ ਤੇ ਡ੍ਰੇਨੇਜ਼, ਨਹਿਰੀ ਵਿਭਾਗ ਦੇ ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਸਨ। ਜਾਂਚ ਟੀਮ ਦੀ ਭਿਨਕ ਪੈਣ ਕਾਰਨ ਸੜਕਾਂ 'ਤੇ ਟਿੱਪਰਾਂ ਦੀ ਆਵਾਜਾਈ ਨਾਮਾਤਰ ਰਹੀ ਅਤੇ ਸਟੋਨ ਕਰੱਸ਼ਰ ਵੀ ਬੰਦ ਰਹੇ। ਸੂਤਰਾਂ ਤੋਂ ਮਿਲੀ ਜਾਣਕਾਰੀ ਅਨੁਸਾਰ ਜਾਂਚ ਟੀਮ ਵੱਲੋਂ ਸੋਮਵਾਰ ਨੂੰ ਤਲਵਾੜਾ ਖ਼ੇਤਰ ਦਾ ਦੌਰਾ ਕੀਤਾ ਜਾਵੇਗਾ।



# ਪੰਚਾਇਤੀ ਨੁਮਾਇੰਦਿਆਂ ਨੂੰ ਸਰਕਾਰੀ ਸਕੀਮਾਂ ਬਾਰੇ ਜਾਣਕਾਰੀ ਦੇਣ ਲਈ ਵਰਕਸ਼ਾਪ

**ਮੁਹਾਲੀ (ਗੁਰਜੀਤ ਬਿੱਲਾ)**- ਪੰਚਾਇਤੀ ਸੰਸਥਾਵਾਂ ਦੇ ਚੁਣੇ ਹੋਏ ਨੁਮਾਇੰਦਿਆਂ, ਵਿਸ਼ੇਸ਼ ਕਰਕੇ ਸਰਪੰਚਾਂ ਅਤੇ ਪੰਚਾਂ ਨੂੰ ਗ੍ਰਾਮ ਪੰਚਾਇਤਾਂ ਦੀ ਆਮਦਨ ਦੇ ਆਪਣੇ ਸਰੋਤਾਂ, ਗ੍ਰਾਮ ਪੰਚਾਇਤ ਵਿਕਾਸ ਯੋਜਨਾ ਅਤੇ ਸਰਕਾਰ ਦੀਆਂ ਵੱਖ-ਵੱਖ ਫਲੈਗਸ਼ਿਪ ਸਕੀਮਾਂ ਸਬੰਧੀ ਜਾਣਕਾਰੀ ਦੇਣ ਦੇ ਉਦੇਸ਼ ਨਾਲ ਜ਼ਿਲ੍ਹਾ ਪੱਧਰ ਦੀ ਇੱਕ ਰੋਜ਼ਾ ਵਰਕਸ਼ਾਪ ਕਿਸਾਨ ਵਿਕਾਸ ਚੈਂਬਰ ਦੇ ਆਡੀਟੋਰੀਅਮ ਵਿਖੇ ਆਯੋਜਿਤ ਕੀਤੀ ਗਈ।ਇਸ ਵਰਕਸ਼ਾਪ ਵਿੱਚ ਵਿਧਾਇਕ ਹਲਕਾ ਡੇਰਾਬੱਸੀ ਕੁਲਜੀਤ ਸਿੰਘ ਰੰਧਾਵਾ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ। ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਪੰਜਾਬ ਸਰਕਾਰ ਵੱਲੋਂ ਪੰਚਾਇਤੀ ਨੁਮਾਇੰਦਿਆਂ ਦੀ ਸਮਰੱਥਾ ਵਿੱਚ ਵਾਧਾ ਕਰਨ ਅਤੇ ਉਨ੍ਹਾਂ ਨੂੰ ਵੱਖ-ਵੱਖ ਸਰਕਾਰੀ ਯੋਜਨਾਵਾਂ ਸਬੰਧੀ ਜਾਣੂ ਕਰਵਾਉਣ ਲਈ ਕੀਤੇ ਜਾ ਰਹੇ ਅਜਿਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀਆਂ ਵਰਕਸ਼ਾਪਾਂ ਨਾਲ ਸਰਪੰਚਾਂ ਅਤੇ ਪੰਚਾਂ ਨੂੰ ਆਪਣੇ ਪਿੰਡਾਂ ਵਿੱਚ ਵਿਕਾਸ ਕਾਰਜਾਂ ਦੀ ਯੋਜਨਾਬੰਦੀ ਅਤੇ ਅਮਲ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਨੇਪਰੇ ਚਾੜ੍ਹਨ ਵਿੱਚ ਸਹਾਇਤਾ ਮਿਲਦੀ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਸਕੀਮਾਂ ਅਤੇ ਵਿਕਾਸ ਯੋਜਨਾਵਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਮਿਲਣ ਨਾਲ ਇਨ੍ਹਾਂ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਆਮ ਲੋਕਾਂ ਤੱਕ ਪਹੁੰਚਾਉਣਾ ਯਕੀਨੀ ਬਣਾਇਆ ਜਾ ਸਕਦਾ ਹੈ। ਉਨ੍ਹਾਂ ਪੰਚਾਇਤੀ ਨੁਮਾਇੰਦਿਆਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਨੂੰ ਹਰ ਯੋਗ ਲਾਭਪਾਤਰੀ ਤੱਕ ਪਹੁੰਚਾਉਣ ਲਈ ਸਰਗਰਮੀ ਨਾਲ ਕੰਮ ਕਰਨ। ਵਰਕਸ਼ਾਪ ਦੌਰਾਨ ਜ਼ਿਲ੍ਹੇ ਦੇ ਵੱਖ-ਵੱਖ ਬਲਾਕਾਂ ਨਾਲ ਸਬੰਧਤ ਗ੍ਰਾਮ ਪੰਚਾਇਤਾਂ ਦੇ ਸਰਪੰਚਾਂ ਅਤੇ ਪੰਚਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ।



# ਬਾਂਦਰਾਂ ਦੇ ਝੁੰਡ ਨੇ ਇਕ ਵਿਅਕਤੀ ਨੂੰ ਕੀਤਾ ਗੰਭੀਰ ਜ਼ਖ਼ਮੀ

**ਮਾਹਿਲਪੁਰ (ਸ.ਫ਼ਰੀ)**- ਪਿੰਡ ਲਲਵਾਣ ਦੇ ਮੌਜੂਦਾ ਸਰਪੰਚ ਰਜੇਸ਼ ਕੁਮਾਰ ਨੇ ਦੱਸਿਆ ਕਿ ਬੀਤੇ ਦਿਨ ਮੇਰਾ ਭਰਾ ਸੁਰਿੰਦਰ ਸਿੰਘ ਪੁਤਰ ਪਿਆਰਾ ਸਿੰਘ (63) ਪਿੰਡ ਲਲਵਾਣ ਜ਼ਿਲ੍ਹਾ ਹੁਸ਼ਿਆਰਪੁਰ ਆਪਣੇ ਘਰ ਦੀ ਛੱਤ ਸਾਫ ਕਰ ਰਿਹਾ ਸੀ ਤੇ ਅਚਾਨਕ ਕਰੀਬ ਦੋ ਦਰਜਨ ਬਾਂਦਰਾਂ ਨੇ ਮੇਰੇ ਭਰਾ ਤੇ ਹਮਲਾ ਕਰ ਕੇ ਮਕਾਨ ਤੋਂ ਥੱਲੇ ਸੁਟ ਦਿੱਤਾ, ਜਿਸ ਨਾਲ ਮੇਰਾ ਭਰਾ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ ਤੇ ਉਸ ਨੂੰ ਸਿਵਲ ਹਸਪਤਾਲ ਹੁਸ਼ਿਆਰਪੁਰ ਦਾਖ਼ਲ ਕਰਵਾਇਆ ਗਿਆ, ਜਿਥੇ ਉਸ ਦੀ ਹਾਲਤ ਗੰਭੀਰ ਹੈ।

ਜਦੋਂ ਇਸ ਬਾਰੇ ਮਹਿਕਮੇ ਦੇ ਸੰਬੰਧਤ ਅਫ਼ਸਰ ਆਲ ਓ ਵਾਈਡ ਲਾਈਫ ਹੁਸ਼ਿਆਰਪੁਰ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਕਿ ਇਹ ਸਾਡੇ ਐਕਟ ਵਿੱਚ ਨਹੀਂ ਹੈ ਅਸੀਂ ਇਸ ਦਾ ਕੁਛ ਨਹੀਂ ਕਰ ਸਕਦੇ। ਜਦੋਂ ਇਸ ਬਾਰੇ ਜੰਗਲਾਤ ਅਫ਼ਸਰ ਮਾਹਿਲਪੁਰ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਕਿ ਇਹ ਸਾਡੇ ਵੀ ਐਕਟ ਵਿੱਚ ਨਹੀਂ ਹੈ।





ਪਰੀ



ਸਿਯਾਰਾ ਗੱਗ



ਹੀਸ਼ਲ ਅਰੋੜਾ

# ਸਾਲਾਨਾ ਖੇਡ ਮੇਲੇ ਦੌਰਾਨ ਅਥਲੈਟਿਕਸ, ਜੈਵਲਿਨ ਥਰੋ, ਬਜ਼ੁਰਗਾਂ ਦੀਆਂ ਦੌੜਾਂ ਤੇ ਫੁੱਟਬਾਲ ਦੇ ਮੈਚ ਕਰਵਾਏ

**ਆਦਮਪੁਰ (ਪਰਮਜੀਤ ਸਿੰਘ)**- ਆਦਮਪੁਰ ਦੋਆਬਾ ਇਤਿਹਾਸਕ ਪਿਡ ਦੇ ਸ਼ਹੀਦ ਬਾਬਾ ਮੱਤੀ ਜੀ ਮੈਮੋਰੀਅਲ ਸੁਸਾਇਟੀ ਡਰੋਲੀ ਕਲਾ ਵੱਲੋਂ ਸਮੂਹ ਗ੍ਰਾਮ ਪੰਚਾਇਤ, ਨਗਰ ਨਿਵਾਸੀਆਂ,ਐੱਨ ਆਰ ਆਈ, ਨੌਜਵਾਨ ਸਭਾ, ਗੁਰਦੁਆਰਾ ਸ਼ਹੀਦ ਬਾਬਾ ਮੱਤੀ ਪ੍ਰਬੰਧਕ ਕਮੇਟੀ ਡਰੋਲੀ ਕਲਾਂ ਦੇ ਸਹਿਯੋਗ ਨਾਲ ਪਿੰਡ ਡਰੋਲੀ ਕਲਾਂ ਦੇ ਖੇਡ ਸਟੇਡੀਅਮ ਵਿਖੇ ਕਰਵਾਇਆ ਜਾ ਰਿਹਾ ਸਲਾਨਾ ਸ਼ਹੀਦ ਬਾਬਾ ਮੱਤੀ ਜੀ ਯਾਦਗਾਰੀ ਖੇਡ ਮੇਲਾ ਗੁਰੂ ਮਹਾਰਾਜ ਜੀ ਦਾ ਓਟ ਆਸਰੇ ਨਾਲ਼ ਲੈ ਕੇ ਪੰਜਵੇ ਦਿਨ ਚ ਪ੍ਰਵੇਸ਼ ਕਰ ਗਿਆ ਖੇਡ ਮੇਲੇ ਸੰਬੰਧੀ ਜਾਣਕਾਰੀ ਦਿੰਦੇ ਹੋਏ ਅਮਰਜੀਤ ਸਿੰਘ ਕੁੱਕੂ ਮੁੱਖ ਸੰਚਾਲਕ, ਸਟੇਜ਼ ਸਕੱਤਰ ਹਰਜਾਪ ਸਿੰਘ ਅਕਾਲੀ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਲੜਕੀਆਂ ਦੇ ਅੰਡਰ 14 ਸਾਲ ਵਰਗ 600 ਮੀਟਰ ਅਥਲੈਟਿਕਸ 'ਚ ਰਾਧਿਕਾ, ਗੁਰਲੀਨ ਕੌਰ ਮੋਗਾ ਤੇ ਜਸਲੀਨ ਕੌਰ ਮੋਗਾ ਨੇ ਕ੍ਰਮਵਾਰ ਪਹਿਲਾ, ਦੂਸਰਾ ਤੇ ਤੀਸਰਾ, ਲੜਕੀਆਂ ਦੇ ਅੰਡਰ 12 ਸਾਲ ਵਰਗ 600 ਮੀਟਰ ਅਥਲੈਟਿਕਸ ਮੀਟਰ ਜਸਲੀਨ ਸ਼ਰਮਾ ਐਸ.ਬੀ.ਐਸ.ਨਗਰ, ਖੁਸ਼ਦੀਪ ਕੌਰ ਮੋਗਾ ਤੇ ਗੁਰਲੀਨ ਕੌਰ ਸਰਕਾਰੀ ਹਾਈ ਸਕੂਲ ਮੇਘਵਾਲ ਨੇ ਕ੍ਰਮਵਾਰ ਪਹਿਲਾ, ਦੂਸਰਾ ਤੇ ਤੀਸਰਾ, ਲੜਕਿਆਂ ਦੇ ਫਾਈਨਲ ਅੰਡਰ 12 ਸਾਲ 600 ਮੀਟਰ ਫਤਿਹਗੜ੍ਹ ਸਾਹਿਬ, ਅਧਿਤ ਫਤਿਹਗੜ੍ਹ ਸਾਹਿਬ ਤੇ ਬਲਰਾਜ ਸਿੰਘ ਜਲੰਧਰ ਨੇ ਕ੍ਰਮਵਾਰ ਪਹਿਲਾ ਦੂਸਰਾ ਤੇ ਤੀਸਰਾ ਸਥਾਂਨ, ਲੜਕਿਆ ਦੇ ਓਪਨ 1500 ਮੀਟਰ ਅਥਲੈਟਿਕਸ 'ਚ ਪ੍ਰਭਜੋਤ ਸਿੰਘ ਸੰਗਰੂਰ, ਅਰਸ਼ਦੀਪ ਸਿੰਘ ਸੰਗਰੂਰ ਤੇ ਗਗਨਦੀਪ ਸਿੰਘ ਸ੍ਰੀ ਅੰਮ੍ਰਿਤਸਰ ਸਾਹਿਬ ਨੇ ਕ੍ਰਮਵਾਰ ਪਹਿਲਾ ਦੂਸਰਾ ਤੇ ਤੀਸਰਾ, ਲੜਕੀਆਂ ਦੇ ਹੋਏ ਓਪਨ 800 ਮੀਟਰ ਅਥਲੈਟਿਕਸ ਮੁਕਾਬਲੇ ਚ ਬਲਜੀਤ ਕੌਰ ਗੁਰਦਾਸਪੁਰ ਸੁਨੈਨਾ ਜਲੰਧਰ ਤੇ ਕਾਜਲ ਕਪੂਰਥਲਾ ਨੇ ਕ੍ਰਮਵਾਰ ਪਹਿਲਾ ਦੂਸਰਾ ਤੇ ਤੀਸਰਾ, ਲੜਕਿਆ ਦੇ ਜੈਵਲਿਨ ਥਰੋ ਫਾਈਨਲ 'ਚ ਗਗਨਦੀਪ ਸਿੰਘ ਜਲੰਧਰ, ਤੁਸ਼ਾਰ ਜਲੰਧਰ ਤੇ ਅੰਸ਼ ਮਾਨ ਜਲੰਧਰ ਨੇ ਕ੍ਰਮਵਾਰ ਪਹਿਲਾ, ਦੂਸਰਾ ਤੇ ਤੀਸਰਾ,100 ਮੀਟਰ ਫਾਈਨਲ ਅਥਲੈਟਿਕਸ 'ਚ ਜਤਿਨ ਕੁਮਾਰ, ਰਮਨਦੀਪ ਸਿੰਘ ਤੇ ਮਨਵੀਰ ਸਿੰਘ ਨੇ ਕ੍ਰਮਵਾਰ ਪਹਿਲਾ ਦੂਸਰਾ ਤੇ ਤੀਸਰਾ, 70 ਸਾਲ ਤੋਂ ਵੱਧ ਉਮਰ ਦੇ ਵਿਅਕਤੀਆਂ 100 ਮੀਟਰ ਦੀ ਦੌੜ 'ਚ ਰਣਧੀਰ ਸਿੰਘ, ਐੱਸ ਪੀ ਸ਼ਰਮਾ, ਰਾਮ ਤੀਰਥ ਤੇ ਸੁਸ਼ੀਲ ਕੁਮਾਰ ਨੇ ਕਰਮਵਾਰ ਪਹਿਲਾ, ਦੂਸਰਾ, ਤੀਸਰਾ ਤੇ ਚੌਥਾਂ ਸਥਾਨ ਪ੍ਰਾਪਤ ਕੀਤਾ। ਮਨਿਦਰ ਸਿੰਘ ਬਾਬੂ, ਹਰਪ੍ਰੀਤ ਸਿੰਘ ਬੱਬਲਾ, ਗੁਰਪ੍ਰੀਤ ਸਿੰਘ ਮਨੀ, ਅਜੇ ਸਿੰਘ (ਚਾਰੋ ਫੁੱਟਬਾਲ ਇੰਚਾਰਜ) ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਓਪਨ ਫੁੱਟਬਾਲ ਮੁਬਾਲਿਆਂ 'ਚ ਰਿਹਾਣਾ ਜੱਟਾਂ ਨੇ ਨੰਗਲ ਸਲਾਲਾ ਨੂੰ ਡਮੁੰਡਾ ਨੇ ਪਾਸਟਾਂ ਚੂਹੜਵਾਲੀ ਨੇ ਹੇੜੀਆਂ, ਡਰੋਲੀ ਕਲਾਂ ਨੇ ਬਘਾਣਾ ਤੇ ਆਲ ਓਪਨ ਫੁਟਬਾਲ 'ਚ ਮਜਾਰੀ ਫੁੱਟਬਾਲ ਕਲੱਬ ਨੇ ਮੈਨਾ ਫੁਟਬਾਲ ਕਲੱਬ,ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਿਟਡ ਨੇ ਹਰਿਆਣਾ ਜੱਟਾ ਕਲੱਬ ਨੂੰ ਤੇ ਗਰੁੱਪ 2012 ਵਿੱਚ ਪਧਿਆਣਾ ਢੰਡੋਰੀ ਨੂੰ ਹਰਾ ਕੇ ਅਗਲੇ ਰਾਊਂਡ ਚ ਪ੍ਰਵੇਸ਼ ਕੀਤਾ। ਕੱਬਡੀ ਮੈਚ 'ਚ ਗੁਰਪ੍ਰੀਤ ਸਿੰਘ ਗੋਪੀ ਰੰਗੀਲਾ, ਅਰਮਾਨ ਡੱਫਰ ਨੇ ਕਮੈਂਟਰੀ ਦੀ ਭੂਮਿਕਾ ਬਾਖੂਬੀ ਨਿਭਾਈ। ਇਸ ਮੌਕੇ ਕੁਲਵਿੰਦਰ ਸਿੰਘ ਪ੍ਰਧਾਨ, ਗੁਰਮੀਤ ਸਿੰਘ ਉੱਪ ਪ੍ਰਧਾਨ, ਹਰਮਿੰਦਰ ਸਿੰਘ ਸੈਕਟਰੀ , ਦਵਿੰਦਰ ਸਿੰਘ ਖਜਾਨਚੀ, ਰਣਵੀਰ ਸਿੰਘ ਸਹਾਇਕ ਖਜਾਨਚੀ, ਅਮਰੀਕ ਸਿੰਘ ਡਰੋਲੀ ਤੇ ਹਰਜਾਪ ਸਿੰਘ (ਦੋਵੇਂ ਸਟੇਜ਼ ਸਕੱਤਰ), ਮਨਿਦਰ ਸਿੰਘ ਬਾਬੂ, ਹਰਪ੍ਰੀਤ ਸਿੰਘ ਬੱਬਲਾ,ਗੁਰਪ੍ਰੀਤ ਸਿੰਘ ਮਨੀ, ਅਜੇ ਸਿੰਘ (ਚਾਰੋ ਫੁੱਟਬਾਲ ਇੰਚਾਰਜ), ਅਵਤਾਰ ਸਿੰਘ ਤਾਰੂ, ਗੁਰਜੀਤ ਸਿੰਘ ਤੇ ਬਲਵੀਰ ਸਿੰਘ (ਤਿੰਨੋ ਬੈਲ ਗੱਡੀਆਂ ਤੇ ਕਬੱਡੀ ਇੰਚਾਰਜ) ਕਮਲਜੀਤ ਸਿੰਘ, ਸਵਰਨ ਸਿੰਘ,ਜਥੇਦਾਰ ਮਨੋਹਰ ਸਿੰਘ ਡਰੋਲੀ, ਡਾ. ਰਣਧੀਰ ਸਿੰਘ ਰੰਧਾਵਾ ,ਚਰਨਜੀਤ ਸਿੰਘ ਯੂ ਐੱਸ ਏ ,ਮਨਪ੍ਰੀਤ ਸਿੰਘ ਕਾਲਰਾ ਕਮੇਟੀ ਮੈਂਬਰ, ਕੁਲਵੰਰਨ ਸਿੰਘ ਅੰਬਾ ਸਾਬਕਾ ਬਲਾਕ ਸੰਮਤੀ ਮੈਂਬਰ, ਸਵਰਨ ਸਿੰਘ, ਦਲਜੀਤ ਸਿੰਘ, ਗੁਰਮਿੰਦਰ ਸਿੰਘ (ਚਾਰੋ ਲੰਗਰ ਕਮੇਟੀ ਇੰਚਾਰਜ),ਰਸ਼ਪਾਲ ਸਿੰਘ ਸਰਪੰਚ, ਰਣਵੀਰ ਪਾਲ ਸਿੰਘ,ਜਰਨੈਲ ਸਿੰਘ ਡਰੋਲੀ, ਜਸਵਿੰਦਰ ਕੁਮਾਰ ਤੇ ਹੋਰ ਖੇਡ ਪ੍ਰੇਮੀ ਹਾਜ਼ਰ ਸਨ।



# ਅਧਿਆਪਕ ਦਿਵਸ ਉਤਸ਼ਾਹਪੂਰਵਕ ਮਨਾਇਆ



**ਲੋਹੀਆਂ ਖਾਸ (ਯੋਗੇਸ਼ਵਰ)**- ਬੀ ਕੇ ਇੰਟਰਨੈਸ਼ਨਲ ਕਾਨਵੈਂਟ ਸਕੂਲ ਅਤੇ ਬਾਬੇ ਕੇ ਸੀਨੀਅਰ ਸੈਕੰਡਰੀ ਸਕੂਲ, ਲੋਹੀਆਂ ਖਾਸ ਵਿਖੇ ਸੰਤ ਬਾਬਾ ਨਾਹਰ ਸਿੰਘ ਤੇ ਸੰਤ ਬਾਬਾ ਕਪੂਰ ਸਿੰਘ ਦੇ ਆਸ਼ੀਰਵਾਦ ਨਾਲ ਅਧਿਆਪਕ ਦਿਵਸ ਸ਼ਰਧਾ, ਸਤਿਕਾਰ ਅਤੇ ਖੁਸ਼ੀ ਦੇ ਮਾਹੌਲ ਵਿੱਚ ਮਨਾਇਆ ਗਿਆ। ਸਮਾਗਮ ਦੀ ਸ਼ੁਰੂਆਤ ਵਿੱਚ ਅਧਿਆਪਕਾਂ ਅਤੇ ਵਿਦਿਆਰਥੀਆਂ ਵੱਲੋਂ ਭਾਰਤ ਦੇ ਮਹਾਨ ਸਿੱਖਿਆ ਸ਼ਾਸਤਰੀ ਅਤੇ ਸਾਬਕਾ ਰਾਸ਼ਟਰਪਤੀ ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਨੂੰ ਫੁੱਲ ਭੇਟ ਕਰਕੇ ਸ਼ਰਧਾਂਜਲੀ ਦਿੱਤੀ ਗਈ। ਵਿਦਿਆਰਥੀਆਂ ਨੇ ਉਨ੍ਹਾਂ ਦੇ ਜੀਵਨ, ਆਦਰਸ਼ਾਂ ਅਤੇ ਸਿੱਖਿਆ ਦੇ ਖੇਤਰ ਵਿੱਚ ਪਾਏ ਅਮੁੱਲ ਯੋਗਦਾਨ ਬਾਰੇ ਜਾਣਕਾਰੀ ਸਾਂਝੀ ਕੀਤੀ। ਇਸ ਉਪਰੰਤ ਵਿਦਿਆਰਥੀਆਂ ਨੇ ਅਧਿਆਪਕਾਂ ਦੇ ਸਨਮਾਨ ਵਿੱਚ ਮਨਮੋਹਕ ਕੋਰੀਓਗ੍ਰਾਫੀ, ਸਮੂਹ ਨਾਚ ਅਤੇ ਵੱਖ-ਵੱਖ ਸੱਭਿਆਚਾਰਕ ਪੇਸ਼ਕਾਰੀਆਂ ਪੇਸ਼ ਕਰਕੇ ਸਭ ਦਾ ਮਨ ਮੋਹ ਲਿਆ। ਨੰਨ੍ਹੇ-ਮੁੰਨੇ ਬੱਚਿਆਂ ਨੇ ਵਿਸ਼ੇਸ਼ ਪੇਸ਼ਕਾਰੀਆਂ ਰਾਹੀਂ ਆਪਣੇ ਅਧਿਆਪਕਾਂ ਪ੍ਰਤੀ ਪਿਆਰ, ਸਤਿਕਾਰ ਅਤੇ ਧੰਨਵਾਦ ਦਾ ਪ੍ਰਗਟਾਵਾ ਕੀਤਾ। ਵਿਦਿਆਰਥੀਆਂ ਨੇ ਅਧਿਆਪਕਾਂ ਕੋਲੋਂ ਕੇਕ ਕਟਵਾ ਕੇ ਉਨ੍ਹਾਂ ਪ੍ਰਤੀ ਆਪਣਾ ਸਤਿਕਾਰ ਪ੍ਰਗਟ ਕੀਤਾ। ਸਕੂਲ ਪ੍ਰਬੰਧਕਾਂ ਵੱਲੋਂ ਅਧਿਆਪਕਾਂ ਦੇ ਸਨਮਾਨ ਵਿੱਚ ਵਿਸ਼ੇਸ਼ ਪਾਰਟੀ ਦਾ ਆਯੋਜਨ ਵੀ ਕੀਤਾ ਗਿਆ। ਇਸ ਮੌਕੇ ਸਕੂਲ ਦੇ ਐੱਮ ਡੀ ਸੱਦਾਮ ਖਾਨ, ਅਮਰਜੀਤ ਕੌਰ ਤੇ ਪ੍ਰਿੰਸੀਪਲ ਨੀਤਿਮਾ ਪੁਰੀ ਨੇ ਸਮੂਹ ਅਧਿਆਪਕਾਂ ਨੂੰ ਅਧਿਆਪਕ ਦਿਵਸ ਦੀਆਂ ਹਾਰਦਿਕ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਨੇ ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਦੇ ਆਦਰਸ਼ਾਂ ਨੂੰ ਅਪਣਾਉਣ ਅਤੇ ਵਿਦਿਆਰਥੀਆਂ ਨੂੰ ਆਪਣੇ ਅਧਿਆਪਕਾਂ ਵੱਲੋਂ ਦਿਖਾਏ ਸਹੀ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕੀਤਾ।

## ਵਰ੍ਹੇਗੰਢ ਮੁਬਾਰਕ



ਹਨੀ ਅਤੇ ਰਿਤੂ ਵਾਸੀ ਸਮਾਣਾ ਨੇ ਆਪਣੇ ਵਿਆਹ ਦੀ 12ਵੀਂ ਵਰ੍ਹੇਗੰਢ ਮਨਾਈ।



ਨਿਤਿਸ਼ ਅਤੇ ਮੀਨਾਕਸ਼ੀ ਵਾਸੀ ਫਗਵਾੜਾ ਨੇ ਵਿਆਹ ਦੀ ਵਰ੍ਹੇਗੰਢ ਮਨਾਈ